ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 80
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 23 March, 2026) ਸੋਮਵਾਰ, 23 ਮਾਰਚ, 2026, 10 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਪੰਜਾਬ ਕੈਬਨਿਟ ਦੀ ਮੀਟਿੰਗ 29 ਮਾਰਚ ਨੂੰ

### ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਹੋਵੇਗੀ ਮੀਟਿੰਗ

ਚੰਡੀਗੜ੍ਹ, 22 ਮਾਰਚ (ਚ.ਨ.ਸ.) : ਪੰਜਾਬ ਕੈਬਨਿਟ ਦੀ ਮੀਟਿੰਗ ਆਉਂਦੀ 29 ਮਾਰਚ ਨੂੰ ਹੋਵੇਗੀ। ਇਹ ਮੀਟਿੰਗ ਐਤਵਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ 'ਤੇ ਸੈਕਟਰ 2 'ਚ ਸ਼ਾਮ 5 ਵਜੇ ਹੋਵੇਗੀ। ਜਦਕਿ ਮੀਟਿੰਗ ਦਾ ਏਜੰਡਾ ਬਾਅਦ ਵੀ ਜਾਰੀ ਕੀਤਾ ਜਾਵੇਗਾ। ਇਸ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਈ ਅਹਿਮ ਫ਼ੈਸਲੇ ਲਏ ਜਾ ਸਕਦੇ ਹਨ।




### ਪੱਛਮੀ ਏਸ਼ੀਆ ਦੇ ਤਣਾਅ ਦਰਮਿਆਨ ਪ੍ਰਧਾਨ ਮੰਤਰੀ ਵੱਲੋਂ ਉੱਚ ਪੱਧਰੀ ਮੀਟਿੰਗ

## ਮੋਦੀ ਨੇ ਲਿਆ ਤੇਲ, ਬਿਜਲੀ ਅਤੇ ਖਾਦ ਦੀ ਸਪਲਾਈ ਦਾ ਜਾਇਜ਼ਾ

ਚੜ੍ਹਦੀਕਲਾ ਬਿਊਰੋ
===============

ਨਵੀਂ ਦਿੱਲੀ, 22 ਮਾਰਚ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਸੀਨੀਅਰ ਮੰਤਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਪੱਛਮੀ ਏਸ਼ੀਆ ਦੇ ਹਾਲਾਤ ਨੂੰ ਦੇਖਦੇ ਹੋਏ ਕੱਚੇ ਤੇਲ, ਗੈਸ, ਪੈਟਰੋਲੀਅਮ ਉਤਪਾਦਾਂ, ਬਿਜਲੀ ਅਤੇ ਖਾਦ ਖੇਤਰ ਦੀ ਸਥਿਤੀ ਦੀ ਸਮੀਖਿਆ ਕੀਤੀ ਗਈ। ਸਰਕਾਰੀ ਸੂਤਰਾਂ ਅਨੁਸਾਰ, ਮੀਟਿੰਗ ਦਾ ਮੁੱਖ ਮਕਸਦ ਦੇਸ਼ ਭਰ



(ਬਾਕੀ ਸਫਾ 2 'ਤੇ)

## ਨਰਿੰਦਰ ਮੋਦੀ ਸਭ ਤੋਂ ਵੱਧ ਦਿਨ ਸਰਕਾਰ ਦੇ ਮੁਖੀ ਰਹਿਣ ਵਾਲੇ ਆਗੂ ਬਣੇ

ਨਵੀਂ ਦਿੱਲੀ, 22 ਮਾਰਚ (ਚ.ਨ.ਸ.) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਭਾਰਤ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਸਰਕਾਰ ਦੇ ਮੁਖੀ ਰਹਿਣ ਵਾਲੇ ਆਗੂ ਬਣ ਗਏ ਹਨ। ਗੁਜਰਾਤ ਦੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਵਜੋਂ ਸਰਕਾਰ ਦੇ ਮੁਖੀ ਵਜੋਂ 8,931 ਦਿਨ ਪੂਰੇ ਕਰਨ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਚਾਮਲਿੰਗ ਦੇ 8,930 ਦਿਨਾਂ ਦੇ ਰਿਕਾਰਡ ਨੂੰ ਤੋੜ ਦਿੱਤਾ ਹੈ। ਉਨ੍ਹਾਂ ਨੇ ਸਿੱਕਮ ਦੇ ਸਾਬਕਾ ਮੁੱਖ ਮੰਤਰੀ ਪਵਨ ਕੁਮਾਰ ਚਾਮਲਿੰਗ ਨੂੰ ਪਿੱਛੇ ਛੱਡ ਦਿੱਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਤੋਂ ਪਹਿਲਾਂ ਗੁਜਰਾਤ ਦੇ ਸਭ ਤੋਂ ਲੰਬੇ ਸਮੇਂ ਤੱਕ ਸੇਵਾ ਕਰਨ ਵਾਲੇ ਮੁੱਖ ਮੰਤਰੀ ਰਹਿ ਚੁੱਕੇ ਹਨ ਅਤੇ ਉਹ ਅਜਿਹੇ ਪ੍ਰਧਾਨ ਮੰਤਰੀ ਵੀ ਹਨ ਜਿਨ੍ਹਾਂ ਕੋਲ ਮੁੱਖ ਮੰਤਰੀ

(ਬਾਕੀ ਸਫਾ 2 'ਤੇ)

### ਲਾਲਜੀਤ ਸਿੰਘ ਭੁੱਲਰ ਦੇ ਅਸਤੀਫ਼ੇ 'ਤੇ ਬੋਲੇ ਮੁੱਖ ਮੰਤਰੀ

## ਸਾਡਾ ਮੰਤਰੀ ਹੋਵੇ ਜਾਂ ਕੋਈ ਹੋਰ ਕਾਨੂੰਨ ਸਭ ਲਈ ਬਰਾਬਰ: ਮਾਨ

ਚੜ੍ਹਦੀਕਲਾ ਬਿਊਰੋ
===============

ਚੰਡੀਗੜ੍ਹ, 22 ਮਾਰਚ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾਈ ਹੋਈ ਹੈ ਅਤੇ ਕਾਨੂੰਨ ਸਭ ਲਈ ਬਰਾਬਰ ਹੈ ਤੇ ਜੇਕਰ ਕੋਈ ਇਸ ਦੀ ਉਲੰਘਣਾ ਕਰੇਗਾ ਤਾਂ ਬਖਸ਼ਿਆ ਨਹੀਂ ਜਾਵੇਗਾ।



ਮੁੱਖ ਮੰਤਰੀ ਦਾ ਇਹ ਬਿਆਨ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਅਧਿਕਾਰੀ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਅਤੇ ਲਾਲਜੀਤ ਸਿੰਘ ਭੁੱਲਰ ਦੇ ਅਸਤੀਫੇ ਉੱਤੇ ਵਧੇ ਵਿਵਾਦ ਤੋਂ ਬਾਅਦ ਆਇਆ ਹੈ। ਮੁੱਖ ਮੰਤਰੀ ਮਾਨ ਨੇ ਲਾਲਜੀਤ ਭੁੱਲਰ ਦਾ ਨਾਮ ਲਏ ਬਿਨਾਂ ਕਿਹਾ,ਸਾਡੀ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਹੈ ਅਤੇ ਇਹ ਪਹਿਲਾ ਮਾਮਲਾ ਨਹੀਂ ਹੈ। ਸਾਡੀ ਪਾਰਟੀ ਨੇ ਪਹਿਲਾਂ ਵੀ ਅਜਿਹੀ ਕਾਰਵਾਈ ਕੀਤੀ ਹੈ, ਇੱਥੋਂ ਤੱਕ ਕਿ ਦਿੱਲੀ ਵਿੱਚ ਵੀ।

ਇਸ ਲਈ ਜੇ ਕੋਈ ਕੁਝ ਗਲਤ ਕਰਦਾ ਹੈ ਅਤੇ ਕਿਸੇ ਨੂੰ ਆਪਣੀ ਜਾਨ ਲੈਣ ਲਈ ਮਜਬੂਰ ਕਰਦਾ ਹੈ ਤਾਂ ਇਹ ਜਾਂਚ ਦਾ ਵਿਸ਼ਾ ਹੈ ਪਰ ਚਾਹੇ ਉਹ ਸਾਡਾ ਮੰਤਰੀ ਹੋਵੇ ਜਾਂ ਕੋਈ ਹੋਰ ਕਾਨੂੰਨ ਸਾਰਿਆਂ ਲਈ ਬਰਾਬਰ ਹੈ। ਕਾਨੂੰਨ ਆਪਣਾ ਕੰਮ ਕਰ ਰਿਹਾ ਹੈ।

## ਭੁੱਲਰ ਦੀ ਗ੍ਰਿਫ਼ਤਾਰੀ ਤੱਕ ਪੋਸਟਮਾਰਟਮ ਨਾ ਕਰਵਾਉਣ 'ਤੇ ਅੜਿਆ ਪਰਿਵਾਰ

ਅੰਮ੍ਰਿਤਸਰ, 22 ਮਾਰਚ (ਬਬਲੂ) : ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਮ੍ਰਿਤਕ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਨੇ ਪੋਸਟਮਾਰਟਮ ਦੀ ਇਜਾਜ਼ਤ ਦੇਣ ਤੋਂ ਪਹਿਲਾਂ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਹੋਰ ਮੁਲਜ਼ਮਾਂ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ। ਰੰਧਾਵਾ ਦੀ ਪਤਨੀ ਉਪਿੰਦਰ ਕੌਰ ਨੇ ਮੀਡੀਆ

(ਬਾਕੀ ਸਫਾ 2 'ਤੇ)

## ਹਰਮੀਤ ਸਿੰਘ ਕਾਲਕਾ ਨੂੰ ਸਦਮਾ, ਮਾਤਾ ਦਾ ਦੇਹਾਂਤ

ਨਵੀਂ ਦਿੱਲੀ, 22 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ (ਡੀ.ਐਸ.ਜੀ.ਐਮ.ਸੀ.) ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੂੰ ਵੱਡਾ ਦੁੱਖ



ਪਹੁੰਚਿਆ ਹੈ ਕਿਉਂਕਿ ਉਨ੍ਹਾਂ ਦੀ ਮਾਤਾ ਸਰਦਾਰਨੀ ਪ੍ਰੀਤ ਮੋਹਿਨੀ ਕੌਰ ਦਾ ਸ਼ਨੀਵਾਰ ਦੁਪਹਿਰ ਲੰਬੀ

(ਬਾਕੀ ਸਫਾ 2 'ਤੇ)

## ਸੁਪਰੀਮ ਕੋਰਟ ਨੇ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਜੇਲ੍ਹਾਂ ਬਾਰੇ ਤਾਜ਼ਾ ਵੇਰਵੇ ਮੰਗੇ

ਚੜ੍ਹਦੀਕਲਾ ਬਿਊਰੋ
===============

ਨਵੀਂ ਦਿੱਲੀ, 22 ਮਾਰਚ : ਸੁਪਰੀਮ ਕੋਰਟ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਹੁਕਮ ਦਿਤਾ ਹੈ ਕਿ ਉਹ 18 ਮਈ ਤਕ ਜੇਲ੍ਹਾਂ ਨਾਲ ਸਬੰਧਿਤ ਤਾਜ਼ਾ ਵੇਰਵੇ ਪੇਸ਼ ਕਰਨ। ਇਸ ਵਿਚ ਹਰ ਜੇਲ ਦੀ ਮਨਜ਼ੂਰਸ਼ੁਦਾ ਸਮਰੱਥਾ, ਕੈਦੀਆਂ ਦੀ ਗਿਣਤੀ ਅਤੇ ਭੀੜ ਘਟਾਉਣ ਲਈ ਚੁਕੇ ਕਦਮ ਸ਼ਾਮਲ ਹੋਣਗੇ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮੇਹਤਾ ਦੀ ਬੈਂਚ ਨੇ ਕਿਹਾ ਕਿ "ਅਸੀਂ ਇਹ ਜ਼ਰੂਰੀ ਸਮਝਦੇ ਹਾਂ ਕਿ ਸਾਰੇ ਸੂਬੇ ਅਤੇ ਯੂ.ਟੀ. ਅਪਣੀਆਂ ਜੇਲ੍ਹਾਂ ਬਾਰੇ ਤਾਜ਼ਾ ਅਤੇ ਵਿਸਥਾਰਪੂਰਵਕ ਅੰਕੜੇ ਪੇਸ਼ ਕਰਨ। ਬੈਂਚ ਨੇ ਇਹ ਵੀ ਸਪਸ਼ਟ ਕੀਤਾ ਕਿ ਮਹਿਲਾ ਜੇਲ੍ਹਾਂ ਬਾਰੇ ਜਾਣਕਾਰੀ, ਉਨ੍ਹਾਂ ਵਿਚ ਮੌਜੂਦ ਸਹੂਲਤਾਂ ਅਤੇ ਬੱਚਿਆਂ



ਦੀ ਸਿੱਖਿਆ ਤੇ ਭਲਾਈ ਲਈ ਕੀਤੇ ਪ੍ਰਬੰਧ ਵੀ ਦਰਜ ਕੀਤੇ ਜਾਣ। ਅਦਾਲਤ ਨੇ ਕਿਹਾ ਕਿ "ਬੱਚਿਆਂ ਦੀ ਸਿੱਖਿਆ ਅਤੇ ਸਿਹਤ ਸਬੰਧੀ ਸਹੂਲਤਾਂ ਬਾਰੇ ਵੇਰਵੇ ਦੇਣਾ ਲਾਜ਼ਮੀ ਹੈ। ਸੀਨੀਅਰ ਐਡਵੋਕੇਟ ਗੌਰਵ

(ਬਾਕੀ ਸਫਾ 2 'ਤੇ)

## ਅਮਰੀਕਾ ਤੋਂ ਐਲ.ਪੀ.ਜੀ. ਅਤੇ ਰੂਸ ਤੋਂ ਤੇਲ ਲੈ ਕੇ ਭਾਰਤ ਪਹੁੰਚੇ ਜਹਾਜ਼

### ਪਿਛਲੇ 7 ਦਿਨਾਂ 'ਚ ਕਰੀਬ ਪੰਜ ਜਹਾਜ਼ ਗੈਸ ਅਤੇ ਕੱਚਾ ਤੇਲ ਲੈ ਕੇ ਸਮੁੰਦਰ ਦੇ ਰਸਤੇ ਭਾਰਤ ਪਹੁੰਚੇ

ਚੜ੍ਹਦੀਕਲਾ ਬਿਊਰੋ
===============

ਬੰਗਲੁਰੂ, 22 ਮਾਰਚ : ਮੱਧ ਪੂਰਬ ਵਿੱਚ ਚੱਲ ਰਹੀ ਜੰਗ ਕਾਰਨ ਏਸ਼ੀਆਈ ਦੇਸ਼ ਗੈਸ ਅਤੇ ਤੇਲ ਦੀ ਭਾਰੀ ਕਮੀ ਦਾ ਸਾਹਮਣਾ ਕਰ ਰਹੇ ਹਨ। ਇਸ ਦੌਰਾਨ, ਭਾਰਤ ਵੀ ਐਲ.ਪੀ.ਜੀ. ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਹਾਲਾਂਕਿ, ਕੁਝ ਰਾਹਤ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਅਮਰੀਕਾ ਦੇ ਟੈਕਸਾਸ ਤੋਂ ਐਲ.ਪੀ.ਜੀ. ਲੈ ਕੇ ਜਾਣ ਵਾਲਾ ਇੱਕ ਕਾਰਗੋ ਜਹਾਜ਼ ਐਤਵਾਰ ਨੂੰ ਮੰਗਲੁਰੂ ਬੰਦਰਗਾਹ 'ਤੇ ਪਹੁੰਚਿਆ। ਇਸ ਦੇ ਨਾਲ ਹੀ ਰੂਸ ਤੋਂ ਕੱਚਾ ਤੇਲ ਲੈ ਕੇ ਜਾਣ ਵਾਲਾ ਇੱਕ ਜਹਾਜ਼ ਭਾਰਤ ਪਹੁੰਚ ਗਿਆ। ਪਿਛਲੇ ਸੱਤ ਦਿਨਾਂ ਵਿੱਚ ਗੈਸ ਅਤੇ ਕੱਚਾ ਤੇਲ ਲੈ ਕੇ ਜਾਣ ਵਾਲੇ ਲਗਭਗ ਪੰਜ ਜਹਾਜ਼ ਸਮੁੰਦਰ ਰਾਹੀਂ ਭਾਰਤ ਪਹੁੰਚੇ ਹਨ। ਇਸ ਤੋਂ ਪਹਿਲਾਂ 18 ਮਾਰਚ ਨੂੰ ਕੱਚੇ ਤੇਲ ਦਾ ਟੈਂਕਰ ਜਗ ਲਾਡਕੀ ਗੁਜਰਾਤ ਦੇ ਅਡਾਨੀ ਬੰਦਰਗਾਹਾਂ 'ਤੇ ਪਹੁੰਚਿਆ ਸੀ। ਦੋ ਹੋਰ ਐਲ.ਪੀ.ਜੀ. ਕੈਰੀਅਰ, ਐਮ.ਟੀ. ਸ਼ਿਵਾਲਿਕ ਅਤੇ ਐਮ.ਟੀ. ਨੰਦਾ ਦੇਵੀ, ਲਗਭਗ 92,712 ਮੀਟ੍ਰਿਕ ਟਨ ਗੈਸ ਲੈ ਕੇ, 16 ਅਤੇ 17 ਮਾਰਚ ਨੂੰ ਭਾਰਤ ਪਹੁੰਚੇ ਸਨ। ਇਸ ਦੌਰਾਨ, ਪਾਈਕਸਿਸ ਪਾਇਨੀਅਰ ਨਾਮ ਦਾ



ਇੱਕ ਜਹਾਜ਼ ਐਤਵਾਰ (22 ਮਾਰਚ) ਨੂੰ ਐਲ.ਪੀ.ਜੀ. ਲੈ ਕੇ ਭਾਰਤ ਪਹੁੰਚਿਆ। ਇੱਕ ਰਿਪੋਰਟ ਦੇ ਅਨੁਸਾਰ, ਅਗਲੇ ਹਫ਼ਤੇ ਨਿਊ ਮੰਗਲੁਰੂ ਬੰਦਰਗਾਹ 'ਤੇ ਵੱਡੀ ਮਾਤਰਾ ਵਿੱਚ ਐਲ.ਪੀ.ਜੀ. ਪਹੁੰਚਣ ਦੀ ਉਮੀਦ ਹੈ।

(ਬਾਕੀ ਸਫਾ 2 'ਤੇ)

### ਜ਼ਿਲ੍ਹਾ ਮੈਨੇਜਰ ਖ਼ੁਦਕੁਸ਼ੀ ਮਾਮਲਾ

## ਲਾਲਜੀਤ ਭੁੱਲਰ 'ਤੇ ਪਿਤਾ ਅਤੇ ਪੀ.ਏ. ਸਮੇਤ ਮਾਮਲਾ ਦਰਜ

ਗੁਰਦਿਆਲ ਸਿੰਘ
===============

ਅੰਮ੍ਰਿਤਸਰ, 22 ਮਾਰਚ : ਪੰਜਾਬ ਦੇ ਵੇਅਰਹਾਊਸ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਮਾਮਲੇ ਵਿੱਚ ਸਾਬਕਾ ਮੰਤਰੀ ਲਾਲਜੀਤ ਭੁੱਲਰ, ਉਨ੍ਹਾਂ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਅਤੇ ਨਿੱਜੀ ਸਕੱਤਰ (ਪੀ.ਏ.) ਦਿਲਬਾਗ ਸਿੰਘ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਹੈ। ਤਿੰਨਾਂ 'ਤੇ ਭਾਰਤੀ ਦੰਡਾਵਲੀ (ਆਈ.ਪੀ.ਸੀ.) ਦੀ ਧਾਰਾ 108 ਤਹਿਤ ਖੁਦਕੁਸ਼ੀ ਲਈ ਉਕਸਾਉਣ, 351(3) ਅਪਰਾਧਿਕ ਧਮਕੀ ਦੇਣ ਅਤੇ 3(5) ਅਪਰਾਧ ਲਈ ਉਕਸਾਉਣ ਦੀਆਂ ਧਾਰਾਵਾਂ ਲਗਾਈਆਂ ਗਈਆਂ ਹਨ। ਪੁਲਿਸ ਨੇ ਰੰਧਾਵਾ ਦੀ ਪਤਨੀ ਉਪਿੰਦਰ ਕੌਰ ਦੀ ਸ਼ਿਕਾਇਤ ਦੇ ਆਧਾਰ ਤੇ ਅੱਧੀ ਰਾਤ ਨੂੰ ਮਾਮਲਾ ਦਰਜ ਕੀਤਾ। ਆਪਣੀ ਸ਼ਿਕਾਇਤ ਵਿੱਚ ਮ੍ਰਿਤਕ ਦੀ ਪਤਨੀ ਉਪਿੰਦਰ ਕੌਰ ਨੇ ਦੱਸਿਆ ਕਿ ਅਕਤੂਬਰ 2025 ਵਿੱਚ ਵਿਭਾਗ ਵੱਲੋਂ ਕੁਝ ਟੈਂਡਰ ਕੱਢੇ ਗਏ ਸਨ ਇਨ੍ਹਾਂ ਟੈਂਡਰਾਂ ਲਈ ਲਾਲਜੀਤ ਸਿੰਘ ਭੁੱਲਰ ਦੇ ਪਿਤਾ ਵੱਲੋਂ ਵੀ ਅਪਲਾਈ ਕੀਤਾ ਗਿਆ ਸੀ। ਇਹ ਟੈਂਡਰ ਕਿਸੇ ਹੋਰ ਨੂੰ ਮਿਲ ਗਏ ਸਨ। ਪਰ ਹੁਣ ਲਾਲਜੀਤ ਸਿੰਘ ਭੁੱਲਰ ਵੱਲੋਂ ਟੈਂਡਰ ਰੱਦ ਕਰਕੇ



(ਬਾਕੀ ਸਫਾ 2 'ਤੇ)

## ਭਾਰਤ 'ਚ ਯੂਰੀਆ ਉਤਪਾਦਨ ਸਮਰਥਾ ਤੋਂ ਹੋਇਆ ਅੱਧਾ

ਚੜ੍ਹਦੀਕਲਾ ਬਿਊਰੋ
===============

ਨਵੀਂ ਦਿੱਲੀ, 22 ਮਾਰਚ : ਭਾਰਤ ਦੇ ਯੂਰੀਆ ਪਲਾਂਟ ਇਸ ਵੇਲੇ



ਸਿਰਫ਼ ਅੱਧੀ ਸਮਰੱਥਾ ਉਤੇ ਚੱਲ ਰਹੇ ਹਨ ਕਿਉਂਕਿ ਪਛਮੀ ਏਸ਼ੀਆ ਵਿਚ ਵਧ ਰਹੇ ਤਣਾਅ ਕਾਰਨ ਐਲ.ਐਨ.ਜੀ. ਸਪਲਾਈ ਰੁਕ ਗਈ ਹੈ। ਪੈਟਰੋਨੈਟ ਐਲ.ਐਨ.ਜੀ. ਲਿਮਟਿਡ ਨੇ 'ਫੋਰਸ ਮਜੇਅਰ' ਦਾ ਐਲਾਨ ਕੀਤਾ ਹੈ, ਜਿਸ ਨਾਲ ਗੈਸ ਦੀ ਆਮ ਸਪਲਾਈ 60-65 ਫੀਸਦੀ ਤਕ ਘੱਟ ਗਈ ਹੈ। ਇਕ ਸੀਨੀਅਰ ਉਦਯੋਗ ਅਧਿਕਾਰੀ ਨੇ ਕਿਹਾ,"ਜਦੋਂ ਪਿਛਲੇ ਛੇ ਮਹੀਨਿਆਂ ਦੇ ਸ਼ਡਿਊਲ ਟਰਨਅਰਾਊਂਡ ਨੂੰ ਵੀ ਜੋੜਿਆ ਜਾਵੇ ਤਾਂ ਕੁੱਝ ਯੂਨਿਟਾਂ ਵਿਚ ਸਪਲਾਈ 50 ਫੀ ਸਦੀ ਤੋਂ ਵੀ ਘੱਟ ਰਹਿ ਗਈ ਹੈ।" ਇਸ ਕਾਰਨ ਯੂਰੀਆ

(ਬਾਕੀ ਸਫਾ 2 'ਤੇ)

## ਟਰੰਪ ਨੇ ਈਰਾਨ ਨੂੰ ਮੁੜ ਧਮਕੀ ਦਿੰਦਿਆਂ 48 ਘੰਟੇ 'ਚ ਹੋਰਮੁਜ਼ ਜਲਡਮਰੂ ਖੋਲ੍ਹਣ ਲਈ ਕਿਹਾ

ਚੜ੍ਹਦੀਕਲਾ ਬਿਊਰੋ
===============

ਵਾਸ਼ਿੰਗਟਨ, 22 ਮਾਰਚ : ਅਮਰੀਕੀ ਰਾਸ਼ਟਰਪਤੀ ਟਰੰਪ ਨੇ ਈਰਾਨ ਨੂੰ ਸਖ਼ਤ ਚੇਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜੇਕਰ 48 ਘੰਟਿਆਂ ਦੇ ਅੰਦਰ ਹੋਰਮੁਜ਼ ਜਲਡਮਰੂ ਪੂਰੀ ਤਰ੍ਹਾਂ ਨਹੀਂ ਖੋਲ੍ਹਿਆ ਗਿਆ ਤਾਂ ਅਮਰੀਕਾ ਈਰਾਨ ਦੇ ਪਾਵਰ ਪਲਾਂਟਾਂ ਤੇ ਹਮਲਾ ਕਰੇਗਾ। ਟਰੰਪ ਨੇ ਅੱਜ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਲਿਖਿਆ,ਜੇਕਰ ਈਰਾਨ 48 ਘੰਟਿਆਂ ਦੇ ਅੰਦਰ ਹੋਰਮੁਜ਼ ਜਲਡਮਰੂ ਨੂੰ ਨਹੀਂ ਖੋਲ੍ਹਦਾ ਹੈ, ਤਾਂ ਅਮਰੀਕਾ ਈਰਾਨ ਦੇ ਪਾਵਰ ਪਲਾਂਟਾਂ 'ਤੇ ਹਮਲਾ ਕਰੇਗਾ ਅਤੇ ਉਨ੍ਹਾਂ ਨੂੰ ਤਬਾਹ ਕਰ ਦੇਵੇਗਾ, ਜਿਸ ਦੀ ਸ਼ੁਰੂਆਤ ਸਭ ਤੋਂ ਵੱਡੇ ਪਲਾਂਟਾਂ ਤੋਂ ਹੋਵੇਗੀ। ਇਸ ਦੇ ਨਾਲ ਹੀ, ਈਰਾਨ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਸ ਦੇ ਪਾਵਰ ਪਲਾਂਟ ਨੂੰ ਨਿਸ਼ਾਨਾ ਬਣਾਇਆ ਗਿਆ, ਤਾਂ ਉਹ ਮੱਧ ਪੂਰਬ ਵਿੱਚ



ਅਮਰੀਕਾ ਅਤੇ ਇਜ਼ਰਾਈਲ ਨਾਲ ਜੁੜੇ ਸਾਰੇ ਊਰਜਾ ਬੁਨਿਆਦੀ ਢਾਂਚੇ ਤੇ ਹਮਲਾ ਕਰੇਗਾ। ਈਰਾਨ ਦੇ ਖਾਤਮ ਅਲ-ਅੰਬੀਆ ਸੈਂਟਰਲ ਕਮਾਂਡ ਦੇ ਬੁਲਾਰੇ ਇਬਰਾਹਿਮ ਜ਼ੁਲਫਾਘਾਰੀ ਨੇ ਕਿਹਾ ਕਿ ਈਰਾਨ ਅਮਰੀਕਾ ਅਤੇ ਇਜ਼ਰਾਈਲ ਨਾਲ ਸਬੰਧਤ ਡੀਸੈਲੀਨੇਸ਼ਨ ਪਲਾਂਟਾਂ ਅਤੇ ਆਈਟੀ ਬੁਨਿਆਦੀ ਢਾਂਚੇ 'ਤੇ ਵੀ ਹਮਲਾ ਕਰੇਗਾ। ਈਰਾਨ ਨੇ ਸ਼ਨੀਵਾਰ ਰਾਤ ਨੂੰ ਦੱਖਣੀ ਇਜ਼ਰਾਈਲੀ ਸ਼ਹਿਰ ਡਿਮੋਨਾ 'ਤੇ ਬੈਲਿਸਟਿਕ ਮਿਜ਼ਾਈਲ ਹਮਲਾ ਕੀਤਾ, ਜੋ ਕਿ ਇਜ਼ਰਾਈਲ ਦੇ ਪ੍ਰਮਾਣੂ ਪ੍ਰੋਗਰਾਮ ਕੇਂਦਰ ਦਾ ਘਰ ਹੈ, ਜਿਸ ਵਿੱਚ ਲਗਭਗ 20 ਲੋਕ ਜ਼ਖ਼ਮੀ ਹੋਏ।

## ਮਾਨ ਸਰਕਾਰ ਨੇ ਯੂਨੀਵਰਸਲ ਹੈਲਥਕੇਅਰ ਮਾਡਲ ਤਹਿਤ ਬਿਨਾਂ ਕਿਸੇ ਸ਼ਰਤ ਹਰ ਪਰਿਵਾਰ ਨੂੰ ਕੀਤਾ ਕਵਰ

ਚੜ੍ਹਦੀਕਲਾ ਬਿਊਰੋ
===============

ਚੰਡੀਗੜ੍ਹ, 22 ਮਾਰਚ : ਅਜਿਹੇ ਸਮੇਂ ਵਿੱਚ ਜਦੋਂ ਇਲਾਜ ਦੇ ਵਧਦੇ ਖਰਚੇ ਭਾਰਤੀ ਪਰਿਵਾਰਾਂ ਨੂੰ ਵਿੱਤੀ ਸੰਕਟ ਵੱਲ ਧੱਕ ਰਹੇ ਨੇ , ਸਿਹਤ ਸੇਵਾਵਾਂ ਲਈ ਫੰਡ ਦੇਣ ਅਤੇ ਉਹਨਾਂ ਨੂੰ ਮੁਹੱਈਆ ਕਰਵਾਉਣ ਦੇ ਤਰੀਕੇ ਵਿੱਚ ਇੱਕ ਵੱਡਾ ਅੰਤਰ ਉੱਭਰ ਕੇ ਸਾਹਮਣੇ ਆ ਰਿਹਾ ਹੈ। ਜਿੱਥੇ ਕੇਂਦਰ ਦੀ ਆਯੁਸ਼ਮਾਨ ਭਾਰਤ ਯੋਜਨਾ 140 ਕਰੋੜ ਦੀ ਆਬਾਦੀ ਲਈ 9,500 ਕਰੋੜ ਰੁਪਏ ਅਲਾਟ ਕਰਦੀ ਹੈ, ਉੱਥੇ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਸਿਰਫ 3 ਕਰੋੜ ਨਿਵਾਸੀਆਂ ਲਈ 2,000 ਕਰੋੜ ਰੁਪਏ ਦੀ ਵਚਨਬੱਧਤਾ ਦੁਹਰਾਉਂਦੀ ਹੈ, ਜਿਸਦਾ ਮਤਲਬ ਹੈ ਕਿ ਪ੍ਰਤੀ ਵਿਅਕਤੀ ਲਗਭਗ ਦਸ ਗੁਣਾ ਵੱਧ ਨਿਵੇਸ਼।

> ਸਿਹਤ ਯੋਜਨਾ, ਯੋਗਤਾ ਦੀ ਬਜਾਏ ਲੋੜ ਦੇ ਆਧਾਰ 'ਤੇ ਪਹੁੰਚ ਯਕੀਨੀ ਬਣਾਉਂਦੀ ਹੈ: ਡਾ. ਬਲਬੀਰ ਸਿੰਘ

ਇਹ ਅੰਤਰ ਸਿਰਫ ਵਿੱਤੀ ਨਹੀਂ, ਸਗੋਂ ਢਾਂਚਾਗਤ ਵੀ ਹੈ। ਜਿੱਥੇ ਰਾਸ਼ਟਰੀ ਸਕੀਮ ਯੋਗਤਾ ਅਤੇ ਕਵਰੇਜ ਦੋਵਾਂ ਨੂੰ 5 ਲੱਖ ਰੁਪਏ ਤੱਕ ਸੀਮਤ

(ਬਾਕੀ ਸਫਾ 2 'ਤੇ)

## ਰੋਪਵੇਅ ਟਰਾਲੀ ਦੀ ਕੇਬਲ ਟੁੱਟਣ ਕਾਰਨ ਮਹਿਲਾ ਦੀ ਮੌਤ, ਸੱਤ ਜ਼ਖ਼ਮੀ

ਰਾਏਪੁਰ , 22 ਮਾਰਚ (ਚ.ਨ.ਸ.) :ਛੱਤੀਸਗੜ੍ਹ ਦੇ ਮਹਾਸਮੁੰਦ ਜ਼ਿਲ੍ਹੇ ਵਿੱਚ ਐਤਵਾਰ ਨੂੰ ਇੱਕ ਹਾਦਸਾ ਵਾਪਰ ਗਿਆ। ਇੱਥੇ ਇੱਕ ਪਹਾੜੀ ਉੱਤੇ ਬਣੇ ਮੰਦਰ ਤੋਂ ਹੇਠਾਂ ਆ ਰਹੀ ਰੋਪਵੇਅ ਟਰਾਲੀ ਕੇਬਲ ਟੁੱਟਣ ਕਾਰਨ ਹੇਠਾਂ ਡਿੱਗ ਗਈ। ਇਸ ਹਾਦਸੇ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ ਹੈ ਅਤੇ ਸੱਤ ਜਣੇ ਜ਼ਖ਼ਮੀ ਹੋਏ ਹਨ। ਜ਼ਿਲ੍ਹਾ ਪ੍ਰਸ਼ਾਸਨ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਇਹ ਘਟਨਾ ਸਵੇਰੇ ਲਗਭਗ 10 ਵਜੇ ਵਾਪਰੀ। ਉਸ ਸਮੇਂ ਟਰਾਲੀ 8 ਲੋਕਾਂ ਨੂੰ ਲੈ ਕੇ ਮੰਦਰ ਤੋਂ ਹੇਠਾਂ ਲਿਆ ਰਹੀ ਸੀ ਕਿ ਅਚਾਨਕ ਉਸ ਦੀ ਕੇਬਲ

(ਬਾਕੀ ਸਫਾ 2 'ਤੇ)

## ਕੇਦਾਰਨਾਥ ਧਾਮ 'ਚ 3 ਤੋਂ 4 ਫੁੱਟ ਬਰਫ਼ ਦੀ ਚਿੱਟੀ ਚਾਦਰ ਵਿਛੀ

ਚਮੋਲੀ, 22 ਮਾਰਚ (ਚ.ਨ.ਸ.) : ਉੱਤਰਾਖੰਡ ਦੇ ਕੇਦਾਰਨਾਥ ਧਾਮ ਵਿੱਚ ਬਰਫਬਾਰੀ ਜਾਰੀ ਹੈ। ਇੱਥੇ ਭਾਰੀ ਬਰਫ਼ਬਾਰੀ ਕਾਰਨ ਪੂਰਾ ਖੇਤਰ 3 ਤੋਂ 4 ਫੁੱਟ ਮੋਟੀ ਬਰਫ਼ ਦੀ ਤਹਿ ਹੇਠ ਢਕਿਆ ਗਿਆ ਹੈ। ਕੇਦਾਰਨਾਥ ਮੰਦਰ ਕਮੇਟੀ ਅਨੁਸਾਰ 11ਵੇਂ ਜਯੋਤਿਰਲਿੰਗ ਅਤੇ ਪੂਰੀ ਕੇਦਾਰ ਘਾਟੀ ਵਿੱਚ ਬਰਫ਼ਬਾਰੀ ਨੇ ਇੱਕ ਬਹੁਤ ਹੀ ਅਲੌਕਿਕ ਅਤੇ ਮਨਮੋਹਕ ਦ੍ਰਿਸ਼ ਪੈਦਾ ਕਰ ਦਿੱਤਾ ਹੈ। ਇੱਥੇ ਤਾਪਮਾਨ ਜ਼ੀਰੋ ਤੋਂ ਕਾਫੀ ਹੇਠਾਂ ਹੋਣ ਅਤੇ ਅਤਿ ਦੀ ਸਰਦੀ ਦੇ ਬਾਵਜੂਦ ਉੱਤਰਾਖੰਡ ਪੁਲਿਸ ਅਤੇ ਆਈ.ਟੀ.ਬੀ.ਪੀ. ਦੇ ਜਵਾਨ ਪੂਰੀ ਤਰ੍ਹਾਂ ਚੌਕਸ ਹਨ। ਇਹ ਜਵਾਨ ਨਾ ਸਿਰਫ਼ ਮੰਦਰ ਦੀ ਸੁਰੱਖਿਆ ਲਈ ਗਸ਼ਤ ਕਰ ਰਹੇ ਹਨ ਬਲਕਿ ਬੈਰਕਾਂ ਅਤੇ ਰਿਹਾਇਸ਼ੀ ਇਲਾਕਿਆਂ ਦੇ ਆਲੇ-

(ਬਾਕੀ ਸਫਾ 2 'ਤੇ)

## ਪੰਜਾਬ 'ਚ ਵਿਸ਼ਵ ਪੱਧਰੀ ਸੜਕਾਂ ਦਾ ਨੈੱਟਵਰਕ ਕਾਇਮ ਕਰ ਰਹੀ ਹੈ 'ਆਪ' ਸਰਕਾਰ: ਮਾਨ

ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ
=====================

ਫਾਜ਼ਿਲਕਾ, 22 ਮਾਰਚ : ਪੰਜਾਬ ਭਰ ਵਿੱਚ ਵਿਸਵ ਪੱਧਰੀ ਸੜਕਾਂ ਦਾ ਵਿਸਾਲ ਨੈੱਟਵਰਕ ਕਾਇਮ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਤੇਜ਼ੀ ਲਿਆਂਦੀ ਹੈ, ਜਿਸ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਾਜ਼ਿਲਕਾ ਜ਼ਿਲ੍ਹੇ ਦੇ ਜਲਾਲਾਬਾਦ ਵਿੱਚ 300 ਕਿਲੋਮੀਟਰ ਨਵੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ ਅਤੇ 350 ਕਿਲੋਮੀਟਰ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰੀ ਦੀ ਆੜ ਵਿੱਚ ਬਣਦੀਆਂ ਘਟੀਆ-ਮਿਆਰ ਵਾਲੀਆਂ ਸੜਕਾਂ ਦੇ ਨਿਰਮਾਣ ਦਾ ਯੁੱਗ ਹੁਣ



ਖਤਮ ਹੋ ਚੁੱਕਾ ਹੈ।

ਅੱਜ ਦੇ ਸੜਕੀ ਪ੍ਰਾਜੈਕਟ ਨੂੰ ਪੰਜਾਬ ਭਰ ਵਿੱਚ ਬਣਾਏ ਜਾ ਰਹੇ 43,000 ਕਿਲੋਮੀਟਰ ਦੇ ਵਿਸ਼ਾਲ ਸੜਕੀ ਨੈੱਟਵਰਕ ਦਾ ਹਿੱਸਾ ਦਸਿਦਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਖਤ ਜਵਾਬਦੇਹੀ ਨਾਲ ਸੜਕਾਂ ਚੰਗੀਆਂ ਬਣਨਗੀਆਂ, ਜ਼ਮੀਨਦੋਜ਼ ਤਾਰਾਂ ਰਾਹੀਂ ਬਿਜਲੀ ਦੇ ਖੰਭੇ ਹਟਾਉਣ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਵੋਟਰ ਮੁੜ ਫਤਵਾ ਦੇ ਕੇ ਸਰਕਾਰ ਨੂੰ ਵਾਪਸ ਲਿਆਉਣਗੇ। ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਨੇ ਰਵਾਇਤੀ ਪਾਰਟੀਆਂ ਦੇ 70 ਸਾਲਾਂ ਦੇ ਕਾਰਜਕਾਲ ਨਾਲੋਂ ਵੱਧ ਕੰਮ ਕੀਤਾ ਹੈ। ਸੂਬਾ ਸਰਕਾਰ ਤੇਜ਼ ਗਤੀ ਨਾਲ ਅੱਗੇ ਵਧ ਰਹੀ ਹੈ ਅਤੇ ਸਾਲ 2027 ਵਿੱਚ ਸੂਬਾ ਇਸ ਵਿਕਾਸ ਨੂੰ ਅਗਲੇ ਪੱਧਰ 'ਤੇ ਲੈ ਜਾਵੇਗਾ। ਇਹ ਵਿਕਾਸ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ ਨਾਲ ਕਈ ਲੋਕ-ਪੱਖੀ ਨੀਤੀਆਂ ਨਾਲ ਜੁੜਿਆ ਹੋਇਆ ਹੈ।"

ਉਨ੍ਹਾਂ ਅੱਗੇ ਕਿਹਾ, "ਇਹ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਸਾਲ 2027 ਵਿੱਚ ਦੁਬਾਰਾ ਸਰਕਾਰ ਬਣਾਏਗੀ। ਸੂਬਾ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਕਾਰਨ ਅਸੀਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ 100 ਤੋਂ ਵੱਧ ਸੀਟਾਂ ਜਿੱਤਾਂਗੇ। ਲੋਕਾਂ ਦੁਆਰਾ ਦਿਖਾਇਆ ਗਿਆ ਭਾਰੀ ਸਮਰਥਨ ਇਸ ਤੱਥ ਦਾ ਪ੍ਰਮਾਣ ਹੈ ਕਿ ਲੋਕ ਰਵਾਇਤੀ ਪਾਰਟੀਆਂ ਨੂੰ ਮੁੜ ਸਬਕ ਸਿਖਾਉਣ ਦੀ ਉਡੀਕ ਕਰ ਰਹੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਲੋਕਾਂ ਦੀ ਭਲਾਈ

(ਬਾਕੀ ਸਫਾ 2 'ਤੇ)

## ਮੁਲਾਜ਼ਮ ਦਾ ਭਾਰ ਘਟਿਆ ਜਾਂ ਵਧਿਆ ਤਾਂ ਕਟੇਗੀ ਤਨਖ਼ਾਹ: ਏਅਰ ਇੰਡੀਆ

ਮੁੰਬਈ, 22 ਮਾਰਚ (ਚ.ਨ.ਸ.) : ਏਅਰ ਇੰਡੀਆ ਨੇ ਅਪਣੇ ਕੈਬਿਨ ਕਰੂ ਲਈ ਸਖ਼ਤ ਸਿਹਤ ਅਤੇ ਫਿਟਨੈੱਸ ਨੀਤੀ ਲਾਗੂ ਕਰਨ ਦਾ ਐਲਾਨ ਕੀਤਾ ਹੈ। ਨਵੀਂ ਨੀਤੀ ਅਨੁਸਾਰ, ਜਿਹੜੇ ਕਰਮਚਾਰੀ ਘੱਟ ਭਾਰ, ਵੱਧ ਭਾਰ ਜਾਂ ਮੋਟਾਪੇ ਦਾ ਸ਼ਿਕਾਰ ਹੋਣਗੇ, ਉਨ੍ਹਾਂ ਨੂੰ ਡਿਊਟੀ ਤੋਂ ਹਟਾਇਆ ਜਾ ਸਕਦਾ ਹੈ ਅਤੇ ਤਨਖ਼ਾਹ ਵੀ ਰੋਕੀ ਜਾ ਸਕਦੀ ਹੈ। ਏਅਰਲਾਈਨ ਦੇ ਅਧਿਕਾਰੀਆਂ ਨੇ ਕਿਹਾ,"ਬਾਡੀ ਮਾਸ ਇੰਡੈਕਸ (ਬੀ.ਐਮ.ਆਈ.) 18 ਤੋਂ 24.9 ਦੇ ਵਿਚਕਾਰ ਹੋਣਾ 'ਨਾਰਮਲ' ਮੰਨਿਆ ਜਾਵੇਗਾ। 25 ਤੋਂ 29.9 ਵਾਲੇ ਕਰਮਚਾਰੀ ਨੂੰ ਫੰਕਸ਼ਨਲ ਟੈਸਟ ਪਾਸ

(ਬਾਕੀ ਸਫਾ 2 'ਤੇ)

### ਟ੍ਰਿਬਿਊਨਲ ਨੇ ਸੁਣਾਇਆ ਇਤਿਹਾਸਕ ਫ਼ੈਸਲਾ !

## ਫੈਮਿਲੀ ਪੈਨਸ਼ਨ ਲਈ ਹੁਣ ਆਮਦਨ ਦੀ ਕੋਈ ਹੱਦ ਨਹੀਂ

ਚੜ੍ਹਦੀਕਲਾ ਬਿਊਰੋ
===============

ਚੰਡੀਗੜ੍ਹ, 22 ਮਾਰਚ : ਆਰਮਡ ਫੋਰਸਿਜ਼ ਟ੍ਰਿਬਿਊਨਲ (ਏ.ਐਫ.ਟੀ.) ਨੇ ਇੱਕ ਇਤਿਹਾਸਕ ਫੈਸਲਾ ਸੁਣਾਉਂਦੇ ਹੋਏ ਕਿਹਾ ਹੈ ਕਿ ਜੇਕਰ ਮਰਹੂਮ ਜਵਾਨ ਦੀ ਮਾਂ ਇਕੱਲੀ ਵਾਰਸ ਹੈ, ਤਾਂ ਫੈਮਿਲੀ ਪੈਨਸ਼ਨ ਲੈਣ ਲਈ ਆਮਦਨ ਦੀ ਕੋਈ ਸੀਮਾ ਲਾਗੂ ਨਹੀਂ ਹੋਵੇਗੀ। ਟ੍ਰਿਬਿਊਨਲ ਨੇ ਸਪੱਸ਼ਟ ਕੀਤਾ ਕਿ ਜਿਹੜੇ ਮਾਪੇ ਆਪਣੇ ਪੁੱਤ 'ਤੇ ਪੂਰੀ ਤਰ੍ਹਾਂ ਨਿਰਭਰ ਸਨ, ਉਹ ਉਮਰ ਭਰ ਲਈ ਫੈਮਿਲੀ ਪੈਨਸ਼ਨ ਦੇ ਹੱਕਦਾਰ ਹਨ। ਜਸਟਿਸ ਉਮੇਸ਼ ਚੰਦਰ ਸ਼ਰਮਾ ਅਤੇ ਏਅਰ ਮਾਰਸ਼ਲ ਮਾਨਵੇਂਦਰ ਸਿੰਘ ਦੀ ਬੈਂਚ ਨੇ



ਕਿਹਾ ਕਿ ਜੇਕਰ ਵਿਧਵਾ ਪਤਨੀ ਲਈ

(ਬਾਕੀ ਸਫਾ 2 'ਤੇ)

# ਹੁਣ 'ਰੰਗਲੇ ਪੰਜਾਬ' ਦੇ ਰੰਗ ਦਿਸਣ ਲੱਗੇ : ਮਾਨ*

ਬਠਿੰਡਾ, 22 ਮਾਰਚ:(ਜਗਸੀਰ ਭੁੱਲਰ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਹਰੇਕ ਖੇਤਰ ਵਿੱਚ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ



ਵੱਡੇ ਯਤਨ ਕਰ ਰਹੀ ਹੈ ਜਿਸ ਨਾਲ ਪੰਜਾਬ ਮੁੜ 'ਰੰਗਲੇ ਪੰਜਾਬ' ਵੱਲ ਵਧ ਰਿਹਾ ਹੈ।ਵਿਰਾਸਤੀ ਮੇਲੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਅਜਿਹੇ ਮੇਲੇ ਬੰਦ ਹੋ ਗਏ ਸਨ ਜਦਕਿ ਇਹ ਮੇਲੇ ਸੂਬੇ ਦੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹਨ। ਉਨ੍ਹਾਂ ਕਿਹਾ, ਹਾਲਾਂਕਿ, ਹੁਣ ਪੰਜਾਬ 'ਰੰਗਲੇ ਪੰਜਾਬ' ਦੇ ਦੌਰ ਵਿੱਚ ਪ੍ਰਵੇਸ਼ ਕਰ ਰਿਹਾ ਹੈ ਕਿਉਂਕਿ ਸੂਬਾ ਸਰਕਾਰ ਵੱਲੋਂ ਹਰ ਖੇਤਰ ਵਿੱਚ ਹਰ ਰੋਜ਼ ਨਵੇਂ ਰੰਗ ਜੋੜੇ ਜਾ ਰਹੇ ਹਨ। ਪੰਜਾਬ ਕਈ ਵਾਰ ਡਿੱਗਿਆ ਹੈ, ਪਰ ਇਹ ਵਾਰ-ਵਾਰ ਉੱਠਿਆ ਵੀ ਹੈ, ਅਤੇ ਇਹ ਖੁਸ਼ੀ ਦੀ ਗੱਲ ਹੈ ਕਿ ਅੱਜ, ਰੰਗਲਾ ਪੰਜਾਬ ਦੇ ਰੰਗ ਇੱਕ ਵਾਰ ਫਿਰ ਦਿਖਾਈ ਦੇ ਰਹੇ ਹਨ।ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੀ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਨੂੰ ਹਰ ਕੀਮਤ ਤੇ ਕਾਇਮ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਇਸ ਦਿਸ਼ਾ ਵਿੱਚ ਠੋਸ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ, ਵਿਰਾਸਤੀ ਮੇਲਿਆਂ ਵਿੱਚ ਗਿੱਧਾ ਤੇ ਭੰਗੜਾ ਪੰਜਾਬ ਦੀ ਰੂਹ ਦਾ ਪ੍ਰਗਟਾਵਾ ਕਰਦੇ ਹਨ। ਮੇਰੀ ਬਠਿੰਡਾ ਦੇ ਮੇਲੇ ਵਿੱਚ ਸ਼ਾਮਲ ਹੋਣ ਦੀ ਇੱਛਾ ਸੀ, ਕਿਉਂਕਿ ਇਹ ਸਾਡੇ ਬੱਚਿਆਂ ਨੂੰ ਉਨ੍ਹਾਂ ਦੀ ਵਿਰਾਸਤ ਅਤੇ ਸੱਭਿਆਚਾਰ ਨਾਲ ਜੋੜਨ ਦਾ ਵੱਡਾ ਉਪਰਾਲਾ ਹੈ। ਨਵੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਅੱਗੇ ਕਿਹਾ, ਪੰਜਾਬ ਵਿੱਚ ਲੋਕ-ਪੱਖੀ ਅਤੇ ਵਿਕਾਸ-ਮੁਖੀ ਯੋਜਨਾਵਾਂ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾ ਰਹੀਆਂ ਹਨ, ਕਿਉਂਕਿ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਨਹਿਰੀ ਪਾਣੀ ਟੇਲਾਂ 'ਤੇ ਸਥਿਤ ਖੇਤਾਂ ਤੱਕ ਵੀ ਪਹੁੰਚ ਰਿਹਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਨਹਿਰੀ ਪਾਣੀ ਦੀ ਵਰਤੋਂ ਨੂੰ ਵੱਡਾ ਹੁਲਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਬਠਿੰਡਾ ਦੇ ਰੇਤਲੇ ਟਿੱਬਿਆਂ ਤੱਕ ਵੀ ਪਾਣੀ ਪਹੁੰਚਾਇਆ ਗਿਆ ਹੈ ਜਦੋਂ ਕਿ ਪੰਜਾਬ ਦੇ ਹਰ ਕੋਨੇ ਵਿੱਚ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ ਤੇ ਅਪਗ੍ਰੇਡੇਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, ਇੱਕ ਹੋਰ ਮਹੱਤਵਪੂਰਨ ਕਦਮ ਵਿੱਚ ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਪ੍ਰਦਾਨ ਕਰਨ ਲਈ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਆਮਦਨ ਦੀਆਂ ਸ਼ਰਤਾਂ ਨੂੰ ਹਟਾ ਦਿੱਤਾ ਗਿਆ ਹੈ ਤੇ ਹੁਣ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਵੀ ਇਸ ਦੇ ਅਧੀਨ ਸ਼ਾਮਲ ਕੀਤਾ ਗਿਆ ਹੈ।

# ਲਾਲਜੀਤ ਸਿੰਘ ਭੁੱਲਰ ਤੇ ਹੋਰਨਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਹੋਵੇ : ਬੀਬੀ ਹਰਸਿਮਰਤ ਕੌਰ ਬਾਦਲ

ਅੰਮ੍ਰਿਤਸਰ, 22 ਮਾਰਚ (ਬਬਲੂ ਮਹਾਜਨ) :ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸੰਸਦ ਮੈਂਬਰ ਬੀਬੀ ਹਰਸਿਮਰਤ ਕੌਰ ਬਾਦਲ ਨਤਮਸਤਕ ਹੋਏ। ਪਰਿਵਾਰ ਤੇ ਪਾਰਟੀ ਦੀ ਚੜ੍ਹਦੀਕਲ੍ਹਾ ਲਈ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿਖੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਨਾਲ ਕਮਰੇ ਵਿੱਚ ਰਖਵਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਸਰਕਾਰ ਦੀ ਸਖ਼ਤ ਆਲੋਚਨਾ ਕੀਤੀ। ਬੀਬੀ ਬਾਦਲ ਨੇ ਕਿਹਾ ਕਿ ਜਿਹੜੇ ਆਗੂ ਲੋਕਾਂ ਦੀ ਰੱਖਿਆ ਲਈ ਚੁਣੇ ਗਏ, ਉਹ ਨਿੱਜੀ ਲਾਭ ਲਈ ਅਧਿਕਾਰੀਆਂ ਨੂੰ ਤੰਗ ਕਰ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਇਕ ਸਰਕਾਰੀ ਅਧਿਕਾਰੀ ਨੂੰ ਧਮਕੀਆਂ ਅਤੇ ਦਬਾਅ ਕਾਰਨ ਖੁਦਕੁਸ਼ੀ ਕਰਨ ਲਈ ਮਜਬੂਰ ਕੀਤਾ ਗਿਆ। ਇਸ ਮਾਮਲੇ ਵਿਚ ਲਾਲਜੀਤ ਸਿੰਘ ਭੁੱਲਰ ਅਤੇ ਹੋਰਨਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕਰਦਿਆਂ ਬੀਬੀ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਮੁਲਜ਼ਮਾਂ ਦੀ ਤੁਰੰਤ ਗ੍ਰਿਫਤਾਰੀ ਹੋਣੀ ਚਾਹੀਦੀ ਹੈ। ਇਨ੍ਹਾਂ ਨੂੰ ਜੇਲ੍ਹ ਭੇਜ ਕੇ ਸੀਬੀਆਈ ਤੋਂ ਜਾਂਚ ਕਰਵਾਉਣੀ



ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ 'ਚ ਪਾਰਦਰਸ਼ਤਾ ਦੀ ਘਾਟ ਹੈ। ਐਫਆਈਆਰ ਵਿਚ ਦੇਰੀ ਕਰਨ ਅਤੇ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਭ੍ਰਿਸ਼ਟਾਚਾਰ ਵੱਧ ਰਿਹਾ ਹੈ, ਕਾਨੂੰਨ ਵਿਵਸਥਾ ਹੋਈ ਹੈ, ਨਸ਼ਿਆਂ ਦੀਆਂ ਸਮੱਸਿਆਵਾਂ ਵਿਚ ਵਾਧਾ ਹੋਇਆ ਹੈ ਅਤੇ ਪੰਜਾਬ ਹੋਰ ਕਰਜਾਈ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਕੀਤੇ ਵਾਅਦਿਆਂ ਤੇ ਅਸਫਲ ਰਹੀ ਹੈ, ਅਪਰਾਧ ਵਧੇ ਹਨ ਅਤੇ ਆਪਣੇ ਨੇਤਾ ਨੂੰ ਕਾਬੂ ਨਹੀਂ ਕਰ ਸਕਦੀ। ਬੀਬੀ ਬਾਦਲ ਨੇ ਮੁੱਖ ਮੰਤਰੀ ਅਤੇ ਪੂਰੀ ਕੈਬਨਿਟ ਦੇ ਅਸਤੀਫੇ ਦੀ ਮੰਗ ਕਰਦਿਆਂ ਮੁੜ ਚੋਣਾ ਕਰਵਾਉਣ ਦੀ ਮੰਗ ਕੀਤੀ।

# ਸਰਦਾਰਨੀ ਪ੍ਰੀਤ ਮੋਹਨੀ ਕੌਰ ਜੀ ਦਾ ਅੰਤਿਮ ਸੰਸਕਾਰ ਸਨਮਾਨਪੂਰਵਕ ਸੰਪੰਨ

## 26 ਮਾਰਚ ਨੂੰ ਹੋਵੇਗੀ ਅੰਤਿਮ ਅਰਦਾਸ ਦੀ ਰਸਮ





ਨਵੀਂ ਦਿੱਲੀ, 22 ਮਾਰਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਦੀ ਮਾਤਾ ਜੀ ਸਰਦਾਰਨੀ ਪ੍ਰੀਤ ਮੋਹਨੀ ਕੌਰ ਜੀ ਦਾ ਅਚਾਨਕ ਨਿਧਨ ਕੱਲ੍ਹ ਸ਼ਨੀਵਾਰ ਨੂੰ ਹੋ ਗਿਆ ਸੀ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਲੋਧੀ ਰੋਡ ਸ਼ਮਸ਼ਾਨ ਘਾਟ ਵਿਖੇ ਪੂਰੇ ਸਨਮਾਨ ਨਾਲ ਕੀਤਾ ਗਿਆ।ਇਸ ਮੌਕੇ 'ਤੇ ਦਿੱਲੀ ਦੇ ਉਪਰਾਜਪਾਲ ਤਰਨਜੀਤ ਸਿੰਘ ਸੰਧੂ, ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ, ਸਾਬਕਾ ਮੁੱਖ ਮੰਤਰੀ ਆਤਿਸ਼ੀ, ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ, ਕਾਲਕਾ ਜੀ ਤੋਂ ਪਾਰਸ਼ਦ ਯੋਗਿਤਾ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਕਮੇਟੀ ਦੇ ਮੈਂਬਰਾਂ ਸਮੇਤ ਕਈ ਧਾਰਮਿਕ ਅਤੇ ਰਾਜਨੀਤਿਕ ਸ਼ਖਸੀਅਤਾਂ ਨੇ ਪਹੁੰਚ ਕੇ ਮਾਤਾ ਜੀ ਨੂੰ ਅੰਤਿਮ ਵਿਦਾਈ ਦਿੱਤੀ।ਉਨ੍ਹਾਂ ਦੀ ਅੰਗੀਠਾ ਸੰਭਾਲ ਦੀ ਰਸਮ ਕੱਲ੍ਹ ਸਵੇਰੇ 8.00 ਵਜੇ ਲੋਧੀ ਰੋਡ ਸ਼ਮਸ਼ਾਨ ਘਾਟ 'ਤੇ ਕੀਤੀ ਜਾਵੇਗੀ। ਸਰਦਾਰਨੀ ਪ੍ਰੀਤ ਮੋਹਨੀ ਕੌਰ ਜੀ ਦੀ ਅੰਤਿਮ ਅਰਦਾਸ 26 ਮਾਰਚ, ਵੀਰਵਾਰ ਨੂੰ ਦੁਪਹਿਰ 12 ਤੋਂ 1.30 ਵਜੇ ਤੱਕ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਲੱਖੀਸ਼ਾਹ ਬੰਜਾਰਾ ਹਾਲ ਵਿੱਚ ਹੋਵੇਗੀ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

# ਪਹਿਲੇ ਸਫ਼ੇ ਦੀ ਬਾਕੀ

## ਅਮਰੀਕਾ ਤੋਂ ਐਲ.ਪੀ.ਜੀ. ਅਤੇ ਰੂਸ ਤੋਂ ਤੇਲ ਲੈ ਕੇ ਭਾਰਤ

ਰਿਪੋਰਟਾਂ ਦੇ ਅਨੁਸਾਰ, ਕੁੱਲ ਲਗਭਗ 72,700 ਟਨ ਐਲ.ਪੀ.ਜੀ. ਆਉਣ ਦੀ ਉਮੀਦ ਹੈ, ਅਤੇ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ। ਪਹਿਲਾ ਟੈਂਕਰ ਐਤਵਾਰ ਨੂੰ ਪਹੁੰਚਿਆ, ਜਿਸ ਵਿੱਚ 16,714 ਟਨ ਐਲ.ਪੀ.ਜੀ.ਸੀ। ਇਹ ਟੈਂਕਰ, ਪਾਈਕਸਿਸ ਪਾਇਨੀਅਰ, ਸਿੰਗਾਪੁਰ ਦਾ ਝੰਡਾ ਲਹਿਰਾਉਂਦਾ ਹੈ ਅਤੇ ਇਸ ਦਾ ਕੁੱਲ ਭਾਰ 47,236 ਟਨ ਹੈ। ਇਹ ਜਹਾਜ਼ 14 ਫਰਵਰੀ ਨੂੰ ਨੀਦਰਲੈਂਡ ਬੰਦਰਗਾਹ ਤੋਂ ਰਵਾਨਾ ਹੋਇਆ ਸੀ ਅਤੇ ਏਜਿਸ ਲੌਜਿਸਟਿਕਸ ਲਿਮਟਿਡ ਲਈ ਐਲ.ਪੀ.ਜੀ. ਉਤਾਰੇਗਾ। ਫਿਰ ਇਹ ਸੋਮਵਾਰ ਸਵੇਰੇ ਰਵਾਨਾ ਹੋਵੇਗਾ। ਇਸ ਤੋਂ ਬਾਅਦ, ਅਪੋਲੋ ਓਸ਼ੀਅਨ ਨਾਮ ਦਾ ਇੱਕ ਟੈਂਕਰ ਵੀ 25 ਮਾਰਚ ਨੂੰ ਬੰਦਰਗਾਹ 'ਤੇ ਪਹੁੰਚੇਗਾ। ਇਹ 26,687 ਟਨ ਐਲ.ਪੀ.ਜੀ. ਲੈ ਕੇ ਜਾਵੇਗਾ। ਇਹ ਗੈਸ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਅਤੇ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਲਈ ਉਤਾਰੀ ਜਾਵੇਗੀ। ਵੀਅਤਨਾਮੀ ਝੰਡਾ ਲਹਿਰਾਉਂਦਾ ਇਹ ਜਹਾਜ਼ ਗੁਜਰਾਤ ਦੇ ਵਾਦੀਨਾਰ ਬੰਦਰਗਾਹ ਤੋਂ ਪਹੁੰਚੇਗਾ। ਇੱਕ ਹੋਰ ਟੈਂਕਰ, ਸ਼ਿਵਾਲਿਕ, ਅਸਲ ਵਿੱਚ 18 ਮਾਰਚ ਨੂੰ ਮੰਗਲੂਰੂ ਵਿੱਚ 26,000 ਟਨ ਐਲ.ਪੀ.ਜੀ. ਲੈ ਕੇ ਪਹੁੰਚਣ ਵਾਲਾ ਸੀ, ਪਰ ਇਸਨੇ ਆਪਣਾ ਮਾਲ ਵਾਦੀਨਾਰ ਬੰਦਰਗਾਹ 'ਤੇ ਅਪੋਲੋ ਓਸ਼ੀਅਨ ਨੂੰ ਸੌਂਪ ਦਿੱਤਾ। ਇਸ ਤੋਂ ਇਲਾਵਾ, 29 ਮਾਰਚ ਨੂੰ, ਇੱਕ ਹੋਰ ਟੈਂਕਰ ਅਮਰੀਕਾ ਤੋਂ ਲਗਭਗ 30,000 ਟਨ ਐਲ.ਪੀ.ਜੀ. ਲੈ ਕੇ ਇੱਥੇ ਪਹੁੰਚੇਗਾ। ਇਹ ਗੈਸ ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ ਲਈ ਨਿਰਧਾਰਤ ਕੀਤੀ ਜਾਵੇਗੀ। ਮੰਗਲੂਰੂ ਵਿੱਚ ਐਚ.ਪੀ.ਸੀ.ਐਲ. ਦਾ ਐਲ.ਪੀ.ਜੀ. ਪਲਾਂਟ ਇਸ ਗੈਸ ਨੂੰ ਸਥਾਨਕ ਬੋਤਲਿੰਗ ਪਲਾਂਟਾਂ ਅਤੇ ਬੰਗਲੂਰੂ ਸਮੇਤ ਹੋਰ ਥਾਵਾਂ 'ਤੇ ਪਾਈਪਲਾਈਨ ਰਾਹੀਂ ਸਪਲਾਈ ਕਰਦਾ ਹੈ। ਇਸ ਤਰ੍ਹਾਂ, ਆਉਣ ਵਾਲੇ ਦਿਨਾਂ ਵਿੱਚ ਨਿਊ ਮੰਗਲੂਰੂ ਬੰਦਰਗਾਹ 'ਤੇ ਐਲ.ਪੀ.ਜੀ. ਦੀ ਇੱਕ ਵੱਡੀ ਖੇਪ ਦੇ ਆਉਣ ਨਾਲ ਗੈਸ ਸਪਲਾਈ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ।

## ਮੋਦੀ ਨੇ ਲਿਆ ਤੇਲ, ਬਿਜਲੀ ਅਤੇ ਖਾਦ ਦੀ ਸਪਲਾਈ ਦਾ ਜਾਇਜ਼ਾ

ਵਿੱਚ ਇਨ੍ਹਾਂ ਚੀਜ਼ਾਂ ਦੀ ਬਿਨਾਂ ਰੁਕਾਵਟ ਸਪਲਾਈ, ਸਥਿਰ ਲੌਜਿਸਟਿਕਸ ਅਤੇ ਕੁਸ਼ਲ ਵੰਡ ਨੂੰ ਯਕੀਨੀ ਬਣਾਉਣਾ ਸੀ। ਇਸ ਅਹਿਮ ਮੀਟਿੰਗ ਵਿੱਚ ਕਈ ਕੇਂਦਰੀ ਮੰਤਰੀ ਸ਼ਾਮਲ ਹੋਏ ਜਿਨ੍ਹਾਂ ਵਿੱਚ ਰਾਜਨਾਥ ਸਿੰਘ (ਰੱਖਿਆ), ਅਮਿਤ ਸ਼ਾਹ (ਗ੍ਰਹਿ), ਸ਼ਿਵਰਾਜ ਸਿੰਘ ਚੌਹਾਨ (ਖੇਤੀਬਾੜੀ), ਐਸ ਜੈਸ਼ੰਕਰ (ਵਿਦੇਸ਼ ਮਾਮਲੇ), ਨਿਰਮਲਾ ਸੀਤਾਰਮਨ (ਵਿੱਤ), ਜੇ ਪੀ ਨੱਡਾ (ਸਿਹਤ), ਪੀਯੂਸ਼ ਗੋਇਲ (ਵਣਜ), ਅਸ਼ਵਨੀ ਵੈਸ਼ਨਵ (ਰੇਲਵੇ), ਹਰਦੀਪ ਸਿੰਘ ਪੁਰੀ (ਪੈਟਰੋਲੀਅਮ), ਇਸ ਤੋਂ ਇਲਾਵਾ ਐਨ.ਐਸ.ਏ. ਅਜੀਤ ਡੋਭਾਲ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਵਿੱਚ ਦੱਸਿਆ ਗਿਆ ਕਿ ਸਰਕਾਰ ਪੈਟਰੋਲੀਅਮ ਅਤੇ ਹੋਰ ਜ਼ਰੂਰੀ ਚੀਜ਼ਾਂ ਦੀ ਸਪਲਾਈ ਨੂੰ ਬਰਕਰਾਰ ਰੱਖਣ ਲਈ ਸਰਗਰਮ ਕਦਮ ਚੁੱਕ ਰਹੀ ਹੈ। ਮੀਟਿੰਗ ਵਿੱਚ ਵਿਸ਼ਵ ਪੱਧਰੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਤਾਂ ਜੋ ਆਮ ਜਨਤਾ ਅਤੇ ਉਦਯੋਗਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ। ਸਰਕਾਰ ਅੰਤਰਰਾਸ਼ਟਰੀ ਸਪਲਾਈ ਚੇਨ ਵਿੱਚ ਆਈਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।ਇਹ ਤਣਾਅ 28 ਫਰਵਰੀ ਨੂੰ ਸ਼ੁਰੂ ਹੋਇਆ ਸੀ। ਇਰਾਨ ਨੇ ਹੋਰਮੁਜ਼ ਜਲ ਮਾਰਗ ਤੇ ਕੰਟਰੋਲ ਕੀਤਾ ਹੋਇਆ ਹੈ, ਜਿੱਥੋਂ ਦੁਨੀਆ ਦੀ 20 ਫੀਸਦ ਊਰਜਾ ਲੰਘਦੀ ਹੈ। ਨਾਕਾਬੰਦੀ ਕਾਰਨ ਭਾਰਤ ਸਮੇਤ ਕਈ ਦੇਸ਼ਾਂ ਨੂੰ ਤੇਲ ਦੀ ਸਪਲਾਈ ਵਿੱਚ ਮੁਸ਼ਕਲਾਂ ਆ ਰਹੀਆਂ ਹਨ। ਪ੍ਰਧਾਨ ਮੰਤਰੀ ਮੋਦੀ ਨੇ ਇਸ ਮੁੱਦੇ ਤੇ ਸਾਊਦੀ ਅਰਬ, ਯੂ.ਏ.ਈ, ਕਤਰ, ਇਜ਼ਰਾਈਲ ਅਤੇ ਇਰਾਨ ਸਮੇਤ ਕਈ ਦੇਸ਼ਾਂ ਦੇ ਆਗੂਆਂ ਨਾਲ ਫੋਨ ਤੇ ਗੱਲਬਾਤ ਵੀ ਕੀਤੀ ਹੈ।

## ਨਰਿੰਦਰ ਮੋਦੀ ਸਭ ਤੋਂ ਵੱਧ ਦਿਨ ਸਰਕਾਰ ਦੇ ਮੁਖੀ ਰਹਿਣ ਵਾਲੇ ਆਗੂ ਬਣੇ

ਵਜੋਂ ਕੰਮ ਕਰਨ ਦਾ ਸਭ ਤੋਂ ਲੰਬਾ ਤਜਰਬਾ ਹੈ। 17 ਸਤੰਬਰ ਨੂੰ ਜਨਮੇ ਨਰਿੰਦਰ ਮੋਦੀ 6 ਸਾਲ ਦੀ ਉਮਰ ਵਿੱਚ ਕਾਂਗਰਸ ਵੱਲੋਂ ਮਹਾਗੁਜਰਾਤ ਅੰਦੋਲਨ ਦਾ ਹਿੱਸਾ ਬਣੇ। ਫਿਰ ਉਹ 8 ਸਾਲ ਦੀ ਉਮਰ ਵਿੱਚ ਆਰ.ਐਸ.ਐਸ. ਵਿੱਚ ਸ਼ਾਮਲ ਹੋ ਗਏ। 7 ਅਕਤੂਬਰ, 2001 ਨੂੰ 51 ਸਾਲ ਦੀ ਉਮਰ ਵਿੱਚ ਵਿਧਾਇਕ ਬਣੇ ਬਿਨਾਂ ਹੀ ਮੋਦੀ ਗੁਜਰਾਤ ਦੇ 14ਵੇਂ ਮੁੱਖ ਮੰਤਰੀ ਬਣੇ। ਉਹ 24 ਸਾਲਾਂ ਵਿੱਚ 14 ਸਾਲ ਗੁਜਰਾਤ ਦੇ ਮੁੱਖ ਮੰਤਰੀ ਰਹੇ ਅਤੇ ਹੁਣ ਤੀਜੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੂਜੇ ਪ੍ਰਧਾਨ ਮੰਤਰੀ ਵੀ ਹਨ ਜੋ ਲਗਾਤਾਰ ਸਭ ਤੋਂ ਲੰਬੇ ਸਮੇਂ ਲਈ ਭਾਰਤ ਦੇ ਪ੍ਰਧਾਨ ਮੰਤਰੀ ਰਹੇ ਹਨ। ਉਨ੍ਹਾਂ ਨੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦਾ 4077 ਦਿਨ (24 ਜਨਵਰੀ, 1966 ਤੋਂ 24 ਮਾਰਚ, 1977) ਦਾ ਰਿਕਾਰਡ ਤੋੜ ਦਿੱਤਾ ਹੈ। 22 ਮਾਰਚ, 2026 ਤੱਕ, ਨਰਿੰਦਰ ਮੋਦੀ ਪ੍ਰਧਾਨ ਮੰਤਰੀ ਵਜੋਂ 4318 ਦਿਨ ਪੂਰੇ ਕਰ ਲੈਣਗੇ। ਜਦਕਿ ਜਵਾਹਰ ਲਾਲ ਨਹਿਰੂ ਦੇ ਕੋਲ ਪ੍ਰਧਾਨ ਮੰਤਰੀ ਵਜੋਂ ਸਭ ਤੋਂ ਲੰਬੇ ਸਮੇਂ ਤੱਕ ਲਗਾਤਾਰ ਕਾਰਜਕਾਲ ਦਾ ਰਿਕਾਰਡ ਹੈ। ਉਨ੍ਹਾਂ ਨੇ 15 ਅਗਸਤ, 1947 ਤੋਂ 27 ਮਈ, 1964 ਤੱਕ ਕੁੱਲ 6,126 ਦਿਨ ਸੇਵਾ ਨਿਭਾਈ। ਪ੍ਰਧਾਨ ਮੰਤਰੀ ਮੋਦੀ ਨਹਿਰੂ ਦੇ ਰਿਕਾਰਡ ਤੋਂ 1,812 ਦਿਨ ਪਿੱਛੇ ਹਨ। ਇਸ ਰਿਕਾਰਡ ਨੂੰ ਤੋੜਨ ਲਈ, ਉਨ੍ਹਾਂ ਨੂੰ 2029 ਤੋਂ ਬਾਅਦ ਵੀ ਪ੍ਰਧਾਨ ਮੰਤਰੀ ਬਣੇ ਰਹਿਣਾ ਪਵੇਗਾ।

## ਭੁੱਲਰ ਦੀ ਗ੍ਰਿਫ਼ਤਾਰੀ ਤੱਕ ਪੋਸਟਮਾਰਟਮ ਨਾ ਕਰਵਾਉਣ 'ਤੇ ...

ਨਾਲ ਗੱਲਬਾਤ ਕਰਦਿਆਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਭੁੱਲਰ ਅਤੇ ਹੋਰ ਸ਼ੱਕੀ ਹਿਰਾਸਤ ਵਿੱਚ ਨਹੀਂ ਲਏ ਜਾਂਦੇ, ਪਰਿਵਾਰ ਪੋਸਟਮਾਰਟਮ ਨਹੀਂ ਹੋਣ ਦੇਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਦੇ ਪਤੀ ਤੇ ਭਾਰੀ ਦਬਾਅ ਸੀ, ਉਨ੍ਹਾਂ ਨਾਲ ਕੁੱਟਮਾਰ ਕੀਤੀ ਗਈ ਅਤੇ ਉਨ੍ਹਾਂ ਨੂੰ ਜ਼ਲੀਲ ਕੀਤਾ ਗਿਆ, ਜਿਸ ਕਾਰਨ ਉਨ੍ਹਾਂ ਨੇ ਇਹ ਖ਼ੌਫ਼ਨਾਕ ਕਦਮ ਚੁੱਕਿਆ। ਉਪਿੰਦਰ ਕੌਰ ਨੇ ਕਿਹਾ,ਸਾਨੂੰ ਪਹਿਲਾਂ ਇਨਸਾਫ਼ ਚਾਹੀਦਾ ਹੈ। ਮੁਲਜ਼ਮ ਮੰਤਰੀ ਦੀ ਗ੍ਰਿਫ਼ਤਾਰੀ ਤੋਂ ਬਾਅਦ ਹੀ ਪੋਸਟਮਾਰਟਮ ਅਤੇ ਸਸਕਾਰ ਕੀਤਾ ਜਾਵੇਗਾ। ਉਨ੍ਹਾਂ ਸਰਕਾਰ ਤੇ ਵਰ੍ਹਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਗੰਭੀਰ ਹੁੰਦੀ ਤਾਂ ਐੱਫ.ਆਈ.ਆਰ. ਦਰਜ ਕਰਨ ਵਿੱਚ ਇੰਨੀ ਦੇਰੀ ਨਾ ਹੁੰਦੀ, ਜੋ ਕਿ ਅੱਧੀ ਰਾਤ ਨੂੰ ਦਰਜ ਕੀਤੀ ਗਈ ਹੈ। ਆਪਣੀ ਸੁਰੱਖਿਆ ਦਾ ਖਦਸ਼ਾ ਪ੍ਰਗਟਾਉਂਦਿਆਂ ਉਨ੍ਹਾਂ ਤੁਰੰਤ ਪੁਲੀਸ ਸੁਰੱਖਿਆ ਦੀ ਮੰਗ ਕੀਤੀ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੇ ਪਰਿਵਾਰ ਨੂੰ ਕੁਝ ਵੀ ਹੁੰਦਾ ਹੈ ਤਾਂ ਆਪ ਸਰਕਾਰ ਜ਼ਿੰਮੇਵਾਰ ਹੋਵੇਗੀ। ਇਸ ਮਾਮਲੇ ਨੇ ਪੰਜਾਬ ਵਿੱਚ ਸਿਆਸੀ ਤੂਫ਼ਾਨ ਖੜ੍ਹਾ ਕਰ ਦਿੱਤਾ ਹੈ ਅਤੇ ਵਿਰੋਧੀ ਪਾਰਟੀਆਂ ਨੇ ਅੱਜ ਐਤਵਾਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦੇ ਬਾਹਰ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੋਇਆ ਹੈ। ਜ਼ਿਕਰਯੋਗ ਹੈ ਕਿ ਪੰਜਾਬ ਵੇਅਰ ਹਾਊਸਿੰਗ ਕਾਰਪੋਰੇਸ਼ਨ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਨੇ ਲਾਲਜੀਤ ਸਿੰਘ ਭੁੱਲਰ ਤੇ ਕਈ ਤਰ੍ਹਾਂ ਦੇ ਦੋਸ਼ ਲਗਾਉਂਦਿਆਂ ਖੁਦਕੁਸ਼ੀ ਕਰ ਲਈ ਸੀ। ਇਸ ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਾਲਜੀਤ ਭੁੱਲਰ ਤੋਂ ਕੈਬਨਿਟ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਲੈ ਲਿਆ ਸੀ ਅਤੇ ਮਾਮਲੇ ਦੀ ਜਾਂਚ ਪੰਜਾਬ ਦੇ ਮੁੱਖ ਸਕੱਤਰ ਨੂੰ ਸੌਂਪ ਦਿੱਤੀ ਸੀ।

## ਹਰਮੀਤ ਸਿੰਘ ਕਾਲਕਾ ਨੂੰ ਸਦਮਾ, ਮਾਤਾ ਦਾ ਦੇਹਾਂਤ

ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸਸਕਾਰ ਅੱਜ ਐਤਵਾਰ ਨੂੰ ਦੁਪਹਿਰ 12:00 ਵਜੇ ਲੋਧੀ ਸ਼ਮਸ਼ਾਨਘਾਟ ਨਵੀਂ ਦਿੱਲੀ ਵਿਖੇ ਕੀਤਾ ਗਿਆ। ਭੋਗ ਦੀ ਰਸਮ ਮਿਤੀ 26 ਮਾਰਚ ਦਿਨ ਵੀਰਵਾਰ ਨੂੰ ਲੱਖੀ ਸ਼ਾਹ ਵਣਜਾਰਾ ਗੁ. ਰਕਾਬ ਗੰਜ ਸਾਹਿਬ ਦਿੱਲੀ ਵਿਖੇ ਬਾਅਦ ਦੁਪਹਿਰ 1.00 ਤੋਂ 2.30 ਵਜੇ ਤੱਕ ਹੋਵੇਗੀ।

## ਸੁਪਰੀਮ ਕੋਰਟ ਨੇ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਜੇਲ੍ਹਾਂ ਬਾਰੇ ਤਾਜ਼ਾ ...

ਅਗਰਵਾਲ, ਜੋ ਇਸ ਮਾਮਲੇ ਵਿਚ ਅਮੀਕਸ ਕਿਊਰੀ ਵਜੋਂ ਸਹਾਇਤਾ ਕਰ ਰਹੇ ਹਨ, ਨੇ ਧਿਆਨ ਦਿਵਾਇਆ ਕਿ ਸੂਬਿਆਂ ਵਲੋਂ ਪੇਸ਼ ਕੀਤੇ ਅੰਕੜੇ 2023 ਦੇ ਹਨ। ਇਸ 'ਤੇ ਬੈਂਚ ਨੇ ਕਿਹਾ ਕਿ "ਅਪਡੇਟ ਡਾਟਾ ਬਿਨਾਂ, ਪ੍ਰਭਾਵਸ਼ਾਲੀ ਸੁਣਵਾਈ ਸੰਭਵ ਨਹੀਂ।" ਅਦਾਲਤ ਨੇ ਹੁਕਮ ਦਿਤਾ ਹੈ ਕਿ 1 ਮਾਰਚ, 2026 ਤਕ ਦੇ ਅੰਕੜੇ, ਜੇਲ੍ਹ-ਵਾਰ ਸਮਰੱਥਾ, ਕੈਦੀਆਂ ਦੀ ਗਿਣਤੀ, ਭੀੜ ਦੀ ਫ਼ੀ ਸਦੀ ਦਰ, ਸਟਾਫ ਦੀ ਮਨਜ਼ੂਰਸ਼ੁਦਾ ਤਾਕਤ ਅਤੇ ਖ਼ਾਲੀ ਅਸਾਮੀਆਂ ਦੀ ਜਾਣਕਾਰੀ ਪੇਸ਼ ਕੀਤੀ ਜਾਵੇ। ਇਹ ਸਾਰੇ ਵੇਰਵੇ ਹੋਮ ਸਕੱਤਰ ਵਲੋਂ ਹਲਫ਼ਨਾਮੇ ਰਾਹੀਂ ਪੇਸ਼ ਕਰਨੇ ਹੋਣਗੇ। ਇਸ ਮਾਮਲੇ ਦੀ ਅਗਲੀ ਸੁਣਵਾਈ 26 ਮਈ ਨੂੰ ਹੋਵੇਗੀ।

## ਲਾਲਜੀਤ ਭੁੱਲਰ 'ਤੇ ਪਿਤਾ ਤੇ ਪੀ.ਏ. ਸਮੇਤ ਮਾਮਲਾ ਦਰਜ

ਉਸ ਦੇ ਪਿਤਾ ਦੇ ਹੱਕ ਵਿੱਚ ਜਾਰੀ ਕਰਨ ਲਈ ਦਬਾਅ ਪਾਇਆ ਜਾ ਰਿਹਾ ਸੀ। ਉਸ ਨੇ ਦੋਸ਼ ਲਾਇਆ ਕਿ ਇਸ ਸਬੰਧ ਵਿੱਚ ਉਸ ਦੇ ਪਤੀ ਨੂੰ ਕਈ ਵਾਰ ਡਰਾਇਆ ਧਮਕਾਇਆ ਵੀ ਗਿਆ 13 ਮਾਰਚ ਨੂੰ ਉਸ ਦੇ ਪਤੀ ਨੂੰ ਪੱਟੀ ਵਿਖੇ ਸੱਦਿਆ ਗਿਆ ਜਿੱਥੇ ਉਸਦੀ ਕੁੱਟਮਾਰ ਕੀਤੀ ਗਈ ਅਤੇ ਜਲੀਲ ਵੀ ਕੀਤਾ ਗਿਆ। ਉਸ ਨੇ ਦੱਸਿਆ ਕਿ ਇਸ ਦੀ ਜਾਣਕਾਰੀ ਉਸ ਦੇ ਪਤੀ ਨੇ ਉਸ ਨੂੰ ਵੀ ਦਿੱਤੀ ਸੀ। ਉਪਿੰਦਰ ਕੌਰ ਨੇ ਦੱਸਿਆ ਕਿ 13 ਮਾਰਚ ਨੂੰ ਵਾਪਰੀ ਘਟਨਾ ਸਮੇਂ ਲਾਲਜੀਤ ਸਿੰਘ ਭੁੱਲਰ ਉਸ ਦਾ ਪਿਤਾ, ਪੀਏ ਤੇ ਕੁਝ ਹੋਰ ਅਣਪਛਾਤੇ ਵਿਅਕਤੀ ਉੱਥੇ ਹਾਜ਼ਰ ਸਨ। ਮ੍ਰਿਤਕ ਦੀ ਪਤਨੀ ਨੇ ਇਹ ਵੀ ਦੋਸ਼ ਲਾਇਆ ਕਿ ਉਸ ਦਿਨ ਉਸ ਦੇ ਪਤੀ ਸਿਰ 'ਤੇ ਪਿਸਤੌਲ ਰੱਖ ਕੇ ਗਲਤ ਬਿਆਨੀ ਵਾਲੀ ਇੱਕ ਵੀਡੀਓ ਵੀ ਬਣਵਾਈ ਗਈ ਸੀ। ਉਸ ਦੇ ਪਰਿਵਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ ਗਈਆਂ ਸਨ ਜਿਸ ਕਾਰਨ ਉਸ ਦਾ ਪਤੀ ਪਰੇਸ਼ਾਨ ਰਹਿੰਦਾ ਸੀ ਅਤੇ 21 ਮਾਰਚ ਨੂੰ ਸਵੇਰੇ 5:30 ਵਜੇ ਉਸ ਦੇ ਪਤੀ ਨੇ ਕੋਈ ਜ਼ਹਿਰੀਲੀ ਚੀਜ਼ ਖਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਗੌਰਤਲਬ ਹੈ ਕਿ ਪੰਜਾਬ ਦੀਆਂ ਵਿਰੋਧੀ ਪਾਰਟੀਆਂ ਵੱਲੋਂ ਮ੍ਰਿਤਕ ਗਗਨਦੀਪ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਅੱਜ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਇਸ ਦੌਰਾਨ ਭਾਰਤੀ ਜਨਤਾ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਦੇ ਆਗੂ ਸ਼ਾਮਲ ਹੋਣਗੇ। ਇਹ ਫੈਸਲਾ ਲੰਘੀ ਸ਼ਾਮ ਅੰਮ੍ਰਿਤਸਰ ਦੇ ਥਾਣਾ ਰਣਜੀਤ ਐਵਨਿਊ ਵਿਖੇ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ, ਸੀਨੀਅਰ ਕਾਂਗਰਸੀ ਆਗੂ ਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਸਾਂਝੇ ਤੌਰ ਤੇ ਲਿਆ ਗਿਆ ਸੀ।

## ਭਾਰਤ 'ਚ ਯੂਰੀਆ ਉਤਪਾਦਨ ਸਮਰਥਾ ਤੋਂ ਹੋਇਆ ਅੱਧਾ

ਉਤਪਾਦਨ ਵਿਚ ਵੀ ਲਗਭਗ 50 ਫੀਸਦੀ ਦੀ ਕਮੀ ਆਈ ਹੈ। ਪਲਾਂਟ ਅਧਿਕਾਰੀਆਂ ਦੇ ਮੁਤਾਬਕ, ਘੱਟ ਲੋਡ ਉਤੇ ਚੱਲ ਰਹੇ ਵੱਡੇ ਐਮੋਨੀਆ-ਯੂਰੀਆ ਟ੍ਰੇਨਜ਼ ਦੀ ਥਰਮਲ ਕਾਰਗੁਜ਼ਾਰੀ ਬਹੁਤ ਘੱਟ ਹੋ ਗਈ ਹੈ। ਇਕ ਪਲਾਂਟ ਮੈਨੇਜਰ ਨੇ ਕਿਹਾ,"ਇਸ ਤਰ੍ਹਾਂ ਦੇ ਹਾਲਾਤ ਵਿਚ ਘੱਟ ਖਾਦ ਬਣਾਉਣ ਲਈ ਵੱਧ ਊਰਜਾ ਖਰਚਣੀ ਪੈਂਦੀ ਹੈ, ਜੋ ਸਿੱਧਾ ਵਿੱਤੀ ਨੁਕਸਾਨ ਹੈ।" ਖਾਦ ਕੰਪਨੀਆਂ ਨੇ ਇਹ ਵੀ ਦਸਿਆ ਕਿ ਗੈਸ ਖਪਤ ਦੇ ਹੁਕਮ ਕਈ ਵਾਰ ਰਾਤ ਦੇ ਵੇਲੇ ਮਿਲਦੇ ਹਨ, ਜਿਸ ਨਾਲ ਪਲਾਂਟ ਮੈਨੇਜਰਾਂ ਨੂੰ ਅਚਾਨਕ ਲੋਡ ਬਦਲਣਾ ਪੈਂਦਾ ਹੈ। ਇਕ ਹੋਰ ਅਧਿਕਾਰੀ ਨੇ ਚੇਤਾਵਨੀ ਦਿਤੀ,"ਇਹ ਅਚਾਨਕ ਬਦਲਾਅ ਵੱਡੇ ਪਲਾਂਟਾਂ ਲਈ ਸੰਭਵ ਨਹੀਂ ਹੁੰਦੇ। ਇਸ ਨਾਲ ਸਾਜ਼ੋ-ਸਾਮਾਨ ਖਰਾਬ ਹੋ ਸਕਦਾ ਹੈ ਅਤੇ ਕਰਮਚਾਰੀਆਂ ਦੀ ਸੁਰੱਖਿਆ ਨੂੰ ਵੀ ਖਤਰਾ ਹੈ।" ਇਸ ਤੋਂ ਇਲਾਵਾ, ਗੈਸ ਦੀ ਕੀਮਤਾਂ ਵਿਚ ਵੀ ਅਸਪਸ਼ਟਤਾ ਆ ਗਈ ਹੈ। ਜੀ.ਏ.ਆਈ.ਐਲ. ਨੇ 15 ਮਾਰਚ ਨੂੰ ਖਾਦ ਕੰਪਨੀਆਂ ਨੂੰ ਚਿੱਠੀ ਭੇਜ ਕੇ ਦਸਿਆ ਕਿ ਆਰ.ਐਲ.ਐਨ.ਜੀ. ਦੀ ਕੀਮਤ ਹੁਣ ਕਈ ਪੱਧਰਾਂ ਉਤੇ ਲਾਗੂ ਹੋਵੇਗੀ, ਜਿਸ ਨਾਲ ਵਿੱਤੀ ਅਨਿਸ਼ਚਿਤਤਾ ਹੋਰ ਵਧ ਗਈ ਹੈ। ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਜੇਕਰ ਇਹ ਘਾਟ ਲੰਮੇ ਸਮੇਂ ਤਕ ਰਹਿੰਦੀ ਹੈ ਤਾਂ ਆਉਣ ਵਾਲੇ ਖਰੀਫ਼ ਸੀਜ਼ਨ ਲਈ ਖਾਦ ਦੀ ਉਪਲਬਧਤਾ ਪ੍ਰਭਾਵਤ ਹੋ ਸਕਦੀ ਹੈ। ਹਾਲਾਂਕਿ, 19 ਮਾਰਚ ਤਕ ਭਾਰਤ ਕੋਲ 61.14 ਲੱਖ ਟਨ ਯੂਰੀਆ ਦਾ ਸਟਾਕ ਮੌਜੂਦ ਹੈ, ਜੋ ਪਿਛਲੇ ਸਾਲ ਦੇ ਮੁਕਾਬਲੇ ਵੱਧ ਹੈ।

## ਮਾਨ ਸਰਕਾਰ ਦੇ ਯੂਨੀਵਰਸਲ ਹੈਲਥਕੇਅਰ ਮਾਡਲ ...

ਕਰਦੀ ਹੈ, ਉੱਥੇ ਪੰਜਾਬ ਦਾ ਮਾਡਲ ਹਰ ਨਿਵਾਸੀ ਨੂੰ ਬਿਨਾਂ ਕਿਸੇ ਸ਼ਰਤ ਦੇ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਪ੍ਰਦਾਨ ਕਰਦਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਯੂਨੀਵਰਸਲ ਹੈਲਥਕੇਅਰ (ਸਰਬ ਸਾਂਝੀ ਸਿਹਤ ਸੇਵਾ) ਨੂੰ ਇੱਕ ਸੀਮਤ ਲਾਭ ਵਜੋਂ ਨਹੀਂ, ਸਗੋਂ ਇੱਕ ਗਾਰੰਟੀਸ਼ੁਦਾ ਅਧਿਕਾਰ ਵਜੋਂ ਸਥਾਪਿਤ ਕੀਤਾ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਗਿਆ ਹੈ ਕਿ ਇਲਾਜ ਦੀ ਪਹੁੰਚ ਕਿਸੇ ਸਰਕਾਰੀ ਸੂਚੀ ਦੀ ਬਜਾਏ ਮਰੀਜ਼ ਦੀ ਲੋੜ ਅਨੁਸਾਰ ਤੈਅ ਹੋਵੇ। ਜ਼ਿਆਦਾਤਰ ਭਾਰਤੀ ਪਰਿਵਾਰਾਂ ਲਈ, ਮੈਡੀਕਲ ਐਮਰਜੈਂਸੀ ਦੋ ਤਤਕਾਲ ਚਿੰਤਾਵਾਂ ਲੈ ਕੇ ਆਉਂਦੀ ਹੈ: ਇਲਾਜ ਕਿੰਨੀ ਜਲਦੀ ਸ਼ੁਰੂ ਹੋ ਸਕਦਾ ਹੈ, ਅਤੇ ਖਰਚੇ ਦਾ ਪ੍ਰਬੰਧ ਕਿਵੇਂ ਹੋਵੇਗਾ।ਸਰਵਵਿਆਪੀ ਪਹੁੰਚ ਰਾਹੀਂ ਇਨ੍ਹਾਂ ਦੋਵਾਂ ਚਿੰਤਾਵਾਂ ਨੂੰ ਹੱਲ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ 2026-27 ਦੇ ਬਜਟ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ (MMSY) ਲਈ 2,000 ਕਰੋੜ ਰੁਪਏ ਅਲਾਟ ਕੀਤੇ ਹਨ, ਜਿਸ ਨਾਲ ਤਕਰੀਬਨ 65 ਲੱਖ ਪਰਿਵਾਰਾਂ ਦੇ 3 ਕਰੋੜ ਨਿਵਾਸੀਆਂ ਨੂੰ 10 ਲੱਖ ਰੁਪਏ ਪ੍ਰਤੀ ਪਰਿਵਾਰ ਤੱਕ ਦਾ ਕੈਸ਼ਲੈੱਸ ਬੀਮਾ ਮਿਲੇਗਾ। ਆਯੁਸ਼ਮਾਨ ਭਾਰਤ ਵਰਗੀਆਂ ਨਿਸ਼ਾਨਾ-ਬੱਧ (ਟਾਰਗੇਟਿਡ) ਸਕੀਮਾਂ ਦੇ ਉਲਟ, ਪੰਜਾਬ ਦਾ ਮਾਡਲ ਯੂਨੀਵਰਸਲ ਕਵਰੇਜ 'ਤੇ ਆਧਾਰਿਤ ਹੈ, ਜੋ ਇਹ ਯਕੀਨੀ ਬਣਾਉਂਦਾ ਹੈ ਕਿ ਹਰ ਨਿਵਾਸੀ ਬਿਨਾਂ ਕਿਸੇ ਯੋਗਤਾ ਦੀ ਰੁਕਾਵਟ ਦੇ ਇਸ ਵਿੱਚ ਸ਼ਾਮਲ ਹੋਵੇ। ਦੋਵਾਂ ਪਹੁੰਚਾਂ ਵਿਚਕਾਰ ਬੁਨਿਆਦੀ ਅੰਤਰ ਹੈ। ਮੁੱਖ ਮੰਤਰੀ ਸਿਹਤ ਯੋਜਨਾ ਇਹ ਨਹੀਂ ਪੁੱਛਦੀ ਕਿ ਕੌਣ ਯੋਗ ਹੈ। ਪੰਜਾਬ ਦਾ ਹਰ ਨਿਵਾਸੀ, ਚਾਹੇ ਉਸ ਦੀ ਆਮਦਨ ਕੁਝ ਵੀ ਹੋਵੇ, ਇਸ ਦੇ ਦਾਇਰੇ ਵਿੱਚ ਆਉਂਦਾ ਹੈ। ਆਯੁਸ਼ਮਾਨ ਭਾਰਤ, ਜੋ 2018 ਵਿੱਚ ਸ਼ੁਰੂ ਕੀਤੀ ਗਈ ਸੀ, ਸਿਰਫ ਐੱਸ ਈ ਸੀ ਸੀ (SECC) ਡੇਟਾਬੇਸ ਰਾਹੀਂ ਆਰਥਿਕ ਤੌਰ 'ਤੇ ਕਮਜ਼ੋਰ ਵਜੋਂ ਪਛਾਣੇ ਗਏ ਪਰਿਵਾਰਾਂ ਤੱਕ ਸੀਮਤ ਹੈ। ਆਬਾਦੀ ਦਾ ਇੱਕ ਵੱਡਾ ਹਿੱਸਾ, ਖਾਸ ਕਰਕੇ ਘੱਟ ਅਤੇ ਦਰਮਿਆਨੀ ਆਮਦਨ ਵਾਲੇ ਸਮੂਹ ਜੋ ਉਸ ਡੇਟਾਬੇਸ ਵਿੱਚ ਦਰਜ ਨਹੀਂ ਹਨ, ਇਸ ਤੋਂ ਬਾਹਰ ਰਹਿ ਰਹੇ ਹਨ। ਵਿੱਤੀ ਵਚਨਬੱਧਤਾ ਵਿੱਚ ਵੀ ਅੰਤਰ ਸਪੱਸ਼ਟ ਦਿਖਾਈ ਦਿੰਦਾ ਹੈ। ਕੇਂਦਰ ਸਰਕਾਰ ਵੱਲੋਂ 140 ਕਰੋੜ ਦੀ ਆਬਾਦੀ ਲਈ 9,500 ਕਰੋੜ ਰੁਪਏ ਦੀ ਅਲਾਟਮੈਂਟ ਦੀ ਤੁਲਨਾ ਪੰਜਾਬ ਦੇ 3 ਕਰੋੜ ਨਿਵਾਸੀਆਂ ਲਈ 2,000 ਕਰੋੜ ਰੁਪਏ ਨਾਲ ਕੀਤੀ ਜਾ ਸਕਦੀ ਹੈ। ਪ੍ਰਤੀ ਵਿਅਕਤੀ ਦੇ ਆਧਾਰ 'ਤੇ ਪੰਜਾਬ ਦਾ ਨਿਵੇਸ਼ ਕਾਫ਼ੀ ਜ਼ਿਆਦਾ ਹੈ, ਜੋ ਕਿ ਸੁਲੱਭ ਅਤੇ ਵਿਆਪਕ ਸਿਹਤ ਸੇਵਾਵਾਂ ਦੀ ਸਪੱਸ਼ਟ ਤਰਜੀਹ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਇਲਾਜ ਦੇ ਦਾਇਰੇ ਨੂੰ ਵੀ ਵਧਾਉਂਦੀ ਹੈ। ਲਾਭਪਾਤਰੀ 2,300 ਇਲਾਜ ਪੈਕੇਜਾਂ ਰਾਹੀਂ ਦਿਲ ਦੀ ਬਿਮਾਰੀ, ਕੈਂਸਰ, ਗੁਰਦੇ ਦੀਆਂ ਬਿਮਾਰੀਆਂ, ਆਰਥੋਪੀਡਿਕ ਪ੍ਰਕਿਰਿਆਵਾਂ ਅਤੇ ਹਾਦਸੇ ਨਾਲ ਸਬੰਧਤ ਸੱਟਾਂ ਸਮੇਤ ਕਈ ਗੰਭੀਰ ਬਿਮਾਰੀਆਂ ਲਈ ਕੈਸ਼ਲੈੱਸ ਇਲਾਜ ਪ੍ਰਾਪਤ ਕਰ ਸਕਦੇ ਹਨ। ਇਸ ਦੇ ਮੁਕਾਬਲੇ ਆਯੁਸ਼ਮਾਨ ਭਾਰਤ ਲਗਭਗ 1,900 ਪੈਕੇਜਾਂ ਨੂੰ ਕਵਰ ਕਰਦਾ ਹੈ। ਇਸ ਪਿੱਛੇ ਸਪੱਸ਼ਟ ਸਿਧਾਂਤ ਹੈ: ਇਲਾਜ ਦੇ ਫੈਸਲੇ ਵਿੱਤੀ ਸਮਰੱਥਾ ਨਹੀਂ, ਸਗੋਂ ਡਾਕਟਰੀ ਲੋੜ ਦੁਆਰਾ ਲਏ ਜਾਂਦੇ ਹਨ। ਸਕੀਮ ਤੱਕ ਪਹੁੰਚ ਦੀ ਪ੍ਰਕਿਰਿਆ ਇੱਕ ਹੋਰ ਵੱਡੀ ਤਬਦੀਲੀ ਹੈ। ਆਯੁਸ਼ਮਾਨ ਭਾਰਤ ਦੇ ਤਹਿਤ, ਪਰਿਵਾਰਾਂ ਨੂੰ ਪਹਿਲਾਂ ਇਹ ਪੁਸ਼ਟੀ ਕਰਨੀ ਪੈਂਦੀ ਹੈ ਕਿ ਕੀ ਉਹ SECC ਸੂਚੀ ਵਿੱਚ ਹਨ, ਅਤੇ ਬਾਹਰ ਰਹਿ ਗਏ ਲੋਕਾਂ ਨੂੰ ਆਪਣੀ ਯੋਗਤਾ ਸਾਬਤ ਕਰਨ ਲਈ ਵਾਧੂ ਦਸਤਾਵੇਜ਼ਾਂ ਦੀ ਲੋੜ ਪੈਂਦੀ ਹੈ। ਇਸਦੇ ਉਲਟ, ਪੰਜਾਬ ਦੀ ਸਕੀਮ ਪਹੁੰਚ ਨੂੰ ਸਰਲ ਬਣਾਉਂਦੀ ਹੈ। ਨਿਵਾਸੀ ਆਮਦਨ ਸਰਟੀਫਿਕੇਟ ਜਾਂ ਕਿੱਤੇ ਦੇ ਸਬੂਤ ਤੋਂ ਬਿਨਾਂ ਆਧਾਰ ਜਾਂ ਵੋਟਰ ਆਈਡੀ ਦੀ ਵਰਤੋਂ ਕਰਕੇ ਸੇਵਾ ਕੇਂਦਰਾਂ ਜਾਂ ਕਾਮਨ ਸਰਵਿਸ ਸੈਂਟਰਾਂ 'ਤੇ ਰਜਿਸਟਰ ਕਰ ਸਕਦੇ ਹਨ ਜਾਂ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸਦੀ ਪਹੁੰਚ ਵਧਾਉਣ ਲਈ, ਸਿਖਲਾਈ ਪ੍ਰਾਪਤ ਯੂਥ ਕਲੱਬ ਮੈਂਬਰ ਘਰ-ਘਰ ਜਾ ਕੇ ਮੁਹਿੰਮ ਚਲਾ ਰਹੇ ਹਨ ਅਤੇ ਪਰਿਵਾਰਾਂ ਨੂੰ ਰਜਿਸਟਰ ਕਰਨ ਅਤੇ ਉਨ੍ਹਾਂ ਦੇ 'ਸਿਹਤ ਕਾਰਡ' ਘਰਾਂ ਵਿੱਚ ਪਹੁੰਚਾਉਣ ਵਿੱਚ ਮਦਦ ਕਰ ਰਹੇ ਹਨ। ਉਨ੍ਹਾਂ ਪਰਿਵਾਰਾਂ ਲਈ ਜੋ ਪਹਿਲਾਂ ਸਰਕਾਰੀ ਸਿਹਤ ਸੇਵਾਵਾਂ ਦੇ ਘੇਰੇ ਤੋਂ ਬਾਹਰ ਸਨ, ਇਸਦਾ ਪ੍ਰਭਾਵ ਸਪੱਸ਼ਟ ਹੈ। ਮੋਗਾ ਵਿੱਚ ਇੱਕ 98 ਸਾਲਾ ਬਜ਼ੁਰਗ ਮਹਿਲਾ, ਮੁਖਤਿਆਰ ਕੌਰ ਨੇ ਇਸ ਸਕੀਮ ਤਹਿਤ ਕੀਮੋਥੈਰੇਪੀ ਨਾਲ ਸਬੰਧਤ ਵਿਸ਼ੇਸ਼ ਇਲਾਜ ਪੂਰੀ ਤਰ੍ਹਾਂ ਮੁਫ਼ਤ ਪ੍ਰਾਪਤ ਕੀਤਾ। ਉਸ ਉਮਰ ਵਿੱਚ ਜਿੱਥੇ ਲਗਾਤਾਰ ਦੇਖਭਾਲ ਜ਼ਰੂਰੀ ਹੈ, ਸਿਹਤ ਕਾਰਡ ਨੇ ਇਹ ਯਕੀਨੀ ਬਣਾਇਆ ਕਿ ਇਲਾਜ ਬਿਨਾਂ ਕਿਸੇ ਦੇਰੀ ਜਾਂ ਵਿੱਤੀ ਤਣਾਅ ਦੇ ਸ਼ੁਰੂ ਹੋ ਸਕੇ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਕਿਹਾ ਕਿ ਇਹ ਸਕੀਮ ਨੀਤੀਗਤ ਦਿਸ਼ਾ ਵਿੱਚ ਇੱਕ ਸੋਚੀ-ਸਮਝੀ ਤਬਦੀਲੀ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਮੁੱਖ ਮੰਤਰੀ ਸਿਹਤ ਯੋਜਨਾ ਇੱਕ ਸਪੱਸ਼ਟ ਪਹੁੰਚ 'ਤੇ ਬਣੀ ਹੈ ਕਿ ਸਿਹਤ ਬੀਮਾ ਹਰ ਨਿਵਾਸੀ ਤੱਕ ਪਹੁੰਚਣਾ ਚਾਹੀਦਾ ਹੈ, ਨਾ ਕਿ ਸਿਰਫ਼ ਕੁਝ ਚੋਣਵੇਂ ਲੋਕਾਂ ਤੱਕ। ਪ੍ਰਤੀ ਵਿਅਕਤੀ ਵੱਧ ਨਿਵੇਸ਼ ਦੇ ਨਾਲ, ਪੰਜਾਬ ਇਹ ਯਕੀਨੀ ਬਣਾ ਰਿਹਾ ਹੈ ਕਿ ਇਲਾਜ ਤੱਕ ਪਹੁੰਚ ਯੋਗਤਾ ਜਾਂ ਆਮਦਨ ਦੀ ਬਜਾਏ ਲੋੜ ਦੁਆਰਾ ਪਰਿਭਾਸ਼ਿਤ ਕੀਤੀ ਜਾਵੇ। 9 ਲੱਖ ਤੋਂ ਵੱਧ ਸਿਹਤ ਕਾਰਡ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਲਾਭਪਾਤਰੀ 900 ਸੂਚੀਬੱਧ ਹਸਪਤਾਲਾਂ ਦੇ ਵਧਦੇ ਨੈੱਟਵਰਕ ਰਾਹੀਂ ਇਲਾਜ ਕਰਵਾ ਰਹੇ ਹਨ, ਜੋ ਪੂਰੇ ਪੰਜਾਬ ਵਿੱਚ ਸਿਹਤ ਸੇਵਾਵਾਂ ਦੇ ਦਾਇਰੇ ਨੂੰ ਵਧਾ ਰਿਹਾ ਹੈ। ਅਜਿਹੇ ਦੇਸ਼ ਵਿੱਚ ਜਿੱਥੇ ਹਸਪਤਾਲ ਦਾ ਇੱਕ ਬਿੱਲ ਪਰਿਵਾਰਾਂ ਨੂੰ ਕਰਜ਼ੇ ਵਿੱਚ ਡੁਬੋ ਸਕਦਾ ਹੈ, ਇਹ ਅੰਤਰ ਹੁਣ ਸਿਰਫ਼ ਪ੍ਰਬੰਧਕੀ ਨਹੀਂ ਰਿਹਾ, ਸਗੋਂ ਇਹ ਵਿਚਾਰਧਾਰਕ ਹੈ। ਇੱਕ ਮਾਡਲ ਯੋਗਤਾ ਸੂਚੀਆਂ ਰਾਹੀਂ ਇਲਾਜ ਨੂੰ ਸੀਮਤ ਕਰਦਾ ਹੈ; ਜਦਕਿ ਦੂਜਾ ਇਸ ਨੂੰ ਜਨਤਕ ਅਧਿਕਾਰ ਵਜੋਂ ਗਰੰਟੀ ਦਿੰਦਾ ਹੈ।

## ਰੋਪਵੇਅ ਟਰਾਲੀ ਦੀ ਕੇਬਲ ਟੁੱਟਣ ਕਾਰਨ ਮਹਿਲਾ ਦੀ ਮੌਤ, ਸੱਤ ਜ਼ਖ਼ਮੀ

ਟੁੱਟ ਗਈ। ਇਹ ਲੋਕ ਨਰਾਤਿਆਂ ਦੇ ਤਿਉਹਾਰ ਮੌਕੇ ਖਲਾਰੀ ਮਾਤਾ ਮੰਦਰ ਵਿਖੇ ਮੱਥਾ ਟੇਕਣ ਗਏ ਸਨ। ਇਹ ਮੰਦਰ ਬਾਗਬਾਹਰਾ ਇਲਾਕੇ ਦੇ ਖਲਾਰੀ ਪਿੰਡ ਵਿੱਚ ਇੱਕ ਉੱਚੀ ਪਹਾੜੀ ਉੱਤੇ ਬਣਿਆ ਹੋਇਆ ਹੈ। ਇਸ ਹਾਦਸੇ ਵਿੱਚ ਜਾਨ ਗਵਾਉਣ ਵਾਲੀ ਮਹਿਲਾ ਦੀ ਪਛਾਣ ਰਾਏਪੁਰ ਵਾਸੀ 28 ਸਾਲਾ ਆਯੂਸ਼ੀ ਸਤਕਾਰ ਵਜੋਂ ਹੋਈ ਹੈ। ਬਾਕੀ ਸੱਤ ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਪ੍ਰਸ਼ਾਸਨ ਵੱਲੋਂ ਇਸ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕੇਦਾਰਨਾਥ ਧਾਮ 'ਚ 3 ਤੋਂ 4 ਫੁੱਟ ਬਰਫ਼ ਦੀ ਚਿੱਟੀ ਚਾਦਰ ਵਿਛੀ

ਦੁਆਲੇ ਜੰਮੀ ਬਰਫ਼ ਨੂੰ ਵੀ ਸਾਫ਼ ਕਰ ਰਹੇ ਹਨ ਤਾਂ ਕਿ ਕੰਮਕਾਜ ਵਿੱਚ ਕੋਈ ਰੁਕਾਵਟ ਨਾ ਆਵੇ। ਦੂਜੇ ਪਾਸੇ, ਉੱਤਰਾਖੰਡ ਸਰਕਾਰ ਰਾਜ ਵਿੱਚ ਅਧਿਆਤਮਿਕ ਅਤੇ ਸੈਰ-ਸਪਾਟੇ ਨੂੰ ਉਤਸ਼ਾਹਤ ਕਰਨ ਲਈ ਬੁਨਿਆਦੀ ਢਾਂਚੇ ਦਾ ਤੇਜ਼ੀ ਨਾਲ ਵਿਸਤਾਰ ਕਰ ਰਹੀ ਹੈ। ਸ਼ਰਧਾਲੂਆਂ ਦੀ ਯਾਤਰਾ ਨੂੰ ਸੁਖਾਲਾ ਬਣਾਉਣ ਲਈ ਸੋਨਪ੍ਰਯਾਗ ਤੋਂ ਕੇਦਾਰਨਾਥ ਧਾਮ ਤੱਕ 12.9 ਕਿਲੋਮੀਟਰ ਲੰਬਾ ਰੋਪ-ਵੇਅ ਬਣਾਇਆ ਜਾ ਰਿਹਾ ਹੈ, ਜਿਸ ਤੇ ਲਗਪਗ 4,081 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸੇ ਤਰ੍ਹਾਂ ਗੋਵਿੰਦਘਾਟ ਤੋਂ ਹੇਮਕੁੰਟ ਸਾਹਿਬ ਤੱਕ 12.4 ਕਿਲੋਮੀਟਰ ਲੰਬਾ ਰੋਪ-ਵੇਅ ਵੀ ਬਣਾਉਣ ਦੀ ਯੋਜਨਾ ਹੈ। ਇਨ੍ਹਾਂ ਪ੍ਰੋਜੈਕਟਾਂ ਦੇ ਪੂਰਾ ਹੋਣ ਨਾਲ ਯਾਤਰਾ ਦਾ ਸਮਾਂ ਅਤੇ ਸਰੀਰਕ ਥਕਾਵਟ ਕਾਫੀ ਘੱਟ ਜਾਵੇਗੀ। ਇਸ ਤੋਂ ਇਲਾਵਾ ਬਦਰੀਨਾਥ ਧਾਮ ਨੂੰ 255 ਕਰੋੜ ਰੁਪਏ ਦੀ ਲਾਗਤ ਨਾਲ ਸਮਾਰਟ ਸਪਿਰਿਚੁਅਲ ਹਿੱਲ ਟਾਊਨ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।

## ਪੰਜਾਬ 'ਚ ਵਿਸ਼ਵ ਪੱਧਰੀ ਸੜਕਾਂ ਦਾ ਨੈੱਟਵਰਕ ਕਾਇਮ ਕਰ ਰਹੀ ਹੈ ਆਪ

ਲਈ ਅਣਥੱਕ ਮਿਹਨਤ ਕਰ ਰਹੀ ਹੈ ਜਦੋਂ ਕਿ ਵਿਰੋਧੀ ਧਿਰ ਸੱਤਾ ਵਿੱਚ ਹੁੰਦੀ ਹੋਈ ਕਾਰੋਬਾਰ ਵਿੱਚੋਂ ਹਿੱਸਾ ਮੰਗਦੀ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਆਗੂ ਨਸ਼ਿਆਂ ਅਤੇ ਅਪਰਾਧੀਆਂ ਦੀ ਸਰਪ੍ਰਸਤੀ ਕਰਕੇ ਸੂਬੇ ਨੂੰ ਬਰਬਾਦ ਕਰਨਾ ਚਾਹੁੰਦੇ ਹਨ ਜਿਸ ਕਾਰਨ ਲੋਕਾਂ ਨੇ ਉਨ੍ਹਾਂ ਨੂੰ ਸੱਤਾ ਤੋਂ ਬੇਦਖਲ ਕੀਤਾ ਸੀ। ਹੁਣ ਇਹ ਸਾਰੀਆਂ ਪੰਜਾਬ ਵਿਰੋਧੀ ਤਾਕਤਾਂ ਪੰਜਾਬ ਨੂੰ ਬਰਬਾਦ ਕਰਨ ਲਈ ਹੱਥ ਮਿਲਾ ਚੁੱਕੀਆਂ ਹਨ ਅਤੇ ਸਮਾਂ ਆ ਗਿਆ ਹੈ ਜਦੋਂ ਪੰਜਾਬੀਆਂ ਨੂੰ ਵੀ ਹੱਥ ਮਿਲਾ ਕੇ ਉਨ੍ਹਾਂ ਨੂੰ ਬਾਹਰ ਦਾ ਰਾਹ ਦਿਖਾਉਣਾ ਚਾਹੀਦਾ ਹੈ।" ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ, "ਅਕਾਲੀ ਦਲ ਦੇ ਇਸ ਡਰਾਮੇ ਦਾ ਅਸਲੀ ਨਾਮ 'ਪਰਿਵਾਰ ਬਚਾਓ ਯਾਤਰਾ' ਹੈ। 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਇਹ ਕਿਸ ਤੋਂ ਪੰਜਾਬ ਨੂੰ ਬਚਾਉਣ ਦੀ ਕੋਸ਼ਿਸ ਕਰ ਰਹੇ ਹਨ? ਅਕਾਲੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ, ਪੰਜਾਬੀਆਂ ਦੇ ਹਿਰਦਿਆਂ ਨੂੰ ਵਲੂੰਧਰਿਆ ਅਤੇ ਮਾਫੀਏ ਨੂੰ ਸਰਪ੍ਰਸਤੀ ਦਿੱਤੀ ਹੈ।" ਉਨ੍ਹਾਂ ਅੱਗੇ ਕਿਹਾ, "ਲੋਕ ਅਕਾਲੀਆਂ ਅਤੇ ਬਾਦਲ ਪਰਿਵਾਰ ਦੇ ਸ਼ੱਕੀ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ ਜਿਸ ਕਾਰਨ ਉਨ੍ਹਾਂ ਦੀਆਂ ਨੌਟੰਕੀਆਂ ਹੁਣ ਨਹੀਂ ਚੱਲਣਗੀਆਂ।" ਮੁੱਖ ਮੰਤਰੀ ਨੇ ਅੱਗੇ ਕਿਹਾ, "ਇਨ੍ਹਾਂ ਆਗੂਆਂ ਨੇ ਸੂਬੇ ਵਿੱਚ ਗੈਂਗਸਟਰਾਂ ਨੂੰ ਸਰਪ੍ਰਸਤੀ ਦਿੱਤੀ ਅਤੇ ਨਸ਼ਾ ਤਸਕਰਾਂ ਨੂੰ ਦੀ ਪੁਸ਼ਤਪਨਾਹੀ ਕਰਕੇ ਨੌਜਵਾਨਾਂ ਦੀਆਂ ਨਸਾਂ ਵਿੱਚ ਨਸ਼ਾ ਭਰਿਆ। ਅਕਾਲੀ ਦਲ ਨੇ ਹਮੇਸ਼ਾ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ ਹੈ ਪਰ ਇਸ ਵਾਰ ਲੋਕ ਇਨ੍ਹਾਂ ਦੇ ਝਾਂਸੇ ਨਹੀਂ ਆਉਣਗੇ। ਅਕਾਲੀ ਲੀਡਰਸ਼ਿਪ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਹਵਾਈ ਮਹਿਲ ਉਸਾਰ ਰਹੀ ਹੈ, ਪਰ ਪੰਜਾਬੀ ਇਸ 'ਤੇ ਵਿਸ਼ਵਾਸ ਨਹੀਂ ਕਰਨਗੇ।" ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕਾਂਗਰਸੀ ਆਗੂ ਸੂਬੇ ਵਿੱਚ ਸੱਤਾ ਸੰਭਾਲਣ ਦੇ ਸੁਪਨੇ ਦੇਖ ਰਹੇ ਹਨ। ਕਾਂਗਰਸ ਪਾਰਟੀ ਆਪਸੀ ਕਾਟੋ-ਕਲੇਸ਼ ਕਾਰਨ ਮੂਧੇ ਮੂੰਹ ਡਿੱਗੇਗੀ। ਇਹ ਦੁੱਖ ਦੀ ਗੱਲ ਹੈ ਕਿ ਕਾਂਗਰਸ ਦੇ ਚੋਟੀ ਦੇ ਆਗੂ ਸੱਤਾ ਲਈ ਲੜ ਰਹੇ ਹਨ ਅਤੇ ਸੂਬੇ ਲਈ ਉਨ੍ਹਾਂ ਕੋਲ ਕੋਈ ਏਜੰਡਾ ਨਹੀਂ। ਉਨ੍ਹਾਂ ਦਾ ਇੱਕੋ ਇੱਕ ਉਦੇਸ ਸੱਤਾ ਸੰਭਾਲ ਕੇ ਪੰਜਾਬ ਦੇ ਸਰਮਾਏ ਨੂੰ ਲੁੱਟਣਾ ਹੈ, ਪਰ ਉਨ੍ਹਾਂ ਦੇ ਸੁਪਨੇ ਕਦੇ ਵੀ ਪੂਰੇ ਨਹੀਂ ਹੋਣਗੇ।" ਉਨ੍ਹਾਂ ਅੱਗੇ ਕਿਹਾ, "ਪਹਿਲਾਂ ਇਹ ਰਵਾਇਤੀ ਪਾਰਟੀਆਂ ਸੱਤਾ ਹਾਸਲ ਕਰਨ ਲਈ ਆਪਣੀ ਵਾਰੀ ਦੀ ਉਡੀਕ ਕਰਦੀਆਂ ਸਨ ਪਰ ਹੁਣ ਇਨ੍ਹਾਂ ਪਾਰਟੀਆਂ ਦੁਆਰਾ ਪੈਦਾ ਕੀਤੀ ਗਈ ਗੰਦਗੀ ਨੂੰ ਸਾਫ ਕਰਨ ਲਈ ਝਾੜੂ ਮੌਜੂਦ ਹੈ।"

ਇੱਕ ਵੱਡੀ ਭਲਾਈ ਯੋਜਨਾ ਦਾ ਐਲਾਨ ਕਰਦਿਆਂ, ਉਨ੍ਹਾਂ ਕਿਹਾ, "ਪੰਜਾਬ ਸਰਕਾਰ ਨੇ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਜਿਸ ਤਹਿਤ ਹਰ ਔਰਤ ਨੂੰ ਪ੍ਰਤੀ ਮਹੀਨਾ 1,000 ਰੁਪਏ ਅਤੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਮਿਲਣਗੇ ਅਤੇ ਇਹ ਪੈਸੇ ਸਿੱਧੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ ਅਤੇ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸਨ ਪ੍ਰਾਪਤ ਕਰ ਰਹੀਆਂ ਔਰਤਾਂ ਵੀ ਯੋਗ ਹੋਣਗੀਆਂ। ਪੰਜਾਬ ਵਿੱਚ ਲਗਭਗ 97 ਫੀਸਦੀ ਔਰਤਾਂ ਨੂੰ ਲਾਭ ਹੋਣ ਦੀ ਉਮੀਦ ਹੈ ਅਤੇ ਸੂਬਾ ਸਰਕਾਰ ਨੇ ਬਜਟ ਵਿੱਚ 9,300 ਕਰੋੜ ਅਲਾਟ ਕੀਤੇ ਹਨ। ਇਸ ਦੀ ਰਜਿਸਟ੍ਰੇਸਨ 13 ਅਪ੍ਰੈਲ ਤੋਂ ਸ਼ੁਰੂ ਹੋਵੇਗੀ।" ਇਸ ਯੋਜਨਾ ਦੀ ਆਲੋਚਨਾ ਦਾ ਜਵਾਬ ਦਿੰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜੋ ਲੋਕ ਇਸ ਯੋਜਨਾ ਦੀ ਸੁਰੂਆਤ ਨੂੰ ਲੈ ਕੇ ਸੂਬਾ ਸਰਕਾਰ ਦਾ ਮਜਾਕ ਉਡਾ ਰਹੇ ਹਨ ਜਾਂ ਬੇਬੁਨਿਆਦ ਸਵਾਲ ਉਠਾ ਰਹੇ ਹਨ, ਉਹ ਆਮ ਵਿਅਕਤੀ ਲਈ 1,000 ਰੁਪਏ ਦੀ ਕੀਮਤ ਨਹੀਂ ਜਾਣਦੇ। ਇਹ ਲੋਕ ਜੋ ਗੈਰ-ਕਾਨੂੰਨੀ ਢੰਗ ਨਾਲ ਕਮਾਏ ਪੈਸੇ ਨਾਲ ਇਕ ਵੇਲੇ ਦੇ ਭੋਜਨ 'ਤੇ 5,000 ਰੁਪਏ ਤੋਂ ਵੱਧ ਖਰਚ ਕਰਦੇ ਹਨ, ਉਹ ਇਸ ਯੋਜਨਾ ਦੀ ਕਦਰ ਨਹੀਂ ਕਰਦੇ ਪਰ ਇਹ ਉਨ੍ਹਾਂ ਲੋਕਾਂ ਲਈ ਵੱਡੀ ਵਿੱਤੀ ਸਹਾਇਤਾ ਹੈ ਜਿਨ੍ਹਾਂ ਨੂੰ ਤਿਉਹਾਰਾਂ 'ਤੇ ਵੀ ਦਿਹਾੜੀਆਂ ਕਰਨੀਆਂ ਪੈਂਦੀਆਂ ਹਨ। ਇਨ੍ਹਾਂ ਅਮੀਰ ਨੇਤਾਵਾਂ ਦੀਆਂ ਪਤਨੀਆਂ ਨੂੰ 1,000 ਰੁਪਏ ਦੀ ਲੋੜ ਨਹੀਂ ਹੈ ਕਿਉਂਕਿ ਉਹ ਮੇਕਅੱਪ 'ਤੇ ਵੱਧ ਖਰਚ ਕਰਦੀਆਂ ਹਨ।"

ਬੁਨਿਆਦੀ ਢਾਂਚੇ ਬਾਰੇ ਉਨ੍ਹਾਂ ਕਿਹਾ, "ਆਪ ਸਰਕਾਰ ਨੇ ਸੂਬੇ ਭਰ ਵਿੱਚ ਸੰਪਰਕ ਸੜਕਾਂ ਦੀ ਮੁਰੰਮਤ ਲਈ ਇੱਕ ਵੱਡਾ ਪ੍ਰੋਗਰਾਮ ਸ਼ੁਰੂ ਕੀਤਾ ਹੈ। ਸੂਬੇ ਵਿੱਚ ਕੁੱਲ 43000 ਕਿਲੋਮੀਟਰ ਸੰਪਰਕ ਸੜਕਾਂ ਹਨ ਅਤੇ ਸੂਬਾ ਸਰਕਾਰ ਨੇ ਇਨ੍ਹਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਲਈ ਪ੍ਰਾਜੈਕਟ ਸ਼ੁਰੂ ਕੀਤਾ ਹੈ। ਇਨ੍ਹਾਂ ਸੜਕਾਂ ਦੀ ਮੁਰੰਮਤ ਦੇ ਨਾਲ-ਨਾਲ ਅਗਲੇ ਪੰਜ ਸਾਲਾਂ ਲਈ ਇਨ੍ਹਾਂ ਦਾ ਰੱਖ-ਰਖਾਵ ਵੀ ਕੀਤਾ ਜਾਵੇਗਾ।" ਖੇਤਰੀ ਵਿਕਾਸ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਬਹੁਤ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਇਹ ਵਿਕਾਸ ਮਿਲਣੀ ਇੱਕ ਵਿਸ਼ਾਲ ਰੈਲੀ ਵਿੱਚ ਬਦਲ ਗਈ ਹੈ। ਪੰਜਾਬ ਨੇ ਪਿਛਲੇ ਚਾਰ ਸਾਲਾਂ ਵਿੱਚ ਵੱਡਾ ਬਦਲਾਅ ਦੇਖਿਆ ਹੈ ਕਿਉਂਕਿ ਨਹਿਰੀ ਪਾਣੀ ਹੁਣ ਉਨ੍ਹਾਂ ਖੇਤਰਾਂ ਵਿੱਚ ਪਹੁੰਚ ਗਿਆ ਹੈ ਜਿੱਥੇ ਪਿਛਲੇ 50-60 ਸਾਲਾਂ ਤੋਂ ਨਹੀਂ ਸੀ ਪਹੁੰਚ ਰਿਹਾ।" ਉਨ੍ਹਾਂ ਅੱਗੇ ਕਿਹਾ, "ਇਹ ਇੱਕ ਸਰਹੱਦੀ ਖੇਤਰ ਹੈ ਜਿੱਥੇ ਡਾਕਟਰ ਜਾਂ ਅਧਿਆਪਕ ਡਿਊਟੀ ਕਰਨ ਤੋਂ ਝਿਜਕਦੇ ਹਨ, ਜਿਸ ਕਾਰਨ ਸੂਬਾ ਸਰਕਾਰ ਨੇ ਉਨ੍ਹਾਂ ਲਈ ਸਰਹੱਦੀ ਖੇਤਰਾਂ ਵਿੱਚ ਘੱਟੋ-ਘੱਟ ਦੋ ਸਾਲ ਸੇਵਾ ਨਿਭਾਉਣਾ ਲਾਜ਼ਮੀ ਕਰ ਦਿੱਤਾ ਹੈ।" ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਅਧਿਆਪਕਾਂ ਅਤੇ ਡਾਕਟਰਾਂ ਨੂੰ ਇਸ ਸੇਵਾ ਬਦਲੇ ਤਰੱਕੀਆਂ ਲੈਣ ਦੌਰਾਨ ਵਾਧੂ ਭੱਤਾ ਅਤੇ ਵਾਧੂ ਅੰਕ ਮਿਲਣਗੇ। ਇਸ ਖੇਤਰ ਦੇ ਬੱਚੇ ਬਹੁਤ ਪ੍ਰਤਿਭਾਸ਼ਾਲੀ ਹਨ।" ਇੱਕ ਕਿੱਸਾ ਸਾਂਝਾ ਕਰਦਿਆਂ ਉਨ੍ਹਾਂ ਦੱਸਿਆ , "ਸਾਲ 2008-09 ਵਿੱਚ, ਮੈਂ ਦੋਨਾ ਨਾਨਕਾ ਪਿੰਡ ਗਿਆ ਜਿੱਥੇ ਇੱਕ ਕੁੜੀ ਨੇ 5ਵੀਂ ਜਮਾਤ ਵਿੱਚ ਪੰਜਾਬ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਸੀ। ਉਸਦਾ ਪਰਿਵਾਰ ਅਗਲੇਰੀ ਪੜ੍ਹਾਈ ਦਾ ਖਰਚਾ ਨਹੀਂ ਚੁੱਕ ਸਕਦਾ ਸੀ, ਇਸ ਲਈ ਮੈਂ ਖਰਚਾ ਚੁੱਕਣ ਦਾ ਪ੍ਰਬੰਧ ਕੀਤਾ ਅਤੇ ਉਸਨੂੰ ਬੜੂ ਸਾਹਿਬ ਅਕੈਡਮੀ ਵਿੱਚ ਦਾਖਲ ਕਰਵਾਇਆ। ਜਦੋਂ ਵੈਟਰਨਰੀ ਡਾਕਟਰ ਨਿਯੁਕਤ ਕੀਤੇ ਗਏ ਸਨ ਤਾਂ ਉਹ ਮਿਹਨਤੀ ਲੜਕੀ ਵੀ ਉਨ੍ਹਾਂ ਵਿੱਚੋਂ ਇੱਕ ਸੀ।" ਤਰੱਕੀ ਦੇ ਮੌਕੇ ਸਿਰਜਣ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸਾਡੇ ਬੱਚਿਆਂ ਵਿੱਚ ਕੋਈ ਘਾਟ ਨਹੀਂ ਹੈ, ਪਰ ਸਾਡੇ ਨੌਜਵਾਨਾਂ ਨੂੰ ਢੁਕਵੇਂ ਮੌਕਿਆਂ ਦੀ ਘਾਟ ਜ਼ਰੂਰ ਰਹੀ ਹੈ। ਇਸੇ ਲਈ ਸੂਬਾ ਸਰਕਾਰ ਹੁਣ ਇਹ ਮੌਕੇ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ, "ਪਹਿਲਾਂ ਸੁਖਬੀਰ ਬਾਦਲ ਵਰਗੇ ਆਗੂ ਇਸ ਖੇਤਰ ਦੇ ਨਾ ਸਿਰਫ਼ ਵਿਧਾਇਕ ਬਲਕਿ ਉਪ-ਮੁੱਖ ਮੰਤਰੀ ਤੱਕ ਰਹੇ ,ਪਰ ਸੁਹਿਰਦਤਾ ਨਾਲ ਕੋਈ ਕੰਮ ਨਹੀਂ ਕੀਤਾ ਗਿਆ। ਉਨ੍ਹਾਂ ਨੇ ਜਾਣਬੁੱਝ ਕੇ ਲੋਕਾਂ ਨੂੰ ਗਰੀਬ ਰੱਖਿਆ ਤਾਂ ਜੋ ਵੋਟਰ ਚੋਣਾਂ ਦੌਰਾਨ ਸਿਰਫ਼ ਛੋਟੀਆਂ-ਮੋਟੀਆਂ ਮੰਗਾਂ ਪੂਰੀ ਕਰਾਉਣ ਵਿੱਚ ਉਲਝੇ ਰਹਿਣ। ਉਨ੍ਹਾਂ ਨੇ ਇਸ ਖੇਤਰ ਨੂੰ ਸੂਬੇ ਦਾ ਅਖੀਰ ਤੇ ਪੈਂਦਾ ਇਲਾਕਾ ਸਮਝਿਆ, ਪਰ ਮੈਂ ਇਸਨੂੰ 'ਫਰੰਟਲਾਈਨ' ਮੰਨਦਾ ਹਾਂ।" ਪਿਛਲੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਇਲਾਕੇ ਵਿੱਚ ਛੋਟੇ ਦੁਕਾਨਦਾਰ, ਵਪਾਰੀ ਅਤੇ ਕਿਸਾਨ ਹਨ। ਲੋਕਾਂ ਨੇ ਪਹਿਲਾਂ ਰਵਾਇਤੀ ਪਾਰਟੀਆਂ ਨੂੰ ਵੱਡੇ ਪੱਧਰ 'ਤੇ ਵੋਟ ਦਿੱਤੀ ਸੀ, ਪਰ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਿਆ। ਇਨ੍ਹਾਂ ਆਗੂਆਂ ਨੇ ਸਰੋਤਾਂ ਨੂੰ ਨਿੱਜੀ ਮੁਫਾਦਾਂ ਲਈ ਵਰਤਿਆ ਅਤੇ ਅੱਜ ਵੀ ਉਨ੍ਹਾਂ ਕੋਲ ਕੋਈ ਏਜੰਡਾ ਨਹੀਂ ਹੈ, ਸਿਰਫ਼ ਸੱਤਾ ਦੀ ਭੁੱਖ ਹੈ। ਉਹ ਇੱਕ ਦੂਜੇ ਤੋਂ ਮੂਹਰੇ ਹੋ ਕੇ ਮੈਨੂੰ ਗਾਲ੍ਹਾਂ ਕੱਢਦੇ ਹਨ।"

'ਆਪ' ਸਰਕਾਰੀ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਉਨ੍ਹਾਂ ਕਿਹਾ, "ਸੂਬਾ ਸਰਕਾਰ ਨੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ, ਰਿਸ਼ਵਤ ਤੋਂ ਬਗੈਰ 65000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ, ਬਿਹਤਰ ਸੜਕਾਂ, ਟੋਲ ਪਲਾਜ਼ੇ ਬੰਦ ਕਰਨ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ ਅਤੇ ਬੁਨਿਆਦੀ ਢਾਂਚੇ ਵਿੱਚ ਨਿਰੰਤਰ ਵਿਕਾਸ ਕੀਤਾ ਜਾ ਰਿਹਾ ਹੈ। ਲੋਕਾਂ ਦੇ ਟੈਕਸ ਦਾ ਪੈਸਾ ਪੰਜਾਬ ਦਾ ਹੈ ਅਤੇ ਅਸੀਂ ਇਸਨੂੰ ਸਮਝਦਾਰੀ ਅਤੇ ਸਲੀਕੇ ਨਾਲ ਉਨ੍ਹਾਂ ਦੀ ਭਲਾਈ 'ਤੇ ਖਰਚ ਕਰ ਰਹੇ ਹਾਂ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਉਨ੍ਹਾਂ ਕੋਲ ਵਾਪਸ ਆ ਰਿਹਾ ਹੈ।" ਉਨ੍ਹਾਂ ਅੱਗੇ ਕਿਹਾ, "ਪਹਿਲਾਂ ਭ੍ਰਿਸ਼ਟਾਚਾਰ ਕਾਰਨ ਇਸ ਪੈਸੇ ਦੀ ਦੁਰਵਰਤੋਂ ਹੁੰਦੀ ਸੀ, ਪਰ ਹੁਣ ਅਸੀਂ ਲੋਕਾਂ ਅਤੇ ਰਾਜ ਦੀ ਭਲਾਈ ਲਈ ਇਨ੍ਹਾਂ ਚੋਰ-ਮੋਰੀਆਂ ਨੂੰ ਰੋਕਿਆ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਾਜ ਸਰਕਾਰ ਨੇ ਮਾਝਾ ਖੇਤਰ ਵਿੱਚ 22 ਕਿਲੋਮੀਟਰ ਲੰਬੀ ਸਰਹਾਲੀ ਨਹਿਰ ਦਾ ਪਤਾ ਲਾ ਲਿਆ ਹੈ ਜੋ ਕਿ ਜ਼ਮੀਨ ਹੇਠ ਦੱਬ ਗਈ ਸੀ। ਇਹ ਨਹਿਰ ਹੁਣ ਸੂਬਾ ਸਰਕਾਰ ਦੇ ਠੋਸ ਯਤਨਾਂ ਕਾਰਨ ਚਾਲੂ ਹੈ।" ਸਿੰਚਾਈ ਸੁਧਾਰਾਂ ਬਾਰੇ ਉਨ੍ਹਾਂ ਕਿਹਾ, "ਭਾਖੜਾ ਨਹਿਰ ਦੀ ਸਮਰੱਥਾ 9500 ਕਿਊਸਿਕ ਹੈ, ਪਰ ਅਸੀਂ ਆਪਣੇ ਯਤਨਾਂ ਨਾਲ 10000 ਕਿਊਸਿਕ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਈ ਅਤੇ ਇਸ ਮਤਲਬ ਇਹ ਹੈ ਕਿ ਸੂਬੇ ਨੇ ਇੱਕ ਇੰਚ ਜ਼ਮੀਨ ਐਕੁਆਇਰ ਕੀਤੇ ਬਿਨਾਂ ਹੀ ਇੱਕ ਨਵੀਂ ਭਾਖੜਾ ਨਹਿਰ ਬਣਾ ਛੱਡੀ ਹੈ।" ਉਨ੍ਹਾਂ ਅੱਗੇ ਕਿਹਾ, "ਦਹਾਕਿਆਂ ਤੋਂ ਕਿਸਾਨ ਫਿਰੋਜ਼ਪੁਰ ਅਤੇ ਸਰਹਿੰਦ ਨਹਿਰਾਂ ਤੋਂ ਰੋਟੇਸ਼ਨ ਵਿੱਚ ਪਾਣੀ ਲੈਂਦੇ ਆ ਰਹੇ ਸਨ, ਪਰ ਪਹਿਲੀ ਵਾਰ ਇਹ ਪ੍ਰਣਾਲੀ ਖਤਮ ਹੋਈ ਹੈ, ਜਿਸ ਨਾਲ ਵੱਡੀ ਰਾਹਤ ਮਿਲੀ ਹੈ।" ਧਰਤੀ ਹੇਠਲੇ ਪਾਣੀ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਧਰਤੀ ਹੇਠੋਂ ਪਾਣੀ ਕੱਢਣ ਦੀ ਦਰ 2022 ਵਿੱਚ 61.49 ਫੀਸਦੀ ਤੋਂ ਘਟ ਕੇ 2025 ਵਿੱਚ 31.6 ਫੀਸਦੀ ਹੋ ਗਈ ਹੈ। ਕਈ ਪਿੰਡਾਂ ਵਿੱਚ ਧਰਤੀ ਹੇਠਲਾ ਪਾਣੀ 4 ਮੀਟਰ ਤੱਕ ਰੀਚਾਰਜ ਹੋ ਗਿਆ ਹੈ, ਜੋ ਦਿਲ ਨੂੰ ਸੁਕੂਨ ਦੇਣ ਵਾਲੀ ਗੱਲ ਹੈ।" ਭਵਿੱਖੀ ਸਰਗਰਮੀਆਂ ਬਾਰੇ ਉਨ੍ਹਾਂ ਕਿਹਾ, "ਇਹ ਸਭ ਇਮਾਨਦਾਰ ਸ਼ਾਸਨ ਦਾ ਨਤੀਜਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਸਾਡਾ ਟੀਚਾ ਪੰਜਾਬ ਭਰ ਵਿੱਚ ਜ਼ਮੀਨਦੋਜ਼ ਬਿਜਲੀ ਲਾਈਨਾਂ ਨੂੰ ਲਾਗੂ ਕਰਨਾ ਹੈ। ਇਸ ਨਾਲ ਖੇਤ ਸਾਫ਼ ਹੋਣਗੇ, ਹਾਦਸਿਆਂ ਨੂੰ ਰੋਕਿਆ ਜਾਵੇਗਾ ਅਤੇ ਬਿਹਤਰ ਸਪਲਾਈ ਯਕੀਨੀ ਬਣਾਈ ਜਾਵੇਗੀ। ਜੇਕਰ ਪਾਇਲਟ ਪ੍ਰੋਜੈਕਟ ਸਫਲ ਹੁੰਦਾ ਹੈ ਤਾਂ ਇਸਦਾ ਵਿਸਥਾਰ ਕੀਤਾ ਜਾਵੇਗਾ।" ਆਪਣੀ ਸਰਕਾਰ ਦੀ ਪਹੁੰਚ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਲੋਕ ਕਹਿੰਦੇ ਸਨ ਕਿ ਕੁਝ ਨਹੀਂ ਬਦਲੇਗਾ, ਨਾ ਨੌਕਰੀਆਂ , ਨਾ ਸੜਕਾਂ , ਨਾ ਵਿਕਾਸ , ਪਰ ਅਸੀਂ ਉਨ੍ਹਾਂ ਨੂੰ ਗਲਤ ਸਾਬਤ ਕਰ ਦਿੱਤਾ ਹੈ।" ਇਸ ਮੌਕੇ ਕੈਬਨਿਟ ਮੰਤਰੀ, ਵਿਧਾਇਕ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਮੁਲਾਜ਼ਮ ਦਾ ਭਾਰ ਘਟਿਆ ਜਾਂ ਵਧਿਆ ਤਾਂ ਘੱਟ ਹੋਵੇਗੀ ਤਨਖ਼ਾਹ: ਏਅਰ ਇੰਡੀਆ

ਕਰਨਾ ਲਾਜ਼ਮੀ ਹੋਵੇਗਾ। 30 ਤੋਂ ਵੱਧ ਬੀ.ਐਮ.ਆਈ. ਵਾਲੇ ਕਰਮਚਾਰੀ 'ਓਬੀਜ਼' ਮੰਨੇ ਜਾਣਗੇ ਅਤੇ ਉਨ੍ਹਾਂ ਨੂੰ ਤੁਰਤ ਡਿਊਟੀ ਤੋਂ ਹਟਾ ਦਿਤਾ ਜਾਵੇਗਾ।" ਇਹ ਨੀਤੀ ਇਕ ਮਈ ਤੋਂ ਲਾਗੂ ਹੋਵੇਗੀ। ਏਅਰ ਇੰਡੀਆ ਨੇ ਕਿਹਾ ਕਿ ਇਸ ਕਦਮ ਦਾ ਮਕਸਦ ਕਰਮਚਾਰੀਆਂ ਵਿਚ ਸਿਹਤਮੰਦ ਜੀਵਨਸ਼ੈਲੀ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਏਅਰਲਾਈਨ ਨੇ ਦਸਿਆ ,"ਇਹ ਨੀਤੀ ਇਕ ਤਿਆਰੀ ਕਦਮ ਹੈ, ਜਿਸ ਤੋਂ ਬਾਅਦ ਹੋਰ ਸਖ਼ਤ ਮਾਪਦੰਡ ਲਾਗੂ ਕੀਤੇ ਜਾਣਗੇ।" ਏਅਰ ਇੰਡੀਆ, ਜੋ ਕਿ 2022 ਵਿਚ ਟਾਟਾ ਗਰੁੱਪ ਵਲੋਂ ਖਰੀਦੀ ਗਈ ਸੀ, ਨੇ ਪਿਛਲੇ ਚਾਰ ਸਾਲਾਂ ਵਿਚ ਅਪਣੇ ਬਹੁਤ ਸਾਰੇ ਪੁਰਾਣੇ ਕਰਮਚਾਰੀ ਰਿਟਾਇਰ ਕਰ ਦਿਤੇ ਹਨ।

## ਫੈਮਿਲੀ ਪੈਨਸ਼ਨ ਲਈ ਹੁਣ ਆਮਦਨ ਦੀ ਕੋਈ ਹੱਦ ਨਹੀਂ

ਪੈਨਸ਼ਨ ਵਾਸਤੇ ਕੋਈ ਆਮਦਨ ਦੀ ਸੀਮਾ ਨਹੀਂ ਹੈ, ਤਾਂ ਮਾਂ ਤੇ ਅਜਿਹੀ ਪਾਬੰਦੀ ਲਗਾਉਣਾ ਸੰਵਿਧਾਨ ਦੀ ਧਾਰਾ 14 (ਬਰਾਬਰੀ ਦਾ ਅਧਿਕਾਰ) ਦੀ ਉਲੰਘਣਾ ਹੈ। ਅਦਾਲਤ ਨੇ ਮੰਨਿਆ ਕਿ ਪੈਨਸ਼ਨ ਕੋਈ ਦਾਨ ਜਾਂ ਤੋਹਫ਼ਾ ਨਹੀਂ ਹੈ, ਬਲਕਿ ਜਵਾਨ ਵੱਲੋਂ ਕੀਤੀ ਗਈ ਸੇਵਾ ਦਾ ਬਦਲਾ ਹੈ ਤਾਂ ਜੋ ਬੁਢਾਪੇ ਵਿੱਚ ਪਰਿਵਾਰ ਨੂੰ ਬੇਸਹਾਰਾ ਨਾ ਛੱਡਿਆ ਜਾਵੇ। ਇਹ ਮਾਮਲਾ ਪੰਜਾਬ ਰੈਜੀਮੈਂਟ ਦੇ ਇੱਕ ਜਵਾਨ ਨਾਲ ਜੁੜਿਆ ਸੀ, ਜਿਸ ਦੀ 2012 ਵਿੱਚ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਜਵਾਨ ਦੇ ਅਣਵਿਆਹੇ ਹੋਣ ਕਾਰਨ ਉਸ ਦੀ ਮਾਂ ਨੇ ਪੈਨਸ਼ਨ ਲਈ ਅਪੀਲ ਕੀਤੀ ਸੀ, ਪਰ ਅਧਿਕਾਰੀਆਂ ਨੇ ਇਹ ਕਹਿ ਕੇ ਅਰਜ਼ੀ ਰੱਦ ਕਰ ਦਿੱਤੀ ਸੀ ਕਿ ਪਰਿਵਾਰ ਦੀ ਸਾਲਾਨਾ ਆਮਦਨ ਤੈਅ ਸੀਮਾ ਤੋਂ ਵੱਧ ਹੈ। ਟ੍ਰਿਬਿਊਨਲ ਨੇ ਸਾਰੇ ਇਤਰਾਜ਼ਾਂ ਨੂੰ ਖਾਰਜ ਕਰਦਿਆਂ ਮਾਂ ਦੇ ਹੱਕ ਵਿੱਚ ਫੈਸਲਾ ਸੁਣਾਇਆ ਹੈ।

# ਭਗਵੰਤ ਮਾਨ ਸਰਕਾਰ ਵੱਲੋਂ ਮੁੜ ਵਸੇਬਾ ਅਤੇ ਰੋਜ਼ਗਾਰ ਵਿੱਚ ਸਹਾਇਤਾ ਦੇਣ ਨਾਲ ਨਸ਼ਾ ਵਿਰੋਧੀ ਮੁਹਿੰਮ ਦੇ ਮਹੱਤਵਪੂਰਨ ਨਤੀਜੇ ਆਏ ਸਾਹਮਣੇ

ਚੰਡੀਗੜ੍ਹ, 22 ਮਾਰਚ (ਚ.ਨ.ਸ.): ਪੰਜਾਬ ਨਸ਼ਿਆਂ ਵਿਰੁੱਧ ਆਪਣੀ ਜੰਗ ਵਿੱਚ ਨਿਰੰਤਰ ਬਦਲਾਅ ਦੀ ਗਵਾਹੀ ਭਰ ਰਿਹਾ ਹੈ ਕਿਉਂਕਿ ਭਗਵੰਤ ਮਾਨ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ" ਦੇ ਲਾਗੂਕਰਨ ਨੂੰ ਹੁਣ ਮੁੜ ਵਸੇਬੇ ਅਤੇ ਪੁਨਰ ਏਕੀਕਰਨ ਤੱਕ ਵਧਾ ਦਿੱਤਾ ਗਿਆ ਹੈ। ਪੰਜਾਬ ਸਰਕਾਰ ਤਸਕਰੀ ਦੇ ਨੈੱਟਵਰਕਾਂ ਵਿਰੁੱਧ ਕਾਰਵਾਈ ਦੇ ਨਾਲ-ਨਾਲ ਪ੍ਰਭਾਵਿਤ ਵਿਅਕਤੀਆਂ ਨੂੰ ਇਲਾਜ ਅਤੇ ਰੁਜ਼ਗਾਰ ਲਈ ਢਾਂਚਾਗਤ ਸਹਾਇਤਾ ਮੁਹੱਈਆ ਕਰਕੇ ਉਨ੍ਹਾਂ ਨੂੰ ਸਥਿਰ ਅਤੇ ਬਿਹਤਰ ਜੀਵਨ ਵੱਲ ਵਾਪਸ ਲਿਆਉਣ ਵਿੱਚ ਮਦਦ ਕਰ ਰਹੀ ਹੈ। ਜੁਗਰਾਜ ਸਿੰਘ (ਬਦਲਿਆ ਹੋਇਆ ਨਾਮ) ਇਸ ਬਦਲਾਅ ਨੂੰ ਦਰਸਾਉਂਦਾ ਹੈ। ਕਾਲਜ ਦੇ ਸਾਲਾਂ ਦੌਰਾਨ ਉਹ ਆਪਣੇ ਸਾਥੀਆਂ ਨਾਲ ਨਸ਼ਿਆਂ ਦੇ ਪ੍ਰਭਾਵ ਹੇਠ ਆ ਗਿਆ ਸੀ, ਜਿਸ ਨੇ ਸਿਰਫ਼ ਸੁਆਦ ਲਈ ਇਸ ਨੂੰ ਚੱਖਿਆ ਸੀ ਪਰ ਜਲਦ ਹੀ ਇਹ ਸੁਆਦ ਨਿਰਭਰਤਾ ਵਿੱਚ ਬਦਲ ਗਿਆ। ਅੱਜ ਉਸ ਦਾ ਸਾਰਾ ਧਿਆਨ ਆਪਣੀ ਪੜ੍ਹਾਈ ਪੂਰੀ ਕਰਨ ਤੇ ਆਪਣੇ ਭਵਿੱਖ 'ਤੇ ਕੇਂਦ੍ਰਿਤ ਹੈ। ਉਸਨੇ ਕਿਹਾ ਕਿ ਮੈਨੂੰ ਲੱਗਦਾ ਹੈ ਕਿ ਮੈਂ ਇੱਕ ਬਿਹਤਰ ਵਿਅਕਤੀ ਬਣ ਗਿਆ ਹਾਂ। ਯੁੱਧ ਨਸ਼ਿਆਂ ਵਿਰੁੱਧ ਨਾਲ ਦਿੱਤੀਆਂ ਜਾਣ ਵਾਲੀਆਂ ਮੁੜ ਵਸੇਬਾ ਸੇਵਾਵਾਂ ਅਤੇ ਕਾਊਂਸਲਿੰਗ ਦੇ ਸਮਰਥਨ ਨਾਲ, ਜੁਗਰਾਜ ਆਪਣੀ ਜ਼ਿੰਦਗੀ ਮੁੜ ਸ਼ੁਰੂ ਕਰਕੇ ਸਿੱਖਿਆ ਅਤੇ ਲੰਬੇ ਸਮੇਂ ਦੀ ਸਥਿਰਤਾ ਵੱਲ ਆਪਣਾ ਧਿਆਨ ਕੇਂਦਰਿਤ ਕਰਨ ਦੇ ਯੋਗ ਹੋਇਆ ਹੈ।

ਆਨੰਦ ਕੁਮਾਰ (ਬਦਲਿਆ ਹੋਇਆ ਨਾਮ) ਨੂੰ ਨਸ਼ੇ ਦੇ ਸਿੱਧੇ ਆਰਥਿਕ ਨਤੀਜੇ ਝੱਲਣੇ ਪਏ। ਨਸ਼ੇ ਲੈਣ ਕਰਕੇ ਉਸਦੀ ਰੋਜ਼ਾਨਾ ਰੁਟੀਨ ਅਤੇ ਫ਼ੈਸਲੇ ਲੈਣ ਦੀ ਸਮਰੱਥਾ ਕਾਫ਼ੀ ਕਮਜ਼ੋਰ ਹੋ ਗਈ, ਜਿਸ ਨਾਲ ਉਸਦਾ ਛੋਟਾ ਜਿਹਾ ਕਾਰੋਬਾਰ ਵੀ ਖ਼ਤਮ ਹੋ ਗਿਆ। ਉਸਨੇ ਯਾਦ ਕੀਤਾ ਕਿ ਇੱਕ ਸਮੇਂ ਮੈਨੂੰ ਮਹਿਸੂਸ ਹੋਇਆ ਕਿ ਮੈਂ ਆਪਣਾ ਸਭ ਕੁਝ ਗੁਆ ਦਿੱਤਾ ਹੈ।

ਮੁੜ ਵਸੇਬੇ ਕੇਂਦਰ ਵਿੱਚ ਇਲਾਜ ਅਤੇ ਨਿਰੰਤਰ ਪਰਿਵਾਰਕ ਸਹਾਇਤਾ ਆਨੰਦ ਦੇ ਜੀਵਨ ਨੂੰ ਮੁੜ ਸ਼ੁਰੂ ਕਰਨ ਵਿੱਚ ਸਹਾਈ ਸਿੱਧ ਹੋਏ। ਪੰਜਾਬ ਸਰਕਾਰ ਵੱਲੋਂ ਠੀਕ ਹੋਣ ਵਾਲੇ ਵਿਅਕਤੀਆਂ ਲਈ ਦਿੱਤੇ ਜਾ ਰਹੇ ਰੁਜ਼ਗਾਰ ਦੇ ਮੌਕਿਆਂ ਨੇ ਉਸ ਦੀ ਵਿੱਤੀ ਸਥਿਰਤਾ ਦੇ ਨਾਲ-ਨਾਲ ਉਸਦੇ ਜੀਵਨ ਦਾ ਉਦੇਸ਼ ਬਹਾਲ ਕਰਨ ਵਿੱਚ ਮਦਦ ਕੀਤੀ।

ਨਸ਼ੇ ਲੈਣ ਕਰਕੇ ਬਲਵਿੰਦਰ ਸਿੰਘ (ਬਦਲਿਆ ਹੋਇਆ ਨਾਮ) ਨੂੰ ਲੰਬੇ ਸਮੇਂ ਤੋਂ ਨਿੱਜੀ ਘਾਟੇ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਹ ਦੱਸਦਾ ਹੈ ਕਿ ਕਿਸੇ ਸਮੇਂ ਉਹ ਵਪਾਰੀ ਸੀ ਤੇ ਸਥਿਰ ਪਰਿਵਾਰਕ ਜੀਵਨ ਬਤੀਤ ਕਰ ਰਿਹਾ ਸੀ, ਪਰ ਉਸਦੀ ਨਸ਼ਿਆਂ ਦੀ ਲੱਤ ਨੇ ਹੌਲੀ-ਹੌਲੀ ਉਸਦੀ ਸਿਹਤ ਅਤੇ ਸਮਾਜਿਕ ਸਥਿਤੀ ਦੋਵਾਂ 'ਤੇ ਬਹੁਤ ਮਾੜਾ ਪ੍ਰਭਾਵ ਪਾਇਆ। ਉਸਨੇ ਕਿਹਾ ਕਿ ਸ਼ੁਰੂ ਵਿੱਚ ਨਸ਼ੇ ਦੀ ਵਰਤੋਂ ਕਰਨਾ ਆਨੰਦਦਾਇਕ ਮਹਿਸੂਸ ਕਰਵਾਉਂਦਾ ਹੈ, ਪਰ ਬਾਅਦ ਵਿੱਚ ਇਹ ਸਭ ਕੁਝ ਤਬਾਹ ਕਰ ਦਿੰਦਾ ਹੈ।

ਇਲਾਜ ਅਤੇ ਪੁਨਰਵਾਸ ਤੋਂ ਬਾਅਦ ਬਲਵਿੰਦਰ ਹੁਣ ਸਿਹਤਯਾਬੀ ਦੇ ਰਾਹ 'ਤੇ ਹੈ, ਉਸ ਦੀ ਸਿਹਤ ਵਿੱਚ ਲਗਾਤਾਰ ਸੁਧਾਰ ਹੋ ਰਿਹਾ ਹੈ ਅਤੇ ਉਸਨੇ ਆਪਣੇ ਭਵਿੱਖ ਨੂੰ ਮੁੜ ਸਿਰਜਣ 'ਤੇ ਧਿਆਨ ਕੇਂਦਰਿਤ ਕੀਤਾ ਹੈ। ਇਹ ਬਿਰਤਾਂਤ 'ਆਪ' ਸਰਕਾਰ ਦੁਆਰਾ ਅਪਣਾਈ ਵਿਆਪਕ ਪਹੁੰਚ ਨੂੰ ਦਰਸਾਉਂਦੀ ਹੈ, ਜਿੱਥੇ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਲਾਗੂਕਰਨ ਤੱਕ ਸੀਮਿਤ ਨਹੀਂ ਹੈ, ਬਲਕਿ ਇਸ ਵਿੱਚ ਪੀੜਤਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਮੁੜ ਜੋੜਨ ਲਈ ਨਿਰੰਤਰ ਯਤਨ ਵੀ ਸ਼ਾਮਲ ਹਨ। ਯੁੱਧ ਨਸ਼ਿਆਂ ਵਿਰੁੱਧ, ਮੁੜ ਵਸੇਬਾ, ਕਾਊਂਸਲਿੰਗ ਅਤੇ ਰੋਜ਼ਗਾਰ ਦੇਣ ਵਿੱਚ ਸਹਾਇਤਾ ਪ੍ਰਦਾਨ ਕਰਨਾ ਪੀੜਤਾਂ ਲਈ ਲੰਬੇ ਸਮੇਂ ਦੀ ਸਥਿਰ ਰਿਕਵਰੀ ਨੂੰ ਯਕੀਨੀ ਬਣਾਉਂਦਾ ਹੈ।

ਸਾਰੇ ਮਾਮਲਿਆਂ ਵਿੱਚ ਇੱਕ ਇਕੋ ਜਿਹੇ ਨਤੀਜੇ ਦਿਖਾਈ ਦੇ ਰਹੇ ਹਨ, ਨਸ਼ੇ ਦੀ ਲੱਤ ਨੂੰ ਦੁਬਾਰਾ ਲੱਗਣ ਤੋਂ ਰੋਕਣ ਲਈ ਰੁਜ਼ਗਾਰ ਮੁਹੱਈਆ ਕਰਵਾਉਣਾ ਬਹੁਤ ਸਹਾਈ ਸਿੱਧ ਹੋ ਰਿਹਾ ਹੈ। ਸਥਿਰ ਨੌਕਰੀ ਨਾ ਸਿਰਫ਼ ਵਿੱਤੀ ਸੁਤੰਤਰਤਾ ਪ੍ਰਦਾਨ ਕਰਦੀ ਹੈ ਬਲਕਿ ਅਨੁਸ਼ਾਸਨ, ਮਾਣ ਅਤੇ ਸਮਾਜਿਕ ਸਵੀਕ੍ਰਿਤੀ ਨੂੰ ਵੀ ਬਹਾਲ ਕਰਦੀ ਹੈ। ਆਨੰਦ ਨੇ ਕਿਹਾ ਕਿ ਕੰਮ ਮਨ ਨੂੰ ਕੇਂਦ੍ਰਿਤ ਰੱਖਦਾ ਹੈ ਅਤੇ ਇਹ ਤੁਹਾਨੂੰ ਅੱਗੇ ਵਧਣ ਵਿੱਚ ਮਦਦ ਕਰਦਾ ਹੈ। ਭਗਵੰਤ ਮਾਨ ਸਰਕਾਰ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਵਿਸਥਾਰ ਜਾਰੀ ਰੱਖਿਆ ਹੈ ਹੈ, ਇਹ ਰਿਕਵਰੀ ਕਹਾਣੀਆਂ ਇੱਕ ਡੂੰਘੀ ਢਾਂਚਾਗਤ ਤਬਦੀਲੀ ਨੂੰ ਉਜਾਗਰ ਕਰਦੀਆਂ ਹਨ, ਜਿੱਥੇ ਵਿਅਕਤੀਆਂ ਨੂੰ ਨਾ ਸਿਰਫ਼ ਨਸ਼ੇ ਤੋਂ ਮੁਕਤ ਕੀਤਾ ਜਾਂਦਾ ਹੈ ਬਲਕਿ ਸਥਿਰਤਾ ਅਤੇ ਉਦੇਸ਼ ਨਾਲ ਆਪਣੇ ਜੀਵਨ ਨੂੰ ਦੁਬਾਰਾ ਜੀਉਣ ਵਿੱਚ ਵੀ ਸਹਾਇਤਾ ਕੀਤੀ ਜਾਂਦੀ ਹੈ।

# ਮਹਿਲਾਵਾਂ ਦੀ ਸਿਹਤ ਤੇ ਸਨਮਾਨ ਲਈ ਸੂਬਾ ਸਰਕਾਰ ਨੇ 127.95 ਕਰੋੜ ਸਿੱਧੇ ਖਾਤਿਆਂ 'ਚ ਪਾਏ : ਡਾ. ਬਲਜੀਤ ਕੌਰ

ਚੰਡੀਗੜ੍ਹ, 22 ਮਾਰਚ (ਅੰਮ੍ਰਿਤਪਾਲ ਸਿੰਘ): "ਮਹਿਲਾਵਾਂ ਦੀ ਭਲਾਈ ਤੇ ਸਸ਼ਕਤੀਕਰਨ ਸਾਡੀ ਸਰਕਾਰ ਦੀ ਪਹਿਲੀ ਤਰਜੀਹ ਹੈ," ਇਹ ਗੱਲ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਹੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਗਰਭਵਤੀ ਮਹਿਲਾਵਾਂ ਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ ਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਵਿੱਤੀ ਸਾਲ 2023-24 ਤੋਂ 2025-26 ਤੱਕ 127.95 ਕਰੋੜ ਰੁਪਏ ਦੀ ਰਕਮ ਡਾਇਰੈਕਟ ਬੇਨੀਫਿਟ ਟ੍ਰਾਂਸਫਰ (ਡੀ.ਬੀ.ਟੀ) ਰਾਹੀਂ ਸਿੱਧੇ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਜਾਰੀ ਕੀਤੀ ਗਈ ਹੈ, ਜਿਸ ਨਾਲ ਮਹਿਲਾਵਾਂ ਨੂੰ ਬਿਨਾਂ ਕਿਸੇ ਦਿੱਕਤ ਦੇ ਸਹਾਇਤਾ ਪ੍ਰਾਪਤ ਹੋਈ ਹੈ।



ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਮਿਆਦ ਦੌਰਾਨ 2.89 ਲੱਖ ਤੋਂ ਵੱਧ ਮਹਿਲਾਵਾਂ ਨੂੰ ਇਸ ਵਿੱਤੀ ਸਹਾਇਤਾ ਪਹਿਲਕਦਮੀ ਦਾ ਲਾਭ ਮਿਲਿਆ ਹੈ। "ਇਹ ਸਹਾਇਤਾ ਸਿਰਫ ਆਰਥਿਕ ਮਦਦ ਨਹੀਂ, ਸਗੋਂ ਮਾਵਾਂ ਅਤੇ ਨਵਜਨਮੇ ਬੱਚਿਆਂ ਦੀ ਸਿਹਤ ਲਈ ਇਕ ਮਜ਼ਬੂਤ ਸੁਰੱਖਿਆ ਕਵਚ ਹੈ," ਉਨ੍ਹਾਂ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਨਾਲ ਹਜ਼ਾਰਾਂ ਘਰਾਂ ਵਿੱਚ ਖੁਸ਼ੀ, ਭਰੋਸੇ ਤੇ ਸੁਰੱਖਿਆ ਦਾ ਅਹਿਸਾਸ ਪੈਦਾ ਹੋਇਆ ਹੈ। ਇਸ ਵਿੱਤੀ ਸਹਾਇਤਾ ਪਹਿਲਕਦਮੀ ਦੇ ਤਹਿਤ ਪਹਿਲੇ ਬੱਚੇ ਲਈ ਮਹਿਲਾਵਾਂ ਨੂੰ ਦੋ ਕਿਸ਼ਤਾਂ (3000+2000 ਰੁਪਏ) ਰਾਹੀਂ ਕੁੱਲ 5000 ਰੁਪਏ ਦੀ ਰਕਮ ਡੀ.ਬੀ.ਟੀ ਦੇ ਜਰੀਏ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ, ਜੇਕਰ ਦੂਜਾ ਬੱਚਾ ਲੜਕੀ ਹੋਵੇ, ਤਾਂ ਮਹਿਲਾ ਲਾਭਪਾਤਰੀ ਨੂੰ ਇੱਕ ਮੁਸ਼ਤ 6000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ, ਜੋ ਧੀ ਦੇ ਜਨਮ ਨੂੰ ਪ੍ਰੋਤਸਾਹਿਤ ਕਰਨ ਵੱਲ ਇੱਕ ਅਹਿਮ ਕਦਮ ਹੈ।

ਸਾਲ-ਵਾਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2023-24 ਦੌਰਾਨ 38.11 ਕਰੋੜ ਰੁਪਏ ਦੀ ਰਕਮ 76,478 ਮਹਿਲਾਵਾਂ ਨੂੰ ਦਿੱਤੀ ਗਈ। ਵਿੱਤੀ ਸਾਲ 2024-25 ਦੌਰਾਨ ਇਹ ਰਕਮ ਵੱਧ ਕੇ 63.78 ਕਰੋੜ ਰੁਪਏ ਹੋ ਗਈ, ਜਿਸ ਨਾਲ 1,43,418 ਮਹਿਲਾਵਾਂ ਨੂੰ ਲਾਭ ਮਿਲਿਆ। ਇਸੇ ਤਰ੍ਹਾਂ, ਵਿੱਤੀ ਸਾਲ 2025-26 ਵਿੱਚ (31 ਜਨਵਰੀ 2026 ਤੱਕ) 26.06 ਕਰੋੜ ਰੁਪਏ ਦੀ ਰਕਮ 69,110 ਮਹਿਲਾਵਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾ ਚੁੱਕੀ ਹੈ।

ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਵੱਧ ਤੋਂ ਵੱਧ ਮਹਿਲਾਵਾਂ ਨੂੰ ਇਸ ਪਹਿਲਕਦਮੀ ਨਾਲ ਜੋੜਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਵਿੱਤੀ ਸਾਲ 2023-24 ਦੌਰਾਨ 1.32 ਲੱਖ ਤੋਂ ਵੱਧ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਸੀ। ਵਿੱਤੀ ਸਾਲ 2024-25 ਦੌਰਾਨ 1.14 ਲੱਖ ਤੋਂ ਵੱਧ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਇਸੇ ਤਰ੍ਹਾਂ ਹੀ 2025-26 ਦੌਰਾਨ ਘੱਟੋ ਘੱਟ 1.14 ਲੱਖ ਮਹਿਲਾਵਾਂ ਨੂੰ ਰਜਿਸਟਰ ਕਰਨ ਦਾ ਟੀਚਾ ਰੱਖਿਆ ਗਿਆ ਹੈ। ਜਿਸਦੇ ਇਵਜ ਵਿੱਚ 11 ਫਰਵਰੀ 2026 ਤੱਕ 1.05 ਲੱਖ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ ਅਤੇ ਟੀਚੇ ਮੁਤਾਬਕ ਬਾਕੀ ਰਜਿਸਟ੍ਰੇਸ਼ਨ ਲਈ ਯਤਨ ਜਾਰੀ ਹਨ। ਉਨ੍ਹਾਂ ਸਪਸ਼ਟ ਕੀਤਾ ਕਿ ਰਜਿਸਟ੍ਰੇਸ਼ਨ ਦੇ ਨਾਲ-ਨਾਲ ਯੋਗ ਮਹਿਲਾਵਾਂ ਨੂੰ ਨਿਯਮਾਂ ਅਨੁਸਾਰ ਕਿਸ਼ਤਾਂ ਵਿੱਚ ਅਦਾਇਗੀ ਲਗਾਤਾਰ ਕੀਤੀ ਜਾ ਰਹੀ ਹੈ ਤੇ ਬਾਕੀ ਮਾਮਲਿਆਂ ਵਿੱਚ ਪ੍ਰਕਿਰਿਆ ਪੂਰੀ ਹੋਣ ਉਪਰੰਤ ਰਕਮ ਜਾਰੀ ਕੀਤੀ ਜਾਂਦੀ ਹੈ।" ਸਾਡਾ ਟੀਚਾ ਸਾਫ਼ ਹੈ ਕਿ ਕੋਈ ਵੀ ਹੱਕਦਾਰ ਮਹਿਲਾ ਇਸ ਸਹਾਇਤਾ ਤੋਂ ਵਾਂਝੀ ਨਾ ਰਹੇ, "ਡਾ. ਬਲਜੀਤ ਕੌਰ ਨੇ ਕਿਹਾ। ਉਨ੍ਹਾਂ ਨੇ ਦ੍ਰਿੜਤਾ ਨਾਲ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੀ ਸਿਹਤ, ਸੁਰੱਖਿਆ ਅਤੇ ਆਤਮ-ਨਿਰਭਰਤਾ ਨੂੰ ਯਕੀਨੀ ਬਣਾਉਣ ਲਈ ਅਜਿਹੀਆਂ ਲੋਕ-ਭਲਾਈ ਪਹਿਲਕਦਮੀਆਂ ਨੂੰ ਹੋਰ ਵੀ ਮਜ਼ਬੂਤ ਕਰਦੀ ਰਹੇਗੀ।

# ਪੰਜਾਬ ਪੁਲਿਸ ਵੱਲੋਂ ਬੀ.ਐਸ.ਐਫ਼. ਨਾਲ ਸਾਂਝੇ ਆਪ੍ਰੇਸ਼ਨ 'ਚ 24.5 ਕਿਲੋ ਹੈਰੋਇਨ, ਡਰੱਗ ਮਨੀ ਤੇ ਮਲਟੀ-ਕਾਪਰ ਡਰੋਨ ਸਮੇਤ ਤਿੰਨ ਕਾਬੂ

ਚੰਡੀਗੜ੍ਹ, 22 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਪੰਜਾਬ ਪੁਲਿਸ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏ.ਐਨ.ਟੀ.ਐਫ.) ਨੇ ਸੀਮਾ ਸੁਰੱਖਿਆ ਬਲ (ਬੀ.ਐਸ.ਐਫ.) ਨਾਲ ਸਾਂਝੇ ਆਪ੍ਰੇਸ਼ਨ ਤਹਿਤ ਪਾਕਿਸਤਾਨ- ਸਮਰਥਿਤ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲ ਦੇ ਤਿੰਨ ਮਾਸਟਰਮਾਈਂਡਾਂ ਨੂੰ 24.5 ਕਿਲੋ ਹੈਰੋਇਨ ਅਤੇ 21 ਲੱਖ ਰੁਪਏ ਦੀ ਡਰੱਗ ਮਨੀ ਨਾਲ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਨੂਰਵਾਲ ਦੇ ਰਹਿਣ ਵਾਲੇ ਜਗਜੀਤ ਸਿੰਘ ਉਰਫ਼ ਰਾਣਾ, ਅੰਮ੍ਰਿਤਸਰ ਦੇ ਪਿੰਡ ਔਲਖ ਖੁਰਦ ਦੇ ਰਹਿਣ ਵਾਲੇ ਮਨਪ੍ਰੀਤ ਸਿੰਘ ਉਰਫ਼ ਪ੍ਰੀਤ ਅਤੇ ਅੰਮ੍ਰਿਤਸਰ ਦੇ ਪਿੰਡ ਧੂਪਸੜੀ ਦੇ ਰਹਿਣ ਵਾਲੇ ਰੌਸ਼ਨ ਸਿੰਘ ਵਜੋਂ ਹੋਈ ਹੈ।

ਉਨ੍ਹਾਂ ਦੱਸਿਆ ਕਿ ਹੈਰੋਇਨ ਤੇ ਡਰੱਗ





ਮਨੀ ਬਰਾਮਦ ਕਰਨ ਤੋਂ ਇਲਾਵਾ ਬੀ.ਐਸ.ਐਫ. ਅਤੇ ਪੁਲਿਸ ਟੀਮਾਂ ਨੇ ਮਲਟੀ-ਕਾਪਟਰ ਡਰੋਨ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਪਾਕਿਸਤਾਨ ਅਧਾਰਤ ਤਸਕਰਾਂ ਵੱਲੋਂ ਸਰਹੱਦ ਪਾਰੋਂ ਖੇਪ ਪਹੁੰਚਾਉਣ ਲਈ ਕੀਤੀ ਜਾਂਦੀ ਸੀ ਅਤੇ ਇੱਕ ਐਸ.ਯੂ.ਵੀ. ਮਹਿੰਦਰਾ ਥਾਰ ਸਮੇਤ ਦੋ ਕਾਰਾਂ, ਜੋ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਲਈ ਵਰਤੀਆਂ ਜਾਂਦੀਆਂ ਸਨ, ਵੀ ਜ਼ਬਤ ਕੀਤੀਆਂ ਗਈਆਂ ਹਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਿੱਧੇ ਸਬੰਧ ਸਨ। ਉਨ੍ਹਾਂ ਦੱਸਿਆ ਕਿ ਡੂੰਘੀ ਤਕਨੀਕੀ ਜਾਂਚ ਉਪਰੰਤ ਪੁਲਿਸ ਟੀਮਾਂ ਨੇ ਸਰਹੱਦ ਪਾਰੋਂ ਚੱਲ ਰਹੇ ਇਸ ਨੈੱਟਵਰਕ ਨੂੰ ਨਸ਼ਟ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਏ.ਐਨ.ਟੀ.ਐਫ. ਦੇ ਪੁਲਿਸ ਸੁਪਰਡੈਂਟ (ਐਸਪੀ) ਗੁਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਕਾਰਵਾਈ ਦੋ ਪੜਾਵਾਂ ਤਹਿਤ ਅਮਲ ਵਿੱਚ ਲਿਆਂਦੀ ਗਈ ਸੀ। ਪਹਿਲੇ ਪੜਾਅ ਵਿੱਚ ਇੱਕ ਮਲਟੀ-ਕਾਪਟਰ ਡਰੋਨ ਦੇ ਨਾਲ 12.1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਸੀ। ਫਿਰ ਡਰੋਨ ਦੇ ਤਕਨੀਕੀ ਡੇਟਾ, ਲੈਟੀਟਿਊਡ-ਲੌਂਗੀਟਿਊਡ ਅਤੇ ਟਾਵਰ ਡੰਪਸ ਦੇ ਮੁਕੰਮਲ ਅਧਿਐਨ ਸਮੇਤ ਫੋਰੈਂਸਿਕ ਵਿਸ਼ਲੇਸ਼ਣ ਤੋਂ ਬਾਅਦ ਮਨਪ੍ਰੀਤ ਸਿੰਘ ਦੇ ਘਰੋਂ 12.4 ਕਿਲੋਗ੍ਰਾਮ ਹੈਰੋਇਨ ਦੀ ਹੋਰ ਖੇਪ ਜ਼ਬਤ ਕੀਤੀ ਗਈ, ਜਿਸ ਨਾਲ ਕੁੱਲ ਬਰਾਮਦਗੀ 24.5 ਕਿਲੋਗ੍ਰਾਮ ਹੋ ਗਈ ਹੈ।

ਐਸ.ਪੀ. ਨੇ ਕਿਹਾ ਕਿ ਦੋਸ਼ੀ ਜਗਜੀਤ ਰਾਣਾ ਨੇ ਹਾਲ ਹੀ ਵਿੱਚ ਡਰੱਗ ਮਨੀ ਨਾਲ ਮਹਿੰਗੇ ਅਤੇ ਆਲੀਸ਼ਾਨ ਇਲਾਕਿਆਂ ਵਿੱਚ ਜਾਇਦਾਦਾਂ ਖਰੀਦੀਆਂ ਅਤੇ ਉਹ ਕਾਰਾਂ ਦਾ ਵੀ ਸ਼ੌਕੀਨ ਸੀ। ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਜਾਰੀ ਹੈ ਅਤੇ ਇਸ ਮਾਮਲੇ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਹੈ। ਇਸ ਸਬੰਧ ਵਿੱਚ ਐਫਆਈਆਰ ਨੰਬਰ 43 ਮਿਤੀ 2 ਮਾਰਚ, 2026 ਨੂੰ ਐਨਡੀਪੀਐਸ ਐਕਟ ਦੀ ਧਾਰਾ 21(ਸੀ) ਅਤੇ 23 ਅਤੇ ਏਅਰਕ੍ਰਾਫਟ ਐਕਟ ਦੀ ਧਾਰਾ 25, 26 ਅਤੇ 29 ਤਹਿਤ ਥਾਣਾ ਏ.ਐਨ.ਟੀ.ਐਫ. ਐਸਏਐਸ ਨਗਰ ਵਿਖੇ ਕੇਸ ਦਰਜ ਕੀਤਾ ਗਿਆ ਹੈ।

# ਗੈਂਗਸਟਰਾਂ 'ਤੇ ਵਾਰ ਦੇ 61ਵੇਂ ਦਿਨ 529 ਥਾਵਾਂ ਉੱਤੇ ਛਾਪੇਮਾਰੀ ਦੌਰਾਨ 212 ਕਾਬੂ

ਚੰਡੀਗੜ੍ਹ, 22 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ 'ਤੇ ਵਾਰ" ਮੁਹਿੰਮ ਦੇ 61ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 529 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

61ਵੇਂ ਦਿਨ, ਪੁਲਿਸ ਟੀਮਾਂ ਨੇ 212 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 16,311 ਹੋ ਗਈ ਹੈ। ਇਸ ਤੋਂ ਇਲਾਵਾ 68 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 96 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 16 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 386ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 105 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 26.6 ਕਿਲੋਗ੍ਰਾਮ ਹੈਰੋਇਨ, 35 ਕਿਲੋਗ੍ਰਾਮ ਭੁੱਕੀ, 575 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 13,513 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਸਿਰਫ 386 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 55,001 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 26 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸੁਖਬੀਰ ਸਿੰਘ ਬਾਦਲ ਨੇ ਕੋਟਕਪੂਰਾ 'ਚ ਵਿਸ਼ਾਲ ਰੈਲੀ ਨੂੰ ਕੀਤਾ ਸੰਬੋਧਨ

ਕੋਟਕਪੂਰਾ, 22 ਮਾਰਚ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਦੇ ਨਾਮ 'ਤੇ ਨੌਟੰਕੀ ਕਰਨੀ ਬੰਦ ਕਰਨੀ ਚਾਹੀਦੀ ਹੈ ਤੇ ਦੱਸਿਆ ਕਿ ਪਿਛਲੀ ਅਕਾਲੀ ਸਰਕਾਰ ਨੇ 2016 ਵਿੱਚ ਹੀ ਬੇਅਦਬੀ ਵਿਰੋਧੀ ਕਾਨੂੰਨ ਪਾਸ ਕਰ ਦਿੱਤਾ ਸੀ। ਅਕਾਲੀ ਦਲ ਦੇ ਪ੍ਰਧਾਨ ਨੇ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ, ਉਨ੍ਹਾਂ ਦੇ ਨਾਲ ਸੀਨੀਅਰ ਆਗੂ ਮੰਤਰ ਸਿੰਘ ਬਰਾੜ ਮੌਜੂਦ ਸਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਲੋਂ 2016 ਵਿੱਚ ਪਾਸ ਕੀਤੇ ਬੇਅਦਬੀ ਵਿਰੋਧੀ ਕਾਨੂੰਨ ਵਿਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਖਿਲਾਫ ਬੇਅਦਬੀ ਕਰਨ ਵਾਲੇ ਕਿਸੇ ਵੀ ਵਿਅਕਤੀ ਲਈ ਉਮਰ ਕੈਦ ਦੀ ਸਜ਼ਾ ਦਾ ਪ੍ਰਬੰਧ ਹੈ। ਉਨ੍ਹਾਂ ਕਿਹਾ, "ਇਸ ਕਾਨੂੰਨ ਨੂੰ ਕੇਂਦਰ ਵੱਲੋਂ ਅਜੇ ਤੱਕ ਮਨਜ਼ੂਰੀ ਨਹੀਂ ਦਿੱਤੀ ਗਈ ਹੈ।" ਬਾਦਲ ਨੇ ਜ਼ੋਰ ਦੇ ਕੇ ਕਿਹਾ, "ਮੁੱਖ ਮੰਤਰੀ ਨੂੰ ਇਸ ਸੰਵੇਦਨਸ਼ੀਲ ਮਸਲੇ 'ਤੇ ਨਾਟਕ ਕਰਨ ਦੀ ਬਜਾਏ ਇਸਨੂੰ ਕੇਂਦਰ ਸਰਕਾਰ ਅੱਗੇ ਉਠਾਉਣਾ ਚਾਹੀਦਾ ਹੈ ਅਤੇ ਇਸ ਨੂੰ ਪਾਸ ਕਰਵਾਉਣਾ ਚਾਹੀਦਾ ਹੈ। ਸੁਖਬੀਰ ਸਿੰਘ ਬਾਦਲ ਨੇ ਦਾਅਵਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਆਉਣ ਤੋਂ ਬਾਅਦ 2015 ਵਿੱਚ ਬੇਅਦਬੀ ਦੀਆਂ ਘਟਨਾਵਾਂ ਸ਼ੁਰੂ ਹੋਈਆਂ। ਉਨ੍ਹਾਂ ਕਿਹਾ, "ਆਪ ਵਿਧਾਇਕ ਨਰੇਸ਼ ਯਾਦਵ ਨੂੰ ਬੇਅਦਬੀ ਦੇ ਇੱਕ ਮਾਮਲੇ ਵਿੱਚ ਦੋਸ਼ੀ ਵੀ ਕਰਾਰ ਦਿੱਤਾ ਗਿਆ ਸੀ, ਪਰ ਆਮ ਆਦਮੀ ਪਾਰਟੀ ਨੇ ਪੰਜਾਬੀਆਂ ਨੂੰ ਇਹ ਨਹੀਂ ਦੱਸਿਆ ਕਿ ਪਾਰਟੀ ਨੇ ਯਾਦਵ ਦਾ ਬਚਾਅ ਕਿਉਂ ਕੀਤਾ ਤੇ ਇੱਥੋਂ ਤੱਕ ਕਿ ਆਪਣੇ ਸੀਨੀਅਰ ਆਗੂਆਂ ਹਰਪਾਲ ਚੀਮਾ ਤੇ ਹਰਜੋਤ ਬੈਂਸ ਨੂੰ ਉਨ੍ਹਾਂ ਦਾ ਮਾਮਲਾ ਲੜਨ ਲਈ ਮੈਦਾਨ ਵਿੱਚ ਉਤਾਰਿਆ।" ਬਾਦਲ ਨੇ ਲੋਕਾਂ ਨੂੰ ਅਕਾਲੀ ਦਲ ਦਾ ਸਮਰਥਨ ਕਰਨ ਤੇ ਪੰਜਾਬ ਨਾਲ ਭੇਦਭਾਵ ਕਰਨ ਵਾਲੀਆਂ ਦਿੱਲੀ ਦੀਆਂ ਪਾਰਟੀਆਂ ਦਾ ਬਾਈਕਾਟ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮੋਦੀ ਜੀ (ਪ੍ਰਧਾਨ ਮੰਤਰੀ ਨਰਿੰਦਰ ਮੋਦੀ), ਰਾਹੁਲ ਗਾਂਧੀ ਤੇ ਅਰਵਿੰਦ ਕੇਜਰੀਵਾਲ ਨੂੰ ਤੁਹਾਡੀ ਕੋਈ ਪਰਵਾਹ



ਨਹੀਂ ਹੈ। ਸ਼੍ਰੋਮਣੀ ਅਕਾਲੀ ਦਲ ਤੁਹਾਡੇ ਪਰਿਵਾਰ ਦਾ ਹਿੱਸਾ ਹੈ। ਅਸੀਂ ਹਮੇਸ਼ਾਂ ਤੁਹਾਡੇ ਨਾਲ ਖੜ੍ਹੇ ਹਾਂ, ਜਦਕਿ ਦਿੱਲੀ ਦੀਆਂ ਪਾਰਟੀਆਂ ਸਿਰਫ਼ ਸੱਤਾ ਤੇ ਲੁੱਟ 'ਚ ਹੀ ਵਿਸ਼ਵਾਸ ਕਰਦੀਆਂ ਹਨ।

ਕੋਟਕਪੂਰਾ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਬਾਰੇ ਗੱਲ ਕਰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਅਸੀਂ ਰੇਲਵੇ ਲਾਈਨਾਂ 'ਤੇ ਓਵਰਬ੍ਰਿਜ ਬਣਾਏ ਤੇ ਸ਼ਹਿਰ ਦੀਆਂ ਸੜਕਾਂ ਅਤੇ ਸੀਵਰੇਜ ਨੈਟਵਰਕ ਵਿੱਚ ਸੁਧਾਰ ਕੀਤਾ। ਉਨ੍ਹਾਂ ਕਿਹਾ ਕਿ ਇਥੇ ਅਤੇ ਆਸ-ਪਾਸ ਦੇ ਹਲਕਿਆਂ ਵਿਚ ਸਾਰੇ ਵਿਕਾਸ ਕਾਰਜ ਅਕਾਲੀ ਦਲ ਦੇ ਕਾਰਜਕਾਲ ਦੌਰਾਨ ਹੋਏ ਹਨ। ਉਨ੍ਹਾਂ ਉਦਾਹਰਨ ਦਿੰਦੇ ਹੋਏ ਕਿਹਾ ਕਿ ਕਿਵੇਂ ਸਾਬਕਾ ਕਾਂਗਰਸੀ ਮੁੱਖ ਮੰਤਰੀ ਹਰਚਰਨ ਸਿੰਘ ਬਰਾੜ ਆਪਣੇ ਪਿੰਡ ਸਰਾਇਨਾਗਾ ਵਿਚ ਜਲਭਰਾਅ ਦੀ ਸਮੱਸਿਆ ਨੂੰ ਦੂਰ ਨਹੀਂ ਕਰ ਸਕੇ ਅਤੇ ਉਥੇ ਦੇ ਸਰਕਾਰੀ ਸਕੂਲ ਨੂੰ ਅੱਪਗ੍ਰੇਡ ਕਰਨ ਵਿੱਚ ਵੀ ਅਸਫਲ ਰਹੇ।

ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਐਲਾਨ ਕੀਤਾ ਕਿ 2027 ਵਿੱਚ ਅਕਾਲੀ ਦਲ ਦੀ ਸਰਕਾਰ ਬਣਨ ਦੇ ਤੁਰੰਤ ਬਾਅਦ ਟਿਊਬਵੈਲ ਕਨੈਕਸ਼ਨ ਤੋਂ ਵਾਂਝੇ ਸਾਰੇ ਕਿਸਾਨਾਂ ਨੂੰ ਇਹ ਸੁਵਿਧਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਸੀਂ ਕਿਸਾਨਾਂ ਨੂੰ ਦਿਨ ਦੇ ਸਮੇਂ 12 ਘੰਟੇ ਬਿਜਲੀ ਦੀ ਸੁਵਿਧਾ ਵੀ ਦੇਵਾਂਗੇ। ਬਾਦਲ ਨੇ ਨੌਜਵਾਨਾਂ ਨੂੰ 10 ਲੱਖ ਰੁਪਏ ਦਾ ਬਿਆਜ-ਮੁਕਤ ਕਰਜ਼ਾ ਦੇਣ, ਆਟਾ-ਦਾਲ ਯੋਜਨਾ ਨੂੰ ਮੁੜ ਸ਼ੁਰੂ ਕਰਨ, ਬੁਢਾਪਾ ਪੈਨਸ਼ਨ ਨੂੰ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕਰਨ ਅਤੇ ਸ਼ਗਨ ਭੱਤਾ ਵਧਾ ਕੇ 1 ਲੱਖ ਰੁਪਏ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਹਰ ਜ਼ਿਲ੍ਹੇ ਵਿਚ ਸਬੰਧਤ ਕਾਲਜਾਂ ਦੇ ਨਾਲ ਇਕ ਵਰਲਡ ਸਕਿੱਲ ਯੂਨੀਵਰਸਿਟੀ ਦੀ ਸਥਾਪਨਾ ਕੀਤੀ ਜਾਵੇਗੀ, ਹਰ ਜ਼ਿਲ੍ਹੇ ਵਿਚ ਇਕ ਮੈਡੀਕਲ ਅਤੇ ਪਸ਼ੂ ਚਿਕਿਤਸਾ ਕਾਲਜ ਖੋਲ੍ਹਿਆ ਜਾਵੇਗਾ ਅਤੇ ਸਰਕਾਰੀ ਨੌਕਰੀਆਂ ਸਿਰਫ਼ ਪੰਜਾਬੀਆਂ ਲਈ ਹੋਣਗੀਆਂ।

ਇਸ ਮੌਕੇ 'ਤੇ ਵਪਾਰ ਵਿੰਗ ਦੇ ਜ਼ਿਲਾ ਪ੍ਰਧਾਨ ਰਵਿੰਦਰ ਗਰਗ ਨੇ ਕਿਹਾ ਕਿ ਜਦੋਂ ਤੋਂ ਕੇਂਦਰ ਸਰਕਾਰ ਨੇ ਖਾਦ ਅਨਾਜ 'ਤੇ ਕਮਿਸ਼ਨ ਘਟਾਇਆ ਹੈ, ਉਦੋਂ ਤੋਂ 'ਆੜ੍ਹਤੀ' ਭਾਈਚਾਰੇ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਆਪਣੇ ਬਜਟ ਵਿਚ ਵਾਧੂ ਮੁਆਵਜ਼ਾ ਦੇ ਕੇ ਆੜ੍ਹਤੀਆਂ ਦੀ ਮਦਦ ਕਰ ਰਹੀ ਹੈ ਅਤੇ ਕਿਹਾ ਕਿ ਰਾਜ ਵਿੱਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਪੰਜਾਬ ਵਿੱਚ ਵੀ ਇਸੇ ਤਰ੍ਹਾਂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਆੜਤੀਆਂ ਨੂੰ 50 ਕਰੋੜ ਰੁਪਏ ਦਾ ਈਪੀਐਫ ਲਾਭ ਜਾਰੀ ਨਹੀਂ ਕਰ ਰਹੀ ਹੈ। ਇਸ ਮੌਕੇ 'ਤੇ ਸਿਕੰਦਰ ਸਿੰਘ ਮਲੂਕਾ, ਸ਼ੇਰ ਸਿੰਘ ਮੰਡਵਾਲਾ, ਸਤੀਸ਼ ਗਰੋਵਲ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸੁਬਾ ਸਿੰਘ ਬਾਦਲ, ਗੁਰਚੇਤ ਸਿੰਘ ਬਰਗਾੜੀ, ਪਰਮਬੰਸ ਰੋਮਾਣਾ ਅਤੇ ਅਨੁਪ੍ਰਤਾਪ ਸਿੰਘ ਬਰਾੜ ਨੇ ਵੀ ਰੈਲੀ ਨੂੰ ਸੰਬੋਧਨ ਕੀਤਾ।

# ਸੈਕਟਰ 42 ਵਿਖੇ ਸ਼ਹੀਦਾਂ ਦੀ ਯਾਦ 'ਚ ਚਲਾਈ ਸਫ਼ਾਈ ਮੁਹਿੰਮ

ਚੰਡੀਗੜ੍ਹ, 22 ਮਾਰਚ (ਹਰਦੀਪ ਕੌਰ): ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਸੁਖਦੇਵ ਤੇ ਸ਼ਹੀਦ ਰਾਜਗੁਰੂ ਦੇ ਸਰਬਉੱਚ ਬਲੀਦਾਨਾਂ ਦੀ ਯਾਦ ਵਿੱਚ, ਮੇਰਾ ਯੁਵਾ ਭਾਰਤ (MY Bharat), ਯੁਵਾ ਮਾਮਲੇ ਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੁਆਰਾ ਗਲੋਬਲ ਯੂਥ ਫੈਡਰੇਸ਼ਨ ਦੇ ਸਹਿਯੋਗ ਨਾਲ ਸੈਕਟਰ 42 ਸਥਿਤ ਲੇਕ, ਚੰਡੀਗੜ੍ਹ ਵਿਖੇ ਸ਼੍ਰਮਦਾਨ ਦੇ ਰੂਪ ਵਿੱਚ ਇੱਕ ਸਫ਼ਾਈ ਮੁਹਿੰਮ ਦਾ ਸਫ਼ਲਤਾਪੂਰਵਕ ਆਯੋਜਿਤ ਕੀਤੀ ਗਈ। ਇਹ ਪਹਿਲ ਸ਼ਹੀਦੀ ਦਿਵਸ ਦੇ ਅਵਸਰ 'ਤੇ ਆਯੋਜਿਤ ਰਾਸ਼ਟਰਵਿਆਪੀ ਮੁਹਿੰਮ "ਮੇਰਾ ਭਾਰਤ ਮੇਰੀ ਜ਼ਿੰਮੇਦਾਰੀ" ਦੇ ਤਹਿਤ ਕੀਤੀ ਗਈ। ਇਕੱਠ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਯੁਵਾ ਅਧਿਕਾਰੀ, ਵਿਨੈ ਕੁਮਾਰ ਨੇ ਦੱਸਿਆ ਕਿ ਕੁੱਲ 56 ਉਤਸ਼ਾਹੀ ਯੁਵਾ ਵਲੰਟੀਅਰਾਂ ਨੇ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਤੇ ਖੇਤਰ ਤੋਂ ਸਿੰਗਲ-ਯੂਜ਼ ਪਲਾਸਟਿਕ ਇਕੱਠਾ ਕਰਕੇ ਸਵੱਛ ਤੇ ਹਰਿਤ ਵਾਤਾਵਰਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ। ਉਨ੍ਹਾਂ ਨੇ ਸਾਰੇ ਪ੍ਰਤੀਭਾਗੀਆਂ ਨੂੰ ਇਹ ਸੰਕਲਪ ਵੀ ਦਿਵਾਇਆ: "ਨਾ ਗੰਦਗੀ



ਕਰੂੰਗਾ, ਨਾ ਕਰਨੇ ਦੂੰਗਾ, ਕਿਉਂਕਿ ਮੇਰਾ ਭਾਰਤ ਮੇਰੀ ਜ਼ਿੰਮੇਦਾਰੀ ਹੈ।"

ਇਸ ਅਵਸਰ 'ਤੇ ਰੋਹਿਤ ਕੁਮਾਰ, ਨੈਸ਼ਨਲ ਯੂਥ ਅਵਾਰਡੀ ਤੇ ਡਾਇਰੈਕਟਰ, ਗਲੋਬਲ ਯੂਥ ਫੈਡਰੇਸ਼ਨ; ਗਜਾਨਨ ਗਾਡੇਕਰ, ਅਸਿਸਟੈਂਟ ਸੈਕਸ਼ਨ ਅਫ਼ਸਰ, ਮੇਰਾ ਯੁਵਾ ਭਾਰਤ (MY Bharat); ਮੋਹਨ ਕੁਮਾਰ, ਸਾਬਕਾ ਰਾਸ਼ਟਰੀ ਯੁਵਾ ਵਲੰਟੀਅਰ; ਨਿਰਮਲ, ਅਮਿਤ ਤੇ ਹੋਰ ਪਤਵੰਤੇ ਉਪਸਥਿਤ ਰਹੇ। ਇਹ ਪਹਿਲ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਤੇ ਰਾਸ਼ਟਰ ਨਿਰਮਾਣ ਪ੍ਰਤੀ ਸਮੂਹਿਕ ਜ਼ਿੰਮੇਦਾਰੀ ਦੀ ਭਾਵਨਾ ਨੂੰ ਦਰਸਾਉਂਦੀ ਹੈ, ਜੋ ਸਵੱਛ ਅਤੇ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਦੇ ਅਨੁਰੂਪ ਹੈ।



## ਸੰਪਾਦਕੀ

# ਈਰਾਨੀ ਨੇਤ੍ਰਿਤਵ 'ਤੇ ਹਮਲੇ – ਖੇਤਰੀ ਅਸਥਿਰਤਾ ਅਤੇ ਵਿਸ਼ਵ ਚੁਣੌਤੀਆਂ

ਈਰਾਨ ਅਤੇ ਇਜ਼ਰਾਈਲ ਵਿਚਕਾਰ ਚੱਲ ਰਹੀ ਖ਼ੂਨੀ ਖੇਡ ਨੇ ਹੁਣ ਇੱਕ ਅਜਿਹੇ ਖ਼ਤਰਨਾਕ ਮੋੜ 'ਤੇ ਦਸਤਕ ਦਿੱਤੀ ਹੈ, ਜਿੱਥੋਂ ਵਾਪਸੀ ਦਾ ਰਾਹ ਬਹੁਤ ਧੁੰਦਲਾ ਨਜ਼ਰ ਆ ਰਿਹਾ ਹੈ। ਪਿਛਲੇ ਕੁਝ ਸਮੇਂ ਤੋਂ ਈਰਾਨੀ ਨੇਤ੍ਰਿਤਵ ਅਤੇ ਉੱਚ ਕਮਾਂਡਰਾਂ ਨੂੰ ਨਿਸ਼ਾਨਾ ਬਣਾ ਕੇ ਕੀਤੀਆਂ ਜਾ ਰਹੀਆਂ ਹੱਤਿਆਵਾਂ ਨੇ ਨਾ ਸਿਰਫ਼ ਜੰਗ ਦੇ ਪ੍ਰਚੱਲਤ ਨਿਯਮਾਂ ਨੂੰ ਚੁਣੌਤੀ ਦਿੱਤੀ ਹੈ, ਸਗੋਂ ਪੂਰੇ ਮੱਧ ਪੂਰਬ ਨੂੰ ਇੱਕ ਅਣਜਾਣੇ ਭਵਿੱਖ ਵੱਲ ਧੱਕ ਦਿੱਤਾ ਹੈ। ਇਹ ਹਮਲੇ ਸਿਰਫ਼ ਫ਼ੌਜੀ ਰਣਨੀਤੀ ਦਾ ਹਿੱਸਾ ਨਹੀਂ ਹਨ, ਸਗੋਂ ਇਹ ਇੱਕ ਵੱਡੀ ਭੂ-ਰਾਜਨੀਤਿਕ ਤਬਦੀਲੀ ਦਾ ਸੰਕੇਤ ਹਨ, ਜਿਸ ਦੇ ਸਿੱਟੇ ਆਉਣ ਵਾਲੇ ਸਮੇਂ ਵਿੱਚ ਬਹੁਤ ਗੰਭੀਰ ਹੋ ਸਕਦੇ ਹਨ। ਕਿਸੇ ਵੀ ਪ੍ਰਭੂਸੱਤਾ ਸੰਪੰਨ ਰਾਸ਼ਟਰ ਦੇ ਸਿਖਰਲੇ ਨੇਤ੍ਰਿਤਵ ਨੂੰ ਟਾਰਗੇਟ ਕਰਨਾ ਇੱਕ ਸਿੱਧਾ ਯੁੱਧ ਦਾ ਸੱਦਾ ਹੁੰਦਾ ਹੈ, ਜੋ ਖੇਤਰੀ ਅਸਥਿਰਤਾ ਨੂੰ ਚਰਮ 'ਤੇ ਪਹੁੰਚਾ ਦਿੰਦਾ ਹੈ। ਇਜ਼ਰਾਈਲ ਦੀ ਇਹ ਰਣਨੀਤੀ ਸ਼ਾਇਦ ਦੁਸ਼ਮਣ ਦੇ ਸੰਗਠਨ ਨੂੰ ਅੰਦਰੋਂ ਕਮਜ਼ੋਰ ਕਰਨ ਦੀ ਨੀਤੀ 'ਤੇ ਅਧਾਰਿਤ ਹੈ, ਤਾਂ ਜੋ ਈਰਾਨ ਦੇ ਪ੍ਰੌਕਸੀ ਨੈੱਟਵਰਕ ਦੀ ਕਮਾਂਡ ਨੂੰ ਤੋੜਿਆ ਜਾ ਸਕੇ। ਪਰ ਇਤਿਹਾਸਕ ਤਜਰਬਾ ਗਵਾਹ ਹੈ ਕਿ ਅਜਿਹੀਆਂ ਕਾਰਵਾਈਆਂ ਅਕਸਰ ਉਲਟਾ ਅਸਰ ਕਰਦੀਆਂ ਹਨ। ਈਰਾਨ ਵਰਗੇ ਦੇਸ਼ ਵਿੱਚ, ਜਿੱਥੇ ਰਾਸ਼ਟਰਵਾਦ ਅਤੇ ਧਾਰਮਿਕ ਅਕੀਦਤ ਬਹੁਤ ਡੂੰਘੀ ਹੈ, ਉੱਥੇ ਨੇਤਾਵਾਂ ਦੀ ਹੱਤਿਆ ਜਨਤਾ ਵਿੱਚ ਸਰਕਾਰ ਪ੍ਰਤੀ ਰੋਸ ਦੀ ਬਜਾਏ ਹਮਦਰਦੀ ਅਤੇ ਇਕਜੁੱਟਤਾ ਪੈਦਾ ਕਰਦੀ ਹੈ। ਇਹ ਹਮਲੇ 'ਸ਼ਹਾਦਤ' ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਦੇ ਹਨ, ਜੋ ਅੱਗੇ ਚੱਲ ਕੇ ਵਧੇਰੇ ਕੱਟੜਪੰਥੀ ਪ੍ਰਤੀਕਿਰਿਆਵਾਂ ਅਤੇ ਲੰਬੇ ਸਮੇਂ ਦੇ ਸੰਘਰਸ਼ ਨੂੰ ਜਨਮ ਦਿੰਦੇ ਹਨ। ਅਜਿਹੀ ਸਥਿਤੀ ਵਿੱਚ ਇਹ ਉਮੀਦ ਕਰਨੀ ਕਿ ਨੇਤ੍ਰਿਤਵ ਦੇ ਖ਼ਾਤਮੇ ਨਾਲ ਵਿਰੋਧ ਖ਼ਤਮ ਹੋ ਜਾਵੇਗਾ, ਇੱਕ ਵੱਡੀ ਰਣਨੀਤਕ ਭੁੱਲ ਸਾਬਤ ਹੋ ਸਕਦੀ ਹੈ। ਇਸ ਸਥਿਤੀ ਦਾ ਸਭ ਤੋਂ ਚਿੰਤਾਜਨਕ ਪਹਿਲੂ ਕੂਟਨੀਤੀ ਦੇ ਰਸਤਿਆਂ ਦਾ ਬੰਦ ਹੋਣਾ ਹੈ। ਜਦੋਂ ਟਕਰਾਅ ਨਿੱਜੀ ਹਮਲਿਆਂ ਅਤੇ ਸਿਖਰਲੇ ਨੇਤਾਵਾਂ ਦੀਆਂ ਹੱਤਿਆਵਾਂ ਤੱਕ ਪਹੁੰਚ ਜਾਵੇ, ਤਾਂ ਗੱਲਬਾਤ ਦੀਆਂ ਮੇਜ਼ਾਂ ਸੁੰਨੀਆਂ ਹੋ ਜਾਂਦੀਆਂ ਹਨ। ਅਜਿਹੇ ਮਾਹੌਲ ਵਿੱਚ 'ਭਰੋਸੇ ਦੀ ਕਮੀ' ਇੰਨੀ ਵਧ ਜਾਂਦੀ ਹੈ ਕਿ ਕੋਈ ਵੀ ਵਿਚੋਲਾ ਦੇਸ਼ ਸਮਝੌਤਾ ਕਰਵਾਉਣ ਦੀ ਸਥਿਤੀ ਵਿੱਚ ਨਹੀਂ ਰਹਿੰਦਾ। ਇਸ ਨਾਲ ਇੱਕ ਅਜਿਹਾ ਦੁਸ਼ਟ ਚੱਕਰ ਸ਼ੁਰੂ ਹੁੰਦਾ ਹੈ, ਜਿੱਥੇ ਸਿਰਫ਼ ਬਦਲਾ ਲੈਣਾ ਹੀ ਇੱਕਮਾਤਰ ਰਾਜਨੀਤਿਕ ਵਿਕਲਪ ਬਣ ਕੇ ਰਹਿ ਜਾਂਦਾ ਹੈ। ਜੇਕਰ ਇਹ ਸਿਲਸਿਲਾ ਇਸੇ ਤਰ੍ਹਾਂ ਜਾਰੀ ਰਿਹਾ, ਤਾਂ ਇਹ ਟਕਰਾਅ ਸਿਰਫ਼ ਦੋ ਦੇਸ਼ਾਂ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਇਸ ਦੀ ਲਪੇਟ ਵਿੱਚ ਲੇਬਨਾਨ, ਸੀਰੀਆ ਅਤੇ ਯਮਨ ਵਰਗੇ ਗੁਆਂਢੀ ਮੁਲਕ ਵੀ ਪੂਰੀ ਤਰ੍ਹਾਂ ਆ ਜਾਣਗੇ, ਜਿਸ ਨਾਲ ਪੂਰੇ ਖੇਤਰ ਦੀ ਆਰਥਿਕਤਾ ਅਤੇ ਮਨੁੱਖੀ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗਾ। ਵਿਸ਼ਵ ਸ਼ਕਤੀਆਂ ਦੀ ਭੂਮਿਕਾ ਵੀ ਇਸ ਸੰਦਰਭ ਵਿੱਚ ਕਾਫ਼ੀ ਜਟਿਲ ਨਜ਼ਰ ਆ ਰਹੀ ਹੈ। ਅਮਰੀਕਾ ਅਤੇ ਕੁਝ ਪੱਛਮੀ ਦੇਸ਼ਾਂ ਦੀ ਇਸ ਮਾਮਲੇ 'ਤੇ ਚੁੱਪ ਜਾਂ ਅਸਿੱਧੀ ਹਮਾਇਤ ਅੰਤਰਰਾਸ਼ਟਰੀ ਕਾਨੂੰਨਾਂ 'ਤੇ ਸਵਾਲ ਖੜ੍ਹੇ ਕਰਦੀ ਹੈ। ਦੂਜੇ ਪਾਸੇ, ਯੂਰਪੀ ਦੇਸ਼ਾਂ ਅਤੇ ਜਪਾਨ ਵਰਗੇ ਸਹਿਯੋਗੀਆਂ ਦੀ ਇਸ ਜੰਗ ਵਿੱਚ ਸਿੱਧੀ ਸ਼ਮੂਲੀਅਤ ਤੋਂ ਦੂਰੀ ਇਹ ਦਰਸਾਉਂਦੀ ਹੈ ਕਿ ਦੁਨੀਆ ਹੁਣ ਇੱਕ ਹੋਰ ਵੱਡੇ ਯੁੱਧ ਦਾ ਆਰਥਿਕ ਅਤੇ ਫ਼ੌਜੀ ਬੋਝ ਝੱਲਣ ਦੇ ਸਮਰੱਥ ਨਹੀਂ ਹੈ। ਭਾਰਤ ਲਈ ਵੀ ਇਹ ਸਥਿਤੀ ਬੇਹੱਦ ਸੰਵੇਦਨਸ਼ੀਲ ਹੈ, ਕਿਉਂਕਿ ਸਾਡੀ ਊਰਜਾ ਸੁਰੱਖਿਆ ਅਤੇ ਖਾੜੀ ਦੇਸ਼ਾਂ ਵਿੱਚ ਵਸਦੇ ਲੱਖਾਂ ਭਾਰਤੀਆਂ ਦੇ ਹਿੱਤ ਇਸ ਖੇਤਰ ਦੀ ਸ਼ਾਂਤੀ ਨਾਲ ਸਿੱਧੇ ਜੁੜੇ ਹੋਏ ਹਨ। ਭਾਰਤ ਨੂੰ ਆਪਣੇ ਆਰਥਿਕ ਹਿੱਤਾਂ ਅਤੇ ਨਾਗਰਿਕਾਂ ਦੀ ਸੁਰੱਖਿਆ ਲਈ ਬਹੁਤ ਹੀ ਸੰਤੁਲਿਤ ਅਤੇ ਸੁਚੇਤ ਕੂਟਨੀਤਿਕ ਪਹੁੰਚ ਅਪਣਾਉਣ ਦੀ ਲੋੜ ਹੈ ਅੰਤ ਵਿੱਚ ਇਹ ਸਪੱਸ਼ਟ ਹੈ ਕਿ ਨੇਤਾਵਾਂ ਦੀਆਂ ਹੱਤਿਆਵਾਂ ਵਰਗੇ ਕਦਮ ਸ਼ਾਇਦ ਕਿਸੇ ਇੱਕ ਧਿਰ ਨੂੰ ਤਤਕਾਲੀ ਸੈਨਿਕ ਜਿੱਤ ਦਾ ਅਹਿਸਾਸ ਤਾਂ ਕਰਵਾ ਸਕਦੇ ਹਨ, ਪਰ ਇਹ ਸਥਾਈ ਸ਼ਾਂਤੀ ਦਾ ਰਾਹ ਕਦੇ ਨਹੀਂ ਹੋ ਸਕਦੇ। ਹਿੰਸਾ ਅਤੇ ਜਵਾਬੀ ਹਿੰਸਾ ਦਾ ਇਹ ਰਾਹ ਸਿਰਫ਼ ਅਸਥਿਰਤਾ ਅਤੇ ਵੱਡੀਆਂ ਮਨੁੱਖੀ ਤ੍ਰਾਸਦੀਆਂ ਨੂੰ ਹੀ ਜਨਮ ਦਿੰਦਾ ਹੈ। ਅਜੋਕੇ ਦੌਰ ਵਿੱਚ, ਜਦੋਂ ਦੁਨੀਆ ਪਹਿਲਾਂ ਹੀ ਕਈ ਸੰਕਟਾਂ ਨਾਲ ਜੂਝ ਰਹੀ ਹੈ, ਸਾਰੀਆਂ ਸਬੰਧਤ ਧਿਰਾਂ ਨੂੰ ਸੰਜਮ ਦਿਖਾਉਣ ਦੀ ਲੋੜ ਹੈ। ਵਿਸ਼ਵ ਭਾਈਚਾਰੇ ਨੂੰ ਚਾਹੀਦਾ ਹੈ ਕਿ ਉਹ ਤਾਕਤ ਦੀ ਵਰਤੋਂ ਦੀ ਬਜਾਏ ਗੱਲਬਾਤ ਰਾਹੀਂ ਮਸਲੇ ਹੱਲ ਕਰਨ ਲਈ ਦਬਾਅ ਪਾਵੇ, ਤਾਂ ਜੋ ਮਨੁੱਖਤਾ ਨੂੰ ਇੱਕ ਹੋਰ ਵੱਡੀ ਜੰਗ ਦੀ ਅੱਗ ਵਿੱਚ ਝੁਲਸਣ ਤੋਂ ਬਚਾਇਆ ਜਾ ਸਕੇ।

-ਜਗਜੀਤ ਸਿੰਘ ਦਰਦੀ

## ਪੰਜਾਬ ਵਰਗੇ ਸੂਬੇ ਲਈ ਇਸਦੇ ਅਰਥ ਕੀ ਹਨ ?

# ਦੇਸ਼ ਤੇ ਭਾਜਪਾ ਲਈ ਪ੍ਰਧਾਨ ਮੰਤਰੀ ਆਪਣੀ ਉਦਾਹਰਣ ਆਪ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਅੱਜ 8931 ਦਿਨਾਂ ਦੀ ਸੇਵਾ, ਰਿਕਾਰਡਾਂ ਦੀ ਲੜੀ ਅਤੇ ਭਵਿੱਖ ਦੀ ਭਾਰਤੀ ਰਾਜਨੀਤੀ ਲਈ ਅਰਥ 22 ਮਾਰਚ 2026 ਨੂੰ ਭਾਰਤੀ ਰਾਜਨੀਤੀ ਵਿੱਚ ਇੱਕ ਅਜਿਹਾ ਦਿਨ ਆਇਆ, ਜਿਸ ਨੂੰ ਇਤਿਹਾਸ ਦੇ ਪੰਨਿਆਂ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੁੱਲ 8931 ਦਿਨ ਸਰਕਾਰ ਦੇ ਮੁਖੀ ਵਜੋਂ ਬਿਤਾ ਕੇ ਸਿੱਕਮ ਦੇ ਸਾਬਕਾ ਮੁੱਖ ਮੰਤਰੀ ਪਵਨ ਕੁਮਾਰ ਚਾਮਲਿੰਗ ਦੇ 8930 ਦਿਨਾਂ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ। ਇਹ ਅੰਕੜਾ ਕੇਵਲ ਇੱਕ ਸੰਖਿਆ ਨਹੀਂ ਹੈ - ਇਹ ਲਗਭਗ 25 ਸਾਲਾਂ ਦੀ ਨਿਰੰਤਰ ਸੇਵਾ, ਅਟੱਲ ਜਨ ਵਿਸ਼ਵਾਸ, ਰਾਜਨੀਤਿਕ ਸਥਿਰਤਾ ਅਤੇ ਵਿਕਾਸ ਦੀ ਅਟੱਲ ਯਾਤਰਾ ਦਾ ਪ੍ਰਤੀਕ ਹੈ। ਭਾਰਤ ਵਰਗੇ ਵਿਭਿੰਨਤਾ ਨਾਲ ਭਰਪੂਰ, ਗੁੰਝਲਦਾਰ ਚੁਣੌਤੀਆਂ ਵਾਲੇ ਅਤੇ ਲੋਕਤੰਤਰੀ ਢਾਂਚੇ ਵਾਲੇ ਦੇਸ਼ ਵਿੱਚ ਇਹ ਉਪਲੱਬਧੀ ਅਸਾਧਾਰਨ ਅਤੇ ਪ੍ਰੇਰਨਾਦਾਇਕ ਹੈ ਅੱਜ ਇਸ ਰਿਕਾਰਡ ਨੂੰ ਸਮਝਣ ਲਈ ਸਭ ਤੋਂ ਪਹਿਲਾਂ ਇਸ ਦੇ ਆਧਾਰ ਨੂੰ ਵੇਖਣਾ ਜ਼ਰੂਰੀ ਹੈ। ਨਰਿੰਦਰ ਮੋਦੀ ਨੇ 7 ਅਕਤੂਬਰ 2001 ਨੂੰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਸੀ। ਉਸ ਸਮੇਂ ਗੁਜਰਾਤ ਭੂਚਾਲ ਤੋਂ ਬਾਅਦ ਦੀ ਤਬਾਹੀ, ਆਰਥਿਕ ਅਸਥਿਰਤਾ ਅਤੇ ਰਾਜਨੀਤਿਕ ਸੰਕਟ ਨਾਲ ਜੂਝ ਰਿਹਾ ਸੀ। ਕੇਸ਼ੂਭਾਈ ਪਟੇਲ ਵਰਗੇ ਅਨੁਭਵੀ ਨੇਤਾ ਦੀ ਜਗ੍ਹਾ ਲੈ ਕੇ ਉਨ੍ਹਾਂ ਨੇ ਇੱਕ ਨਵੀਂ ਸ਼ੁਰੂਆਤ ਕੀਤੀ। ਉਹ 7 ਅਕਤੂਬਰ 2001 ਤੋਂ 22 ਮਈ 2014 ਤੱਕ ਲਗਭਗ 4610 ਦਿਨ ਗੁਜਰਾਤ ਦੇ ਮੁੱਖ ਮੰਤਰੀ ਰਹੇ। ਇਸ ਦੌਰਾਨ ਉਨ੍ਹਾਂ ਨੇ 2002, 2007 ਅਤੇ 2012 ਵਿੱਚ ਲਗਾਤਾਰ ਤਿੰਨ ਵਿਧਾਨ ਸਭਾ ਚੋਣਾਂ ਜਿੱਤੀਆਂ ਅਤੇ ਗੁਜਰਾਤ ਨੂੰ ਦੇਸ਼ ਦੇ ਸਭ ਤੋਂ ਤੇਜ਼ ਵਿਕਾਸ ਵਾਲੇ ਸੂਬਿਆਂ ਵਿੱਚੋਂ ਇੱਕ ਬਣਾਇਆ। 'ਗੁਜਰਾਤ ਮਾਡਲ' ਨੇ ਉਦਯੋਗ, ਬੁਨਿਆਦੀ ਢਾਂਚਾ, ਵਾਈਬ੍ਰੈਂਟ ਗੁਜਰਾਤ ਸਮਿਟ, ਜਲ ਸੰਭਾਲ, ਬਿਜਲੀ ਅਤੇ ਨਿਵੇਸ਼ ਨੂੰ ਨਵੀਂ ਉਚਾਈ ਦਿੱਤੀ।

ਅੱਜ ਇਸ ਨੇ ਦੇਸ਼ ਭਰ ਵਿੱਚ ਉਨ੍ਹਾਂ ਦਾ ਚਿਹਰਾ ਇੱਕ ਮਜ਼ਬੂਤ ਅਤੇ ਵਿਕਾਸ-ਕੇਂਦਰਿਤ ਨੇਤਾ ਵਜੋਂ ਬਣਾਇਆ ਹੈ । ਫਿਰ 26 ਮਈ 2014 ਨੂੰ ਉਹ ਭਾਰਤ ਦੇ 14ਵੇਂ ਪ੍ਰਧਾਨ ਮੰਤਰੀ ਬਣੇ। ਭਾਰਤੀ ਜਨਤਾ ਪਾਰਟੀ ਨੇ 282 ਸੀਟਾਂ ਨਾਲ ਪੂਰਨ ਬਹੁਮਤ ਹਾਸਲ ਕੀਤਾ - ਇਹ ਤਿੰਨ ਦਹਾਕਿਆਂ ਬਾਅਦ ਕਿਸੇ ਇੱਕ ਪਾਰਟੀ ਦਾ ਅਜਿਹਾ ਕਰਨਾ ਸੀ। ਇਸ ਨੇ ਗਠਜੋੜ ਵਾਲੀ ਰਾਜਨੀਤੀ ਦੇ ਯੁੱਗ ਨੂੰ ਖਤਮ ਕਰ ਦਿੱਤਾ ਅਤੇ ਇੱਕ ਮਜ਼ਬੂਤ ਕੇਂਦਰੀ ਸਰਕਾਰ ਦੀ ਨੀਂਹ ਰੱਖੀ। 2019 ਵਿੱਚ 303 ਸੀਟਾਂ ਅਤੇ 2024 ਵਿੱਚ ਐਨਡੀਏ ਗਠਜੋੜ ਨਾਲ 240 ਸੀਟਾਂ 'ਤੇ ਸੱਤਾ ਬਰਕਰਾਰ ਰੱਖਣ ਨਾਲ ਮੋਦੀ ਨੇ ਲਗਾਤਾਰ ਤਿੰਨ ਕਾਰਜਕਾਲ ਪੂਰੇ ਕੀਤੇ - ਜਵਾਹਰ ਲਾਲ ਨਹਿਰੂ ਤੋਂ ਬਾਅਦ ਇਹ ਪਹਿਲਾ ਮੌਕਾ ਸੀ। ਲਗਾਤਾਰ ਪ੍ਰਧਾਨ ਮੰਤਰੀ ਰਹਿਣ ਵਿੱਚ ਉਨ੍ਹਾਂ ਨੇ ਜੁਲਾਈ 2025 ਵਿੱਚ ਇੰਦਰਾ ਗਾਂਧੀ ਦੇ 4077 ਦਿਨਾਂ ਨੂੰ ਪਿੱਛੇ ਛੱਡ ਕੇ 4078 ਦਿਨ ਪੂਰੇ ਕੀਤੇ ਅਤੇ ਗੈਰ-ਕਾਂਗਰਸੀ ਨੇਤਾ ਵਜੋਂ ਲਗਾਤਾਰ ਦੋ ਪੂਰਨ ਕਾਰਜਕਾਲ ਪੂਰੇ ਕਰਨ ਵਾਲੇ ਪਹਿਲੇ ਬਣੇ।

ਅੱਜ ਇਸ ਸਫਲਤਾ ਦੇ ਪਿੱਛੇ ਕਈ ਮੁੱਖ ਕਾਰਨ ਹਨ। ਪਹਿਲਾਂ, ਮੋਦੀ ਦੀ ਨਿੱਜੀ ਛਵੀ - ਇੱਕ ਅਜਿਹੇ ਨੇਤਾ ਵਜੋਂ ਜੋ 'ਨੇਸ਼ਨ ਫਸਟ', 'ਸੇਵਾ ਪਹਿਲੀ' ਅਤੇ 'ਸਬਕਾ ਸਾਥ, ਸਬਕਾ ਵਿਕਾਸ' ਨੂੰ ਅੱਗੇ ਰੱਖਦਾ ਹੈ। ਉਨ੍ਹਾਂ ਦੀਆਂ ਯੋਜਨਾਵਾਂ ਨੇ ਆਮ ਆਦਮੀ ਨੂੰ ਸਿੱਧਾ ਲਾਭ ਪਹੁੰਚਾਇਆ: ਸਵੱਛ ਭਾਰਤ ਅਭਿਆਨ ਨੇ ਲੱਖਾਂ ਟਾਇਲਟ ਬਣਾਏ ਅਤੇ ਸਫਾਈ ਨੂੰ ਜਨ ਅੰਦੋਲਨ ਬਣਾਇਆ। ਪ੍ਰਧਾਨ ਮੰਤਰੀ ਜਨ ਧਨ ਯੋਜਨਾ ਨੇ 50 ਕਰੋੜ ਤੋਂ ਵੱਧ ਬੈਂਕ ਖਾਤੇ ਖੋਲ੍ਹੇ। ਆਧਾਰ-ਲਿੰਕਡ ਡਾਇਰੈਕਟ ਬੈਨੀਫਿਟ ਟਰਾਂਸਫਰ ਨੇ ਭ੍ਰਿਸ਼ਟਾਚਾਰ ਘਟਾਇਆ ਅਤੇ ਲਾਭ ਸਿੱਧੇ ਲਾਭਪਾਤਰੀਆਂ ਤੱਕ ਪਹੁੰਚਾਏ।

ਆਯੁਸ਼ਮਾਨ ਭਾਰਤ ਨੇ 50 ਕਰੋੜ ਲੋਕਾਂ ਨੂੰ ਮੁਫਤ ਇਲਾਜ ਦੀ ਸਹੂਲਤ ਦਿੱਤੀ। ਉਜਜਵਲਾ ਯੋਜਨਾ ਨੇ ਗਰੀਬ ਮਹਿਲਾਵਾਂ ਨੂੰ ਮੁਫਤ ਗੈਸ ਸਿਲੰਡਰ ਦਿੱਤੇ। ਡਿਜੀਟਲ ਇੰਡੀਆ, ਯੂਪੀਆਈ ਅਤੇ ਡਿਜੀਟਲ ਪੇਮੈਂਟ ਨੇ ਭਾਰਤ ਨੂੰ ਕੈਸ਼ਲੈੱਸ ਆਰਥਿਕਤਾ ਵੱਲ ਧੱਕਿਆ। ਅੱਜ ਆਰਥਿਕ ਸੁਧਾਰ ਵੀ ਮਹੱਤਵਪੂਰਨ ਰਹੇ: GST ਨੇ ਟੈਕਸ ਪ੍ਰਣਾਲੀ ਨੂੰ ਏਕੀਕ੍ਰਿਤ ਕੀਤਾ, ਇੰਸਾਲਵੈਂਸੀ ਅਤੇ ਬੈਂਕਰਪਸੀ ਕੋਡ ਨੇ ਬੈਂਕਾਂ ਦੇ ਬਕਾਏ ਘਟਾਏ, ਮੇਕ ਇਨ ਇੰਡੀਆ ਨੇ ਵਿਦੇਸ਼ੀ ਨਿਵੇਸ਼ ਵਧਾਇਆ ਅਤੇ ਆਤਮਨਿਰਭਰ ਭਾਰਤ ਨੇ ਮੈਨੂਫੈਕਚਰਿੰਗ ਨੂੰ ਬੂਸਟ ਦਿੱਤਾ। ਵਿਦੇਸ਼ ਨੀਤੀ ਵਿੱਚ ਭਾਰਤ ਦੀ ਸਥਿਤੀ ਮਜ਼ਬੂਤ ਹੋਈ - 720 ਦੀ ਪ੍ਰਧਾਨਗੀ, QUAD, ਰੂਸ-ਅਮਰੀਕਾ ਵਿਚਕਾਰ ਸੰਤੁਲਨ ਅਤੇ ਖਾੜੀ ਦੇਸ਼ਾਂ ਨਾਲ ਮਜ਼ਬੂਤ ਸੰਬੰਧ ਹਨ।

ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਜਨੀਤਿਕ ਰਣਨੀਤੀ ਵਿੱਚ ਹਿੰਦੂਤਵ, ਸੱਭਿਆਚਾਰਕ ਰਾਸ਼ਟਰਵਾਦ ਅਤੇ ਵਿਕਾਸ ਨੂੰ ਜੋੜ ਕੇ ਵੱਡਾ ਵੋਟ ਬੈਂਕ ਬਣਾਇਆ ਗਿਆ। ਰਾਮ ਮੰਦਿਰ, ਆਰਟੀਕਲ 370 ਦੀ ਸਮਾਪਤੀ ਅਤੇ 311 ਵਰਗੇ ਫੈਸਲੇ ਇਸ ਦੇ ਹਿੱਸੇ ਹਨ।

ਆਓ ਵੇਖੀਏ ਕਿ ਪੰਜਾਬ ਵਰਗੇ ਸੂਬੇ ਲਈ ਇਸਦਾ ਅਰਥ ਕੀ ਹੈ? ਪੰਜਾਬ ਵਿੱਚ ਭਾਜਪਾ ਦੀ ਸਿੱਧੀ ਸੱਤਾ ਨਹੀਂ ਰਹੀ, ਪਰ ਕੇਂਦਰੀ ਨੀਤੀਆਂ ਦਾ ਅਸਰ ਜ਼ਰੂਰ ਪਿਆ। ਕਿਸਾਨ ਅੰਦੋਲਨ (2020-21) ਵਿੱਚ ਵੱਡਾ ਵਿਵਾਦ ਰਿਹਾ, ਜਿਸ ਨੇ ਪੰਜਾਬੀ ਕਿਸਾਨਾਂ ਵਿੱਚ ਨਾਰਾਜ਼ਗੀ ਪੈਦਾ ਕੀਤੀ। ਬਾਅਦ ਵਿੱਚ ਤਿੰਨ ਖੇਤੀ ਕਾਨੂੰਨ ਵਾਪਸ ਲੈਣ ਨਾਲ ਥੋੜ੍ਹੀ ਰਾਹਤ ਮਿਲੀ। ਆਰਥਿਕ ਤੌਰ 'ਤੇ ਪੰਜਾਬ ਨੂੰ ਅੰਮ੍ਰਿਤਸਰ-ਜੰਮੂ ਹਾਈਵੇ, ਨਵਾਂ ਅੰਤਰਰਾਸ਼ਟਰੀ ਏਅਰਪੋਰਟ, ਰੇਲ ਨੈੱਟਵਰਕ ਅਤੇ ਉਦਯੋਗਿਕ ਪ੍ਰੋਜੈਕਟ ਮਿਲੇ ਹਨ।

ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਇਤਿਹਾਸਿਕ ਰਾਜਕਾਲ ਅਤੇ ਪੰਜਾਬ ਨਾਲ ਸੰਬੰਧ , ਮੁੱਦੇ, ਕੇਂਦਰੀ ਨੀਤੀਆਂ, ਭਾਜਪਾ ਦੇ ਉਪਰਾਲੇ ਅਤੇ ਭਵਿੱਖੀ ਐਲਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 22 ਮਾਰਚ 2026 ਨੂੰ ਕੁੱਲ 8931 ਦਿਨ ਸਰਕਾਰ ਦੇ ਮੁਖੀ ਵਜੋਂ ਬਿਤਾ ਕੇ ਭਾਰਤੀ ਰਾਜਨੀਤੀ ਵਿੱਚ ਇੱਕ ਨਵਾਂ ਰਿਕਾਰਡ ਬਣਾਇਆ ਹੈ। ਇਹ ਉਪਲੱਬਧੀ ਗੁਜਰਾਤ ਵਿੱਚ 13 ਸਾਲਾਂ ਦੇ ਮੁੱਖ ਮੰਤਰੀ ਰਹਿਣ ਅਤੇ ਲਗਭਗ 12 ਸਾਲਾਂ ਤੋਂ ਪ੍ਰਧਾਨ ਮੰਤਰੀ ਵਜੋਂ ਨਿਰੰਤਰ ਨੇਤ੍ਰਤਵ ਦੀ ਕਹਾਣੀ ਹੈ ਪਰ ਇਸ ਲੰਬੇ ਰਾਜਕਾਲ ਨੂੰ ਸਮਝਣ ਲਈ ਪੰਜਾਬ ਵਰਗੇ ਸੂਬੇ ਨੂੰ ਵਿਸ਼ੇਸ਼ ਤੌਰ 'ਤੇ ਵੇਖਣਾ ਜ਼ਰੂਰੀ ਹੈ, ਜਿੱਥੇ ਭਾਜਪਾ ਦੀ ਸਿੱਧੀ ਸੱਤਾ ਨਹੀਂ ਰਹੀ ਪਰ ਕੇਂਦਰੀ ਨੀਤੀਆਂ ਅਤੇ ਰਾਜਨੀਤਿਕ ਉਪਰਾਲਿਆਂ ਨੇ ਡੂੰਘਾ ਅਸਰ ਪਾਇਆ ਹੈ। ਅੱਜ ਪੰਜਾਬ ਦੇ ਮੁੱਖ ਮਸਲੇ ਜਿਵੇਂ ਨਸ਼ੇ, ਬੇਰੁਜ਼ਗਾਰੀ, ਕਿਸਾਨੀ ਸੰਕਟ, ਆਰਥਿਕ ਵਿਕਾਸ ਅਤੇ ਸਿੱਖ ਭਾਈਚਾਰੇ ਨਾਲ ਸੰਬੰਧਾਂ ਨੂੰ ਧਿਆਨ ਵਿੱਚ ਰੱਖ ਕੇ ਮੋਦੀ ਸਰਕਾਰ ਅਤੇ ਭਾਜਪਾ ਨੇ ਵਿਸ਼ੇਸ਼ ਰਣਨੀਤੀ ਅਪਣਾਈ ਹੈ, ਖਾਸ ਕਰਕੇ 2027 ਵਿਧਾਨ ਸਭਾ ਚੋਣਾਂ ਨੂੰ ਮੱਦੇਨਜ਼ਰ ਰੱਖ ਕੇ ਪੰਜਾਬ ਦੇ ਮੁੱਖ ਮਸਲੇ ਅਤੇ ਕੇਂਦਰੀ ਨੀਤੀਆਂ ਦਾ ਅਸਰ ਪੰਜਾਬ ਵਿੱਚ ਸਭ ਤੋਂ ਵੱਡਾ ਮਸਲਾ ਨਸ਼ਿਆਂ ਦਾ ਹੈ। ਯੂਥ ਵਿੱਚ ਨਸ਼ੇ ਦੀ ਲਤ ਨੇ ਪੂਰੇ ਸੂਬੇ ਨੂੰ ਪ੍ਰਭਾਵਿਤ ਕੀਤਾ ਹੈ। ਮੋਦੀ ਸਰਕਾਰ ਨੇ ਨੈਸ਼ਨਲ ਐਕਸ਼ਨ ਪਲਾਨ ਫਾਰ ਡਰੱਗ ਡਿਮਾਂਡ ਰਿਡਕਸ਼ਨ (NAPDDR) ਅਤੇ ਨਸ਼ਾ ਮੁਕਤ ਭਾਰਤ ਅਭਿਆਨ ਚਲਾਏ ਹਨ, ਜਿਨ੍ਹਾਂ ਦਾ ਪੰਜਾਬ ਵਿੱਚ ਵੀ ਅਸਰ ਪਿਆ ਹੈ ਪਰ ਸੂਬੇ ਵਿੱਚ ਇਹ ਮਸਲਾ ਅਜੇ ਵੀ ਗੰਭੀਰ ਹੈ। ਭਾਜਪਾ ਨੇ ਇਸ ਨੂੰ ਰਾਜਨੀਤਿਕ ਮੁੱਦਾ ਬਣਾਇਆ ਹੈ।

ਯੂਨੀਅਨ ਬਜਟ 2026 ਵਿੱਚ ਪੰਜਾਬ ਨੂੰ ਕੰਪਲੀਟਲੀ ਇਗਨੋਰਡ ਕਰਨ ਦੇ ਦੋਸ਼ ਲੱਗੇ ਹਨ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਬਜਟ ਵਿੱਚ ਪੰਜਾਬ ਦਾ ਕੋਈ ਜ਼ਿਕਰ ਨਹੀਂ ਅਤੇ 12ਵੀਂ ਵਾਰ ਸੂਬੇ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ। ਇਸ ਨਾਲ ਭਾਜਪਾ 'ਤੇ ਦਬਾਅ ਵਧਿਆ ਹੈ। 2025-2026 ਵਿੱਚ ਪੰਜਾਬ ਲਈ ਮੋਦੀ ਅਤੇ ਭਾਜਪਾ ਦੇ ਵਿਸ਼ੇਸ਼ ਉਪਰਾਲੇ ਅਤੇ ਐਲਾਨ 2025 ਵਿੱਚ ਪੰਜਾਬ ਵਿੱਚ ਭਿਆਨਕ ਹੜ੍ਹ ਆਏ। ਸਤੰਬਰ 2025 ਵਿੱਚ ਪੀਐੱਮ ਮੋਦੀ ਨੇ ਗੁਰਦਾਸਪੁਰ ਦਾ ਦੌਰਾ ਕੀਤਾ, ਏਰੀਅਲ ਸਰਵੇ ਕੀਤਾ ਅਤੇ 1600 ਕਰੋੜ ਰੁਪਏ ਦੀ ਵਾਧੂ ਵਿੱਤੀ ਮਦਦ ਦਾ ਐਲਾਨ ਕੀਤਾ (12,000 ਕਰੋੜ ਤੋਂ ਇਲਾਵਾ)। ਇਸ ਵਿੱਚ ਪੀਐੱਮ ਆਵਾਸ ਯੋਜਨਾ ਅਧੀਨ ਘਰਾਂ ਦੀ ਮੁੜ ਉਸਾਰੀ, ਨੈਸ਼ਨਲ ਹਾਈਵੇਜ਼ ਦੀ ਮੁੜ ਬਣਤਰ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਲਈ 2 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਸ਼ਾਮਲ ਸੀ। ਭਾਜਪਾ ਨੇ 25 ਮੰਤਰੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਭੇਜਿਆ ਅਤੇ ਰਾਸ਼ਨ ਬੈਗਾਂ 'ਤੇ ਮੋਦੀ ਦੀ ਤਸਵੀਰ ਲਗਾ ਕੇ ਰਾਹਤ ਸਮੱਗਰੀ ਵੰਡੀ, ਜਿਸ ਨੂੰ 2027 ਚੋਣਾਂ ਲਈ ਰਾਜਨੀਤਿਕ ਲਾਭ ਲਈ ਵਰਤਿਆ ਗਿਆ।

ਪਿਛਲੇ ਫਰਵਰੀ 2026 ਵਿੱਚ ਸੰਤ ਗੁਰੂ ਰਵਿਦਾਸ ਜੀ ਦੇ 649ਵੇਂ ਜਨਮ ਦਿਵਸ 'ਤੇ ਮੋਦੀ ਨੇ ਪੰਜਾਬ ਦਾ ਦੌਰਾ ਕੀਤਾ। ਅਨੰਦਪੁਰ ਏਅਰਪੋਰਟ ਦਾ ਨਾਂ 'ਸ੍ਰੀ ਗੁਰੂ ਰਵਿਦਾਸ ਜੀ ਏਅਰਪੋਰਟ, ਅਨੰਦਪੁਰ' ਰੱਖਿਆ ਅਤੇ ਹਲਵਾਰਾ ਏਅਰਪੋਰਟ ਦੇ ਨਵੇਂ ਟਰਮੀਨਲ ਦਾ ਉਦਘਾਟਨ ਕੀਤਾ। ਇਹ ਰਵਿਦਾਸੀਆ ਭਾਈਚਾਰੇ (ਡਲਿਟ ਵੋਟ ਬੈਂਕ) ਨੂੰ ਸੰਬੋਧਨ ਸੀ। ਡੇਰਾ ਸੱਚਖੰਡ ਬੱਲਾਂ ਵਿੱਚ ਲੰਗਰ ਛੱਕਿਆ ਅਤੇ 'ਵਿਕਸਿਤ ਭਾਰਤ' ਨੂੰ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨਾਲ ਜੋੜਿਆ। ਇਹ ਭਾਜਪਾ ਦੀ ਡਲਿਟ ਅਤੇ ਸਿੱਖ ਵੋਟਰਾਂ ਨੂੰ ਜੋੜਨ ਵਾਲੀ ਰਣਨੀਤੀ ਹੈ ਭਾਜਪਾ ਨੇ 2027 ਚੋਣਾਂ ਲਈ ਸੋਲੋ ਲੜਨ ਦਾ ਐਲਾਨ ਕੀਤਾ ਹੈ। ਫਰਵਰੀ 2026 ਵਿੱਚ ਕਿਹਾ ਕਿ ਪਾਰਟੀ ਸਾਰੀਆਂ 117 ਸੀਟਾਂ 'ਤੇ ਆਪਣੇ ਦਮ 'ਤੇ ਲੜੇਗੀ। ਵੋਟ ਸ਼ੇਅਰ 2024 ਵਿੱਚ 18.5% ਤੱਕ ਵਧਿਆ ਹੈ। ਪਾਰਟੀ ਡਲਿਟ, ਓਬੀਸੀ (ਸੈਣੀ, ਗੁੱਜਰ), ਬਲਮੀਕੀ ਅਤੇ ਮਜ਼ਹਬੀ ਸਿੱਖਾਂ ਨੂੰ ਟਾਰਗੇਟ ਕਰ ਰਹੀ ਹੈ। ਕਰਤਾਰਪੁਰ ਕਾਰੀਡੋਰ, ਲੰਗਰ 'ਤੇ GST ਵੇਵਰ ਅਤੇ 1984 ਸਿੱਖ ਦੰਗਿਆਂ ਦੇ ਨਿਆਂ ਨੂੰ ਅੱਗੇ ਰੱਖ ਕੇ ਸਿੱਖ ਵੋਟਰਾਂ ਨੂੰ ਜੋੜਨ ਦੀ ਕੋਸ਼ਿਸ਼ ਹੈ।

ਅੱਜ ਉਦਯੋਗ ਅਤੇ ਵਿਕਾਸ ਲਈ ਭਾਜਪਾ ਨੇ ਪੰਜਾਬ ਨੂੰ ਹਰਿਆਣਾ ਮਾਡਲ 'ਤੇ ਵਿਕਸਤ ਕਰਨ ਦਾ ਵਾਅਦਾ ਕੀਤਾ ਹੈ। ਉਦਯੋਗਿਕ ਹੱਬ ਬਣਾਉਣ ਅਤੇ ਰੁਜ਼ਗਾਰ ਵਧਾਉਣ 'ਤੇ ਜ਼ੋਰ ਹੈ। ਨਸ਼ੇ ਵਿਰੁੱਧ ਮੁਹਿੰਮ ਨੂੰ ਮੁੱਖ ਅਜੰਡਾ ਬਣਾਇਆ ਗਿਆ ਹੈ। ਭਵਿੱਖ ਵਿੱਚ ਪੰਜਾਬ ਲਈ ਭਾਜਪਾ ਦੀ ਰਣਨੀਤੀ ਅਤੇ ਚੁਣੌਤੀਆਂ 2027 ਵਿੱਚ ਭਾਜਪਾ ਨੂੰ ਆਪ, ਕਾਂਗਰਸ ਅਤੇ ਅਕਾਲੀ ਦਲ ਨਾਲ ਮੁਕਾਬਲਾ ਕਰਨਾ ਪਵੇਗਾ। ਪਾਰਟੀ ਨੇ ਆਪਣੀ ਸੰਗਠਨ ਨੂੰ ਮਜ਼ਬੂਤ ਕੀਤਾ ਹੈ ਅਤੇ ਗਠਜੋੜ ਤੋਂ ਬਿਨਾਂ ਲੜਨ ਦਾ ਫੈਸਲਾ ਕੀਤਾ ਹੈ। ਪਰ ਚੁਣੌਤੀਆਂ ਵੀ ਹਨ -ਕਿਸਾਨ ਅੰਦੋਲਨ ਦੀ ਯਾਦ, ਬਕਾਏ ਫੰਡਾਂ ਦੇ ਮੁੱਦੇ ਅਤੇ ਸਥਾਨਕ ਭਾਵਨਾਵਾਂ। ਜੇਕਰ ਭਾਜਪਾ ਨਸ਼ੇ, ਰੁਜ਼ਗਾਰ ਅਤੇ ਵਿਕਾਸ ਨੂੰ ਅਸਲੀ ਤੌਰ 'ਤੇ ਹੱਲ ਕਰ ਸਕੀ ਤਾਂ ਪੰਜਾਬ ਵਿੱਚ ਆਪਣੀ ਪਕੜ ਮਜ਼ਬੂਤ ਕਰ ਸਕਦੀ ਹੈ। ਮੋਦੀ ਦਾ ਲੰਬਾ ਰਾਜਕਾਲ ਭਾਰਤ ਲਈ ਵਿਕਾਸ ਦੀ ਕਹਾਣੀ ਹੈ ਅਤੇ ਪੰਜਾਬ ਲਈ ਇਹ ਨਵੇਂ ਮੌਕੇ ਲਿਆ ਰਿਹਾ ਹੈ।

ਭਵਿੱਖ ਵਿੱਚ ਵਿਕਸਿਤ ਭਾਰਤ ਦੇ ਸੁਪਨੇ ਵਿੱਚ ਪੰਜਾਬ ਵੀ ਅਹਿਮ ਭੂਮਿਕਾ ਨਿਭਾਏਗਾ। ਅੱਜ ਕਰਤਾਰਪੁਰ ਸਾਹਿਬ ਕਾਰੀਡੋਰ ਨੇ ਸਿੱਖ ਭਾਈਚਾਰੇ ਨਾਲ ਸੰਬੰਧ ਮਜ਼ਬੂਤ ਕੀਤੇ। ਪਰ ਚੁਣੌਤੀਆਂ ਵੀ ਬਹੁਤ ਹਨ - ਨਸ਼ਿਆਂ ਦੀ ਵੱਡੀ ਸਮੱਸਿਆ, ਬੇਰੁਜ਼ਗਾਰੀ, ਕਿਸਾਨਾਂ ਦੀ ਘੱਟ ਆਮਦਨ, ਯੂਥ ਮਾਈਗ੍ਰੇਸ਼ਨ ਅਤੇ ਖੇਤੀ ਸੰਕਟ। ਮੋਦੀ ਦੇ ਲੰਬੇ ਰਾਜਕਾਲ ਨਾਲ ਭਾਜਪਾ ਨੂੰ ਪੰਜਾਬ ਵਿੱਚ ਆਪਣੀ ਪਕੜ ਮਜ਼ਬੂਤ ਕਰਨ ਦਾ ਮੌਕਾ ਮਿਲ ਸਕਦਾ ਹੈ, ਖਾਸ ਕਰਕੇ ਜੇ ਵਿਕਾਸ ਨੂੰ ਸਥਾਨਕ ਮੁੱਦਿਆਂ ਨਾਲ ਜੋੜਿਆ ਜਾਵੇ ਅਤੇ ਨਸ਼ੇ ਵਿਰੋਧੀ ਮੁਹਿੰਮ ਨੂੰ ਤੇਜ਼ ਕੀਤਾ ਜਾਵੇ। ਆਉਣ ਵਾਲੇ ਦਿਨਾਂ ਵਿੱਚ ਮੋਦੀ ਦਾ ਰੋਲ ਕੀ ਰਹੇਗਾ? ਤੀਜਾ ਕਾਰਜਕਾਲ ਗਠਜੋੜ ਵਾਲਾ ਹੈ, ਜਿਸ ਨਾਲ ਟੀਡੀਪੀ, ਜੇਡੀਯੂ ਵਰਗੇ ਸਹਿਯੋਗੀਆਂ ਨਾਲ ਸੰਤੁਲਨ ਬਣਾਉਣਾ ਪਵੇਗਾ। ਵਿਕਸਿਤ ਭਾਰਤ 02047 ਦਾ ਟੀਚਾ ਅੱਗੇ ਵਧੇਗਾ - 8-9% ਆਰਥਿਕ ਵਾਧਾ, ਰੁਜ਼ਗਾਰ ਸਿਰਜਣਾ, ਗਰੀਬੀ ਖਤਮ ਕਰਨਾ ਅਤੇ ਟੈਕਨਾਲੋਜੀ ਵਿੱਚ ਅੱਗੇ ਵਧਣਾ।

ਅੱਜ ਵਿਦੇਸ਼ ਨੀਤੀ ਵਿੱਚ ਚੀਨ ਨਾਲ ਸਰਹੱਦੀ ਤਣਾਅ, ਰੂਸ-ਯੂਕਰੇਨ ਯੁੱਧ ਅਤੇ ਅਮਰੀਕਾ ਨਾਲ ਸੰਬੰਧ ਮਹੱਤਵਪੂਰਨ ਰਹਿਣਗੇ। ਘਰੇਲੂ ਤੌਰ 'ਤੇ ਵਨ ਨੇਸ਼ਨ ਵਨ ਇਲੈਕਸ਼ਨ, ਯੂਨੀਫਾਰਮ ਸਿਵਲ ਕੋਡ ਅਤੇ ਹੋਰ ਸੁਧਾਰ ਅੱਗੇ ਵਧ ਸਕਦੇ ਹਨ। ਚੁਣੌਤੀਆਂ ਵੀ ਘੱਟ ਨਹੀਂ- ਵਿਰੋਧੀ ਗਠਜੋੜ (ਇੰਡੀਆ ਅਲਾਇੰਸ) ਵਿੱਚ ਏਕਤਾ ਵਧ ਰਹੀ ਹੈ, ਮਹਿੰਗਾਈ, ਬੇਰੁਜ਼ਗਾਰੀ ਅਤੇ ਆਰਥਿਕ ਅਸਮਾਨਤਾ ਜਨਤਾ ਨੂੰ ਪ੍ਰਭਾਵਿਤ ਕਰ ਸਕਦੀ ਹੈ। ਪੰਜਾਬ ਵਿੱਚ ਕਿਸਾਨੀ ਅਤੇ ਨਸ਼ੇ ਵਰਗੇ ਮੁੱਦੇ ਨਜ਼ਰਅੰਦਾਜ਼ ਨਹੀਂ ਕੀਤੇ ਜਾ ਸਕਦੇ। ਹੁਣ ਜੇ ਮੋਦੀ ਇਨ੍ਹਾਂ ਨੂੰ ਹੱਲ ਕਰ ਸਕੇ ਤਾਂ ਉਨ੍ਹਾਂ ਦਾ ਰਾਜਕਾਲ ਹੋਰ ਲੰਬਾ ਅਤੇ ਪ੍ਰਭਾਵਸ਼ਾਲੀ ਹੋ ਸਕਦਾ ਹੈ। ਇਹ 8931 ਦਿਨ ਨਾ ਸਿਰਫ਼ ਵਿਅਕਤੀਗਤ ਸਫਲਤਾ ਹਨ, ਸਗੋਂ ਭਾਰਤੀ ਲੋਕਤੰਤਰ ਦੀ ਮਜ਼ਬੂਤੀ, ਲੋਕਾਂ ਦੇ ਵਿਸ਼ਵਾਸ ਅਤੇ ਨਿਰੰਤਰ ਨੇਤ੍ਰਤਵ ਦਾ ਪ੍ਰਤੀਬਿੰਬ ਵੀ ਹਨ। ਭਵਿੱਖ ਵਿੱਚ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਵਿੱਚ ਮੋਦੀ ਦੀ ਅਗਵਾਈ ਅਹਿਮ ਰਹੇਗੀ ਅਤੇ ਪੰਜਾਬ ਵਰਗੇ ਸੂਬੇ ਵੀ ਇਸ ਵਿਕਾਸ ਦੀਆਂ ਧਾਰਾਵਾਂ ਵਿੱਚ ਸ਼ਾਮਲ ਹੋਣਗੇ। ਇਹ ਯਾਤਰਾ ਅਜੇ ਖਤਮ ਨਹੀਂ ਹੋਈ - ਇਹ ਨਵੇਂ ਅਧਿਆਇਆਂ ਦੀ ਸ਼ੁਰੂਆਤ ਹੈ।

# ਸ਼ਹੀਦਾਂ ਦਾ ਕਰਜ਼ ਦੇਸ਼ ਦਾ ਕੋਈ ਨਾਗਰਿਕ ਨਹੀਂ ਉਤਾਰ ਸਕਦਾ



ਮਦਨ ਲਾਲ ਤਿਵਾੜੀ
ਸਟਾਫ ਰਿਪੋਰਟਰ

ਸ਼ਹੀਦ ਭਗਤ ਸਿੰਘ ਇੱਕ ਇਸ ਤਰ੍ਹਾਂ ਦੀ ਸ਼ਖ਼ਸੀਅਤ ਸੀ, ਜਿਨ੍ਹਾਂ ਦਾ ਉਧਾਰ ਦੇਸ਼ ਦਾ ਕੋਈ ਨਾਗਰਿਕ ਨਹੀਂ ਉਤਾਰ ਸਕਦਾ। ਉਨ੍ਹਾਂ ਨੇ ਆਪਾ ਵਾਰ ਕੇ ਦੇਸ਼ ਦੀ ਆਜ਼ਾਦੀ ਲਈ ਇੱਕ ਇਸ ਤਰ੍ਹਾਂ ਦੀ ਮਿਸਾਲ ਕਾਇਮ ਕੀਤੀ ਜੋ ਸਦੀਆਂ ਤੱਕ ਯਾਦ ਕੀਤੀ ਜਾਂਦੀ ਰਹੇਗੀ। ਕੁਰਬਾਨੀ ਦੇਣ ਤੋਂ ਪਹਿਲਾਂ ਇਸ ਵਿੱਚ ਕੋਈ ਸ਼ੱਕ ਨਹੀਂ, ਉਨ੍ਹਾਂ ਦੇ ਮਨ ਵਿੱਚ ਇਹ ਗੱਲ ਜ਼ਰੂਰ ਹੋਵੇਗੀ ਕਿ ਭਾਵੇਂ ਉਹ ਰਹਿਣ ਜਾਂ ਨਾ ਰਹਿਣ ਪਰ ਦੇਸ਼ ਵਾਸੀ ਆਜ਼ਾਦੀ ਦੀ ਖੁੱਲ੍ਹੀ ਫਿਜ਼ਾ ਵਿੱਚ ਸਾਹ ਲੈਣ। ਉਨ੍ਹਾਂ ਨੇ ਇਹ ਸੁਪਨੇ ਸੰਜੋਏ ਹੋਣਗੇ ਕਿ ਉਨ੍ਹਾਂ ਦੇ ਦੇਸ਼ ਵਿੱਚ ਅਨਪੜ੍ਹਤਾ ਨਾ ਰਹੇ, ਕਿਸਾਨ, ਮਜ਼ਦੂਰ, ਕਰਮਚਾਰੀ ਆਦਿ ਦੇਸ਼ ਦਾ ਕੋਈ ਜੀਵ ਦੁਖੀ ਨਾ ਰਹੇ ਅਤੇ ਦੇਸ਼ ਵਧੇ ਫੁਲੇ ਅਤੇ ਦੇਸ਼ ਇੰਨੀ ਤਰੱਕੀ ਕਰੇ ਕਿ ਕੋਈ ਆਦਮੀ ਭੁੱਖਾ ਨਾ ਰਹੇ। ਜਦੋਂ ਵੀ 23 ਮਾਰਚ ਆਉਂਦੀ ਹੈ, ਅਸੀਂ ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਪ੍ਰਣ ਕਰਦੇ ਹਾਂ ਅਤੇ ਦੇਸ਼ ਦੇ ਵੱਡੇ-ਵੱਡੇ ਨੇਤਾ ਇਸ ਮੌਕੇ 'ਤੇ ਵੱਡੇ-ਵੱਡੇ ਨਾਅਰੇ ਮਾਰਦੇ ਹਨ ਅਤੇ ਸ੍ਰ. ਭਗਤ ਸਿੰਘ ਦੇ ਪੂਰਨਿਆਂ 'ਤੇ ਚੱਲਣ ਦੀ ਸਹੁੰ ਖਾਂਦੇ ਹਨ। ਪਰ ਕੀ ਦੇਸ਼ ਸੱਚਮੁੱਚ ਹੀ ਭਗਤ ਸਿੰਘ ਦੇ ਸੁਪਨਿਆਂ ਅਨੁਸਾਰ ਚੱਲ ਰਿਹਾ ਹੈ? ਨਹੀਂ, ਬਿਲਕੁਲ ਨਹੀਂ। ਦੇਸ਼ ਵਿੱਚ ਗਰੀਬੀ ਜਿਉਂ ਦੀ ਤਿਉਂ ਹੈ, ਭੁੱਖਮਰੀ ਉਸੇ ਤਰ੍ਹਾਂ ਮੂੰਹ ਅੱਡੀ ਖੜ੍ਹੀ ਹੈ। ਅਨਪੜ੍ਹਤਾ ਉਸੇ ਤਰ੍ਹਾਂ ਵਿਆਪਕ ਹੈ ਅਤੇ ਅਨੇਕਾਂ ਸਮੱਸਿਆਵਾਂ ਉਸੇ ਤਰ੍ਹਾਂ ਚੱਲ ਰਹੀਆਂ ਹਨ, ਜਿਸ ਤਰ੍ਹਾਂ ਅੱਜ ਤੋਂ 75 ਸਾਲ ਪਹਿਲਾਂ ਸਨ। ਜੇ ਅੱਜ ਕੋਈ ਵਿਅਕਤੀ ਐਸ਼ ਕਰਦਾ ਹੈ ਤਾਂ ਉਹ ਸਿਆਸਤਦਾਨ, ਵਪਾਰੀ, ਟਰਾਂਸਪੋਰਟਰ ਅਤੇ ਲੈਂਡ ਲਾਰਡ ਹੈ। ਅੱਜ ਦਾ ਸਿਆਸਤਦਾਨ ਉਹ ਗਲਤ ਕੰਮ ਕਰ ਰਿਹਾ ਹੈ, ਜਿਨ੍ਹਾਂ ਬਾਰੇ ਆਮ ਨਾਗਰਿਕ ਨੇ ਸੋਚਿਆ ਤੱਕ ਨਹੀਂ ਸੀ। ਸਰਦਾਰ ਭਗਤ ਸਿੰਘ ਦੇ ਸਮਕਾਲੀ ਆਗੂਆਂ ਵੱਲੋਂ ਗਠਿਤ ਕੀਤੀ ਗਈ ਕਾਂਗਰਸ ਪਾਰਟੀ ਨੇ ਇੱਕ ਲੰਮੇ ਸਮੇਂ ਤੱਕ ਰਾਜ ਕੀਤਾ ਅਤੇ ਉਸ ਪਾਰਟੀ ਵਿੱਚ ਦੇਸ਼ ਭਗਤੀ ਦੀ ਭਾਵਨਾ ਰੱਖਣ ਵਾਲਿਆਂ ਦੀ ਥਾਂ ਪੈਸਾ ਕਮਾਉਣ ਵਾਲੇ ਲੈਂਡ ਲਾਰਡ, ਟਰਾਂਸਪੋਰਟਰ ਤੇ ਵਪਾਰੀ ਆ ਗਏ। ਜਿਹਨਾਂ ਵਜੋਂ ਦੇਸ਼ ਦੀਆਂ ਜੜ੍ਹਾਂ ਵਿੱਚ ਤੇਲ ਪਾ ਦਿੱਤਾ ਅਤੇ ਭ੍ਰਿਸ਼ਟਾਚਾਰ ਸਾਰੀਆਂ ਸਮੱਸਿਆਵਾਂ ਨਾਲੋਂ ਵੱਡੀ ਸਮੱਸਿਆ ਬਣ ਗਿਆ। ਅੱਜ ਵੱਡੇ-ਵੱਡੇ ਆਗੂ ਭ੍ਰਿਸ਼ਟਾਚਾਰ, ਧੋਖਾਦੇਹੀ, ਰਿਸ਼ਵਤਖੋਰੀ ਆਦਿ ਦੇ ਮਾਮਲਿਆਂ ਵਿੱਚ ਫਸੇ ਹੋਏ ਹਨ।

ਸਿਰਫ ਕਾਂਗਰਸ ਹੀ ਨਹੀਂ ਦੂਜੀਆਂ ਪਾਰਟੀਆਂ ਦਾ ਵੀ ਇਹ ਹੀ ਹਾਲ ਹੈ। ਫਰਕ ਕੇਵਲ ਇੰਨਾ ਹੀ ਹੈ ਕਿ ਉਨ੍ਹਾਂ ਨੂੰ ਜਾਂ ਤਾਂ ਰਾਜ ਕਰਨ ਦਾ ਸਮਾਂ ਘੱਟ ਮਿਲਿਆ ਹੈ ਜਾਂ ਫਿਰ ਭ੍ਰਿਸ਼ਟ ਕੰਮ ਕਰਨ ਦਾ ਮੌਕਾ ਨਹੀਂ ਮਿਲਿਆ। ਅੱਜ ਸਰਦਾਰ ਭਗਤ ਸਿੰਘ ਦੇ ਦੇਸ਼ ਵਿੱਚ ਧਰਮ ਦੇ ਨਾਂ 'ਤੇ ਇੱਕ ਦੂਜੇ ਨਾਲ ਲੜਾਇਆ ਜਾ ਰਿਹਾ ਹੈ। ਕੁਲ ਮਿਲਾ ਕੇ ਦੇਸ਼ ਦੀ ਹਾਲਤ ਨਿਘਰਦੀ ਜਾ ਰਹੀ ਹੈ । ਇਥੋਂ ਤੱਕ ਕਿ ਨਿਆਂਪਾਲਿਕਾ ਨੂੰ ਵੀ ਭ੍ਰਿਸ਼ਟਾਚਾਰ ਨੇ ਛੂਹ ਲਿਆ ਹੈ ਪਰ ਫਿਰ ਵੀ ਨਿਆਂਪਾਲਿਕਾ 'ਤੇ ਲੋਕਾਂ ਨੂੰ ਬਹੁਤ ਭਰੋਸਾ ਹੈ ਜਿਹੜਾ ਕੰਮ ਲੋਕ ਸਭਾ, ਵਿਧਾਨ ਸਭਾ, ਰਾਜ ਸਭਾ ਲੋਕ ਹਿੱਤ ਲਈ ਨਹੀਂ ਕਰ ਸਕਦੀ, ਉਹ ਨਿਆਂਪਾਲਿਕਾ ਲੋਕਾਂ ਨੂੰ ਇਨਸਾਫ ਦੇਣ ਲਈ ਕਰ ਰਹੀ ਹੈ। ਵੱਡੇ-ਵੱਡੇ ਆਗੂਆਂ ਨੂੰ ਕਾਨੂੰਨੀ ਸ਼ਿਕੰਜੇ ਵਿੱਚ ਜਕੜ ਰਹੀ ਹੈ। ਪਰ ਇਸ ਤੋਂ ਇਲਾਵਾ ਹੋਰ ਵੀ ਮਸਲੇ ਹਨ ਜਿਨ੍ਹਾਂ ਦਾ ਹੱਲ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦਾ ਹੱਲ ਤਾਂ ਹੀ ਸੰਭਵ ਹੈ ਜੇ ਸ੍ਰ. ਭਗਤ ਸਿੰਘ ਦੇ ਦਾਰਸ਼ਨਿਕ ਵਿਚਾਰਾਂ 'ਤੇ ਚਲਿਆ ਜਾਵੇ। ਉਨ੍ਹਾਂ ਨੇ ਵਿਚਾਰਾਂ ਦੀ ਲੋਅ ਵਿੱਚ ਭਾਰਤੀ ਸਮਾਜ ਦੇ ਵਿਆਪਕ ਰੂਪਾਂਤਰ ਦੀ ਦਿਸ਼ਾ ਵਿੱਚ ਸੋਚਣ, ਕਾਰਜ ਯੋਜਨਾ ਬਣਾਉਣ ਅਤੇ ਉਸ ਕਾਰਜ ਯੋਜਨਾ ਨੂੰ ਵਿਵਹਾਰਕ ਰੂਪ ਦੇਣ ਦੀ ਦਿਸ਼ਾ ਵੱਲ ਕਦਮ ਵਧਾਉਂਦੇ ਹੋਏ ਭਾਰਤ ਦੀਆਂ ਸਾਰੀਆਂ ਭਾਸ਼ਾਵਾਂ ਵਿੱਚ ਸ੍ਰ. ਭਗਤ ਸਿੰਘ ਦੀਆਂ ਲਿਖਤਾਂ, ਉਸ ਦੀ ਜੇਲ੍ਹ ਨੋਟ ਬੁੱਕ ਹਾਸਲ ਹੋਵੇ ਜੋ ਹਾਲੀ ਤੱਕ ਕੁਝ ਹੀ ਭਾਸ਼ਾਵਾਂ ਵਿੱਚ ਮਿਲਦੀਆਂ ਹਨ। ਹੁਣ ਕਿਤੇ ਪੰਜਾਬ ਸਰਕਾਰ ਨੇ ਜੇਲ੍ਹ ਨੋਟ ਬੁੱਕ ਛਾਪੀ ਹੈ, ਪਰ ਅਜੇ ਮਾਰਕਿਟ ਵਿਚ ਨਹੀਂ ਆਈ ਉਸ ਨੂੰ ਸਕੂਲ ਦੇ ਸਲੇਬਸ ਵਿਚ ਰੱਖਣਾ ਚਾਹੀਦਾ ਹੈ। ਇਹ ਜੋ ਮਸਲੇ ਇਸ ਧਰਤੀ, ਸਾਰੇ ਸੰਸਾਰ ਵਿੱਚ ਹਨ, ਉਨ੍ਹਾਂ ਦਾ ਹੱਲ ਕੇਵਲ ਸ਼ਹੀਦੇ ਆਜ਼ਮ ਭਗਤ ਸਿੰਘ ਵੱਲੋਂ ਦਿਖਾਏ ਰਸਤੇ 'ਤੇ ਚਲ ਕੇ ਹੀ ਹੋ ਸਕਦਾ ਹੈ ਕਿਉਂਕਿ ਉਹ ਜਾਤ-ਪਾਤ, ਵਰਗ, ਆਦਿ ਫਰਕਾਂ ਤੋਂ ਉਪਰ ਸੀ। ਇਸ ਸਮੇਂ ਭਾਰਤ ਨੂੰ ਅਮਰ ਸ਼ਹੀਦ ਭਗਤ ਸਿੰਘ ਵਰਗਿਆਂ ਦੀ ਬਹੁਤ ਲੋੜ ਹੈ, ਉਹ ਜਨਮ ਲੈਣ ਤੇ ਭਾਰਤ ਨੂੰ ਲਗੀਆਂ ਗੰਦੀਆਂ ਬਿਮਾਰੀਆਂ ਤੋਂ ਨਿਜ਼ਾਤ ਦਿਵਾ ਕੇ ਇਸ ਨੂੰ ਸਵਰਗ ਬਣਾਉਣ। ਅਬਾਦੀ ਵਿੱਚ ਵਾਧਾ, ਭ੍ਰਿਸ਼ਟਾਚਾਰ 'ਚ ਪੂੰਜੀ ਉਪਾਸਨਾ, ਜਾਤ-ਪਾਤ, ਰਾਖਵਾਂਪਣ, ਮਜ਼੍ਹਬ ਪ੍ਰਸਤੀ, ਦੇਸ਼ ਧਰੋਹੀ ਆਦਿ ਮਸਲੇ ਸ਼ਹੀਦੇ ਆਜ਼ਮ ਭਗਤ ਸਿੰਘ ਅਤੇ ਅਮਰ ਸ਼ਹੀਦਾਂ ਦੀ ਪ੍ਰੇਰਨਾ ਤੋਂ ਦੇਸ਼ ਭਗਤੀ ਪੈਦਾ ਕਰਕੇ ਹੀ ਹੱਲ ਹੋ ਸਕਦੇ ਹਨ। ਸੱਚੀ ਸ਼ਰਧਾਂਜਲੀ ਅਮਰ ਸ਼ਹੀਦਾਂ ਨੂੰ ਭੇਟ ਕਰਨ ਦਾ ਕੇਵਲ ਇਕ ਤਰੀਕਾ ਹੈ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ। ਦੇਸ਼ ਪਹਿਲਾਂ ਬਾਕੀ ਸਭ ਕੁਝ ਬਾਅਦ ਵਿਚ ਹੋਣਾ ਚਾਹੀਦਾ ਹੈ।

ਲਾਮਿਸਾਲ ਕੁਰਬਾਨੀਆਂ ਦੇਣ ਵਾਲੇ ਸ਼ਹੀਦੇ-ਆਜ਼ਮ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੀਆਂ ਸ਼ਹੀਦੀਆਂ ਦੀ ਅਸਲ ਵਿੱਚ ਸਰਕਾਰ ਕਦਰ ਕਰਦੀ ਹੈ? ਜ਼ਰਾ ਅੰਦਾਜ਼ਾ ਲਗਾਓ। 1) 23 ਮਾਰਚ ਦੀ ਛੁੱਟੀ ਰਾਸ਼ਟਰ ਪੱਧਰ 'ਤੇ ਨਹੀਂ ਸੂਬਾ ਪੱਧਰ 'ਤੇ ਹੀ ਹੋਈ ਹੈ। 2) ਸਕੂਲਾਂ ਤੇ ਕਾਲਜਾਂ ਦੇ ਸਿਲੇਬਸਾਂ ਵਿਚ ਇਨ੍ਹਾਂ ਸ਼ਹੀਦਾਂ ਦਾ ਨਾਂ ਨਹੀਂ ਹੈ? 3) ਸਾਰੇ ਬਾਰਡਰ ਖੋਲ੍ਹ ਦਿੱਤੇ ਗਏ, ਹੁਸੈਨੀਵਾਲਾ ਬਾਰਡਰ ਇਸ ਕਰਕੇ ਨਹੀਂ ਖੋਲ੍ਹਿਆ ਗਿਆ ਕਿਉਂਕਿ ਇਸ ਧਰਤੀ 'ਤੇ ਸ਼ਹੀਦਾਂ ਦਾ ਸਸਕਾਰ ਕੀਤਾ ਗਿਆ। 5) ਪੰਜਾਬ ਵਿਚ ਖਾਸ ਤੌਰ 'ਤੇ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਨਾਂ 'ਤੇ ਪਾਰਕ ਅਤੇ ਚੌਕ ਦੀ ਭੈੜੀ ਹਾਲਤ ਤੋਂ ਸ਼ਹੀਦਾਂ ਦੀ ਕਦਰ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਇਨ੍ਹਾਂ ਸ਼ਹੀਦਾਂ ਦੇ ਨਾਂ 'ਤੇ ਕਿਸੇ ਵੀ ਚੀਜ਼ ਦਾ ਨਿਰਮਾਣ ਹੋਵੇ, ਉਸ ਨੂੰ ਠੀਕ ਤਰੀਕੇ ਨਾਲ ਕਰਕੇ ਉਸਦੀ ਰੱਖਿਆ ਕਰਨੀ ਚਾਹੀਦੀ ਹੈ ਤਾਂ ਹੀ ਉਨ੍ਹਾਂ ਦੀ ਕਦਰ ਹੋ ਸਕਦੀ ਹੈ। ਮਹਿੰਗਾਈ ਪਹਿਲਾਂ ਨਾਲੋਂ 100 ਗੁਣਾਂ ਹੈ ਉਸ 'ਤੇ ਕਾਬੂ ਪਾਇਆ ਜਾਵੇ ਨਹੀਂ ਤਾਂ ਤਕੜੀ ਕਰਾਂਤੀ ਆਏਗੀ ਅਤੇ ਲੋਕ ਹਿੰਸਾ 'ਤੇ ਉਤਰ ਆਉਣਗੇ।

ਸ਼ਹੀਦਾਂ ਦੀ ਇਹ ਪੁਕਾਰ, ਕਰੋ ਫਿਰੋਜ਼ਪੁਰ ਦਾ ਸੁਧਾਰ। ਇਸ ਵਿੱਚ ਕੋਈ ਸ਼ੱਕ ਨਹੀਂ ਕਿ 23 ਮਾਰਚ ਦੇ ਸ਼ੁੱਭ ਦਿਹਾੜੇ 'ਤੇ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਆਗੂ ਹੁਸੈਨੀਵਾਲ ਬਾਰਡਰ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਆਉਂਦੇ ਹਨ ਅਤੇ ਉਸ ਮੌਕੇ 'ਤੇ ਫਿਰੋਜ਼ਪੁਰ ਦੇ ਸੁਧਾਰ ਸਮਾਧੀਆਂ ਦੇ ਸੁਧਾਰ ਅਤੇ ਹੁਸੈਨੀਵਾਲਾ ਬਾਰਡਰ ਖੁਲ੍ਹਵਾਉਣ ਲਈ ਤਕੜੇ ਐਲਾਨ ਕਰ ਜਾਂਦੇ ਹਨ ਪਰ ਬਾਅਦ ਵਿੱਚ ਭੁੱਲ ਜਾਂਦੇ ਹਨ, ਜਿਸ ਨਾਲ ਇੱਥੋਂ ਦੇ ਲੋਕਾਂ ਦਾ ਵਿਸ਼ਵਾਸ਼ ਰਾਜਨੀਤਕ ਲੋਕਾਂ ਤੋਂ ਉੱਠ ਚੁੱਕਾ ਹੈ। ਸ਼ਹੀਦਾਂ ਦੀਆਂ ਸਮਾਧੀਆਂ ਦੇ ਸੁਧਾਰ ਲਈ ਸਰਦਾਰ ਪ੍ਰਕਾਸ਼ ਸਿੰਘ ਬਾਦਲ ਸਾਬਕਾ ਮੁੱਖ ਮੰਤਰੀ ਪੰਜਾਬ ਨੇ ਆਪਣੇ ਪਿਛਲੇ ਕਾਰਜਕਾਲ ਸਮੇਂ ਕੁਝ ਕੰਮ ਕੀਤੇ ਜਿਹਨਾਂ ਨੂੰ ਕੈਪਟਨ ਅਮਰਿੰਦਰ ਸਿੰਘ ਦੇ ਰਾਜ ਵਿੱਚ ਪੂਰਾ ਕੀਤਾ ਗਿਆ, ਜਿਵੇਂ ਕਿ ਸ਼ਾਨੇ-ਹਿੰਦ ਗੇਟ ਜੋ 56 ਫੁੱਟ ਉੱਚਾ ਅਤੇ 82 ਫੁੱਟ ਚੌੜਾ ਹੈ ਅਤੇ ਇਸ 'ਤੇ 86 ਲੱਖ ਰੁਪਏ ਖਰਚ ਆਏ ਹਨ ਦਾ ਨੀਂਹ ਪੱਥਰ ਸ: ਪ੍ਰਕਾਸ਼ ਸਿੰਘ ਬਾਦਲ ਸਮੇਂ ਉਸ ਸਮੇਂ ਦੇ ਡੀ.ਸੀ. ਸ. ਕੁਲਬੀਰ ਸਿੰਘ ਸਿੱਧੂ ਦੇ ਯਤਨਾਂ ਨਾਲ ਰੱਖਿਆ ਗਿਆ। ਕੈਪਟਨ ਦੇ ਸਮੇਂ ਵਿੱਚ ਸਮਾਧੀਆਂ ਦੇ ਆਲੇ-ਦੁਆਲੇ ਨੂੰ ਸੁੰਦਰ ਬਣਾਉਣ ਲਈ ਪੂਰਾ ਯਤਨ ਕੀਤਾ ਗਿਆ ਅਤੇ ਤਿੰਨਾਂ ਸ਼ਹੀਦਾਂ ਦੇ ਨਵੇਂ ਬੁੱਤ ਵੀ ਲਗਾਏ ਗਏ, ਜਿਨ੍ਹਾਂ ਦੀ ਨਕਾਬਪੋਸ਼ੀ 23 ਮਾਰਚ 2005 ਨੂੰ ਕੀਤੀ ਇਹਨਾਂ ਸਮਾਧੀਆਂ 'ਤੇ ਭਾਰਤ ਦੇ ਧਾਰਮਿਕ ਆਗੂ ਅਤੇ ਸੰਤ ਮੁਰਾਰੀ ਬਾਪੂ ਨੇ ਇਹਨਾਂ ਸ਼ਹੀਦਾਂ ਨੂੰ ਰਾਮ ਕਥਾ ਰਾਹੀ ਸ਼ਰਧਾਂਜਲੀ ਭੇਟ ਕੀਤੀ ਅਤੇ ਦੱਸਿਆ ਕਿ ਜਿਵੇਂ ਜਟਾਯੂ ਨੇ ਮਾਤਾ ਜਾਨਕੀ ਲਈ ਕੁਰਬਾਨੀ ਦਿੱਤੀ ਅਤੇ ਉਵੇਂ ਹੀ ਸ਼ਹੀਦੇ ਆਜਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਧਰਤੀ ਮਾਤਾ ਲਈ ਕੁਰਬਾਨੀ ਦਿੱਤੀ, ਜਿਸਦੀ ਬੇਟੀ ਜਾਨਕੀ (ਸੀਤਾ ਮਾਤਾ) ਸੀ। ਇਸ ਰਾਮ ਕਥਾ ਦਾ ਲੋਕਾਂ ਨੇ ਬਹੁਤ ਸਤਿਕਾਰ ਕੀਤਾ ਅਤੇ ਜਾਂਦੇ ਹੋਏ ਮੁਰਾਰੀ ਬਾਪੂ ਕੁਝ ਕਰਾਂਤੀਕਾਰੀਆਂ ਨੂੰ ਵੀ ਮਿਲਕੇ ਗਏ। ਸਮਾਧੀਆਂ ਦੀ ਨੁਹਾਰ ਬਦਲਣ ਵਿੱਚ ਅਤੇ ਚੰਗਾ ਪਾਰਕ ਬਣਾਉਣ ਵਿੱਚ ਉਸ ਸਮੇਂ ਦੇ ਡੀ.ਸੀ. ਬੀ.ਸੀ. ਠਾਕੁਰ ਅਤੇ ਹਰਪ੍ਰੀਤ ਸਿੰਘ ਬਰਾੜ ਕਾਰਜਕਾਰੀ ਇੰਜਨੀਅਰ ਮੰਡੀ ਬੋਰਡ ਹੁਣ ਮੁੱਖ ਇੰਜੀਨੀਅਰ ਮੰਡੀ ਬੋਰਡ, ਪੰਜਾਬ ਦੀ ਬਹੁਤ ਚੰਗੀ ਭੂਮਿਕਾ ਸੀ। ਮੁਰਾਰੀ ਬਾਪੂ ਦੀ ਕਥਾ ਸੁਣਨ ਲਈ ਹੁਣ ਦੇ ਪ੍ਰਧਾਨ ਮੰਤਰੀ ਭਾਰਤ ਅਤੇ ਉਸ ਸਮੇਂ ਗੁਜਰਾਤ ਦੇ ਮੁੱਖ ਮੰਤਰੀ ਤੌਰ 'ਤੇ ਆਏ ਸਨ। ਪ੍ਰਧਾਨ ਮੰਤਰੀ ਜੀ ਨੂੰ ਚਾਹੀਦਾ ਹੈ ਕਿ ਉਹ ਫਿਰੋਜ਼ਪੁਰ ਦੇ ਵਿਕਾਸ ਲਈ ਨਿੱਜੀ ਰੁਚੀ ਲੈਣ ਨਰਿੰਦਰ ਮੋਦੀ। ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਅੱਗੇ ਲੋਕਾਂ ਦੀ ਮੰਗ ਹੈ ਕਿ ਇਸ ਵਾਰ 23 ਮਾਰਚ ਨੂੰ ਹੁਸੈਨੀਵਾਲਾ ਬਾਰਡਰ ਵਿਖੇ ਹੁਣ ਰਾਸ਼ਟਰ ਪੱਧਰ ਦੇ ਨੇਤਾ ਰਾਜ ਪੱਧਰੀ ਸਮਾਰੋਹ ਵਿੱਚ ਭਾਗ ਲੈਣ ਲਈ ਆ ਰਹੇ ਹਨ। ਉਹਨਾਂ ਅੱਗੇ ਲੋਕਾਂ ਦੀ ਮੰਗ ਹੈ ਕਿ 23 ਮਾਰਚ ਨੂੰ ਹੁਸੈਨੀਵਾਲਾ ਬਾਰਡਰ ਖੋਲ੍ਹਿਆ ਜਾਵੇ ਤਾਂ ਜੋ ਪਾਕਿਸਤਾਨੀ ਵਾਸੀ ਵੀ ਇਹਨਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰ ਸਕਣ ਕਿਉਂਕਿ ਉਹਨਾਂ ਨੇ ਅਖੰਡ ਭਾਰਤ ਲਈ ਆਪਣੀ ਕੁਰਬਾਨੀ ਦਿੱਤੀ ਸੀ ਅਤੇ ਨਾਲ-ਨਾਲ ਇਸ ਬਾਰਡਰ ਨੂੰ ਖੁਲ੍ਹਵਾਉਣ ਦੇ ਉਪਰਾਲੇ ਕੀਤੇ ਜਾਣ। ਦੂਸਰੀ ਮੰਗ ਹੈ ਕਿ ਫਿਰੋਜ਼ਪੁਰ ਵਿਖੇ ਕੋਈ ਤੱਕੜਾ ਕਾਰਖਾਨਾ ਲਾਇਆ ਜਾਵੇ ਤਾਂ ਜੋ ਇੱਥੋਂ ਦੇ ਬੇਰੋਜ਼ਗਾਰ ਲੋਕਾਂ ਨੂੰ ਰੋਜ਼ੀ-ਰੋਟੀ ਮਿਲ ਸਕੇ। ਇਸ ਤੋਂ ਇਲਾਵਾ ਜਿਵੇਂ ਕਿ ਫਿਰੋਜ਼ਪੁਰ ਦਾ ਹਰ ਪੱਖੋਂ ਮਾੜਾ ਹਾਲ ਹੈ, ਇਸਦੇ ਸੁਧਾਰ ਲਈ ਉਪਰਾਲੇ ਕੀਤੇ ਜਾਣ। ਫਿਰੋਜ਼ਪੁਰ ਦੀ ਜਨਤਾ ਅਜੇ ਵੀ ਨਿਰਾਸ਼ ਹੈ ਅਤੇ ਕੋਈ ਵੀ ਸੁਧਾਰ ਨਹੀਂ ਹੋਇਆ। ਸ਼ਹਿਰ ਅਤੇ ਬਾਰਡਰ ਦੇ ਇਲਾਕੇ ਦੇ ਵਿਕਾਸ ਲਈ ਕੋਈ ਪਹਿਲ ਦੇ ਆਧਾਰ 'ਤੇ ਕੋਈ ਯੋਜਨਾ ਨਹੀਂ ਹੋ ਸਕੀ। ਜ਼ਿਲ੍ਹਾ ਫਿਰੋਜ਼ਪੁਰ ਟਰੱਸਟਾਂ ਦੇ ਆਮਦਨ ਅਤੇ ਖਰਚਿਆਂ ਦੀ ਪੜਤਾਲ ਕਰਵਾਈ ਜਾਵੇ। ਹੁਣ ਦੇ ਕੇਂਦਰ ਸਰਕਾਰ ਦੇ ਬਜਟ ਨੇ ਆਮ ਅਤੇ ਗਰੀਬ ਵਰਗ ਨੂੰ ਇੰਨੀ ਮਹਿੰਗਾਈ 'ਚ ਧੱਕ ਦਿੱਤਾ ਹੈ ਕਿ ਜਿਉਣਾ ਮੁਸ਼ਕਲ ਹੋ ਗਿਆ ਹੈ। ਪੰਜਾਬ ਸਰਕਾਰ ਆਪਣੇ ਬਜਟ ਵਿਚ ਮਹਿੰਗਾਈ ਨੂੰ ਰੋਕਣ ਦਾ ਉਪਰਾਲਾ ਕਰੇ ਤਾਂ ਹੀ ਗਰੀਬ ਵਰਗ ਜੀਅ ਸਕਦਾ ਹੈ, ਮੁਲਾਜ਼ਮਾਂ ਨੂੰ ਬਣਦੇ ਹੱਕ ਦੇਵੇ। ਫਿਰੋਜ਼ਪੁਰ ਡੀ. ਸੀ.ਦੀਪਸ਼ਿਖਾ ਸ਼ਰਮਾ ਅਤੇ ਭੁਪਿੰਦਰ ਸਿੰਘ ਐਸ.ਐਸ.ਪੀ.ਮੁੱਖ ਸੇਵਕ ਜਨਤਾ ਦੇ ਸਾਫ਼ ਸੁਥਰਾ ਅਤੇ ਬੇਦਾਗ ਪ੍ਰਸ਼ਾਸਨ ਦੀ ਹਾਰਦਿਕ ਸ਼ਲਾਘਾ ਕਰਦਾ ਹੈ ਅਤੇ ਸ਼ਹੀਦਾਂ ਨੂੰ ਨਤਮਸਤਕ ਪ੍ਰਣਾਮ ਕਰਦਾ ਹੈ। ਤੂੜੀ ਬਾਜ਼ਾਰ ਫਿਰੋਜ਼ਪੁਰ ਸ਼ਹਿਰ ਵਿਖੇ ਜਿੱਥੇ ਸ਼ਹੀਦਾਂ ਦੀ ਰਿਹਾਇਸ਼ ਸੀ ਅਜੇ ਤੱਕ ਉਸ ਨੂੰ ਕੌਮੀ ਯਾਦਗਾਰ ਐਲਾਨਿਆ ਗਿਆ ਹੈ ਪਰ ਉਸ ਨੂੰ ਅਜੇ ਤੱਕ ਬਣਾਇਆ ਨਹੀਂ ਗਿਆ ।

# ਈਰਾਨ-ਇਜ਼ਰਾਈਲ ਟਕਰਾਅ ਵਿਸ਼ਵਵਿਆਪੀ ਮਹਿੰਗਾਈ ਦਾ ਉਠਦਾ ਤੂਫ਼ਾਨ ਅਤੇ ਭਾਰਤੀ ਆਰਥਿਕਤਾ ਦੀ ਮਜ਼ਬੂਤ ਘੇਰਾਬੰਦੀ



ਵਿੰਕਲਜੀਤ ਸਿੰਘ ਸਰਾ
9501477889

**ਵਿਸ਼ਵ ਸਿਆਸਤ ਦੀ ਬਾਰੂਦੀ ਸੇਜ ਅਤੇ ਦੁਸ਼ਮਣੀ ਦੇ ਬਦਲਦੇ ਇਤਿਹਾਸਕ ਆਯਾਮ :** ਈਰਾਨ ਅਤੇ ਇਜ਼ਰਾਈਲ ਦੇ ਸਬੰਧਾਂ ਦਾ ਇਤਿਹਾਸ ਬਹੁਤ ਹੀ ਗੁੰਝਲਦਾਰ ਅਤੇ ਪਰਿਵਰਤਨਸ਼ੀਲ ਰਿਹਾ ਹੈ ਜੋ ਅੱਜ ਦੇ ਦੌਰ ਵਿੱਚ ਵਿਸ਼ਵ ਸ਼ਾਂਤੀ ਲਈ ਸਭ ਤੋਂ ਵੱਡੀ ਚੁਣੌਤੀ ਬਣ ਕੇ ਉੱਭਰਿਆ ਹੈ। 1979 ਦੀ ਇਸਲਾਮੀ ਕ੍ਰਾਂਤੀ ਤੋਂ ਪਹਿਲਾਂ ਇਹਨਾਂ ਦੋਵਾਂ ਦੇਸ਼ਾਂ ਦੇ ਸਬੰਧ ਕਾਫ਼ੀ ਸੁਖਾਵੇਂ ਸਨ ਪਰ ਕ੍ਰਾਂਤੀ ਤੋਂ ਬਾਅਦ ਈਰਾਨ ਦੀ ਵਿਦੇਸ਼ ਨੀਤੀ ਵਿੱਚ ਆਏ ਮੂਲ ਪਰਿਵਰਤਨ ਨੇ ਇਜ਼ਰਾਈਲ ਨੂੰ ਆਪਣਾ ਸਭ ਤੋਂ ਵੱਡਾ ਦੁਸ਼ਮਣ ਐਲਾਨ ਦਿੱਤਾ। ਅੱਜ ਇਹ ਟਕਰਾਅ ਸਿਰਫ਼ ਸਿੱਧੀਆਂ ਫੌਜੀ ਕਾਰਵਾਈਆਂ ਤੱਕ ਸੀਮਿਤ ਨਹੀਂ ਹੈ ਸਗੋਂ ਇਹ 'ਪ੍ਰੌਕਸੀ ਵਾਰ' (Proxy War) ਦੇ ਰੂਪ ਵਿੱਚ ਪੂਰੇ ਮੱਧ-ਪੂਰਬ ਵਿੱਚ ਫੈਲ ਚੁੱਕਾ ਹੈ। ਇਜ਼ਰਾਈਲ ਦੀ ਬੇਮਿਸਾਲ ਤਕਨੀਕੀ ਮਾਰਕ ਸਮਰੱਥਾ ਅਤੇ ਈਰਾਨ ਦਾ ਖੇਤਰੀ ਗਠਜੋੜ ਇਸ ਖਿੱਤੇ ਨੂੰ ਇੱਕ ਅਜਿਹੇ ਮੋੜ 'ਤੇ ਲੈ ਆਏ ਹਨ, ਜਿੱਥੇ ਇੱਕ ਛੋਟੀ ਜਿਹੀ ਚੰਗਿਆੜੀ ਵੀ ਪੂਰੀ ਦੁਨੀਆ ਦੀ ਆਰਥਿਕਤਾ ਨੂੰ ਸੁਆਹ ਕਰਨ ਦੀ ਸਮਰੱਥਾ ਰੱਖਦੀ ਹੈ। ਇਹ ਦੁਸ਼ਮਣੀ ਹੁਣ ਸਿਰਫ ਜ਼ਮੀਨ ਦੀ ਲੜਾਈ ਨਹੀਂ ਰਹੀ ਸਗੋਂ ਇਹ ਵਿਚਾਰਧਾਰਾ, ਪਰਮਾਣੂ ਸ਼ਕਤੀ ਦੀ ਹੋੜ ਅਤੇ ਖੇਤਰੀ ਦਬਦਬਾ ਕਾਇਮ ਕਰਨ ਦੀ ਇੱਕ ਅਜਿਹੀ ਖੇਡ ਬਣ ਗਈ ਹੈ, ਜਿਸ ਵਿੱਚ ਵਿਸ਼ਵ ਦੀਆਂ ਮਹਾਂਸ਼ਕਤੀਆਂ ਜਿਵੇਂ ਅਮਰੀਕਾ ਅਤੇ ਰੂਸ ਵੀ ਸਿੱਧੇ ਜਾਂ ਅਸਿੱਧੇ ਤੌਰ 'ਤੇ ਸ਼ਾਮਲ ਹੋ ਕੇ ਇਸ ਨੂੰ ਹੋਰ ਗੁੰਝਲਦਾਰ ਬਣਾ ਰਹੇ ਹਨ।

**ਮਹਿੰਗਾਈ ਦਾ ਵਿਸ਼ਵਵਿਆਪੀ ਚੱਕਰ ਅਤੇ ਆਮ ਖਪਤਕਾਰ ਦੀ ਜੇਬ 'ਤੇ ਪੈਂਦੀ ਸਿੱਧੀ ਮਾਰ :** ਈਰਾਨ ਅਤੇ ਇਜ਼ਰਾਈਲ ਵਿਚਕਾਰ ਵਧਦਾ ਤਣਾਅ ਅੱਜ ਦੇ ਦੌਰ ਵਿੱਚ ਸਿਰਫ਼ ਇੱਕ ਰਾਜਨੀਤਿਕ ਮੁੱਦਾ ਨਹੀਂ ਰਹਿ ਗਿਆ ਸਗੋਂ ਇਹ ਵਿਸ਼ਵ ਆਰਥਿਕਤਾ ਲਈ ਇੱਕ ਅਜਿਹਾ 'ਮਹਿੰਗਾਈ ਬੰਬ' ਬਣ ਚੁੱਕਾ ਹੈ ਜੋ ਹਰ ਘਰ ਦੀ ਰਸੋਈ ਤੱਕ ਪਹੁੰਚ ਰਿਹਾ ਹੈ। ਜਦੋਂ ਵੀ ਮੱਧ-ਪੂਰਬ ਦੇ ਇਹਨਾਂ ਦੋ ਪ੍ਰਭਾਵਸ਼ਾਲੀ ਦੇਸ਼ਾਂ ਵਿਚਕਾਰ ਗੋਲਾਬਾਰੀ ਤੇਜ਼ ਹੁੰਦੀ ਹੈ ਤਾਂ ਇਸਦਾ ਸਭ ਤੋਂ ਪਹਿਲਾ ਅਸਰ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 'ਤੇ ਪੈਂਦਾ ਹੈ। ਦੁਨੀਆ ਦੀ ਸਪਲਾਈ ਚੇਨ ਇੰਨੀ ਗੁੰਝਲਦਾਰ ਹੈ ਕਿ ਇੱਕ ਖੇਤਰ ਵਿੱਚ ਪੈਦਾ ਹੋਈ ਅਸਥਿਰਤਾ ਦੂਜੇ ਮਹਾਂਦੀਪਾਂ ਵਿੱਚ ਵਸਤੂਆਂ ਦੇ ਭਾਅ ਵਧਾ ਦਿੰਦੀ ਹੈ। ਇਹ ਸਥਿਤੀ ਖਾਸ ਕਰਕੇ ਉਨ੍ਹਾਂ ਵਿਕਾਸਸ਼ੀਲ ਦੇਸ਼ਾਂ ਲਈ ਘਾਤਕ ਸਿੱਧ ਹੁੰਦੀ ਹੈ ਜੋ ਆਪਣੀਆਂ ਊਰਜਾ ਲੋੜਾਂ ਲਈ ਦਰਾਮਦ 'ਤੇ ਨਿਰਭਰ ਹਨ। ਮਹਿੰਗਾਈ ਦਾ ਇਹ ਚੱਕਰ ਸਿਰਫ਼ ਪੈਟਰੋਲ ਪੰਪਾਂ ਤੱਕ ਸੀਮਿਤ ਨਹੀਂ ਰਹਿੰਦਾ ਸਗੋਂ ਇਹ ਰਸੋਈ ਦੀਆਂ ਦਾਲਾਂ, ਸਬਜ਼ੀਆਂ ਅਤੇ ਹਰ ਰੋਜ਼ਾਨਾ ਵਰਤੋਂ ਦੀ ਚੀਜ਼ ਨੂੰ ਮਹਿੰਗਾ ਕਰ ਦਿੰਦਾ ਹੈ, ਜਿਸ ਨਾਲ ਆਮ ਨਾਗਰਿਕ ਦੀ ਖਰੀਦ ਸ਼ਕਤੀ ਲਗਾਤਾਰ ਘਟਦੀ ਜਾ ਰਹੀ ਹੈ।




**ਤੇਲ ਦੀ ਰਾਜਨੀਤੀ ਅਤੇ ਹੋਰਮੁਜ਼ ਦੀ ਜਲਡਮਰੂ ਦਾ ਰਣਨੀਤਕ ਖਤਰਾ :** ਮੱਧ-ਪੂਰਬ ਨੂੰ ਦੁਨੀਆ ਦਾ 'ਪੈਟਰੋਲ ਪੰਪ' ਕਿਹਾ ਜਾਂਦਾ ਹੈ ਅਤੇ ਈਰਾਨ-ਇਜ਼ਰਾਈਲ ਦਰਮਿਆਨ ਵਧਦੀ ਖਿੱਚੋਤਾਣ ਇਸ ਪੰਪ ਦੀ ਸਪਲਾਈ ਲਾਈਨ ਨੂੰ ਸਭ ਤੋਂ ਵੱਧ ਪ੍ਰਭਾਵਿਤ ਕਰਦੀ ਹੈ। ਈਰਾਨ ਦੁਨੀਆ ਦੇ ਪ੍ਰਮੁੱਖ ਤੇਲ ਉਤਪਾਦਕਾਂ ਵਿੱਚੋਂ ਇੱਕ ਹੈ ਅਤੇ 'ਹੋਰਮੁਜ਼ ਦੀ ਜਲਡਮਰੂ' (Strait of Hormuz), ਜੋ ਕਿ ਈਰਾਨ ਦੇ ਕੰਟਰੋਲ ਵਾਲੇ ਖੇਤਰ ਦੇ ਬਹੁਤ ਨੇੜੇ ਹੈ, ਉੱਥੋਂ ਦੁਨੀਆ ਦੇ ਕੁੱਲ ਤੇਲ ਵਪਾਰ ਦਾ ਲਗਭਗ 20% ਹਿੱਸਾ ਗੁਜ਼ਰਦਾ ਹੈ। ਜੇਕਰ ਇਸ ਰਸਤੇ ਵਿੱਚ ਮਾਮੂਲੀ ਜਿਹੀ ਵੀ ਰੁਕਾਵਟ ਆਉਂਦੀ ਹੈ ਜਾਂ ਈਰਾਨ ਇਸ ਨੂੰ ਬੰਦ ਕਰਨ ਦੀ ਧਮਕੀ ਦਿੰਦਾ ਹੈ ਤਾਂ ਬਾਜ਼ਾਰ ਵਿੱਚ ਅਫਰਾ-ਤਫਰੀ ਮਚ ਜਾਂਦੀ ਹੈ ਅਤੇ ਤੇਲ ਦੀਆਂ ਕੀਮਤਾਂ ਵਿੱਚ ਅਚਾਨਕ ਉਛਾਲ ਆ ਜਾਂਦਾ ਹੈ। ਤੇਲ ਮਹਿੰਗਾ ਹੋਣ ਦਾ ਸਿੱਧਾ ਮਤਲਬ ਹੈ ਕਿ ਮਾਲ-ਭਾੜਾ ਅਤੇ ਟਰਾਂਸਪੋਰਟੇਸ਼ਨ ਮਹਿੰਗੀ ਹੋਣੀ, ਜਿਸ ਨਾਲ ਉਦਯੋਗਿਕ ਵਿਕਾਸ ਦੀ ਰਫ਼ਤਾਰ ਸੁਸਤ ਹੋ ਜਾਂਦੀ ਹੈ ਅਤੇ ਵਿਸ਼ਵ ਭਰ ਵਿੱਚ ਊਰਜਾ ਦਾ ਇੱਕ ਅਜਿਹਾ ਸੰਕਟ ਖੜ੍ਹਾ ਹੋ ਜਾਂਦਾ ਹੈ, ਜਿਸ ਦਾ ਹੱਲ ਕੱਢਣਾ ਕਿਸੇ ਵੀ ਸਰਕਾਰ ਲਈ ਚੁਣੌਤੀਪੂਰਨ ਹੁੰਦਾ ਹੈ।

**ਰੁਪਏ ਦੀ ਕਮਜ਼ੋਰੀ ਅਤੇ ਆਯਾਤਿਤ ਮਹਿੰਗਾਈ ਦਾ ਖ਼ਤਰਨਾਕ ਸੁਮੇਲ :** ਜਦੋਂ ਵੀ ਮੱਧ-ਪੂਰਬ ਵਿੱਚ ਜੰਗ ਵਰਗੀ ਸਥਿਤੀ ਬਣੀ ਰਹਿੰਦੀ ਹੈ ਤਾਂ ਵਿਸ਼ਵ ਭਰ ਦੇ ਨਿਵੇਸ਼ਕ ਆਪਣੇ ਪੈਸੇ ਨੂੰ ਸੁਰੱਖਿਅਤ ਰੱਖਣ ਲਈ ਭਾਰਤ ਵਰਗੇ ਉਭਰਦੇ ਬਾਜ਼ਾਰਾਂ ਵਿੱਚੋਂ ਪੂੰਜੀ ਕੱਢ ਕੇ ਅਮਰੀਕੀ ਡਾਲਰ ਜਾਂ ਸੋਨੇ ਵਿੱਚ ਨਿਵੇਸ਼ ਕਰਨਾ ਸ਼ੁਰੂ ਕਰ ਦਿੰਦੇ ਹਨ। ਇਸ ਪ੍ਰਕਿਰਿਆ ਕਾਰਨ ਡਾਲਰ ਦੀ ਮੰਗ ਵਧਦੀ ਹੈ ਅਤੇ ਭਾਰਤੀ ਰੁਪਏ ਦੀ ਕੀਮਤ ਡਿੱਗ ਜਾਂਦੀ ਹੈ। ਰੁਪਏ ਦੇ ਕਮਜ਼ੋਰ ਹੋਣ ਨਾਲ ਭਾਰਤ ਲਈ ਵਿਦੇਸ਼ਾਂ ਤੋਂ ਸਮਾਨ ਮੰਗਵਾਉਣਾ, ਖਾਸ ਕਰਕੇ ਕੱਚਾ ਤੇਲ ਅਤੇ ਇਲੈਕਟਰੋਨਿਕਸ, ਹੋਰ ਵੀ ਮਹਿੰਗਾ ਹੋ ਜਾਂਦਾ ਹੈ। ਇਸ ਨੂੰ 'ਆਯਾਤਿਤ ਮਹਿੰਗਾਈ' (Imported Inflation) ਕਿਹਾ ਜਾਂਦਾ ਹੈ ਜੋ ਦੇਸ਼ ਦੇ ਅੰਦਰੂਨੀ ਬਜਟ ਨੂੰ ਪੂਰੀ ਤਰ੍ਹਾਂ ਵਿਗਾੜ ਦਿੰਦੀ ਹੈ। ਜਦੋਂ ਦੇਸ਼ ਦੇ ਉਦਯੋਗਾਂ ਨੂੰ ਕੱਚਾ ਮਾਲ ਮਹਿੰਗਾ ਮਿਲਦਾ ਹੈ ਤਾਂ ਉਹ ਆਪਣੇ ਤਿਆਰ ਉਤਪਾਦਾਂ ਦੀਆਂ ਕੀਮਤਾਂ ਵਧਾ ਦਿੰਦੇ ਹਨ, ਜਿਸ ਨਾਲ ਮਹਿੰਗਾਈ ਦਾ ਇੱਕ ਅਜਿਹਾ ਚੱਕਰ ਸ਼ੁਰੂ ਹੁੰਦਾ ਹੈ, ਜਿਸ ਵਿੱਚ ਮੱਧ ਵਰਗ ਅਤੇ ਗਰੀਬ ਵਰਗ ਬੁਰੀ ਤਰ੍ਹਾਂ ਪੀਸਿਆ ਜਾਂਦਾ ਹੈ।

**ਖੇਤੀਬਾੜੀ ਖੇਤਰ 'ਤੇ ਪੈਂਦੇ ਮਾਰੂ ਪ੍ਰਭਾਵ ਅਤੇ ਖਾਦਾਂ ਦਾ ਸੰਕਟ :** ਖੇਤੀਬਾੜੀ ਖੇਤਰ ਇਸ ਟਕਰਾਅ ਤੋਂ ਸਭ ਤੋਂ ਵੱਧ ਪ੍ਰਭਾਵਿਤ ਹੋਣ ਵਾਲੇ ਖੇਤਰਾਂ ਵਿੱਚੋਂ ਇੱਕ ਹੈ ਕਿਉਂਕਿ ਇਹ ਸਿੱਧੇ ਤੌਰ 'ਤੇ ਪੈਟਰੋਲੀਅਮ ਉਤਪਾਦਾਂ ਅਤੇ ਰਸਾਇਣਕ ਖਾਦਾਂ 'ਤੇ ਨਿਰਭਰ ਹੈ। ਈਰਾਨ ਅਤੇ ਇਸਦੇ ਆਲੇ-ਦੁਆਲੇ ਦੇ ਖੇਤਰ ਰਸਾਇਣਕ ਖਾਦਾਂ ਦੇ ਉਤਪਾਦਨ ਲਈ ਕੱਚੇ ਮਾਲ ਦੇ ਵੱਡੇ ਸਰੋਤ ਹਨ। ਜੰਗ ਕਾਰਨ ਸਪਲਾਈ ਰੁਕਣ ਨਾਲ ਖਾਦਾਂ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਆਉਂਦਾ ਹੈ, ਜਿਸ ਨਾਲ ਕਿਸਾਨਾਂ ਦੀ ਉਤਪਾਦਨ ਲਾਗਤ ਵਧ ਜਾਂਦੀ ਹੈ। ਦੂਜੇ ਪਾਸੇ, ਡੀਜ਼ਲ ਮਹਿੰਗਾ ਹੋਣ ਨਾਲ ਟਰੈਕਟਰ ਚਲਾਉਣਾ ਅਤੇ ਪੰਪ ਸੈੱਟਾਂ ਰਾਹੀਂ ਸਿੰਚਾਈ ਕਰਨਾ ਵੀ ਮਹਿੰਗਾ ਹੋ ਜਾਂਦਾ ਹੈ। ਪੰਜਾਬ ਵਰਗੇ ਖੇਤੀ ਪ੍ਰਧਾਨ ਸੂਬੇ ਵਿੱਚ ਜਿੱਥੇ ਖੇਤੀਬਾੜੀ ਪੂਰੀ ਤਰ੍ਹਾਂ ਮਸ਼ੀਨੀਕਰਨ 'ਤੇ ਨਿਰਭਰ ਹੈ, ਉੱਥੇ ਇਹ ਆਰਥਿਕ ਬੋਝ ਕਿਸਾਨਾਂ ਦੀ ਮੁਨਾਫ਼ਾ ਸਮਰੱਥਾ ਨੂੰ ਘਟਾਉਂਦਾ ਹੈ ਅਤੇ ਆਖਿਰਕਾਰ ਬਾਜ਼ਾਰ ਵਿੱਚ ਅਨਾਜ ਦੀਆਂ ਕੀਮਤਾਂ ਵਧਣ ਕਾਰਨ ਭੋਜਨ ਸੁਰੱਖਿਆ ਦਾ ਖਤਰਾ ਪੈਦਾ ਹੋ ਜਾਂਦਾ ਹੈ।

**ਸਪਲਾਈ ਚੇਨ ਵਿੱਚ ਵਿਘਨ ਅਤੇ ਲਾਲ ਸਾਗਰ ਦਾ ਵਪਾਰਕ ਸੰਕਟ :** ਈਰਾਨ-ਇਜ਼ਰਾਈਲ ਟਕਰਾਅ ਨੇ ਲਾਲ ਸਾਗਰ (Red Sea) ਅਤੇ ਭੂਮੱਧ ਸਾਗਰ ਦੇ ਵਪਾਰਕ ਰਸਤਿਆਂ ਵਿੱਚ ਇੱਕ ਵੱਡੀ ਅਨਿਸ਼ਚਿਤਤਾ ਪੈਦਾ ਕਰ ਦਿੱਤੀ ਹੈ। ਇਸ ਖਿੱਤੇ ਵਿੱਚ ਹੋਣ ਵਾਲੇ ਹਮਲਿਆਂ ਕਾਰਨ ਸ਼ਿਪਿੰਗ ਕੰਪਨੀਆਂ ਨੂੰ ਆਪਣੇ ਰਸਤੇ ਬਦਲ ਕੇ ਲੰਬੇ ਅਤੇ ਮਹਿੰਗੇ ਰਸਤੇ ਅਪਣਾਉਣੇ ਪੈ ਰਹੇ ਹਨ। ਜਹਾਜ਼ਾਂ ਦਾ ਕਿਰਾਇਆ ਅਤੇ ਬੀਮਾ ਪ੍ਰੀਮੀਅਮ ਕਈ ਗੁਣਾ ਵਧਣ ਕਾਰਨ ਗਲੋਬਲ ਵਪਾਰ 'ਤੇ ਇਸਦਾ ਬਹੁਤ ਮਾੜਾ ਅਸਰ ਪੈ ਰਿਹਾ ਹੈ। ਇਲੈਕਟਰੋਨਿਕਸ, ਆਟੋਮੋਬਾਈਲ ਪਾਰਟਸ ਅਤੇ ਕੱਪੜਾ ਉਦਯੋਗ ਵਰਗੇ ਖੇਤਰਾਂ ਵਿੱਚ ਕੱਚੇ ਮਾਲ ਦੀ ਸਪਲਾਈ ਵਿੱਚ ਦੇਰੀ ਹੋ ਰਹੀ ਹੈ, ਜਿਸ ਨਾਲ ਉਤਪਾਦਨ ਚੱਕਰ ਪ੍ਰਭਾਵਿਤ ਹੋ ਰਿਹਾ ਹੈ। ਇਹ ਸਥਿਤੀ ਦਰਸਾਉਂਦੀ ਹੈ ਕਿ ਅੱਜ ਦੀ ਗਲੋਬਲਾਈਜ਼ਡ ਦੁਨੀਆ ਵਿੱਚ ਇੱਕ ਥਾਂ ਦੀ ਗੜਬੜ ਕਿਵੇਂ ਸਾਰੀ ਦੁਨੀਆ ਦੇ ਉਦਯੋਗਾਂ ਨੂੰ ਠੱਪ ਕਰਕੇ ਮਹਿੰਗਾਈ ਨੂੰ ਹੋਰ ਹਵਾ ਦੇ ਸਕਦੀ ਹੈ। (**ਚੱਲਦਾ**)

# ਚੰਡੀਗੜ੍ਹ ਵਿੱਚ ਬਿਹਾਰ ਦਿਵਸ ਉਤਸ਼ਾਹ ਨਾਲ ਮਨਾਇਆ




ਚੰਡੀਗੜ੍ਹ, 22 ਮਾਰਚ (ਹਰਦੀਪ ਕੌਰ): ਬਿਹਾਰ ਫਾਊਂਡੇਸ਼ਨ ਵੱਲੋਂ ਅੱਜ ਬਾਬਾ ਮੱਖਣ ਸ਼ਾਹ ਲੁਬਾਣਾ ਹਾਲ ਵਿਖੇ ਬਿਹਾਰ ਦਿਵਸ ਦਾ ਆਯੋਜਨ ਬੜੇ ਉਤਸ਼ਾਹ ਅਤੇ ਸੱਭਿਆਚਾਰਕ ਜੋਸ਼ ਨਾਲ ਕੀਤਾ ਗਿਆ। ਇਸ ਅਵਸਰ @ਤੇ ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ ਜਦਕਿ ਸ਼੍ਰੀ ਪੁਸ਼ਪੇਂਦਰ ਕੁਮਾਰ, ਆਈਜੀਪੀ ਚੰਡੀਗੜ੍ਹ ਵਿਸ਼ਿਸ਼ਟ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ। ਇਸ ਸਮਾਗਮ ਵਿੱਚ ਬਿਹਾਰ ਰਾਜ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ, ਇਤਿਹਾਸ ਅਤੇ ਉਪਲਬਧੀਆਂ ਦਾ ਉਤਸਵ ਮਨਾਇਆ ਗਿਆ। ਇਸ ਸਮਾਗਮ ਵਿੱਚ ਚੰਡੀਗੜ੍ਹ ਅਤੇ ਆਸਪਾਸ ਦੇ ਖੇਤਰਾਂ ਵਿੱਚ ਨਿਵਾਸ ਕਰ ਰਹੇ ਬਿਹਾਰ ਮੂਲ ਦੇ ਲੋਕ, ਵਿਦਿਆਰਥੀ, ਪੇਸ਼ੇਵਰ ਅਤੇ ਪਤਵੰਤਿਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਇਸ ਆਯੋਜਨ ਦਾ ਉਦੇਸ਼ ਸੱਭਿਆਚਾਰਕ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਬਿਹਾਰ ਨਾਲ ਜੁੜੇ ਲੋਕਾਂ ਵਿੱਚ ਮਾਣ ਦੀ ਭਾਵਨਾਨੂੰ ਪ੍ਰੋਤਸਾਹਿਤ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾਉਣ ਨਾਲ ਹੋਈ, ਜਿਸ ਤੋਂ ਬਾਅਦ ਬਿਹਾਰ ਦੀਆਂ ਜੀਵੰਤ ਪਰੰਪਰਾਵਾਂ ਨੂੰ ਦਰਸਾਉਂਦੇ ਹੋਏ ਲੋਕ ਸੰਗੀਤ ਅਤੇ ਨ੍ਰਿਤ ਦੀਆਂ ਮਨਮੋਹਕ ਪ੍ਰਸਤੁਤੀਆਂ ਦਿੱਤੀਆਂ ਗਈਆਂ। ਇਸ ਅਵਸਰ @ਤੇ ਬਿਹਾਰ ਦੇ ਗੌਰਵਸ਼ਾਲੀ ਅਤੀਤ, ਭਾਰਤੀ ਸੱਭਿਅਤਾ ਵਿੱਚ ਉਸ ਦੇ ਯੋਗਦਾਨ ਅਤੇ ਦੇਸ਼ ਦੇ ਵਿਕਾਸ ਵਿੱਚ ਉਸ ਦੀ ਵਧਦੀ ਭੂਮਿਕਾ ਨੂੰ ਦਰਸਾਉਣ ਵਾਲੀ ਇੱਕ ਵਿਸ਼ੇਸ਼ ਵੀਡੀਓ ਅਤੇ ਵੀਡੀਓ ਸੰਦੇਸ਼ ਵੀ ਪ੍ਰਦਰਸ਼ਿਤ ਕੀਤੇ ਗਏ।

ਆਪਣੇ ਸੰਬੋਧਨ ਵਿੱਚ ਮੁੱਖ ਮਹਿਮਾਨ, ਸ਼੍ਰੀ ਐੱਚ. ਰਾਜੇਸ਼ ਪ੍ਰਸਾਦ ਨੇ ਕਿਹਾ ਕਿ ਬਿਹਾਰ ਸਿਵਲ ਸੇਵਾਵਾਂ, ਚਿਕਿਤਸਾ, ਇੰਜੀਨੀਅਰਿੰਗ, ਕਲਾ ਅਤੇ ਸਾਹਿਤ ਸਹਿਤ ਹਰ ਖੇਤਰ ਵਿੱਚ ਹਮੇਸ਼ਾ ਮੋਹਰੀ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਾਚੀਨ ਕਾਲ ਤੋਂ ਲੈ ਕੇ ਅੱਜ ਤੱਕ ਬਿਹਾਰ ਦੇ ਲੋਕਾਂ ਦਾ ਯੋਗਦਾਨ ਅਨਮੋਲ ਰਿਹਾ ਹੈ। ਬਿਹਾਰ ਨੂੰ ÷ਸੋਨੇ ਦੀ ਚਿੜੀ÷ ਦਾ ਗੜ੍ਹ ਦੱਸਦੇ ਹੋਏ ਉਨ੍ਹਾਂ ਨੇ ਵਿਸ਼ਵਾਸ ਵਿਅਕਤ ਕੀਤਾ ਕਿ ਰਾਜ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮੋਹਰੀ ਬਣਿਆ ਰਹੇਗਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮਾਣਯੋਗ ਪ੍ਰਧਾਨ ਮੰਤਰੀ ਦੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਬਿਹਾਰ ਦੇ ਲੋਕਾਂ ਦੀ ਸਰਗਰਮ ਭਾਗੀਦਾਰੀ ਤੋਂ ਬਿਨਾ ਸਾਕਾਰ ਨਹੀਂ ਕੀਤਾ ਜਾ ਸਕਦਾ ਅਤੇ ਇਸ ਦਿਸ਼ਾ ਵਿੱਚ ਬਿਹਾਰ ਮਹੱਤਵਪੂਰਨ ਭੂਮਿਕਾ ਨਿਭਾਵੇਗਾ। ਉਨ੍ਹਾਂ ਨੇ ਬਿਹਾਰ ਦਿਵਸ ਦੇ ਅਵਸਰ @ਤੇ ਸਾਰਿਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਰਾਜ ਦੇ ਉੱਜਵਲ ਭਵਿੱਖ ਦੇ ਪ੍ਰਤੀ ਆਸ਼ਾ ਵਿਅਕਤ ਕੀਤੀ।

# ਪਿੰਡ ਖੋਖਰ 19 ਵਾਂ ਕਬੱਡੀ ਟੂਰਨਾਮੈਂਟ ਸਾਨੋ ਸ਼ੌਕਤ ਨਾਲ ਸਮਾਪਤ

ਬਠਿੰਡਾ, ਚਾਉਕੇ, 22 ਮਾਰਚ(ਗੁਰਪ੍ਰੀਤ ਖੋਖਰ) ਡੇਰਾ ਸਿੱਧ ਬਾਬਾ



ਕਾਲੂ ਨਾਥ ਜੀ ਸਤੋਖਿਆਣਾ ਦੇ ਸਥਾਨ ਤੇ ਨਗਰ ਪੰਚਾਇਤ ਪਿੰਡ ਖੋਖਰ ਤੇ ਸਮੁੱਚੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 19ਵਾਂ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ !ਇਸ ਟੂਰਨਾਮੈਂਟ ਦੌਰਾਨ ਕੁੱਲ ਸਾਰੇ ਵਜਨ ਵਰਗ ਚ 93 ਟੀਮਾਂ ਨੇ ਹਿੱਸਾ ਲਿਆ! ਟੂਰਨਾਮੈਂਟ ਕਮੇਟੀ ਮੈਂਬਰਾਂ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ 75 ਕਿਲੋ ਵਰਗ ਚ ਡੇਰਾ ਸਿੱਧ ਬਾਬਾ ਕਾਲੂ ਪਿੰਡ ਖੋਖਰ ਟੀਮ ਨੇ ਬਾਬਾ ਸ਼ੀਤਲ ਦਾਸ ਪਿੰਡ ਕੁੱਤੀਵਾਲ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਹਾਸਿਲ ਕੀਤਾ ਤੇ ਕੁੱਤੀਵਾਲ ਦੂਜੇ ਸਥਾਨ ਤੇ ਰਹੀ ਤੇ 75 ਕਿਲੋ ਵਰਗ ਚ ਬੈਸਟ ਰੇਡਰ ਅਜਾਇਬ ਸਿੰਘ ਤੇ ਬੈਸਟ ਜਾਫੀ ਫੌਜੀ ਖੋਖਰ ਜਿਨਾਂ ਨੂੰ 5100- 5100 ਰੁਪਏ ਦੇ ਨਾਮ ਦੇ ਨਾਲ ਸਨਮਾਨ ਵੀ ਕੀਤਾ ਗਿਆ !ਇਸ ਟੂਰਨਾਮੈਂਟ ਦੌਰਾਨ ਲੜਕੀਆਂ ਦੇ ਰੱਸਾਕਸੀ ਦੇ ਸ਼ੋ ਮੈਚ ਵੀ ਕਰਵਾਏ ਗਏ ਤੇ ਇਸੇ ਤਰ੍ਹਾਂ ਕਬੱਡੀ 36 ਕਿਲੋ ਵਰਗ ਚ ਪਿੰਡ ਸੇਖਪੁਰਾ ਪਹਿਲਾ ਤੇ ਪਿੰਡ ਲੰਬਵਾਲੀ ਦੂਜਾ ਸਥਾਨ,ਕਬੱਡੀ 44 ਕਿਲੋ ਵਰਗ ਚ ਖਾਨਪੁਰ ਲੁਧਿਆਣਾ ਪਹਿਲਾਂ ਤੇ ਡੇਰਾ ਬਾਲਿਆਂਵਾਲੀ ਦੂਜਾ ਸਥਾਨ ਤੇ ਕਬੱਡੀ 50 ਕਿਲੋ ਵਰਗ ਚ ਬਾਂਦਰਡੋਡ ਪਹਿਲਾਂ ਤੇ ਕੋਟਫੱਤਾ ਦੂਜਾ ਸਥਾਨ ਤੇ ਰਹੀ! ਕਬੱਡੀ 63 ਕਿਲੋ ਵਰਗ ਚ ਡੇਰਾ ਬਾਬਾ ਖੋਖਰ ਪਹਿਲਾਂ ਤੇ ਡੇਰਾ ਖੋਖਰ ਦੂਜੇ ਸਥਾਨ ਤੇ ਰਹੀ! ਲੜਕੀਆਂ ਦੇ ਸੋ ਮੈਚ ਚ ਵੀ ਕ੍ਰਮਵਾਰ ਪਿੰਡ ਖੋਖਰ ਪਹਿਲਾਂ ਤੇ ਖੋਖਰ ਦੂਜੇ ਸਥਾਨ ਤੇ ਰਹੇ !ਕਬੱਡੀ ਦੇ ਸਾਰੇ ਵਰਗ ਚ ਖਿਡਾਰੀਆਂ ਨੂੰ ਬੈਸਟ ਰੇਡਰ ਅਤੇ ਬੈਸਟ ਜਾਫੀਆਂ ਨੂੰ ਵਿਸ਼ੇਸ਼ ਸਨਮਾਨ ਵੀ ਦਿੱਤੇ ਗਏ ਮੇਲੇ ਤੇ ਟੂਰਨਾਮੈਂਟ ਦੌਰਾਨ ਬਾਹਰੋਂ ਆਈਆਂ ਸੰਗਤਾਂ ਤੇ ਖਿਡਾਰੀਆਂ ਲਈ ਤਿੰਨੇ ਦਿਨ ਲੰਗਰ ਦੇ ਵਿਸ਼ੇਸ ਪ੍ਰਬੰਧ ਕੀਤੇ ਗਏ ਸਨ !ਇਸ ਮੌਕੇ ਟੂਰਨਾਮੈਂਟ ਪ੍ਰਬੰਧਕ ਕਮੇਟੀ ਡੇਰਾ ਸਿੱਧ ਬਾਬਾ ਕਾਲੂ ਨਾਥ ਤੇ ਗਊਸ਼ਾਲਾ ਦੇ ਪ੍ਰਧਾਨ ਪਰਮਜੀਤ ਸਿੰਘ, ਸਰਪੰਚ ਜਗਸੀਰ ਕੁਮਾਰ, ਲਖਬੀਰ ਸਿੰਘ ਕੋਚ ਭਾਕਿਉਂ ਸਿੱਧੂਪੁਰ ਬਲਾਕ ਪ੍ਰਧਾਨ ਰਾਮਪੁਰਾ, ਦੇਵਰਾਜ ਖਜਾਨਚੀ ਬਲਵਿੰਦਰ ਸਿੰਘ ਭੱਖੜਾ ਕਮੇਟੀ ਮੈਂਬਰ, ਜਸਵੰਤ ਸਿੰਘ ਕਮੇਟੀ ਮੈਂਬਰ, ਭੋਲਾ ਸਿੰਘ ਕਮੇਟੀ ਮੈਂਬਰ, ਅਮਰੀਕ ਸਿੰਘ ਸਾਬਕਾ ਪ੍ਰਧਾਨ, ਭੋਲਾ ਸਿੰਘ ਕਮੇਟੀ ਮੈਂਬਰ, ਹਰਭਜਨ ਸਿੰਘ ਕਮੇਟੀ ਮੈਂਬਰ,ਮਨਦੀਪ ਸਿੰਘ ਕਮੇਟੀ ਮੈਂਬਰ, ਜਗਤਾਰ ਸਿੰਘ ਕਮੇਟੀ ਮੈਂਬਰ, ਹਰਬੰਸ ਸਿੰਘ ਕਮੇਟੀ ਮੈਂਬਰ, ਨਿਰਮਲਜੀਤ ਸਿੰਘ ਕਮੇਟੀ ਮੈਂਬਰ, ਬਲਦੇਵ ਸਿੰਘ ਕਮੇਟੀ ਮੈਂਬਰ ਤੇ ਕਬੱਡੀ ਟੂਰਨਾਮੈਂਟ ਕਰਵਾਉਣ ਚ ਸਹਿਯੋਗ ਕਰਨ ਵਾਲੇ ਸੇਵਾਦਾਰ ਆਦਿ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਮੂਨਕ ਪੁਲਿਸ ਦੀ ਵੱਡੀ ਕਾਰਵਾਈ: 3 ਮੁਕੱਦਮੇ ਦਰਜ, 4 ਮੁਲਜ਼ਮ ਗ੍ਰਿਫ਼ਤਾਰ

ਮੂਨਕ, 22 ਮਾਰਚ (ਸਮਸ਼ੇਰ ਸਿੰਘ ਭੁਟਾਲ)ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਬ ਡਵੀਜ਼ਨ ਮੂਨਕ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 16.03.2026 ਤੋਂ 22.03.2026 ਤਕ ਡਰੱਗ ਦੇ 02 ਕੇਸ ਦਰਜ ਕਰ ਕੇ 03 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਐਨ.ਡੀ.ਪੀ.ਐਸ. ਐਕਟ ਤਹਿਤ 02 ਕੇਸ ਦਰਜ ਕਰਕੇ ਮੁਲਜ਼ਮਾਂ ਪਾਸੋਂ 33 ਨਸੀਲੀਆਂ ਗੋਲੀਆਂ ਅਤੇ 08 ਗ੍ਰਾਮ ਹੈਰੋਇਨ ਬ੍ਰਾਮਦ ਕਰਵਾਈ ਗਈ।

01 ਮੁਕੱਦਮਾ ਐਕਸਾਈਜ਼ ਐਕਟ ਅਧੀਨ ਕਰਕੇ 10 ਬੋਤਲਾਂ ਸ਼ਰਾਬ ਠੇਕਾ ਦੇਸੀ ਬ੍ਰਾਮਦ ਕਰਵਾ ਕੇ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ 06 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚੋਂ ਦਵਾਈ ਦਿਵਾਈ ਗਈ ਅਤੇ ਵੱਖ-ਵੱਖ 06 ਕੇਸਾਂ ਵਿੱਚ 06 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ 134 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਕੇ 74 ਵਿਅਕਤੀਆਂ ਵਿਰੁੱਧ 172 BNSS ਤਹਿਤ ਕਾਰਵਾਈ ਕੀਤੀ ਗਈ ਅਤੇ 04 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।

ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਸਬ-ਐਡੀਟਰ ਅਵਤਾਰ ਸਿੰਘ ਦੇ ਪਿਤਾ ਜੀ ਨਮਿੱਤ ਅੰਤਿਮ ਅਰਦਾਸ ਭਲਕੇ

ਪਟਿਆਲਾ, 22 ਮਾਰਚ (ਰੁਪਾਣਾ) : ਚੜ੍ਹਦੀਕਲਾ ਅਖਬਾਰ ਦੇ ਸਬ-ਐਡੀਟਰ ਅਵਤਾਰ ਸਿੰਘ ਦੇ ਸਤਿਕਾਰਯੋਗ ਪਿਤਾ ਸ.ਗਿਆਨ ਸਿੰਘ (ਰਿਟਾ: ਸੀ. ਐਚ. ਡੀ. ਬਿਜਲੀ ਬੋਰਡ), ਜੋ ਬੀਤੇ 11 ਮਾਰਚ 2026 ਨੂੰ ਅਕਾਲ ਪੁਰਖ ਦੇ ਹੁਕਮ ਅਨੁਸਾਰ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰਾ ਕਰਨ ਤੋਂ ਬਾਅਦ ਪ੍ਰਮੇਸ਼ਰ ਦੇ ਚਰਨਾਂ 'ਚ ਜਾ ਬਿਰਾਜੇ ਸਨ, ਦੇ ਨਮਿੱਤ ਅੰਤਿਮ ਅਰਦਾਸ 24 ਮਾਰਚ 2026 ਦਿਨ ਮੰਗਲਵਾਰ ਨੂੰ 12 ਤੋਂ 1 ਵਜੇ ਤੱਕ ਗੁਰਦੁਆਰਾ ਸਤਿਸੰਗ ਭਵਨ, ਨਿਊ ਮੇਹਰ ਸਿੰਘ ਕਲੋਨੀ ਤ੍ਰਿਪੜੀ ਪਟਿਆਲਾ ਵਿਖੇ ਹੋਵੇਗੀ। ਅੰਤਿਮ ਅਰਦਾਸ ਮੌਕੇ ਵਿਛੜੇ ਸਾਥੀ ਨੂੰ ਧਾਰਮਿਕ, ਸਮਾਜਿਕ, ਰਾਜਨੀਤਿਕ ਜਥੇਬੰਦੀਆਂ ਦੇ ਆਗੂ ਸ਼ਰਧਾ ਦੇ ਫੁੱਲ ਭੇਟ ਕਰਨਗੇ।









## ਇਟਲੀ ਦੇ ਏਅਰਪੋਰਟ 'ਤੇ ਪ੍ਰਦਰਸ਼ਨੀ 'ਚ ਪੰਜਾਬੀ ਨੌਜਵਾਨ ਦੀ ਤਸਵੀਰ ਬਣੀ ਖਿੱਚ ਦਾ ਕੇਂਦਰ

ਮਿਲਾਨ (ਇਟਲੀ), 22 ਮਾਰਚ (ਚ.ਨ.ਸ): ਹੁਣੇ ਸਮਾਪਤ ਹੋਈਆਂ ਉਲੰਪਿਕ ਖੇਡਾਂ-ਇਟਲੀ ਦੇ 2026 ਦੇ ਮੱਦੇਨਜ਼ਰ ਅੰਤਰਰਾਸ਼ਟਰੀ ਮਿਲਾਨ ਮਲਪੈਨਸਾ/ਏਅਰਪੋਰਟ 'ਤੇ 30 ਜਨਵਰੀ ਤੋਂ ਲੈ ਕੇ ਚੱਲਣ ਵਾਲੀ ਇੰਟਰਨੈਸ਼ਨਲ ਫ਼ੋਟੋ ਪ੍ਰਦਰਸ਼ਨੀ 'ਚ ਪੰਜਾਬੀ ਸਰਦਾਰ ਨੌਜਵਾਨ ਦੀ ਫ਼ੋਟੋ ਵੀ ਗੈਲਰੀ ਦਾ ਕਲਾ ਕ੍ਰਿਤੀ ਤੇ ਆਪਸੀ ਸਦਭਾਵਨਾ ਵਧਾਵਾ ਦੇਣ ਮਨੋਰਥ ਨਾਲ ਇਟਲੀ ਸਰਕਾਰ ਦੀ ਮਲਪੈਨਸਾ ਏਅਰਪੋਰਟ ਦਾ ਇੱਕ ਹਿੱਸਾ ਬਣੀ ਹੈ, ਜੋ ਕਿ ਇੱਥੋਂ ਮੁਸਾਫ਼ਰਾਂ ਲਈ ਬੇਹੱਦ ਖਿੱਚ ਦਾ ਕੇਂਦਰ ਬਣੀ ਹੋਈ ਹੈ ਤੇ ਪੰਜਾਬ ਪੰਜਾਬੀਅਤ ਸਮੇਤ ਪੂਰੇ ਭਾਰਤ ਦੇਸ਼ ਲਈ ਮਾਣ ਵਾਲੀ ਗੱਲ ਹੈ। ਇਟਲੀ ਦੇ ਮਿਲਾਨ ਵਿਖੇ ਹੁਣੇ ਅਥਾਰਟੀ ਵੱਲੋਂ ਵਿਸ਼ਵ ਅਮਰੀਕਨ ਫ਼ੋਟੋ ਆਰਟਿਸਟ ਤੇ ਪੇਂਟਰ ਸਟੀਵ ਐਮ.ਸੀ. ਦੀਆਂ ਕਲਾ ਕ੍ਰਿਤੀਆਂ ਦੀ ਇਸ ਪ੍ਰਦਰਸ਼ਨੀ ਦਾ ਪ੍ਰਬੰਧ ਕੀਤਾ ਗਿਆ ਹੈ।

## ਅਮਰੀਕੀ ਦਾਅਵਿਆਂ ਤੇ ਜ਼ਮੀਨੀ ਹਕੀਕਤ ਵਿਚਾਲੇ ਅੰਤਰ ਹੁਣ ਖੁੱਲ੍ਹ ਕੇ ਸਾਹਮਣੇ ਆਇਆ

ਨਵੀਂ ਦਿੱਲੀ, 22 ਮਾਰਚ (ਚ.ਨ.ਸ): ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਦੌਰਾਨ ਅਮਰੀਕੀ ਦਾਅਵਿਆਂ ਤੇ ਜ਼ਮੀਨੀ ਹਕੀਕਤ ਵਿਚਾਲੇ ਅੰਤਰ ਹੁਣ ਖੁੱਲ੍ਹ ਕੇ ਸਾਹਮਣੇ ਆ ਰਿਹਾ ਹੈ। ਅਮਰੀਕੀ ਰੱਖਿਆ ਮੰਤਰੀ ਪੀਟ ਹੈਗਸੇਥ ਲਗਾਤਾਰ ਇਹ ਦਾਅਵਾ ਕਰਦੇ ਰਹੇ ਹਨ ਕਿ ਈਰਾਨ ਖ਼ਿਲਾਫ਼ ਹਮਲਿਆਂ ਦੀ ਗਿਣਤੀ ਤੇ ਤੀਬਰਤਾ ਦਿਨੋ-ਦਿਨ ਵੱਧ ਰਹੀ ਹੈ ਪਰ ਅਮਰੀਕੀ ਫੌਜੀ ਅੰਕੜੇ ਇਸ ਦਾਅਵੇ ਦੀ ਪੂਰੀ ਤਰ੍ਹਾਂ ਪੁਸ਼ਟੀ ਨਹੀਂ ਕਰਦੇ। 28 ਫਰਵਰੀ ਤੋਂ ਸ਼ੁਰੂ ਹੋਈ ਇਸ ਫ਼ੌਜੀ ਮੁਹਿੰਮ ਤੋਂ ਬਾਅਦ ਅਮਰੀਕੀ ਕੇਂਦਰੀ ਕਮਾਂਡ ਵੱਲੋਂ ਜਾਰੀ ਅੰਕੜੇ ਦਿਖਾਉਂਦੇ ਹਨ ਕਿ ਹਮਲਿਆਂ ਦੀ ਰਫ਼ਤਾਰ ਲਗਾਤਾਰ ਵਧਣ ਦੀ ਬਜਾਏ ਉਤਰਾਅ-ਚੜ੍ਹਾਅ ਵਾਲੀ ਰਹੀ ਹੈ। ਤਿੰਨ ਹਫ਼ਤਿਆਂ ਵਿੱਚ ਅਮਰੀਕਾ ਨੇ ਲਗਭਗ ਅੱਠ ਹਜ਼ਾਰ ਟੀਚਿਆਂ 'ਤੇ ਹਮਲੇ ਕੀਤੇ ਹਨ ਪਰ ਇਨ੍ਹਾਂ ਹਮਲਿਆਂ ਦਾ ਸਭ ਤੋਂ ਤੀਬਰ ਦੌਰ ਸੱਤ ਤੋਂ ਨੌਂ ਮਾਰਚ ਦਰਮਿਆਨ ਰਿਹਾ, ਜਦੋਂ ਕਰੀਬ ਦੋ ਹਜ਼ਾਰ ਟੀਚੇ ਸਿਰਫ਼ ਤਿੰਨ ਦਿਨਾਂ 'ਚ ਨਿਸ਼ਾਨਾ ਬਣਾਏ ਗਏ। ਰੱਖਿਆ ਮਾਹਿਰ ਮਾਰਕ ਕੈਂਸੀਅਨ ਮੁਤਾਬਿਕ ਇਹ ਉਤਰਾਅ-ਚੜ੍ਹਾਅ ਅਸਧਾਰਨ ਨਹੀਂ ਹੈ। ਉਨ੍ਹਾਂ ਮੁਤਾਬਿਕ ਜੰਗ ਦੇ ਸ਼ੁਰੂਆਤੀ ਪੜਾਅ ਵਿੱਚ ਫੌਜ ਤੇਜ਼ੀ ਨਾਲ ਹਮਲੇ ਕਰਦੀ ਹੈ ਪਰ ਬਾਅਦ ਵਿੱਚ ਇਸ ਨੂੰ ਹਵਾਈ ਜਹਾਜ਼ਾਂ ਤੇ ਜਹਾਜ਼ਾਂ ਦੀ ਸੁਰਮਤ, ਨਵੀਂ ਖ਼ੁਫ਼ੀਆ ਜਾਣਕਾਰੀ ਇਕੱਠੀ ਕਰਨ ਤੇ ਨਵੇਂ ਟੀਚਿਆਂ ਦੀ ਪਛਾਣ ਕਰਨ ਲਈ ਰਫ਼ਤਾਰ ਹੌਲੀ ਕਰਨੀ ਪੈਂਦੀ ਹੈ। ਇਹੀ ਕਾਰਨ ਹੈ ਕਿ ਹੁਣ ਹਮਲਿਆਂ ਦੀ ਔਸਤ ਇੱਕ ਹਜ਼ਾਰ ਰੋਜ਼ਾਨਾ ਤੋਂ ਹੇਠਾਂ ਸਥਿਰ ਹੁੰਦੀ ਦਿਖਾਈ ਦੇ ਰਹੀ ਹੈ। ਇਸ ਦੌਰਾਨ ਅਮਰੀਕਾ ਦੇ ਦਾਅਵਿਆਂ ਦੇ ਉਲਟ ਈਰਾਨ ਦੀਆਂ ਸਮਰੱਥਾਵਾਂ ਪੂਰੀ ਤਰ੍ਹਾਂ ਖ਼ਤਮ ਨਹੀਂ ਹੋਈਆਂ। ਅਮਰੀਕੀ ਧਿਰ ਇਹ ਕਹਿੰਦੀ ਰਹੀ ਹੈ ਕਿ ਈਰਾਨ ਦੀ ਹਵਾਈ ਰੱਖਿਆ ਪ੍ਰਣਾਲੀ ਤਬਾਹ ਹੋ ਚੁੱਕੀ ਹੈ ਤੇ ਉਸ ਦੀ ਫ਼ੌਜੀ ਤਾਕਤ ਲਗਭਗ ਖ਼ਤਮ ਹੋ ਗਈ ਹੈ। ਪਰ ਜ਼ਮੀਨੀ ਹਾਲਾਤ ਕੁਝ ਹੋਰ ਹੀ ਸੰਕੇਤ ਦਿੰਦੇ ਹਨ। ਪੱਛਮੀ ਏਸ਼ੀਆ ਦਾ ਸਭ ਤੋਂ ਮਹੱਤਵਪੂਰਨ ਸਮੁੰਦਰੀ ਮਾਰਗ ਹੋਰਮੁਜ਼ ਸਟੇਟ ਹੁਣ ਵੀ ਅਸੁਰੱਖਿਅਤ ਹੈ ਜਿੱਥੋਂ ਆਲਮੀ ਤੇਲ ਦੀ ਵੱਡੀ ਪੱਧਰ 'ਤੇ ਸਪਲਾਈ ਹੁੰਦੀ ਹੈ। ਈਰਾਨ ਦੀਆਂ ਧਮਕੀਆਂ ਕਾਰਨ ਇੱਥੇ ਵਪਾਰਕ ਜਹਾਜ਼ਾਂ ਦੀ ਆਵਾਜਾਈ ਪ੍ਰਭਾਵਿਤ ਹੋਈ ਹੈ। 250 ਹਮਲੇ ਰੋਜ਼ ਦਾ ਅੰਕੜਾ: ਪੀਟ ਹੈਗਸੇਥ ਨੇ ਹਰ ਪ੍ਰੈਸ ਬ੍ਰੀਫਿੰਗ ਵਿੱਚ ਇਹ ਕਿਹਾ ਕਿ ਅੱਜ ਦਾ ਦਿਨ ਹੁਣ ਤੱਕ ਦਾ ਵੱਡਾ ਹਮਲਾ ਹੋਵੇਗਾ। ਉਨ੍ਹਾਂ ਚਾਰ ਮਾਰਚ ਨੂੰ ਕਿਹਾ ਕਿ ਹਮਲੇ ਤੇਜ਼ ਹੋ ਰਹੇ ਹਨ, ਹੌਲੀ ਨਹੀਂ ਤੇ 10 ਮਾਰਚ ਨੂੰ ਦਾਅਵਾ ਕੀਤਾ ਕਿ ਅੱਜ ਫਿਰ ਸਭ ਤੋਂ ਸ਼ਕਤੀਸ਼ਾਲੀ ਹਮਲੇ ਹੋਣਗੇ। ਹਾਲਾਂਕਿ ਅੰਕੜਿਆਂ ਦਾ ਵਿਸ਼ਲੇਸ਼ਣ ਕੁਝ ਹੋਰ ਹੀ ਕਹਿੰਦਾ ਹੈ। ਉਦਾਹਰਨ ਵਜੋਂ, 9 ਤੋਂ 12 ਮਾਰਚ ਦੌਰਾਨ ਕੁੱਲ ਹਮਲਿਆਂ ਵਿੱਚ ਇਕ ਹਜ਼ਾਰ ਦਾ ਵਾਧਾ ਹੋਇਆ ਜੋ ਔਸਤਨ 333 ਹਮਲੇ ਰੋਜ਼ਾਨਾ ਬਣਦਾ ਹੈ। ਉਧਰ, 12 ਤੋਂ 16 ਮਾਰਚ ਦਰਮਿਆਨ ਇਹ ਔਸਤ ਘੱਟ ਕੇ 250 ਹਮਲੇ ਰੋਜ਼ਾਨਾ ਰਹਿ ਗਿਆ।

## ਲਾਲਪੁਰਾ ਨੇ ਹੈਦਰਾਬਾਦ 'ਚ ਸਿੱਖ ਇਤਿਹਾਸ ਨਾਲ ਸਬੰਧਤ ਜ਼ਮੀਨਾਂ ਸਬੰਧੀ ਹਾਲੀਆ ਘਟਨਾਵਾਂ 'ਤੇ ਚਿੰਤਾ ਜਤਾਈ

ਰੂਪਨਗਰ, 22 ਮਾਰਚ (ਚ.ਨ.ਸ): ਭਾਜਪਾ ਕੌਮੀ ਸੰਸਦੀ ਬੋਰਡ ਦੇ ਮੈਂਬਰ ਤੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੇ ਹੈਦਰਾਬਾਦ ਦੇ ਅੱਤਾਪੁਰ ਖੇਤਰ ਵਿੱਚ ਸਿੱਖ ਇਤਿਹਾਸ ਨਾਲ ਸਬੰਧਤ ਜ਼ਮੀਨਾਂ ਸਬੰਧੀ ਹਾਲੀਆ ਘਟਨਾਵਾਂ 'ਤੇ ਗੰਭੀਰ ਚਿੰਤਾ ਜਤਾਈ ਹੈ। ਇਸ ਸਬੰਧ ਵਿੱਚ ਉਨ੍ਹਾਂ ਨੇ ਤੇਲੰਗਾਨਾ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਮਾਮਲੇ ਵਿੱਚ ਤੁਰੰਤ ਦਖਲ ਦੀ ਮੰਗ ਕੀਤੀ ਹੈ। ਲਾਲਪੁਰਾ ਨੇ ਆਪਣੇ ਪੱਤਰ ਵਿੱਚ ਦੱਸਿਆ ਕਿ ਇਸ ਖੇਤਰ ਵਿੱਚ ਸਿੱਖਾਂ ਦੀ ਮੌਜੂਦਗੀ 1832-34 ਤੋਂ ਹੈ, ਜਦੋਂ ਮਹਾਰਾਜਾ ਰਣਜੀਤ ਸਿੰਘ ਵੱਲੋਂ ਨਿਜ਼ਾਮ ਹੈਦਰਾਬਾਦ ਦੀ ਬੇਨਤੀ 'ਤੇ ਸਿੱਖ ਜਥੇ ਭੇਜੇ ਗਏ ਸਨ। ਮੀਰ ਆਲਮੇ ਟੈਂਕ ਨੇੜੇ ਵਸੇ ਇਹ ਪਰਿਵਾਰ ਅੱਜ ਤੱਕ ਲਗਭਗ ਦੋ ਸਦੀਆਂ ਤੋਂ ਸ਼ਾਂਤੀਪੂਰਵਕ ਰਹਿ ਰਹੇ ਹਨ ਤੇ ਇੱਥੇ ਗੁਰਦੁਆਰੇ, ਸਕੂਲ ਐਤੇ ਹੋਰ ਸੰਸਥਾਵਾਂ ਸਥਾਪਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਰਿਕਾਰਡ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਸਿਫ਼ਾਰਸ਼ਾਂ ਵੀ ਸਿੱਖ ਭਾਈਚਾਰੇ ਦੀ ਕਬਜ਼ੇਦਾਰੀ ਨੂੰ ਮੰਨਦੀਆਂ ਹਨ, ਜਦਕਿ ਤੇਲੰਗਾਨਾ ਹਾਈ ਕੋਰਟ ਵੱਲੋਂ ਵੀ ਕਈ ਵਾਰ ਭਾਈਚਾਰੇ ਦੀ ਸ਼ਾਂਤੀਪੂਰਵਕ ਕਬਜ਼ੇਦਾਰੀ ਵਿੱਚ ਦਖਲ ਨਾ ਦੇਣ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਦੇ ਬਾਵਜੂਦ ਨਿਸ਼ਾਨ ਸਾਹਿਬ ਨਾਲ ਸਬੰਧਤ ਜ਼ਮੀਨ ਦੀ ਫੈਂਸਿੰਗ ਤੋੜਨ ਤੇ ਭਾਈਚਾਰੇ ਦੇ ਮੈਂਬਰਾਂ ਖ਼ਿਲਾਫ਼ ਐਫ.ਆਈ.ਆਰ. ਦਰਜ ਕਰਨ ਨੂੰ ਲਾਲਪੁਰਾ ਨੇ ਦੁਖਦਾਈ ਕਰਾਰ ਦਿੱਤਾ। ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਜ਼ਮੀਨ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਹਾਈ ਕੋਰਟ ਦੇ ਹੁਕਮ ਲਾਗੂ ਕੀਤੇ ਜਾਣ, ਐਫ.ਆਈ.ਆਰ. ਵਾਪਸ ਲਈ ਜਾਵੇ ਤੇ ਜ਼ਮੀਨ ਦੀ ਰੈਗੂਲਰਾਈਜ਼ੇਸ਼ਨ ਜਲਦ ਪੂਰੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਜ਼ਮੀਨ ਨਹੀਂ, ਸਗੋਂ ਇਤਿਹਾਸਕ ਵਚਨਾਂ, ਘੱਟ ਗਿਣਤੀਆਂ ਦੇ ਅਧਿਕਾਰਾਂ ਤੇ ਕਾਨੂੰਨ ਦੀ ਸਰਬਉਚਤਾ ਨਾਲ ਜੁੜਿਆ ਹੋਇਆ ਹੈ। ਲਾਲਪੁਰਾ ਨੇ ਭਰੋਸਾ ਜਤਾਇਆ ਕਿ ਸਰਕਾਰ ਜਲਦੀ ਨਿਆਂ ਯਕੀਨੀ ਬਣਾਏਗੀ। ਇਸ ਮੌਕੇ ਉਨ੍ਹਾਂ ਨਾਲ ਮੰਡਲ ਪ੍ਰਧਾਨ ਜਗਦੀਸ਼ ਚੰਦਰ ਕਾਜਲਾ ਤੇ ਹੋਰ ਆਗੂ ਮੌਜੂਦ ਸਨ।



## ਰਾਜ ਸਭਾ 'ਚ ਸੀ.ਏ./ਪੀ.ਐਫ਼. ਬਿੱਲ ਅੱਜ ਪੇਸ਼ ਹੋਵੇਗਾ



ਨਵੀਂ ਦਿੱਲੀ, 22 ਮਾਰਚ (ਚ.ਨ.ਸ): ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸੋਮਵਾਰ ਨੂੰ ਰਾਜ ਸਭਾ ਵਿੱਚ ਸਾਰੇ/ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ਼.) ਲਈ ਇੱਕ 'ਛਤਰੀ ਕਾਨੂੰਨ' ਪੇਸ਼ ਕਰਨ ਜਾ ਰਹੇ ਹਨ। ਇਸ ਬਿੱਲ ਦਾ ਮਕਸਦ ਭਰਤੀ, ਡਿਪੂਟੇਸ਼ਨ, ਤਰੱਕੀ ਤੇ ਅਧਿਕਾਰੀਆਂ ਦੀ ਸੇਵਾ ਸਬੰਧੀ ਨਿਯਮਾਂ ਨੂੰ ਇਕਸਾਰ ਕਰਨਾ ਹੈ। ਬਿੱਲ ਅਨੁਸਾਰ ਇੰਸਪੈਕਟਰ ਜਨਰਲ ਪੱਧਰ 'ਤੇ 50 ਫੀ ਸਦੀ ਅਹੁਦੇ ਤੇ ਐਡੀਸ਼ਨਲ ਡਾਇਰੈਕਟਰ ਜਨਰਲ ਪੱਧਰ 'ਤੇ ਘੱਟੋ-ਘੱਟ 67 ਫੀਸਦੀ ਅਹੁਦੇ ਆਈ.ਪੀ.ਐਸ. ਅਧਿਕਾਰੀਆਂ ਦੀ ਡਿਪੂਟੇਸ਼ਨ ਰਾਹੀਂ ਭਰੇ ਜਾਣਗੇ।

### ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੀਆਂ ਹਲਕਾ-ਵਾਰ ਮੀਟਿੰਗਾਂ

## ਅਨਿਲ ਠਾਕੁਰ, ਰਮਨ ਬਹਿਲ ਤੇ ਸਿਮਰਜੀਤ ਸਿੰਘ ਚੇਅਰਮੈਨ ਟਰੇਡਰਜ਼ ਕਮਿਸ਼ਨ ਵੱਲੋਂ ਸ਼ਿਰਕਤ

ਗੁਰਦਾਸਪੁਰ, 22 ਮਾਰਚ (ਜਗੀਰ ਸਿੰਘ ਮੰਡ): ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੀਆਂ ਹਲਕਾਵਾਰ ਮੀਟਿੰਗਾਂ ਤਹਿਤ ਲਾਇਬ੍ਰੇਰੀ ਰੋਡ ਗੁਰਦਾਸਪੁਰ ਬਾਜ਼ਾਰ ਵਿਖੇ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ, ਰਮਨ ਬਹਿਲ ਹਲਕਾ ਇੰਚਾਰਜ ਗੁਰਦਾਸਪੁਰ, ਐਸ.ਡੀ.ਐਮ. ਅਨੁਪ੍ਰੀਤ ਕੌਰ ਰੰਧਾਵਾ ਤੇ ਸਿਮਰਜੀਤ ਸਿੰਘ ਚੇਅਰਮੈਨ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਮੌਜੂਦ ਸਨ। ਇਸ ਮੌਕੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਪੰਜਾਬ ਸਰਕਾਰ, ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਇਸ ਮੌਕੇ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ, ਦੁਕਾਨਦਾਰਾਂ ਤੇ ਉਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ ਪੰਜਾਬ ਟਰੇਡ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ।ਹਰ ਸਮੱਸਿਆ ਪਹਿਲ ਦੇ ਆਧਾਰ 'ਤੇ ਹੱਲ ਕੀਤੀ ਜਾਵੇਗੀ। ਇਸ ਮੌਕੇ ਸਿਮਰਜੀਤ ਸਿੰਘ ਚੇਅਰਮੈਨ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਨੇ ਕਿਹਾ ਕਿ ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਤੇ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਤੇ ਵਪਾਰਕ ਮਾਹੌਲ ਨੂੰ ਹੋਰ ਸੁਗਮ ਤੇ ਪਾਰਦਰਸ਼ੀ ਬਣਾਉਣਾ ਹੈ। ਇਸ ਮੌਕੇ ਸੁਭਾਸ਼ ਚੰਦਰ ਏ.ਆਰ.ਟੀ.ਓ. ਗੁਰਦਾਸਪੁਰ, ਰਘੁਬੀਰ ਸਿੰਘ ਖ਼ਾਲਸਾ ਚੇਅਰਮੈਨ ਵਾਪਾਰ ਮੰਡਲ ਗੁਰਦਾਸਪੁਰ, ਰਜਿੰਦਰ ਨੰਦਾ ਚੇਅਰਮੈਨ ਐਕਸਾਈਜ਼ ਐਂਡ ਟੈਕਸੇਸ਼ਨ ਗੁਰਦਾਸਪੁਰ, ਮੈਂਬਰ ਬਿਕਰਮਜੀਤ ਸਿੰਘ ਸੋਢੀ, ਗੁਰਪ੍ਰੀਤ ਸਿੰਘ, ਹਰਜਿੰਦਰ ਸਿੰਘ, ਜਸਬੀਰ ਸਿੰਘ, ਰਜਿੰਦਰ ਨਯੀਅਰ, ਜਗਜੀਤ ਸਿੰਘ ਪਿੰਟਾ ਜ਼ਿਲ੍ਹਾ ਜਨਰਲ ਸਕੱਤਰ, ਅਸ਼ੋਕ ਮਹਾਜਨ ਪ੍ਰਧਾਨ ਮਾਰਕੀਟ ਕਮੇਟੀ, ਆਸ਼ੂ ਸਕੱਤਰ ਸੋਸ਼ਲ ਮੀਡੀਆ ਵਿੰਗ, ਮਾਝਾ ਜ਼ੋਨ, ਅਰੁਣ ਕੁਮਾਰ ਈ.ਓ. ਨਗਰ ਕੌਂਸਲ, ਭੁਪਿੰਦਰ ਸਿੰਘ ਕਲੇਰ, ਐਸ.ਡੀ.ਓ. ਪੀ.ਐਸ.ਪੀ.ਸੀ.ਐਲ. ਪਲਕ ਇੰਸਪੈਕਟਰ ਜੀ.ਐਸ.ਟੀ. ਸਮੇਤ ਵਪਾਰੀ ਤੇ ਦੁਕਾਨਦਾਰ ਮੌਜੂਦ ਸਨ।



## ਵਿਧਾਇਕ ਰੰਧਾਵਾ ਦੀ ਅਗਵਾਈ 'ਚ ਲੋਕਾਂ ਨੂੰ ਧਰੁਵ ਰਾਠੀ ਦੀ ਦਸਤਾਵੇਜ਼ੀ ਫ਼ਿਲਮ ਦਿਖਾਈ



ਡੇਰਾ ਬਾਬਾ ਨਾਨਕ, 22 ਮਾਰਚ (ਹੈਪੀ ਕੋਟਲੀ): ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਡੇਰਾ ਬਾਬਾ ਨਾਨਕ ਵਿਖੇ ਲੋਕਾਂ ਨੂੰ ਪ੍ਰਸਿੱਧ ਯੂਟਿਊਬਰ ਧਰੁਵ ਰਾਠੀ ਵੱਲੋਂ ਦਿੱਲੀ ਦੇ ਫਰਜ਼ੀ ਸ਼ਰਾਬ ਘੁਟਾਲੇ ਬਾਬਤ ਬਣਾਈ ਗਈ ਦਸਤਾਵੇਜ਼ੀ 'ਇੰਡੀਆਜ਼ ਬਿਗਸਟ ਕਾਂਸਪੈਰੇਸੀ, ਰਿਆਲਟੀ ਆਫ਼ ਦਿੱਲੀ ਲੀਕਰ ਸਕੈਮ' ਦਿਖਾਈ ਗਈ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਫਿਲਮ ਰਾਹੀਂ ਭਾਜਪਾ ਦੀ ਦਿੱਲੀ ਦੇ ਤਤਕਾਲੀ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਹੋਰ ਸੀਨੀਅਰ ਆਪ ਆਗੂਆਂ ਨੂੰ ਬਦਨਾਮ ਕਰਨ ਲਈ ਘੜੀ ਗਈ ਕੋਝੀ ਸਾਜ਼ਿਸ਼ ਬੇਨਕਾਬ ਹੋ ਗਈ ਹੈ। ਉਨ੍ਹਾਂ ਕਿਹਾ ਕਿ ਇਸ ਦਸਤਾਵੇਜ਼ੀ ਫਿਲਮ ਜ਼ਰੀਏ ਭਾਜਪਾ ਦੇ ਝੂਠ ਦੀ ਪੋਲ ਖੁੱਲ੍ਹ ਗਈ ਹੈ।ਉਨ੍ਹਾਂ ਕਿਹਾ ਕਿ ਸੱਚ ਨੂੰ ਕਦੇ ਵੀ ਲੁਕਾ ਕੇ ਨਹੀਂ ਰੱਖਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਇਸ ਦਸਤਾਵੇਜ਼ੀ ਫਿਲਮ ਰਾਹੀਂ ਇੱਕ ਮੁੱਖ ਮੰਤਰੀ ਨੂੰ ਜਿਹੜਾ ਘੁਟਾਲਾ ਹੋਇਆ ਹੀ ਨਹੀਂ, ਉਸ ਫਰਜ਼ੀ ਘੁਟਾਲੇ ਦੇ ਦੋਸ਼ ਵਿੱਚ ਜੇਲ੍ਹ ਵਿੱਚ ਭੇਜਣ ਦੀ ਸਾਜ਼ਿਸ਼ ਦਾ ਪਰਦਾਫਾਸ਼ ਹੋਇਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਕੇਂਦਰ ਸਰਕਾਰ ਨੇ ਇਸ ਝੂਠ ਨੂੰ ਫੈਲਾਉਣ ਲਈ ਕੋਈ ਕਸਰ ਨਹੀਂ ਛੱਡੀ ਪਰ ਅਖੀਰ ਵਿੱਚ ਸੱਚ ਦੀ ਜਿੱਤ ਹੋਈ ਹੈ ਤੇ ਦਿੱਲੀ ਦੀ ਅਦਾਲਤ ਨੇ ਇਸ ਕੇਸ ਨੂੰ ਬੇਬੁਨਿਆਦ ਦੱਸਦੇ ਹੋਏ ਅਰਵਿੰਦ ਕੇਜਰੀਵਾਲ ਸਮੇਤ ਹੋਰ ਆਗੂਆਂ ਨੂੰ ਬਰੀ ਕਰ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਬੀਜੇਪੀ ਦੀ ਕੇਂਦਰ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਉਪਰ ਲਗਾਏ ਗਏ ਕਥਿਤ ਸ਼ਰਾਬ ਘੁਟਾਲੇ ਦੇ ਕੇਸ ਦੀ ਅਸਲ ਸੱਚਾਈ ਲੋਕਾਂ ਸਾਹਮਣੇ ਰੱਖਣ ਲਈ ਦਸਤਾਵੇਜ਼ੀ ਫਿਲਮ ਤਿਆਰ ਕੀਤੀ ਗਈ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕੀਤੀ ਤੇ ਮਾਮਲੇ ਬਾਰੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।

## ਭਾਰਤੀ ਸਮੁੰਦਰੀ ਫੌਜ 'ਚ 3 ਅਪ੍ਰੈਲ ਨੂੰ ਨਵਾਂ ਸਟੇਲਥ ਫ੍ਰਿਗੇਟ ਤਾਰਾਗਿਰੀ ਸ਼ਾਮਲ ਹੋਵੇਗਾ



ਨਵੀਂ ਦਿੱਲੀ, 22 ਮਾਰਚ (ਚ.ਨ.ਸ): ਭਾਰਤੀ ਸਮੁੰਦਰੀ ਫੌਜ ਚ 3 ਅਪ੍ਰੈਲ ਨੂੰ ਨਵਾਂ ਸਟੇਲਥ ਫ੍ਰਿਗੇਟ (ਆਧੁਨਿਕ ਜੰਗੀ ਬੇੜਾ) ਤਾਰਾਗਿਰੀ ਸ਼ਾਮਲ ਹੋਵੇਗਾ। ਇਹ ਸਮਾਗਮ ਵਿਸ਼ਾਖਾਪਟਨਮ 'ਚ ਆਯੋਜਿਤ ਹੋਵੇਗਾ, ਜਿਸ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਕਰਨਗੇ। ਤਾਰਾਗਿਰੀ ਪ੍ਰੋਜੈਕਟ 17ਏ ਦੇ ਤਹਿਤ ਬਣਨ ਵਾਲਾ ਚੌਥਾ ਉਨਤ ਜੰਗੀ ਬੇੜਾ ਹੈ, ਜਿਸ ਦਾ ਵਜ਼ਨ ਲਗਭਗ 6,670 ਟਨ ਹੈ। ਇਹ ਸਿਰਫ ਇੱਕ ਜਹਾਜ਼ ਨਹੀਂ ਸਗੋਂ 'ਮੇਕ ਇਨ ਇੰਡੀਆ' ਪਹਿਲ ਤੇ ਭਾਰਤ ਦੇ ਸਵਦੇਸ਼ੀ ਸ਼ਿਧਯਾਰਡ ਦੀ ਆਧੁਨਿਕ ਇੰਜੀਨੀਅਰਿੰਗ ਸਮਰੱਥਾ ਦਾ ਸ਼ਾਨਦਾਰ ਉਦਾਹਰਣ ਹੈ। ਇਹ ਸਟੇਲਥ ਤਕਨਾਲੋਜੀ ਨਾਲ ਲੈਸ ਹੈ, ਜਿਸ ਨਾਲ ਦੁਸ਼ਮਣਾਂ ਦੇ ਰਾਡਾਰ ਤੋਂ ਬਚਣਾ ਆਸਾਨ ਹੁੰਦਾ ਹੈ ਤੇ ਇਹ ਭਾਰਤੀ ਸਮੁੰਦਰੀ ਫੌਜ ਦੀ ਤਾਕਤ ਨੂੰ ਹੋਰ ਵਧਾਏਗਾ। ਆਈ.ਐਨ.ਐਸ. ਤਾਰਾਗਿਰੀ 'ਚ ਐਡਵਾਂਸ ਹਥਿਆਰ ਪ੍ਰਣਾਲੀ ਲਗਾਈ ਗਈ ਹੈ, ਜਿਸ 'ਚ ਸੁਪਰਸੋਨਿਕ ਮਿਜ਼ਾਈਲ, ਮੀਡੀਅਮ ਰੇਂਜ ਏਅਰ ਡਿਫੈਂਸ ਸਿਸਟਮ ਤੇ ਐਂਟੀ-ਸਬਮਰੀਨ ਵਾਰਫੇਅਰ ਵਰਗੀ ਸਮਰੱਥਾ ਸ਼ਾਮਲ ਹੈ ਨਾਲ ਹੀ ਇਸ 'ਚ ਆਧੁਨਿਕ ਕਾਮਬੈਟ ਮੈਨੇਜਮੈਂਟ ਸਿਸਟਮ ਵੀ ਸੈਟ ਕੀਤਾ ਗਿਆ ਹੈ, ਜੋ ਤੇਜ਼ੀ ਨਾਲ ਫੈਸਲਾ ਲੈਣ 'ਚ ਮਦਦ ਕਰਦਾ ਹੈ।

## ਡਰਾਈਵਰ ਨੂੰ ਨੀਂਦ ਆਉਣ ਕਾਰਨ ਵਾਪਰਿਆ ਹਾਦਸਾ, ਜਾਨੀ ਨੁਕਸਾਨ ਤੋਂ ਬਚਾਅ

ਫਿਲੌਰ, 22 ਮਾਰਚ (ਅਜੇ ਸਿੰਘ ਨਾਗੀ): ਬੀਤੀ ਰਾਤ ਰਾਹਗੀਰ ਤੋਂ



ਸੂਚਨਾ ਮਿਲੀ ਕਿ ਰੇਲਵੇ ਓਵਰ ਬ੍ਰਿਜ ਦੇ ਉੱਪਰ ਇੱਕ ਐਕਸੀਡੈਂਟ ਹੋਇਆ ਹੈ, ਜਸਵਿੰਦਰ ਸਿੰਘ ਥਾਣੇਦਾਰ ਐਸਐਸਐਫ ਟੀਮ ਨੇ ਜਾ ਕੇ ਦੇਖਿਆ ਕਿ ਇੱਕ ਡਿਲੀਵਰੀ ਕੰਟੇਨਰ ਸਿਗਨਾ ਕੰਪਨੀ ਦਾ ਹਾਦਸਾ ਗ੍ਰਸਤ ਹੋਇਆ ਹੈ। ਡਿਵਾਈਡਰ ਵਿਚਕਾਰ ਫਸਿਆ ਹੋਇਆ ਸੀ। ਸਥਾਨਕ ਲੋਕਾਂ ਦੁਆਰਾ ਦੱਸਿਆ ਗਿਆ ਕਿ ਡਰਾਈਵਰ ਨੂੰ ਨੀਂਦ ਆਉਣ ਕਾਰਨ ਇਹ ਹਾਦਸਾ ਹੋਇਆ ਹੈ, ਜਦੋਂ ਐਸਐਸਐਫ ਟੀਮ ਨੇ ਦੇਖਿਆ ਕਿ ਕੰਟੇਨਰ ਦਾ ਡਰਾਈਵਰ ਫਰਾਰ ਹੋ ਗਿਆ ਸੀ। ਹਾਈਡ੍ਰੀਆਂ ਦੀ ਮਦਦ ਦੇ ਨਾਲ ਫਸੇ ਹੋਏ ਕੰਟੇਨਰ ਨੂੰ ਬਾਹਰ ਕੱਢਿਆ ਗਿਆ ਤੇ ਸਾਈਡ 'ਤੇ ਲਗਵਾਇਆ ਗਿਆ। ਇਸ ਐਕਸੀਡੈਂਟ ਕਾਰਨ ਨੈਸ਼ਨਲ ਹਾਈਵੇ ਐਨਐਚ44 ਉਪਰ ਬਹੁਤ ਜ਼ਿਆਦਾ ਜਾਮ ਲੱਗਿਆ ਹੋਇਆ ਸੀ ਜਿਸ ਨੂੰ ਐਸਐਸਐਫ ਟੀਮ ਤੇ ਨੈਸ਼ਨਲ ਹਾਈਵੇ ਵਾਲੀ ਟੀਮ ਨੇ ਮਿਲ ਕੇ ਕਲੀਅਰ ਕਰਵਾਇਆ ਤੇ ਟ੍ਰੈਫਿਕ ਨੂੰ ਸੁਚਾਰੂ ਢੰਗ ਦੇ ਨਾਲ ਚਲਾਇਆ। ਇਸ ਘਟਨਾ ਸਬੰਧੀ ਰੇਲਵੇ ਵਿਭਾਗ ਦੇ ਕਰਮਚਾਰੀਆਂ ਤੇ ਥਾਣਾ ਫਿਲੌਰ ਦੇ ਐਸਐਚਓ ਅਮਨ ਸੈਣੀ ਨੂੰ ਨੋਟ ਕਰਵਾਇਆ, ਮੌਕੇ 'ਤੇ 112 ਟੀਮ ਦੇ ਇੰਚਾਰਜ ਲਖਵਿੰਦਰ ਸਿੰਘ ਪਹੁੰਚੇ।

## ਸਰਕਾਰ ਦਾ ਵਪਾਰੀਆਂ ਦੀਆਂ ਮੁਸ਼ਕਿਲਾਂ ਬੂਹਾਂ 'ਤੇ ਹੱਲ ਕਰਨ ਦਾ ਨਿਵੇਕਲਾ ਉਪਰਾਲਾ ਹੋਇਆ ਕਾਰਗਾਰ ਸਿੱਧ: ਈਟੀਓ

ਜੰਡਿਆਲਾ ਗੁਰੂ, 22 ਮਾਰਚ (ਰਾਮ ਸ਼ਰਨਜੀਤ ਸਿੰਘ): ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਆਯੋਜਿਤ 'ਵਪਾਰ ਮਿਲਣੀ' ਦੌਰਾਨ ਸਥਾਨਕ ਵਪਾਰੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਦਰਪੇਸ਼ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਉਨ੍ਹਾਂ ਨੇ ਵਪਾਰੀਆਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਤੇ ਮੌਕੇ 'ਤੇ ਹੀ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਵਪਾਰੀ ਵਰਗ ਹੈ ਤੇ ਸਰਕਾਰ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤਾਂ ਜੋ ਉਹ ਬਿਨਾਂ ਰੁਕਾਵਟ ਆਪਣੇ ਕਾਰੋਬਾਰ ਨੂੰ ਅੱਗੇ ਵਧਾ ਸਕਣ ਤੇ ਸੂਬੇ ਦੀ ਤਰੱਕੀ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਸਕਣ। ਕੈਬਨਿਟ ਮੰਤਰੀ ਈਟੀਓ ਨੇ ਵਪਾਰੀਆਂ ਨੂੰ ਭਰੋਸਾ ਦਵਾਇਆ ਕਿ ਜੀਐਸਟੀ, ਬਿਜਲੀ ਸਪਲਾਈ, ਮਜ਼ਦੂਰੀ ਤੇ ਰੋਜ਼ਗਾਰ ਨਾਲ ਸਬੰਧਤ ਮੁੱਦਿਆਂ ਦਾ ਸਮਰਥ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਵੱਖ-ਵੱਖ ਦਫਤਰਾਂ ਦੇ ਚੱਕਰ ਨਾ ਮਾਰਨੇ ਪੈਣ। ਕੈਬਨਿਟ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਵਪਾਰ ਕਰਨ ਵਿੱਚ ਆਸਾਨੀ ਯਕੀਨੀ ਬਣਾਉਣਾ ਤੇ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ। ਇਸ ਮੌਕੇ ਚੇਅਰਮੈਨ ਟਰੇਡ ਕਮਿਸ਼ਨ ਰਮੇਸ਼ ਅਵਸਥੀ ਤੇ ਉਪ-ਚੇਅਰਮੈਨ ਟਰੇਡ ਕਮਿਸ਼ਨ ਅਭਿਸ਼ੇਕ ਬਾਂਸਲ ਨੇ ਵੀ ਵਪਾਰੀਆਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਤੇ ਸਮੱਸਿਆਵਾਂ ਦੇ ਜਲਦੀ ਹੱਲ ਲਈ ਭਰੋਸਾ ਦਿਵਾਇਆ। ਇਸ ਮੀਟਿੰਗ ਵਿੱਚ ਵਪਾਰ ਮੰਡਲ ਨਾਲ ਸਬੰਧਤ ਸਾਰੇ ਅਦਾਰੇ ਦੇ ਅਧਿਕਾਰੀ ਜਿਵੇਂ ਪੁਲਿਸ, ਤਹਿਸੀਲ, ਕਰ ਵਿਭਾਗ, ਜ਼ਿਲ੍ਹਾ ਮੰਡੀ ਅਫਸਰ, ਪੀਐਸਪੀਸੀਐਲ, ਡਰੇਨੇਜ਼, ਇੰਡਸਟਰੀ ਖੇਤੀਬਾੜੀ ਵਾਤਾਵਰਨ ਤੋਂ ਇਲਾਵਾ ਹੋਰ ਵਿਭਾਗ ਵੀ ਹਾਜ਼ਰ ਸਨ। ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਗੁਰਵਿੰਦਰ ਸਿੰਘ ਸਰਪੰਚ ਮਹਿਤਾ ਅਜੇ ਗਾਂਧੀ ਬਲਾਕ ਪ੍ਰਧਾਨ ਰਾਜਵਿੰਦਰ ਲਾਡੀ ਬਲਾਕ ਪ੍ਰਧਾਨ ਅਮਰ ਰਾਵਤ ਜਗਜੀਤ ਸਿੰਘ, ਜਰਮਨਜੀਤ ਸਿੰਘ ਵੀ ਹਾਜ਼ਰ ਸਨ।



## ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਦੂਸਰੀ ਬੱਸ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਰਵਾਨਾ

ਬਟਾਲਾ, 22 ਮਾਰਚ (ਸੁਖਦੇਵ ਸਿੰਘ/ਰੰਧਾਵਾ ਬਲਬੀਰ ਸੋਹਲ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਅੱਜ ਦੂਸਰੀ ਬੱਸ ਉਸਮਾਨਪੁਰ ਸਿਟੀ ਬਟਾਲਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਲਈ ਰਵਾਨਾ ਹੋਈ। ਇਸ ਮੌਕੇ ਦਵਿੰਦਰ ਸਿੰਘ, ਜਸਪਾਲ ਸਿੰਘ, ਦਲਬੀਰ ਸਿੰਘ ਜੇ.ਈ., ਹਰਮਨ ਸਿੰਘ ਤੇ ਬਲਜਿੰਦਰ ਸਿੰਘ ਮੌਜੂਦ ਸਨ। ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖ਼ਾਲਸਾ, ਸ੍ਰੀ ਕੀਰਤਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖ਼ੁਸ਼ੀ ਪਾਈ ਜਾ ਰਹੀ ਹੈ। ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖ਼ੁਸ਼ੀ ਵਰਗਾ ਮਾਹੌਲ ਹੈ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।



## ਬਟਾਲਾ ਕਾਲਜ ਆਫ਼ ਐਜੂਕੇਸ਼ਨ ਦਾ ਬੀ.ਐਡ. ਸਮੈਸਟਰ ਤੀਜਾ ਦਾ ਨਤੀਜਾ ਰਿਹਾ ਸ਼ਾਨਦਾਰ

ਬਟਾਲਾ, 22 ਮਾਰਚ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ.ਐਡ. ਸਮੈਸਟਰ ਤੀਜਾ ਦੇ ਨਤੀਜੇ 'ਚ ਬਟਾਲਾ ਕਾਲਜ ਆਫ਼ ਐਜੂਕੇਸ਼ਨ, ਬੁੱਲੋਵਾਲ (ਨੇੜੇ ਅਲੀਵਾਲ) ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਕਾਲਜ ਚੇਅਰਮੈਨ ਬਿਕਰਮਜੀਤ ਸਿੰਘ ਬਾਠ ਨੇ ਦੱਸਿਆ ਕਿ ਕਾਲਜ ਦਾ ਨਤੀਜਾ ਸੌ ਫੀਸਦੀ ਰਿਹਾ ਤੇ ਕਾਲਜ ਦੇ 80 ਵਿਦਿਆਰਥੀਆਂ ਨੇ 90 ਫ਼ੀਸਦੀ ਤੇ 20 ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਕ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਲਜ ਦੇ 80 ਵਿਦਿਆਰਥੀਆਂ ਨੇ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, 8 ਵਿਦਿਆਰਥੀਆਂ ਨੇ 88 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਤੇ 4 ਵਿਦਿਆਰਥੀਆਂ ਨੇ 82 ਫ਼ੀਸਦੀ ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਚੇਅਰਮੈਨ ਬਾਠ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਸਟਾਫ ਤੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਬੀ.ਐਡ. ਸਮੈਸਟਰ ਤੀਜਾ ਦੇ ਨਤੀਜੇ ਵਿੱਚ ਸਾਰੇ ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ, ਜੋ ਕਿ ਇੱਕ ਵਿੱਦਿਅਕ ਸੰਸਥਾ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਦੱਸਿਆ ਕਿ ਸਿੱਖਿਆ ਨੂੰ ਨਿਰੋਲ ਸੇਵਾ ਦੇ ਮਿਸ਼ਨ ਵਜੋਂ ਲੈਂਦਿਆਂ ਵਿਦਿਆਰਥੀਆਂ ਕੋਲੋਂ ਦਾਖ਼ਲੇ ਲਈ ਯੂਨੀਵਰਸਿਟੀ ਵੱਲੋਂ ਨਿਰਧਾਰਿਤ ਫ਼ੀਸ ਹੀ ਲਈ ਜਾ ਰਹੀ ਹੈ ਤਾਂ ਜੋ ਗਰੀਬ ਵਿਦਿਆਰਥੀ ਵੀ ਸਿੱਖਿਆ ਤੋਂ ਵਾਂਝਾ ਨਾ ਰਹਿ ਸਕੇ। ਉਨ੍ਹਾਂ ਕਿਹਾ ਕਿ ਕਾਲਜ ਕੈਂਪਸ ਵਿੱਚ ਵਿਦਿਆਰਥੀਆਂ ਦੀ ਸਹੂਲਤ ਲਈ ਮਲਟੀਮੀਡੀਆ ਡਿਜੀਟਲ ਲਾਇਬ੍ਰੇਰੀ, ਟੈਕਨਾਲੋਜੀ ਲੈਬ, ਮੈਥਮ ਲੈਬ, ਸਾਇੰਸ ਲੈਬਾਂ, ਸਾਇਕੋਲੋਜੀ ਲੈਬ, ਮਿਊਜ਼ਿਕ ਰੂਮ, ਆਰਟ ਰੂਮ, ਖੁੱਲ੍ਹੇ ਹਵਾਦਾਰ ਕਮਰੇ, ਆਧੁਨਿਕ ਕੰਪਿਊਟਰ ਲੈਬ ਤੇ ਨਾਲ ਹੀ ਵਾਈ-ਫਾਈ ਤੇ ਇੰਟਰਨੈਟ ਦੀਆਂ ਸਹੂਲਤਾਂ ਵੀ ਮੌਜੂਦ ਹਨ। ਇਸ ਮੌਕੇ 'ਤੇ ਕਾਲਜ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਪ੍ਰੋ. ਰਾਜਬੀਰ ਕੌਰ, ਕੋਆਰਡੀਨੇਟਰ ਧਿਆਨ ਸਿੰਘ, ਪ੍ਰੋ. ਸੁਖਜੀਤ ਕੌਰ, ਪ੍ਰੋ. ਗੁਰਪਿੰਦਰ ਕੌਰ, ਪ੍ਰੋ. ਸ਼ਿਫਾਲੀ, ਪ੍ਰੋ. ਕ੍ਰਿਤਿਕਾ ਅਰੋੜਾ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਪ੍ਰਦੀਪ ਕੌਰ, ਪ੍ਰੋ. ਗੁਰਵਿੰਦਰ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪਰਮਜੀਤ ਕੌਰ ਤੇ ਮਿਸਟਰ ਅਮਨ ਸ਼ਰਮਾ ਹਾਜ਼ਰ ਸਨ।



## ਯੂਨੀਕ ਹੀਰੋ ਏਜੰਸੀ ਉਮਰਪੁਰਾ ਵੱਲੋਂ ਸਰਵਿਸ ਐਂਡ ਐਕਸਚੇਂਜ ਕਾਰਨੀਵਲ ਕੈਂਪ ਅੱਜ ਤੋਂ 25 ਤੱਕ

ਬਟਾਲਾ, 22 ਮਾਰਚ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਯੂਨੀਕ ਹੀਰੋ ਏਜੰਸੀ ਉਮਰਪੁਰਾ ਚੌਕ ਜਲੰਧਰ ਰੋਡ ਬਟਾਲਾ ਵੱਲੋਂ 3 ਰੋਜ਼ਾ ਮੈਗਾ ਸਰਵਿਸ ਐਂਡ ਐਕਸਚੇਂਜ ਕਾਰਨੀਵਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਗ੍ਰਾਹਕਾਂ ਨੂੰ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏਜੰਸੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਯੂਨੀਕ ਹੀਰੋ ਏਜੰਸੀ ਉਮਰਪੁਰਾ ਚੌਕ ਜਲੰਧਰ ਰੋਡ ਬਟਾਲਾ ਵੱਲੋਂ 23 ਤੋਂ 25 ਮਾਰਚ ਤੱਕ ਇੱਕ ਵਿਸ਼ੇਸ਼ ਮੈਗਾ ਸਰਵਿਸ ਐਂਡ ਐਕਸਚੇਂਜ ਕਾਰਨੀਵਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕੈਂਪ 'ਚ ਗ੍ਰਾਹਕਾਂ ਨੂੰ ਪੇਡ ਸਰਵਿਸ ਦੀ ਲੇਬਰ ਬਿਲਕੁਲ ਮੁਫਤ ਦਿੱਤੀ ਜਾਵੇਗੀ, ਮੁਫਤ ਵਾਸ਼ਿੰਗ, ਮੁਫਤ ਨਾਈਟਰੋਜਨ ਫਿਲਿੰਗ ਤੇ ਮੁਫਤ ਕੰਪਿਊਟਰ ਸੈਕਨਿੰਗ ਦੀ ਸਹੂਲਤ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ 'ਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਇਸ ਕੈਂਪ ਦਾ ਲਾਭ ਉਠਾਉਣ।

## ਪਿੰਡ ਮੰਜਿਆਂ ਵਾਲੀ ਵਿਖੇ ਮਹਿਲਾਵਾਂ ਦਾ ਵੱਡਾ ਇਕੱਠ, ਸਰਕਾਰ ਦਾ ਕੀਤਾ ਧੰਨਵਾਦ



ਫਤਹਿਗੜ੍ਹ ਚੂੜੀਆਂ, 22 ਮਾਰਚ (ਰਾਜਨ ਸ਼ਰਮਾ): ਹਲਕਾ ਫਤਹਿਗੜ੍ਹ ਚੂੜੀਆਂ ਦੇ ਅਧੀਨ ਆਉਂਦੇ ਪਿੰਡ ਮੰਜਿਆਂ ਵਾਲੀ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਦੀ ਧਰਮ ਪਤਨੀ ਗੁਰਪ੍ਰੀਤ ਕੌਰ ਪੰਨੂੰ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਰਾਜ ਦਵਿੰਦਰ ਸਿੰਘ ਦੇ ਗ੍ਰਹਿ ਵਿਖੇ ਪਹੁੰਚ ਕੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ ਸਤਿਕਾਰ ਵਜੋਂ ਹਰ ਮਹੀਨੇ 1000 ਤੇ 1500 ਰੁਪਏ ਵਾਲੀ ਸਕੀਮ ਬਾਰੇ ਜਾਣੂੰ ਕਰਵਾਇਆ ਤੇ ਪੰਜਾਬ ਸਰਕਾਰ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਗੁਰਪ੍ਰੀਤ ਕੌਰ ਪੰਨੂੰ ਦਾ ਰਾਜ ਦਵਿੰਦਰ ਸਿੰਘ ਦੇ ਗ੍ਰਹਿ ਵਿਖੇ ਪਹੁੰਚਣ 'ਤੇ ਉਨ੍ਹਾਂ ਨੇ ਤਹਿ ਦਿਲ ਤੋਂ ਧੰਨਵਾਦ ਕੀਤਾ।ਇਸ ਮੌਕੇ ਸਰਪੰਚ ਬਲਵਿੰਦਰ ਕੌਰ, ਰਾਜ ਦਵਿੰਦਰ ਸਿੰਘ ਪੰਚ, ਆਗਿਆਪਾਲ ਸਿੰਘ ਪੰਚ, ਪਰਜੰਟ ਪੰਚ, ਰਣਜੀਤ ਕੌਰ, ਅਮਨਦੀਪ ਕੌਰ, ਖੁਸ਼ਨੂਰ ਕੌਰ ਰੰਧਾਵਾ ਸਰਪੰਚ, ਰਜਵੰਤ ਕੌਰ ਕੁਲਦੀਪ ਕੌਰ, ਕਸ਼ਮੀਰ ਕੌਰ, ਜਸਬੀਰ ਕੌਰ, ਹਰਪ੍ਰੀਤ ਕੌਰ, ਰਵਿੰਦਰ ਕੌਰ, ਸੁਖਵਿੰਦਰ ਕੌਰ, ਮੋਨਿਕਾ ਰਾਣੀ, ਗੁਰਮੀਤ ਕੌਰ, ਅੰਮ੍ਰਿਤਪਾਲ ਕੌਰ, ਗੁਰਜੀਤ ਕੌਰ, ਸੁਖਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਰਕਰ ਹਾਜ਼ਰ ਸਨ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਆਪ ਵਰਕਰਾਂ ਨਾਲ ਮੀਟਿੰਗ ਵੀ ਕੀਤੀ ਗਈ। ਆਖਿਰ ਵਿੱਚ ਰਾਜ ਦਵਿੰਦਰ ਸਿੰਘ ਵੱਲੋਂ ਗੁਰਪ੍ਰੀਤ ਕੌਰ ਪੰਨੂੰ ਦਾ ਤੇ ਮਹਿਲਾਵਾਂ ਤੇ ਆਗੂਆਂ ਦਾ ਧੰਨਵਾਦ ਕੀਤਾ ਤੇ ਪੰਜਾਬ ਸਰਕਾਰ ਦਾ ਸ਼ੁਰੂ ਕੀਤੀ ਗਈ ਸਕੀਮ ਦਾ ਤਹਿ ਦਿਲ ਤੋਂ ਧੰਨਵਾਦ ਵੀ ਕੀਤਾ ਗਿਆ।

## ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਚੱਕੋਵਾਲ ਸ਼ੇਖਾ ਪਿੰਡ ਦਾ ਦੌਰਾ



ਹਰਿਆਣਾ, 22 ਮਾਰਚ (ਚੰਦਰ ਪ੍ਰਕਾਸ਼): ਪੰਜਾਬ ਸਰਕਾਰ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਪੈਂਦੇ ਪਿੰਡ ਚੱਕੋਵਾਲ ਸ਼ੇਖਾ ਦਾ ਦੌਰਾ ਕੀਤਾ ਤੇ ਇਸ ਦੌਰਾਨ ਪਿੰਡ ਵਾਸੀਆਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਮੀਟਿੰਗ ਦੇ ਦੌਰਾਨ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਪਿੰਡ ਵਾਸੀਆਂ ਦੀਆਂ ਦਰਪੇਸ਼ ਮੁਸ਼ਕਿਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਤੇ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰ ਘਰ-ਹਰ ਪਿੰਡ ਤੱਕ ਬੁਨਿਆਦੀ ਸਹੂਲਤਾਂ ਪਹੁੰਚਾਉਣ ਲਈ ਵਚਨਬੱਧ ਹੈ। ਇਸ ਸਮੇਂ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਕਿਹਾ ਗਿਆ ਕਿ ਪਿੰਡ ਵਿੱਚ ਪੀਣ ਵਾਲੇ ਪਾਣੀ ਦੇ ਨਵੇਂ ਬੋਰ ਦਾ ਕੰਮ ਜਲਦੀ ਪੂਰਾ ਕਰ ਦਿੱਤਾ ਜਾਵੇਗਾ ਤੇ ਪਿੰਡ ਵਿੱਚ ਸਾਂਝੇ ਸਮਾਗਮਾਂ ਲਈ ਕਮਿਊਨਿਟੀ ਹਾਲ ਦੀ ਤਿਆਰੀ ਦਾ ਕੰਮ ਵੀ ਜਲਦ ਸ਼ੁਰੂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਸਾਂਝੀਆਂ ਕੀਤੀਆਂ ਗਈਆਂ ਬਾਕੀ ਸਮੱਸਿਆਵਾਂ ਦੇ ਜਲਦ ਨਿਪਟਾਰੇ ਲਈ ਵੀ ਹਰ ਸੰਭਵ ਯਤਨ ਕੀਤੇ ਜਾਣਗੇ ਤੇ ਵਿਕਾਸ ਦੀ ਇਹ ਲਹਿਰ ਨਿਰੰਤਰ ਜਾਰੀ ਰਹੇਗੀ। ਭਵਿੱਖ ਵਿੱਚ ਵੀ ਲੋਕਾਂ ਦੀ ਭਲਾਈ ਲਈ ਕਾਰਜ ਨਿਰੰਤਰ ਜਾਰੀ ਰੱਖੇ ਜਾਣਗੇ।

## ਸਰਕਾਰ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਕਰਵਾਈ ਮੈਰਾਥਨ



ਮਾਹਿਲਪੁਰ/ਹੁਸ਼ਿਆਰਪੁਰ, 22 ਮਾਰਚ (ਦੀਪਕ ਅਗਨੀਹੋਤਰੀ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਨੈਸ਼ਨਲ ਮੈਰਾਥਨ ਅੱਜ ਇਥੇ ਤੜਕਸਾਰ ਸਥਾਨਕ ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਹੋਈ, ਜਿਸ ਵਿੱਚ ਹਰ ਵਰਗ ਦੇ ਵਿਅਕਤੀਆਂ ਵੱਲੋਂ ਵੱਧ ਚੜ੍ਹ ਕੇ ਹਿੱਸਾ ਲੈਂਦਿਆਂ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਤੇ ਲਾਮਬੰਦ ਕਰਨ ਦੇ ਨਾਲ-ਨਾਲ ਖੇਡਾਂ ਨੂੰ ਵੱਧ ਤੋਂ ਵੱਧ ਹੁਲਾਰਾ ਦੇਣ ਦਾ ਪ੍ਰਣ ਲਿਆ ਗਿਆ।ਸਵੇਰੇ 4 ਵਜੇ ਤੋਂ ਸ਼ੁਰੂ ਹੋਈ ਮੈਰਾਥਨ ਦੀ ਪ੍ਰਕਿਰਿਆ ਨਾਲ ਪਹਿਲੇ ਵਰਗ 42 ਕਿਲੋਮੀਟਰ ਲਈ ਦੌੜਾਕਾਂ ਨੂੰ 5 ਵਜੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਝੰਡੀ ਦੇ ਕੇ ਰਵਾਨਾ ਕਰਦਿਆਂ ਕਿਹਾ ਕਿ ਮੈਰਾਥਨ ਤੇ ਖੇਡਾਂ ਪ੍ਰਤੀ ਪੰਜਾਬੀਆਂ ਦੇ ਉਤਸ਼ਾਹ ਨੂੰ ਸਲਾਮ ਹੈ ਤੇ ਪੰਜਾਬੀਆਂ ਦੇ ਜਜ਼ਬੇ ਤੇ ਬਹਾਦਰੀ ਸਾਹਮਣੇ ਨਸ਼ਿਆਂ ਦੀ ਅਲਾਮਤ ਨੂੰ ਖਤਮ ਕਰਨਾ ਕੋਈ ਬਹੁਤ ਵੱਡੀ ਚੁਣੌਤੀ ਨਹੀਂ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਾਂਝੇ ਯਤਨਾਂ ਤੇ ਹੰਭਲੇ ਸਦਕਾ ਨਸ਼ਿਆਂ ਦਾ ਖਾਤਮਾ ਪੂਰੀ ਤਰ੍ਹਾਂ ਸੰਭਵ ਹੈ ਜਿਸ ਲਈ ਪੰਜਾਬ ਸਰਕਾਰ ਲਗਾਤਾਰ ਵੱਡੇ ਐਕਸ਼ਨ ਲੈ ਰਹੀ ਹੈ ਤਾਂ ਜੋ ਪੰਜਾਬ ਨੂੰ ਇਸ ਸਮਾਜਿਕ ਬੁਰਾਈ ਤੋਂ ਮੁਕਤ ਕਰਕੇ ਰੰਗਲੇ ਪੰਜਾਬ ਦਾ ਸੁਪਨਾ ਸਾਕਾਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਕਰਵਾਈ ਰਾਸ਼ਟਰੀ ਮੈਰਾਥਨ ਦਾ ਉਦੇਸ਼ ਲੋਕਾਂ ਨੂੰ ਨਸ਼ਿਆਂ ਖਿਲਾਫ਼ ਜਾਗਰੂਕ ਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨਾ ਹੈ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ 21 ਕਿਲੋਮੀਟਰ ਤੇ 10 ਕਿਲੋਮੀਟਰ ਵਰਗ ਲਈ ਦੌੜਾਕਾਂ ਨੂੰ ਝੰਡੀ ਦੇ ਕੇ ਰਵਾਨਾ ਕਰਨ ਮੌਕੇ ਕਿਹਾ ਕਿ ਨੌਜਵਾਨਾਂ ਦਾ ਮੈਰਾਥਨ ਪ੍ਰਤੀ ਉਤਸ਼ਾਹ ਕਾਬਿਲੇ ਤਾਰੀਫ਼ ਹੈ।

## ਦਸ਼ਮੇਸ਼ ਪਬਲਿਕ ਸੀਨੀ. ਸੈਕੰ. ਸਕੂਲ ਦਾ ਸਾਲਾਨਾ ਨਤੀਜਾ ਐਲਾਨਿਆ

ਚੌਕ ਮਹਿਤਾ, 22 ਮਾਰਚ (ਬਲਜਿੰਦਰ ਸਿੰਘ ਰੰਧਾਵਾ): ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਕ ਵਿਖੇ ਸੈਸ਼ਨ 2025-26 ਦਾ ਸਾਲਾਨਾ ਨਤੀਜਾ ਐਲਾਨਿਆ ਗਿਆ। ਇਸ ਸਾਲਾਨਾ ਦਾ ਆਯੋਜਨ ਸਕੂਲ ਗਰਾਊਂਡ ਵਿੱਚ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦਾ ਪਾਠ ਸਰਵਣ ਕਰਵਾ ਕੇ ਕੀਤੀ ਗਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮਾਪਿਆਂ ਨੂੰ ਜੀ ਆਇਆਂ ਆਖਿਆ ਤੇ ਆਪਣਾ ਕੀਮਤੀ ਸਮਾਂ ਕੱਢ ਕੇ ਆਉਣ 'ਤੇ ਮਾਪਿਆਂ ਦਾ ਧੰਨਵਾਦ ਵੀ ਕੀਤਾ। ਦਸ਼ਮੇਸ਼ ਸੰਸਥਾਵਾਂ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਤੇ ਪ੍ਰਿੰਸੀਪਲ ਗੁਰਬੀਰ ਕੌਰ ਵੱਲੋਂ ਨਰਸਰੀ ਤੋਂ ਗਿਆਰਵੀਂ ਜਮਾਤ ਤੱਕ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਵਿੱਚ 85% ਵਿਦਿਆਰਥੀਆਂ ਦੁਆਰਾ 100% ਨੰਬਰ ਲੈ ਕੇ ਆਪਣੀ ਸਾਲਾਨਾ ਪ੍ਰੀਖਿਆ ਪਾਸ ਕੀਤੀ। ਜੋ ਕਿ ਸਕੂਲ ਵਾਸਤੇ ਬਹੁਤ ਹੀ ਮਾਣ ਵਾਲੀ ਗੱਲ ਹੈ। ਇਸ ਮੌਕੇ ਵਿਦਿਆਰਥੀਆਂ ਤੇ ਮਾਪਿਆਂ ਦੇ ਚਿਹਰਿਆਂ 'ਤੇ ਉਤਸ਼ਾਹ ਤੇ ਖ਼ੁਸ਼ੀ ਦੀ ਲਹਿਰ ਦੇਖੀ ਗਈ। ਸਕੂਲ ਮੈਨੇਜਮੈਂਟ ਵੱਲੋਂ ਸਕੂਲ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਤੇ ਸਕੂਲ ਦੀਆਂ ਪ੍ਰਾਪਤੀਆਂ ਤੋਂ ਮਾਪਿਆਂ ਨੂੰ ਜਾਣੂੰ ਕਰਵਾਇਆ ਗਿਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਵੱਲੋਂ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ ਤੇ ਭਵਿੱਖ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਦਸ਼ਮੇਸ਼ ਵਿਦਿਅਕ ਸੰਸਥਾਵਾਂ ਦੇ ਡਾਇਰੈਕਟਰ ਲਕਸ਼ਮਣ ਸਿੰਘ ਰਾਵਤ, ਪ੍ਰਿੰਸੀਪਲ ਗੁਰਬੀਰ ਕੌਰ, ਹਰਪ੍ਰੀਤ ਕੌਰ, ਕੋਆਰਡੀਨੇਟਰ ਰਵਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਸੁਧਾ ਸ਼ਰਮਾ ਤੇ ਰਾਕੇਸ਼ ਬਾਵਾ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



# ਈਰਾਨ ਵੱਲੋਂ ਦੇਸ਼ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਵੈਲਯੂ ਵਾਲੀ ਕਰੰਸੀ ਦਾ ਨੋਟ ਜਾਰੀ

## ☛ ਭਾਰਤੀ ਰੁਪਏ 'ਚ ਇਸ ਦੀ ਕੀਮਤ ਮਹਿਜ਼ 650 ਤੋਂ 700 ਰੁਪਏ

ਨਵੀਂ ਦਿੱਲੀ, 22 ਮਾਰਚ (ਚ.ਨ.ਸ): ਈਰਾਨ ਨੇ 10 ਮਿਲੀਅਨ (1 ਕਰੋੜ) ਰਿਆਲ ਦਾ ਇੱਕ ਨੋਟ ਜਾਰੀ ਕੀਤਾ ਹੈ, ਜੋ ਦੇਸ਼ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਵੈਲਯੂ ਵਾਲੀ ਕਰੰਸੀ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇੰਨੀ ਵੱਡੀ ਰਕਮ ਲਿਖੀ ਹੋਣ ਦੇ ਬਾਵਜੂਦ ਭਾਰਤੀ ਰੁਪਏ ਵਿੱਚ ਇਸ ਦੀ ਕੀਮਤ ਮਹਿਜ਼ 650 ਤੋਂ 700 ਰੁਪਏ ਦੇ (ਲਗਭਗ £7 ਡਾਲਰ) ਕਰੀਬ ਹੈ। ਇਹ ਨੋਟ ਈਰਾਨੀ ਕਰੰਸੀ ਵਿੱਚ ਆਈ ਭਾਰੀ ਗਿਰਾਵਟ ਦੀ ਜਿਉਂਦੀ-ਜਾਗਦੀ ਮਿਸਾਲ ਹੈ। ਇਹ ਕਦਮ ਉਦੋਂ ਚੁੱਕਿਆ ਗਿਆ ਹੈ ਜਦੋਂ ਈਰਾਨ ਵੱਧਦੀ ਮਹਿੰਗਾਈ, ਕਮਜ਼ੋਰ ਹੁੰਦੇ ਰਿਆਲ ਤੇ ਅਮਰੀਕਾ-ਇਜ਼ਰਾਈਲ ਨਾਲ ਚੱਲ ਰਹੇ ਤਣਾਅ ਕਾਰਨ ਆਰਥਿਕ ਦਬਾਅ ਹੇਠ ਹੈ। ਈਰਾਨ ਵਿੱਚ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਦੀਆਂ ਕੀਮਤਾਂ ਇੰਨੀ ਤੇਜ਼ੀ ਨਾਲ ਵੱਧ ਰਹੀਆਂ ਹਨ ਕਿ ਆਮ ਲੈਣ-ਦੇਣ ਲਈ ਵੀ ਬਹੁਤ ਜ਼ਿਆਦਾ ਨਕਦੀ ਦੀ ਲੋੜ ਪੈ ਰਹੀ ਹੈ। ਇਸ ਸਮੱਸਿਆ ਨੂੰ ਹੱਲ ਕਰਨ ਤੇ ਬਾਜ਼ਾਰ ਵਿੱਚ ਕਰੰਸੀ ਦੇ ਬੋਝ ਨੂੰ ਘਟਾਉਣ ਲਈ ਅਧਿਕਾਰੀਆਂ ਨੇ ਵੱਡੀ ਕੀਮਤ ਵਾਲੇ ਨੋਟ ਛਾਪਣ ਦਾ ਫੈਸਲਾ ਕੀਤਾ ਹੈ। ਲੋਕ ਬੈਂਕਾਂ 'ਚੋਂ ਕਢਵਾ ਰਹੇ ਹਨ ਪੈਸਾ: ਮੀਡੀਆ ਰਿਪੋਰਟਾਂ ਅਨੁਸਾਰ ਈਰਾਨ ਵਿੱਚ




ਲੋਕਾਂ ਵੱਲੋਂ ਬੈਂਕਾਂ ਵਿੱਚੋਂ ਨਕਦੀ ਕਢਵਾਉਣ ਦੀ ਦਰ ਵਿੱਚ ਭਾਰੀ ਵਾਧਾ ਹੋਇਆ ਹੈ। ਮੌਜੂਦਾ ਜੰਗੀ ਹਾਲਾਤ ਤੇ ਡਿਜੀਟਲ ਪੇਮੈਂਟ ਸਿਸਟਮ ਦੇ ਠੱਪ ਹੋਣ ਦੇ ਡਰੋਂ, ਲੋਕ ਆਪਣੇ ਕੋਲ ਨਕਦੀ ਰੱਖਣਾ ਸੁਰੱਖਿਅਤ ਸਮਝ ਰਹੇ ਹਨ। ਇਸੇ ਕਾਰਨ ਏ.ਟੀ.ਐਮ. ਤੇ ਬੈਂਕਾਂ ਦੇ ਬਾਹਰ ਲੰਬੀਆਂ ਕਤਾਰਾਂ ਲੱਗ ਗਈਆਂ ਹਨ।ਆਮ ਲੋਕਾਂ 'ਤੇ ਕੀ ਅਸਰ ਪੈ ਰਿਹਾ ਹੈ?

ਮਾਹਿਰਾਂ ਦਾ ਮੰਨਣਾ ਹੈ ਕਿ ਭਾਵੇਂ 1 ਕਰੋੜ ਰਿਆਲ ਦਾ ਨੋਟ ਵੇਖਣ ਵਿੱਚ ਬਹੁਤ ਵੱਡਾ ਲੱਗਦਾ ਹੈ ਪਰ ਡਾਲਰ ਦੇ ਮੁਕਾਬਲੇ ਇਸ ਦੀ ਨਿਗੂਣੀ ਕੀਮਤ ਦੇਸ਼ ਦੇ ਡੂੰਘੇ ਆਰਥਿਕ ਸੰਕਟ ਨੂੰ ਦਰਸਾਉਂਦੀ ਹੈ। ਮਹਿੰਗਾਈ ਕਾਰਨ ਲੋਕਾਂ ਦੀ ਖਰੀਦ ਸ਼ਕਤੀ ਲਗਾਤਾਰ ਘੱਟ ਰਹੀ ਹੈ। ਲੋਕਾਂ ਦੀਆਂ ਜਮਾਂ ਪੂੰਜੀਆਂ ਦੀ ਵੈਲਯੂ ਦਿਨ-ਬ-ਦਿਨ ਡਿੱਗਦੀ ਜਾ ਰਹੀ ਹੈ, ਜਿਸ ਨਾਲ ਆਮ ਗੁਜ਼ਾਰਾ ਕਰਨਾ ਵੀ ਮੁਸ਼ਕਿਲ ਹੋ ਗਿਆ ਹੈ।ਲੰਬੇ ਸਮੇਂ ਤੋਂ ਦਬਾਅ ਹੇਠ ਹੈ ਈਰਾਨ ਦੀ ਆਰਥਿਕਤਾ: ਅੰਤਰਰਾਸ਼ਟਰੀ ਪਾਬੰਦੀਆਂ, ਵਿਸ਼ਵ ਵਿੱਤੀ ਪ੍ਰਣਾਲੀਆਂ ਤੱਕ ਸੀਮਿਤ ਪਹੁੰਚ ਤੇ ਘਰੇਲੂ ਚੁਣੌਤੀਆਂ ਕਾਰਨ ਈਰਾਨ ਦੀ ਆਰਥਿਕਤਾ ਦਹਾਕਿਆਂ ਤੋਂ ਸੰਕਟ ਵਿੱਚ ਹੈ। ਹਾਲ ਹੀ ਵਿੱਚ ਵਧੇ ਖੇਤਰੀ ਤਣਾਅ ਨੇ ਇਨ੍ਹਾਂ ਮੁਸ਼ਕਿਲਾਂ ਨੂੰ ਹੋਰ ਵਧਾ ਦਿੱਤਾ ਹੈ। ਇੰਨੇ ਵੱਡੇ ਨੋਟਾਂ ਦੀ ਸ਼ੁਰੂਆਤ ਕਿਸੇ ਵੀ ਦੇਸ਼ ਲਈ ਇੱਕ ਗੰਭੀਰ ਆਰਥਿਕ ਚਿਤਾਵਨੀ ਹੁੰਦੀ ਹੈ।

# ਚੋਰੀ ਦੇ ਮਾਮਲੇ 'ਚ ਪੰਜ ਸਿਤਾਰਾ ਹੋਟਲ 'ਚ ਨਾਈਟ ਸ਼ਿਫਟ ਕਰਨ ਵਾਲਾ ਸ਼ੈਫ ਗ੍ਰਿਫ਼ਤਾਰ

ਨਵੀਂ ਦਿੱਲੀ, 22 ਮਾਰਚ (ਚ.ਨ.ਸ): ਦੱਖਣ-ਪੱਛਮੀ ਦਿੱਲੀ ਦੇ ਆਰ.ਕੇ. ਪੁਰਮ ਇਲਾਕੇ ਵਿੱਚ ਇੱਕ ਘਰ ਵਿੱਚ ਹੋਈ ਚੋਰੀ ਦੇ ਮਾਮਲੇ ਵਿੱਚ ਪੁਲਿਸ ਨੇ ਪੰਜ ਸਿਤਾਰਾ ਹੋਟਲ ਵਿੱਚ ਨਾਈਟ ਸ਼ਿਫਟ ਵਿੱਚ ਕੰਮ ਕਰਨ ਵਾਲੇ 22 ਸਾਲਾ ਸ਼ੈਫ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਦੀ ਪਛਾਣ ਨੀਲੇਸ਼ ਉਰਫ਼ ਨਿਕੇਸ਼ ਵਜੋਂ ਹੋਈ ਹੈ।ਪੁਲਿਸ ਅਨੁਸਾਰ ਮੁਲਜ਼ਮ ਦੇ ਕਬਜ਼ੇ ਵਿੱਚੋਂ 2.69 ਲੱਖ ਦੀ ਨਕਦੀ ਤੇ ਗਹਿਣੇ ਬ੍ਰਾਮਦ ਕੀਤੇ ਗਏ ਹਨ। ਇਸ ਤੋਂ ਇਲਾਵਾ ਇੱਕ ਮਾਸਟਰ ਚਾਬੀ ਤੇ ਦੋ ਸਕੂਟਰ ਵੀ ਬ੍ਰਾਮਦ ਹੋਏ ਹਨ, ਜਿਨ੍ਹਾਂ ਵਿੱਚੋਂ ਇੱਕ ਸਕੂਟਰ ਚੋਰੀ ਦਾ ਦੱਸਿਆ ਜਾ ਰਿਹਾ ਹੈ।ਦਰਅਸਲ, ਆਰ.ਕੇ. ਪੁਰਮ ਸੈਕਟਰ-1 ਦੇ ਰਹਿਣ ਵਾਲੇ ਇੱਕ ਵਿਅਕਤੀ ਨੇ ਸ਼ਿਕਾਇਤ ਦਿੱਤੀ ਸੀ ਕਿ ਉਹ ਪਰਿਵਾਰ ਸਮੇਤ ਰਾਜਸਥਾਨ ਵਿੱਚ ਇੱਕ ਵਿਆਹ ਵਿੱਚ ਗਿਆ ਹੋਇਆ ਸੀ।ਵਾਪਸ ਪਰਤਣ 'ਤੇ ਘਰੋਂ



3.5 ਲੱਖ ਦੀ ਨਕਦੀ ਤੇ ਸੋਨੇ-ਚਾਂਦੀ ਦੇ ਗਹਿਣੇ ਗਾਇਬ ਮਿਲੇ। **ਸੀਸੀਟੀਵੀ ਵਿੱਚ ਗੇਟ ਖੋਲ੍ਹਦਾ ਦਿਖਿਆ ਨੌਜਵਾਨ:** ਜਾਂਚ ਦੌਰਾਨ ਸੀਸੀਟੀਵੀ ਫੁਟੇਜ ਵਿੱਚ ਇੱਕ ਨੌਜਵਾਨ ਘਰ ਦੇ ਗੇਟ ਨੂੰ ਖੋਲ੍ਹਣ ਦੀ ਕੋਸ਼ਿਸ਼ ਕਰਦਾ ਨਜ਼ਰ ਆਇਆ। ਸ਼ੁਰੂਆਤੀ ਨਾਕਾਮੀ ਤੋਂ ਬਾਅਦ ਉਹ ਗੇਟ ਖੋਲ੍ਹ ਕੇ ਅੰਦਰ ਦਾਖਲ ਹੋਇਆ ਤੇ ਕਰੀਬ ਅੱਧੇ ਘੰਟੇ ਬਾਅਦ ਚੋਰੀ ਦਾ ਸਮਾਨ ਲੈ ਕੇ ਸਕੂਟਰ 'ਤੇ ਫਰਾਰ ਹੋ ਗਿਆ। ਪੁਲਿਸ ਨੇ ਮੁਲਜ਼ਮ ਦੇ ਭੱਜਣ ਵਾਲੇ ਰੂਟ ਨੂੰ ਦਵਾਰਕਾ ਸਥਿਤ ਇੱਕ ਪੰਜ ਸਿਤਾਰਾ ਹੋਟਲ ਦੇ ਕੋਲ ਰਿੰਗ ਰੋਡ ਤੱਕ ਟ੍ਰੈਕ ਕੀਤਾ, ਪਰ ਇਸ ਤੋਂ ਬਾਅਦ ਉਸ ਦਾ ਕੋਈ ਸੁਰਾਗ ਨਹੀਂ ਮਿਲਿਆ। ਤਕਨੀਕੀ ਨਿਗਰਾਨੀ ਰਾਹੀਂ ਆਖਰਕਾਰ ਮੁਲਜ਼ਮ ਦੀ ਪਛਾਣ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

**ਮਾਸਟਰ ਚਾਬੀ ਨਾਲ ਖੋਲ੍ਹਦਾ ਸੀ ਤਾਲਾ:** ਪੁੱਛਗਿੱਛ ਦੌਰਾਨ ਮੁਲਜ਼ਮ ਨੇ ਖੁਲਾਸਾ ਕੀਤਾ ਕਿ ਉਹ ਮਾਸਟਰ ਚਾਬੀ ਦੀ ਮਦਦ ਨਾਲ 'ਚਾਈਨੀਜ਼ ਲਾਕ' ਖੋਲ੍ਹਦਾ ਸੀ ਤੇ ਚੋਰੀ ਤੋਂ ਬਾਅਦ ਦੁਬਾਰਾ ਤਾਲਾ ਲਗਾ ਦਿੰਦਾ ਸੀ ਤਾਂ ਜੋ ਕਿਸੇ ਨੂੰ ਸ਼ੱਕ ਨਾ ਹੋਵੇ। ਉਸ ਨੇ ਚੋਰੀ ਕੀਤੇ ਗਹਿਣੇ ਆਪਣੇ ਕੰਮ ਵਾਲੀ ਥਾਂ (ਹੋਟਲ) 'ਤੇ ਖੜ੍ਹੇ ਇੱਕ ਸਕੂਟਰ ਵਿੱਚ ਛੁਪਾ ਕੇ ਰੱਖੇ ਹੋਏ ਸਨ।ਪੁਲਿਸ ਅਨੁਸਾਰ ਇਹ ਸਕੂਟਰ ਪਿਛਲੇ ਸਾਲ ਚੋਰੀ ਕੀਤਾ ਗਿਆ ਸੀ। ਮੁਲਜ਼ਮ ਨੇ ਅੰਬੇਡਕਰ ਬਸਤੀ ਵਿੱਚ ਚੋਰੀ ਦੀਆਂ ਦੋ ਨਾਕਾਮ ਕੋਸ਼ਿਸ਼ਾਂ ਦੀ ਗੱਲ ਵੀ ਕਬੂਲ ਕੀਤੀ ਹੈ। ਫਿਲਹਾਲ ਮਾਮਲੇ ਦੀ ਜਾਂਚ ਜਾਰੀ ਹੈ।-

# ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਹਿਮ ਭੂਮਿਕਾ ਨਾਲ ਸੁਖਵਿੰਦਰ ਸਿੰਘ ਪਹੁੰਚਿਆ ਘਰ

ਸੁਲਤਾਨਪੁਰ ਲੋਧੀ/ਸ਼ਾਹਕੋਟ, 22 ਮਾਰਚ (ਚ.ਨ.ਸ): ਮੌਜੂਦਾ ਜੰਗੀ ਹਾਲਾਤ ਕਾਰਨ ਮੱਧ-ਪੂਰਬ ਦੇਸ਼ਾਂ ਵਿੱਚ ਜੰਗ ਤੇ ਡਰ ਦਾ ਮਾਹੌਲ ਬਣਿਆ ਹੋਇਆ ਹੈ। ਅਜਿਹੇ ਸੰਕਟਮਈ ਸਮੇਂ ਵਿੱਚ ਸ਼ਾਰਜਾਹ ਤੋਂ ਰਾਤ ਦੇ ਹਨੇਰੇ ਵਿੱਚ ਦਿੱਲੀ ਲਈ ਭਰੀ ਉਡਾਣ ਰਾਹੀਂ ਸੁਖਵਿੰਦਰ ਸਿੰਘ ਦੀ ਵਾਪਸੀ ਸੰਭਵ ਹੋ ਸਕੀ।ਖਾੜੀ ਦੇਸ਼ਾਂ ਵਿੱਚ ਫਸੇ ਭਾਰਤੀਆਂ ਦੀ ਸੁਰੱਖਿਅਤ ਵਾਪਸੀ ਲਈ ਜਾਰੀ ਯਤਨਾਂ ਦੌਰਾਨ ਹੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਹਿਮ ਭੂਮਿਕਾ ਸਾਹਮਣੇ ਆਈ ਹੈ। ਸ਼ਾਹਕੋਟ ਸਬ-ਡਵੀਜ਼ਨ ਦੇ ਪਿੰਡ ਮਹਿਮੂਵਾਲ ਦੇ ਰਹਿਣ ਵਾਲੇ ਸੁਖਵਿੰਦਰ ਸਿੰਘ ਨੇ ਨਿਰਮਲ ਕੁਟੀਆ ਪਹੁੰਚ ਕੇ ਸੰਤ ਸੀਚੇਵਾਲ ਦਾ ਧੰਨਵਾਦ ਕੀਤਾ ਤੇ ਮੀਡੀਆ ਨਾਲ ਆਪਣੇ ਦਰਦ ਸਾਂਝੇ ਕੀਤੇ। ਉਸਨੇ ਦੱਸਿਆ ਕਿ 2020 ਵਿੱਚ ਰੁਜ਼ਗਾਰ ਦੀ ਤਲਾਸ਼ ਵਿੱਚ ਦੁਬਈ ਗਿਆ ਸੀ, ਜਿੱਥੇ ਇੱਕ ਕੰਪਨੀ ਵੱਲੋਂ ਉਸ ਨਾਲ ਧੋਖਾਧੜੀ ਕੀਤੀ ਗਈ। ਕੰਪਨੀ ਨੇ ਉਸਦਾ ਪਾਸਪੋਰਟ ਆਪਣੇ ਕਬਜ਼ੇ ਵਿੱਚ ਰੱਖ ਲਿਆ, ਤਿੰਨ ਸਾਲ ਕੰਮ ਕਰਵਾਉਣ ਦੇ ਬਾਵਜੂਦ ਉਸ ਨੂੰ ਸਿਰਫ ਪੰਜ ਮਹੀਨਿਆਂ ਦੀ ਤਨਖਾਹ ਹੀ ਦਿੱਤੀ ਗਈ ਤੇ ਝੂਠੇ ਦੋਸ਼ ਲਗਾ ਕੇ ਉਸਨੂੰ ਕਾਨੂੰਨੀ



ਮੁਸ਼ਕਿਲਾਂ ਵਿੱਚ ਫਸਾ ਦਿੱਤਾ, ਜਿਸ ਕਾਰਨ ਉਸਨੂੰ ਬਿਨਾਂ ਕਸੂਰ ਜੇਲ੍ਹ ਹੋ ਗਈ। ਛੋਟੇ ਬੱਚਿਆਂ ਤੇ ਬਜ਼ੁਰਗ ਮਾਪਿਆਂ ਦੀ ਜ਼ਿੰਮੇਵਾਰੀ ਉਸਦੀ ਪਤਨੀ ਲਈ ਬਹੁਤ ਵੱਡੀ ਚੁਣੌਤੀ ਬਣ ਗਈ ਸੀ। ਸੁਖਵਿੰਦਰ ਸਿੰਘ ਨੇ ਕਿਹਾ ਕਿ ਜੇਕਰ ਸੰਤ ਸੀਚੇਵਾਲ ਦੀ ਮਦਦ ਨਾ ਮਿਲਦੀ ਤਾਂ ਉਹ ਅਜੇ ਵੀ ਉਥੇ ਜੇਲ੍ਹ ਵਿੱਚ ਫਸਿਆ ਰਹਿੰਦਾ। ਉਸਦੀ ਪਤਨੀ ਵੱਲੋਂ ਸੰਤ ਸੀਚੇਵਾਲ ਨਾਲ ਸੰਪਰਕ ਕਰਨ ਉਪਰੰਤ ਇਹ ਸੰਭਵ ਹੋਇਆ। ਉਸਨੇ ਭਾਰਤ ਸਰਕਾਰ ਨੂੰ ਅਪੀਲ ਕੀਤੀ ਕਿ ਉਸਦੀ ਬਕਾਇਆ ਤਨਖਾਹ ਵੀ ਦਿਵਾਈ ਜਾਵੇ, ਕਿਉਂਕਿ ਕੇਸ ਉਸਦੇ ਹੱਕ ਵਿੱਚ ਆਉਣ ਦੇ ਬਾਵਜੂਦ ਉਸਨੂੰ ਪੂਰਾ ਨਿਆਂ ਨਹੀਂ ਮਿਲਿਆ। ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਦੇਸ਼ ਮੰਤਰਾਲੇ ਤੇ ਭਾਰਤੀ ਦੂਤਾਵਾਸ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਵਿਦੇਸ਼ਾਂ ਵਿੱਚ ਫਸੇ ਹਰ ਭਾਰਤੀ ਦੀ ਸਹਾਇਤਾ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਅਜਿਹੇ ਸਾਰੇ ਮਾਮਲਿਆਂ ਨੂੰ ਤਰਜੀਹ ਦੇ ਕੇ ਫਸੇ ਹੋਏ ਲੋਕਾਂ ਨੂੰ ਜਲਦੀ ਤੋਂ ਜਲਦੀ ਵਾਪਸ ਲਿਆਂਦਾ ਜਾਵੇ ਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਕੀਤੀ ਜਾਵੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਵਿਦੇਸ਼ਾਂ ਵਿੱਚ ਮਜ਼ਦੂਰੀ ਕਰਨ ਵਾਲੇ ਭਾਰਤੀਆਂ ਨਾਲ ਹੋ ਰਹੀ ਧੋਖਾਧੜੀ ਤੇ ਜ਼ੁਲਮਾਂ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ।

# ਪਿੰਡਾਂ ਦੀਆਂ ਸੱਥਾਂ 'ਚ ਜਾ ਕੇ ਲੋਕਾਂ ਦੀਆਂ ਜ਼ਮੀਨਾਂ ਦੇ ਝਗੜਾ ਰਹਿਤ ਇੰਤਕਾਲ ਦਰਜ ਕਰਨ ਦੀ ਮੁਹਿੰਮ ਸ਼ੁਰੂ: ਸੰਧਵਾਂ

ਕੋਟਕਪੂਰਾ, 22 ਮਾਰਚ (ਚ.ਨ.ਸ): ਪਿੰਡਾਂ ਦੀਆਂ ਸੱਥਾਂ ਵਿੱਚ ਜਾ ਕੇ ਲੋਕਾਂ ਦੀਆਂ ਜ਼ਮੀਨਾਂ ਦੇ ਝਗੜਾ ਰਹਿਤ ਇੰਤਕਾਲ ਦਰਜ ਕਰਨ ਦੀ ਮੁਹਿੰਮ ਸ਼ੁਰੂ ਹੋ ਗਈ ਹੈ। ਇਸ ਮੁਹਿੰਮ ਦੀ ਸ਼ੁਰੂਆਤ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਲਕਾ ਕੋਟਕਪੂਰਾ ਦੇ ਪਿੰਡ ਫਿੱਡੇ ਕਲਾਂ ਤੋਂ ਕੀਤੀ ਹੈ। ਇਸ ਮੁਹਿੰਮ ਤਹਿਤ ਪਿੰਡ ਦੀ ਸੱਥ ਵਿੱਚ ਬੈਠ ਕੇ ਨਾਇਬ ਤਹਿਸੀਲੀਦਾਰ, ਕਾਨੂੰਨਗੋ ਤੇ ਪਟਵਾਰੀ ਨੇ ਸਬੰਧਤ ਧਿਰਾਂ ਨੂੰ ਬੁਲਾ ਕੇ ਉਨ੍ਹਾਂ ਦੀਆਂ ਜ਼ਮੀਨਾਂ ਦੇ ਇੰਤਕਾਲ ਦਰਜ ਕੀਤੇ।ਇਸ ਮੁਹਿੰਮ ਦੀ ਸ਼ੁਰੂਆਤ ਕਰਨ ਪਹੁੰਚੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਲੰਬਿਤ ਪਏ ਇੰਤਕਾਲ ਦਰਜ ਕਰਨ ਦੇ ਮਾਮਲੇ ਵਿੱਚ ਇਸ ਮੁਹਿੰਮ ਨਾਲ ਲੋਕਾਂ ਨੂੰ ਭਾਰੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੇ ਜ਼ਮੀਨੀ ਮਾਮਲਿਆਂ ਨੂੰ ਲੰਬਿਤ ਨਹੀਂ ਰੱਖਿਆ ਜਾਵੇਗਾ ਤੇ ਇਨ੍ਹਾਂ ਕੇਸਾਂ ਦਾ ਨਿਬੇੜਾ ਤੁਰੰਤ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਆਸਾਨ ਤੇ ਪਾਰਦਰਸ਼ੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਆਮ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਬਕਾਇਆ ਇੰਤਕਾਲਾਂ ਦੇ ਮਾਮਲਿਆਂ ਦਾ ਜਲਦੀ ਨਿਬੇੜਾ ਕਰਨ ਲਈ ਵਿਸ਼ੇਸ਼ ਟੀਮਾਂ ਕਾਇਮ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਦਿਨਾਂ 'ਤੇ ਤਹਿਸੀਲਦਾਰ ਤੇ ਨਾਇਬ-ਤਹਿਸੀਲਦਾਰ ਪਿੰਡਾਂ ਦੀਆਂ ਸੱਥਾਂ ਵਿੱਚ ਜਾ ਕੇ ਕੰਮ ਕਰਨਗੇ। ਉਨ੍ਹਾਂ ਨੇ ਵਿਸ਼ੇਸ਼ ਕੈਂਪ ਲਗਾ ਕੇ 400 ਦੇ ਕਰੀਬ ਇੰਤਕਾਲ ਦਰਜ ਕਰਵਾਏ ਸਨ। ਇੰਤਕਾਲ ਦਰਜ ਕਰਨ ਦੇ ਮਾਮਲੇ ਵਿੱਚ ਕਿਸੇ ਵੀ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਪੀਕਰ ਸ੍ਰੀ ਸੰਧਵਾਂ ਨੇ ਪਿੰਡ ਵਾਸੀਆਂ ਨੂੰ



ਅਪੀਲ ਕੀਤੀ ਕਿ ਉਹ ਆਪਣੇ ਜ਼ਮੀਨੀ ਦਸਤਾਵੇਜ਼ ਪੂਰੇ ਰੱਖਣ ਤੇ ਪ੍ਰਸ਼ਾਸਨ ਨਾਲ ਸਹਿਯੋਗ ਕਰਦੇ ਹੋਏ ਇਸ ਮੁਹਿੰਮ ਨੂੰ ਸਫਲ ਬਣਾਉਣ। ਇਸ ਮੁਹਿੰਮ ਦੀ ਸ਼ੁਰੂਆਤ ਮੌਕੇ ਪਿੰਡ ਫਿੱਡੇ ਕਲਾਂ ਵਿੱਚ ਨਾਇਬ ਤਹਿਸੀਲਦਾਰ ਗੁਰਚਰਨ ਸਿੰਘ, ਸਕੱਤਰ ਰੈਡ ਕਰਾਸ ਮਨਦੀਪ, ਸਰਪੰਚ ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਮਾਲ ਵਿਭਾਗ ਦੇ ਹੋਰ ਕਰਮਚਾਰੀਆਂ ਨੇ ਇੰਤਕਾਲ ਦਰਜ ਕਰਨ ਵਿੱਚ ਸਹਿਯੋਗ ਦਿੱਤਾ।

# ਬਲਾਕ ਪ੍ਰਧਾਨ ਭੂਪੇਸ਼ ਗਰਗ ਵੱਲੋਂ ਮੁੱਖ ਮੰਤਰੀ ਨੂੰ ਗੁਲਦਸਤਾ ਭੇਟ

ਮੋਗਾ, 22 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਜ਼ਿਲ੍ਹੇ ਦਾ ਕਸਬਾ ਫਤਹਿਗੜ੍ਹ ਪੰਜਤੂਰ ਤੋਂ ਬਲਾਕ ਤੇ ਸ਼ਹਿਰੀ ਪ੍ਰਧਾਨ ਭੂਪੇਸ਼ ਗਰਗ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਵਾਗਤ ਗੁਲਦਸਤਾ ਭੇਟ ਕਰਕੇ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬੀਆਂ ਦੇ ਚਹੇਤੇ ਮੁੱਖ ਮੰਤਰੀ ਹਨ ਤੇ ਜੋ ਹਰ ਟਾਈਮ ਪੰਜਾਬੀਆਂ ਲਈ ਕੰਮ ਕਰ ਰਹੇ ਹਨ ਤੇ ਪੰਜਾਬੀਆਂ ਦੀ ਭਲਾਈ ਸੋਚਦੇ ਹਨ। ਇਹ ਰੈਲੀ ਵਿਧਾਇਕ ਲਾਡੀ ਢੋਸ ਧਰਮਕੋਟ ਦੀ ਅਗਵਾਈ ਹੇਠ ਹੋਈ ਹੈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਸ਼ਹਿਰੀ ਪ੍ਰਧਾਨ ਭੂਪੇਸ਼ ਗਰਗ ਨੇ ਕਿਹਾ ਕਿ ਕੱਲ੍ਹ ਦੇ ਰੈਲੀ ਦੇ ਇਕੱਠ ਨੇ ਸਾਬਤ ਕਰ ਦਿੱਤਾ ਹੈ ਕਿ ਧਰਮਕੋਟ ਤੋਂ ਫਿਰ ਲੋਕ ਲਾਡੀ ਢੋਸ ਨੂੰ ਜਿਤਾਉਣਗੇ ਤੇ 2027 ਦੇ ਵਿੱਚ ਫਿਰ ਦੁਬਾਰਾ ਤੋਂ ਆਪ ਸਰਕਾਰ ਆਵੇਗੀ, ਕਿਉਂਕਿ ਇਸ ਟਾਈਮ ਪੰਜਾਬ



ਜਿਨ੍ਹਾਂ ਹਾਲਾਤਾਂ ਵਿੱਚੋਂ ਲੰਘ ਰਿਹਾ ਹੈ, ਉਸ ਨੂੰ ਆਪ ਸਰਕਾਰ ਹੀ ਬੇੜਾ ਪਾਰ ਕਰ ਸਕਦੀ ਹੈ, ਆਪ ਸਰਕਾਰ ਨੇ ਜਿਹੜੇ ਜਿਹੜੇ ਲੋਕਾਂ ਨਾਲ ਵਾਅਦੇ ਕੀਤੇ ਸੀ ਉਹ ਸਾਰੇ ਪੂਰੇ ਕਰ ਦਿੱਤੇ ਹਨ ਤੇ ਲੋਕਾਂ ਨੂੰ ਵੀ ਹੁਣ ਆਪ ਸਰਕਾਰ ਉਤੇ ਵਿਸ਼ਵਾਸ ਹੋ ਗਿਆ ਹੈ।

# ਅਵਿਨਾਸ਼ ਚੰਦਰ ਅਬੋਹਰ 'ਚ ਫਿਰ ਸੰਭਾਲਣਗੇ ਪ੍ਰਸ਼ਾਸਨਿਕ ਜ਼ਿੰਮੇਵਾਰੀ

ਅਬੋਹਰ, 22 ਮਾਰਚ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨਿਕ ਤਬਾਦਲਿਆਂ ਦੇ ਤਹਿਤ 2 ਤਹਿਸੀਲਦਾਰਾਂ ਤੇ 51 ਨਾਇਬ-ਤਹਿਸੀਲਦਾਰਾਂ ਦੇ ਤਬਾਦਲੇ ਕੀਤੇ ਗਏ ਹਨ। ਜਾਰੀ ਸੂਚੀ ਅਨੁਸਾਰ ਸਬ-ਡਵੀਜ਼ਨ ਅਬੋਹਰ ਲਈ ਅਵਿਨਾਸ਼ ਚੰਦਰ ਨੂੰ ਨਵੇਂ ਨਾਇਬ ਤਹਿਸੀਲਦਾਰ ਵਜੋਂ ਨਿਯੁਕਤ ਕੀਤਾ ਗਿਆ ਹੈ।ਅਵਿਨਾਸ਼ ਚੰਦਰ ਇਸ ਤੋਂ ਪਹਿਲਾਂ ਮਮਦੋਟ ਸਬ-ਡਵੀਜ਼ਨ ਵਿੱਚ ਨਾਇਬ ਤਹਿਸੀਲਦਾਰ ਦੇ ਤੌਰ 'ਤੇ ਸੇਵਾ ਨਿਭਾ ਰਹੇ ਸਨ। ਖਾਸ ਗੱਲ ਇਹ ਹੈ ਕਿ ਉਹ ਅਬੋਹਰ ਦੇ ਰਹਿਣ ਵਾਲੇ ਹਨ ਤੇ ਹੁਣ ਆਪਣੇ ਹੀ ਸ਼ਹਿਰ ਵਿੱਚ ਮੁੜ ਤਾਇਨਾਤ ਹੋਣ ਨਾਲ ਸਥਾਨਕ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦੇ ਰਹੀ ਹੈ। ਉਨ੍ਹਾਂ ਦਾ ਅਬੋਹਰ ਨਾਲ ਪਹਿਲਾਂ ਤੋਂ ਹੀ ਡੂੰਘਾ ਨਾਤਾ ਰਿਹਾ ਹੈ, ਜਿਸ ਕਾਰਨ ਲੋਕਾਂ ਨੂੰ ਉਮੀਦ ਹੈ ਕਿ ਉਹ ਆਪਣੇ ਤਜਰਬੇ ਤੇ ਸਥਾਨਕ ਸਮਝ ਨਾਲ ਇਲਾਕੇ ਦੇ ਪ੍ਰਸ਼ਾਸਨਿਕ ਕੰਮਾਂ ਨੂੰ ਹੋਰ ਮਜ਼ਬੂਤ ਕਰਨਗੇ। ਜ਼ਿਕਰਯੋਗ ਹੈ ਕਿ ਅਵਿਨਾਸ਼ ਚੰਦਰ ਇੱਕ ਇਮਾਨਦਾਰ ਤੇ ਕਾਬਿਲ ਅਧਿਕਾਰੀ ਵਜੋਂ ਜਾਣੇ ਜਾਂਦੇ ਹਨ। ਇਸ ਤੋਂ ਪਹਿਲਾਂ ਵੀ ਉਹ ਅਬੋਹਰ ਵਿੱਚ ਨਾਇਬ ਤਹਿਸੀਲਦਾਰ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ। ਇਸ ਤੋਂ ਇਲਾਵਾ ਉਹ ਫਾਜ਼ਿਲਕਾ ਤੇ ਖੂਈਆਂ ਸਰਵਰ ਵਿੱਚ ਵੀ ਆਪਣੀ ਡਿਊਟੀ ਨਿਭਾ ਚੁੱਕੇ ਹਨ ਤੇ ਆਪਣੀ ਬੇਦਾਗ ਕਾਰਗੁਜ਼ਾਰੀ ਲਈ ਕਾਫੀ ਪ੍ਰਸ਼ੰਸਾ ਹਾਸਲ ਕਰ ਚੁੱਕੇ ਹਨ।



# ਲੋੜਵੰਦਾਂ ਨੂੰ ਰੁਜ਼ਗਾਰ 'ਤੇ ਲਗਾਉਣਾ ਮਨੁੱਖਤਾ ਦੀ ਸੱਚੀ ਸੇਵਾ: ਡੀਐਸਪੀ ਕਰਨੈਲ ਸਿੰਘ



ਮੰਡੀ ਗੋਬਿੰਦਗੜ੍ਹ, 22 ਮਾਰਚ (ਸੂਦ): ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਵੱਲੋਂ ਲੜਕੀਆਂ ਤੇ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਪਿੰਡਾਂ ਤੇ ਸ਼ਹਿਰਾਂ ਵਿੱਚ ਮੁਫਤ ਸਿਲਾਈ ਤੇ ਕਟਾਈ ਦੇ ਸੈਂਟਰ ਖੋਲ੍ਹਣੇ ਸ਼ਲਾਘਾਯੋਗ ਕਦਮ ਹੈ ਕਿਉਂਕਿ ਲੋੜਵੰਦਾਂ ਨੂੰ ਰੁਜ਼ਗਾਰ 'ਤੇ ਲਗਾਉਣਾ ਮਨੁੱਖਤਾ ਦੀ ਸਭ ਤੋਂ ਸੱਚੀ ਤੇ ਵੱਡੀ ਸੇਵਾ ਹੈ। ਇਹ ਗੱਲ ਡੀਐਸਪੀ ਟ੍ਰੈਫਿਕ ਮੋਹਾਲੀ ਕਰਨੈਲ ਸਿੰਘ ਨੇ ਸੁਸਾਇਟੀ ਦੇ ਬ੍ਰਾਂਚ ਦਫਤਰ ਵਿਖੇ ਲੋੜਵੰਦ ਨੂੰ 1 ਟਰਾਈਸਾਈਕਲ, ਲੜਕੀਆਂ ਤੇ ਔਰਤਾਂ ਨੂੰ ਰੋਜ਼ਗਾਰ ਚਲਾਉਣ ਲਈ 7 ਸਿਲਾਈ ਮਸ਼ੀਨਾਂ ਵੰਡਣ ਮੌਕੇ ਕਹੀ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਸੁਸਾਇਟੀ ਮੈਂਬਰ ਦਸਬੰਧ ਨਾਲ ਸਮੇਂ-ਸਮੇਂ 'ਤੇ ਸਮਾਜ ਅੰਦਰ ਲੋੜਵੰਦਾਂ ਦੀ ਨਿਰਸਵਾਰਥ ਮਦਦ ਕਰਦੇ ਆ ਰਹੇ ਹਨ। ਉਨ੍ਹਾਂ ਜਰਨੈਲ ਸਿੰਘ ਪੁੱਤਰ ਗੁਰਨਾਮ ਸਿੰਘ ਨੂੰ ਟਰਾਈਸਾਈਕਲ ਤੇ ਜਤਿੰਦਰ ਕੌਰ ਪਤਨੀ ਸਕਰਜੀਤ ਸਿੰਘ, ਵਾਸੀ ਚਨਾਰਥਲ, ਰਾਜਪਾਲ ਕੌਰ ਪਤਨੀ ਬਲਦੇਵ ਸਿੰਘ ਵਾਸੀ ਪਿੰਡ ਚੜੀ, ਦਲਜੀਤ ਕੌਰ ਪਤਨੀ ਖੁਸ਼ਵੰਤ ਸਿੰਘ ਵਾਸੀ ਪਿੰਡ ਮੁਸਤਫਬਾਦ, ਸੁਰਦਿੰਰ ਕੌਰ ਪਤਨੀ ਕੁਲਵਿੰਦਰ ਸਿੰਘ ਵਾਸੀ ਟੌਹੜਾ, ਹਰਪ੍ਰੀਤ ਕੌਰ ਪਤਨੀ ਹਰਪ੍ਰੀਤ ਸਿੰਘ ਵਾਸੀ ਪਿੰਡ ਸੀਹਾ ਦੌਦ, ਸ਼ੋਭਾ ਦੇਵੀ ਪਤਨੀ ਬੁਧਨ ਦਾਸ ਵਾਸੀ ਗੋਬਿੰਦਗੜ੍ਹ ਤੇ ਰੇਖਾ ਪਤਨੀ ਲਵਕੁਸ਼ ਕੁਮਾਰ ਵਾਸੀ ਗੋਬਿੰਦਗੜ੍ਹ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ। ਇਸ ਮੌਕੇ ਸੁਸਾਇਟੀ ਪ੍ਰਧਾਨ ਕਰਮਜੀਤ ਸਿੰਘ ਬਿੱਟੂ, ਕੈਸ਼ੀਅਰ ਰਵਿੰਦਰ ਸਿੰਘ ਧੰਨਾ, ਜੁਆਇੰਟ ਸਕੱਤਰ ਮਨਜੀਤ ਸਿੰਘ, ਪ੍ਰੈਸ ਸਕੱਤਰ ਅਸ਼ੋਕ ਚੋਪੜਾ, ਮੈਂਬਰ ਬਹਾਦਰ ਸਿੰਘ, ਗੁਰਨਾਮ ਸਿੰਘ, ਹਰਚਰਨ ਸਿੰਘ ਨਾਗਰਾ, ਗੋਬਿੰਦ ਸਿੰਘ ਸੋਨੂੰ, ਕ੍ਰਿਸ਼ਨ ਚੰਦਰ ਗਰਗ, ਕਮਲੇਸ਼ ਕੁਮਾਰ, ਗੁਰਬਚਨ ਸਿੰਘ, ਯਾਦਵਿੰਦਰ ਸਿੰਘ ਕੰਗ, ਕਮਲਜੀਤ ਸਿੰਘ ਕਲਸੀ, ਸੁਖਦੇਵ ਸਿੰਘ ਤੇ ਰਜਿੰਦਰ ਕਪਿਲਸ ਆਦਿ ਹਾਜ਼ਰ ਸਨ। ਉਨ੍ਹਾਂ ਜ਼ਰੂਰਤਮੰਦ ਪਰਿਵਾਰ ਦੀ ਲੜਕੀ ਦੇ ਵਿਆਹ ਦੀ ਤਰੀਕ ਰੱਖਣ ਤੋਂ ਪਹਿਲਾਂ ਸੁਸਾਇਟੀ ਦੇ ਬ੍ਰਾਂਚ ਦਫਤਰ ਨੇੜੇ ਲਾਲ ਬੱਤੀ ਚੌਕ ਮੰਡੀ ਗੋਬਿੰਦਗੜ੍ਹ ਵਿਖੇ ਸੰਪਰਕ ਕਰਨ ਦੀ ਅਪੀਲ ਕੀਤੀ ਤਾਂ ਜੋ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ।

# ਡੀਸੀ ਵੱਲੋਂ ਅੱਜ ਸ਼ਹੀਦੀ ਦਿਵਸ ਮੌਕੇ ਹੋਣ ਵਾਲੇ ਰਾਜਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ

ਫ਼ਿਰੋਜ਼ਪੁਰ, 22 ਮਾਰਚ (ਤਿਵਾੜੀ): 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਵਸ ਮੌਕੇ ਹੁਸੈਨੀਵਾਲਾ ਸ਼ਹੀਦੀ ਸਮਾਰਕ, ਫਿਰੋਜ਼ਪੁਰ ਵਿਖੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਹੁਸੈਨੀਵਾਲਾ ਵਿਖੇ ਪਹੁੰਚੇ ਤੇ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਸ਼ਾਮ ਤੋਂ ਪਹਿਲਾਂ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਦੀ ਅਧਿਕਾਰੀਆਂ ਨੂੰ ਹਦਾਇਤ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਹੋਣ ਵਾਲੇ ਰਾਜ ਪੱਧਰੀ ਸ਼ਹੀਦੀ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਹੀਦਾਂ ਨੂੰ



ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚਣਗੇ ਤੇ ਉਨ੍ਹਾਂ ਵੱਲੋਂ ਪਬਲਿਕ ਰੈਲੀ ਦੌਰਾਨ ਆਮ ਲੋਕਾਂ ਨੂੰ ਸੰਬੋਧਨ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 23 ਮਾਰਚ ਨੂੰ ਹੁਸੈਨੀਵਾਲਾ ਵਿਖੇ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਜਾਵੇਗਾ ਤੇ ਵੱਡੀ ਗਿਣਤੀ ਵਿੱਚ ਲੋਕ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਇੱਥੇ ਪਹੁੰਚਣਗੇ।ਇਸ ਦੌਰਾਨ ਉਨ੍ਹਾਂ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਪੋ ਆਪਣੇ ਨਾਲ ਸਬੰਧਤ ਸਾਰੇ ਕੰਮ ਸਮੇਂ ਸਿਰ ਮੁਕੰਮਲ ਕਰਨ ਲਈ ਕਿਹਾ ਤੇ ਹਦਾਇਤ ਕੀਤੀ ਕਿ ਕਿਸੇ ਵੀ ਕੰਮ ਵਿੱਚ ਕੋਈ ਕੁਤਾਹੀ ਨਾ ਕੀਤੀ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ.) ਅਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕ੍ਰਿਸ਼ਨਾ ਪਾਲ ਰਾਜਪੂਤ, ਐਸਡੀਐਮ ਅਭਿਸ਼ੇਕ ਸ਼ਰਮਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਅੱਜ ਫਿਰ ਭਿਆਨਕ ਹਾਦਸਾ, 25 ਦਿਨਾਂ 'ਚ 38 ਹਾਦਸੇ ਵਾਪਰੇ

ਭੋਗਪੁਰ, 22 ਮਾਰਚ (ਜੰਡੀਰ ਸੈਣੀ): ਭੋਗਪੁਰ ਹਮੇਸ਼ਾ ਦੀ ਤਰ੍ਹਾਂ ਅੱਜ ਫਿਰ ਭਿਆਨਕ ਹਾਦਸਾ ਵਾਪਰਿਆ, ਲਗਾਤਾਰ ਹਾਦਸੇ ਵਾਪਰ ਰਹੇ ਹਨ। ਜੀਟੀ ਰੋਡ ਡੱਲੀ ਚੌਕ 'ਤੇ ਅਲਟੋ ਕਾਰ ਪੀ ਬੀ 08 ਈ.ਜੀ 4827 ਚੌਕ ਤੋਂ ਕਰੋਸ ਕਰਨ ਲੱਗੀ ਤਾਂ ਜਲੰਧਰ ਵੱਲ ਤੋਂ ਆ ਰਹੀ ਸਵਿਫਟ ਕਾਰ ਪੀ.ਬੀ 10 ਈ ਬੀ 6203 ਨਾਲ ਟਕਰਾ ਗਈ। ਦੋਨਾਂ ਗੱਡੀਆਂ ਦਾ ਕਾਫੀ ਨੁਕਸਾਨ ਹੋਇਆ। ਅਲਟੋ ਕਾਰ ਫੁੱਲਾਂ ਨਾਲ ਸਜਾਈ ਹੋਈ ਸੀ, ਸ਼ਾਇਦ ਕਿਸੇ ਵਿਆਹ ਸਮਾਗਮ ਵਿੱਚ ਜਾ ਰਹੀ ਸੀ ਦੇ ਡਰਾਈਵਰ ਨੇ ਕਿਹਾ ਕਿ ਉਨ੍ਹਾਂ ਨੇ ਚੱਕ ਦਮ ਬਰੇਕ ਮਾਰ ਕੇ ਬਚਾਅ ਕੀਤਾ ਨਹੀਂ ਤਾਂ ਜ਼ਿਆਦਾ ਨੁਕਸਾਨ ਹੋ ਸਕਦਾ ਸੀ। ਸਵਿਫਟ ਕਾਰ ਦੇ ਵਾਰੇ ਉਨ੍ਹਾਂ ਕਿਹਾ ਕਿ ਨੋਰਮਲ ਰਫਤਾਰ ਨਾਲ ਜੀਟੀ ਰੋਡ 'ਤੇ ਜਾ ਰਹੇ ਸਨ ਤਾਂ ਚੌਕ ਵਿੱਚ ਅਚਾਨਕ ਚੱਕ ਦਮ




ਅਲਟੋ ਕਾਰ ਉਨ੍ਹਾਂ ਦੇ ਅੱਗੇ ਆ ਗਈ ਤਾਂ ਸਵਿਫਟ ਕਾਰ ਦਾ ਕਾਫੀ ਨੁਕਸਾਨ ਹੋ ਗਿਆ, ਯਾਦ ਰਹੇ ਕਿ ਇਸ ਸਥਾਨ 'ਤੇ ਲਗਾਤਾਰ ਹਾਦਸੇ ਵਾਪਰ ਰਹੇ ਹਨ। ਭੋਗਪੁਰ ਵਿੱਚ 25 ਦਿਨਾਂ ਵਿੱਚ 38 ਹਾਦਸੇ ਵਾਪਰੇ ਹਨ, ਪਰ ਪ੍ਰਸ਼ਾਸਨ ਦੇ ਜੂੰ ਤੱਕ ਨਹੀਂ ਸਰਕ ਰਹੀ। ਬੱਸਾਂ ਜੀਟੀ ਰੋਡ 'ਤੇ ਖੜ੍ਹੀਆਂ ਕੀਤੀਆਂ ਜਾਂਦੀਆਂ ਹਨ। ਜੀਟੀ ਰੋਡ 'ਤੇ ਜਾਮ ਲੱਗ ਜਾਂਦੇ ਹਨ ਤਾਂ ਲਗਾਤਾਰ ਹਾਦਸੇ ਵਾਪਰਦੇ ਹਨ। ਲੋਕਾਂ ਨੇ ਬੱਸ ਅੱਡਾ ਚਾਲੂ ਕਰਨ ਦੀ ਮੰਗ ਕੀਤੀ ਹੈ। ਲੋਕਾਂ ਦਾ ਕਹਿਣਾ ਹੈ ਕਿ ਕਰੋੜਾਂ ਰੁਪਏ ਲਗਾ ਕੇ ਬੱਸ ਅੱਡਾ ਬਣਾਇਆ ਗਿਆ ਸੀ ਪਰ ਪ੍ਰਸ਼ਾਸਨ ਦੀਆਂ ਨਲਾਇਕੀਆਂ ਕਾਰਨ ਅੱਜ ਤੱਕ ਬੱਸ ਅੱਡਾ ਚਾਲੂ ਨਹੀਂ ਹੋ ਸਕਿਆ, ਇਸ ਸਬੰਧੀ ਜਦ ਬੱਸ ਅੱਡੇ 'ਤੇ ਜਾ ਕੇ ਦੇਖਿਆ ਗਿਆ ਤਾਂ ਬੱਸ ਅੱਡੇ 'ਤੇ ਕੋਈ ਖ਼ੂਨਦਾਨ ਕੈਂਪ ਲਗਾ ਹੋਇਆ ਸੀ। ਬੱਸਾਂ ਤੇ ਸਵਾਰੀਆਂ ਜੀਟੀ ਰੋਡ ਤੇ ਬਾਹਰ ਧੱਕੇ ਖਾ ਰਹੀਆਂ ਸਨ। ਅਧਿਕਾਰੀਆਂ ਨੂੰ ਪੁੱਛਣਾ ਚਾਹਿਆ ਤਾਂ ਉਨ੍ਹਾਂ ਨੇ ਕੋਈ ਖਾਸ ਜਵਾਬ ਨਹੀਂ ਦਿੱਤਾ।

# ਹੋਮ ਗਾਰਡ ਰਿਟਾਇਰਡ ਵੈਲਫੇਅਰ ਐਸੋਸੀਏਸ਼ਨ ਵੱਲੋਂ ਮੀਟਿੰਗ



ਜ਼ੀਰਾ, 22 ਮਾਰਚ (ਦੀਪਕ ਭਾਰਗੋ): ਹੋਮ ਗਾਰਡ ਜੋ ਪੁਲਿਸ ਵਿਭਾਗ ਦੀ ਰੀੜ੍ਹ ਦੀ ਹੱਡੀ ਮੰਨੀ ਜਾਂਦੀ ਹੈ ਉਸ ਨੂੰ ਰਿਟਾਇਰਮੈਂਟ ਤੋਂ ਬਾਅਦ ਅੱਖੋਂ ਪਰੋਖਾ ਕੀਤਾ ਜਾਂਦਾ ਹੈ, ਜਦਕਿ ਘੱਟ ਤਨਖਾਹਾਂ ਦੇ ਉਪਰ ਕੰਮ ਕਰਨ ਵਾਲੇ ਇਹ ਜਵਾਨ ਹਰ ਮੁਸ਼ਕਿਲ ਦੀ ਘੜੀ ਵਿੱਚ ਸੀਨਾ ਤਾਨ ਕੇ ਮੂਹਰੇ ਰਹਿੰਦੇ ਹਨ। ਅੱਜ ਹੋਮ ਗਾਰਡ ਰਿਟਾਇਰ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਫਿਰੋਜ਼ਪੁਰ ਰਜਿਸਟਰਡ 10311 ਵੱਲੋਂ ਆਪਣੀ ਇੱਕ ਮੀਟਿੰਗ ਕੀਤੀ ਗਈ, ਜਿਸ ਵਿੱਚ ਸਾਰੇ ਹੋਮਗਾਰਡ ਰਿਟਾਇਰ ਮੁਲਾਜ਼ਮ ਹਾਜ਼ਰ ਹੋਏ। ਇਸ ਮੀਟਿੰਗ ਦੀ ਅਗਵਾਈ ਹਰਬੰਸ ਸਿੰਘ ਪ੍ਰਧਾਨ ਵੱਲੋਂ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸਤੀਸ਼ ਕੁਮਾਰ, ਵਿਜੇ ਕੁਮਾਰ, ਅਜੀਤ ਸਿੰਘ, ਅਮਰੀਕ ਸਿੰਘ, ਮਹਿਲ ਸਿੰਘ, ਪਾਲਾ ਸਿੰਘ, ਹਰਬੰਸ ਸਿੰਘ, ਸੁਖਦੇਵ ਸਿੰਘ ਆਦਿ ਨੇ ਹਿੱਸਾ ਲਿਆ। ਇਸ ਮੌਕੇ ਵੱਖ-ਵੱਖ ਆਗੂਆਂ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਸਰਕਾਰ ਜਿਸ ਤਰ੍ਹਾਂ ਪੁਲਿਸ ਮੁਲਾਜ਼ਮਾਂ ਨੂੰ ਰਿਟਾਇਰਮੈਂਟ ਤੋਂ ਬਾਅਦ ਪੈਨਸ਼ਨ ਮੁਹੱਈਆ ਕਰਵਾਉਂਦੀ ਹੈ, ਉਸੇ ਤਰ੍ਹਾਂ ਸਾਨੂੰ ਵੀ ਭੱਤੇ ਦਿੱਤੇ ਜਾਣੇ ਚਾਹੀਦੇ ਹਨ ਤਾਂ ਜੋ ਅਸੀਂ ਰਿਟਾਇਰਮੈਂਟ ਤੋਂ ਬਾਅਦ ਆਪਣੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਸਕੀਏ। ਕਿਉਂਕਿ ਅੱਜ ਕੱਲ੍ਹ ਘਰ ਦੇ ਖਰਚੇ ਬਹੁਤ ਜ਼ਿਆਦਾ ਹਨ ਤੇ ਕਮਾਈ ਦਾ ਸਾਧਨ ਕੁਝ ਵੀ ਨਾ ਹੋਣ ਕਰਕੇ ਗੁਜ਼ਾਰੇ ਕਰਨੇ ਬਹੁਤ ਮੁਸ਼ਕਿਲ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਤੇ ਮਹਿਕਮੇ ਦੇ ਅਹੁਦੇਦਾਰਾਂ ਨਾਲ ਵੱਖ-ਵੱਖ ਸਮੇਂ 'ਤੇ ਮੀਟਿੰਗਾਂ ਕੀਤੀਆਂ ਗਈਆਂ ਪਰ ਕੋਈ ਵੀ ਸਿੱਟਾ ਨਿਕਲਦਾ ਨਜ਼ਰ ਨਹੀਂ ਆਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਹੁਣ ਸਰਕਾਰ ਨੂੰ ਮੰਗ ਕੀਤੀ ਕਿ ਸਾਡੇ ਹੱਕ ਸਾਨੂੰ ਦਿੱਤੇ ਜਾਣ ਵਰਨਾ ਪੰਜਾਬ ਪੱਧਰ 'ਤੇ ਇਸ ਦਾ ਵਿਰੋਧ ਕੀਤਾ ਜਾਵੇਗਾ ਤੇ ਸਰਕਾਰ ਖ਼ਿਲਾਫ ਨਾਅਰੇਬਾਜ਼ੀ ਤੇ ਪੁਤਲੇ ਫੂਕ ਪ੍ਰਦਰਸ਼ਨ ਵੀ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰ ਸਰਕਾਰ ਖੁਦ ਹੋਵੇਗੀ।

# ਦੇਸ਼ ਭਗਤ ਆਯੁਰਵੈਦਿਕ ਕਾਲਜ ਨੇ ਗੁ. ਸ੍ਰੀ ਰੋਹੀਸਰ ਸਾਹਿਬ ਵਿਖੇ ਮੁਫ਼ਤ ਕੈਂਪ ਲਗਾਇਆ



ਅਮਲੋਹ, 22 ਮਾਰਚ (ਜਸਵੰਤ ਸਿੰਘ): ਦੇਸ਼ ਭਗਤ ਆਯੁਰਵੈਦਿਕ ਕਾਲਜ ਮੰਡੀ ਗੋਬਿੰਦਗੜ੍ਹ ਦੀ ਟੀਮ ਵੱਲੋਂ ਸੰਤ ਬਾਬਾ ਦਲਵਾਰਾ ਸਿੰਘ ਰੋਹੀਸਰ ਸਾਹਿਬ ਮਾਲੋਵਾਲ ਵਾਲਿਆਂ ਦੀ ਅਗਵਾਈ ਹੇਠ ਤਪ ਅਸਥਾਨ ਸ੍ਰੀ ਮਾਨ ਸੰਤ ਬਾਬਾ ਕ੍ਰਿਪਾ ਸਿੰਘ ਗੁਰਦੁਆਰਾ ਰੋਹੀਸਰ ਸਾਹਿਬ ਵਿਖੇ ਧਾਰਮਿਕ ਸਮਾਗਮ ਦੌਰਾਨ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਦੌਰਾਨ 200 ਤੋਂ ਵੱਧ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ ਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸੰਤ ਬਾਬਾ ਦਲਵਾਰਾ ਸਿੰਘ ਨੇ ਕੈਂਪ ਦਾ ਨਿਰੀਖਣ ਕਰਦੇ ਹੋਏ ਮੈਡੀਕਲ ਟੀਮ ਦੀ ਸ਼ਲਾਘਾ ਕੀਤੀ ਤੇ ਵਿਸ਼ੇਸ਼ ਸਨਮਾਨ ਕੀਤਾ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਦੇਸ਼ ਭਗਤ ਆਯੁਰਵੈਦਿਕ ਹਸਪਤਾਲ ਵੱਲੋਂ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਜਥੇਦਾਰ ਜਗਜੀਤ ਸਿੰਘ, ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ, ਸੀਨੀਅਰ ਪੱਤਰਕਾਰ ਭੂਸ਼ਨ ਸੂਦ, ਰਿਟ. ਡੀਆਈਜੀ ਰਣਵੀਰ ਸਿੰਘ ਖੱਟੜਾ, ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਹੌਲੀ, ਭਾਜਪਾ ਆਗੂ ਡਾ. ਰਘਵੀਰ ਸ਼ੁਕਲਾ, ਜਗਦੀਪ ਸਿੰਘ ਚੀਮਾ, ਅਕਾਲੀ ਆਗੂ ਕੁਲਦੀਪ ਸਿੰਘ ਮਛਰਾਈ ਤੇ ਇੰਜ. ਪ੍ਰਿਥੀਪਾਲ ਸਿੰਘ ਮੌਜੂਦ ਸਨ।

# ਦੂਨ ਇੰਟਰਨੈਸ਼ਨਲ ਸਕੂਲ ਵਿਖੇ ਕਿੰਡਰ ਗਾਰਡਨ ਦੇ ਬੱਚਿਆਂ ਦਾ ਕਨਵੋਕੇਸ਼ਨ ਪ੍ਰੋਗਰਾਮ ਮਨਾਇਆ

ਗੁਰਦਾਸਪੁਰ, 22 ਮਾਰਚ (ਜਸਵਿੰਦਰ ਸਿੰਘ): ਦੂਨ



ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵਿਖੇ ਕਿੰਡਰ ਗਾਰਡਨ ਦੇ ਬੱਚਿਆਂ ਦਾ ਕਨਵੋਕੇਸ਼ਨ ਪ੍ਰੋਗਰਾਮ ਮਨਾਇਆ ਗਿਆ। ਕਿੰਡਰ ਗਾਰਡਨ ਦੇ ਬੱਚਿਆਂ ਵੱਲੋਂ ਵੱਧ ਚੜ੍ਹ ਕੇ ਇਸ ਪ੍ਰੋਗਰਾਮ ਵਿੱਚ ਭਾਗ ਲੈਂਦੇ ਹੋਏ ਨਾਚ ਗਾਨੇ ਤੇ ਕਈ ਤਰ੍ਹਾਂ ਦੇ ਰੰਗਾਂ ਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਮੌਕੇ ਵਿਦਿਆਰਥੀ ਦੇ ਮਾਪੇ ਬਹੁਤ ਜ਼ਿਆਦਾ ਖੁਸ਼ ਸਨ। ਇਸ ਪ੍ਰੋਗਰਾਮ ਵਿੱਚ ਡਾ.ਅਰਤਿੰਦਰ ਢਿੱਲੋਂ (ਗਾਇਨੋਕੋਲਜਿਸਟ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾਇਰੈਕਟਰ ਗਗਨਦੀਪ ਸਿੰਘ, ਪਰਮਜੀਤ ਕੌਰ ਤੇ ਮਨਦੀਪ ਕੌਰ ਹਾਜ਼ਰ ਹੋਏ। ਇੱਸ ਸਮੇਂ ਪ੍ਰਿੰਸੀਪਲ ਊਸ਼ਾ ਸ਼ਰਮਾ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਡੇਰਾ ਬਾਬਾ ਹੀਰਾ ਦਾਸ ਤੇ ਬਾਬਾ ਸੁੰਦਰ ਦਾਸ ਜੀ ਵਿਖੇ 7ਵਾਂ ਵਿਸ਼ਾਲ ਭਗਵਤੀ ਜਾਗਰਣ 4 ਅਪ੍ਰੈਲ ਨੂੰ

ਫ਼ਾਜ਼ਿਲਕਾ, 22 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਡੇਰਾ ਬਾਬਾ ਹੀਰਾ ਦਾਸ ਤੇ ਬਾਬਾ ਸੁੰਦਰ ਦਾਸ ਜੀ ਵਿਖੇ 7ਵਾਂ ਵਿਸ਼ਾਲ ਭਗਵਤੀ ਜਾਗਰਣ 4 ਅਪ੍ਰੈਲ ਨੂੰ ਬੜੀ ਧੂਮਧਾਮ ਨਾਲ ਕਰਵਾਇਆ ਜਾਵੇਗਾ। ਇਸ ਸਬੰਧੀ ਸੇਵਾਦਾਰਾਂ ਵੱਲੋਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਜਾਣਕਾਰੀ ਦਿੰਦਿਆਂ ਡੇਰੇ ਦੇ ਸੇਵਾਦਾਰ ਖਰੈਤ ਵਰਮਾ, ਰਾਕੇਸ਼ ਵਰਮਾ (ਨਾਟੀ), ਸੁਭਾਸ਼ ਚੰਦਰ (ਰਾਕੇਸ਼ ਢੱਲ) ਤੇ ਸੰਪੀ ਦਾਵਰ ਨੇ ਦੱਸਿਆ ਕਿ ਜਾਗਰਣ ਦੇ ਸਬੰਧ ਵਿੱਚ ਸ਼ਰਧਾਲੂਆਂ ਨੂੰ ਸੱਦਾ ਦਿੱਤਾ ਜਾ ਰਿਹਾ ਹੈ। ਇਸ ਤਹਿਤ ਸੇਵਾਦਾਰਾਂ ਵੱਲੋਂ ਫਾਜ਼ਿਲਕਾ ਦੀ ਐਮ.ਸੀ. ਕਲੋਨੀ, ਮਾਧਵ ਨਗਰੀ, ਵਿਜੇ ਕਲੋਨੀ, ਰਾਇਲ ਸਿਟੀ, ਗਾਂਧੀ ਨਗਰ, ਗਊਸ਼ਾਲਾ ਰੋਡ ਤੇ ਹੈਡਗੇਵਾਰ ਕਲੋਨੀ 'ਚ ਜਾ ਕੇ ਸ਼ਰਧਾਲੂਆਂ ਨੂੰ ਸੱਦਾ ਦਿੱਤਾ ਗਿਆ। ਡੇਰਾ ਬਾਬਾ ਹੀਰਾ ਦਾਸ ਤੇ ਬਾਬਾ ਸੁੰਦਰ ਦਾਸ ਵੈਲਫੇਅਰ ਸੁਸਾਇਟੀ ਵੱਲੋਂ ਇਹ ਜਾਗਰਣ 4 ਅਪ੍ਰੈਲ ਦਿਨ ਸ਼ਨੀਵਾਰ ਨੂੰ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 4 ਅਪ੍ਰੈਲ ਨੂੰ ਰਾਤ 8 ਵਜੇ ਪੂਜਨ ਤੇ ਜੋਤ ਚੰਡ ਕਰਨ ਉਪਰੰਤ ਰਾਤ 9:15 ਵਜੇ ਜਾਗਰਣ ਦੀ ਸ਼ੁਰੂਆਤ ਹੋਵੇਗੀ। ਇਸ ਜਾਗਰਣ ਵਿੱਚ ਪ੍ਰਸਿੱਧ ਭਜਨ ਗਾਇਕ ਰਜਤ ਮਿੱਢਾ (ਚੰਡੀਗੜ੍ਹ ਵਾਲੇ) ਤੇ ਰਾਜਸਥਾਨ ਦੀ ਪ੍ਰਸਿੱਧ ਭਜਨ ਗਾਇਕਾ ਸੁਨੀਤਾ ਬਾਗੜੀ ਮਾਤਾ ਰਾਣੀ ਦਾ ਗੁਣਗਾਨ ਕਰਨਗੇ। ਸੇਵਾਦਾਰਾਂ ਨੇ ਸਮੂਹ ਸੰਗਤ ਨੂੰ ਇਸ ਜਾਗਰਣ ਵਿੱਚ ਪਹੁੰਚ ਕੇ ਆਸ਼ੀਰਵਾਦ ਪ੍ਰਾਪਤ ਕਰਨ ਦੀ ਅਪੀਲ ਕੀਤੀ ਹੈ।



# ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਵੱਲੋਂ ਸਨਸਿਟੀ ਕਲੋਨੀ ਦੇ ਲੋਕਾਂ ਨਾਲ ਮੀਟਿੰਗ

ਮੰਡੀ ਗੋਬਿੰਦਗੜ੍ਹ, 22 ਮਾਰਚ (ਸੂਦ): ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖ ਕੇ ਸਥਾਨਕ ਸਨਸਿਟੀ ਕਲੋਨੀ ਦੇ ਲੋਕਾਂ ਨਾਲ ਇੱਕ ਮੀਟਿੰਗ ਕਰਕੇ ਉਨ੍ਹਾਂ ਨੂੰ ਕਾਂਗਰਸ ਪਾਰਟੀ ਦਾ ਡੱਟ ਕੇ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਪੁਰਾਣੇ ਕਾਂਗਰਸ ਵਰਕਰਾਂ ਤੇ ਸਮਰਥੱਕਾਂ ਨਾਲ ਵੀ ਮੀਟਿੰਗ ਕਰਕੇ ਚੋਣਾਂ ਸਬੰਧੀ ਉਨ੍ਹਾਂ ਦੇ ਸੁਝਾਅ ਲਏ ਤਾਂ ਜੋਂ ਭਾਰੀ ਬਹੁਮਤ ਨਾਲ ਜਿੱਤ ਹਾਸਲ ਹੋ ਸਕੇ। ਮੀਟਿੰਗ ਵਿੱਚ ਕਾਂਗਰਸ ਆਗੂ ਬਲਵਿੰਦਰ ਵਾਲੀਆ, ਰਾਜੇਸ਼ ਵਾਲੀਆ (ਮਨੀ), ਮਨਜੀਤ ਸਿੰਘ ਬੇਦੀ, ਆਸ਼ੂ, ਹਰਜੀਤ, ਪੰਕਜ ਜੈਨ, ਗੋਪੀ ਠੇਕੇਦਾਰ, ਇੰਦਰਜੀਤ, ਸੰਦੀਪ ਕੁਮਾਰ, ਮਨੀਸ਼ ਵਰਮਾ, ਡਾ. ਹਰਿੰਦਰ ਸਿੰਘ ਪੂਨੀਆ,



ਵਿਨੈ ਸ਼ਰਮਾ, ਡਿੰਪਲ ਸ਼ਰਮਾ, ਨੀਰਜ ਜਲੂਰੀਆ, ਬਲਾਕ ਕਾਂਗਰਸ ਪ੍ਰਧਾਨ ਸੰਜੀਵ ਦੱਤਾ, ਕੌਂਸਲਰ ਅਰਵਿੰਦ ਸਿੰਗਲਾ ਬੌਬੀ, ਜ਼ਿਲ੍ਹਾ ਕਾਂਗਰਸ ਦੇ ਜਨਰਲ ਸਕੱਤਰ ਵਿਨੈ ਸ਼ਰਮਾ ਤੇ ਰਣਜੀਤ ਸਿੰਘ ਅੰਬੇ ਮਾਜਰਾ ਆਦਿ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਖੇਤਰੀ ਮੁੱਦਿਆਂ ਤੇ ਸੰਗਠਨ ਨੂੰ ਮਜ਼ਬੂਤ ਕਰਨ 'ਤੇ ਚਰਚਾ ਕੀਤੀ ਗਈ। ਇਸ ਮੌਕੇ ਰਣਦੀਪ ਸਿੰਘ ਨਾਭਾ ਨੇ ਸਰਕਾਰ ਦੀ ਅਲੋਚਨਾ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਇਸ ਤੋਂ ਤੰਗ ਆ ਚੁੱਕੇ ਹਨ ਤੇ ਹੁਣ ਉਹ ਕਾਂਗਰਸ ਲਿਆਉਣ ਲਈ ਉਤਾਵਲੇ ਹਨ। ਉਨ੍ਹਾਂ ਵਰਕਰਾਂ ਨੂੰ ਹੁਣ ਤੋਂ ਹੀ ਲੋਕਾਂ ਨਾਲ ਤਾਲਮੇਲ ਕਰਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

# ਖੰਨਾ ਵਿੱਚ ਵਪਾਰੀਆਂ ਦੀਆਂ ਸਮੱਸਿਆਵਾਂ ਸੁਣਨ ਲਈ ਪੰਜਾਬ ਸਟੇਟ ਟਰੇਡ ਕਮਿਸ਼ਨ ਦੀ ਹੋਈ ਮੀਟਿੰਗ

## ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਦਾ ਜਲਦ ਹੱਲ ਹੋਵੇਗਾ : ਰੂਪਰਾਏ



ਖੰਨਾ, ਲੁਧਿਆਣਾ, 22 ਮਾਰਚ (ਸੰਜੀਵ ਲਹਿਲ) : ਹਲਕਾ ਖੰਨਾ ਦੇ ਵਿਧਾਇਕ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਪੰਜਾਬ ਸਟੇਟ ਟਰੇਡ ਕਮਿਸ਼ਨ ਦੇ ਮੈਂਬਰ ਧਰਮਿੰਦਰ ਸਿੰਘ ਰੂਪਰਾਏ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੇਨ ਬਾਜ਼ਾਰ ਖੰਨਾ ਵਿਖੇ ਬੀਤੇ ਕੱਲ੍ਹ ਪੰਜਾਬ ਸਟੇਟ ਟਰੇਡ ਕਮਿਸ਼ਨ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੰਜਾਬ ਸਟੇਟ ਟਰੇਡ ਕਮਿਸ਼ਨ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਣੀਆ ਅਤੇ ਹੱਲ ਕਰਵਾਈਆਂ ਗਈਆਂ ਅਤੇ ਰਹਿੰਦੀਆਂ ਮੁਸ਼ਕਿਲਾਂ ਸਬੰਧੀ ਜਲਦ ਨਿਪਟਾਰੇ ਦਾ ਵੀ ਭਰੋਸਾ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ ਸਟੇਟ ਟਰੇਡ ਕਮਿਸ਼ਨ ਦੇ ਹਲਕਾ ਖੰਨਾ ਤੋਂ ਕੋਆਰਡੀਨੇਟਰ ਵਿਕਾਸ ਅਗਰਵਾਲ ਵੀ ਮੌਜੂਦ ਸਨ।

ਪੰਜਾਬ ਸਟੇਟ ਟਰੇਡ ਕਮਿਸ਼ਨ ਦੇ ਮੈਂਬਰ ਧਰਮਿੰਦਰ ਸਿੰਘ ਰੂਪਰਾਏ ਦੇ ਨਾਲ ਖੰਨਾ ਦੀਆਂ ਵੱਖ-ਵੱਖ ਮਾਰਕੀਟ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨੇ ਆਪਣੀਆਂ ਮੁਸ਼ਕਿਲਾਂ ਸਾਂਝੀਆਂ ਕੀਤੀਆਂ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਬਾਜ਼ਾਰ ਵਿੱਚ ਬਿਜਲੀ ਦੀਆਂ ਢਿੱਲੀਆਂ ਤਾਰਾਂ ਨੂੰ ਦਰੁਸਤ ਕੀਤਾ ਜਾਵੇ, ਬਾਜ਼ਾਰ ਵਿੱਚ ਸੁਰੱਖਿਆ ਦੀ ਘਾਟ ਨੂੰ ਪੂਰਾ ਕਰਨ ਲਈ ਪੀ.ਸੀ.ਆਰ ਦੀ ਲਗਾਤਾਰ ਗਸ਼ਤ ਕਰਵਾਈ ਜਾਵੇ ਅਤੇ ਬਾਜ਼ਾਰ ਵਿੱਚ ਸਟਰੀਟ ਲਾਈਟਾਂ ਘੱਟ ਹਨ, ਜਿਸ ਕਰਕੇ ਬਜ਼ਾਰ ਵਿੱਚ ਰੌਸ਼ਨੀ ਘੱਟ ਹੁੰਦੀ ਹੈ। ਇਸ ਲਈ ਨਗਰ ਕੌਂਸਲ ਖੰਨਾ ਤੋਂ ਹੋਰ ਸਟਰੀਟ ਲਾਈਟਾਂ ਲਗਾਉਣ ਮੰਗ ਰੱਖੀ ਗਈ। ਇਸ ਤੋਂ ਇਲਾਵਾ ਵਪਾਰੀਆਂ ਅਤੇ ਦੁਕਾਨਦਾਰਾਂ ਵੱਲੋਂ ਇਹ ਵੀ ਮੰਗ ਰੱਖੀ ਗਈ ਕਿ ਹਾਈਵੇਅ ਦੇ ਨਾਲ ਸਰਵਿਸ ਰੋਡ ਬਣਾਈ ਜਾਵੇ ਤਾਂ ਜੋ ਬਜ਼ਾਰ ਵਿੱਚ ਆਉਣ ਵਾਲੇ ਕਿਸੇ ਵੀ ਵਿਅਕਤੀ ਨੂੰ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਪੰਜਾਬ ਸਟੇਟ ਟਰੇਡ ਕਮਿਸ਼ਨ ਦੇ ਮੈਂਬਰ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਭਰੋਸਾ ਦਿੱਤਾ ਗਿਆ ਕਿ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਰਾਬਤਾ ਕਾਇਮ ਕਰਕੇ ਇਹ ਸਾਰੇ ਮੁੱਦੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ ਤਾਂ ਜੋ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।

ਉਨ੍ਹਾਂ ਸਪੱਸ਼ਟ ਕੀਤਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਦਯੋਗ ਨੂੰ ਮੁੜ ਪੈਰਾਂ ਸਿਰ ਕਰਨ ਲਈ ਵਚਨਬੱਧ ਹੈ।

ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਹਲਕਾ ਸੰਗਠਨ ਇੰਚਾਰਜ ਮਾਸਟਰ ਅਵਤਾਰ ਸਿੰਘ ਦੈਹਿੜੂ, ਪੀ.ਏ ਮਹੇਸ਼ ਕੁਮਾਰ, ਪੁਨੀਤ ਖੱਟਰ, ਗੌਰਵ ਮੌਦਗਿੱਲ, ਕੁਲਵੰਤ ਸਿੰਘ ਮਹਿਮੀ, ਹਰਜੀਤ ਸਿੰਘ ਭਾਟੀਆ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਵਪਾਰੀ ਅਤੇ ਦੁਕਾਨਦਾਰ ਮੌਜੂਦ ਸਨ।

# ਡੀ.ਐਮ. ਖ਼ੁਦਕੁਸ਼ੀ ਮਾਮਲੇ ਦੀ ਹੋਵੇ ਅਦਾਲਤੀ ਜਾਂਚ : ਕਾਮਰੇਡ ਸੇਖੋਂ



ਮੁੱਲਾਂਪੁਰ ਦਾਖਾ, 22 ਮਾਰਚ (ਦਵਿੰਦਰ ਸਿੰਘ ਲੰਮੇ) : ਸੀਪੀਆਈ (ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਅੰਮ੍ਰਿਤਸਰ ਦੇ ਵੇਅਰਹਾਉਸ ਦੇ ਜ਼ਿਲ੍ਹਾ ਮੈਨੇਜਰ ਵੱਲੋਂ ਖ਼ੁਦਕੁਸ਼ੀ ਕਰ ਲਏ ਜਾਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਇਸ ਮਾਮਲੇ ਨੇ ਹੁਕਮਰਾਨ ਪਾਰਟੀ 'ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ ਤੇ ਇਸ ਕੋਲ ਹੁਣ ਸੱਤਾ 'ਚ ਬਣੇ ਰਹਿਣ ਦਾ ਕੋਈ ਨੈਤਿਕ ਅਧਾਰ ਨਹੀਂ ਬਚਿਆ ਹੈ। ਇੱਥੇ ਪ੍ਰੈੱਸ ਲਈ ਜਾਰੀ ਕੀਤੇ ਇੱਕ ਬਿਆਨ ਵਿੱਚ ਕਾਮਰੇਡ ਸੇਖੋਂ ਨੇ ਕਿਹਾ ਕਿ ਸੀਪੀਆਈ (ਐਮ) ਇਸ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਉਨ੍ਹਾਂ ਇਸ ਦੁੱਖਦਾਇਕ ਸਮੇਂ ਗਗਨਦੀਪ ਸਿੰਘ ਰੰਧਾਵਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਪਾਰਟੀ ਪਰਿਵਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਇਸ ਮਾਮਲੇ ਦੀ ਅਦਾਲਤੀ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਸੂਬੇ ਦੀ ਕਾਨੂੰਨ ਵਿਵਸਥਾ ਨਿੱਘਰਦੀ ਜਾ ਰਹੀ ਹੈ। ਫ਼ਿਰੌਤੀਆਂ ਮੰਗਣ, ਕਤਲ, ਲੁੱਟਖੋਹ ਅਤੇ ਹੋਰ ਵਾਰਦਾਤਾਂ ਦਾ ਵਾਪਰਨਾ ਆਮ ਗੱਲ ਹੋ ਗਿਆ ਹੈ। ਪਰ ਹੁਣ ਤਾਂ ਮੰਤਰੀਆਂ ਦੀ ਮੰਗ ਪੂਰੀ ਨਾ ਕਰ ਸਕਣ ਕਾਰਨ ਪੰਜਾਬ ਦੇ ਅਫ਼ਸਰਾਂ ਤੱਕ ਨੂੰ ਆਪਣੀਆਂ ਜਾਨਾਂ ਦੇਣੀਆਂ ਪੈ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੰਤਰੀ ਲਾਲਜੀਤ ਸਿੰਘ ਭੁੱਲਰ ਖ਼ਿਲਾਫ਼ ਪਰਚਾ ਦਰਜ ਕਰਕੇ ਉਸ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਰਫ ਅਸਤੀਫ਼ਾ ਲੈਣ ਨਾਲ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲੇਗਾ। ਕਾਮਰੇਡ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਨੇ ਬਿਆਨ ਦਿੱਤਾ ਹੈ ਕਿ ਕੇਸ ਦੀ ਜਾਂਚ ਮੁੱਖ ਸਕੱਤਰ ਨੂੰ ਦਿੱਤੀ ਗਈ ਹੈ। ਇਹ ਹੈਰਾਨੀ ਦੀ ਗੱਲ ਹੈ ਕਿ ਅਜਿਹੇ ਕੇਸ ਦੀ ਜਾਂਚ ਮੁੱਖ ਸਕੱਤਰ ਕਰਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਨੈਤਿਕ ਜ਼ਿੰਮੇਵਾਰੀ ਕਬੂਲਿਆਂ ਮੁੱਖ ਮੰਤਰੀ ਦੀ ਕੁਰਸੀ ਛੱਡ ਦੇਣੀ ਚਾਹੀਦੀ ਹੈ।

# ਸ਼ਹੀਦ ਭਾਈ ਅੰਗਰੇਜ਼ ਸਿੰਘ ਬਾਕੀਪੁਰ ਦੀ 22ਵੀਂ ਬਰਸੀ 25 ਨੂੰ



ਲੁਧਿਆਣਾ, 22 ਮਾਰਚ (ਰਵਿੰਦਰ ਸਿੰਘ ਨਿੱਝਰ): ਕਿਸਾਨ ਮੋਰਚਾ ਗੈਰ ਸਿਆਸੀ ਭਾਰਤ ਦੀ ਜ਼ੂਮ ਮੀਟਿੰਗ ਹੋਈ, ਜਿਸ ਵਿੱਚ 19 ਮਾਰਚ ਨੂੰ ਪੰਜਾਬ ਅਤੇ ਹਰਿਆਣੇ ਵਿੱਚ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਸਾੜੇ ਗਏ। ਉਸ ਦੀ ਸਮੀਖਿਆ ਕੀਤੀ ਗਈ ਅਤੇ ਕਿਸਾਨੀ ਮਸਲਿਆਂ ਬਾਰੇ ਵਿਚਾਰਾਂ ਕੀਤੀਆਂ ਗਈਆਂ। 2004 ਵਿੱਚ ਕਿਸਾਨੀ ਮੰਗਾਂ ਨੂੰ ਮਨਵਾਉਣ ਲਈ ਅੰਗਰੇਜ਼ ਸਿੰਘ ਬਾਕੀਪੁਰ ਮਾਨਾਵਾਲੇ ਰੇਲਵੇ ਸਟੇਸ਼ਨ 'ਤੇ ਸਰਕਾਰ ਦੀ ਗੋਲੀ ਲੱਗਣ ਨਾਲ ਸ਼ਹੀਦ ਹੋ ਗਏ ਸਨ ਉਹਨਾਂ ਦੀ 22ਵੀਂ ਵਰਸੀ 25 ਮਾਰਚ ਨੂੰ ਦਾਨਾ ਮੰਡੀ ਅਜਨਾਲਾ ਅਤੇ 29 ਮਾਰਚ ਨੂੰ ਗੁਰੂ ਨਾਨਕ ਸਾਹਿਬ ਦੇ ਜੱਦੀ ਪਿੰਡ ਪੱਠੇ ਵਿੰਡ ਤਹਿਸੀਲ ਖੰਡੂਰ ਸਾਹਿਬ ਜ਼ਿਲ੍ਹਾ ਤਰਨ ਤਾਰਨ ਵਿਖੇ ਮਨਾਈ ਜਾਵੇਗੀ ਅਤੇ ਕਿਸਾਨੀ ਮੰਗਾਂ ਲਈ ਲੜਾਈ ਲੜਦਿਆਂ ਹੋਰ ਸ਼ਹੀਦਾਂ ਕਿਸਾਨਾਂ ਨੂੰ ਵੀ ਯਾਦ ਕੀਤਾ ਜਾਵੇਗਾ ਅਤੇ ਸ਼ਰਧਾ ਭੇਟ ਕੀਤੀ ਜਾਵੇਗੀ ਜਿਸ ਵਿੱਚ ਐੱਸ ਕੇ ਐੱਮ ਗੈਰ ਸਿਆਸੀ ਭਾਰਤ ਦੀ ਸਾਰੀ ਲੀਡਰਸ਼ਿਪ ਹਾਜ਼ਰ ਹੋਵੇਗੀ। ਆਗੂਆਂ ਨੇ ਆਖਿਆ ਕਿ ਕਿ ਐੱਮਐੱਸਪੀ ਗਰੰਟੀ ਕਾਨੂੰਨ, ਸਵਾਮੀਨਾਥਨ ਕਮਿਸ਼ਨ ਦੀ ਸਿਫਾਰਸ਼ ਮੁਤਾਬਕ ਫਸਲਾਂ ਦੇ ਭਾਅ , ਕਿਸਾਨ ਤੇ ਮਜ਼ਦੂਰ ਦਾ ਕਰਜ਼ਾ ਮੁਕਤੀ, ਲਖੀਮਪੁਰ ਖੀਰੀ ਦਾ ਇਨਸਾਫ, ਦਿੱਲੀ ਮੋਰਚੇ ਵੇਲੇ ਕਿਸਾਨਾਂ 'ਤੇ ਪਰਚੇ ਰੱਦ ਕਰਾਉਣ ਅਤੇ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਮਨਾਉਣ ਲਈ 13 ਫਰਵਰੀ 2024 ਨੂੰ ਸ਼ੰਭੂ ਬਾਰਡਰ, ਖਨੌਰੀ ਬਾਰਡਰ, ਅਤੇ ਰਾਜਸਥਾਨ ਰਤਨਪੁਰਾ ਬਾਰਡਰ 'ਤੇ ਜੋ ਮੋਰਚਾ ਲੱਗਿਆ ਹੋਇਆ ਸੀ, ਪੰਜਾਬ ਸਰਕਾਰ ਵੱਲੋਂ 19 ਮਾਰਚ 2025 ਨੂੰ ਕਿਸਾਨਾਂ 'ਤੇ ਜ਼ੁਰਮ ਤੇ ਕਹਿਰ, ਤਸ਼ੱਦਦ ਕੀਤਾ ਗਿਆ। ਉਸ ਦੇ ਵਿਰੋਧ ਵਿੱਚ 19 ਮਾਰਚ ਨੂੰ ਪੰਜਾਬ ਭਰ ਵਿੱਚ ਹੈੱਡਕੁਆਟਰਾਂ 'ਤੇ ਮੁੱਖ ਮੰਤਰੀ ਪੰਜਾਬ ਦੇ ਪੁਤਲੇ ਫੂਕੇ ਗਏ ਸਨ । ਉਸੇ ਕੜੀ ਤਹਿਤ 27 ਮਾਰਚ ਨੂੰ ਲਾਢੋਵਾਲ ਟੋਲ ਪਲਾਜਾ 11 ਤੋਂ 3 ਵਜੇ ਤੱਕ ਪਰਚੀ ਮੁਕਤ ਕੀਤਾ ਜਾਵੇਗਾ। 3 ਅਪ੍ਰੈਲ ਨੂੰ ਕੱਥੂ ਨੰਗਲ ਟੋਲ ਪਲਾਜ਼ਾ, 6 ਅਪ੍ਰੈਲ ਨੂੰ ਉਸਮਾ ਟੋਲ ਪਲਾਜ਼ਾ ਤਰਨਤਾਰਨ, 10 ਅਪ੍ਰੈਲ ਅੰਮ੍ਰਿਤਸਰ ਦਿੱਲੀ ਰੋਡ ਜੰਡਿਆਲਾ ਟੋਲ ਪਲਾਜਾ ਸਵੇਰੇ 11 ਵਜੇ ਤੋਂ 3 ਵਜੇ ਤੱਕ ਪਰਚੀ ਮੁਕਤ ਕੀਤਾ ਜਾਣਗੇ। ਇਹ ਸੰਘਰਸ਼ ਜਾਰੀ ਰਹੇਗਾ। ਸੰਘਰਸ਼ ਦੀਆਂ ਅਗਲੀਆਂ ਤਰੀਕਾਂ ਦਾ ਐਲਾਨ ਵੀ ਜਲਦੀ ਕਰ ਦਿੱਤਾ ਜਾਵੇਗਾ। ਹਾਜ਼ਰ ਆਗੂ ਸਾਹਿਬਾਨ ਇੰਦਰਜੀਤ ਸਿੰਘ ਕੋਟ ਬੁੱਢਾ ਸੁਖਜੀਤ ਸਿੰਘ ਹਰਦੋਝੰਡੇ, ਗੁਰਿੰਦਰ ਸਿੰਘ ਭੰਗੂ, ਲਖਵਿੰਦਰ ਸਿੰਘ ਔਲਖ ਹਰਿਆਣਾ, ਬਚਿੱਤਰ ਸਿੰਘ ਕੋਟਲਾ, ਗੁਰਸੇਵਕ ਸਿੰਘ ਧਾਲੀਵਾਲ ਆਦਿ ਕਿਸਾਨ ਆਗੂ ਹਾਜ਼ਰ ਸਨ।

# ਨੋਨੀ ਵੱਲੋਂ ਲਗਾਏ ਕੈਂਪ ਵਿੱਚ 400 ਤੋਂ ਵੱਧ ਟਰੇਡ ਲਾਇਸੈਂਸ ਅਤੇ ਪ੍ਰਾਪਰਟੀ ਟੈਕਸ ਸੇਵਾਵਾਂ ਪ੍ਰਦਾਨ



ਲੁਧਿਆਣਾ, 22 ਮਾਰਚ (ਰਵਿੰਦਰ ਸਿੰਘ ਨਿੱਝਰ): ਕੌਂਸਲਰ ਜਗਮੀਤ ਸਿੰਘ ਨੋਨੀ ਵੱਲੋਂ ਆਪਣੇ ਦਫ਼ਤਰ ਵਿੱਚ ਕਾਰਪੋਰੇਸ਼ਨ ਨਾਲ ਸੰਬੰਧਿਤ ਸੇਵਾਵਾਂ ਲਈ ਇੱਕ ਵਿਸ਼ਾਲ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਟਰੇਡ ਲਾਇਸੈਂਸ ਬਣਾਉਣ, ਨਵੀਨੀਕਰਨ ਅਤੇ ਪ੍ਰਾਪਰਟੀ ਟੈਕਸ ਨਾਲ ਜੁੜੀਆਂ ਸੇਵਾਵਾਂ ਇੱਕ ਹੀ ਥਾਂ 'ਤੇ ਪ੍ਰਦਾਨ ਕੀਤੀਆਂ ਗਈਆਂ।ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਲਗਾਉਣ ਨਾਲ ਸਰਕਾਰੀ ਸੇਵਾਵਾਂ ਘਰ ਘਰ ਤੱਕ ਪਹੁੰਚਦੀਆਂ ਹਨ।

ਤਿੰਨ ਦਿਨਾਂ ਚੱਲੇ ਇਸ ਕੈਂਪ ਦੌਰਾਨ ਇਲਾਕੇ ਦੇ ਵਪਾਰੀਆਂ ਅਤੇ ਰਹਿਣ ਵਾਲੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਕੈਂਪ ਵਿੱਚ 400 ਤੋਂ ਵੱਧ ਟਰੇਡ ਲਾਇਸੈਂਸ ਬਣਾਏ ਅਤੇ ਨਵੀਨੀਕਰਨ ਕੀਤੇ ਗਏ, ਨਾਲ ਹੀ ਪ੍ਰਾਪਰਟੀ ਟੈਕਸ ਨਾਲ ਸੰਬੰਧਿਤ ਕਈ ਮਾਮਲੇ ਵੀ ਥਾਂ 'ਤੇ ਹੀ ਨਿਪਟਾਏ ਗਏ।ਕੈਂਪ ਦੌਰਾਨ ਮਾਹਿਰ ਸਟਾਫ਼ ਵੱਲੋਂ ਸਾਰੇ ਦਸਤਾਵੇਜ਼ਾਂ ਦੀ ਜਾਂਚ ਕਰਕੇ ਤੁਰੰਤ ਕਾਰਵਾਈ ਕੀਤੀ ਗਈ। ਪ੍ਰਬੰਧ ਅਤੇ ਸਹੂਲਤਾਂ ਦਾ ਵੀ ਖਾਸ ਧਿਆਨ ਰੱਖਿਆ ਗਿਆ। ਕੌਂਸਲਰ ਨੋਨੀ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਆਸਾਨ ਅਤੇ ਤੇਜ਼ ਸੇਵਾਵਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਨੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਲਗਾਉਂਦੇ ਰਹਿਣਗੇ, ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਲੋਕਾਂ ਨੂੰ ਲਾਭ ਮਿਲ ਸਕੇ।

ਉਨ੍ਹਾਂ ਨੇ ਸਾਰੇ ਵਪਾਰੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਟਰੇਡ ਲਾਇਸੈਂਸ ਅਤੇ ਪ੍ਰਾਪਰਟੀ ਟੈਕਸ ਨਾਲ ਸੰਬੰਧਿਤ ਕੰਮ ਸਮੇਂ-ਸਿਰ ਕਰਵਾਉਣ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਪਰੇਸ਼ਾਨੀ ਤੋਂ ਬਚਿਆ ਜਾ ਸਕੇ।ਇਸ ਤਰ੍ਹਾਂ ਤਿੰਨ ਦਿਨਾਂ ਦਾ ਇਹ ਕੈਂਪ ਪੂਰੀ ਤਰ੍ਹਾਂ ਸਫਲ ਰਹਿਆ ਅਤੇ ਇਲਾਕੇ ਦੇ ਲੋਕਾਂ ਲਈ ਇੱਕ ਮਹੱਤਵਪੂਰਨ ਸਹੂਲਤ ਸਾਬਤ ਹੋਇਆ। ਇਸ ਸਮੇਂ ਨਾਲ ਭੁਪਿੰਦਰ ਸਿੰਘ ਕ੍ਰਿਸਟਲ, ਦਲਜੀਤ ਸਿੰਘ, ਹਰਜਿੰਦਰ ਸਿੰਘ, ਜੋਗਿੰਦਰ ਸਿੰਘ, ਬਲਬੀਰ ਸਿੰਘ ਆਦਿ ਵੀ ਮੌਜੂਦ ਸਨ।

# ਵਿਸ਼ਵ ਸ਼ਾਂਤੀ, ਆਰਥਿਕ ਬਰਾਬਰੀ ਤੇ ਸਮਾਜਿਕ ਨਿਆਂ ਲਈ ਭਗਤ ਸਿੰਘ ਦੀ ਸੋਚ ਰਾਹ ਦਸੇਰਾ



ਲੁਧਿਆਣਾ 22 ਮਾਰਚ (ਰਵਿੰਦਰ ਸਿੰਘ ਨਿੱਝਰ) ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਵਸ ਸਬੰਧੀ ਲੁਧਿਆਣਾ ਵਿੱਚ ਕਰਵਾਏ ਸਮਾਗਮ ਵਿੱਚ ਬੁਲਾਰਿਆਂ ਨੇ ਕਿਹਾ ਕਿ ਅੱਜ ਦੇ ਜੰਗਾਂ, ਅਸਮਾਨਤਾ ਅਤੇ ਬੇਰੁਜ਼ਗਾਰੀ ਭਰੇ ਸਮੇਂ ਵਿੱਚ ਭਗਤ ਸਿੰਘ ਦੀ ਸੋਚ ਵਿਸ਼ਵ ਸ਼ਾਂਤੀ, ਆਰਥਿਕ ਬਰਾਬਰੀ ਅਤੇ ਸਮਾਜਿਕ ਨਿਆਂ ਲਈ ਰਾਹ ਦਿਖਾਉਂਦੀ ਹੈ। ਉਨ੍ਹਾਂ ਨੇ ਸਮਾਜਵਾਦ, ਧਰਮਨਿਰਪੱਖਤਾ ਅਤੇ ਹਿੰਦੂ-ਮੁਸਲਿਮ ਏਕਤਾ ਨੂੰ ਮਜ਼ਬੂਤ ਕਰਨ ਦੀ ਲੋੜ ਉਤੇ ਜ਼ੋਰ ਦਿੱਤਾ।ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਸਾਮਰਾਜੀ ਅਤੇ ਸੱਜੇ ਪੱਖੀ ਤਾਕਤਾਂ ਦੁਨੀਆ ਵਿੱਚ ਜੰਗਾਂ ਅਤੇ ਤਣਾਅ ਵਧਾ ਰਹੀਆਂ ਹਨ, ਜਿਸ ਨਾਲ ਵਿਸ਼ਵ ਯੁੱਧ ਦਾ ਖਤਰਾ ਬਣ ਰਿਹਾ ਹੈ। ਭਾਰਤ ਵਿੱਚ ਵੀ ਫਿਰਕੂ ਵੰਡ ਦੇ ਖ਼ਿਲਾਫ਼ ਲੜਦਿਆਂ ਲੋਕਤੰਤਰ ਅਤੇ ਧਰਮਨਿਰਪੱਖਤਾ ਦੀ ਰੱਖਿਆ ਜ਼ਰੂਰੀ ਹੈ॥ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ ਅਤੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਇਸ ਮੌਕੇ ਬੋਲਣ ਵਾਲਿਆਂ ਵਿੱਚ ਕਾਮਰੇਡ ਡੀ ਪੀ ਮੌੜ, ਡਾ: ਅਰੁਣ ਮਿੱਤਰਾ, ਐਮ ਐਸ ਭਾਟੀਆ, ਰਮੇਸ਼ ਰਤਨ, ਚਮਕੌਰ ਸਿੰਘ, ਡਾਕਟਰ ਗੁਲਜਾਰ ਪੰਧੇਰ , ਐਡਵੋਕੇਟ ਨਵਲ ਛਿੱਬੜ ਨਰੇਸ਼ ਗੌੜ , ਰਣਧੀਰ ਸਿੰਘ, ਕਾਮੇਸ਼ਵਰ, ਟਾਈਗਰ ਸਿੰਘ ਸ਼ਾਮਿਲ ਸਨ। ਸਟੇਜ ਦੀ ਕਾਰਵਾਈ ਸੁਰਜੀਤ ਨੇ ਬਾਖੂਬੀ ਨਿਭਾਈ।ਇਸ ਮੌਕੇ ਤੇ ਆਏ ਪਤਵੰਤੇ ਸੱਜਣਾ ਜਿਨਾਂ ਕੌਂਸਲਰ ਇੰਦੂ ਮੁਨੀਸ਼ ਸ਼ਾਹ, ਮੁਨੀਸ਼ ਸ਼ਾਹ, ਸੁਰੇਸ਼ ਸ਼ਰਮਾ, ਦਵਿੰਦਰ ਸ਼ਰਮਾ ਆਦਿ ਸ਼ਾਮਿਲ ਸਨ ਨੇ ਬੱਚਿਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ।

# 43 ਲੱਖ ਦੀ ਲਾਗਤ ਨਾਲ ਬਦਲੇਗੀ ਵਾਰਡ ਨੰਬਰ 35 ਦੀ ਨੁਹਾਰ : ਛੀਨਾ



ਲੁਧਿਆਣਾ, 22 ਮਾਰਚ (ਵਿਸ਼ਾਲ ਸ਼ਰਮਾ) : ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਵਾਰਡ ਨੰਬਰ 35 ਦੇ ਮਹਾਸਿੰਘ ਨਗਰ ਵਿੱਚ ਲੰਬੇ ਸਮੇਂ ਤੋਂ ਲੰਬਿਤ ਪਈ ਸੜਕ ਨਿਰਮਾਣ ਦੀ ਮੰਗ ਨੂੰ ਪੂਰਾ ਕਰਦਿਆਂ ਪ੍ਰੋਜੈਕਟ ਦੀ ਸ਼ੁਰੂਆਤ ਕਰਵਾਈ।

ਲੱਗਭੱਗ 43 ਲੱਖ ਰੁਪਏ ਦੀ ਲਾਗਤ ਵਾਲੇ ਇਸ ਵਿਕਾਸ ਕਾਰਜ ਅਧੀਨ ਇਲਾਕੇ ਦੀਆਂ ਸੜਕਾਂ ਨੂੰ ਆਰ ਐਮ ਸੀ ਨਾਲ ਮਜ਼ਬੂਤ ਅਤੇ ਆਧੁਨਿਕ ਬਣਾਇਆ ਜਾਵੇਗਾ, ਜਿਸ ਨਾਲ ਇਲਾਕੇ ਦੀ ਤਸਵੀਰ ਬਦਲ ਜਾਵੇਗੀ। ਸਥਾਨਕ ਨਿਵਾਸੀਆਂ ਨੇ ਦੱਸਿਆ ਕਿ ਖਰਾਬ ਸੜਕਾਂ ਕਾਰਨ ਉਹਨਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਖਾਸ ਕਰਕੇ ਬਰਸਾਤ ਦੇ ਦਿਨਾਂ ਵਿੱਚ ਹਾਲਤ ਬਹੁਤ ਹੀ ਗੰਭੀਰ ਹੋ ਜਾਂਦੀ ਸੀ ਅਤੇ ਲੋਕਾਂ ਨੂੰ ਕਾਫੀ ਦਿੱਕਤਾਂ ਝੱਲਣੀਆਂ ਪੈਂਦੀਆਂ ਸਨ। ਹੁਣ ਸੜਕ ਨਿਰਮਾਣ ਕੰਮ ਸ਼ੁਰੂ ਹੋਣ ਨਾਲ ਇਲਾਕਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਲੋਕਾਂ ਨੇ ਇਸ ਉਪਰਾਲੇ ਲਈ ਵਾਰਡ ਨੰਬਰ 35 ਦੀ ਕੌਂਸਲਰ ਪ੍ਰਭਜੋਤ ਕੌਰ ਧੁੰਨਾ ਅਤੇ ਹਲਕਾ ਦੱਖਣੀ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ।

# ਸਤਵਿੰਦਰ ਮਠਾੜੂ ਬਣੇ ਮਾਨਵਤਾ ਭਲਾਈ ਸੇਵਾ ਸੁਸਾਇਟੀ ਦੇ ਮੀਤ ਪ੍ਰਧਾਨ



ਲੁਧਿਆਣਾ, 22 ਮਾਰਚ (ਰਵਿੰਦਰ ਸਿੰਘ ਨਿੱਝਰ): ਮਾਨਵਤਾ ਭਲਾਈ ਸੇਵਾ ਸੋਸਾਇਟੀ ਦੀ ਨਵੀਂ ਚੋਣ ਕਰਵਾਈ ਗਈ। ਪੁਰਾਣੇ ਅਹੁਦੇਦਾਰਾਂ ਦੀ ਕਮੇਟੀ ਨੂੰ ਭੰਗ ਕਰਕੇ ਕਰਵਾਈ ਗਈ ਨਵੀਂ ਚੋਣ ਵਿੱਚ ਚਰਨਜੀਤ ਸਿੰਘ ਚੇਅਰਮੈਨ, ਗੁਰਨੇਕ ਸਿੰਘ ਪ੍ਰਧਾਨ, ਸਤਨਾਮ ਸਿੰਘ ਕੋਮਲ ਸੀਨੀਅਰ ਮੀਤ ਪ੍ਰਧਾਨ, ਸਤਵਿੰਦਰ ਸਿੰਘ ਮਠਾੜੂ ਮੀਤ ਪ੍ਰਧਾਨ, ਰਕੇਸ਼ ਗੋਇਲ ਕੈਪਟਨ ਕੁਲਵੰਤ ਸਿੰਘ, ਸਰਬਜੀਤ ਸਿੰਘ ਛਾਪਾ, ਫਤਿਹ ਚੰਦ ਖੋਸਲਾ, ਜਿੰਦਲ, ਮਨਜੀਤ ਸਿੰਘ ਅਰੋੜਾ ਸਕੱਤਰ, ਜਗਜੀਤ ਸਿੰਘ ਬਬਰਾ ਅਤੇ ਜਸਬੀਰ ਸਿੰਘ ਨਾਮਧਾਰੀ ਮੀਤ ਸਕੱਤਰ, ਕਿਰਪਾਲ ਸਿੰਘ ਸਹਾਰਾ ਖਜ਼ਾਨਚੀ, ਪਵਿੱਤਰ ਸਿੰਘ ਉਪ ਖਜਾਨਚੀ, ਜੈ ਗੋਪਾਲ ਗੋਇਲ ਅਤੇ ਪਰਮਿੰਦਰ ਸਿੰਘ ਸੋਹਲ ਮੁੱਖ ਸਲਾਹਕਾਰ ਚੁਣੇ ਗਏ ਬਲਵਿੰਦਰ ਸਿੰਘ ਪੈਕ ਸਲਾਹਕਾਰ ਚੁਣੇ ਗਏ ਇਹਨਾਂ ਤੋਂ ਇਲਾਵਾ ਕਈ ਹੋਰ ਵੀ ਨਿਯੁਕਤੀਆਂ ਕੀਤੀਆਂ ਗਈਆਂ।

# ਗਾਇਕ ਜੱਸ ਦੇ ਨਵੇਂ ਗੀਤ 'ਕਾਹਦੀਆਂ ਨੇ ਯਾਰੀਆਂ' ਦੀ ਰਿਕਾਰਡਿੰਗ ਮੁਕੰਮਲ



ਲੁਧਿਆਣਾ, 22 ਮਾਰਚ (ਰਵਿੰਦਰ ਸਿੰਘ ਨਿੱਝਰ): ਪੰਜਾਬੀ ਗਾਇਕੀ ਦੇ ਉਸਤਾਦ ਮੰਨੇ ਗਏ ਉਸਤਾਦ ਲਾਲ ਚੰਦ ਯਮਲਾ ਜੱਟ ਦੇ ਹੋਣਹਾਰ ਸ਼ਗਿਰਦ ਤੇ ਉੱਘੇ ਗਾਇਕ ਜਸਵੀਰ ਜੱਸ ਦੇ ਸੱਜਰੇ ਗੀਤ 'ਕਾਹਦੀਆਂ ਨੇ ਯਾਰੀਆਂ' ਦੀ ਰਿਕਾਰਡਿੰਗ ਮੁਕੰਮਲ ਹੋ ਚੁੱਕੀ ਹੈ । ਜੱਸ ਨੇ ਦੱਸਿਆ ਕਿ ਇਸ ਗੀਤ ਨੂੰ ਦੀਪ ਬੇਨੜੇ ਵਾਲੇ ਨੇ ਲਿਖਿਆ ਹੈ। ਇਸ ਦਾ ਸੰਗੀਤ ਨਾਮਵਰ ਸੰਗੀਤਕਾਰ ਦਾ ਵੌਲਫ ਹੰਡਰਡ ਨੇ ਤਿਆਰ ਕੀਤਾ ਹੈ ਅਤੇ ਇਸ ਗੀਤ ਦੇਮਿਕਸ ਐਂਡ ਮਾਸਟਰ ਐਡੋਨੀਸ ਮਿਕਸਸ ਹਨ। ਉਹਨਾਂ ਦੱਸਿਆ ਕਿ ਗੀਤ ਦੀ ਵੀਡੀਓ ਦੀ ਰਿਕਾਰਡਿੰਗ ਅਗਲੇ ਹਫਤੇ ਕੀਤੀ ਜਾਵੇਗੀ ਅਤੇ ਇਸ ਗੀਤ ਨੂੰ ਮਾਰਚ ਦੇ ਅਖੀਰਲੇ ਹਫਤੇ ਸਰੋਤਿਆਂ ਦੀ ਸੇਵਾ ਵਿੱਚ ਪੇਸ਼ ਕੀਤਾ ਜਾਵੇਗਾ।

# ਓਮੇਸ਼ ਭਾਜਪਾ ਦੇ ਬੁੱਧੀਜੀਵੀ ਸੈੱਲ ਦੇ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ



ਲੁਧਿਆਣਾ, 22 ਮਾਰਚ (ਰਵਿੰਦਰ ਸਿੰਘ ਨਿੱਝਰ): ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਸੀਨੀਅਰ ਭਾਜਪਾ ਵਰਕਰ ਓਮੇਸ਼ ਮਲਹੋਤਰਾ ਨੂੰ ਬੁੱਧੀਜੀਵੀ ਸੈੱਲ ਦੇ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ। ਇਸ ਮੌਕੇ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਨਰਿੰਦਰ ਸਿੰਘ ਮੱਲ੍ਹੀ, ਡਾ. ਕਨਿਕਾ ਜਿੰਦਲ, ਯਸ਼ਪਾਲ ਜਨੋਤਰਾ, ਜ਼ਿਲ੍ਹਾ ਉਪ ਪ੍ਰਧਾਨ ਮਹੇਸ਼ ਸ਼ਰਮਾ, ਡਾ. ਨਿਰਮਲ ਨਈਅਰ, ਮਨੀਸ਼ ਚੋਪੜਾ, ਕੌਂਸਲਰ ਸੁਮਨ ਵਰਮਾ, ਨਵਲ ਜੈਨ, ਬੁਲਾਰੇ ਸੁਰੇਂਦਰ ਕੌਸ਼ਲ, ਮੰਡਲ ਸਰਕਲ ਪ੍ਰਧਾਨ ਸਕੱਤਰ ਕੇਸ਼ਵ ਗੁਪਤਾ, ਸਚਿਨ ਮੋਦਗਿਲ ਆਦਿ ਵੀ ਮੌਜੂਦ ਸਨ।

# ਪ੍ਰਾਈਵੇਟ ਕੰਪਨੀ ਦੀ ਬੱਸ ਦੇ ਕੰਡਕਟਰ ਅਤੇ ਡਰਾਈਵਰ ਨਾਲ ਪੁਲਿਸ ਵੱਲੋਂ ਕੁੱਟਮਾਰ ਕਰਨ 'ਤੇ ਦੋ ਘੰਟੇ ਲੱਗਾ ਜਾਮ



ਮੁੱਲਾਂਪੁਰ ਦਾਖਾ, 22 ਮਾਰਚ (ਦਵਿੰਦਰ ਸਿੰਘ ਲੰਮੇ): ਫਿਰੋਜ਼ਪੁਰ ਤੋਂ ਵਾਇਆ ਮੁੱਲਾਂਪੁਰ ਹੋ ਕੇ ਚੰਡੀਗੜ੍ਹ ਜਾ ਰਹੀ ਪ੍ਰਾਈਵੇਟ ਕੰਪਨੀ ਜੁਝਾਰ ਬੱਸ ਸਰਵਿਸ ਦੇ ਕੰਡਕਟਰ ਅਤੇ ਡਰਾਈਵਰ ਨਾਲ ਪੁਲਿਸ ਥਾਣਾ ਦਾਖਾ ਵਿਖੇ ਕੀਤੀ ਗਈ ਕੁੱਟਮਾਰ ਕਾਰਨ ਬੱਸ ਚਾਲਕ ਨੇ ਥਾਣੇ ਮੂਹਰੇ ਟੇਢੀ ਬੱਸ ਕਰਕੇ ਲਗਾ ਦਿੱਤੀ, ਜਿਸ ਕਾਰਨ ਲੰਮਾ ਜਾਮ ਲੱਗ ਗਿਆ, ਜਿਸ ਕਾਰਨ ਸਵਾਰੀਆਂ ਅਤੇ ਆਮ ਰਾਹਗੀਰਾਂ ਨੂੰ ਕਾਫੀ ਮੁਸ਼ਕਿਲ ਦਾ ਸਾਹਮਣਾ ਕਰਨਾ ਪਿਆ । ਬੱਸ ਦੇ ਚਾਲਕ ਮਨਜਿੰਦਰ ਸਿੰਘ ਪਿਤਾ ਜਰਨੈਲ ਸਿੰਘ ਨਿਵਾਸੀ ਗੋਰਸੀਆ ਮੱਖਣ ਸਿੰਘ ਨੇ ਦੱਸਿਆ ਕਿ ਉਹ ਉਕਤ ਕੰਪਨੀ ਦੀ ਬੱਸ 'ਤੇ ਡਿਊਟੀ ਕਰ ਰਿਹਾ ਹੈ ਅਤੇ ਅੱਜ ਜਦੋਂ ਬੱਸ ਫਿਰੋਜ਼ਪੁਰ ਤੋਂ ਮੋਗੇ ਬੱਸ ਸਟੈਂਡ 'ਤੇ ਪੁੱਜੀ ਤਾਂ ਲੁਧਿਆਣਾ ਰਵਾਨਾ ਹੋਣ ਸਮੇਂ ਬੱਸ ਅੱਡੇ ਦੇ ਬਾਹਰੋਂ ਇੱਕ ਪੁਲਿਸ ਮੁਲਾਜ਼ਮ ਬੱਸ 'ਤੇ ਸਵਾਰ ਹੋਇਆ, ਜਿਸ ਨੇ ਉਹਨਾਂ ਨਾਲ ਬਦਤਮੀਜੀ ਕੀਤੀ ਤੇ ਗਾਲ੍ਹਾਂ ਕੱਢੀਆਂ। ਕੰਡਕਟਰ ਮਿੱਠੂ ਸਮਰਾਲਾ ਨੇ ਦੱਸਿਆ ਕਿ ਬੱਸ ਵਿੱਚ ਸਫ਼ਰ ਦੌਰਾਨ ਗੁਰਦੇਵ ਸਿੰਘ ਨਾਂ ਦੇ ਇਸ ਪੁਲਿਸ ਮੁਲਾਜ਼ਮ ਨੇ ਉਸ ਨੂੰ ਖੁਦ ਦੋ ਸੌ ਰੁਪਏ ਦਿੱਤੇ ਅਤੇ ਉਸਨੇ ਸੌ ਰੁਪਏ ਮੁਲਾਜ਼ਮ ਹੋਣ ਕਰਕੇ ਵਾਪਸ ਮੋੜ ਦਿੱਤਾ। ਮਿੱਠੂ ਨੇ ਦੱਸਿਆ ਕਿ ਜਦੋਂ ਬੱਸ ਜਗਰਾਓਂ ਪੁੱਜੀ ਤਾਂ ਇਸ ਮੁਲਾਜ਼ਮ ਨੇ ਬਿਨਾਂ ਕਿਸੇ ਕਾਰਨ ਕੰਟਰੋਲ ਰੂਮ 'ਤੇ ਫੋਨ ਕਰਨਾ ਸ਼ੁਰੂ ਕਰ ਦਿੱਤਾ। ਜਦੋਂ ਬੱਸ ਮੁੱਲਾਂਪੁਰ ਪੁੱਜੀ ਦਾ ਪੁਲਿਸ ਵੱਲੋਂ ਅੱਗਿਓਂ ਬੱਸ ਰੋਕਣ ਉਪਰੰਤ ਉਹਨਾਂ ਨੂੰ ਥਾਣੇ ਲੈ ਗਏ, ਜਿੱਥੇ ਹੇਠਾਂ ਉਤਰਦਿਆਂ ਹੀ ਪੁਲਿਸ ਮੁਲਾਜ਼ਮਾਂ ਨੇ ਉਹਨਾਂ ਨੂੰ ਬੁਰੀ ਤਰ੍ਹਾਂ ਕੁੱਟਣਾ ਸ਼ੁਰੂ ਕਰ ਦਿੱਤਾ ਅਤੇ ਉਹ ਮੁਲਾਜ਼ਮ ਵੀ ਥਾਣੇ ਅੰਦਰ ਆ ਗਿਆ। ਮੁਲਾਜ਼ਮਾਂ ਨੇ ਜਿੱਥੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ ਉੱਥੇ ਹੀ ਗੰਦੀਆਂ ਗਾਲ੍ਹਾਂ ਕੱਢ ਕੇ ਜਲੀਲ ਵੀ ਕੀਤਾ । ਬੱਸ ਚਾਲਕ ਅਤੇ ਕੰਡਕਟਰ ਤੋਂ ਇਲਾਵਾ ਸਵਾਰੀਆਂ ਵੀ ਉਸ ਮੁਲਾਜ਼ਮ 'ਤੇ ਸ਼ਰਾਬ ਪੀਤੀ ਹੋਣ ਦੇ ਦੋਸ਼ ਲਗਾ ਰਹੀਆਂ ਸਨ ਅਤੇ ਪੁਲਿਸ ਖਿਲਾਫ ਜਿੰਦਾਬਾਦ ਮੁਰਦਾਬਾਦ ਦੇ ਨਾਅਰੇ ਲੱਗਣ ਲੱਗੇ। ਸਵਾਰੀਆਂ ਅਤੇ ਦੋਵੇਂ ਮੁਲਾਜ਼ਮ ਜਿੰਮੇਵਾਰ ਪੁਲਿਸ ਮੁਲਾਜ਼ਮ ਦਾ ਮੁਲਾਹਜਾ ਕਰਵਾਉਣ ਲਈ ਅੜੇ ਹੋਏ ਸਨ । ਜਦੋਂ ਮੌਕੇ 'ਤੇ ਥਾਣੇ 'ਚ ਮੌਜੂਦ ਐਸ.ਐਚ.ਓ. ਮਨਜਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਇਸ ਮਾਮਲੇ ਵਿੱਚ ਭਾਵੇਂ ਕੋਈ ਵੀ ਕਸੂਰਵਾਰ ਹੋਵੇ ਜਾਂਚ ਕਰਨ ਉਪਰੰਤ ਕਾਰਵਾਈ ਜਰੂਰ ਹੋਵੇਗੀ। ਉਹਨਾਂ ਦੱਸਿਆ ਕਿ ਮੁਲਾਜ਼ਮ ਗੁਰਦੇਵ ਸਿੰਘ ਕਿਸੇ ਦੂਜੇ ਜ਼ਿਲ੍ਹੇ ਨਾਲ ਸੰਬੰਧਿਤ ਹੈ। ਅਖੀਰ ਕਰੀਬ ਦੋ ਘੰਟੇ ਬਾਅਦ ਮੁਲਾਜ਼ਮ ਨੂੰ ਉਸ ਦੀ ਗਲਤੀ ਦਾ ਅਹਿਸਾਸ ਕਰਵਾ ਕੇ ਮਾਮਲਾ ਨਿਬੇੜ ਦਿੱਤਾ ਗਿਆ।

# ਤਿੰਨ ਵਾਰਡਾਂ 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ, ਗਿਆਸਪੁਰਾ ਨੇ ਰੱਖੇ ਨੀਂਹ ਪੱਥਰ



ਲੁਧਿਆਣਾ, 22 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਵਿਧਾਇਕ ਮਨਵਿੰਦਰ ਗਿਆਸਪੁਰਾ ਨੇ ਅੱਜ ਪਾਇਲ ਦੇ ਵੱਖ-ਵੱਖ ਵਾਰਡਾਂ ਵਿੱਚ ਕਰੀਬ 56.06 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖ ਕੇ ਕੰਮਾਂ ਦੀ ਸ਼ੁਰੂਆਤ ਕਰਵਾਈ। ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਾਇਲ ਦੇ ਵਾਰਡ ਨੰਬਰ 10 ਵਿੱਚ ਕਰੀਬ 27.33 ਲੱਖ ਰੁਪਏ ਦੀ ਲਾਗਤ ਨਾਲ ਮਨੋਹਰ ਕਰਿਆਨਾ ਸਟੋਰ ਪੰਜਪੀਰ ਵਾਲੀ ਗਲੀ 'ਤੇ ਇੰਟਰਲਾਕ ਟਾਈਲਾਂ ਲਗਾਉਣ, ਪਾਇਲ ਦੇ ਵਾਰਡ ਨੰਬਰ 2 ਵਿੱਚ ਕਰੀਬ 15.83 ਲੱਖ ਰੁਪਏ ਦੀ ਲਾਗਤ ਨਾਲ ਬਾਜੀਗਰ ਬਸਤੀ ਦੀ ਧਰਮਸ਼ਾਲਾ ਦੀ ਰੇਨੋਵੇਸ਼ਨ ਕਰਨ ਅਤੇ ਪਾਇਲ ਦੇ ਵਾਰਡ ਨੰਬਰ 9 ਵਿੱਚ ਕਰੀਬ 12.90 ਲੱਖ ਰੁਪਏ ਦੀ ਲਾਗਤ ਨਾਲ ਬਰੋਟਾ ਚੌਂਕ ਤੋਂ ਫਿਰਨੀ ਤੱਕ ਸੜਕ ਬਣਾਉਣ ਦੇ ਕੰਮਾਂ ਦੀ ਸ਼ੁਰੂਆਤ ਕਰਵਾਈ ਗਈ ਹੈ। ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪਾਇਲ ਦੇ ਲੋਕਾਂ ਨੂੰ ਬਿਹਤਰ ਸੜਕ ਸਹੂਲਤਾਂ ਅਤੇ ਸੁਧਰੇ ਹੋਏ ਬੁਨਿਆਦੀ ਢਾਂਚੇ ਮੁਹੱਈਆ ਕਰਵਾਉਣ ਵਿੱਚ ਮੱਦਦਗਾਰ ਸਾਬਤ ਹੋਣਗੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਅਤੇ ਗੁਣਵੱਤਾ ਮਾਪਦੰਡਾਂ ਅਨੁਸਾਰ ਪੂਰੇ ਕੀਤੇ ਜਾਣ।

ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਭਲਾਈ ਯੋਜਨਾਵਾਂ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰ ਰਹੀ ਹੈ ਅਤੇ ਹਲਕੇ ਦੇ ਹਰ ਪਿੰਡ ਤੇ ਸ਼ਹਿਰੀ ਵਾਰਡ ਵਿੱਚ ਵਿਕਾਸ ਦੀ ਰਫ਼ਤਾਰ ਤੇਜ਼ ਕੀਤੀ ਜਾ ਰਹੀ ਹੈ। ਇਸ ਮੌਕੇ ਨਗਰ ਕੌਂਸਲ ਪਾਇਲ ਦੇ ਐਮ.ਸੀ, ਪਿੰਡਾਂ ਦੇ ਸਰਪੰਚ ਤੇ ਪੰਚ, ਆਮ ਆਦਮੀ ਪਾਰਟੀ ਦੇ ਆਗੂ ਤੇ ਵਲੰਟੀਅਰ ਅਤੇ ਇਲਾਕਾ ਵਾਸੀ ਵੀ ਹਾਜ਼ਰ ਸਨ।

# ਏਡਜ਼ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਇਆ



ਲੁਧਿਆਣਾ, 22 ਮਾਰਚ (ਰਵਿੰਦਰ ਸਿੰਘ ਨਿੱਝਰ): ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਦੇ ਸਹਿਯੋਗ ਨਾਲ ਸਲੇਮ ਟਾਬਰੀ, ਲੁਧਿਆਣਾ ਵਿਖੇ ਡਾ. ਕੋਟਨੀਸ ਐਕਿਊਪੰਕਚਰ ਹਸਪਤਾਲ ਅਤੇ ਸਿੱਖਿਆ ਕੇਂਦਰ ਵੱਲੋਂ ਐਚ.ਆਈ.ਵੀ./ਏਡਜ਼ ਅਤੇ ਨਸ਼ਿਆਂ ਦੇ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਹਸਪਤਾਲ ਦੇ ਨਿਰਦੇਸ਼ਕ ਡਾ. ਇੰਦਰਜੀਤ ਸਿੰਘ ਢੀਂਗਰਾ ਨੇ ਕੀਤੀ। ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਡਾ. ਢੀਂਗਰਾ ਨੇ ਕਿਹਾ ਕਿ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਨਸ਼ਾ ਪੀੜਤਾਂ ਨੂੰ ਇੱਕੋ ਸਿਰਿੰਜ ਦੇ ਇਸਤੇਮਾਲ ਨਾਲ ਫੈਲਣ ਵਾਲੀ ਏਡਜ਼ ਵਰਗੀ ਗੰਭੀਰ ਬਿਮਾਰੀ ਤੋਂ ਬਚਾਉਣ ਲਈ ਨਿਰਧਾਰਤ ਕੇਂਦਰਾਂ 'ਤੇ ਸਿਰਿੰਜ ਉਪਲੱਬਧ ਕਰਵਾਈ ਜਾ ਰਹੀ ਹੈ ਤਾਂ ਜੋ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿੱਚ ਸੰਕਰਮਣ ਦਾ ਖਤਰਾ ਘੱਟ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦੇ ਇਸ ਤਰ੍ਹਾਂ ਦੇ ਪ੍ਰੋਜੈਕਟ ਕਈ ਵਾਰ ਲੰਮੇ ਸਮੇਂ ਤੱਕ ਨਹੀਂ ਚੱਲਦੇ, ਇਸ ਲਈ ਪੀੜਤਾਂ ਨੂੰ ਆਪਣੇ ਆਪ ਹੌਲੀ-ਹੌਲੀ ਨਸ਼ਾ ਮੁਕਤੀ ਵੱਲ ਵਧਣਾ ਚਾਹੀਦਾ ਹੈ। ਜਦੋਂ ਵੀ ਕੋਈ ਪੀੜਤ ਨਸ਼ਾ ਮੁਕਤੀ ਕੇਂਦਰ ਵਿੱਚ ਜਾਂਦਾ ਹੈ, ਤਾਂ ਉਸ ਨੂੰ ਉੱਥੇ ਤੈਨਾਤ ਕਾਊਂਸਲਰਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣ ਕੇ ਉਨ੍ਹਾਂ 'ਤੇ ਅਮਲ ਕਰਨਾ ਚਾਹੀਦਾ ਹੈ, ਜਿਸ ਨਾਲ ਉਹ ਨਸ਼ੇ ਦੀ ਦਲਦਲ ਤੋਂ ਬਾਹਰ ਨਿਕਲ ਸਕਦਾ ਹੈ। ਇਸ ਮੌਕੇ ਮਨੀਸ਼ਾ, ਇੰਚਾਰਜ ਓ.ਡੀ.ਆਈ.ਸੀ., ਨੇ ਕਿਹਾ ਕਿ ਭਟਕੇ ਹੋਏ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਮਾਪੇ, ਅਧਿਆਪਕ, ਪੁਲਿਸ ਪ੍ਰਸ਼ਾਸਨ, ਆਮ ਪ੍ਰਸ਼ਾਸਨ ਅਤੇ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸੰਸਥਾਵਾਂ ਨੂੰ ਮਿਲਜੁਲ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਇਸ ਮੌਕੇ ਡਾ. ਰਘੁਬੀਰ ਸਿੰਘ ਅਤੇ ਅਸ਼ਵਨੀ ਵਰਮਾ ਨੇ ਵੀ ਸੰਬੋਧਨ ਕੀਤਾ। ਪ੍ਰੋਗਰਾਮ ਦੌਰਾਨ ਐਚ.ਆਰ.ਜੀ. ਲਈ ਵੱਖ-ਵੱਖ ਕਿਸਮ ਦੇ ਖੇਡਾਂ ਦਾ ਆਯੋਜਨ ਕੀਤਾ ਗਿਆ ਅਤੇ ਨਸ਼ਾ ਮੁਕਤੀ ਵਿਸ਼ੇ 'ਤੇ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਸ. ਭਗਤ ਸਿੰਘ ਦੀ ਸ਼ਹਾਦਤ ਨੂੰ ਨਮਨ ਕਰਦਿਆਂ ਗਗਨ ਭਾਟੀਆ, ਸੀ.ਪੀ.ਐਲ.ਆਈ. ਕੋਆਰਡੀਨੇਟਰ ਵੱਲੋਂ ਸਾਰੇ ਹਾਜ਼ਰ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਕਸਮ ਦਿਵਾਈ ਗਈ। ਇਸ ਮੌਕੇ ਤਰਸੇਮ ਲਾਲ, ਪ੍ਰੀਤੀ, ਪ੍ਰਿਆਂਸ਼ੂ, ਪ੍ਰਵੇਸ਼, ਅਰੁਣ, ਸੁਰਜੀਤ ਕੌਰ, ਕਮਲਜੀਤ ਕੌਰ, ਅਮਨ, ਮੀਨੂ, ਸੁਸ਼ੀਲ ਸੂਦ, ਰਿਤੂ ਅਤੇ ਅਮਨਦੀਪ ਸਮੇਤ ਹੋਰ ਵੀ ਕਈ ਵਿਅਕਤੀ ਮੌਜੂਦ ਸਨ।


ਬੈਂਕ ਆਫ ਬੜੌਦਾ
Bank of Baroda

ਆਰਓਐਸਏਆਰਬੀ ਐਸਸੀਓ 62-63, ਤੀਜੀ ਮੰਜ਼ਿਲ,
ਬੈਂਕ ਸਕੁਏਅਰ, ਸੈਕਟਰ 17-ਬੀ, ਚੰਡੀਗੜ੍ਹ-160017

ਈ-ਨਿਲਾਮੀ ਵਿਕਰੀ ਸੂਚਨਾ

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ [ਅਚੱਲ ਲਈ ਨਿਯਮ 6(2) ਦੇ ਨਾਲ ਅੰਤਿਕਾ-II A]**

ਸੁਰੱਖਿਆ ਵਿਆਜ (ਲਾਗੂ ਕਰਨ) ਨਿਯਮਾਂਵਲੀ, 2002 ਦੇ ਨਿਯਮ 6 (2) 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂ ਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।

ਇਸ ਦੁਆਰਾ ਆਮ ਤੌਰ 'ਤੇ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰ(ਾਂ), ਗਿਰਵੀਕਾਰ(ਾਂ) ਅਤੇ ਜ਼ਾਮਨ (ਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੀ ਗਈ ਅਚੱਲ ਜਾਇਦਾਦ ਸੁਰੱਖਿਅਤ ਕਰਜ਼ਦਾਤਾ ਨੂੰ ਗਿਰਵੀ/ਚਾਰਜ ਕੀਤੀ ਗਈ ਹੈ, ਜਿਸਦਾ ਕਬਜ਼ਾ ਬੈਂਕ ਆਫ਼ ਬੜੌਦਾ ਦੇ ਅਧਿਕਾਰਤ ਅਧਿਕਾਰੀ, ਸੁਰੱਖਿਅਤ ਕਰਜ਼ਦਾਤਾ ਦੁਆਰਾ ਲਿਆ ਗਿਆ ਹੈ, ਹੇਠਾਂ ਦੱਸੇ ਗਏ ਖਾਤਿਆਂ/ਖਾਤਿਆਂ ਵਿੱਚ ਬਕਾਏ ਦੀ ਵਸੂਲੀ ਲਈ ''ਜਿਵੇਂ ਹੈ ਜਿੱਥੇ ਹੈ'', ''ਜਿਵੇਂ ਹੈ ਜੋ ਹੈ'' ਅਤੇ ''ਜਿਵੇਂ ਹੈ ਉੱਥੇ ਹੈ'' ਦੇ ਆਧਾਰ 'ਤੇ ਵੇਚੀ ਜਾਵੇਗੀ। ਕਰਜ਼ਦਾਰ(ਾਂ), ਗਿਰਵੀਕਾਰ(ਾਂ) ਅਤੇ ਜ਼ਾਮਨ (ਾਂ)/ਸੁਰੱਖਿਅਤ ਸੰਪਤੀ(ਆਂ)/ਬਕਾਇਆ/ਰਾਖਵੀਂ ਕੀਮਤ/ਈ-ਨਿਲਾਮੀ ਦੀ ਮਿਤੀ ਅਤੇ ਸਮਾਂ, ਈਐਮਡੀ ਅਤੇ ਬੋਲੀ ਵਾਧੇ ਦੀ ਰਕਮ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਲ. ਨੰ. | ਕਰਜ਼ਦਾਰ (ਾਂ), ਜ਼ਾਮਨ (ਾਂ) ਅਤੇ ਗਿਰਵੀਕਾਰ(ਾਂ) ਦਾ ਨਾਮ ਅਤੇ ਪਤਾ | ਗੈਰ ਜਾਣੂੰ ਦੇਣਦਾਰੀਆਂ, ਜੇਕਰ ਕੋਈ ਹਨ, ਸਮੇਤ ਅਚੱਲ ਸੰਪੱਤੀ ਦੇ ਵਿਸਥਾਰਤ ਵੇਰਵੇ | ਕੁੱਲ ਬਕਾਇਆ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ | ਸ਼ਾਖਾ ਪ੍ਰਬੰਧਕ ਅਤੇ ਅਧਿਕਾਰਤ ਅਧਿਕਾਰੀ | ਕਬਜ਼ੇ ਦੀ ਕਿਸਮ |
|---|---|---|---|---|---|---|
| (1) | (1) ਕਰਜ਼ਦਾਰ:- ਮੈਸ.ਸਹਾਰਾ ਪੋਲਟਰੀ ਫਾਰਮ, ਪਿੰਡ ਭਰੇਲੀ, ਡਾਕਖਾਨਾ ਬਰਵਾਲਾ, ਜ਼ਿਲ੍ਹਾ ਪੰਚਕੂਲਾ, ਹਰਿਆਣਾ 134118। ਭਾਈਵਾਲ ਅਤੇ ਜ਼ਾਮਨ:- (1) ਸ਼੍ਰੀ ਅਰੁਣ ਕੁਮਾਰ ਅਗਰਵਾਲ ਪੁੱਤਰ ਸ਼੍ਰੀ ਗਿਰਧਾਰੀ ਲਾਲ, ਪਤਾ-1:- ਵਾਸੀ ਮਕਾਨ ਨੰਬਰ 1517 ਐਸਪੀ, ਸੈਕਟਰ 21, ਪੰਚਕੂਲਾ, ਹਰਿਆਣਾ -134109, ਪਤਾ-2:- ਮਕਾਨ ਨੰਬਰ 1174-1175, ਮੋਰੀ ਗੇਟ, ਮਨੀਮਾਜਰਾ, ਚੰਡੀਗੜ੍ਹ - 160101 (2) ਸ਼੍ਰੀਮਤੀ ਰੀਤਾ ਗਰਗ ਪਤਨੀ ਸ਼੍ਰੀ ਅਰੁਣ ਕੁਮਾਰ ਅਗਰਵਾਲ, ਵਾਸੀ ਮਕਾਨ ਨੰਬਰ 1517 ਐਸਪੀ, ਸੈਕਟਰ 21, ਪੰਚਕੂਲਾ, ਹਰਿਆਣਾ 134109 (3) ਯੋਗੇਸ਼ ਕੁਮਾਰ ਗਰਗ ਪੁੱਤਰ ਸ਼੍ਰੀ ਅਰੁਣ ਕੁਮਾਰ ਅਗਰਵਾਲ, ਪਤਾ-1:- ਵਾਸੀ ਮਕਾਨ ਨੰਬਰ 1517 ਐਸਪੀ, ਸੈਕਟਰ 21, ਪੰਚਕੂਲਾ, ਹਰਿਆਣਾ-134109, ਪਤਾ-2:- ਫਲੈਟ ਨੰਬਰ 128ਏ, ਮੋਤੀਆ ਬਲੂ ਰਿਜ 2, ਪੀਰਮੁਸ਼ਾਲਾ, ਜ਼ਿਲ੍ਹਾ ਐਸ.ਏ.ਐਸ. ਨਗਰ (ਮੁਹਾਲੀ)-140603 (4) ਸ੍ਰੀ ਕੁਨਾਲ ਗੋਇਲ ਪੁੱਤਰ ਸ੍ਰੀ ਸੰਜੀਵ ਗੋਇਲ, ਮਕਾਨ ਨੰ. 378, ਸੈਕਟਰ 30-ਏ, ਚੰਡੀਗੜ੍ਹ-160030 (5) ਸ੍ਰੀ ਪੀਯੂਸ਼ ਗੋਇਲ ਪੁੱਤਰ ਸ੍ਰੀ ਵਿਜੇ ਕੁਮਾਰ ਗੋਇਲ, ਵਾਸੀ ਮਕਾਨ ਨੰ: 3701, ਚੰਡੀਗੜ੍ਹ-160030 | ਰਿਹਾਇਸ਼ੀ ਪਲਾਟ (2 ਹਿੱਸਿਆਂ ਵਿੱਚ) ਗਲੀ ਨੰਬਰ 3, ਗੁਰੂ ਗੋਬਿੰਦ ਵਿਖੇ ਸਥਿਤ ਸਿੰਘ ਨਗਰ, ਨਿਊ ਕੋਰਟ ਰੋਡ, ਮਾਨਸਾ, ਜ਼ਿਲ੍ਹਾ ਮਾਨਸਾ, ਪੰਜਾਬ ਕੁੱਲ 3 ਕਨਾਲ 15.5 ਮਰਲੇ ਦਾ ਮਾਪ ਅਤੇ ਸਮਝੌਤਾ ਕੀਤਾ ਗਿਆ ਭਾਵ 1. 3 ਕਨਾਲ 4.66 ਮਰਲੇ ਮੁਸਤਿਲ ਕਿਲ੍ਹਾ ਨੰਬਰ 112//16 ਮਿਨ (3-4.66) ਖੇਵਟ ਅਤੇ ਖਾਤਾ ਨੰਬਰ 751/2071, 2. 10.84 ਮਰਲੇ ਕਿਲ੍ਹਾ ਨੰਬਰ 112//26 ਮਿਨ (0-3.66) 15 ਮਿਨ (0-7.18) ਖੇਵਟ ਅਤੇ ਖਾਤਾ ਨੰਬਰ 751/2068 ਅਤੇ 2070। ਮਾਨਸਾ ਕਲਾਂ ਦੀ ਸਾਲ 2008-09 ਲਈ ਜਮ੍ਹਾਂਬੰਦੀ ਦੇ ਅਨੁਸਾਰ ਅਤੇ ਸ਼੍ਰੀ ਯੋਗੇਸ਼ ਕੁਮਾਰ ਗਰਗ ਦੇ ਨਾਮ 'ਤੇ ਵਿਕਰੀ ਡੀਡ ਨੰਬਰ 5604 ਮਿਤੀ 26.11.2010 ਅਨੁਸਾਰ ਰਜਿਸਟਰਡ ਸਬ-ਰਜਿਸਟਰਾਰ ਮਾਨਸਾ ਦਾ ਦਫ਼ਤਰ (ਇੰਤਕਾਲ ਨੰ. 40883) ਅਤੇ ਹੇਠ ਲਿਖੇ ਅਨੁਸਾਰ ਘੇਰਿਆ ਗਿਆ ਹੈ - ਭਾਗ 1:- ਉੱਤਰ ਵੱਲ: ਸੜਕ ਦੀ ਚੌੜਾਈ 3 ਕਰਮ ਪਾਸੇ 31 ਫੁੱਟ 4 ਇੰਚ; ਦੱਖਣ ਵੱਲ: ਪਲਾਟ ਵਾਲੇ ਪਾਸੇ 31 ਫੁੱਟ 4 ਇੰਚ; ਪੂਰਬ ਵੱਲ: ਅਨੀਸ਼ ਮੁਨੀਸ਼ ਵਾਲੇ ਪਾਸੇ 102 ਫੁੱਟ; ਪੱਛਮ ਵੱਲ: ਸਤੀਸ਼ ਕੁਮਾਰ ਆਦਿ ਵਾਲੇ ਪਾਸੇ 102 ਫੁੱਟ। ਭਾਗ 2:- ਉੱਤਰ ਵੱਲ: ਪਾਸੇ 89 ਫੁੱਟ 7 ਇੰਚ; ਦੱਖਣ ਵੱਲ: ਅਣਜਾਣ ਪਾਸੇ 89 ਫੁੱਟ 7 ਇੰਚ; ਪੂਰਬ ਵੱਲ: ਹਰਪ੍ਰਸ਼ਾਦ ਮਿੱਤਲ ਵਾਲੇ ਪਾਸੇ 192 ਫੁੱਟ; ਪੱਛਮ ਵੱਲ: ਸ਼ਸ਼ੀ ਬਾਲਾ ਆਦਿ। ਸਾਈਡ 192 ਫੁੱਟ (ਨਵੀਨਤਮ ਖੇਵਟ ਅਤੇ ਖੱਟਾ ਨੰ. 886/2221 ਅਤੇ 2223 ਅਤੇ 2224 ਸਾਲ 2017-18 ਲਈ ਜਮ੍ਹਾਂਬੰਦੀ ਅਨੁਸਾਰ)-Baanknet ਪ੍ਰਾਪਰਟੀ ਆਈਡੀ-BARB6045202500010 | Rs. 7,02,86,696.71 21.05.2022 ਅਨੁਸਾਰ ਜਮ੍ਹਾਂ ਅਣਅਧਿਕਾਰਤ ਵਿਆਜ ਅਤੇ ਹੋਰ ਖਰਚਿਆਂ ਸਮੇਤ (ਘੱਟ ਵਸੂਲੀ ਜੇਕਰ ਕੋਈ ਹੈ।) | Rs. 80,90,000/- / Rs. 8,09,000/- / Rs. 25,000/- | 05.04.2026 11 ਵਜੇ ਤੋਂ ਦੁਪਹਿਰ 03:00 ਵਜੇ ਤੱਕ (ਕੇਵਲ ਅਗਾਊਂ ਪ੍ਰਵਾਨਗੀ ਨਾਲ) | ਭੌਤਿਕ ਕਬਜ਼ਾ |
| (2) | ਕਰਜ਼ਦਾਰ:- (1) ਮੈਸ. ਅਨੀਤਾ ਸਟੀਲਜ਼ ਕਾਰਪੋਰੇਸ਼ਨ, ਪ੍ਰੋ. ਗੌਰਵ ਕੁਮਾਰ ਗੋਇਲ, ਦੁਕਾਨ ਨੰ. 211, ਸੈਕਟਰ 20-ਏ, ਕ੍ਰਿਸ਼ਨਾ ਮਾਰਕੀਟ, ਮੋਤੀਆ ਖਾਨ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ 147301 (2) ਸ਼੍ਰੀ ਗੌਰਵ ਕੁਮਾਰ ਗੋਇਲ ਪੁੱਤਰ ਪਵਨ ਕੁਮਾਰ ਗੋਇਲ, ਵਾਸੀ ਮਕਾਨ ਨੰ: 163, ਸੈਕਟਰ 20-ਡੀ, ਸੁਭਾਸ਼ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ 147301. ਜ਼ਾਮਨ:- (1) ਗੌਰਵ ਕੁਮਾਰ ਗੋਇਲ ਪੁੱਤਰ ਪਵਨ ਕੁਮਾਰ ਗੋਇਲ ਮਕਾਨ ਨੰ. 163, ਸੈਕਟਰ 20-ਡੀ, ਸੁਭਾਸ਼ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ - 147301, (2) ਸ਼੍ਰੀ ਰਵੀ ਗੋਇਲ ਪੁੱਤਰ ਪਵਨ ਕੁਮਾਰ ਗੋਇਲ, ਮਕਾਨ ਨੰ. 163, ਸੈਕਟਰ 20-ਡੀ, ਸੁਭਾਸ਼ ਨਗਰ, ਮੰਡੀ ਗੋਬਿੰਦਗੜ੍ਹ, ਜਿਲਾ ਫਤਿਹਗੜ੍ਹ ਸਾਹਿਬ, ਪੰਜਾਬ-147301, (3) ਸ਼੍ਰੀਮਤੀ ਪੁਸ਼ਪਾ ਰਾਣੀ ਪਤਨੀ ਪਵਨ ਕੁਮਾਰ ਗੋਇਲ, ਮਕਾਨ ਨੰ. 163, ਸੈਕਟਰ 20-ਡੀ, ਸੁਭਾਸ਼ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-147301, ਸ਼੍ਰੀਮਤੀ ਪੁਸ਼ਪਾ ਰਾਣੀ (ਹੁਣ ਮ੍ਰਿਤਕ) ਪਤਨੀ ਪਵਨ ਕੁਮਾਰ ਗੋਇਲ ਦੇ ਕਾਨੂੰਨੀ ਵਾਰਸ (1) ਸੰਗੀਤਾ ਬਾਂਸਲ ਪਤਨੀ ਤਰਲੋਕ ਬਾਂਸਲ, ਪਤਾ-1: ਬਸੰਤ ਵਿਹਾਰ ਦੇ ਸੱਜੇ ਪਾਸੇ, ਕਿਰਪਾਲ ਆਸ਼ਰਮ ਦੇ ਸਾਹਮਣੇ, ਵਿਕਾਸ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-147301, ਪਤਾ-2: ਮਕਾਨ ਨੰਬਰ 45, ਸੈਕਟਰ 1-ਬੀ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-147301, (2) ਸ਼੍ਰੀ ਗੌਰਵ ਕੁਮਾਰ ਗੋਇਲ ਪੁੱਤਰ ਪਵਨ ਕੁਮਾਰ ਗੋਇਲ, ਮਕਾਨ ਨੰਬਰ 163, ਸੈਕਟਰ 20-ਡੀ, ਸੁਭਾਸ਼ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-147301। (3) ਸ਼੍ਰੀ ਰਵੀ ਗੋਇਲ ਪੁੱਤਰ ਪਵਨ ਕੁਮਾਰ ਗੋਇਲ, ਮਕਾਨ ਨੰਬਰ 163, ਸੈਕਟਰ 20-ਡੀ, ਸੁਭਾਸ਼ ਨਗਰ, ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-147301 | ਦੁਕਾਨ ਨੰਬਰ 211, ਕ੍ਰਿਸ਼ਨਾ ਮਾਰਕੀਟ, ਮੋਤੀਆ ਖਾਂ, ਮੰਡੀ ਗੋਬਿੰਦਗੜ੍ਹ, ਜਿਲਾ ਫਤਹਿਗੜ੍ਹ ਸਾਹਿਬ, ਪੰਜਾਬ, ਸ਼੍ਰੀ ਗੌਰਵ ਕੁਮਾਰ ਗੋਇਲ ਦੇ ਨਾਮ 'ਤੇ ਸਥਿਤ ਵਪਾਰਕ ਜਾਇਦਾਦ ਦਾ ਬਰਾਬਰ ਗਿਰਵੀਨਾਮਾ, 0 ਬੀਘਾ 0 ਬਿਸਵਾ 5 ਅਤੇ 1/2 ਬਿਸਵਾਸੀ ਦੇ 1/2 ਬਿਸਵਾ ਹਿੱਸੇ 1/249 ਆਈ.ਈ.ਈ. ਖੇਵਟ ਨੰ: 977/1461, ਖਸਰਾ ਨੰ: 2111/436(0-9-12) ਕਿੱਟਾ 1, ਕੁੱਕੜ ਮਾਜਰਾ, ਹਦਬਸਤ ਨੰ: 64, ਸਬ-ਤਹਿਸੀਲ ਮੰਡੀ ਗੋਬਿੰਦਗੜ੍ਹ, ਜਿਲ੍ਹਾ ਫਫੜੇ ਪੰਜਾਬ ਲਈ ਤਹਿਸੀਲ ਅਮਲੋਹ, ਜ਼ਿਲ੍ਹਾ ਅਮਲੋਹ ਦੇ ਅਨੁਸਾਰ ਸਥਿਤ ਬਿਸਵਾਸੀ। 2001-02 ਦੀ, ਵਿਕਰੀ ਡੀਡ ਨੰਬਰ 2371 ਮਿਤੀ 16.02.2005 (ਇਤਕਾਲ ਨੰਬਰ 11625) ਦੇ ਅਨੁਸਾਰ ਅਤੇ ਸੀਮਾਬੱਧ ਹੇਠਾਂ:- ਉੱਤਰ ਵੱਲ: ਬਿਲਡ ਅੱਪ (10'-6'); ਦੱਖਣ ਵੱਲ: ਸੜਕ 15' ਚੌੜੀ (10'-6'); ਪੂਰਬ ਵੱਲ: ਰਾਕੇਸ਼ ਦੀ ਦੁਕਾਨ (12'-0'); ਪੱਛਮ ਵੱਲ: ਰਤੀਆ ਸਟੀਲ ਦੀ ਦੁਕਾਨ (12'-0'), (ਸਾਲ 2016-17 ਦੀ ਮੌਜੂਦਾ ਜਮਾਂਬੰਦੀ ਅਨੁਸਾਰ ਜਾਇਦਾਦ ਮਾਪ 5 ਅਤੇ 1 1/2 ਬਿਸਵਾਸੀ ਭਾਵ 9 ਬਿਸਵਾ 12 ਬਿਸਵਾਸੀ ਵਿੱਚੋਂ 11/384 ਹਿੱਸਾ ਜਿਸ ਵਿੱਚ ਖਾਤਾ ਨੰਬਰ 996/1487, ਖਸਰਾ ਨੰਬਰ 2111/4310, ਕਿੱਟਾ ਨੰ. ਕੁੱਕੜ ਮਾਜਰਾ, ਹਬਤ ਨੰਬਰ 64, ਸਬ-ਤਹਿਸੀਲ ਮੰਡੀ ਗੋਬਿੰਦਗੜ੍ਹ, ਤਹਿਸੀਲ ਅਮਲੋਹ, ਜ਼ਿਲ੍ਹਾ ਫਤਹਿਗੜ੍ਹ ਸਾਹਿਬ, ਪੰਜਾਬ ਦੀ ਮਾਲ ਅਸਟੇਟ ਸ਼੍ਰੀ ਗੌਰਵ ਕੁਮਾਰ ਗੋਇਲ ਪੁੱਤਰ ਪਵਨ ਕੁਮਾਰ ਗੋਇਲ ਦੇ ਨਾਮ 'ਤੇ ਹੈ) -Baanknet ਪ੍ਰਾਪਰਟੀ ਆਈਡੀ-BARB604501942 | Rs. 3,08,05,882.72 ਜਮ੍ਹਾਂ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚਿਆਂ ਸਮੇਤ 10.09.2023 ਤੋਂ ਭਾਵੀ (ਘੱਟ ਵਸੂਲੀ ਜੇਕਰ ਕੋਈ ਹੈ।) | Rs. 11,63,000/- / Rs. 1,16,300/- / Rs. 10,000/- | 05.04.2026 11 ਵਜੇ ਤੋਂ ਦੁਪਹਿਰ 03:00 ਵਜੇ ਤੱਕ (ਕੇਵਲ ਅਗਾਊਂ ਪ੍ਰਵਾਨਗੀ ਨਾਲ) | ਭੌਤਿਕ ਕਬਜ਼ਾ |

ਸੰਪਰਕ ਵਿਅਕਤੀ ਦਾ ਨਾਮ ਅਤੇ ਸੰਪਰਕ ਨੰਬਰ: ਸ਼੍ਰੀ ਹਿਤੇਸ਼ ਸਹਿਗਲ, ਮੁੱਖ ਪ੍ਰਬੰਧਕ, ਐਮ: 8558846401
ਈਐਮਡੀ ਜਮ੍ਹਾਂ ਕਰਨ ਦੀ ਆਖਰੀ ਮਿਤੀ: ਈ-ਨਿਲਾਮੀ ਨੂੰ ਜਾਂ ਉਸ ਤੋਂ ਪਹਿਲਾਂ ਮਿਤੀ ਅਤੇ ਸਮਾਂ
ਈ-ਨਿਲਾਮੀ ਸ਼ੁਰੂ ਹੋਣ ਦੀ ਮਿਤੀ ਅਤੇ ਸਮਾਂ: 22.04.2026 ਸਵੇਰੇ 11:00 ਵਜੇ ਤੋਂ 03:00 ਵਜੇ ਤੱਕ
ਈਐਮਡੀ ਦੇ ਭੁਗਤਾਨ ਦਾ ਤਰੀਕਾ: ਐਨਈਐਫਟੀ/ਈ-ਪੇਮੈਂਟ ਗੇਟਵੇ।

ਵਿਕਰੀ ਦੇ ਵੇਰਵੇ ਸਹਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਵੈੱਬਸਾਈਟ ਲਿੰਕ **https://www.bankofbaroda.bank.in/e-auction.htm** ਅਤੇ ਔਨਲਾਈਨ ਨਿਲਾਮੀ ਪੋਰਟਲ **https://Baanknet.com** ਵੇਖੋ/ਵੇਖੋ।

ਇਸਨੂੰ ਸਰਫੇਸੀ ਐਕਟ 2002 ਦੇ ਤਹਿਤ 15 ਦਿਨਾਂ ਦੀ ਵਿਕਰੀ ਨੋਟਿਸ ਵਜੋਂ ਸਮਝਿਆ ਜਾਵੇ।

ਮਿਤੀ: 23-03-2026
ਸਥਾਨ: ਚੰਡੀਗੜ੍ਹ
ਅਧਿਕਾਰਤ ਅਧਿਕਾਰੀ (ਬੈਂਕ ਆਫ਼ ਬੜੌਦਾ)

# ਸਿਰਲੇਖਵਾਰ ਇਸ਼ਤਿਹਾਰ /Classified Advertisement

**(U/o 5 Rule 20 CPC)**
**In the Court of Ms. Harmandeep Kaur**
**Civil Judge Junior Division-3, Ferozepur**
CNR No.PBFZ02-002791-2025
Next Date : 15.04.2026
Varjinder Singh
Versus
Jatinder pal Singh
Notice To: Jatinder Pal Singh :- Surjit Singh C/O Shop No 03, Situated At Street No 11, Sethi Road, Ferozepur Cantt Teh And Distt Ferozepur
In above titled case the defendant(s)/respondent(s) could not be served. It is orderded that defendant(s)/respondent(s)should appear in person or through counsel on **15**.04.2026 at 10:00 A.M.
for details logon to https//. highcourtchd. gov. in/?mod=district_ notice& district=mogacourt
Dated this day of 11-02-2026
**Sd/- Civil Judge Junior Division-3, Ferozepur**

---

**(U/o 5 Rule 20 CPC)**
**In the Court of Sh. Arun Gupta Additional Civil Judge (Senior Division), Jalalabad**
CNR No.PBFZB0-000186-2024
Next Date : 15.04.2026
Punjab and Sind bank
Versus
Balwinder Singh
Notice to: B) Krishna Bai D/O Balwinder Singh C)Shimla Rani D/O Balwinder Singh Both R/O Vill No- Behram Sher Singh Wala, Tehsil Guruharsahai Dist Ferozepur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **15.**04.2026 at 10:00 A.M.
For details logon to https:// highcourtchd.gov.in/?mod=district_ notice&district=fazilkacourt
Dated this day of 12-03-2026
**Sd/- Additional Civil Judge (Senior Division), Jalalabad**

---

**(U/o 5 Rule 20 CPC)**
**In the Court of Sh. Hardip Singh Additional District and Sessions Judge-1, Mohali**
CNR No.PBSA01-004719-2025
Next Date: 15.04.2026
Marni Devi and Ors
Versus
Satnam Singh
MACT Case
Notice to: Suraj Singh S/O Pratap Singh R/O H.No. 1603, New Lic Colony, Mundi Kharar, Sas Nagar 140301 M.No. 9878407690\
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **15.**04.2026 at 10:00 A.M.
For details logon to https:// highcourtchd.gov.in/?mod=district_ notice&district=mohali
Dated this day of 18-03-2026
**Sd/- Additional District and Sessions Judge-1, Mohali**

---

**In the Court of Ms. Jyoti Kumari Judicial Magistrate - Ist Class, Ludhiana**
CNR No.PBLD03-000224-2024
Next Date : 15.04.2026
M/s SK Finance Ltd
Versus
Navjot Kumar
Notice to: Navjot Kumar :- S/O Surinder Kumar R/O H.No. 2684, Street No.5-6 Anand Nagari, Collage Road Ahuja Complex, Near Bhushan Kariana Store, Fazilka-152116
In above titled case the accused could not be served. It is orderded that accused should appear in person or through counsel on **15.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 17-03-2026
**Sd/- Judicial Magistrate - Ist Class, Ludhiana**

---

**(U/o 5 Rule 20 CPC)**
**In the Court of Sh. Palwinder Singh**
**Additional Civil Judge (Senior Division), Ajnala**
CNR No.PBASA0-000475-2025
Next Date : 15.04.2026
Union Bank of India
Versus
Charanjit Singh
Notice to: 1. Charanjit Singh S/O Kashmir Singh R/O Village Gaggomahal Tehsil Ajnala Distt Amritsar 2.Pritpal Singh S/O Sawinder Singh R/O Village Harar Khurd Ajnala Distt Amritsar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **15.**04.2026 at 10:00 A.M.
For details logon to https:// highcourtchd.gov.in/?trs=district_ notice&district=Amritsar
Dated this day of 19-03-2026
**Sd/- Additional Civil Judge (Senior Division), Ajnala**

---

**(U/o 5 Rule 20 CPC)**
**In the Court of Sh. Taranjeet Singh**
**Additional Civil Judge (Senior Division),**
CNR No.PBSMA0-000619-2025
Next Date : 12.04.2026
Ravneet Singh
Versus
General Public
Notice to: General Public :- General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **12.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 11-03-2026
**Sd/- Additional Civil Judge (Senior Division),**

---

**(U/o 5 Rule 20 CPC)**
**In the Court of Sh. Deepal Singh Civil Judge Junior Division-1, Zira**
CNR No.PBFZA0-000729-2025
Next Date : 10.04.2026
Satnam Singh and ors
Versus
Karam Singh etc.
Notice to:3. General Public Daughter:- NA
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **10.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 03-01-2026
**Sd/- Civil Judge Junior Division-1, Zira**

---

**(U/o 5 Rule 20 CPC)**
**In the Court of Dr. Gurpreet Kaur Additional District and Sessions Judge, Ludhiana**
CNR No.PBLD01-001319-2024
Next Date : 10.04.2026
CA/79/2024
Hardeep Singh
Versus
Bara Singh @ Dalbara Singh
Notice to: R2 Daljit Kaur W/O Sukhchain Singh S/O Avtar Singh R/O Village Chhapar, District Ludhiana. R3 Kulbir Kaur W/O Sukhraj Singh R/O Village Chhapar, District Ludhiana.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **10.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 29-01-2026
**Sd/- Additional District and Sessions Judge, Ludhiana**

---

**(U/o 5 Rule 20 CPC)**
**In the Court of Sh. Gursher Singh Additional Civil Judge (Senior Division), Pathankot**
CNR No.PBPO02-000498-2025
Next Date : 10.04.2026
Narinder Kumar
Versus
Parveen Kumar
Notice To: Parveen Kumar Father::S/ O Swaran Singh. Resident Of Village Sanour Tehsil Indora And District Kangra Hp
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **10.**04.2026 at 10:00 A.M.
for details logon to https//. highcourtchd. gov. in/?mod=district_ notice& district=Pathankot
Dated this day of 02-02-2026
**Sd/- Additional Civil Judge (Senior Division), Pathankot**

---

**In the Court of Sh. Ashish Thathai Additional Chief Judicial Magistrate Rupnagar**
CNR No.PBRO03-000243-2023
Next Date : 28.04.2026
Shri Ram Finance Ltd
Versus
Ranjit Singh
Notice to: Ranjit Singh Father: Joginder Singh Village Rakkran Bet, Tehsil Balachaur, District S.B.S.Nagar Nawanshahr M-8427063678
In above titled case the accused could not be served. It is orderded that accused should appear in person or through counsel on **28.**04.2026 at 10:00 A.M.
For details logon to https:// highcourtchd.gov.in/?mod=district_ notice&district=Rupnagar
Dated this day of 06-03-2026
**Sd/- Additional Chief Judicial Magistrate Rupnagar**

---

**(U/o 5 Rule 20 CPC)**
**In the Court of Ms. Rajandeep Kaur Billing**
**Civil Judge (Junior Division), Sangrur**
CNR No.PBSG02-000573-2023
Next Date: 02.04.2026
IDBI Bank
Versus
Palwinder Singh and Another
Notice to: 1 Paramjit Kaur Daughter Of Swarn Singh 2. Sarabjit Kaur Daughter Of Swarn Singh 3. Ramanjit Kaur Daghter Of Swarn Singh Resident Of Kular Khurd Tehsil And Distt Sangrur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **02.**04.2026 at 10:00 A.M.
For details logon to https:// highcourtchd.gov.in/?mod=district_ notice&district=Sangrur
Dated this day of 09-02-2026
**Sd/- Civil Judge (Junior Division), Sangrur**

---

**(U/o 5 Rule 20 CPC)**
**(Succession Case)**
**In the Court of Ms. Neha Goel Civil Judge (Senior Division), Ferozepur**
CNR No.PBFZ02-003561-2025
Next Date : 09.04.2026
Vijay
Versus
General Public
Application Under Section 372 Of The Indian Succession Act, 1925
Notice to: Respondent No.1. General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **09.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 09-03-2026
**Sd/- Civil Judge (Senior Division), Ferozepur**

---

**(U/o 5 Rule 20 CPC)**
**In the Court of Sh. Harbans Singh Lekhi**
**Principal Judge, Family Court, Hoshiarpur**
CNR No.PBHO01-004442-2025
Next Date : 10.04.2026
Daljit Singh R/O Village Mirzapur, Po Hussainpur Lalowal, Tehsil And Distt. Hoshiarpur
Versus
Nisha Kumari R/O Village Ugrupur, Tehsil Sultanpur Lodhi, Distt. Kapurthala.
Notice to: Nisha Kumari Spouse::- Daljit Singh R/O Village Ugrupur, Tehsil Sultanpur Lodhi, Distt. Kapurthala.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **10.**04.2026 at 10:00 A.M.
For details logon to https:// highcourtchd.gov.in/?trs=district_ notice&district=Hoshiarpur
Dated this day of 27-02-2026
**Sd/- Principal Judge, Family Court, Hoshiarpur**

---

**(U/o 5 Rule 20 CPC)**
**In the Court of Sh. Manjinder Singh**
**Civil Judge (Junior Division), Talwandi Sabo**
CNR No.PBBTA0-001351-2023
Next Date :15.04.2026
Gurmail Singh
Versus
Gurtej Siingh etc.
Notice To: 2. Sandeep Singh S/O Gurdarshan Singh S/O Gurdial Singh 5. Guddi D/O Karnail Singh S/O Bharpur Singh 6. Mander Singh S/O Karnail Singh S/O Bharpur Singh 13. Jagsir Singh S/O Maghar Singh S/O Sarwan Singh 20. Sukhmandar Singh S/O Karamjit Singh S/O Gurdial Singh 22. Jatinder Singh S/O Mander Singh S/O Kalnail Singh 23. Jagtar Singh S/ O Bant Singh S/O Karnail Singh 29. Sukhpreet Kaur D/O Harmail Kaur Do Hari Singh All Resident Of Village Raikhana, Tehsil Maur, Distt. Bathinda
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **15.**04.2026 at 10:00 A.M.
for details logon to https//. highcourtchd. gov. in/?mod=district_ notice& district=Bathinda
Dated this day of 23-02-2026
**Sd/- Civil Judge (Junior Division), Bathinda**

---



23 ਮਾਰਚ ਦੇ ਸ਼ਹੀਦੀ ਦਿਵਸ 'ਤੇ ਮੈਂ ਆਜ਼ਾਦੀ ਦੇ ਪ੍ਰਵਾਨਿਆਂ ਨੂੰ ਸ਼ਰਧਾ ਦੇ ਫੁੱਲ ਅਰਪਿਤ ਕਰਦਾ ਹੋਇਆ ਸਮੂਹ ਦੇਸ਼ ਵਾਸੀਆਂ ਨੂੰ ਅਪੀਲ ਕਰਦਾ ਹਾਂ ਕਿ ਅਸੀਂ ਇਸ ਮੌਕੇ ਕਸਮ ਖਾਈਏ ਕਿ ਜੋ ਸੁਪਨੇ ਲੈ ਕੇ ਸ਼ਹੀਦਾਂ ਨੇ ਕੁਰਬਾਨੀਆਂ ਕੀਤੀਆਂ, ਉਨ੍ਹਾਂ ਨੂੰ ਸਾਕਾਰ ਕਰਨ ਦਾ ਯਤਨ ਕਰੀਏ। ਇਸ ਮੌਕੇ ਮੈਂ ਮਦਨ ਲਾਲ ਤਿਵਾੜੀ ਵੈਟਰਨ ਪੱਤਰਕਾਰ ਨੂੰ ਮੁਬਾਰਕਬਾਦ ਦਿੰਦਾ ਹਾਂ ਅਤੇ ਉਨ੍ਹਾਂ ਦੇ ਇਸ ਉਦਮ ਨੂੰ ਸਲਾਮ ਕਰਦਾ ਹਾਂ।

**ਡਾ. ਅਵਤਾਰ ਸਿੰਘ**
**ਅਰਥੋ ਦੇ ਮਾਹਿਰ**
**ਅੰਮ੍ਰਿਤਸਰ ਅਤੇ ਫਿਰੋਜ਼ਪੁਰ**

## ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪ੍ਰਮੁੱਖ ਜ਼ਿਲ੍ਹਿਆਂ ਤੋਂ ਓ.ਟੀ.ਐਸ. ਸਕੀਮ ਤਹਿਤ 111.16 ਕਰੋੜ ਦੀ ਪ੍ਰਾਪਤੀ ਨਾਲ ਮਾਨ ਸਰਕਾਰ 'ਚ ਕਾਰੋਬਾਰੀਆਂ ਦਾ ਭਰੋਸਾ ਪ੍ਰਤੱਖ

ਚੰਡੀਗੜ੍ਹ, 22 ਮਾਰਚ (ਅੰਮ੍ਰਿਤਪਾਲ ਸਿੰਘ) ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਕਿਹਾ ਕਿ ਵੈਟ ਬਕਾਏ ਲਈ ਯਕਮੁਸ਼ਤ ਨਿਪਟਾਰਾ (ਓ.ਟੀ.ਐਸ.)



ਸਕੀਮ ਨੂੰ ਭਾਰੀ ਹੁੰਗਾਰਾ ਮਿਲਿਆ ਹੈ, ਜਿਸ ਤਹਿਤ ਲਗਭਗ 298.39 ਕਰੋੜ ਰੁਪਏ ਦੇ ਬਕਾਏ ਵਾਲੀਆਂ 7,845 ਅਰਜ਼ੀਆਂ ਪ੍ਰਾਪਤ ਹੋਈਆਂ ਹਨ ਅਤੇ 111.16 ਕਰੋੜ ਪ੍ਰਾਪਤ ਕੀਤੇ ਜਾ ਚੁੱਕੇ ਹਨ। ਪੁਰਾਣੇ ਟੈਕਸ ਬੋਝ ਨੂੰ ਖਤਮ ਕਰਨ ਦੇ ਨਾਲ-ਨਾਲ ਮਾਲੀਏ ਨੂੰ ਹੁਲਾਰਾ ਦੇਣ ਲਈ ਇਸ ਨੂੰ ਇੱਕ ਫੈਸਲਾਕੁੰਨ ਕਦਮ ਦੱਸਦਿਆਂ, ਵਿੱਤ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਇਸ ਰਾਹਤ ਦੀ ਸਮਾਂ ਸੀਮਾ 31 ਮਾਰਚ ਤੱਕ ਹੈ, ਜਿਸ ਤੋਂ ਬਾਅਦ ਸਰਕਾਰ ਸਖ਼ਤ ਵਸੂਲੀ ਦੇ ਮੋਡ ਵਿੱਚ ਆ ਜਾਵੇਗੀ, ਅਤੇ ਇਸ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਇਸ ਸਕੀਮ ਨਾਲ ਪਹਿਲਾਂ ਹੀ ਕੁੱਲ 111.16 ਕਰੋੜ ਰੁਪਏ ਦੀ ਪ੍ਰਾਪਤੀ ਹੋ ਚੁੱਕੀ ਹੈ। ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਪਟਿਆਲਾ ਅਤੇ ਰੋਪੜ ਡਿਵੀਜ਼ਨਾਂ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ ਹੈ। ਇਨ੍ਹਾਂ ਪ੍ਰਮੁੱਖ ਜ਼ਿਲ੍ਹਿਆਂ ਤੋਂ ਮਿਲਿਆ ਭਰਵਾਂ ਹੁੰਗਾਰਾ ਸਕੀਮ ਦੇ ਵੱਡੇ ਵਿੱਤੀ ਲਾਭਾਂ ਬਾਰੇ ਵੱਧ ਰਹੀ ਜਾਗਰੂਕਤਾ ਨੂੰ ਦਰਸਾਉਂਦਾ ਹੈ। ਇੱਕ ਜ਼ੋਰਦਾਰ ਅਪੀਲ ਜਾਰੀ ਕਰਦਿਆਂ ਉਨ੍ਹਾਂ ਕਿਹਾ, ਕਿਉਂਕਿ ਇਹ ਸਕੀਮ 31 ਮਾਰਚ, 2026 ਨੂੰ ਆਪਣੇ ਅੰਤਿਮ ਪੜਾਅ @ਤੇ ਪਹੁੰਚ ਰਹੀ ਹੈ, ਇਸ ਲਈ ਸਾਰੇ ਯੋਗ ਟੈਕਸਦਾਤਾਵਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸੂਬੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਕਾਰੋਬਾਰੀਆਂ ਨੂੰ ਓ.ਟੀ.ਐਸ. ਖਿੜਕੀ ਪੱਕੇ ਤੌਰ @ਤੇ ਬੰਦ ਹੋਣ ਤੋਂ ਪਹਿਲਾਂ ਲੰਬਿਤ ਵੈਟ ਬਕਾਏ ਹੱਲ ਕਰਨ ਅਤੇ ਸੂਬੇ ਦੇ ਟੈਕਸ ਢਾਂਚੇ ਨਾਲ ਸਹਿਜੇ ਹੀ ਜੁੜਨ ਦੇ ਇਸ ਆਖਰੀ ਮੌਕੇ ਨੂੰ ਨਹੀਂ ਗੁਆਉਣਾ ਚਾਹੀਦਾ। ਇਸ ਸਕੀਮ ਤਹਿਤ ਦਿੱਤੀ ਗਈ ਬੇਮਿਸਾਲ ਨਰਮੀ ਅਤੇ ਵੱਡੀਆਂ ਛੋਟਾਂ ਪੂਰੀ ਤਰ੍ਹਾਂ ਸਮਾਂਬੱਧ ਹਨ। ਟੈਕਸਦਾਤਾਵਾਂ ਨੂੰ ਇਸ ਆਖਰੀ ਮੌਕੇ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕਰਦਿਆਂ, ਵਿੱਤ ਮੰਤਰੀ ਨੇ ਸੁਚੇਤ ਕੀਤਾ, ÷ਸਮਾਂ ਸੀਮਾ ਖਤਮ ਹੋਣ ਤੋਂ ਬਾਅਦ ਸੂਬਾ ਸਰਕਾਰ ਦਾ ਮੌਜੂਦਾ ਸਹੂਲਤਾਂ ਅਤੇ ਛੋਟਾਂ ਵਾਲਾ ਰਵੱਈਆ ਕੁਦਰਤੀ ਤੌਰ @ਤੇ ਸਖ਼ਤ ਕਾਨੂੰਨੀ ਪਾਲਣਾ ਅਤੇ ਬਿਨਾਂ ਸਮਝੌਤੇ ਵਾਲੇ ਵਸੂਲੀ ਪ੍ਰੋਟੋਕੋਲ ਵਿੱਚ ਬਦਲ ਜਾਵੇਗਾ, ਜਿਸ ਨਾਲ ਨਿਪਟਾਰੇ ਵਾਲੇ ਰਹਿ ਗਏ ਪੁਰਾਣੇ ਖਾਤੇ ਬਿਨਾਂ ਕਿਸੇ ਛੋਟ ਦੇ ਆਮ ਕਾਨੂੰਨੀ ਜਾਂਚ ਦੇ ਘੇਰੇ ਵਿੱਚ ਆ ਜਾਣਗੇ। ਵਿੱਤ ਮੰਤਰੀ ਨੇ ਅੱਗੇ ਕਿਹਾ ਕਿ 31 ਮਾਰਚ 2026 ਤੋਂ ਬਾਅਦ, ਜਿਨ੍ਹਾਂ ਮਾਮਲਿਆਂ ਵਿੱਚ ਬਕਾਏ ਅਦਾ ਨਹੀਂ ਕੀਤੇ ਗਏ ਹਨ, ਉਨ੍ਹਾਂ ਵਿੱਚ ਕਾਨੂੰਨ ਦੀਆਂ ਵਿਵਸਥਾਵਾਂ ਅਨੁਸਾਰ ਵਸੂਲੀ ਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਤਿਆਰੀ ਦੇ ਹਿੱਸੇ ਵਜੋਂ, ਜਿੱਥੇ ਵੀ ਜ਼ਰੂਰੀ ਹੋਵੇ, ਲੋੜੀਂਦੀ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ। ਇਸ ਉਪਰਾਲੇ ਪਿੱਛੇ ਮੁੱਖ ਉਦੇਸ਼ @ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ÷ਓ.ਟੀ.ਐੱਸ. ਸਕੀਮ ਨੂੰ ਮਿਲਿਆ ਭਰਵਾਂ ਹੁੰਗਾਰਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪਾਰਦਰਸ਼ੀ ਅਤੇ ਵਪਾਰ-ਪੱਖੀ ਨੀਤੀਆਂ ਵਿੱਚ ਕਰਦਾਤਾਵਾਂ ਦੇ ਭਰੋਸੇ ਨੂੰ ਦਰਸਾਉਂਦਾ ਹੈ। ਇਸ ਉਪਰਾਲੇ ਦਾ ਉਦੇਸ਼ ਰਾਹਤ ਪ੍ਰਦਾਨ ਕਰਨਾ, ਮੁਕੱਦਮੇਬਾਜ਼ੀ ਨੂੰ ਘਟਾਉਣਾ ਅਤੇ ਸੂਬੇ ਦੀ ਮਾਲੀਆ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਹੈ।÷ ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਇਹ ਸਕੀਮ ਖਾਸ ਤੌਰ @ਤੇ ਪੁਰਾਣੀਆਂ ਵੈਟ ਦੇਣਦਾਰੀਆਂ ਦਾ ਵਿਆਜ ਅਤੇ ਜੁਰਮਾਨੇ ਵਿੱਚ ਭਾਰੀ ਛੋਟ ਨਾਲ ਨਿਪਟਾਰਾ ਕਰਨ ਦਾ ਸੁਨਹਿਰੀ ਮੌਕਾ ਦੇਣ ਲਈ ਤਿਆਰ ਕੀਤੀ ਗਈ, ਤਾਂ ਜੋ ਕਾਰੋਬਾਰੀਆਂ ਨੂੰ ਸਾਫ਼-ਸੁਥਰੇ ਵਿੱਤੀ ਖਾਤੇ ਨਾਲ ਨਵੀਂ ਸ਼ੁਰੂਆਤ ਕਰਨ ਦੇ ਯੋਗ ਬਣਾਇਆ ਜਾ ਸਕੇ।

# ਮੀਰੀ ਪੀਰੀ ਮੈਡੀਕਲ ਕਾਲਜ ਦੀ ਸੇਵਾ ਸੰਭਾਲ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਅਤੇ ਹਰਿਆਣਾ ਕਮੇਟੀ ਆਹਮੋ-ਸਾਹਮਣੇ

## ਬਲਜੀਤ ਸਿੰਘ ਦਾਦੂਵਾਲ ਵੱਲੋਂ ਕਬਜ਼ਾ ਲੈਣ ਦੀ ਕੋਸ਼ਿਸ਼, ਪੁਲਿਸ ਨੇ ਦਖ਼ਲ ਦੇ ਕੇ ਮਾਮਲਾ ਸ਼ਾਂਤ ਕਰਵਾਇਆ



ਸ਼ਾਹਬਾਦ/ਕੁਰੂਕਸ਼ੇਤਰ, 22 ਮਾਰਚ 2026 (ਚ.ਨ.ਸ.): ਹਰਿਆਣਾ ਦੇ ਸ਼ਾਹਬਾਦ ਮਾਰਕੰਡਾ ਸਥਿਤ ਮੀਰੀ ਪੀਰੀ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰਿਸਰਚ ਦੇ ਪ੍ਰਬੰਧਕੀ ਕੰਟਰੋਲ ਨੂੰ ਲੈ ਕੇ ਅੱਜ ਸਥਿਤੀ ਉਸ ਸਮੇਂ ਕਾਫ਼ੀ ਤਣਾਅਪੂਰਨ ਹੋ ਗਈ ਜਦੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਐਚ.ਐਸ.ਜੀ.ਐਮ.ਸੀ.) ਦੇ ਮੈਂਬਰ ਬਾਬਾ ਬਲਜੀਤ ਸਿੰਘ ਦਾਦੂਵਾਲ ਆਪਣੇ ਸਾਥੀਆਂ ਸਮੇਤ ਸੰਸਥਾ ਦਾ ਕਬਜ਼ਾ ਲੈਣ ਪਹੁੰਚ ਗਏ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੇ ਅਹੁਦੇਦਾਰਾਂ ਅਤੇ ਉੱਥੇ ਤਾਇਨਾਤ ਸਟਾਫ਼ ਨਾਲ ਉਨ੍ਹਾਂ ਦੀ ਤਿੱਖੀ ਬਹਿਸ ਹੋਈ। ਮਾਮਲਾ ਵਧਦਾ ਦੇਖ ਸਥਾਨਕ ਪੁਲਿਸ ਨੂੰ ਦਖ਼ਲ ਦੇਣਾ ਪਿਆ, ਜਿਸ ਤੋਂ ਬਾਅਦ ਦਾਦੂਵਾਲ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ ਉੱਥੋਂ ਬਾਹਰ ਕੱਢਿਆ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਨੇ ਦਾਅਵਾ ਕੀਤਾ ਕਿ ਸੁਪਰੀਮ ਕੋਰਟ ਦੇ ਫੈਸਲੇ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਨ ਐਕਟ ਅਨੁਸਾਰ ਹਰਿਆਣਾ ਦੇ ਸਾਰੇ ਗੁਰਦੁਆਰਿਆਂ ਅਤੇ ਉਨ੍ਹਾਂ ਨਾਲ ਸਬੰਧਤ ਅਦਾਰਿਆਂ ਦਾ ਪ੍ਰਬੰਧ ਹੁਣ ਹਰਿਆਣਾ ਕਮੇਟੀ ਦੇ ਅਧੀਨ ਹੋਣਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੀਰੀ ਪੀਰੀ ਮੈਡੀਕਲ ਕਾਲਜ ਦੀ ਇਮਾਰਤ ਗੁਰਦੁਆਰਾ ਮਸਤਗੜ੍ਹ ਸਾਹਿਬ ਦੀ ਜ਼ਮੀਨ 'ਤੇ ਬਣੀ ਹੋਈ ਹੈ, ਇਸ ਲਈ ਇਸ ਦਾ ਪ੍ਰਬੰਧ ਤੁਰੰਤ ਹਰਿਆਣਾ ਕਮੇਟੀ ਨੂੰ ਸੌਂਪਿਆ ਜਾਵੇ। ਦਾਦੂਵਾਲ ਨੇ ਸ਼੍ਰੋਮਣੀ ਕਮੇਟੀ 'ਤੇ ਦੋਸ਼ ਲਾਇਆ ਕਿ ਉਹ ਇੱਕ 'ਨਿੱਜੀ ਟਰੱਸਟ' ਬਣਾ ਕੇ ਹਰਿਆਣਾ ਦੀਆਂ ਸੰਸਥਾਵਾਂ 'ਤੇ ਨਾਜਾਇਜ਼ ਕਬਜ਼ਾ ਬਰਕਰਾਰ ਰੱਖਣਾ ਚਾਹੁੰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਈ ਦਹਾਕੇ ਬੀਤ ਜਾਣ ਦੇ ਬਾਵਜੂਦ ਇੱਥੇ ਮੈਡੀਕਲ ਕਾਲਜ ਪੂਰੀ ਤਰ੍ਹਾਂ ਸ਼ੁਰੂ ਨਹੀਂ ਹੋ ਸਕਿਆ, ਜਿਸ ਕਾਰਨ ਇਲਾਕੇ ਦੇ ਲੋਕ ਸਿਹਤ ਸਹੂਲਤਾਂ ਤੋਂ ਵਾਂਝੇ ਹਨ।

ਦੂਜੇ ਪਾਸੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਕਾਰਵਾਈ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੀਰੀ ਪੀਰੀ ਸੰਸਥਾਨ ਇੱਕ ਸੁਤੰਤਰ ਟਰੱਸਟ ਰਾਹੀਂ ਚਲਾਇਆ ਜਾ ਰਿਹਾ ਹੈ ਅਤੇ ਇਸ ਸਬੰਧੀ ਮਾਮਲਾ ਮਾਨਯੋਗ ਹਾਈ ਕੋਰਟ ਵਿੱਚ ਵਿਚਾਰ ਅਧੀਨ ਹੈ। ਉਨ੍ਹਾਂ ਕਿਹਾ ਕਿ ਦਾਦੂਵਾਲ ਵੱਲੋਂ ਜ਼ਬਰਦਸਤੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਮਰਯਾਦਾ ਅਤੇ ਕਾਨੂੰਨ ਦੇ ਉਲਟ ਹੈ। ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਨਾਲ ਮਰੀਜ਼ਾਂ ਦੀ ਦੇਖਭਾਲ ਵਿੱਚ ਵਿਘਨ ਪੈਂਦਾ ਹੈ ਅਤੇ ਸੰਸਥਾ ਦਾ ਅਕਸ ਖਰਾਬ ਹੁੰਦਾ ਹੈ। ਮੌਕੇ 'ਤੇ ਮੌਜੂਦ ਡੀ.ਐਸ.ਪੀ. ਸ਼ਾਹਬਾਦ ਨੇ ਦੱਸਿਆ ਕਿ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਕਿਸੇ ਵੀ ਧਿਰ ਨੂੰ ਕਾਨੂੰਨ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਪੁਲਿਸ ਨੇ ਦੋਵਾਂ ਧਿਰਾਂ ਨੂੰ ਸ਼ਾਂਤੀ ਬਣਾਈ ਰੱਖਣ ਅਤੇ ਅਦਾਲਤੀ ਫੈਸਲੇ ਦਾ ਇੰਤਜ਼ਾਰ ਕਰਨ ਦੀ ਅਪੀਲ ਕੀਤੀ ਹੈ। ਇਸ ਦੌਰਾਨ ਹਰਿਆਣਾ ਕਮੇਟੀ ਦੇ ਅੰਦਰ ਵੀ ਮਤਭੇਦ ਉੱਭਰ ਕੇ ਸਾਹਮਣੇ ਆਏ ਹਨ। ਹਰਿਆਣਾ ਕਮੇਟੀ ਦੇ ਮੌਜੂਦਾ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਇਸ ਸਬੰਧੀ ਕਿਹਾ ਕਿ ਉਹ ਕਾਨੂੰਨੀ ਪ੍ਰਕਿਰਿਆ ਰਾਹੀਂ ਹੀ ਪ੍ਰਬੰਧ ਆਪਣੇ ਹੱਥਾਂ ਵਿੱਚ ਲੈਣ ਦੇ ਹੱਕ ਵਿੱਚ ਹਨ। ਉਨ੍ਹਾਂ ਕਿਹਾ ਕਿ ਅਜਿਹੇ ਗੈਰ-ਸੰਵਿਧਾਨਕ ਤਰੀਕੇ ਨਾਲ ਕਬਜ਼ਾ ਲੈਣ ਦੀ ਕੋਸ਼ਿਸ਼ ਕਰਨ ਨਾਲ ਪੰਥਕ ਸੰਸਥਾਵਾਂ ਨੂੰ ਨੁਕਸਾਨ ਪਹੁੰਚਦਾ ਹੈ। ਫਿਲਹਾਲ ਇਲਾਕੇ ਵਿੱਚ ਸਥਿਤੀ ਤਣਾਅਪੂਰਨ ਪਰ ਕਾਬੂ ਹੇਠ ਦੱਸੀ ਜਾ ਰਹੀ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਪੁਲਿਸ ਕੋਲ ਦਾਦੂਵਾਲ ਅਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਸ਼ਿਕਾਇਤ ਵੀ ਦਰਜ ਕਰਵਾਈ ਗਈ ਹੈ।

## ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਵਿਖੇ ਮਨਾਇਆ ਵਿਸ਼ਵ ਜਲ ਦਿਵਸ




ਸ੍ਰੀ ਚਮਕੌਰ ਸਾਹਿਬ, 22 ਮਾਰਚ (ਅਵਤਾਰ ਸਿੰਘ ਭੰਗੂ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਸਥਾਪਿਤ ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਵਿਖੇ ਕਾਲਜ ਪ੍ਰਿੰਸੀਪਲ ਡਾ. ਬਲਜੀਤ ਸਿੰਘ ਜੀ ਦੀ ਅਗਵਾਈ 'ਚ ਕਾਲਜ ਦੀ ਐਨ.ਸੀ.ਸੀ. ਯੂਨਿਟ ਵੱਲੋਂ ਵਿਸ਼ਵ ਜਲ ਦਿਵਸ ਮਨਾਇਆ ਗਿਆ। ਏ. ਐਨ. ਓ ਲੈਫ਼ਟੀਨੈਂਟ ਸੁਖਵੀਰ ਕੌਰ ਨੇ ਦੱਸਿਆ ਕਿ ਵਿਸ਼ਵ ਜਲ ਦਿਵਸ ਹਰ ਸਾਲ ਪਾਣੀ ਦੇ ਸੰਰੱਖਣ ਅਤੇ ਇਸਦੇ ਸਹੀ ਉਪਯੋਗ ਬਾਰੇ ਜਾਗਰੂਕਤਾ ਫੈਲਾਉਣ ਲਈ ਮਨਾਇਆ ਜਾਂਦਾ ਹੈ। ਇਸਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਪਾਣੀ ਦੀ ਮਹੱਤਤਾ ਅਤੇ ਇਸਦੀ ਸੰਭਾਲ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਸ ਵਿਦਿਆਰਥੀ ਵਿਚਾਰ ਚਰਚਾ ਵਿੱਚ ਮੁੱਖ ਵਕਤਾ ਕਿਰਨਦੀਪ ਕੌਰ,ਪਰਮਿੰਦਰ ਕੌਰ, ਮਨਵੀਰ ਸਿੰਘ ਅਤੇ ਕਿਰਨਦੀਪ ਕੌਰ ਸਨ। ਉਨ੍ਹਾਂ ਨੇ ਪਾਣੀ ਦੀ ਘਾਟ, ਪ੍ਰਦੂਸ਼ਨ ਅਤੇ ਭਵਿੱਖ ਵਿੱਚ ਪਾਣੀ ਸੰਕਟ ਵਰਗੇ ਮੁੱਦਿਆਂ 'ਤੇ ਵਿਚਾਰ ਸਾਂਝੇ ਕੀਤੇ ਅਤੇ ਜ਼ੋਰ ਦਿੱਤਾ ਕਿ ਪਾਣੀ ਦੀ ਬਚਤ ਅਤੇ ਵਰਤੋਂ ਵਿੱਚ ਸਾਵਧਾਨੀ ਹੀ ਭਵਿੱਖ ਦੀਆਂ ਪੀੜ੍ਹੀਆਂ ਲਈ ਇਸ ਕੀਮਤੀ ਸਰੋਤ ਨੂੰ ਬਚਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਪਾਣੀ ਦੀ ਘਟਦੀ ਉਪਲੱਬਧਤਾ ਇੱਕ ਵੱਡੀ ਚਿੰਤਾ ਦਾ ਵਿਸ਼ਾ ਬਣ ਰਹੀ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਇਸਦੀ ਸੰਭਾਲ ਲਈ ਅੱਗੇ ਆਉਣਾ ਚਾਹੀਦਾ ਹੈ। ਪ੍ਰੋਗਰਾਮ ਦੇ ਅੰਤ 'ਤੇ ਕੈਡਿਟਾਂ ਵੱਲੋਂ ਸਮਾਜ ਵਿੱਚ ਜਲ ਸੰਰੱਖਣ ਦਾ ਸੰਦੇਸ਼ ਦੇਣ ਦਾ ਸੰਕਲਪ ਕੀਤਾ ਗਿਆ।

## ਸਾਬਕਾ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ ਵੱਲੋਂ ਕਾਂਗਰਸੀ ਵਰਕਰਾਂ ਨਾਲ ਅਹਿਮ ਮੀਟਿੰਗ



**ਮਾਜਰੀ/ਕੁਰਾਲੀ, 22 ਮਾਰਚ (ਰਜਨੀਕਾਂਤ ਗਰੋਵਰ) :** ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਦੇ ਸਾਬਕਾ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ ਨੇ ਅੱਜ ਹਲਕਾ ਖਰੜ ਦੇ ਪਿੰਡ ਦੁਸਾਰਨਾ ਵਿਖੇ ਕਾਂਗਰਸੀ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਨੇ ਵਰਕਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਤੋਂ ਹੀ ਪਾਰਟੀ ਲਈ ਪੂਰੀ ਤਾਕਤ ਨਾਲ ਤਿਆਰੀਆਂ ਕਰਨ ਦਾ ਸੱਦਾ ਦਿੱਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਰਣਜੀਤ ਸਿੰਘ ਜੀਤੀ ਪਡਿਆਲਾ ਨੇ ਕਿਹਾ ਕਿ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜਨਰਲ ਮੈਨੇਜਰ ਵੱਲੋਂ ਕੀਤੀ ਗਈ ਆਤਮਹੱਤਿਆ ਬਹੁਤ ਹੀ ਦੁਖਦਾਈ ਅਤੇ ਚਿੰਤਾਜਨਕ ਘਟਨਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਦੇ ਇੱਕ ਮੰਤਰੀ 'ਤੇ ਦੋਸ਼ ਲੱਗਣਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਤਾਂ ਜੋ ਸਚਾਈ ਸਾਹਮਣੇ ਆ ਸਕੇ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਹੋਵੇ। ਉਨ੍ਹਾਂ ਕਿਹਾ ਕਿ ਸਰਕਾਰੀ ਅਧਿਕਾਰੀਆਂ 'ਤੇ ਰਾਜਨੀਤਿਕ ਦਬਾਅ ਬਣਾਉਣਾ ਬਹੁਤ ਹੀ ਗੰਭੀਰ ਮਾਮਲਾ ਹੈ ਅਤੇ ਇਸ ਤਰ੍ਹਾਂ ਦੀਆਂ ਘਟਨਾਵਾਂ ਸਰਕਾਰ ਦੀ ਪ੍ਰਸ਼ਾਸਨਿਕ ਪ੍ਰਣਾਲੀ 'ਤੇ ਸਵਾਲ ਖੜ੍ਹੇ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਇਸ ਮਾਮਲੇ ਵਿੱਚ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੀ ਗਈ ਤਾਂ ਕਾਂਗਰਸ ਪਾਰਟੀ ਇਸ ਮਸਲੇ ਨੂੰ ਲੋਕਾਂ ਵਿਚ ਲੈ ਕੇ ਜਾਵੇਗੀ ਅਤੇ ਇਨਸਾਫ਼ ਲਈ ਸੰਘਰਸ਼ ਕਰੇਗੀ। ਇਸ ਮੌਕੇ ਅਮਨਦੀਪ ਸਿੰਘ ਪੰਚ, ਮਾ. ਰਛਪਾਲ ਸਿੰਘ, ਮਾ. ਲਵਪ੍ਰੀਤ ਸਿੰਘ, ਸੇਰ ਸਿੰਘ, ਅਵਤਾਰ ਸਿੰਘ, ਦੀਦਾਰ ਸਿੰਘ, ਸਾਬਕਾ ਸਰਪੰਚ ਸਤਿੰਦਰ ਸਿੰਘ ਸੱਤੀ ਲ ਸਰਬਜੀਤ ਸਿੰਘ, ਬਹਾਦਰ ਸਿੰਘ, ਦਲਬੀਰ ਸਿੰਘ, ਜਸਵੀਰ ਸਿੰਘ ਅਤੇ ਸਮੂਹ ਨੌਜਵਾਨ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਪਾਰਟੀ ਵਰਕਰਾਂ ਨੇ ਪਾਰਟੀ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਯਕੀਨੀ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।

## ਪੁਲਸ ਹਿਰਾਸਤ ਵਿੱਚ ਬੀ.ਐਸ.ਐਫ. ਜਵਾਨ ਜਸਵਿੰਦਰ ਸਿੰਘ ਦੀ ਸ਼ੱਕੀ ਮੌਤ ਮਨੁੱਖੀ ਅਧਿਕਾਰ ਸੰਗਠਨ ਵੱਲੋਂ ਉੱਚ-ਪੱਧਰੀ ਨਿਆਂਇਕ ਜਾਂਚ ਦੀ ਮੰਗ

ਅੰਮ੍ਰਿਤਸਰ, 22 ਮਾਰਚ (ਬਬਲੂ ਮਹਾਜਨ)ਪੰਜਾਬ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ ਨੇ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਹਿਰਾਸਤ ਵਿੱਚ ਬੀ.ਐਸ.ਐਫ. ਦੇ ਜਵਾਨ ਜਸਵਿੰਦਰ ਸਿੰਘ ਦੀ ਸ਼ੱਕੀ ਹਾਲਾਤਾਂ ਵਿੱਚ ਹੋਈ ਮੌਤ @ਤੇ ਡੂੰਘੀ ਚਿੰਤਾ ਅਤੇ ਅਫਸੋਸ ਪ੍ਰਗਟ ਕੀਤਾ ਹੈ। ਇਹ ਘਟਨਾ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਅਤੇ ਹਿਰਾਸਤੀ ਤਸ਼ੱਦਦ ਦਾ ਗੰਭੀਰ ਮਾਮਲਾ ਹੈ।ਮੁੱਖ ਨੁਕਤੇ ਅਤੇ ਇਤਰਾਜ਼:ਨਿਯਮਾਂ ਦੀ ਉਲੰਘਣਾ: ਜੰਮੂ ਤੋਂ ਗ੍ਰਿਫਤਾਰ ਕੀਤੇ ਗਏ ਜਵਾਨ ਨੂੰ ਅੰਮ੍ਰਿਤਸਰ ਲਿਆਉਣ ਅਤੇ ਪਰਿਵਾਰ ਨੂੰ ਗ੍ਰਿਫਤਾਰੀ ਦੇ ਕਾਰਨਾਂ ਬਾਰੇ ਹਨੇਰੇ ਵਿੱਚ ਰੱਖਣਾ ਕਾਨੂੰਨੀ ਪ੍ਰਕਿਰਿਆਵਾਂ @ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ।ਹਿਰਾਸਤੀ ਤਸ਼ੱਦਦ ਦੇ ਇਲਜ਼ਾਮ: ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਵੱਲੋਂ ਲਗਾਏ ਗਏ, ਕੁੱਟਮਾਰ ਅਤੇ ਮਾਨਸਿਕ ਪ੍ਰੇਸ਼ਾਨੀ ਦੇ ਦੋਸ਼ ਬੇਹੱਦ ਗੰਭੀਰ ਹਨ। ਇੱਕ ਦੇਸ਼ ਦੀ ਸੇਵਾ ਕਰਨ ਵਾਲੇ ਜਵਾਨ ਨਾਲ ਅਜਿਹਾ ਵਤੀਰਾ ਕਿਸੇ ਵੀ ਸੱਭਿਅਕ ਸਮਾਜ ਵਿੱਚ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਐਨ ਸੀ ਬੀ ਦੀ ਚੁੱਪ: ਐਨ.ਸੀ.ਬੀ. ਅਧਿਕਾਰੀਆਂ ਵੱਲੋਂ ਇਸ ਮਾਮਲੇ @ਤੇ ਚੁੱਪ ਧਾਰੀ ਰੱਖਣੀ ਅਤੇ ਪਰਿਵਾਰ ਨੂੰ ਜਾਣਕਾਰੀ ਨਾ ਦੇਣਾ ਦਾਲ ਵਿੱਚ ਕੁਝ ਕਾਲਾ ਹੋਣ ਦਾ ਸ਼ੱਕ ਪੈਦਾ ਕਰਦਾ ਹੈ।ਨਿਆਇਕ ਜਾਂਚ : ਇਸ ਮਾਮਲੇ ਦੀ ਜਾਂਚ ਹਾਈ ਕੋਰਟ ਦੇ ਮੌਜੂਦਾ ਜੱਜ ਦੀ ਨਿਗਰਾਨੀ ਹੇਠ ਕਰਵਾਈ ਜਾਵੇ ਤਾਂ ਜੋ ਸੱਚ ਸਾਹਮਣੇ ਆ ਸਕੇ।ਦੋਸ਼ੀਆਂ ਖਿਲਾਫ ਕਾਰਵਾਈ: ਜੇਕਰ ਪੋਸਟਮਾਰਟਮ ਰਿਪੋਰਟ ਵਿੱਚ ਤਸ਼ੱਦਦ ਦੀ ਪੁਸ਼ਟੀ ਹੁੰਦੀ ਹੈ, ਤਾਂ ਸਬੰਧਤ ਐਨ.ਸੀ.ਬੀ. ਅਧਿਕਾਰੀਆਂ ਵਿਰੁੱਧ ਤੁਰੰਤ ਧਾਰਾ 302 (ਕਤਲ) ਤਹਿਤ ਮਾਮਲਾ ਦਰਜ ਕੀਤਾ ਜਾਵੇ।ਵੀਡੀਓਗ੍ਰਾਫੀ ਅਤੇ ਮੈਜਿਸਟ੍ਰੇਟ ਦੀ ਨਿਗਰਾਨੀ: ਪੋਸਟਮਾਰਟਮ ਦੀ ਪੂਰੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕਰਵਾਈ ਜਾਵੇ ਅਤੇ ਮਾਹਿਰ ਡਾਕਟਰਾਂ ਦੇ ਪੈਨਲ ਰਾਹੀਂ ਹੀ ਜਾਂਚ ਮੁਕੰਮਲ ਕੀਤੀ ਜਾਵੇ।ਪਰਿਵਾਰ ਨੂੰ ਇਨਸਾਫ਼: ਮ੍ਰਿਤਕ ਦੇ ਪਰਿਵਾਰ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ ਅਤੇ ਲਾਸ਼ ਨੂੰ ਪੂਰੇ ਸਨਮਾਨ ਸਹਿਤ ਉਨ੍ਹਾਂ ਦੇ ਜੱਦੀ ਘਰ ਪਹੁੰਚਾਉਣ ਦਾ ਪ੍ਰਬੰਧ ਕੀਤਾ ਜਾਵੇ।ਇਹ ਬਿਆਨ ਡਾ ਖੁਸ਼ਹਾਲ ਸਿੰਘ ਇੰਚਾਰਜ ਪੰਜਾਬ ਮਨੁੱਖ ਅਧਿਕਾਰ ਸੰਗਠਨ ਨੇ ਕਰਦਿਆਂ ਕਿਹਾ ਕਿ ਪੀਐਚਆਰਓ ਪੀੜਤ ਪਰਿਵਾਰ ਦੇ ਨਾਲ ਖੜੀ ਹੈ ਅਤੇ ਇਸ ਮਾਮਲੇ ਨੂੰ ਮਨੁੱਖੀ ਅਧਿਕਾਰ ਕਮਿਸ਼ਨ ਤੱਕ ਲੈ ਕੇ ਜਾਵੇਗੀ ਤਾਂ ਜੋ ਜ਼ਿੰਮੇਵਾਰ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ।

## ਸੁਰਿੰਦਰ ਬਿੱਲਾ ਬਲਦੇਵ ਨਗਰ ਨੂੰ ਸੀਨੀਅਰ ਵਾਈਸ ਚੇਅਰਮੈਨ ਐਸ.ਸੀ. ਡਿਪਾਰਟਮੈਂਟ ਨਿਯੁਕਤ ਕੀਤਾ



ਮੋਰਿੰਡਾ 22 ਮਾਰਚ (ਗੁਰਮੀਤ ਸਿੰਘ ਚੋਪੜਾ):ਆਲ ਇੰਡੀਆ ਕਾਂਗਰਸ ਬ੍ਰਿਗੇਡ ਕਮੇਟੀ ਨੇ ਵਿਮੁਕਤ ਅਤੇ ਬਾਜ਼ੀਗਰ ਸਮਾਜ ਦੇ ਉੱਘੇ ਸਮਾਜ ਸੇਵੀ ਅਤੇ ਕਾਂਗਰਸੀ ਵਰਕਰ ਸੁਰਿੰਦਰ ਕੁਮਾਰ ਸੰਧੂ ਉਰਫ ਬਿੱਲਾ ਨੂੰ ਸੀਨੀਅਰ ਵਾਈਸ ਚੇਅਰਮੈਨ ਐਸ ਸੀ ਡਿਪਾਰਟਮੈਂਟ ਪੰਜਾਬ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਰਿੰਦਰ ਕੁਮਾਰ ਸੰਧੂ ਉਰਫ ਬਿੱਲਾ ਐਸ ਸੀ ਡਿਪਾਰਟਮੈਂਟ ਪੰਜਾਬ ਕਾਂਗਰਸ ਬ੍ਰਿਗੇਡ ਕਮੇਟੀ ਨੇ ਦੱਸਿਆ ਕਿ ਡਾਕਟਰ ਸੰਜੇ ਸਿੰਘ ਵਿਸੇਨ ਨੈਸ਼ਨਲ ਪ੍ਰਧਾਨ ਆਲ ਇੰਡੀਆ ਕਾਂਗਰਸ ਬ੍ਰਿਗੇਡ ਕਮੇਟੀ ਨੇ ਉਨਾਂ ਤੇ ਵਿਸ਼ਵਾਸ ਕਰਕੇ ਇਹ ਅਹੁਦਾ ਦਿੱਤਾ ਹੈ। ਇਸ ਮੌਕੇ ਉਹਨਾਂ ਆਪਣੀ ਹਾਈ ਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਨ੍ਹਾਂ ਨੂੰ ਪਾਰਟੀ ਵੱਲੋਂ ਦਿੱਤਾ ਗਿਆ ਆਹਦਾ ਹੈ ਉਸ ਪ੍ਰਤੀ ਉਹ ਆਪਣੀਆਂ ਸੇਵਾਵਾਂ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਵੱਲੋਂ ਕੀਤੇ ਹੋਏ ਭਰੋਸੇ ਨੂੰ ਉਹ ਕਦੇ ਵੀ ਨਹੀਂ ਤੋੜਨਗੇ ਇਸ ਮੌਕੇ ਉਹਨਾਂ ਹੈਪੀ ਖੇੜਾ ਦਫਤਰੀ ਸੈਕਟਰੀ ਪੰਜਾਬ ਜੱਗਾ ਰਾਮ ਸਾਬਕਾ ਚੇਅਰਮੈਨ ਪੰਜਾਬ ਬਾਜ਼ੀਗਰ ਸੈਲ ਲੱਖਾ ਰਾਮ ਦਵੇਸਰ ਇਨਚਾਰਜ ਪੰਜਾਬ ਦਾ ਵੀ ਧੰਨਵਾਦ ਕੀਤਾ ਇਸ ਮੌਕੇ ਵਿਜੇ ਕੁਮਾਰ ਜਸਬੀਰ ਸਿੰਘ ਸੁਰਜੀਤ ਸਿੰਘ ਮੇਵਾ ਰਾਮ ਘਨੌਤ ਸ਼ਿੰਦਰ ਜੋਗਿੰਦਰ ਰਾਮ ਸਰਜੀਤ ਸਿੰਘ ਘਨੌਤ ਭਜਨ ਰਾਮ ਜੋਗਿੰਦਰ ਰਾਮ ਮਛਾਲ ਵੀਰੂ ਰਾਮ ਡਾਕਟਰ ਕਾਲੇ ਵਕੀਲ ਚੰਦ ਵਿੱਕੀ ਚਰਨ ਦਾਸ ਸੁਖਚੈਨ ਸਿੰਘ ਬੀਰੂ ਰਾਮ ਮਹਿੰਦਰ ਰਾਮ ਛਿੰਦਰ ਰਾਮ ਆਦਿ ਵੀ ਹਾਜਰ ਸਨ

## ਪੰਜਾਬ ਵਿੱਚ ਰਾਸ਼ਟਰਪਤੀ ਰਾਜ ਲਾਗੂ ਕੀਤਾ ਜਾਵੇ - ਚੰਨੀ

ਮੋਰਿੰਡਾ,22 ਮਾਰਚ(ਗੁਰਮੀਤ ਸਿੰਘ ਚੋਪੜਾ) : ਮਾਰਕਫੈੱਡ ਦੇ ਡੀ ਐਮ ਗਗਨਦੀਪ ਸਿੰਘ ਰੰਧਾਵਾ ਦੀ ਮੌਤ ਤੋਂ ਭੜਕੇ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ ਨੇ ਕੇਂਦਰ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਪੰਜਾਬ ਵਿੱਚ ਰਾਸ਼ਟਰਪਤੀ ਰਾਜ ਲਾਗੂ ਕੀਤਾ ਜਾਵੇ ਅਤੇ ਗਗਨਦੀਪ ਸਿੰਘ ਦੀ ਮੌਤ ਦੀ ਸੀ ਬੀ ਆਈ ਤੋਂ ਜਾਂਚ ਕਰਵਾਈ ਜਾਵੇ। ਚਰਨਜੀਤ ਸਿੰਘ ਚੰਨੀ ਨੇ ਮੋਰਿੰਡਾ



ਵਿਖੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਮਾਰਕਫੈੱਡ ਦੇ ਜ਼ਿਲ੍ਹਾ ਜਨਰਲ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਨੂੰ ਕੈਬਨਿਟ ਮੰਤਰੀ ਲਾਲਜੀਤ ਭੁੱਲਰ ਵੱਲੋਂ ਅਪਣੇ ਨਜ਼ਦੀਕੀ ਨੂੰ ਟੈਂਡਰ ਨਾ ਦੇਣ 'ਤੇ ਅਪਣੇ ਪਾਸ ਬੁਲਾ ਕੇ ਬੁਰੀ ਤਰ੍ਹਾਂ ਕੁਟਿਆ ਅਤੇ ਮਨ ਮਰਜ਼ੀ ਦੇ ਬਿਆਨ ਦਵਾਏ। ਮੰਤਰੀ ਨੇ ਗਗਨਦੀਪ ਨੂੰ ਸਲਫਾਸ ਖਾਣ ਲਈ ਮਜਬੂਰ ਕਰ ਦਿੱਤਾ ਗਿਆ। ਇਸ ਦਾ ਖੁਲਾਸਾ ਮ੍ਰਿਤਕ ਗਗਨਦੀਪ ਸਿੰਘ ਨੇ ਖੁਦ ਕੀਤਾ ਹੈ। ਉਹਨਾਂ ਦੱਸਿਆ ਕਿ ਪੰਜਾਬ ਵਿੱਚ ਜੰਗਲ ਰਾਜ ਹੈ ਸ਼ਰੇਆਮ ਦਿਨ ਦਿਹਾੜੇ ਨਿਰਦੋਸ਼ ਤੇ ਆਮ ਲੋਕਾਂ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰਿਆ ਜਾ ਰਿਹਾ ਹੈ। ਗੈਂਗਸਟਰਾਂ ਵੱਲੋਂ ਸ਼ਰੇਆਮ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਹੱਕ ਮੰਗਦੇ ਕਿਸਾਨਾਂ, ਮੁਲਾਜ਼ਮਾਂ, ਮਜ਼ਦੂਰਾਂ ਅਤੇ ਨੌਜਵਾਨਾਂ ਤੇ ਡਾਂਗਾਂ ਵਰਸਾਈਆਂ ਜਾ ਰਹੀਆਂ ਹਨ। ਮੁਲਾਜ਼ਮਾਂ ਨੂੰ ਬਨਦਾ ਡੀ ਏ ਲੈਣ ਲਈ ਮਾਨਯੋਗ ਅਦਾਲਤ ਦਾ ਦਰਵਾਜ਼ਾ ਖੜਕਾਉਣਾ ਪੈ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਅਪਣੀ ਪਾਰਟੀ ਤੇ ਸਰਕਾਰ ਦੀ ਮਸ਼ਹੂਰੀ ਤੇ ਪੰਜਾਬ ਦੇ ਖਜ਼ਾਨੇ ਵਿੱਚੋਂ ਕਰੋੜਾਂ ਰੁਪਏ ਖਰਚੇ ਜਾ ਰਹੇ ਹਨ।

# ਸਰਕਾਰ ਵੱਲੋਂ ਸ਼ਹਿਰ ਨੂੰ ਚੁਫੇਰਿਓਂ ਬੰਦ ਕਰਕੇ ਲਾਠੀਚਾਰਜ਼ ਨਾਲ ਕਿਸਾਨਾਂ ਮਜਦੂਰਾਂ ਨੂੰ ਡੀਸੀ ਦਫ਼ਤਰ ਅੰਮ੍ਰਿਤਸਰ ਜਾਣ ਤੋਂ ਰੋਕਿਆ, ਤਿੰਨ ਕਿਸਾਨ ਹੋਏ ਜ਼ਖਮੀ,ਸੜਕ ਤੇ ਸ਼ੁਰੂ ਹੋਇਆ ਮੋਰਚਾ,







ਅੰਮ੍ਰਿਤਸਰ, 22 ਮਾਰਚ (ਬਬਲੂ ਮਹਾਜਨ) ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਤੇ ਜਬਰ ਢਾਹੁਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜਿਸ ਦੌਰਾਨ ਕੇ.ਐੱਮ.ਐੱਮ. ਕਿਸਾਨ ਮਜ਼ਦੂਰ ਮੋਰਚਾ ਚੈਪਟਰ ਪੰਜਾਬ ਦੇ ਦਿੱਤੇ ਗਏ ਪ੍ਰੋਗਰਾਮ ਤਹਿਤ ਪੰਜਾਬ ਸਰਕਾਰ ਨਾਲ ਸਬੰਧਿਤ ਮੰਗਾਂ ਲਈ ਡੀਸੀ ਦਫ਼ਤਰ ਅੰਮ੍ਰਿਤਸਰ ਜਾ ਰਹੇ ਕਿਸਾਨਾਂ ਮਜ਼ਦੂਰਾਂ ਅਤੇ ਔਰਤਾਂ ਤੇ ਡਾਂਗਾਂ ਵਰ੍ਹਾ ਕੇ ਅਤੇ ਸ਼ਹਿਰ ਨੂੰ ਚੁਫੇਰਿਓਂ ਟਿੱਪਰ ਲਗਾ ਕੇ ਅਤੇ ਕੰਡਿਆਲੀ ਤਾਰਾਂ ਲਗਾ ਕੇ ਬੰਦ ਕਰਕੇ ਰੋਕਿਆ ਗਿਆ। ਇਸ ਮੌਕੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਜਿਸ ਤਰ੍ਹਾਂ ਸਰਕਾਰ ਧਰਨਾ ਦੇਣ ਤੇ ਹੀ ਇਸ ਕਦਰ ਤਸ਼ੱਦਦ ਤੇ ਉੱਤਰੀ ਹੈ ਇਸਤੋਂ ਇੱਕ ਵਾਰ ਫਿਰ ਲੋਕਾਂ ਸਾਹਮਣੇ ਸਾਬਿਤ ਹੋਇਆ ਹੈ ਕਿ ਇਸ ਸਰਕਾਰ ਦਾ ਖਾਸਾ ਜਮਹੂਰੀਅਤ ਵਿਰੋਧੀ ਹੈ। ਉਹਨਾ ਦੱਸਿਆ ਕਿ ਅੱਜ ਪੁਲਿਸ ਦੁਆਰਾ ਕੀਤੇ ਲਾਠੀਚਾਰਜ਼ ਦੌਰਾਨ 3 ਕਿਸਾਨ ਜਿੰਨਾ ਵਿੱਚੋਂ ਕਿਸਾਨ ਬਘੇਲ ਸਿੰਘ ਭਿੱਟੇਵਿਡ ਨੂੰ ਗੰਭੀਰ ਸੱਟ ਲੱਗੀ ਹੈ ਜਦਕਿ ਅਵਤਾਰ ਬਾਵਾ ਅਤੇ ਸੁਖਜਿੰਦਰ ਸਿੰਘ ਵੀ ਜ਼ਖਮੀ ਹੋਏ ਹਨ। ਉਹਨਾ ਕਿਹਾ ਕਿ ਮੋਰਚੇ ਦੀ ਮੰਗ ਹੈ ਕਿ ਸ਼ੰਭੂ ਖਨੌਰੀ ਮੋਰਚੇ ਦੇ ਟਰਾਲੀਆਂ ਅਤੇ ਹੋਰ ਸਮਾਨ ਚੋਰੀ ਕਰਕੇ ਕੀਤੇ ਗਏ 3 ਕਰੋੜ 77 ਲੱਖ ਦੇ ਨੁਕਸਾਨ ਦੀ ਭਰਪਾਈ ਕੀਤੇ ਬਿਨਾਂ ਸਰਕਾਰ ਦਾ ਛੁਟਕਾਰਾ ਨਹੀਂ ਮਿਲੇਗਾ। ਉਹਨਾ ਕਿਹਾ ਕਿ ਵੱਖ ਵੱਖ ਅੰਦੋਲਨਾਂ @ਚ ਜਖਮੀਆਂ ਤੇ ਸ਼ਹੀਦਾਂ ਦਾ ਰਹਿੰਦਾ ਮੁਆਵਜ਼ਾ ਅਤੇ ਨੌਕਰੀਆਂ ਦਿੱਤੀਆਂ ਜਾਣ। ਉਹਨਾ ਕਿਹਾ ਕਿ ਐਮ. ਐੱਸ. ਪੀ. ਗਰੰਟੀ ਕਾਨੂੰਨ, ਕਿਸਾਨਾਂ ਮਜ਼ਦੂਰਾਂ ਦੀ ਕਰਜ ਮੁਕਤੀ ਸਮੇਤ ਰਹਿੰਦੀਆਂ ਸਾਰੀਆਂ ਮੰਗਾਂ ਤੇ ਪੰਜਾਬ ਸਰਕਾਰ ਆਪਣਾ ਪੱਖ ਸਪੱਸ਼ਟ ਕਰੇ। ਉਹਨਾ ਕਿਹਾ ਕਿ ਬਿਜਲੀ ਸੋਧ ਬਿਲ 2025, ਬੀਜ ਐਕਟ 2025, ਭਾਰਤ ਅਮਰੀਕਾ ਜਾਂ ਅਨੇਕਾਂ ਮੁਲਕਾਂ ਨਾਲ ਕੀਤੇ ਜਾ ਰਹੇ ਫ੍ਰੀ ਟਰੇਡ ਐਗਰੀਮੈਂਟ ਖਿਲਾਫ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦਾ ਇਜਲਾਸ ਸੱਦ ਕੇ ਇਹਨਾਂ ਖਿਲਾਫ ਮਤਾ ਪਾਸ ਕਰਕੇ ਕੇਂਦਰ ਨੂੰ ਭੇਜਿਆ ਜਾਵੇ। ਉਹਨਾ ਕਿਹਾ ਕਿ ਸਮਾਰਟ ਮੀਟਰ ਜਾਂ ਪ੍ਰੀਪੇਡ ਮੀਟਰ ਜ਼ਬਰਦਸਤੀ ਲਾਉਣੇ ਪੰਜਾਬ ਸਰਕਾਰ ਬੰਦ ਕੀਤੇ ਜਾਣ। ਉਹਨਾਂ ਕਿਹਾ ਕਿ ਪਰਾਲੀ ਪ੍ਰਦੂਸ਼ਣ ਨੂੰ ਲੈ ਕੇ ਸਰਕਾਰ ਵੱਲੋਂ ਕੀਤੀਆਂ ਰੈਡ ਇੰਟਰੀਆਂ ਜੁਰਮਾਨੇ ਤੇ ਪੁਲਿਸ ਕੇਸ ਵਾਪਸ ਲਏ ਜਾਣ। ਉਹਨਾ ਕਿਹਾ ਕਿ ਗੈਂਗਸਟਰਾਂ ਖਿਲਾਫ ਪ੍ਰਹਾਰ ਦੀ ਆੜ ਚ ਆਮ ਨੌਜਵਾਨਾਂ ਗੈਂਗਸਟਰਾਂ ਦੇ ਰਿਸ਼ਤੇਦਾਰਾਂ ਜਿੰਨਾ ਦੀ ਅਪਰਾਧ ਵਿੱਚ ਕੋਈ ਸ਼ਮੂਲੀਅਤ ਵੀ ਨਹੀਂ, ਉਹਨਾ ਖਿਲਾਫ ਗੈਰ ਮਨੁੱਖੀ ਤਸ਼ੱਦਦ ਕਰਨਾ ਬੰਦ ਕਰਕੇ ਮਾਨਸਿਕ ਤੰਗੀ ਦੇਣਾ ਤੁਰੰਤ ਬੰਦ ਕੀਤਾ ਜਾਵੇ। ਉਹਨਾ ਕਿਹਾ ਕਿ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਦਾ ਇਲਾਜ ਕਰਵਾ ਕੇ, ਨੌਕਰੀ ਜਾਂ ਰੁਜਗਾਰ ਵਿੱਚ ਮਦਦ ਕਰਕੇ ਸਮਾਜ ਵਿੱਚ ਮੁੜ ਵਸੇਬਾ ਕੀਤਾ ਜਾਵੇ ਅਤੇ ਨਸ਼ੇ ਦੀ ਸਪਲਾਈ ਲਈ ਬਣੇ ਸਿਆਸੀ ਪਾਰਟੀਆਂ ਦੇ ਲੀਡਰਾਂ ਤੇ ਕਾਰਵਾਈ ਕੀਤੀ ਜਾਵੇ। ਉਹਨਾ ਜਾਣਕਾਰੀ ਦਿੰਦਿਆ ਕਿਹਾ ਕਿ ਕਿਸਾਨ ਮਜਦੂਰ ਮੋਰਚਾ ਦੇ ਓਂਕਾਰ ਸਿੰਘ ਭੰਗਾਲਾ, ਦਿਲਬਾਗ ਸਿੰਘ ਗਿੱਲ ਅਤੇ ਬੀਬੀ ਨਰਿੰਦਰ ਕੌਰ ਪਲਾਹ ਸਾਬ੍ਹ ਸਮੇਤ 35 ਦੇ ਕਰੀਬ ਕਿਸਾਨਾਂ ਮਜ਼ਦੂਰਾਂ ਨੂੰ ਪੁਲਿਸ ਵਲੋਂ ਹਿਰਾਸਤ ਵਿੱਚ ਲਿਆ ਗਿਆ ਅਤੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਦੌਰਾਨ ਆਗੂਆਂ ਨੂੰ ਛੱਡਣ ਤੇ ਸਹਿਮਤੀ ਬਣੀ ਪਰ ਰਾਤ 8 ਵਜੇ ਦੇ ਕਰੀਬ ਪ੍ਰੈਸ ਬਿਆਨ ਲਿਖੇ ਜਾਣ ਤੱਕ ਰਿਹਾਈ ਨਹੀਂ ਕੀਤੀ ਗਈ। ਉਹਨਾ ਕਿਹਾ ਕਿ ਗੋਲਡਨ ਗੇਟ ਸਾਹਮਣੇ ਕਿਸਾਨ ਮਜਦੂਰ ਮੋਰਚਾ ਦੇ ਆਗੂ ਗੁਰਧਿਆਨ ਸਿੰਘ ਭਟੇੜੀ ਅਤੇ ਜਰਮਨਜੀਤ ਸਿੰਘ ਬੰਡਾਲਾ ਦੀ ਅਗਵਾਈ ਵਿੱਚ ਆ ਰਹੇ ਜਥੇ ਨੂੰ ਰੋਕਣ ਤੇ ਪੂਰਾ ਦਿਨ ਧਰਨਾ ਚਲਦਾ ਰਿਹਾ। ਆਗੂਆਂ ਕਿਹਾ ਕਿ ਸਰਕਾਰ ਜਾਣਬੁੱਝ ਕੇ ਸੜਕਾਂ ਰੋਕ ਕੇ ਆਮ ਲੋਕਾਂ ਵਿੱਚ ਅੰਦੋਲਨਕਾਰੀਆਂ ਨੂੰ ਬਦਨਾਮ ਕਰਨ ਦੀ ਪੁਰਜ਼ੋਰ ਕੋਸ਼ਿਸ਼ ਕੀਤੀ ਗਈ, ਪਰ ਆਗੂਆਂ ਵੱਲੋਂ ਜ਼ੋਰਦਾਰ ਤਰੀਕੇ ਨਾਲ ਇਸਦਾ ਵਿਰੋਧ ਕਰਨ ਤੇ ਰਸਤੇ ਖੋਲ੍ਹੇ ਗਏ। ਇਸ ਜਸਵਿੰਦਰ ਸਿੰਘ ਲੌਂਗੋਵਾਲ, ਰਣਜੀਤ ਸਿੰਘ ਕਲੇਰ, ਬਾਜ਼ ਸਿੰਘ ਸਾਰੰਗੜਾ, ਸਕੱਤਰ ਸਿੰਘ ਕੋਟਲਾ, ਲਖਵਿੰਦਰ ਸਿੰਘ ਡਾਲਾ, ਗੁਰਦੇਵ ਸਿੰਘ ਗਗੋਮਾਹਲ, ਕੁਲਜੀਤ ਸਿੰਘ ਕਾਲੇ ਸਮੇਤ ਵੱਖ ਵੱਖ ਥਾਵਾਂ ਤੇ ਕੇ.ਐਮ.ਐਮ. ਨਾਲ ਸਬੰਧਿਤ ਵੱਖ ਵੱਖ ਜਥਬੰਦੀਆਂ ਤੋਂ ਕਿਸਾਨ ਮਜਦੂਰ ਅਤੇ ਔਰਤਾਂ ਸ਼ਾਮਿਲ ਹੋਏ।

# ਆਜ਼ਾਦੀ ਦੇ ਪਰਵਾਨੇ ਅਤੇ ਅਖ਼ਬਾਰ ਜਗਤ



The Tribune.

LAHORE, WEDNESDAY, MARCH 25, 1931. Price One Anna

BHAGAT SINGH, RAJGURU AND SUKHDEV EXECUTED.

NO "LAST INTERVIEW" WITH RELATIONS.

Shouts Emerge From Jail.

DEAD BODIES SECRETLY DISPOSED OF

Removed to Distant Place.

Thick Veil of Secrecy.

Relations' Futile Quest for Dead Bodies.

Bhagat Singh's Letter.

Congressmen's Feeling.

Fastest Train in World

DEAD BODIES REMOVED.

Not Given to Relations

Hail!

"DRUMS OF LOVE"

AVOID DELAY & DISCOMFORT

Optical Instruments



ਗੁਰਕਿਰਪਾਲ ਸਿੰਘ ਅਸ਼ਕ

ਉੱਘੇ ਦੇਸ਼ਭਗਤਾਂ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ 23 ਮਾਰਚ 1931 ਦੀ ਸ਼ਾਮ ਸਾਰੇ ਨਿਯਮ ਕਾਨੂੰਨ ਛਿੱਕੇ ਟੰਗ ਕੇ ਦਿੱਤੀ ਗਈ ਫਾਂਸੀ ਉਸ ਸਮੇਂ ਦੀ ਉਹ ਇਤਿਹਾਸਕ ਘਟਨਾ ਸੀ, ਜਿਸ ਦੀ ਕਵਰੇਜ ਨਾ ਕੇਵਲ ਭਾਰਤੀ ਅਖ਼ਬਾਰਾਂ ਵਿੱਚ ਸਗੋਂ ਵਿਦੇਸ਼ੀ ਅਖ਼ਬਾਰਾਂ ਵਿੱਚ ਵੀ ਵਿਆਪਕ ਪੱਧਰ 'ਤੇ ਹੋਈ। ਇਸ ਕਵਰੇਜ ਨੇ ਇਹ ਵੀ ਸਪੱਸ਼ਟ ਕੀਤਾ ਕਿ ਆਜ਼ਾਦੀ ਦੇ ਪਰਵਾਨਿਆਂ ਪ੍ਰਤੀ ਕਿਸ ਅਖ਼ਬਾਰ ਦੀ ਸੋਚ ਕਿਹੋ ਜਿਹੀ ਸੀ।

ਉਸ ਸਮੇਂ ਭਾਰਤੀ ਅਖ਼ਬਾਰ ਜਗਤ ਵਿੱਚ ਵੱਖ ਵੱਖ ਅਖ਼ਬਾਰਾਂ ਦੀ ਭਾਸ਼ਾ, ਸਿਰਲੇਖ ਅਤੇ ਰਿਪੋਰਟਿੰਗ ਦੇ ਅੰਦਾਜ਼ ਵਿੱਚ ਸਪੱਸ਼ਟ ਅੰਤਰ ਵੇਖਣ ਨੂੰ ਮਿਲਦਾ ਹੈ।

ਉਸ ਦੌਰ ਵਿੱਚ 'ਦਿ ਟ੍ਰਿਬਿਊਨ' ਅਖ਼ਬਾਰ ਨੇ ਇਸ ਸ਼ਹਾਦਤ ਨੂੰ ਇੱਕ 'ਕੌਮੀ ਦੁਖਾਂਤ' ਵਜੋਂ ਪੇਸ਼ ਕੀਤਾ। ਅਖ਼ਬਾਰ ਨੇ ਆਪਣੇ 25 ਮਾਰਚ 1931 ਦੇ ਅੰਕ ਵਿੱਚ ਪਹਿਲੇ ਪੰਨੇ ਦੇ ਸਭ ਤੋਂ ਉੱਪਰ ਵੱਡੇ ਅੱਖਰਾਂ ਵਿੱਚ ਸ਼ਹੀਦਾਂ ਦੇ ਨਾਂ ਸਤਿਕਾਰ ਸਹਿਤ ਲਿਖਦਿਆਂ ਖ਼ਬਰ ਦਿੱਤੀ: ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਫਾਂਸੀ ਦਿੱਤੀ ਗਈ। ਉਸ ਸਮੇਂ ਅੰਗਰੇਜ਼ਾਂ ਦੀ ਸਖ਼ਤ ਸੈਂਸਰਸ਼ਿਪ ਸੀ, ਫਿਰ ਵੀ 'ਦਿ ਟ੍ਰਿਬਿਊਨ' ਨੇ ਬਿਨਾਂ ਡਰੇ ਸੱਚ ਛਾਪਿਆ। ਅਖ਼ਬਾਰ ਨੇ ਲਿਖਿਆ- ''ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੀਆਂ ਲਾਸ਼ਾਂ ਪਰਿਵਾਰ ਨੂੰ ਨਹੀਂ ਦਿੱਤੀਆਂ ਗਈਆਂ। ਰਿਪੋਰਟਾਂ ਅਨੁਸਾਰ, ਲਾਸ਼ਾਂ ਨੂੰ ਚੁੱਪਚਾਪ ਲਾਰੀਆਂ ਵਿੱਚ ਜੇਲ੍ਹ ਤੋਂ ਬਾਹਰ ਲਿਜਾ ਕੇ ਫਿਰੋਜ਼ਪੁਰ ਨੇੜੇ ਸਤਲੁਜ ਦਰਿਆ ਦੇ ਕੰਢੇ ਲਿਜਾਇਆ ਗਿਆ।''

'ਦਿ ਟ੍ਰਿਬਿਊਨ' ਨੇ 'ਸੀਕ੍ਰੇਟਲੀ' ਅਤੇ 'ਕੋਈ ਆਖ਼ਰੀ ਮੁਲਾਕਾਤ ਨਹੀਂ' ਵਰਗੇ ਸ਼ਬਦ ਵਰਤ ਕੇ ਸਿਸਟਮ ਦੀਆਂ ਖ਼ਾਮੀਆਂ ਨੂੰ ਉਜਾਗਰ ਕੀਤਾ। ਅਖ਼ਬਾਰ ਨੇ ਜੇਲ੍ਹ ਅੰਦਰੋਂ ਗੂੰਜੇ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰਿਆਂ ਦਾ ਵੀ ਨਿਡਰਤਾ ਨਾਲ ਜ਼ਿਕਰ ਕੀਤਾ।

ਦੂਜੇ ਪਾਸੇ 'ਟਾਈਮਜ਼ ਔਫ ਇੰਡੀਆ' ਦੀ ਸੁਰਖ਼ੀ ਸੀ: "ਸਾਂਡਰਸ ਦੇ ਕਾਤਲਾਂ ਨੂੰ ਲਾਹੌਰ ਜੇਲ੍ਹ ਵਿੱਚ ਫਾਂਸੀ ਦਿੱਤੀ ਗਈ"। ਉਪ ਸੁਰਖ਼ੀਆਂ ਲਾਈਆਂ ਗਈਆਂ: "ਭਗਤ ਸਿੰਘ ਅਤੇ ਉਸ ਦੇ ਦੋ ਸਾਥੀ ਕੈਦੀਆਂ ਨੂੰ ਬਚਾਉਣ ਦੇ ਯਤਨ", "ਲਾਹੌਰ ਹਾਈ ਕੋਰਟ ਨੇ 'ਹੈਬੀਅਸ ਕਾਰਪਸ' ਅਤੇ ਪ੍ਰਿਵੀ ਕੌਂਸਲ ਵਿੱਚ ਅਪੀਲ ਕਰਨ ਦੀਆਂ ਅਰਜ਼ੀਆਂ ਰੱਦ ਕੀਤੀਆਂ"। ਅਖ਼ਬਾਰ ਨੇ ਅੰਗਰੇਜ਼ਾਂ ਵੱਲੋਂ ਕੀਤੀ ਗਈ ਬੇਹੁਰਮਤੀ ਜਾਂ ਗ਼ੈਰ-ਕਾਨੂੰਨੀ ਤਰੀਕੇ ਨਾਲ ਪਿਛਲੀ ਕੰਧ ਤੋੜਨ ਵਰਗੇ ਤੱਥਾਂ ਦਾ ਜ਼ਿਕਰ ਨਹੀਂ ਕੀਤਾ।

'ਹਿੰਦੋਸਤਾਨ ਟਾਈਮਜ਼' ਅਖ਼ਬਾਰ ਨੇ ਫਾਂਸੀ ਦੀ ਖ਼ਬਰ ਨੂੰ ਤੱਥਾਤਮਕ ਢੰਗ ਨਾਲ ਪੇਸ਼ ਕਰਦਿਆਂ ਨਾਲ ਹੀ ਜਨਤਾ ਦੀ ਪ੍ਰਤੀਕਿਰਿਆ ਨੂੰ ਵੀ ਉਭਾਰਿਆ। ਰਿਪੋਰਟਾਂ ਵਿੱਚ ਦਿੱਲੀ ਅਤੇ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਲੋਕਾਂ ਦੇ ਇਕੱਠ, ਦੁਕਾਨਾਂ ਦੇ ਬੰਦ ਰਹਿਣ ਅਤੇ ਵਿਦਿਆਰਥੀਆਂ ਦੇ ਪ੍ਰਦਰਸ਼ਨਾਂ ਦਾ ਵੀ ਜ਼ਿਕਰ ਕੀਤਾ ਗਿਆ। ਇਸ ਤੋਂ ਇਲਾਵਾ ਕੁਝ ਰਿਪੋਰਟਾਂ ਵਿੱਚ ਇਹ ਵੀ ਦਰਸਾਇਆ ਗਿਆ ਕਿ ਇਹ ਘਟਨਾ ਗਾਂਧੀ-ਇਰਵਿਨ ਸਮਝੌਤੇ ਦੇ ਤਾਜ਼ਾ ਸਿਆਸੀ ਮਾਹੌਲ ਵਿਰੁੱਧ ਇੱਕ ਵੱਡਾ ਝਟਕਾ ਸੀ।

ਭਾਰਤੀ ਭਾਸ਼ਾਵਾਂ ਦੇ ਅਖ਼ਬਾਰਾਂ ਵਿੱਚ ਰਿਪੋਰਟਿੰਗ ਹੋਰ ਵਧੇਰੇ ਭਾਵਨਾਤਮਕ ਅਤੇ ਰਾਸ਼ਟਰਵਾਦੀ ਰੁਖ਼ ਵਾਲੀ ਦਿਖਾਈ ਦਿੰਦੀ ਹੈ। ਅੰਗਰੇਜ਼ੀ ਸੈਂਸਰਸ਼ਿਪ ਦੀ ਪਰਵਾਹ ਕੀਤੇ ਬਿਨਾਂ ਸ਼ਹੀਦਾਂ ਨੂੰ 'ਕੌਮੀ ਨਾਇਕ' ਵਜੋਂ ਪੇਸ਼ ਕੀਤਾ ਗਿਆ। ਉਸ ਵੇਲੇ ਪੰਜਾਬੀ ਅਖ਼ਬਾਰ 'ਅਕਾਲੀ' ਅਤੇ ਹੋਰ ਖੇਤਰੀ ਪੱਤਰਾਂ ਨੇ ਇਸ ਘਟਨਾ ਨੂੰ 'ਸ਼ਹਾਦਤ' ਦੇ ਤੌਰ 'ਤੇ ਦਰਸਾਇਆ ਅਤੇ ਸਿਰਲੇਖਾਂ ਵਿੱਚ ਇਸ ਦੀ ਗੰਭੀਰਤਾ ਤੇ ਜਜ਼ਬਾਤੀ ਪ੍ਰਭਾਵ ਨੂੰ ਉਭਾਰਿਆ। ਕਈ ਪੱਤਰਾਂ ਵਿੱਚ ਸੰਪਾਦਕੀ ਲੇਖਾਂ ਰਾਹੀਂ ਇਸ ਫਾਂਸੀ ਦੀ ਆਲੋਚਨਾ ਕੀਤੀ ਗਈ ਅਤੇ ਇਸ ਨੂੰ ਆਜ਼ਾਦੀ ਦੀ ਲਹਿਰ ਵਿੱਚ ਇੱਕ ਨਵਾਂ ਮੋੜ ਕਰਾਰ ਦਿੱਤਾ ਗਿਆ। 'ਅਕਾਲੀ' ਨੇ ਆਪਣੇ ਪੰਨਿਆਂ 'ਤੇ ਕਾਲੇ ਹਾਸ਼ੀਏ ਲਗਾਏ ਅਤੇ ਸੰਪਾਦਕੀ ਵਿੱਚ ਲਿਖਿਆ ਕਿ ਇਹ ਫਾਂਸੀ ਅੰਗਰੇਜ਼ੀ ਰਾਜ ਦੇ ਤਾਬੂਤ ਵਿੱਚ ਆਖ਼ਰੀ ਕਿੱਲ ਸਾਬਿਤ ਹੋਵੇਗੀ।

ਹਿੰਦੀ ਅਤੇ ਉਰਦੂ ਪ੍ਰੈੱਸ ਵਿੱਚ ਵੀ ਇਹੀ ਰੁਝਾਨ ਵੇਖਣ ਨੂੰ ਮਿਲਦਾ ਹੈ। ਗਣੇਸ਼ ਸ਼ੰਕਰ ਵਿਦਿਆਰਥੀ ਦੁਆਰਾ ਸੰਪਾਦਿਤ ਅਤੇ ਕਾਨਪੁਰ ਤੋਂ ਪ੍ਰਕਾਸ਼ਿਤ ਹਿੰਦੀ ਅਖ਼ਬਾਰ 'ਪ੍ਰਤਾਪ' ਅਤੇ ਦਿੱਲੀ ਦੇ 'ਅਰਜੁਨ' ਵਰਗੇ ਅਖ਼ਬਾਰਾਂ ਨੇ ਇਸ ਘਟਨਾ ਨੂੰ ਬਲੀਦਾਨ ਅਤੇ ਕੁਰਬਾਨੀ ਦੇ ਰੂਪ ਵਿੱਚ ਪੇਸ਼ ਕੀਤਾ। ਇਨ੍ਹਾਂ ਰਿਪੋਰਟਾਂ ਵਿੱਚ ਫਾਂਸੀ ਦੇ ਸਮੇਂ ਵਿੱਚ ਕੀਤੀ ਗਈ ਤਬਦੀਲੀ ਅਤੇ ਪ੍ਰਸ਼ਾਸਨਿਕ ਗੁਪਤਤਾ ਵਰਗੇ ਮਾਮਲਿਆਂ ਨੂੰ ਵੀ ਉਜਾਗਰ ਕੀਤਾ ਗਿਆ। ਬਾਲ ਗੰਗਾਧਰ ਤਿਲਕ ਦੁਆਰਾ ਸ਼ੁਰੂ ਕੀਤੇ ਗਏ 'ਕੇਸਰੀ' ਵਰਗੇ ਅਖ਼ਬਾਰਾਂ ਨੇ ਮਹਾਰਾਸ਼ਟਰ ਵਿੱਚ ਇਸ ਖ਼ਬਰ ਨੂੰ ਇੱਕ ਵੱਡੀ ਕੌਮੀ ਲਹਿਰ ਵਜੋਂ ਪੇਸ਼ ਕੀਤਾ।

ਬੰਗਾਲ ਵਿੱਚ ਕ੍ਰਾਂਤੀਕਾਰੀ ਲਹਿਰ ਬਹੁਤ ਮਜ਼ਬੂਤ ਸੀ। ਕਲਕੱਤਾ (ਕੋਲਕਾਤਾ) ਤੋਂ ਛਪਣ ਵਾਲੇ ਅਖ਼ਬਾਰ 'ਅੰਮ੍ਰਿਤ ਬਾਜ਼ਾਰ ਪੱਤ੍ਰਿਕਾ' ਨੇ ਭਗਤ ਸਿੰਘ ਨੂੰ ਇੱਕ 'ਕੌਮੀ ਨਾਇਕ' ਤੇ 'ਸ਼ਹੀਦ' ਵਜੋਂ ਪੇਸ਼ ਕੀਤਾ ਅਤੇ ਇਸ ਘਟਨਾ ਨੂੰ ਭਾਰਤੀ ਲੋਕਾਂ ਦੇ ਭਾਵਨਾਤਮਕ ਉਬਾਲ ਨਾਲ ਜੋੜਿਆ। ਇਸ ਅਖ਼ਬਾਰ ਨੇ ਲਾਸ਼ਾਂ ਦੇ ਸਸਕਾਰ ਦੇ ਤਰੀਕੇ ਅਤੇ ਪਰਿਵਾਰ ਨਾਲ ਮੁਲਾਕਾਤ ਨਾ ਕਰਵਾਏ ਜਾਣ ਦੀ ਸਖ਼ਤ ਨਿੰਦਾ ਕੀਤੀ।

ਬ੍ਰਿਟਿਸ਼ ਅਖ਼ਬਾਰ 'ਦਿ ਟਾਈਮਜ਼' ਨੇ ਕਾਫ਼ੀ ਸਾਧਾਰਨ ਅਤੇ ਕਾਨੂੰਨ-ਵਿਵਸਥਾ ਦੇ ਨਜ਼ਰੀਏ ਨਾਲ ਸਰਕਾਰੀ ਲਹਿਜੇ ਵਿੱਚ ਖ਼ਬਰ ਛਾਪੀ ਅਤੇ ਭਗਤ ਸਿੰਘ ਨੂੰ 'ਕ੍ਰਾਂਤੀਕਾਰੀ ਆਤੰਕਵਾਦੀ' ਦੱਸਿਆ। 'ਦਿ ਮਾਨਚੈਸਟਰ ਗਾਰਡੀਅਨ' ਜੋ ਹੁਣ 'ਗਾਰਡੀਅਨ' ਵਜੋਂ ਜਾਣ ਜਾਂਦਿਆ ਹੈ, ਨੇ ਕੁਝ ਹੱਦ ਤੱਕ ਸੰਤੁਲਿਤ ਰਿਪੋਰਟਿੰਗ ਕੀਤੀ ਅਤੇ ਸ਼ਹੀਦਾਂ ਨੂੰ ਫਾਂਸੀ ਦਿੱਤੇ ਜਾਣ ਮਗਰੋਂ ਭਾਰਤ ਦੇ ਲੋਕਾਂ ਦੇ ਮਨਾਂ 'ਚ ਪੈਦਾ ਹੋਈ ਭਾਵਨਾ ਦਾ ਜ਼ਿਕਰ ਕੀਤਾ। 'ਦਿ ਨਿਊਯਾਰਕ ਟਾਈਮਜ਼' ਨੇ ਇਸ ਘਟਨਾ ਨੂੰ ਬ੍ਰਿਟਿਸ਼ ਭਾਰਤ ਦੀ ਰਾਜਨੀਤਿਕ ਸਥਿਤੀ ਨਾਲ ਜੋੜਦਿਆਂ ਕੌਮਾਂਤਰੀ ਖ਼ਬਰ ਵਜੋਂ ਛਾਪਿਆ। 'ਸ਼ਿਕਾਗੋ ਡੇਅਲੀ ਟ੍ਰਿਬਿਊਨ' ਨੇ ਭਾਵੇਂ ਖ਼ਬਰ ਤਾਂ ਛੋਟੀ ਜਿਹੀ ਦਿੱਤੀ ਪਰ ਪਰ ਹੈਡਿੰਗ ਦਿੱਤਾ : "ਭਾਰਤੀ ਕ੍ਰਾਂਤੀਕਾਰੀ ਰਾਸ਼ਟਰਵਾਦੀ ਨੂੰ ਫਾਂਸੀ"।

ਇਨ੍ਹਾਂ ਸਾਰੀਆਂ ਰਿਪੋਰਟਾਂ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਇੱਕੋ ਘਟਨਾ ਨੂੰ ਵੱਖ-ਵੱਖ ਅਖ਼ਬਾਰਾਂ ਨੇ ਆਪੋ-ਆਪਣੇ ਨਜ਼ਰੀਏ ਨਾਲ ਪੇਸ਼ ਕੀਤਾ। ਜਿੱਥੇ ਬ੍ਰਿਟਿਸ਼ ਅਤੇ ਕੁਝ ਸਰਕਾਰ ਪੱਖੀ ਅਖ਼ਬਾਰਾਂ ਨੇ ਇਸ ਨੂੰ ਕਾਨੂੰਨੀ ਕਾਰਵਾਈ ਵਜੋਂ ਦਰਸਾਇਆ, ਉੱਥੇ ਰਾਸ਼ਟਰਵਾਦੀ ਅਤੇ ਖ਼ੇਤਰੀ ਅਖ਼ਬਾਰਾਂ ਨੇ ਇਸ ਨੂੰ ਸ਼ਹਾਦਤ ਅਤੇ ਕੁਰਬਾਨੀ ਦੇ ਰੂਪ ਵਿੱਚ ਪੇਸ਼ ਕੀਤਾ। ਇਸ ਤਰ੍ਹਾਂ ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦੀ ਫਾਂਸੀ ਸਿਰਫ਼ ਇੱਕ ਇਤਿਹਾਸਕ ਘਟਨਾ ਹੀ ਨਹੀਂ ਰਹੀ, ਸਗੋਂ ਇਹ ਮੀਡੀਆ ਦੀ ਭੂਮਿਕਾ ਅਤੇ ਉਸਦੀ ਵਿਚਾਰਧਾਰਕ ਪਹੁੰਚ ਦੀ ਵੀ ਇੱਕ ਮਹੱਤਵਪੂਰਨ ਉਦਾਹਰਨ ਬਣੀ।

ਸੰਪਰਕ:
98780-19889



# ਭਾਰਤ ਦੀ ਜੰਗ-ਏ-ਆਜ਼ਾਦੀ ਦਾ ਸਦਾ ਚਮਕਦਾ ਕੋਹਿਨੂਰ ਹੀਰਾ

## ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ



ਅਕਤੂਬਰ 1926 ਈ. ਨੂੰ ਰਾਮ ਲੀਲ੍ਹਾ ਦੀ ਝਾਕੀ ਕੱਢੀ ਗਈ। ਅਚਾਨਕ ਕਿਸੇ ਨੇ ਬੰਬ ਸੁੱਟ ਦਿੱਤਾ। ਜਿਸ ਨਾਲ ਜਾਨੀ ਨੁਕਸਾਨ ਵੀ ਹੋਇਆ। ਸਰਕਾਰ ਦੀਆਂ ਖ਼ੁਫ਼ੀਆਂ ਅਤੇ ਸੂਹੀਆਂ ਏਜੰਸੀਆਂ ਨੇ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ਸ਼ੀਲ ਕ੍ਰਾਂਤੀਕਾਰੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਕਿਉਂ ਕਿ ਸਰਕਾਰ ਨੇ ਅਜਿਹੀ ਕ੍ਰਾਂਤੀਕਾਰੀ ਸ਼ਖ਼ਸੀਅਤ 'ਤੇ ਕੇਸ ਪਾਕੇ ਨਾਮਣਾ ਖਟਣਾ ਹੁੰਦਾ ਹੈ ਅਤੇ ਲੋਕਾਂ ਦੇ ਮਨਾਂ 'ਚ ਉਨ੍ਹਾਂ ਕ੍ਰਾਂਤੀਕਾਰੀਆਂ ਵਿਰੁੱਧ ਨਫ਼ਰਤ ਵੀ ਪੈਦਾ ਕਰਨੀ ਹੁੰਦੀ ਹੈ। ਸਰਕਾਰੀ ਏਜੰਸੀਆਂ ਨੇ ਲੱਭ ਲਿਆ ਕਿ ਸ. ਭਗਤ ਸਿੰਘ ਉਨ੍ਹਾਂ ਦਿਨਾਂ 'ਚ ਲਾਹੌਰ ਵਿਚ ਹੀ ਸੀ ਅਤੇ ਉਨ੍ਹਾਂ 'ਤੇ ਇਹ ਕੇਸ ਮੜ੍ਹ ਦਿੱਤਾ। ਉਨ੍ਹਾਂ ਨੂੰ ਗ੍ਰਿਫਤਾਰ ਕਰਕੇ ਬਦਨਾਮ ਬੋਰਸਟਲ ਜੇਲ੍ਹ 'ਚ ਡੱਕ ਦਿਤਾ। ਪੁਲਿਸ ਦੀਆਂ ਸੂਹੀਆ ਏਜੰਸੀਆਂ ਨੇ ਖ਼ੂਬ ਵਾਹ-ਵਾਹ ਖੱਟੀ। ਕਾਫ਼ੀ ਲੰਮਾ ਸਮਾਂ ਭਗਤ ਸਿੰਘ ਨੂੰ ਕਿਸੇ ਅਦਾਲਤ 'ਚ ਕਿਸੇ ਮੈਜਿਸਟਰੇਟ ਅੱਗੇ ਪੇਸ਼ ਨਾ ਕੀਤਾ ਗਿਆ। ਉਨ੍ਹਾਂ ਨੂੰ ਗ਼ੈਰਕਾਨੂੰਨੀ ਹਿਰਾਸਤ ਵਿਚ, ਇਕਾਂਤ 'ਚ, ਜਿਸ ਨੂੰ ਜੇਲ੍ਹ ਵਿਚ ਕਾਲ (ਫ਼ਾਂਸੀ ਕੋਠੀ) ਕੋਠੜੀ ਕਿਹਾ ਜਾਂਦਾ ਹੈ, 'ਚ ਰਖਿਆ ਗਿਆ। ਇਤਿਹਾਸ ਗਵਾਹ ਹੈ ਕਿ ਉਹ ਬੰਬ ਸਰਦਾਰ ਭਗਤ ਸਿੰਘ ਹੁਰਾਂ ਨੇ ਨਹੀਂ ਸੀ ਸੁੱਟਿਆ। ਜਲੂਸ ਤਾਂ ਭਾਰਤੀਆਂ ਵੱਲੋਂ ਹੀ ਕੱਢਿਆ ਜਾ ਰਿਹਾ ਸੀ। ਜਿਨ੍ਹਾਂ ਦੀ ਆਜ਼ਾਦੀ ਲਈ ਉਨ੍ਹਾਂ ਨੇ ਆਪਣੀ ਜ਼ਿੰਦਗੀ ਹੀ ਦਾਅ 'ਤੇ ਲਗਾ ਦਿੱਤੀ ਸੀ। ਉਨ੍ਹਾਂ ਨੂੰ ਮਾਰਨ ਬਾਰੇ ਤਾਂ ਉਹ ਸੁਪਨੇ 'ਚ ਨਹੀਂ ਸੀ ਸੋਚ ਸਕਦਾ।



-ਪ੍ਰੋ. ਕਿਰਪਾਲ ਸਿੰਘ ਬਡੂੰਗਰ

ਫਿਰ ਲੰਮਾ ਸਮਾਂ ਮੁਕੱਦਮਾ ਚਲਾਉਣ ਬਾਅਦ ਸਰਦਾਰ ਭਗਤ ਸਿੰਘ ਵਿਰੁੱਧ ਪੂਰੇ ਸਬੂਤ ਨਾ ਹੋਣ ਕਾਰਨ ਜੱਜ ਨੇ ਉਨ੍ਹਾਂ ਨੂੰ 60000/- ਅੱਖਰੀਂ ਸੱਠ ਹਜ਼ਾਰ ਰੁਪਏ ਮੁਚਲਕਾ ਭਰਕੇ (ਜ਼ਮਾਨਤੀ ਰਕਮ) ਬਾਹਰ ਜਾਣ ਲਈ ਕਿਹਾ ਪ੍ਰੰਤੂ ਉਨ੍ਹਾਂ ਨੂੰ ਸਰਕਾਰ ਦੀ ਸ਼ਰਤ ਮਨਜ਼ੂਰ ਨਹੀਂ ਸੀ। ਅੰਤ ਨੂੰ ਕੁਝ ਸਮੇਂ ਬਾਅਦ ਉਹ ਜੇਲ੍ਹ ਤੋਂ ਬਾਹਰ ਆ ਗਏ।

ਸ. ਭਗਤ ਸਿੰਘ ਨੇ ਮੁੜ ਕ੍ਰਾਂਤੀਕਾਰੀ ਸਰਗਰਮੀਆਂ ਹੋਰ ਜ਼ਿਆਦਾ ਜੋਸ਼ ਅਤੇ ਜਜ਼ਬੇ ਨਾਲ ਸ਼ੁਰੂ ਕਰ ਦਿੱਤੀਆਂ। 'ਭਾਰਤ ਨੌਜਵਾਨ ਸਭਾ' ਦੇ ਕਾਰਕੁਨਾਂ ਅਤੇ ਆਮ ਭਾਰਤੀ ਪਬਲਿਕ ਨੂੰ ਆਪਣੇ ਜੋਸ਼ੀਲੇ ਭਾਸ਼ਣਾਂ ਖ਼ਾਸ ਕਰਕੇ ਉਨ੍ਹਾਂ ਨੌਜਵਾਨ ਸਾਥੀਆਂ, ਜਿਨ੍ਹਾਂ ਨੇ 1914-1915 ਦੇ ਲਾਹੌਰ ਸਾਜ਼ਿਸ਼ ਕੇਸ ਵਿਚ ਸ. ਕਰਤਾਰ ਸਿੰਘ ਸਰਾਭਾ ਅਤੇ ਅਨੇਕਾਂ ਹੋਰ ਸਾਥੀਆਂ ਨੇ ਫ਼ਾਂਸੀਆਂ ਆਪਣੇ ਗਲੇ ਵਿਚ ਪਾ ਕੇ ਸ਼ਹੀਦੀਆਂ ਪਾਈਆਂ, ਦੇ ਜੀਵਨ ਅਤੇ ਸ਼ਹੀਦੀ ਬਾਰੇ ਉਹ ਪੂਰੇ ਜੋਸ਼ ਅਤੇ ਜਜ਼ਬੇ ਨਾਲ ਬੋਲਦੇ ਅਤੇ ਨੌਜਵਾਨਾਂ ਨੂੰ ਆਪਣੇ ਦੇਸ ਦੀ ਅਜ਼ਾਦੀ ਲਈ ਮਰ ਮਿਟਣ ਲਈ ਤਿਆਰ ਕਰਦੇ।

ਵਿਸ਼ਵ 'ਚ ਫੈਲੀ ਗ਼ਰੀਬੀ ਬਾਰੇ ਪੂਰੀ ਜਾਣਕਾਰੀ ਪ੍ਰਾਪਤ ਕਰਨ ਉਪਰੰਤ ਭਗਤ ਸਿੰਘ ਨੇ ਇਹ ਤੱਥ ਪੂਰੀ ਤਰ੍ਹਾਂ ਸਮਝ ਲਿਆ ਸੀ ਕਿ ਭਾਰਤ ਨੂੰ ਕੇਵਲ ਰਾਜਸੀ ਆਜ਼ਾਦੀ ਨਾਲ ਹੀ ਨਹੀਂ ਸਗੋਂ ਇਸ ਨੂੰ ਜਿਸ ਤਰ੍ਹਾਂ ਭਗਤ ਕਬੀਰ ਜੀ ਨੇ ਵੀ ਫ਼ੁਰਮਾਇਆ ਹੈ, "ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥" (656) ਅਤੇ ਗੁਰੂ ਨਾਨਕ ਦੇਵ ਜੀ ਨੇ ਮਨੁੱਖ ਦੀ ਇਸ ਆਰਥਿਕ ਲੋੜ ਨੂੰ ਬਾਖ਼ੂਬੀ ਸਮਝਦਿਆਂ ਹੋਇਆਂ "ਕਿਰਤ ਕਰਨ" ਦਾ ਉਪਦੇਸ਼ ਦਿੱਤਾ ਸੀ। ਆਰਥਿਕ ਆਜ਼ਾਦੀ ਅਤੇ ਸਮਾਜਿਕ ਬਰਾਬਰੀ ਦੀ ਵੀ ਸਖ਼ਤ ਲੋੜ ਹੈ ਤਾਂ ਹੀ ਭਾਰਤ ਦੀ ਆਜ਼ਾਦੀ ਮੁਕੰਮਲ ਸਮਝੀ ਜਾਵੇਗੀ। ਇਸ ਲਈ ਉਨ੍ਹਾਂ ਨੇ ਪਾਰਟੀ ਦੇ ਉਦੇਸ਼ ਵਿਚ ਤਬਦੀਲੀ ਲਿਆਉਣ ਲਈ ਇਸ ਦਾ ਨਿਸ਼ਾਨਾ ਅਤੇ ਨਾਂ ਬਦਲਣ ਲਈ ਇਸ ਦਾ ਨਾਮ 'ਹਿੰਦੋਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ' ਰੱਖਣ ਦੀ ਤਜਵੀਜ਼ ਪੂਰੇ ਜ਼ੋਰ ਨਾਲ ਰੱਖੀ। ਅੰਤ ਉਹ ਆਪਣੀ ਤਜਵੀਜ਼ ਸਮਝਾਉਣ ਵਿਚ ਸਫਲ ਹੋ ਗਏ। ਜੈ ਪ੍ਰਕਾਸ਼ ਨਰਾਇਣ ਨੇ ਜਦੋਂ ਮਹਾਤਮਾ ਗਾਂਧੀ ਵੱਲੋਂ ਰਾਸ਼ਟਰਵਾਦੀ ਪਾਰਟੀ 'ਇੰਡੀਅਨ ਨੈਸ਼ਨਲ ਕਾਂਗਰਸ' ਵੱਲੋਂ 1942 ਵਿਚ 'ਅੰਗਰੇਜ਼ੋ ਭਾਰਤ ਛੱਡੋ' ਦਾ ਨਾਅਰਾ ਲਗਾਇਆ ਤਾਂ ਵੀ ਜੈ ਪ੍ਰਕਾਸ਼ ਨਰੈਣ ਅਤੇ ਸੁਭਾਸ਼ ਚੰਦਰ ਬੋਸ ਵਰਗੇ ਨੇਤਾਵਾਂ ਦਾ ਵਿਚਾਰ ਸੀ ਕਿ ਨੇਤਾਵਾਂ ਦੇ ਬਦਲਣ ਨਾਲ ਭਾਰਤ ਦੀ ਹੋਣੀ ਨਹੀਂ ਬਦਲੀ ਜਾ ਸਕੇਗੀ। ਇਸ ਲਈ ਦੇਸ਼ ਅੰਦਰ ਆਜ਼ਾਦੀ ਦੇ ਨਾਲ-ਨਾਲ ਸਮਾਜਵਾਦ ਵੀ ਜ਼ਰੂਰੀ ਹੈ ਅਤੇ ਦੇਸ਼ ਵਾਸੀਆਂ ਨੂੰ ਰਾਜਸੀ ਆਜ਼ਾਦੀ ਦੇ ਨਾਲ ਨਾਲ ਆਰਥਿਕ ਅਜ਼ਾਦੀ, ਜਾਤ-ਪਾਤ ਅਤੇ ਫਿਰਕਾਪ੍ਰਸਤੀ ਤੋਂ ਬਿਲਕੁਲ ਮੁਕਤ ਕਰਨ ਅਤੇ ਉਹਨਾਂ ਨੂੰ ਭੁੱਖ ਮਰੀ ਅਤੇ ਲੁੱਟ-ਖਸੁੱਟ ਦੀ ਭੱਠੀ ਵਿਚ ਡਿਗਣ ਤੋਂ ਬਚਾਕੇ ਧਾਰਮਿਕ ਅਜ਼ਾਦੀ ਅਤੇ ਸਮਾਜਿਕ ਬਰਾਬਰੀ ਵੀ ਜ਼ਰੂਰੀ ਹੈ। ਰਾਸ਼ਟਰਵਾਦੀਆਂ ਨਾਲ ਸਿਧਾਂਤਕ ਮਤਭੇਦ ਹੋਣ ਕਰਕੇ ਸ੍ਰੀ ਜੈ ਪ੍ਰਕਾਸ਼ ਨਰਾਇਣ ਅਤੇ ਸੁਭਾਸ਼ ਚੰਦਰ ਬੋਸ ਹੁਰਾਂ ਨੇ ਨੈਸ਼ਨਲ ਸੋਸਲਿਸਟ ਕਾਂਗਰਸ ਪਾਰਟੀ ਬਣਾ ਲਈ ਸੀ।

ਅੰਗਰੇਜ਼ ਸਰਕਾਰ ਵਿਰੁੱਧ ਦੇਸ਼ ਅੰਦਰ ਖ਼ਾਸ ਕਰਕੇ ਪੰਜਾਬ ਅੰਦਰ ਚੱਲ ਰਹੀਆਂ ਅੰਗਰੇਜ਼ ਸਰਕਾਰ ਵਿਰੋਧੀ ਲਹਿਰਾਂ ਨੇ ਭਾਰਤ ਦੀ ਫਿਰੰਗੀ ਸਰਕਾਰ ਦਾ ਨੱਕ ਵਿਚ ਦਮ ਕਰ ਦਿੱਤਾ ਸੀ। ਇਹ ਵੀ ਇਕ ਪ੍ਰਸ਼ਾਸਨਿਕ ਸੱਚਾਈ ਹੈ ਕਿ ਜਦੋਂ ਸਰਕਾਰਾਂ ਦੀ ਅਜਿਹੀ ਪਤਲੀ ਹਾਲਤ ਹੋ ਜਾਵੇ ਅਤੇ ਸਰਕਾਰਾਂ ਕਮਜ਼ੋਰ ਹੋ ਜਾਣ ਤਾਂ ਸਰਕਾਰ ਸਾਰੇ ਕਾਇਦੇ-ਕਨੂੰਨ ਮਨੁੱਖੀ ਬਰਾਬਰੀ, ਮਨੁੱਖੀ ਅਧਿਕਾਰਾਂ ਦੀ ਅਣਦੇਖੀ ਕਰਕੇ ਬੇਤਹਾਸ਼ਾ ਜਬਰ-ਜ਼ੁਲਮ, ਧੱਕਾ ਅਤੇ ਬੇਇਨਸਾਫ਼ੀ ਕਰਦੀ ਹੈ ਅਤੇ ਸਾਰੇ ਨਿਯਮਾਂ ਅਤੇ ਕਾਨੂੰਨਾਂ ਨੂੰ ਛਿੱਕੇ ਉੱਤੇ ਟੰਗਕੇ ਜ਼ੁਲਮ ਦੀ ਹਨੇਰੀ ਵਗਾ ਦਿੰਦੀ ਹੈ। ਉਨ੍ਹਾਂ ਦਿਨਾਂ 'ਚ ਅੰਗਰੇਜ਼ ਸਰਕਾਰ ਇਹੋ ਕੁਝ ਬੜੀ ਬੇਹਿਯਾਹੀ ਨਾਲ ਕਰ ਰਹੀ ਸੀ। ਫਿਰੋਜ਼ਪੁਰ ਸ਼ਹਿਰ ਦੇ ਤੂੜੀ ਬਾਜ਼ਾਰ ਵਾਲੇ ਚੁਬਾਰੇ, ਜਿੱਥੇ ਸਰਦਾਰ ਭਗਤ ਸਿੰਘ ਦਾ ਟਿਕਾਣਾ ਸੀ, ਦੇ ਹੇਠਾਂ ਨਾਈ ਦੀ ਦੁਕਾਨ ਸੀ, ਸਮੇਂ ਦੀ ਨੀਤੀਗਤ ਲੋੜ ਅਨੁਸਾਰ ਸ. ਭਗਤ ਸਿੰਘ ਨੇ ਆਪਣੇ ਨਿਸ਼ਾਨੇ ਦੀ ਪ੍ਰਾਪਤੀ ਲਈ ਚਿਹਰਾ-ਮੁਹਰਾ ਬਦਲ ਲਿਆ ਅਤੇ ਐਨੀਆਂ ਸਖ਼ਤੀਆਂ ਅਤੇ ਕਰੜੇ ਪ੍ਰਬੰਧਾਂ ਦੇ ਬਾਵਜੂਦ ਭਾਰਤੀ ਹਿੰਦੁਸਤਾਨ ਸੋਸ਼ਲਿਸ਼ਟ ਰਿਪਬਲੀਕਨ ਐਸੋਸੀਏਸ਼ਨ ਦੇ ਮਹਾਨ ਕ੍ਰਾਂਤੀਕਾਰੀ ਇਨਕਲਾਬੀ ਸੂਰਮੇ ਸ. ਭਗਤ ਸਿੰਘ ਅਤੇ ਸ੍ਰੀ ਬੀ. ਕੇ. ਦੱਤ 8 ਅਪ੍ਰੈਲ 1929 ਨੂੰ ਦਿੱਲੀ ਪਹੁੰਚ ਗਏ। ਬੜੀ ਸੂਝ-ਬੂਝ, ਸਿਆਣਪ ਅਤੇ ਫੁਰਤੀ ਨਾਲ ਅਸੈਂਬਲੀ ਹਾਲ ਵਿਚ ਪਹੁੰਚ ਗਏ। ਅਸੈਂਬਲੀ ਦਾ ਸੈਸ਼ਨ ਚੱਲ ਰਿਹਾ ਸੀ। ਅੰਗਰੇਜ਼ ਸਰਕਾਰ ਦੇ ਸਾਰੇ ਉਚ ਅਧਿਕਾਰੀ ਮੌਜੂਦ ਸਨ। ਭਾਰਤ ਅਤੇ ਖ਼ਾਸ ਕਰਕੇ ਪੰਜਾਬ ਉਤੇ ਹੋਰ ਸਖ਼ਤੀ ਕਿਵੇਂ ਕੀਤੀ ਜਾਵੇ ਅਤੇ ਇਨਕਲਾਬੀ ਕ੍ਰਾਂਤੀਕਾਰੀਆਂ ਨੂੰ ਕਾਬੂ ਕਿਵੇਂ ਕੀਤਾ ਜਾਵੇ? ਆਦਿ ਬਾਰੇ ਵਿਚਾਰਾਂ ਚਲ ਰਹੀਆਂ ਸਨ। ਭਗਤ ਸਿੰਘ ਅਤੇ ਬੀ. ਕੇ. ਦੱਤ ਲਈ ਇਸ ਤੋਂ ਵਧੀਆ ਹੋਰ ਕਿਹੜਾ ਮੌਕਾ ਹੋ ਸਕਦਾ ਸੀ। ਭਗਤ ਸਿੰਘ ਨੇ ਪੂਰੇ ਜ਼ੋਰ ਨਾਲ ਵੰਗਾਰ ਕੇ ਦੋ ਬੰਬ ਅੰਗਰੇਜ਼ ਅਹਿਲਕਾਰਾਂ ਉਪਰ ਦਾਗ ਦਿੱਤੇ। ਅਸੈਂਬਲੀ ਹਾਲ ਅੰਦਰ ਧੂੰਆਂ ਹੀ ਧੂੰਆਂ ਫੈਲ ਗਿਆ ਅਤੇ ਚੀਕ-ਚਿਖਾੜਾ ਮਚ ਗਿਆ। ਅੰਗਰੇਜ਼ ਸਰਕਾਰ ਦੇ ਥੰਮ੍ਹ ਹਿਲ ਗਏ। ਬੱਬਰ ਸ਼ੇਰ ਭਗਤ ਸਿੰਘ ਅਤੇ ਬੁਟਕੇਸ਼ਵਰ ਦੱਤ (ਸ੍ਰੀ ਬੀ. ਕੇ. ਦੱਤ) ਆਪਣੀ ਜਾਨ ਬਚਾਉਣ ਲਈ ਦੌੜੇ ਨਹੀਂ ਸਗੋਂ ਅਡੋਲ ਖੜ੍ਹੇ ਰਹੇ। ਦੋਨਾਂ ਨੂੰ ਗ੍ਰਿਫਤਾਰ ਕੀਤਾ ਗਿਆ। ਪਹਿਲਾਂ ਉਨ੍ਹਾਂ ਨੂੰ ਬੋਰਸਟਲ ਜੇਲ੍ਹ ਭੇਜਿਆ ਗਿਆ। ਮੁਕਦਮਾ ਚਲਾਇਆ ਗਿਆ। ਜਿੱਥੇ ਉਨ੍ਹਾਂ ਨੇ ਜੇਲ੍ਹ ਅਧਿਕਾਰੀਆਂ ਅਤੇ ਹੋਰ ਸਰਕਾਰੀ ਏਜੰਸੀਆਂ ਵੱਲੋਂ ਅਪਣਾਏ ਜਾ ਰਹੇ ਅਣਮਨੁੱਖੀ ਕਾਰਿਆਂ ਦਾ ਸਖ਼ਤ ਵਿਰੋਧ ਕੀਤਾ ਅਤੇ 116 ਦਿਨ ਲੰਮੀ ਭੁੱਖ ਹੜਤਾਲ ਕੀਤੀ ਸੀ। ਸਰਕਾਰ ਹਾਰੀ ਅਤੇ ਉਸ ਨੇ ਆਪਣੀਆਂ ਨੀਤੀਆਂ ਅਤੇ ਵਰਤਾਉ ਵਿਚ ਤਬਦੀਲੀ ਲਿਆਂਦੀ। ਹੁਣ ਉਧਰ ਸਾਂਡਰਸ ਕਤਲ ਕੇਸ, ਜਿਸ ਨੂੰ ਲਾਹੌਰ ਸਾਜ਼ਿਸ਼ ਕੇਸ ਕਿਹਾ ਜਾਂਦਾ ਹੈ, ਨੂੰ ਸਪੈਸ਼ਲ ਅਦਾਲਤ ਦੇ ਸਪੁਰਦ ਕਰ ਦਿੱਤਾ ਗਿਆ। ਉਹ ਸੂਰਮੇ ਅਦਾਲਤ ਵਿਚ ਹਾਜ਼ਰ ਨਹੀਂ ਸਨ ਹੁੰਦੇ ਕਿਉਂ ਕਿ ਉਨ੍ਹਾਂ ਨੂੰ ਪਤਾ ਸੀ ਕਿ ਅਦਾਲਤ ਵੀ ਅੰਗਰੇਜ਼ ਸਰਕਾਰ ਦੀ ਹੀ ਹੈ। ਨਾ ਹੀ ਉਹ ਅਦਾਲਤ ਵਿਚ ਪੇਸ਼ ਹੋ ਕੇ ਕਿਸੇ ਅੰਗਰੇਜ਼ ਜੱਜ ਦੇ ਸਾਹਮਣੇ ਝੁਕ ਹੀ ਸਕਦੇ ਸਨ। ਉਹ ਤਾਂ ਕੇਵਲ ਆਪਣੇ ਇਸ਼ਟ ਸਾਹਮਣੇ ਹੀ ਝੁਕ ਸਕਦੇ ਸਨ। ਫ਼ਾਂਸੀ ਦੀ ਸਜ਼ਾ ਤਾਂ ਪੱਕੀ ਹੀ ਸੀ। ਉਨ੍ਹਾਂ ਦੀ ਗ਼ੈਰ-ਹਾਜ਼ਰੀ ਵਿਚ ਹੀ ਮੁਕਦਮਾ ਚਲਾਇਆ ਗਿਆ ਅਤੇ 7 ਅਕਤੂਬਰ 1930 ਨੂੰ ਸਪੈਸ਼ਲ ਅਦਾਲਤ ਟ੍ਰਿਬਿਊਨਲ ਦਾ ਪਿਆਦਾ (ਹਰਕਾਰਾ) ਇਕ ਅਦਾਲਤੀ ਹੁਕਮ ਲੈ ਕੇ ਆਇਆ। ਜਿਸ ਕਾਗਜ਼ ਉਤੇ ਹੁਕਮ ਲਿਖਿਆ ਹੋਇਆ ਸੀ ਉਸ ਦੇ ਚਾਰੇ ਪਾਸੇ ਕਾਲੀ ਲਕੀਰ ਲਗਾਈ ਹੋਈ ਸੀ। ਜਿਸ ਨੂੰ ਅਦਾਲਤੀ ਭਾਸ਼ਾ ਵਿਚ ਕਾਲਾ ਹੁਕਮ ਕਿਹਾ ਜਾਂਦਾ ਹੈ। ਇਹ ਅਦਾਲਤੀ ਹੁਕਮ ਭਾਰਤ ਮਾਤਾ ਦੇ ਸੱਚੇ-ਸੁੱਚੇ ਸਪੂਤਾਂ ਸੁਖਦੇਵ, ਰਾਜਗੁਰੂ ਅਤੇ ਸਰਦਾਰ ਭਗਤ ਸਿੰਘ ਦੇ ਫਾਂਸੀ ਦੇ ਹੁਕਮ ਸਨ।

ਪ੍ਰਸਿੱਧ ਗ਼ਦਰੀ ਸੰਘਰਸ਼ੀ ਯੋਧੇ ਸ. ਸਾਹਿਬ ਸਿੰਘ ਸਲਾਣਾ ਜੋ ਉਸ ਸਮੇਂ ਉਸੇ ਜੇਲ੍ਹ ਵਿਚ ਕੈਦ ਕੱਟ ਰਿਹਾ ਸੀ, ਨੇ ਆਪਣੀ ਪੁਸਤਕ ਵਿਚ ਆਪਣੇ ਸਾਥੀ ਭਗਤ ਸਿੰਘ ਦੀ ਸ਼ਹੀਦੀ ਦੇ ਅੱਖੀਂ ਵੇਖੇ ਹਾਲਾਤ ਅਤੇ "ਮੇਰੀ ਆਪ ਬੀਤੀ" ਵਿਚ ਲਿਖਿਆ ਹੈ ਕਿ "ਉਨ੍ਹਾਂ ਦਿਨਾਂ ਵਿਚ ਫ਼ਾਂਸੀ ਦੇਣ ਦਾ ਆਮ ਅਸੂਲ ਇਹ ਸੀ ਕਿ ਜਿਸ ਦਿਨ ਦੀ ਫ਼ਾਂਸੀ ਦੇਣ ਦੀ ਤਰੀਕ ਨੀਯਤ ਕੀਤੀ ਜਾਂਦੀ ਸੀ, ਉਸ ਤੋਂ ਤਿੰਨ ਦਿਨ ਪਹਿਲਾਂ ਰਿਸ਼ਤੇਦਾਰ, ਮਿੱਤਰਾਂ-ਦੋਸਤਾਂ ਨੂੰ ਉਸ ਦੀ ਮੁਲਾਕਾਤ ਦੀ ਆਗਿਆ ਹੁੰਦੀ ਸੀ। ਜਦੋਂ ਸ. ਭਗਤ ਸਿੰਘ ਦੇ ਪਿਤਾ ਸ. ਕਿਸ਼ਨ ਸਿੰਘ ਅਤੇ ਹੋਰ ਸਾਕ-ਸਬੰਧੀ, ਦੋਸਤ ਮੁਲਾਕਾਤ ਕਰਨ ਲਈ ਗਏ ਤਾਂ ਦਰੋਗਾ ਜੇਲ੍ਹ ਨੇ ਕਿਹਾ ਕਿ ਸਿਰਫ਼ ਸਕੇ-ਸੰਬੰਧੀ ਹੀ ਮੁਲਾਕਾਤ ਕਰ ਸਕਦੇ ਹਨ ਹੋਰ ਨਹੀਂ। ਸ. ਕਿਸ਼ਨ ਸਿੰਘ ਨੇ ਕਿਹਾ ਕਿ ਦੋਸਤਾਂ-ਮਿੱਤਰਾਂ ਨੂੰ ਆਗਿਆ ਹੋਣੀ ਚਾਹੀਦੀ ਹੈ ਨਹੀਂ ਤਾਂ ਉਹ ਵੀ ਮੁਲਾਕਾਤ ਨਹੀਂ ਕਰਨਗੇ। ਦੋਸਤਾਂ ਨੂੰ ਮਿਲਣ ਦੀ ਆਗਿਆ ਨਾ ਦਿੱਤੀ ਗਈ ਤਾਂ ਸ. ਕਿਸ਼ਨ ਸਿੰਘ ਜੀ ਨੇ ਵੀ ਮੁਲਾਕਾਤ ਨਾ ਕੀਤੀ। ਸ. ਭਗਤ ਸਿੰਘ ਦੀ ਮਾਂ ਨੇ ਉਸ ਨੂੰ ਪਿਆਰ ਕਰਦਿਆਂ ਕਿਹਾ ਕਿ "ਪੁੱਤਰ ਇਕ ਦਿਨ ਤਾਂ ਹਰ ਇਕ ਨੇ ਮਰਨਾ ਹੀ ਹੈ ਪਰ ਸ਼ਾਨਦਾਰ ਮੌਤ ਉਹ ਹੁੰਦੀ ਹੈ ਜਿਸ 'ਤੇ ਦੁਨੀਆਂ ਮਾਣ ਕਰੇ। ਉਸ ਨੇ ਸ. ਭਗਤ ਸਿੰਘ ਨੂੰ ਫ਼ਾਂਸੀ ਚੜ੍ਹਨ ਤੋਂ ਪਹਿਲਾਂ ਇਨਕਲਾਬ ਜ਼ਿੰਦਾਬਾਦ ਦੇ ਨਾਅਰੇ ਲਾਉਣ ਲਈ ਵੀ ਆਖਿਆ।"

ਸਰਦਾਰ ਸਲਾਣਾ ਹੋਰ ਲਿਖਦੇ ਹਨ ਕਿ "ਜਿਸ ਦਿਨ ਕਿਸੇ ਨੂੰ ਫ਼ਾਂਸੀ ਲਾਉਣਾ ਹੁੰਦਾ ਸੀ ਇਕ ਦਿਨ ਪਹਿਲਾਂ ਮੁਲਾਕਾਤ ਕਰਨ ਲਈ ਆਏ ਵਾਰਸਾਂ ਨੂੰ ਲਾਸ਼ ਲੈ ਜਾਣ ਲਈ ਕਹਿ ਦਿੱਤਾ ਜਾਂਦਾ ਸੀ ਕਿ ਜੇ ਉਹ ਚਾਹੁੰਦੇ ਹਨ ਤਾਂ ਲਾਸ਼ ਲਿਜਾ ਸਕਦੇ ਹਨ। ਫ਼ਾਂਸੀ ਵਾਲੇ ਦਿਨ ਸਵੇਰੇ ਕੈਦੀ ਨੂੰ ਇਸ਼ਨਾਨ ਕਰਵਾਇਆ ਜਾਂਦਾ ਸੀ। ਉਸ ਦੇ ਨਾਲ ਤਕਰੀਬਨ ਸੂਰਜ ਚੜ੍ਹਦੇ ਨਾਲ ਗਰਮੀਆਂ ਵਿਚ ਸਾਢੇ ਸੱਤ, ਅੱਠ ਵਜੇ ਫ਼ਾਂਸੀ ਦਿੱਤੀ ਜਾਂਦੀ ਸੀ। ਮਜਿਸਟ੍ਰੈਟ ਆ ਕੇ ਫ਼ਾਂਸੀ ਲੁਆਉਂਦਾ ਸੀ। ਫ਼ਾਂਸੀ ਦੇਣ ਤੋਂ ਬਾਅਦ ਤਕਰੀਬਨ ਇਕ ਘੰਟਾ ਬਾਅਦ ਤਕ ਲਾਸ਼ ਲਟਕਦੀ ਰਹਿੰਦੀ ਸੀ। ਜੇਲ੍ਹ ਦਾ ਡਾਕਟਰ ਆ ਕੇ ਮੁਆਇਨਾ ਕਰਕੇ ਲਾਸ਼ ਉਤਾਰਉਂਦਾ ਸੀ, ਜੋ ਜੇਲ੍ਹ ਤੋਂ ਬਾਹਰ ਲਿਜਾ ਕੇ ਵਾਰਸਾਂ ਦੇ ਹਵਾਲੇ ਕਰ ਦਿੱਤੀ ਜਾਂਦੀ ਸੀ ਪਰ ਸ. ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਫ਼ਾਂਸੀ ਦੇਣ ਸਮੇਂ ਕਿਸੇ ਵੀ ਕਾਇਦ-ਏ-ਕਾਨੂੰਨ ਦਾ ਖ਼ਿਆਲ ਨਹੀਂ ਰੱਖਿਆ ਗਿਆ। ਫ਼ਾਂਸੀ ਦੀ ਨੀਯਤ ਤਰੀਕ ਤੋਂ ਇਕ ਦਿਨ ਪਹਿਲਾਂ ਜੇਲ੍ਹ ਵਿਚਲੇ ਸਾਰੇ ਕੈਦੀਆਂ ਨੂੰ ਸ਼ਾਮ ਨੂੰ ਚਾਰ ਵਜੇ ਦੀ ਥਾਂ ਤਿੰਨ ਵਜੇ ਹੀ ਕੰਮ ਤੋਂ ਛੁੱਟੀ ਕਰ ਕੇ ਬੈਰਕਾਂ ਵਿਚ ਬੰਦ ਕਰ ਦਿੱਤਾ ਗਿਆ। ਜੇਲ੍ਹ ਦਾ ਇਕ ਅਹਾਤਾ ਜਿਸ ਨੂੰ ਹਵਾਲਾਤ ਕਿਹਾ ਜਾਂਦਾ ਸੀ, ਉਸ ਵਿਚੋਂ ਕੈਦੀਆਂ ਨੂੰ ਕੱਢ ਕੇ ਖ਼ਾਲੀ ਕਰ ਲਿਆ ਗਿਆ ਸੀ। ਉੱਥੇ ਲੱਕੜਾਂ, ਮਿੱਟੀ ਦੇ ਤੇਲ ਦੇ ਪੀਪੇ ਆਦਿ ਲਿਆ ਕੇ ਜਮ੍ਹਾਂ ਕਰ ਲਏ ਗਏ ਸਨ। ਸ਼ਾਇਦ ਪਹਿਲਾਂ ਸ. ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦਾ ਅੰਤਿਮ ਸਸਕਾਰ ਇਥੇ ਹੀ ਕਰਨ ਦੀ ਯੋਜਨਾ ਬਣਾਈ ਗਈ ਸੀ। ਸ਼ਾਮ ਨੂੰ ਹੀ ਸਾਢੇ ਛੇ ਵਜੇ ਦੇ ਲਗਪਗ ਸ. ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਸੁਖਦੇਵ ਅਤੇ ਰਾਜਗੁਰੂ ਨੂੰ ਪੁਲੀਸ ਦੀ ਗਾਰਦ ਨੇ ਫ਼ਾਂਸੀ ਵਾਲੀਆਂ ਵਰਦੀਆਂ ਪਵਾਈਆਂ। ਸ. ਭਗਤ ਸਿੰਘ ਹੋਰਾਂ ਨੇ ਟੋਪੀਆਂ ਲੈਣ ਤੋਂ ਇਨਕਾਰ ਕਰ ਦਿੱਤਾ। ਉਹ ਫ਼ਾਂਸੀ ਕੋਠੀਆਂ ਵਿੱਚੋਂ ਨਾਅਰੇ ਲਾਉਂਦੇ ਨਿਕਲੇ ਜਿਸ ਨਾਲ ਅਸਮਾਨ ਗੂੰਜ ਗਿਆ। ਪੁਲਿਸ ਵਾਲਿਆਂ ਨੇ ਸਰਦਾਰ ਭਗਤ ਸਿੰਘ ਤੇ ਸਾਥੀਆਂ ਦੇ ਮੂੰਹ ਬੰਨ੍ਹ ਦਿੱਤੇ ਤਾਂ ਕਿ ਉਹ ਨਾਅਰੇ ਨਾ ਲਾ ਸਕਣ। ਸਰਦਾਰ ਭਗਤ ਸਿੰਘ ਤੇ ਸਾਥੀਆਂ ਨੂੰ ਫ਼ਾਂਸੀ ਕੋਠੀਆਂ ਦੇ ਪਿੱਛੋਂ ਦੀ ਹੀ ਅੰਦਰ ਲਿਜਾਇਆ ਗਿਆ। ਫ਼ਾਂਸੀ ਦੇਣ ਤੋਂ ਪਹਿਲਾਂ ਉਨ੍ਹਾਂ ਦੇ ਮੂੰਹ ਖੋਲ੍ਹ ਦਿੱਤੇ ਗਏ ਸਨ। ਫ਼ਾਂਸੀ ਦੇ ਤਖ਼ਤੇ 'ਤੇ ਉਨ੍ਹਾਂ ਨੇ ਤਿੰਨ ਨਾਅਰੇ ਲਾਏ 'ਇਨਕਲਾਬ ਜ਼ਿੰਦਾਬਾਦ' ਅਤੇ 'ਖ਼ੁਸ਼ ਰਹੋ ਅਹਿਲ-ਏ-ਵਤਨ ਹਮ ਤੋਂ ਸਫਰ ਕਰਤੇ ਹੈਂ' ਕਵਿਤਾ ਪੜ੍ਹੀ। ਜਲਾਦ ਨੇ ਫ਼ਾਂਸੀ ਦਾ ਤਖ਼ਤਾ ਖਿੱਚ ਦਿੱਤਾ। ਇਹ ਸਾਰਾ ਕੰਮ ਸ਼ਾਮ ਦੇ ਸੱਤ ਵਜੇ ਦੇ ਲਗਪਗ ਖ਼ਤਮ ਹੋ ਗਿਆ। ਆਮ ਤੌਰ 'ਤੇ ਫ਼ਾਂਸੀ ਦੇਣ ਤੋਂ ਇਕ ਘੰਟਾ ਬਾਅਦ ਤਕ ਲਾਸ਼ ਨੂੰ ਲਮਕਦਾ ਰੱਖਿਆ ਜਾਂਦਾ ਹੈ ਪਰ ਸ. ਭਗਤ ਸਿੰਘ ਹੋਰਾਂ ਦੇ ਕੇਸ ਵਿਚ ਇਸ ਤਰ੍ਹਾਂ ਨਹੀਂ ਹੋਇਆ। ਸਰਦਾਰ ਭਗਤ ਸਿੰਘ ਅਤੇ ਸਾਥੀਆਂ ਨੂੰ ਫ਼ਾਂਸੀ ਦੇਣ ਵਾਲੇ ਜਲਾਦ ਨੇ ਫਾਂਸੀ ਦੇ ਹੇਠ ਬਣੇ ਟੋਏ ਵਿਚ ਉਤਰ ਕੇ ਉਨ੍ਹਾਂ ਦੀਆਂ ਲੱਤਾਂ ਨਾਲ ਲਮਕ ਕੇ ਉਨ੍ਹਾਂ ਦੀਆਂ ਘੰਡੀਆਂ ਤੋੜ ਦਿੱਤੀਆਂ ਅਤੇ 10-15 ਮਿੰਟ ਬਾਅਦ ਹੀ ਤੜਫਦੀਆਂ ਲਾਸ਼ਾਂ ਨੂੰ ਉਤਾਰ ਕੇ ਜੇਲ੍ਹ ਦੀ ਪਿਛਲੀ ਕੰਧ ਤੋੜ ਕੇ ਬਾਹਰ ਖੜ੍ਹੀਆਂ ਗੱਡੀਆਂ ਵਿਚ ਰੱਖ ਲਿਆ ਗਿਆ।" ਉਨ੍ਹਾਂ ਦੀਆਂ ਲਾਸ਼ਾਂ ਨੂੰ ਸਤਲੁਜ ਦਰਿਆ ਦੇ ਗੰਡਾ ਸਿੰਘ ਵਾਲੇ ਪੁਲ ਦੇ ਲਾਗੇ ਜਾ ਕੇ ਅੱਗ ਲਾਉਣ ਦਾ ਡਰਾਮਾ ਕਰਕੇ ਲਾਸ਼ਾਂ ਨੂੰ ਸਤਲੁਜ ਦਰਿਆ ਵਿਚ ਰੋੜ੍ਹ ਦਿੱਤਾ। ਇਹ ਸਾਰੀ ਘਟਨਾ 23 ਮਾਰਚ 1931 ਈ. ਨੂੰ ਸੈਂਟਰਲ ਜੇਲ੍ਹ ਫਿਰੋਜ਼ਪੁਰ ਵਿਖੇ ਹੋਈ। ਨਿਸ਼ਚੇ ਹੀ ਸ਼ਹੀਦਾਂ ਦੀਆਂ ਕੁਰਬਾਨੀਆਂ ਕੌਮਾਂ ਨੂੰ ਗੌਰਵ, ਅਣਖ ਅਤੇ ਮਾਣ-ਸਨਮਾਨ ਦਾ ਅਹਿਸਾਸ ਦਿੰਦੀਆਂ ਹਨ।

ਵਿਦਵਾਨ ਲੇਖਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਹਨ



ਕ੍ਰਾਂਤੀਕਾਰੀਆਂ ਦੇ ਲਹੂ ਨਾਲ ਭਿੱਜੀ 'ਦਿ ਟ੍ਰਿਬਿਊਨ' ਅਖ਼ਬਾਰ ਦੀ 25 ਮਾਰਚ 1931 ਦੀ ਕਾਪੀ ਜੋ ਖਟਕੜ ਕਲਾਂ ਵਿੱਚ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਮਿਊਜ਼ੀਅਮ' ਵਿੱਚ ਰੱਖੀ ਹੋਈ ਹੈ



ਲਾਹੌਰ ਕਾਲਜ ਵਿੱਚ ਸਰਦਾਰ ਭਗਤ ਸਿੰਘ ਦੀ ਇਕ ਯਾਦਗਾਰੀ ਤਸਵੀਰ



# ਮਾਝਾ-ਦੁਆਬਾ

ਆਸ ਪਾਸ



## ਸਰਦਾਰ ਭਗਤ ਸਿੰਘ ਦੀ ਯਾਦ 'ਚ ਯੂਨੀਵਰਸਿਟੀ ਬਣਾਈ ਜਾਵੇ



ਫਿਲੌਰ 22 ਮਾਰਚ (ਅਜੇ ਸਿੰਘ ਨਾਗੀ) ਬਾਬਾ ਮੋਤੀ ਰਾਮ ਮਹਿਰਾ ਵੈਲਫੇਅਰ ਸੋਸਾਇਟੀ (ਫਿਲੌਰ)ਪੰਜਾਬ ਵਲੋਂ ਸ਼ਹੀਦੇ -ਏ -ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੱਲ ਸ਼ਹੀਦੇ -ਏ - ਆਜ਼ਮ ਸਰਦਾਰ ਭਗਤ ਸਿੰਘ ਜੀ ਨੂੰ ਸਰਧਾ ਦੇ ਫੁੱਲ ਸਰਪ੍ਰਸਤ ਡਾਕਟਰ ਕੁਲਦੀਪ ਰਾਏ, ਚੇਅਰਮੈਨ ਪਲਵਿੰਦਰ ਸਿੰਘ ਦੁਸਾਂਝ ਪ੍ਰਧਾਨ ਪੰਜਾਬ, ਅਜੇ ਸਿੰਘ ਨਾਗੀ, ਤਰਸੇਮ ਸਿੰਘ ਢਿੱਲੋਂ ਧਾਰਮਿਕ ਪ੍ਰਚਾਰਕ, ਹਰਜੀਤ ਸਿੰਘ ਢੇਸੀ, ਸੁਰਿੰਦਰ ਪਾਲ ਸਿੰਘ ਢੇਸੀ, ਰਣਜੀਤ ਸਿੰਘ ਖੇਲਾ, ਥਾਣੇਦਾਰ ਗੁਰਨਾਮ ਸਿੰਘ ਤੇ ਮੈਂਬਰਾਂ ਨੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲ ਮੰਗ ਕੀਤੀ ਕਿ ਸਰਦਾਰ ਭਗਤ ਸਿੰਘ ਜੀ ਦੇ ਨਾਮ ਤੇ ਫਿਲੌਰ ਚ ਕਾਲਜ,ਯੂਨੀਵਰਸਿਟੀ ਬਣਾਈ ਜਾਵੇ!

## ਸਾਬਕਾ ਮੰਤਰੀ ਲਾਲਜੀਤ ਭੁੱਲਰ ਉਸ ਦੇ ਪਿਤਾ ਤੇ ਪੀ.ਏ. ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ : ਲਾਲੀ



ਗੜ੍ਹਸ਼ੰਕਰ, 22 ਮਾਰਚ (ਅਜਮੇਰ ਸਿੰਘ ਭਨੋਟ) :ਹਲਕਾ ਗੜ੍ਹਸ਼ੰਕਰ ਦੇ ਕਾਂਗਰਸ ਇੰਚਾਰਜ ਅਮਰਪ੍ਰੀਤ ਸਿੰਘ ਲਾਲੀ ਨੇ ਮਾਰਕਫੈਡ ਦੇ ਜਿਲ੍ਹਾ ਮੈਨੇਜਰ ਗਗਨਜੀਤ ਸਿੰਘ ਰੰਧਾਵਾ ਦੀ ਖੁਦਕੁਸ਼ੀ ਮਾਮਲੇ ਨੇ ਮੌਜੂਦਾ ਆਮ ਆਦਮੀ ਪਾਰਟੀ ਦੇ ਇਮਾਨਦਾਰੀ ਦੇ ਦਾਅਵਿਆਂ ਦੀ ਪੋਲ ਖੋਲ ਕੇ ਰੱਖ ਦਿੱਤੀ ਹੈ। ਉਨ੍ਹਾਂ ਕਿਹਾ ਅਖੌਤੀ ਇਨਕਲਾਬੀਆਂ ਨੇ ਅੱਜ ਸਾਰੀਆਂ ਹੱਦਾਂ ਪਾਰ ਕਰਕੇ ਇਮਾਨਦਾਰ ਅਧਿਕਾਰੀਆਂ ਦੀਆਂ ਨਿੱਜੀ ਹਿੱਤਾਂ ਲਈ ਬਲ਼ੀਆਂ ਲੈਣੀਆਂ ਸ਼ੁਰੂ ਕਰ ਦਿੱਤੀਆਂ ਹਨ। ਲਾਲੀ ਨੇ ਮਾਮਲੇ ਦੀ ਉੱਚ ਪੱਧਰੀ ਜਾਂਚ ਸੀ ਬੀ ਆਈ ਤੋਂ ਕਰਵਾਕੇ ਮ੍ਰਿਤਕ ਦੇ ਪਰਿਵਾਰ ਨੂੰ ਇਨਸਾਫ ਦਵਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਸੁਰੱਖਿਆ ਦੇਣ ਦੇ ਨਾਲ ਸਾਬਕਾ ਮੰਤਰੀ ਲਾਲਜੀਤ ਭੁੱਲਰ,ਉਸ ਦੇ ਪਿਤਾ ਅਤੇ ਪੀ ਏ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸ਼ਾਸਨ ਕਾਲ ਵਿੱਚ ਭ੍ਰਿਸ਼ਟਾਚਾਰ ਸਿਖਰਾਂ ਤੇ ਹੈ, ਹਰ ਪਾਸੇ ਜੰਗਲ ਰਾਜ ਹੈ ਅਤੇ ਅੱਜ ਆਮ ਘਰਾਂ ਦੇ ਕਾਕਿਆਂ ਨੇ ਵੱਡੇ ਵੱਡੇ ਕਾਰੋਬਾਰ ਅਤੇ ਵਿਦੇਸ਼ਾਂ ਵਿੱਚ ਵਿੱਚ ਪ੍ਰਾਪਰਟੀ ਖਰੀਦਣ ਦੇ ਚਰਚੇ ਆਮ ਹਨ।

## ਸਰਦਾਰ ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਖੱਟਕੜ ਕਲਾਂ ਪਹੁੰਚੋ : ਸੰਧੂ



ਫਲੌਰ, 22 ਮਾਰਚ (ਅਜੇ ਸਿੰਘ ਨਾਗੀ) : ਸ਼ਹੀਦੇ -ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 23 ਮਾਰਚ ਨੂੰ ਉਹਨਾਂ ਦੇ ਜੱਦੀ ਪਿੰਡ ਪਿੰਡ ਖੜਕੜ ਕਲਾਂ ਵਿਖੇ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ, ਇਸ ਮੌਕੇ ਸ਼ਹੀਦੇ- ਏ - ਆਜ਼ਮ ਸਰਦਾਰ ਭਗਤ ਸਿੰਘ ਜੀ ਨੂੰ ਵੱਖ ਵੱਖ ਰਾਜਨੀਤਕ, ਧਾਰਮਿਕ ਜਥੇਬੰਦੀਆਂ ਸਰਧਾ ਦੇ ਫੁੱਲ ਭੇਟ ਕਰਨਗੀਆ, ਇਸ ਮੌਕੇ ਹਲਕਾ ਫਿਲੌਰ ਦੇ ਸੀਨੀਅਰ ਕਾਂਗਰਸੀ ਆਗੂ ਰਾਜਿੰਦਰ ਸੰਧੂ ਨੇ ਆਓ ਆਪਾਂ ਉਸ ਦਿਨ ਪ੍ਰਾਣ ਕਰੀਏ ਕਿ ਸਰਦਾਰ ਭਗਤ ਸਿੰਘ ਜੀ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਿਚਾਰਧਾਰਾ ਆਪਣੇ ਕੇ ਸਮਾਜ ਸੇਵੀ ਉਪਰਾਲੇ ਤੇ ਜੋ ਨੌਜਵਾਨ ਪੀੜੀ ਨੂੰ ਖੇਡਾਂ ਪ੍ਰਤੀ ਉਤਸਾਹਤ ਕਰੀਏ ਤਾਂ ਜੋ ਨੌਜਵਾਨ ਪੀੜੀ ਮਾੜੀਆਂ ਅਲਾਮਤਾਂ ਤੋਂ ਬਚ ਕੇ ਆਪਣੇ ਵਿਸ਼ਵ ਪੱਧਰ 'ਤੇ ਪੰਜਾਬ ਦਾ ਨਾ ਚਮਕਾਵੇ।

## ਲਾਲੀ ਬਾਜਵਾ ਵਰਗੇ ਮਿਹਨਤੀ ਤੇ ਵਫਾਦਾਰ ਆਗੂਆਂ ਨੂੰ ਟਿਕਟਾਂ ਦੇ ਕੇ ਨਿਵਾਜਣ ਦਾ ਵੇਲਾ



ਹਰਿਆਣਾ, 22 ਮਾਰਚ (ਚੰਦਰ ਪ੍ਰਕਾਸ਼) : ਪੰਜਾਬ ਵਿੱਚ 2007 ਤੋਂ 2017 ਤੱਕ ਲਗਾਤਾਰ 10 ਸਾਲ ਤੱਕ ਸੱਤਾ ਦਾ ਨਿਘ ਮਾਨਣ ਵਾਲੀ ਸੂਬੇ ਦੀ ਖੇਤਰੀ ਪਾਰਟੀ ਅਕਾਲੀ ਦਲ ਬਾਦਲ ਪਿਛਲੇ ਨੌ ਸਾਲਾਂ ਤੋਂ ਸੱਤਾ ਤੋਂ ਬਾਹਰ ਹੈ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਜਿੱਥੇ ਅਕਾਲੀ ਦਲ ਵੱਲੋਂ ਪੰਜਾਬ ਵਿੱਚ ਚੁਣਾਵੀ ਰੈਲੀਆਂ ਵਿੱਚ ਵੱਡੇ ਇਕੱਠ ਕਰਕੇ ਆਪਣੀ ਰਾਜਸੀ ਤਾਕਤ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਨਾਲ ਹੀ ਪਾਰਟੀ ਨੂੰ ਜਥੇਬੰਦਕ ਤੌਰ ਤੇ ਮਜਬੂਤ ਕਰਨ ਲਈ ਵੱਖ-ਵੱਖ ਤਰ੍ਹਾਂ ਦੇ ਆਹੁਦਿਆਂ ਨਾਲ ਵੀ ਨਿਵਾਜਿਆ ਜਾਣ ਲੱਗਾ ਹੈ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਣਥੱਕ ਮਿਹਨਤ ਦੀ ਬਦੌਲਤ ਅਤੇ ਪੰਜਾਬ ਦੀ ਸਿਆਸਤ ਚ 2022 ਵਿੱਚ ਆਏ ਅਖੌਤੀ ਬਦਲਾ ਦੇ ਠੋਸ ਹੋ ਜਾਨ ਤੋਂ ਬਾਅਦ ਪੰਜਾਬ ਦੇ ਲੋਕਾਂ ਦਾ ਝੁਕਾ ਮੁੜ ਸੂਬੇ ਦੀ ਖੇਤਰੀ ਪਾਰਟੀ ਅਕਾਲੀ ਦਲ ਵੱਲ ਹੋਣਾ ਸ਼ੁਰੂ ਹੋ ਗਿਆ ਹੈ ਸੋਸ਼ਲ ਮੀਡੀਆ ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਸਰਕਾਰ ਦੇ ਬਣਨ ਦੀ ਭਵਿੱਖਵਾਣੀ ਤੇ ਪਾਰਟੀ ਦੀ ਸਿਆਸੀ ਰੈਲੀਆਂ ਵਿੱਚ ਲੋਕਾਂ ਦੀ ਭਰਮੀ ਸਮੂਲੀਅਤ ਸ਼ੁਰੂ ਹੋਈ ਹੈ ਤਾਂ ਔਖੇ ਸਮਿਆਂ ਵਿੱਚ ਪਾਰਟੀ ਦਾ ਸਾਥ ਛੱਡਣ ਵਾਲੇ ਆਗੂਆਂ ਦੀ ਘਰ ਵਾਪਸੀ ਦਾ ਸਿਲਸਿਲਾ ਵੀ ਸ਼ੁਰੂ ਹੋ ਗਿਆ ਜਿਲਾ ਹੁਸ਼ਿਆਰਪੁਰ ਦੀ ਅਕਾਲੀ ਸਿਆਸਤ ਚ ਪਿਛਲੇ ਨੌ ਸਾਲਾਂ ਤੋਂ ਸੱਤਾ ਤੋਂ ਬਾਹਰ ਬੈਠ ਕੇ ਬੀ ਪਾਰਟੀ ਦੀ ਮਜਬੂਤੀ ਤੇ ਪਾਰਟੀ ਦੀ ਚਟਾਨ ਬਣ ਕੇ ਖੜੇ ਹੋਣ ਤੇ ਪਾਰਟੀ ਵਰਕਰਾਂ ਨੂੰ ਹੌਸਲਾ ਬਣਾ ਕੇ ਕੰਮ ਕਰਾਉਣ ਵਾਲੇ ਟਕਸਾਲੀ ਤੇ ਵਫਾਦਾਰ ਅਕਾਲੀ ਆਗੂ ਦੀ ਚੋਣ ਕਰਨੀ ਹੋਵੇ ਤਾਂ ਪਿਛਲੇ ਕਰੀਬ 30 ਸਾਲਾਂ ਤੋਂ ਅਕਾਲੀ ਦਲ ਵਾਸਤੇ ਕਰੜੀ ਮਿਹਨਤ ਤੇ ਤਰੱਲੇਦਾਰ ਆਗੂ ਜਤਿੰਦਰ ਸਿੰਘ ਲਾਲੀ ਬਾਜਵਾ ਦਾ ਨਾਂ ਸਭ ਤੋਂ ਮੂਹਰੇ ਆਉਂਦਾ ਹੈ ਲਾਲੀ ਬਾਜਵਾ ਅੱਜ ਕੱਲ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਸ਼ਹਿਰੀ ਲਈ ਬਤੌਰ ਜ਼ਿਲ$ਾ ਪ੍ਰਧਾਨ ਜਿੰਮੇਵਾਰੀ ਨਿਭਾ ਰਹੇ ਹਨ ਤੇ ਪਾਰਟੀ ਵੱਲੋਂ ਨਵੀਆਂ ਨਿਯੁਕਤੀਆਂ ਦੀ ਲੜੀ ਵਿੱਚ ਲਾਲੀ ਬਾਜਵਾ ਨੂੰ ਪਾਰਟੀ ਦੇ ਮੀਤ ਪ੍ਰਧਾਨ ਦੀ ਜਿੰਮੇਵਾਰੀ ਵੀ ਦਿੱਤੀ ਗਈ ਹੈ ਸੰਨ 1995 ਵਿੱਚ ਉਸ ਵੇਲੇ ਦੇ ਯੂਥ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪ੍ਰੇਰਨਾ ਨਾਲ ਜਿਲ$ ਦੀ ਯੂਥ ਬਿੰਗ ਲਈ ਸੀਨੀਅਰ ਮੀਤ ਪ੍ਰਧਾਨ ਤੋਂ ਆਪਣਾ ਸਿਆਸੀ ਸਫਰ ਸ਼ੁਰੂ ਕਰਨ ਵਾਲੇ ਲਾਲੀ ਬਾਜਵਾ ਨੇ ਉਸ ਦੌਰ ਵਿੱਚ ਪਾਰਟੀ ਦਾ ਹਰਿਆਵਲ ਦਸਤਾ ਮੰਨੇ ਜਾਂਦੇ ਜੂਥ ਬਿੰਗ ਦੀਆਂ ਹੁਸ਼ਿਆਰਪੁਰ ਸਮੇਤ ਪੂਰੇ ਦੁਆਬੇ ਵਿੱਚ ਇਦਾਂ ਦੀਆਂ ਜੜਾਂ ਲਾਈਆਂ ਕਿ ਸੈਂਕੜੇ ਪਰਿਵਾਰ ਅੱਜ ਵੀ ਅਕਾਲੀ ਦਲ ਦੇ ਕੱਟੜ ਸਮਰਥਕਾਂ ਵਿੱਚ ਸ਼ੁਮਾਰ ਹਨ ਲਾਲੀ ਵਾਜਵਾ ਨੂੰ ਅਕਾਲੀ ਦਲ ਨੂੰ ਮਜਬੂਤ ਕਰਨ ਦਾ ਸਿਹਰਾ ਇਸ ਕਰਕੇ ਵੀ ਦਿੱਤਾ ਜਾਂਦਾ ਹੈ ਕਿ ਕਿਉਂਕਿ ਉਸਨੇ ਲੰਮਾ ਸਮਾਂ ਅਕਾਲੀ ਦਲ ਹੁਸ਼ਿਆਰਪੁਰ ਦੇ ਯੂਥ ਬਿੰਗ ਨੂੰ ਬਣਾਉਣ ਅਤੇ ਉਸ ਸੈਂਕੜੇ ਨੌਜਵਾਨਾਂ ਨੂੰ ਬਤੌਰ ਆਗੂ ਤੇ ਵਰਕਰ ਬਣਾ ਕੇ ਪਾਰਟੀ ਦੀ ਸ਼ਾਖ ਮਜ਼ਬੂਤ ਕਰਨ ਵੀ ਮਾਨ ਹਾਸਲ ਹੈ ਪਾਰਟੀ ਦੇ ਯੂਥ ਬਿੰਗ ਲਈ 2002 ਤੋਂ 2011 ਤੱਕ ਜਿਲਾ ਪ੍ਰਧਾਨ ਤੋਂ ਇਲਾਵਾ ਲਾਲੀ ਬਾਜਵਾ ਨੂੰ 2001 ਵਿੱਚ ਏਸ਼ੀਆ ਦੀ ਸਭ ਤੋਂ ਵੱਡੀ ਖੇਤੀ ਅਧਾਰਤ ਸੰਸਥਾ ਮਾਰਕਫੈਡ ਦੇ ਡਾਈਰੈਕਟਰ 201 ਤੋਂ 213 ਤੱਕ ਜੈਨ ਕੋਲ ਲਿਮਿਟਡ ਪੰਜਾਬ ਦਾ ਚੇਅਰਮੈਨ ਤੇ 216 ਤੋਂ ਹੁਣ ਤੱਕ ਅਕਾਲੀ ਦਲ ਸ਼ਹਿਰੀ ਦੇ ਜਿਲਾ ਪ੍ਰਧਾਨ ਦੀਆਂ ਜਿੰਮੇਵਾਰੀਆਂ ਨਿਭਾਉਣ ਦਾ ਮਾਨ ਹਾਸਲ ਹੈ।

## ਉੱਤਰੀ ਵਿਧਾਨ ਸਭਾ ਹਲਕੇ 'ਚ ਤੇਜ਼ੀ ਨਾਲ ਚੱਲ ਰਹੇ ਨੇ ਵਿਕਾਸ ਕਾਰਜ : ਰਿੰਟੂ

### ਸਰਕਾਰ ਦੀਆਂ ਜਨਹਿਤੈਸ਼ੀ ਯੋਜਨਾਵਾਂ ਦਾ ਲਾਭ ਲੋਕਾਂ ਤੱਕ ਲਗਾਤਾਰ ਪਹੁੰਚਾਇਆ ਜਾ ਰਿਹੈ



ਅੰਮ੍ਰਿਤਸਰ, 22 ਮਾਰਚ ( ਬਬਲੂ ਮਹਾਜਨ) : ਇੰਪ੍ਰੂਵਮੈਂਟ ਟਰਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਵੱਲੋਂ ਮਾਲ ਰੋਡ ਦੇ ਨਵੀਨੀਕਰਨ ਅਧੀਨ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮਾਲ ਰੋਡ ਦੇ ਨਵੀਨੀਕਰਨ ਤੋਂ ਬਾਅਦ ਇਸ ਸੜਕ ਨੂੰ ਨਵਾਂ ਅਤੇ ਬਿਹਤਰ ਰੂਪ ਦਿੱਤਾ ਜਾਵੇਗਾ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਚਾਰ ਮਹੀਨਿਆਂ ਤੋਂ ਉੱਤਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਵਾਰਡਾਂ ਅਤੇ ਸਮੂਹ ਪੰਚਾਇਤਾਂ ਵਿੱਚ ਸੀਵਰੇਜ ਪ੍ਰਣਾਲੀ ਨੂੰ ਠੀਕ ਕਰਕੇ ਗਲੀਆਂ ਦੇ ਨਿਰਮਾਣ ਦਾ ਕੰਮ ਲਗਾਤਾਰ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰੀਮਿਕਸ ਪਲਾਂਟ ਸ਼ੁਰੂ ਹੋਣ ਤੋਂ ਬਾਅਦ ਸੜਕਾਂ ਦੇ ਨਿਰਮਾਣ ਕੰਮ ਨੂੰ ਹੋਰ ਤੇਜ਼ੀ ਦਿੱਤੀ ਗਈ ਹੈ, ਜੋ ਲਗਾਤਾਰ ਜਾਰੀ ਰਹੇਗਾ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਜਨਹਿਤੈਸ਼ੀ ਯੋਜਨਾਵਾਂ ਦਾ ਲਾਭ ਉੱਤਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਤੱਕ ਨਿਰੰਤਰ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਵਾਉਣ ਲਈ ਲਗਾਤਾਰ ਕੈਂਪ ਲਗਾਏ ਜਾ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਸਟੇਟ ਟ੍ਰੇਡ ਕਮਿਸ਼ਨ ਦੇ ਤਹਿਤ ਵੀ ਕੈਂਪ ਆਯੋਜਿਤ ਕਰਕੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਮੌਕੇ 'ਤੇ ਹੀ ਸੰਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਦੇ ਕੇ ਹੱਲ ਕਰਨ ਦੇ ਯਤਨ ਕੀਤੇ ਜਾ ਰਹੇ ਹਨ।ਰਿੰਟੂ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਉੱਤਰੀ ਵਿਧਾਨ ਸਭਾ ਹਲਕੇ ਤੋਂ ਸ਼ਰਧਾਲੂਆਂ ਦੀਆਂ ਬੱਸਾਂ ਧਾਰਮਿਕ ਸਥਾਨਾਂ ਦੇ ਦਰਸ਼ਨ ਲਈ ਰਵਾਨਾ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੇ 'ਅਪਣਾ ਕਾਰੋਬਾਰ, ਆਪਣੀ ਪਹਿਚਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰ ਦੇ ਸਮਾਗਮਾਂ ਵਿੱਚ ਮਹਿਲਾ ਉਦਯਮੀਆਂ ਨੂੰ ਸਨਮਾਨਿਤ ਕੀਤਾ ਗਿਆ ਹੈ। ਇਸਦੇ ਨਾਲ ਹੀ ਪੰਜਾਬ ਸਰਕਾਰ ਦੀ 'ਮਾਂ-ਧੀ ਸਤਕਾਰ ਯੋਜਨਾ' ਵੀ ਜਲਦ ਸ਼ੁਰੂ ਹੋਣ ਜਾ ਰਹੀ ਹੈ, ਜਿਸ ਨਾਲ ਮਹਿਲਾਵਾਂ ਵਿੱਚ ਖੁਸ਼ੀ ਦਾ ਮਾਹੌਲ ਹੈ।ਉਨ੍ਹਾਂ ਕਿਹਾ ਕਿ ਉਹ ਹਰ ਰੋਜ਼ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਦੇ ਹਨ ਅਤੇ ਉਨ੍ਹਾਂ ਦਾ ਹੱਲ ਕਰਵਾਉਂਦੇ ਹਨ। ਉਨ੍ਹਾਂ ਦਾ ਮਕਸਦ ਸਿਰਫ਼ ਵਿਕਾਸ ਕਾਰਜ ਕਰਨਾ ਨਹੀਂ, ਸਗੋਂ ਹਰ ਘਰ ਨੂੰ ਸਾਫ-ਸੁਥਰਾ,ਸੁਰੱਖਿਅਤ ਅਤੇ ਸੁਵਿਧਾਜਨਕ ਮਾਹੌਲ ਪ੍ਰਦਾਨ ਕਰਨਾ ਹੈ। ਉਨ੍ਹਾਂ ਨੇ ਭਰੋਸਾ ਜਤਾਇਆ ਕਿ ਉੱਤਰੀ ਵਿਧਾਨ ਸਭਾ ਹਲਕੇ ਦੇ ਲੋਕਾਂ ਦੀ ਹਰ ਸਮੱਸਿਆ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇਗਾ।ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ, ਰਿਤੇਸ਼ ਸ਼ਰਮਾ, ਵਿਸ਼ਾਖਾ ਸਿੰਘ, ਬਲਵਿੰਦਰ ਕਾਲਾ, ਬੌਬੀ ਸਰੀਨ, ਰਜਨੀਸ਼ ਕੁਮਾਰ, ਅੰਕੁਰ ਗੁਪਤਾ, ਸੁਮਿਤ ਸਿੰਘਾਨੀਆ, ਕਿਸ਼ੋਰ ਭਗਤ, ਕੁਲਦੀਪ ਲੱਡੂ ਸਮੇਤ ਇਲਾਕੇ ਦੇ ਹੋਰ ਗਣਮਾਨਯ ਵਿਅਕਤੀ ਮੌਜੂਦ ਸਨ।

## ਅੱਤਵਾਦੀਆਂ , ਗੈਂਗਸਟਰਾਂ ਅਤੇ ਨਸ਼ੇ ਨੂੰ ਖ਼ਤਮ ਕਰਨ ਲਈ ਲੋਕ ਸੁਰੱਖਿਆ ਦਸਤਿਆਂ ਦਾ ਸਾਥ ਦੇਣ : ਸਾਹਿਬ ਸਿੰਘ / ਪਵਨ ਸੈਣੀ




ਅੰਮ੍ਰਿਸਰ,22 ਮਾਰਚ( ਬਬਲੂ ਮਹਾਜਨ) : ਆਲ ਇੰਡੀਆ ਐਂਟੀ ਟੈਰਰਿਸਟ ਫਰੰਟ ਅੰਮ੍ਰਿਤਸਰ ਇਕਾਈ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਸ਼ਰਧਾਂਜਲੀ ਸਮਾਰੋਹ ਦਾ ਅਯੋਜਨ ਸੰਗਠਨ ਦੇ ਦਫ਼ਤਰ ਮਕਬੂਲ ਰੋਡ ਵਿਖੇ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਆਲ ਇੰਡੀਆ ਅੱਤਵਾਦ ਵਿਰੋਧੀ ਸੰਗਠਨ ਜਰਨਲ ਸਕਤਰ ਸਾਹਿਬ ਸਿੰਘ ਅਤੇ ਪੰਜਾਬ ਦੇ ਜਨਰਲ ਸਕੱਤਰ ਪਵਨ ਸੈਣੀ ਪਹੁੰਚੇ ਸਨ। ਇਸ ਮੌਕੇ ਆਏ ਹੋਏ ਸੰਗਠਨ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਨੇ ਭਗਤ ਸਿੰਘ ਜੀ ਦੀ ਤਸਵੀਰ ਉੱਪਰ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਭੇਂਟ ਕੀਤੀ ਅਤੇ ਸ਼ਹੀਦ ਭਗਤ ਸਿੰਘ ਅਮਰ ਰਹੇ ਅਤੇ ਦੇਸ਼ ਕੇ ਸ਼ਹੀਦ ਅਮਰ ਰਹੇ ਦੇ ਨਾਅਰੇ ਲਗਾਏ

ਇਸ ਮੌਕੇ ਆਏ ਹੋਏ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਸਾਹਿਬ ਸਿੰਘ ਅਤੇ ਪਵਨ ਸੈਣੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਹੋਰ ਕਾ$ਤੀਕਾਰੀਆਂ ਨਾਲ ਮਿਲਕੇ ਦੇਸ਼ ਦੀ ਆਜ਼ਾਦੀ ਲਈ ਲੜਾਈ ਲੜੀ। ਭਗਤ ਸਿੰਘ ਨੇ ਅਸੈਂਬਲੀ ਵਿੱਚ ਬੰਬ ਸੁੱਟ ਕੇ ਅੰਗਰੇਜ ਹਕੂਮਤ ਨੂੰ ਹਿਲਾ ਕੇ ਰੱਖ ਦਿੱਤਾ ਸੀ,ਜਿਸ ਕਰਕੇ ਭਗਤ ਸਿੰਘ, ਦੇ ਨਾਲ ਰਾਜਗੁਰੂ, ਸੁਖਦੇਵ ਨੂੰ 23 ਮਾਰਚ 1931 ਨੂੰ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਇਹਨਾ ਦੀ ਤਰਾ ਹੋਰ ਕਰਾਤੀਕਾਰੀਆ ਅਤੇ ਅਜਾਦੀ ਘੁਲਾਟੀਆ ਨੇ ਕੁਰਬਾਨੀਆ ਦੇ ਕੇ ਦੇਸ਼ ਨੂੰ ਅਜਾਦ ਕਰਵਾਇਆ ਸੀ ।ਪਰ ਉਹਨਾ ਨੇ ਇਹ ਨਹੀ ਸੀ ਸੋਚਿਆ ਕਿ ਸਾਡੇ ਦੇਸ਼ ਵਿਚ ਅਜਹੇ ਹਲਾਤ ਹੋਣਗੇ । ਅਜ ਦੇ ਸਮੇ ਵਿਚ ਗੈਂਗਸਟਰ , ਨਸ਼ਾ ਤਸਕਰ, ਅਤੇ ਅੱਤਵਾਦੀਆਂ ਦਾ ਆਪਸੀ ਗਠਜੋੜ ਦੇਸ਼ ਅਤੇ ਪੰਜਾਬ ਲਈ ਬਹੁਤ ਵੱਡਾ ਖ਼ਤਰਾ ਬਣਿਆ , ਬੇਸ਼ੱਕ ਕੇਂਦਰ ਅਤੇ ਪੰਜਾਬ ਦੀਆਂ ਫੋਰਸਾਂ ਇਸ ਉੱਤੇ ਕਾਬੂ ਪਾਉਣ ਲਈ ਪੂਰਾ ਜੋਰ ਲਗਾ ਰਹੀਆਂ ਹਨ, ਭਾਰੀ ਮਾਤਰਾ ਵਿੱਚ ਨਾਜਾਇਜ਼ ਅਸਲਾ , ਹਥਿਆਰ ਅਤੇ ਨਸ਼ੀਲੇ ਪਦਾਰਥਾ ਸਮੇਤ ਦੋਸ਼ੀਆ ਨੂੰ ਫੜਿਆ ਜਾ ਰਿਹਾ ਹੈ ਅਤੇ ਪੂਰੀ ਸਖਤੀ ਨਾਲ ਦੋਸ਼ੀਆ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ । ਇਸ ਖਤਰੇ ਤੇ ਕਾਬੂ ਪਾਉਣ ਲਈ ਲੋਕ ਸੁਰਿਖਿਆ ਫੋਰਸਾ ਦਾ ਸਹਿਯੋਗ ਦੇਣ । ਸਰਕਾਰਾਂ ਨੂੰ ਅਪੀਲ ਹੈ ਕਿ ਉਹ ਨੌਜਵਾਨਾਂ ਲਈ ਰੁਜ਼ਗਾਰ ਦੇਣ ਦਾ ਕੰਮ ਕਰੇ ।ਇਸ ਮੌਕੇ ਹੋਰਨਾਂ ਦੇ ਇਲਾਵਾ ਸੁਖਬੀਰ ਸਿੰਘ, ਦਿਨੇਸ਼ ਕੁਮਾਰ,ਪਰਮਜੀਤ ਸਿੰਘ ਆਸ਼ਾਟ ,ਅਸ਼ੋਕ ਸ਼ਾਹੀ,ਗੁਰਦੇਵ ਤੁੰਗ,ਪਰੇਮ ਮਸੀਹ ,ਭੂਸ਼ਨ ਜੜਿਆਲਾ ,ਅਨਿਲ ਲਾਡਾ ,ਵਿਸ਼ਾਲ ,ਵਿਸ਼ੂ ਡੋਗਰਾ ,ਲਖਵਿੰਦਰ ਸਿੰਘ,ਰਾਜਨ ਵਰਮਾ,ਰਾਜ ਕੁਮਾਰ ਸਾਜਨ ,ਮੁਕੇਸ਼ ਕੁਮਾਰ ,ਅਜੇ ਕੁਮਾਰ,ਹਰੀਸ਼ ਮਹਾਜਨ,ਲਖਵਿੰਦਰ ਵੇਰਕਾ ,ਭਵਿਸ਼ ਡੋਗਰਾ,ਹਰਜੀਤ ਬਾਜਾਵਾ , ਬਲਬੀਰ ਸਿੰਘ , ਕੁਲਦੀਪ ਰਾਜ , ,ਰਘੁਬੀਰ ਸਿੰਘ, ਪੇ$ਮ ਮਸੀਹ, ਲਖਵਿੰਦਰ ਵੇਰਕਾ, ,ਕਰਤਵ,ਅਜੇ ਸਰਮਾ ,ਹਰੀਸ਼ ਮਹਾਜਨ, ਅਨੂਪ ਕੁਮਾਰ ਵਿਰਦੀ, ਹਰੀਸ਼ ਨੰਦਾ, ਵੰਸ਼ ਨੰਦਾ ,ਸਤਨਾਮ ਸਿੰਘ ,ਨਰੇਸ਼ ਮਹਾਜਨ, ਵਿਕੀ ਅਜਨਾਲਾ ,ਰਿਕੀ ਹਰਪਾਲ ,ਪਰਿੰਕਾ,ਰੋਹਨ ਸ਼ਰਮਾ , ਆਦਿ ਮੌਜੂਦ ਰਹੇ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋ ਸਰਕਾਰ ਖ਼ਿਲਾਫ਼ ਰੋਸ ਧਰਨਿਆਂ ਦਾ ਐਲਾਨ

ਅੰਮ੍ਰਿਤਸਰ, 22 ਮਾਰਚ (ਬਬਲੂ ਮਹਾਜਨ) ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਮਾਣ ਸਤਿਕਾਰ ਨੂੰ ਢਾਹ ਲਾਉਣ ਵਾਲੇ ਦੋਸ਼ੀਆਂ ਖਿਲਾਫ ਸਖ਼ਤ ਕਨੂੰਨ ਬਣਾਉਣ ਲਈ ਸਰਕਾਰ ਖਿਲਾਫ ਧਰਨਿਆ ਦਾ ਐਲਾਨ ਕੀਤਾ ਜਾਂਦਾ ਹੈ । ਪਿਛਲੇ ਦਿਨੀ ਪਟਿਆਲਾ ਵਿਖੇ ਵੀ ਇਕ ਧਰਨਾ ਲਾਇਆ ਗਿਆ ਸੀ ਜੋ ਸਮਾਣਾ ਵਿਖੇ ਚੱਲ ਰਹੇ ਟਾਵਰ ਮੋਰਚੇ ਦੇ ਆਗੂ ਭਾਈ ਗੁਰਜੀਤ ਸਿੰਘ ਖ਼ਾਲਸਾ ਦੇ ਸਮਰਥਨ ਚ ਸੀ । ਪਾਰਟੀ ਦੇ ਦਫ਼ਤਰ ਸਕੱਤਰ ਜਗਜੀਤ ਸਿੰਘ ਕੋਹਲੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਅੱਜ ਪਾਰਟੀ ਪ੍ਰਧਾਨ ਦੇ ਹੁਕਮਾਂ ਮੁਤਾਬਿਕ ਸਮੁੱਚੀ ਲੀਡਰਸ਼ਿਪ ਨਾਲ ਸਲਾਹ ਕਰਨ ਉਪਰੰਤ ਸਮੁੱਚੇ ਪੰਜਾਬ ਵਿੱਚ ਜਿਲਾ ਵਾਈਸ ਧਰਨਿਆ ਦਾ ਐਲਾਨ ਕੀਤਾ ਜਾਂਦਾ ਹੈ । ਇਹ ਧਰਨੇ 27 ਮਾਰਚ ਤੋ ਸ੍ਰੀ ਅੰਮ੍ਰਿਤਸਰ ਸਾਹਿਬ ਤੋ ਸ਼ੁਰੂ ਕੀਤੇ ਜਾਣਗੇ ਉਹਨਾਂ ਦੱਸਿਆ ਕਿ ਸੰਬਧਿਤ ਜਿਲਾ ਪ੍ਰਧਾਨ ਤੇ ਉਸ ਜਿਲ੍ਹੇ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਇਸ ਧਰਨਿਆ ਨੂੰ ਕਾਮਯਾਬ ਕਰਨ ਲਈ ਮੀਟਿੰਗ ਕਰਕੇ ਸੰਗਤਾ ਨੂੰ ਤੇ ਪਾਰਟੀ ਵਰਕਰਾਂ ਨੂੰ ਲਾਮਬੰਧ ਕਰੇਗੀ । ਅੱਜ 27 ਮਾਰਚ ਤੋ ਲੈ ਕੇ 15 ਅਪ੍ਰੈਲ ਤੱਕ 8 ਜਿਲਾ ਵਾਈਜ਼ ਧਰਨਿਆਂ ਦਾ ਪ੍ਰੋਗਰਾਮ ਜਾਰੀ ਕੀਤਾ ਜਾ ਰਿਹਾ ਹੈ

## ਬਾਬਾ ਸੋਹਣ ਸਿੰਘ ਦੇ ਬਰਸੀ ਸਮਾਗਮਾਂ 'ਚ ਐਡਵੋਕੇਟ ਧਾਮੀ ਨੇ ਕੀਤੀ ਸ਼ਮੂਲੀਅਤ



ਅੰਮ੍ਰਿਤਸਰ, 22 ਮਾਰਚ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਲ ਪੰਥ ਬਾਬਾ ਬਿਧੀ ਚੰਦ ਜੀ ਸੰਪਰਦਾ ਦੇ ਦਸਵੇਂ ਮੁਖੀ ਬਾਬਾ ਸੋਹਣ ਸਿੰਘ ਜੀ ਦੀ ਸਾਲਾਨਾਬਰਸੀ ਦੇ ਸਮਾਗਮਾਂ ਦੌਰਾਨ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਅਤੇ ਬਾਬਾ ਜੀ ਦੇ ਗੁਰਮਤਿ ਨੂੰ ਸਮਰਪਿਤ ਜੀਵਨ ਤੋਂ ਸੰਗਤ ਨੂੰ ਪ੍ਰੇਰਨਾ ਲੈਣ ਲਈ ਕਿਹਾ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਸੋਹਣ ਸਿੰਘ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸੰਪਰਦਾ ਲਈ ਕੀਤੀਆਂ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਸਿੱਖ ਕੌਮ ਦਾ ਮਾਣਹਨ। ਉਨ੍ਹਾਂ ਕਿਹਾ ਕਿ ਬਾਬਾ ਜੀ ਨੇ ਗੁਰੂ ਗ੍ਰੰਥ ਅਤੇ ਗੁਰੂ ਪੰਥ ਦੀ ਚੜ੍ਹਦੀਕਲਾ ਲਈ ਆਪਣਾ ਜੀਵਨ ਸਮਰਪਿਤ ਕੀਤਾ ਅਤੇ ਸਿੱਖੀ ਪ੍ਰਚਾਰ ਲਈ ਵੱਡੀਆਂ ਸੇਵਾਵਾਂ ਦਿੱਤੀਆਂ। ਇਸ ਮੌਕੇ ਸ਼੍ਰੋਮਣੀਕਮੇਟੀਪ੍ਰਧਾਨਐਡਵੋਕੇਟਧਾਮੀ ਨੇ ਦਲ ਪੰਥ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੌਜੂਦਾ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਨਿਭਾਈਆਂ ਜਾ ਰਹੀਆਂ ਪੰਥਕ ਸੇਵਾਵਾਂ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਬਾਬਾ ਅਵਤਾਰ ਸਿੰਘ ਸੁਰਸਿੰਘ ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤਵੀ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ਼੍ਰੋਮਣੀਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਆਦਿ ਮੌਜੂਦ ਸਨ।

## ਵਿਧਾਇਕਾ ਅਰੁਣਾ ਚੌਧਰੀ ਵੱਲੋਂ ਗਲ਼ੀਆਂ ਦੇ ਕੰਮਾਂ ਦਾ ਉਦਘਾਟਨ

ਦੀਨਾਨਗਰ, 22 ( ਡਾ.ਰਮੇਸ਼ ਸਰੰਗਲ, ਵਰੁਣ ਸਰੰਗਲ ) : ਦੀਨਾਨਗਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕਾਰਜਾਂ ਦੀ ਗਤੀ ਨੂੰ ਤੇਜ਼ ਕਰਦਿਆਂ ਅੱਜ ਵਿਧਾਇਕਾ ਅਰੁਣਾ ਚੌਧਰੀ ਵੱਲੋਂ 1.57 ਕਰੋੜ ਰੁਪਏ ਦੀ ਲਾਗਤ ਨਾਲ ਬਣਾਈਆਂ ਜਾਣ ਵਾਲੀਆਂ ਨਵੀਆਂ ਗਲੀਆਂ, ਮੁਰੰਮਤ ਅਤੇ ਲੋਹੇ ਦੇ ਜੰਗਲੇ ਲਗਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਬਕਾਇਦਾ ਸਰਵੇ ਕੀਤਾ ਗਿਆ ਹੈ ਅਤੇ ਸ਼ਹਿਰ ਦੇ ਕੁੱਲ 15 ਵਾਰਡਾਂ ਵਿੱਚ ਜਿੱਥੇ-ਜਿੱਥੇ ਵੀ ਪੁਰਾਣੀਆਂ ਗਲੀਆਂ ਦੀ ਮੁਰੰਮਤ ਅਤੇ ਲੋਹੇ ਦੇ ਜੰਗਲੇ ਲਗਾਉਣ ਦੀ ਲੋੜ ਹੈ, ਉੱਥੇ ਕੰਮ ਸ਼ੁਰੂ ਕਰਵਾਇਆ ਗਿਆ ਹੈ ਅਤੇ ਜਿੱਥੇ ਕੁਝ ਗਲੀਆਂ ਅਜੇ ਵੀ ਕੱਚੀਆਂ ਹਨ ਉਨ੍ਹਾਂ ਨੂੰ ਫ਼ੌਰੀ ਤੌਰ 'ਤੇ ਇੰਟਰਲਾਕ ਟਾਈਲਾਂ ਲਗਾ ਕੇ ਪੱਕਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਲਾਕੇ ਦਾ ਸਰਵਪੱਖੀ ਵਿਕਾਸ ਕਰਕੇ ਦੀਨਾਨਗਰ ਦਾ ਸਟੇਟਸ ਉੱਚਾ ਕਰਨਾ ਹੈ। ਜਿਸਦੇ ਲਈ ਅਸੀਂ ਲਗਾਤਾਰ ਯਤਨਸ਼ੀਲ ਹਾਂ। ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਨੇ ਕਿਹਾ ਕਿ ਇਹ ਤਮਾਮ ਗਲੀਆਂ ਅਗਲੇ ਕੁਝ ਦਿਨਾਂ ਦੇ ਅੰਦਰ ਹੀ ਤਿਆਰ ਕਰਵਾ ਕੇ ਜਨਤਾ ਦੇ ਹਵਾਲੇ ਕਰ ਦਿੱਤੀਆਂ ਜਾਣਗੀਆਂ ਅਤੇ ਇਸਦੇ ਲਈ ਸਬੰਧਿਤ ਠੇਕੇਦਾਰ ਨੂੰ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕੰਮ ਨੂੰ ਛੇਤੀ ਮੁਕੰਮਲ ਕਰਨ ਲਈ ਕਿਸੇ ਵੀ ਤਰ੍ਹਾਂ ਦੀ ਢਿੱਲਮੱਠ ਅਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇ।ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਵੇਲੇ ਵਿਧਾਇਕਾ ਅਰੁਣਾ ਚੌਧਰੀ ਨੇ ਬਤੌਰ ਕੈਬਨਿਟ ਮੰਤਰੀ ਰਹਿੰਦਿਆਂ ਵੱਧ ਤੋਂ ਵੱਧ ਪੈਸਾ ਲਿਆ ਕੇ ਪਿੰਡਾਂ ਦੇ ਨਾਲ-ਨਾਲ ਸ਼ਹਿਰ ਦਾ ਵੀ ਸਰਵਪੱਖੀ ਵਿਕਾਸ ਕਰਵਾਇਆ ਅਤੇ ਸ਼ਹਿਰ ਦੀਆਂ ਤਕਰੀਬਨ ਸਾਰੀਆਂ ਗਲੀਆਂ ਨੂੰ ਪੱਕਾ ਕਰਵਾਉਂਦਿਆਂ ਨਾਲੀਆਂ ਵੀ ਬਣਵਾਈਆਂ ਗਈਆਂ। ਉਨ੍ਹਾਂ ਕਿਹਾ ਕਿ ਹੁਣ ਦੁਬਾਰਾ ਨਗਰ ਕੌਂਸਲ 'ਤੇ ਕਾਬਜ਼ ਕਾਂਗਰਸ ਦੀ ਕਮੇਟੀ ਵੱਲੋਂ ਸ਼ਹਿਰਵਾਸੀਆਂ ਦੀ ਮੰਗ ਤੇ ਜ਼ਰੂਰਤ ਨੂੰ ਧਿਆਨ ਵਿੱਚ ਰੱਖਦਿਆਂ ਗਲੀਆਂ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।

## ਪੰਡੋਰੀ ਨੂੰ ਸ਼੍ਰੋਮਣੀ ਅਕਾਲੀ ਦਲ ਬੀ.ਸੀ. ਵਿੰਗ ਦਾ ਸ਼ਹਿਰੀ ਪ੍ਰਧਾਨ ਬਣਨ 'ਤੇ ਮਜੀਠੀਆ ਵੱਲੋਂ ਸਨਮਾਨ



ਅੰਮਿਤਸਰ, 22 ਮਾਰਚ (ਬਬਲੂ ਮਹਾਜਨ) : ਸ਼੍ਰੋਮਣੀ ਅਕਾਲੀ ਦਲ ਬੀ.ਸੀ. ਵਿੰਗ ਦੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਕੌਂਸਲਰ ਇੰਦਰਜੀਤ ਸਿੰਘ ਪੰਡੋਰੀ ਨੂੰ ਪੰਜਾਬ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।ਇੰਦਰਜੀਤ ਸਿੰਘ ਪੰਡੋਰੀ ਨੂੰ ਵਧਾਈ ਦਿੰਦੇ ਹੋਏ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਕੌਂਸਲਰ ਇੰਦਰਜੀਤ ਸਿੰਘ ਪੰਡੋਰੀ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਾਦਾਰ ਅਤੇ ਮਿਹਨਤੀ ਆਗੂ ਹਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀ ਦੀ ਚੜ੍ਹਦੀ ਕਲਾ ਅਤੇ ਮਜ਼ਬੂਤੀ ਲਈ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਪੰਡੋਰੀ ਨੇ ਹਰ ਸਮੇਂ ਪਾਰਟੀ ਦੇ ਹੁਕਮਾਂ ਨੂੰ ਪਹਿਲ ਦਿੱਤੀ ਅਤੇ ਵਰਕਰਾਂ ਨਾਲ ਮਿਲ ਕੇ ਜਮੀਨੀ ਪੱਧਰ 'ਤੇ ਕੰਮ ਕੀਤਾ ਹੈ।ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਵੱਲੋਂ ਪੰਡੋਰੀ ਨੂੰ ਦਿੱਤਾ ਗਿਆ ਇਹ ਮਾਣ ਉਨ੍ਹਾਂ ਦੀਆਂ ਸੇਵਾਵਾਂ ਦਾ ਸਨਮਾਨ ਹੈ। ਇਸ ਨਿਯੁਕਤੀ ਨਾਲ ਇਹ ਗੱਲ ਸਾਬਤ ਹੁੰਦੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਮਿਹਨਤੀ ਅਤੇ ਇਮਾਨਦਾਰ ਵਰਕਰਾਂ ਨੂੰ ਸਮੇਂ ਸਿਰ ਪੂਰਾ ਮਾਣ-ਸਤਿਕਾਰ ਮਿਲਦਾ ਹੈ।ਇਸ ਮੌਕੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਇੰਦਰਜੀਤ ਸਿੰਘ ਪੰਡੋਰੀ ਨੇ ਸਾਬਕਾ ਮੰਤਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪਾਰਟੀ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਪੂਰੀ ਦ੍ਰਿੜਤਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਬੀ.ਸੀ. ਵਿੰਗ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕਰਨਗੇ।

## ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਆਉਣ ਵਾਲੀ ਸੰਗਤ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਲੋਂ ਪੁਖ਼ਤਾ ਪ੍ਰਬੰਧ : ਮੈਨੇਜਰ ਸਰਾਵਾਂ ਗੁਰਪ੍ਰੀਤ ਸਿੰਘ

### ਨਵੀਆਂ ਸਰਾਵਾਂ ਦਾ ਕੰਮ ਜਾਰੀ, ਜਲਦ ਮਿਲੇਗੀ ਹੋਰ ਸੁਵਿਧਾ ਸੰਗਤ ਨੂੰ, ਮੈਨੇਜਰ ਗੁਰਪ੍ਰੀਤ ਸਿੰਘ

### ਛੁੱਟੀਆਂ ਦੌਰਾਨ ਸ੍ਰੀ ਦਰਬਾਰ ਸਾਹਿਬ ਵਿਖੇ ਰਹਿਣ-ਸਹਿਣ ਲਈ ਸਰਾਵਾਂ ਤਿਆਰ





ਅੰਮ੍ਰਿਤਸਰ, 22 ਮਾਰਚ (ਬਬਲੂ ਮਹਾਜਨ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਲਈ ਆਉਣ ਵਾਲੀ ਸੰਗਤ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਖਾਸ ਕਰਕੇ ਛੁੱਟੀਆਂ ਦੇ ਦਿਨਾਂ ਵਿੱਚ ਵੱਧ ਰਹੀ ਸੰਗਤ ਨੂੰ ਸੁਚੱਜੀ ਸਹੂਲਤ ਮੁਹੱਈਆ ਕਰਵਾਉਣ ਲਈ ਪ੍ਰਬੰਧਕੀ ਪੱਧਰ 'ਤੇ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਰਾਵਾਂ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸੰਗਤਾਂ ਲਈ ਰਹਿਣ-ਸਹਿਣ ਦੇ ਪੂਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਵੱਖ-ਵੱਖ ਸਰਾਵਾਂ ਵਿੱਚ ਕਮਰੇ ਅਤੇ ਹਾਲ ਸੰਗਤ ਦੀ ਸਹੂਲਤ ਲਈ ਤਿਆਰ ਰੱਖੇ ਗਏ ਹਨ, ਤਾਂ ਜੋ ਦੂਰ-ਦਰਾਜ਼ ਤੋਂ ਆਉਣ ਵਾਲੇ ਯਾਤਰੀਆਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਵੇ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਨਿਵਾਸ ਵਿੱਚ 136 ਕਮਰੇ, ਸ੍ਰੀ ਗੁਰੂ ਰਾਮਦਾਸ ਨਿਵਾਸ ਵਿੱਚ 135 ਕਮਰੇ ਅਤੇ 3 ਹਾਲ, ਮਾਤਾ ਗੰਗਾ ਜੀ ਨਿਵਾਸ ਵਿੱਚ 100 ਕਮਰੇ ਅਤੇ 13 ਹਾਲ ਉਪਲਬਧ ਹਨ। ਇਸ ਤੋਂ ਇਲਾਵਾ ਸ੍ਰੀ ਗੁਰੂ ਹਰਗੋਬਿੰਦ ਨਿਵਾਸ ਵਿੱਚ 88 ਕਮਰੇ ਅਤੇ 2 ਹਾਲ, ਬਾਬਾ ਦੀਪ ਸਿੰਘ ਨਿਵਾਸ ਵਿੱਚ 126 ਕਮਰੇ ਅਤੇ 14 ਹਾਲ, ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਐਨ.ਆਰ.ਆਈ ਨਿਵਾਸ ਵਿੱਚ 52 ਕਮਰੇ ਤਿਆਰ ਹਨ।ਇਸੇ ਤਰ੍ਹਾਂ ਮਾਤਾ ਭਾਗ ਕੌਰ ਨਿਵਾਸ ਵਿੱਚ 41 ਕਮਰੇ ਅਤੇ 2 ਹਾਲ, ਸਾਰਾਗੜ੍ਹੀ ਨਿਵਾਸ ਵਿੱਚ 238 ਕਮਰੇ ਅਤੇ ਗੁਰਦਾਸ ਹਾਲ ਵਿੱਚ 5 ਕਮਰੇ ਅਤੇ 2 ਹਾਲ ਵੀ ਸੰਗਤ ਦੀ ਸੇਵਾ ਲਈ ਤਿਆਰ ਹਨ। ਇਹ ਸਾਰੇ ਪ੍ਰਬੰਧ ਇਸ ਤਰ੍ਹਾਂ ਕੀਤੇ ਗਏ ਹਨ ਕਿ ਸੰਗਤ ਨੂੰ ਸੁਚੱਜੇ ਢੰਗ ਨਾਲ ਰਹਿਣ ਦੀ ਸਹੂਲਤ ਮਿਲ ਸਕੇ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਕੁਝ ਨਵੀਆਂ ਸਰਾਵਾਂ ਦਾ ਕੰਮ ਵੀ ਜਾਰੀ ਹੈ, ਜਿਨ੍ਹਾਂ ਵਿੱਚ ਭਗਤ ਨਾਮਦੇਵ ਜੀ ਸਰਾਂ, ਭਾਈ ਜੈਤਾ ਜੀ ਸਰਾਂ, ਬਾਬਾ ਬਸੰਤ ਸਿੰਘ ਜੀ ਯਾਤਰੀ ਨਿਵਾਸ ਅਤੇ ਅਕਾਲੀ ਮਾਰਕੀਟ ਵਿਖੇ ਬਣ ਰਹੀਆਂ ਸਰਾਵਾਂ ਸ਼ਾਮਲ ਹਨ। ਇਹ ਕੰਮ ਕਾਰ ਸੇਵਾ ਵਾਲੇ ਮਹਾਂਪੁਰਖਾਂ ਨੂੰ ਸੌਂਪਿਆ ਗਿਆ ਹੈ ਅਤੇ ਜੰਗੀ ਪੱਧਰ 'ਤੇ ਕੰਮ ਚੱਲ ਰਹੀ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਮੀਦ ਜਤਾਈ ਗਈ ਹੈ ਕਿ ਜਲਦ ਹੀ ਇਹ ਨਵੀਆਂ ਸਰਾਵਾਂ ਵੀ ਤਿਆਰ ਹੋ ਜਾਣਗੀਆਂ, ਜਿਸ ਨਾਲ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਲਈ ਆਉਣ ਵਾਲੀ ਸੰਗਤ ਨੂੰ ਹੋਰ ਵੀ ਵਧੀਆ ਸੁਵਿਧਾਵਾਂ ਪ੍ਰਾਪਤ ਹੋਣਗੀਆਂ।

## ਜਦੋਂ ਤੱਕ ਲਾਲਜੀਤ ਭੁੱਲਰ ਖ਼ਿਲਾਫ਼ ਕਤਲ ਦਾ ਕੇਸ ਦਰਜ ਨਹੀਂ ਹੁੰਦਾ ਅਕਾਲੀ ਦਲ ਅਣਮਿੱਥੇਂ ਸਮੇਂ ਤੱਕ ਧਰਨਾ ਦੇਵੇਗਾ: ਸੁਖਬੀਰ ਸਿੰਘ ਬਾਦਲ



ਅੰਮ੍ਰਿਤਸਰ, 22 ਮਾਰਚ:(ਗੁਰਦਿਆਲ ਸਿੰਘ/ਬਬਲੂ ਮਹਾਜਨ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਐਲਾਨ ਕੀਤਾ ਕਿ ਉਹਨਾਂ ਦੀ ਪਾਰਟੀ ਉਦੋਂ ਤੱਕ ਅਣਮਿੱਥੇ ਸਮੇਂ ਲਈ ਧਰਨਾ ਦੇਵੇਗੀ ਜਦੋਂ ਤੱਕ ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਖਿਲਾਫ ਵੇਅਰ ਹਾਊਸ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਵੱਲੋਂ ਕੀਤੀ ਖੁਦਕੁਸ਼ੀ ਦੇ ਮਾਮਲੇ ਵਿਚ ਕੇਸ ਦਰਜ ਨਹੀਂ ਹੋ ਜਾਂਦਾ ਤੇ ਉਹਨਾਂ ਸਾਰੇ ਮਾਮਲੇ ਦੀ ਸੀ ਬੀ ਆਈ ਜਾਂਚ ਦੀ ਮੰਗ ਕੀਤੀ।ਅਕਾਲੀ ਦਲ ਦੇ ਪ੍ਰਧਾਨ ਜਿਹਨਾਂ ਨੇ ਖੁਦਕੁਸ਼ੀ ਕਰਨ ਵਾਲੇ ਅਫਸਰ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ, ਜਿਸਨੂੰ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਨਾ ਸਿਰਫ ਜ਼ਲੀਲ ਕੀਤਾ ਗਿਆ ਬਲਕਿ ਮਾਰਕੁੱਟ ਵੀ ਕੀਤੀ ਗਈ, ਨੇ ਡੀ ਜੀ ਪੀ ਗੌਰਵ ਯਾਦਵ ਨਾਲ ਵੀ ਗੱਲਬਾਤ ਕੀਤੀ ਅਤੇ ਮੰਗ ਕੀਤੀ ਕਿ ਬੀ ਐਨ ਐਸ ਦੀ ਧਾਰਾ 103 ਦੇ ਤਹਿਤ ਭੁੱਲਰ ਦੇ ਖਿਲਾਫ ਕਤਲ ਕੇਸ ਦਰਜ ਕੀਤਾ ਜਾਵੇ ਅਤੇ ਉਸਨੂੰ ਤੁਰੰਤ ਗ੍ਰਿਫਤਾਰ ਵੀ ਕੀਤਾ ਜਾਵੇ। ਉਹਨਾਂ ਨੇ ਪਰਿਵਾਰ ਦੇ ਮੈਂਬਰਾਂ ਨਾਲ ਮਿਲ ਕੇ ਰਣਜੀਤ ਐਵੇਨਿਊ ਪੁਲਿਸ ਥਾਣੇ ਵਿਚ ਸ਼ਿਕਾਇਤ ਵੀ ਦਰਜ ਕਰਵਾਈ ਹਾਲਾਂ ਕਿ ਇਸ ਮਾਮਲੇ ਵਿਚ ਪੁਲਿਸ ਅਧਿਕਾਰੀ ਵਿਰੋਧ ਕਰਦੇ ਰਹੇ।ਸਰਦਾਰ ਬਾਦਲ ਨੇ ਇਹ ਵੀ ਕਿਹਾ ਕਿ ਡਾ. ਗਗਨਦੀਪ ਰੰਧਾਵਾ ਵੱਲੋਂ ਖੁਦਕੁਸ਼ੀ ਕਰਨ ਤੋਂ ਪਹਿਲਾਂ ਦਿੱਤੇ ਬਿਆਨ ਅਤੇ ਪਰਿਵਾਰ ਦੇ ਬਿਆਨ ਦੇ ਆਧਾਰ 'ਤੇ ਸਾਬਕਾ ਮੰਤਰੀ ਦੇ ਖਿਲਾਫ ਕੇਸ ਦਰਜ ਹੋਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਡਾ. ਰੰਧਾਵਾ ਦੀ ਲਾਲਜੀਤ ਭੁੱਲਰ ਦੀ ਰਿਹਾਇਸ਼ 'ਤੇ ਕੁੱਟਮਾਰ ਕੀਤੀ ਗਈ ਤੇ ਬੰਦੂਕ ਦੀ ਨੋਕ 'ਤੇ ਉਹਨਾਂ 'ਤੇ ਦਬਾਅ ਬਣਾਉਣ ਦੀ ਵੀਡੀਓ ਵੀ ਮੌਜੂਦ ਹੈ।ਸਰਦਾਰ ਬਾਦਲ ਨੇ ਇਹ ਵੀ ਦੱਸਿਆ ਕਿ ਉਹਨਾਂ ਨੇ ਡਾ. ਰੰਧਾਵਾ ਦੀ ਧਰਮ ਪਤਨੀ ਉਪਿੰਦਰ ਕੌਰ ਨਾਲ ਵੀ ਗੱਲਬਾਤ ਕੀਤੀ ਅਤੇ ਭਰੋਸਾ ਦੁਆਇਆ ਕਿ ਅਕਾਲੀ ਦਲ ਉਹਨਾਂ ਨੂੰ ਇਨਸਾਫ ਮਿਲਣ ਤੱਕ ਉਹਨਾਂ ਦੇ ਨਾਲ ਡਟਿਆ ਰਹੇਗਾ। ਉਹਨਾਂ ਕਿਹਾ ਕਿ ਜੇਕਰ ਲਾਲਜੀਤ ਭੁੱਲਰ ਦੇ ਖਿਲਾਫ ਐਫ ਆਈ ਆਰ ਦਰਜ ਨਹੀਂ ਹੁੰਦੀ ਤਾਂ ਅਕਾਲੀ ਦਲ ਧਰਨਾ ਦੇਵੇਗਾ। ਉਹਨਾਂ ਇਹ ਵੀ ਕਿਹਾ ਕਿ ਪਾਰਟੀ ਕੇਸ ਵਿਚ ਇਨਸਾਫ ਦੀ ਮੰਗ ਕਰਦਿਆਂ ਰੋਸ ਧਰਨਾ ਵੀ ਦੇਵੇਗੀ।ਇਕ ਹੋਰ ਹੈਰਾਨੀਜਨਕ ਖੁਲਾਸੇ ਵਿਚ ਸਰਦਾਰ ਬਾਦਲ ਨੇ ਦੱਸਿਆ ਕਿ ਵੇਅਰ ਹਾਊਸਿੰਗ ਅਫਸਰ 'ਤੇ ਟਰਾਂਸਪੋਰਟ ਮੰਤਰੀ ਨੇ ਦਬਾਅ ਬਣਾਇਆ ਸੀ ਕਿ ਉਹ 50 ਹਜ਼ਾਰ ਮੀਟਰਿਕ ਟਨ ਵਾਸਤੇ ਗੋਦਾਮ ਬਣਾਉਣ ਵਾਸਤੇ ਟੈਂਡਰ ਦੇਵੇ ਅਤੇ ਇਸ ਟੈਂਡਰ ਵਿਚੋਂ 20 ਹਜ਼ਾਰ ਟਨ ਦਾ ਟੈਂਡਰ ਪਹਿਲਾਂ ਹੀ ਮੰਤਰੀ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਦੇ ਨਾਮ 'ਤੇ ਅਲਾਟ ਕਰ ਦਿੱਤਾ ਗਿਆ ਸੀ। ਉਹਨਾਂ ਕਿਹਾ ਕਿ ਡਾ. ਰੰਧਾਵਾ 'ਤੇ ਦਬਾਅ ਬਣਾਇਆ ਗਿਆ ਕਿ ਉਹ ਬਾਕੀ ਰਹਿੰਦੇ 30 ਹਜ਼ਾਰ ਮੀਟਰਿਕ ਟਨ ਦਾ ਟੈਂਡਰ ਵੀ ਅਲਾਟ ਕਰੇ।ਸਰਦਾਰ ਬਾਦਲ ਨੇ ਜ਼ੋਰ ਦੇ ਕਿਹਾ ਕਿ ਪੰਜਾਬ ਨੇ ਨਾ ਸਿਰਫ ਇਕ ਈਮਾਨਦਾਰ ਅਫਸਰ ਗੁਆ ਲਿਆ ਹੈ ਬਲਕਿ ਇਕ ਬਹੁਤ ਹੀ ਪੜ੍ਹਿਆ ਲਿਖਿਆ ਅਫਸਰ ਗੁਆ ਲਿਆ ਹੈ। ਉਹਨਾਂ ਕਿਹਾ ਕਿ ਅਜਿਹੇ ਵੱਧ ਪੜ੍ਹੇ ਲਿਖੇ ਅਫਸਰ ਨੂੰ ਖੁਦਕੁਸ਼ੀ ਕਰਨ ਵਾਸਤੇ ਮਜਬੂਰ ਕਰਨ ਲਈ ਹਾਲਾਤ ਬਣਾਉਣੇ ਬਹੁਤ ਹੀ ਘਿਨੌਣਾ ਅਪਰਾਧ ਹੈ। ਉਹਨਾਂ ਇਹ ਵੀ ਮੰਗ ਕੀਤੀ ਕਿ ਡਾ. ਰੰਧਾਵਾ ਨੂੰ ਤੰਗ ਪ੍ਰੇਸ਼ਾਨ ਕਰਨ ਵਾਲਿਆਂ ਦੇ ਖਿਲਾਫ ਕਾਨੂੰਨ ਮੁਤਾਬਕ ਕਾਰਵਾਈ ਹੋਣੀ ਚਾਹੀਦੀ ਹੈ।ਇਸ ਦੌਰਾਨ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀਆਂ ਏਜੰਸੀਆਂ ਅਤੇ ਯੂਨੀਅਨਾਂ ਨੇ ਅਕਾਲੀ ਦਲ ਦੇ ਦੇ ਪ੍ਰਧਾਨ ਨਾਲ ਮੁਲਾਕਾਤ ਕੀਤੀ ਅਤੇ ਕਿਹਾ ਕਿ ਉਹਨਾਂ ਨੇ ਇਕ ਈਮਾਨਦਾਰ ਤੇ ਵਫਾਦਾਰ ਅਫਸਰ ਗੁਆ ਲਿਆ ਹੈ ਤੇ ਉਹਨਾਂ ਨੇ ਇਨਸਾਫ ਦੀ ਮੰਗ ਕੀਤੀ।

# ਕੈਬਨਿਟ ਮੰਤਰੀ ਖੁੱਡੀਆਂ ਨੇ ਰਿਹਾਇਸ਼ ਯੋਜਨਾ ਤਹਿਤ 42 ਲੱਖ ਦੇ 35 ਲਾਭਪਾਤਰੀਆਂ ਨੂੰ ਚੈੱਕ ਵੰਡੇ

ਸ੍ਰੀ ਮੁਕਤਸਰ ਸਾਹਿਬ/ਲੰਬੀ, 22 ਮਾਰਚ (ਐਚ ਐਸ ਕਪੂਰ): ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੀਤੇ ਦਿਨੀਂ ਆਪਣੇ ਨਿਵਾਸ ਸਥਾਨ ਪਿੰਡ ਖੁੱਡੀਆਂ ਗੁਲਾਬ ਸਿੰਘ ਵਿਖੇ, ਜਿਥੇ ਹਲਕੇ ਦੇ ਲੋਕਾਂ ਨਾਲ ਰੋਜ਼ਾਨਾਂ ਦੇ ਘਰੇਲੂ ਕੰਮ ਧੰਦਿਆਂ ਸਬੰਧੀ ਮੁਲਾਕਾਤ ਕੀਤੀ, ਉਥੇ ਉਨ੍ਹਾਂ ਹਲਕੇ ਦੇ ਪਿੰਡ ਮਿੱਠੜੀ ਬੁੱਧਗਿਰ ਦੇ 35 ਲਾਭਪਾਤਰੀਆਂ ਨੂੰ ਰਿਹਾਇਸ਼ ਯੋਜਨਾ ਤਹਿਤ ਚੈੱਕ ਵੰਡੇ।ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਤੀ ਲਾਭਪਾਤਰੀ ਨੂੰ 1.20 ਲੱਖ ਰੁਪਏ ਦੇ ਹਿਸਾਬ ਨਾਲ ਕੁੱਲ 35 ਲਾਭਪਾਤਰੀਆਂ ਨੂੰ 42 ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ ਹਨ।



ਇਸ ਮੌਕੇ ਉਨ੍ਹਾਂ ਲਾਭਪਾਤਰੀਆਂ ਨੂੰ ਵਧਾਈ ਦਿੱਤੀ ਅਤੇ ਐਲਾਨ ਕੀਤਾ ਕਿ ਅਗਲੇ ਇਕ-ਦੋ ਦਿਨਾਂ ਵਿਚ 50,000 ਰੁਪਏ ਦੀ ਪਹਿਲੀ ਕਿਸ਼ਤ ਉਨ੍ਹਾਂ ਦੇ ਖਾਤਿਆਂ ਵਿਚ ਆ ਜਾਵੇਗੀ ਅਤੇ ਬਾਕੀ ਰਕਮ ਵੀ ਬੈਂਕ ਖਾਤਿਆਂ ਵਿਚ ਜਮਾਂ ਕਰ ਦਿੱਤੀ ਜਾਵੇਗੀ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਹਰੇਕ ਲਾਭਪਾਤਰੀ ਪਰਿਵਾਰ ਨੂੰ ਕੁੱਲ 2.5 ਲੱਖ ਰੁਪਏ ਮਿਲਣਗੇ, ਜਿਸ ਦੀ ਵਰਤੋਂ ਉਨ੍ਹਾਂ ਦੇ ਘਰ ਬਣਾਉਣ ਲਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਸਰਕਾਰ ਦੇ ਸਥਾਪਿਤ ਨਿਯਮਾਂ ਅਨੁਸਾਰ ਅਰਜ਼ੀ ਦੇਣ ਦੀ ਅਪੀਲ ਕੀਤੀ।

ਪੰਜਾਬ ਸਰਕਾਰ ਦੀ ਯੋਜਨਾ ਦੀ ਪ੍ਰਸੰਸਾ ਕਰਦੇ ਹੋਏ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਯੋਜਨਾ ਗਰੀਬਾਂ ਲਈ ਵਰਦਾਨ ਸਾਬਤ ਹੋ ਰਹੀ ਹੈ ਤੇ ਰਾਜ ਸਰਕਾਰ ਦਾ ਮੁੱਖ ਮੰਤਵ ਸਾਰੇ ਗਰੀਬਾਂ ਨੂੰ ਆਪਣਾ ਘਰ ਬਣਾਉਣ ਦਾ ਸੁਪਨਾ ਪੂਰਾ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ। ਇਸ ਮੌਕੇ ਸੀਨੀਅਰ ਆਗੂ ਸ਼ਿਵਰਾਜ ਸਿੰਘ ਮਿੱਠੜੀ ਬਲਾਕ ਪ੍ਰਧਾਨ, ਸੁਮੀਤ ਮਿਠੜੀ, ਰਮੇਸ਼ ਕੁਮਾਰ, ਵਰਿੰਦਰ ਸਿੰਘ ਪੰਚ, ਅਜਮੇਰ ਸਿੰਘ, ਗੁਰਬਾਜ ਸਿੰਘ ਖੁੱਡੀਆਂ, ਟੋਨੀ ਭੁੱਲਰਵਾਲਾ, ਮੀਡੀਆ ਐਡਵਾਈਜ਼ਰ ਮੋਹਿਤ ਸੋਨੀ ਤੋਂ ਇਲਾਵਾ ਪਾਰਟੀ ਵਰਕਰ ਮੌਜੂਦ ਸਨ।

# ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਯੂਨੀਅਨ ਪੰਜਾਬ ਦੀ ਸੰਧਵਾਂ ਨਾਲ ਮੀਟਿੰਗ

ਫਰੀਦਕੋਟ, 22 ਮਾਰਚ (ਅਵਤਾਰ ਸਿੰਘ ਮੱਲਾ): ਆਲ ਇੰਡੀਆ



ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਜੀ ਦੀ ਵਿਚਾਰ ਧਾਰਾ ਅਨੁਸਾਰ ਪੂਰੇ ਪੰਜਾਬ ਵਿੱਚ ਉਲੀਕੇ ਹੋਏ ਪ੍ਰੋਗਰਾਮ ਅਨੁਸਾਰ ਅੱਜ ਸਾਡੀ ਹੜਤਾਲ ਪੰਜਵੇਂ ਦਿਨ ਵਿੱਚ ਪਹੁੰਚ ਗਈ ਹੈ।ਅਮਰਜੀਤ ਕੌਰ ਨੇ ਆਪਣੇ ਵਿਆਨ ਦੱਸਿਆ ਸਿਹਤ ਵਿਭਾਗ ਦੇ ਮੁਕੰਮਲ ਕੰਮਾ ਦੀ ਹੜਤਾਲ ਅੱਜ ਦਿਨ ਵਿੱਚ ਹੈ। ਮੰਗਾਂ ਤੇ ਵਿਚਾਰ ਚਰਚਾ ਵਿੱਚ ਦੱਸਿਆ ਗਿਆ ਕਿ ਆਸ਼ਾ ਵਰਕਰਾਂ ਨੂੰ 10ਲੱਖ ਵਾਲੇ ਕਾਰਡ ਲਈ ਪ੍ਰੈਸ ਰਾਇਜ ਕੀਤਾ ਜਾ ਰਿਹਾ ਹੈ। ਮਾਨਯੋਗ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਜੀ ਨਾਲ ਅੱਜ ਤਕਰੀਬਨ 9ਵਜ ਕਿ 40ਮਿੰਟ ਦੇ ਕਰੀਬ ਸਵੇਰੇ ਆਪਣੀ ਹੱਡ ਬੀਤੀ ਦੱਸੀ ਅਤੇ ਮੰਗਾਂ ਤੇ ਡਿਸ਼ ਕਿਸ਼ਨ ਲਈ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਨਾਲ ਮੀਟਿੰਗ ਦੇ ਸਮੇ ਲਈ ਕਿਹਾ ਤਾਂ ਸਪੀਕਰ ਜੀ ਨੇ ਕਿਹਾ ਕਿ ਮੁੱਖ ਮੰਤਰੀ ਜੀ ਨਾਲ ਮੀਟਿੰਗ ਇਮਪੌਸਿਬਲ ਹੈ। ਸਿਹਤ ਮੰਤਰੀ ਜੀ ਨਾਲ ਮੀਟਿੰਗ ਦਵਾ ਦਿੰਦੇ ਹਾ ਅਸੀ ਸਾਫ ਮਨਾ ਕੀਤਾ ਸਾਡੇ ਹੱਲ ਦੀ ਕਮਾਂਡ ਮੁੱਖ ਮੰਤਰੀ ਜੀ ਦੇ ਹੱਥ ਵਿੱਚ ਹੈ।ਅਤੇ ਹੜਤਾਲ ਤੋ ਵਾਪਸ ਨਾ ਜਾਣ ਦੀ ਪੁਕਾਰ ਕੀਤੀ ਤਾ ਮੀਟਿੰਗ ਦਾ ਥੋੜਾ ਹੁੰਗਾਰਾ ਮਿਲਿਆ। ਮੰਗਾਂ ਲਈ ਵਿਸਥਾਰ ਪੂਰਵਕ ਵਿਆਨ ਕੀਤਾ(1) ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਨੂੰ ਉਜਰਤ ਤੇ ਕਨੂੰਨ ਦੇ ਦਾਇਰੇ 28000/ਰੁਪਏ ਦੇ ਰੈਗੁਲਰ ਕੀਤਾ ਜਾਵੇ ,(2)ਕੀਤੇ ਵਾਅਦੇ ਅਨੁਸਾਰ ਮਿਲਣ ਵਾਲਾ ਅਨਰੇਰੀਅਨ ਫੰਡਾਂ ਵਿੱਚੋਂ 2500/ਰੁਪਏ ਵਿੱਚ ਵਾਧਾ ਕਰਦਿਆਂ 10ਹਜਾਰ ਕੀਤਾ ਜਾਵੇ,(3)ਸੇਵਾ ਮੁਕਤ ਤੇ ਸਹਾਇਤਾ ਫੰਡ 5 ਲੱਖ ਰੁਪਏ ਦਿੱਤਾ ਜਾਵੇ ਅਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ ।(4)ਫੈਸੀਲਿਟਰਜ਼ ਦਾ ਟੂਰ ਮਨੀ ਦੁਗਣਾ ਕੇਂਦਰ ਤੋ ਮਿਲਣ ਵਾਲਾ ਭੱਤਾ ਦੱਸ ਹਜਾਰ ਕੀਤਾ ਜਾਵੇ,(5)ਕਲਾਸ ਫੋਰ ਦੀ ਹਰ ਕੈਟਾਗਿਰੀ ਵਿੱਚ ਭਰਤੀ ਸਮੇ 10% ਕੋਟਾ ਰਾਖਵਾ ਕੀਤਾ ਜਾਵੇ ਇਹ ਸਾਰੀਆਂ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ ਜੇਕਰ ਇਹਨਾਂ ਮੰਗਾ ਦਾ ਨਿਪਟਾਰਾ ਨਾਂ ਕੀਤਾ ਤਾਂ ਹਰ ਰੋਜ਼ ਰੋਸ ਪ੍ਰਦਰਸ਼ਨ ਦੀ ਰੇਖਾ ਬਦਲੀ ਜ਼ਾਇਆ ਕਰੇਗੀ।ਇਸ ਤੋ ਵੀ ਤਿੱਖੇ ਸਘੰਰਸ਼ ਕੀਤੇ ਜਾਣਗੇ। ਮੀਟਿੰਗ ਵਿੱਚ ਕਿਰਨ ਸ਼ਰਮਾ ਬਾਮਣ ਵਾਲਾ, ਅਮਰਜੀਤ ਕੌਰ, ਮਨਜੀਤ ਕੌਰ, ਦਿਲਵੀਰ ਕੌਰ, ਲਖਵੀਰ ਕੌਰ, ਕੁਲਵਿੰਦਰ ਕੌਰ ਸਾਰੇ ਆਸ਼ਾ ਵਰਕਰਜ਼ ਸੰਧਵਾਂ ਕਲਾ ਤੋ ਹਾਜਰ ਹੋਏ।

# ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਦਰਜਨਾਂ ਪਰਿਵਾਰ ਭਾਜਪਾ 'ਚ ਸ਼ਾਮਲ



ਖਨੌਰੀ, 22 ਮਾਰਚ (ਓਮਪ੍ਰਕਾਸ਼ ਮੁਆਲ): ਅਕਾਲੀ ਦਲ ਦੇ ਸਾਬਕਾ ਵਾਈਸ ਚੇਅਰਮੈਨ ਜਿਲ੍ਹਾ ਪ੍ਰੀਸ਼ਦ ਸੰਗਰੂਰ ਤੇ ਯੂਥ ਅਕਾਲੀ ਦਲ ਪੰਜਾਬ ਦੇ ਸਾਬਕਾ ਯੂਥ ਪ੍ਰਧਾਨ ਰਕੇਸ਼ ਗਿੱਲ ਬਨਾਰਸੀ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਭਾਜਪਾ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ।ਇਨ੍ਹਾਂ ਨਾਲ ਪਿੰਡ ਵਾਸੀ ਸ਼ੇਖਰ ਮੈਂਬਰ, ਸੁਖਦੇਵ ਮੈਂਬਰ ਸਮੇਤ ਚਾਰ ਪੰਚਾਇਤ ਮੈਂਬਰਾਂ ਤੇ ਦਰਜਨਾਂ ਹੋਰ ਪਰਿਵਾਰਾਂ ਨੇ ਵੀ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਭਾਜਪਾ ਪਾਰਟੀ ਦਾ ਪੱਲਾ ਫੜ ਲਿਆ।ਇਹ ਸ਼ਮੂਲੀਅਤ ਇਲਾਕੇ ਵਿੱਚ ਵੱਡੇ ਸਿਆਸੀ ਬਦਲਾਅ ਦੀ ਨਿਸ਼ਾਨੀ ਮੰਨੀ ਜਾ ਰਹੀ ਹੈ।ਇਸ ਮੌਕੇ ਸੰਬੋਧਨ ਕਰਦਿਆਂ ਨਾਇਬ ਸਿੰਘ ਸੈਣੀ ਨੇ ਪੰਜਾਬ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਿਆ।ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਵਾਅਦਿਆਂ ਤੋਂ ਮੁੱਕਰ ਰਹੀ ਹੈ ਅਤੇ ਭ੍ਰਿਸ਼ਟਾਚਾਰ ਖਿਲਾਫ ਲੜਨ ਦਾ ਦਾਅਵਾ ਕਰਨ ਵਾਲੀ ਸਰਕਾਰ ਦੇ ਕੈਬਿਨਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਭ੍ਰਿਸ਼ਟਾਚਾਰ ਨਾਲ ਜੁੜੀ ਵੀਡੀਓ ਵੀ ਵਾਇਰਲ ਹੋ ਚੁੱਕੀ ਹੈ।

ਉਨ੍ਹਾਂ ਨੇ ਹਰਿਆਣਾ ਮਾਡਲ ਦੀ ਵਡਿਆਈ ਕਰਦਿਆਂ ਕਿਹਾ ਕਿ ਉੱਥੇ ਬੁਢਾਪਾ ਪੈਨਸ਼ਨ, ਸਗਨ ਸਕੀਮ ਅਤੇ 24 ਫਸਲਾਂ 'ਤੇ ਐਮ ਐਸ ਪੀ. ਵਰਗੀਆਂ ਸੁਵਿਧਾਵਾਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਵਾਅਦਾ ਕੀਤਾ ਕਿ ਜੇ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ ਇਸ ਇਲਾਕੇ ਤੋਂ ਪਿੱਛੜੇਪਨ ਦਾ ਦਾਗ ਮਿਟਾ ਦਿੱਤਾ ਜਾਵੇਗਾ।ਇਸ ਮੌਕੇ ਚਰਨਜੀਤ ਸਿੰਘ ਬਰਾੜ, ਨਰਾਇਣ ਸਿੰਘ ਨਰਸੋਤ, ਨੈਨੂਰਾਮ ਗਰਗ, ਰਮੇਸ਼ ਕੁਮਾਰ ਕੁਕੂ, ਦਮਨ ਥਿੰਦ ਬਾਜਵਾ, ਅੰਮ੍ਰਿਤਪਾਲ ਸਿੰਘ ਚੱਠਾ, ਵਿਨੋਦ ਸਿੰਗਲਾ, ਸਤਪਾਲ ਸਿੰਗਲਾ, ਪਰਮਜੀਤ ਸਿੰਘ, ਦਰਸ਼ਨ ਸਿੰਘ, ਮੇਘ ਰਾਜ ਚੱਠਾ, ਡਾ. ਪ੍ਰੇਮ ਬਾਂਸਲ, ਸੋਨੂ ਗੋਇਲ, ਰੱਜਤ ਕਾਂਸਲ, ਰਿਸ਼ੀਪਾਲ ਖਟਕੜ ਸੈਕਟਰੀ ਮੰਡਲ ਜਨਰਲ ਸੈਕਟਰੀ, ਜਗਜੀਤ ਸਿੰਘ ਗੋਠਵਾਲ, ਸਤੀਸ਼ ਬਾਸਲ ਤੇ ਕ੍ਰਿਸ਼ਨ ਗੋਇਲ, ਅਮਰਜੀਤ ਸਿੰਘ ਕਾਲਾ ਐਸਸੀ ਮੋਰਚਾ ਜ਼ਿਲਾ ਪ੍ਰਧਾਨ, ਸਮੇਤ ਕਈ ਸੀਨੀਅਰ ਭਾਜਪਾ ਆਗੂ ਵੀ ਮੌਜੂਦ ਸਨ।

# ਸ਼ਹੀਦ ਕੌਮਾਂ ਦਾ ਸਰਮਾਇਆ ਹੁੰਦੇ ਨੇ : 'ਸਾਹਿਤਕ ਮੰਚ ਭਗਤਾ'



ਭਗਤਾ ਭਾਈ ਕਾ, 22 ਮਾਰਚ (ਸਵਰਨ ਸਿੰਘ ਭਗਤਾ): ਸ਼ਹੀਦ, ਕੌਮਾਂ ਦਾ ਸਰਮਾਇਆ ਹੋਣ ਦੇ ਨਾਲ ,ਕੌਮਾਂ ਦੀ ਜ਼ਮੀਰ ਵੀ ਹੋਇਆ ਕਰਦੇ ਨੇ ਇਹ ਵਿਚਾਰ ਇਲਾਕੇ ਦੀ ਨਾਮਵਰ ਸਾਹਿਤਕ ਸੰਸਥਾ 'ਸਾਹਿਤਕ ਮੰਚ ਭਗਤਾ' ਦੇ ਪ੍ਰਧਾਨ,ਸਰਪ੍ਰਸਤ, ਅਤੇ ਵਿੱਤ ਸਕੱਤਰ ਕਰਮਵਾਰ ਸੁਖਮੰਦਰ ਬਰਾੜ ਗੁੰਮਟੀ, ਨਛੱਤਰ ਸਿੰਘ ਸਿੱਧੂ, ਬਲੌਰ ਸਿੰਘ ਸਿੱਧੂ ਅਤੇ ਰੰਗਕਰਮੀ ਸੁਖਵਿੰਦਰ ਚੀਦਾ ਨੇ ਦਿੱਤੇ। ਮੰਚ ਵੱਲੋਂ 23 ਮਾਰਚ ਨੂੰ ਸ਼ਹੀਦ -ਏ ਆਜ਼ਮ ਸ.ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਵਿਚਾਰਧਾਰਾ ਨੂੰ ਨੌਜਵਾਨਾਂ ਤੱਕ ਪਹੁੰਚਾਉਣ ਲਈ ਸਮਾਗਮ ਕੀਤਾ ਜਾ ਰਿਹਾ ਹੈ। ਮੌਜੂਦਾ ਸਮੇਂ ਵਿੱਚ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਦੀ ਸਾਰਥਿਕਤਾ ਉੱਤੇ ਵੱਖ ਵੱਖ ਬੁੱਧੀਜੀਵੀਆਂ ਵੱਲੋਂ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਜਾਣਗੇ। ਇਸ ਸਮਾਗਮ ਵਿੱਚ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਖ਼ਾਸ ਸੱਦਾ ਦਿੱਤਾ ਗਿਆ ਹੈ। ਇਹ ਜਾਣਕਾਰੀ ਮੰਚ ਦੇ ਜਨਰਲ ਸਕੱਤਰ ਅੰਮ੍ਰਿਤਪਾਲ ਕਲੇਰ ਨੇ ਸਾਂਝੀ ਕੀਤੀ। ਉਹਨਾਂ ਕਿਹਾ ਕਿ ਸਮੁੱਚੇ ਮੰਚ ਦੀ ਮਿਹਨਤ ਸਦਕਾ ਸਾਡੀ ਨੌਜਵਾਨ ਪੀੜ੍ਹੀ ਨੂੰ ਜ਼ਰੂਰ ਸੇਧ ਮਿਲੇਗੀ। ਇਸ ਵਿਚਾਰਧਾਰਾ ਦੀ ਪਰੋੜਤਾ ਖੋਜਾਰਥੀ ਸ਼੍ਰੀ ਗੁਰਦਰਸ਼ਨ ਸਿੰਘ ਲੁੱਧੜ,ਪ੍ਰਿੰਸੀਪਲ ਹੰਸ ਸਿੰਘ ਸੋਹੀ, ਮੀਤ ਪ੍ਰਧਾਨ ਹਰਜੀਤ ਸਿੰਘ ਗੰਗਾ, ਪ੍ਰੈਸ ਸਕੱਤਰ ਰਜਿੰਦਰ ਸਿੰਘ ਮਰਾਹੜ,ਸਲਾਹਕਾਰ ਡਾ. ਬਲਵਿੰਦਰ ਸਿੰਘ ਸੋਢੀ, ਤਰਲੋਚਨ ਸਿੰਘ ਗੰਗਾ, ਮਾਸਟਰ ਸੁਰਜੀਤ ਸਿੰਘ, ਮਾਸਟਰ ਰਣਜੋਧ ਸਿੰਘ, ਸਿਕੰਦਰ ਦੀਪ ਸਿੰਘ ਰੂਬਲ, ਮਾਸਟਰ ਗੁਰਨਾਮ ਸਿੰਘ,ਨੌਜਵਾਨ ਸ਼ਾਇਰ ਗੁਰਵਿੰਦਰ ਮਾਨ ਕੋਠਾ ਗੁਰੂ, ਸੰਦੀਪ ਸਿੰਘ ਭਗਤਾ ਨੇ ਕੀਤੀ।

# ਵਿਰਾਸਤੀ ਪਿੰਡ ਜੈਪਾਲਗੜ੍ਹ 'ਚ ਬੱਝਿਆ ਪੁਰਾਤਨ ਪੰਜਾਬ ਦਾ ਰੰਗ; ਕੰਵਰ ਗਰੇਵਾਲ ਦੀ ਸੂਫ਼ੀ ਗਾਇਕੀ ਨੇ ਕੀਲੇ ਦਰਸ਼ਕ

ਬਠਿੰਡਾ, 22 ਮਾਰਚ (ਦੀਪਕ ਸ਼ਰਮਾ): ਬਠਿੰਡਾ ਦੇ ਸ਼ਹੀਦ ਭਗਤ ਸਿੰਘ ਬਹੁਮੰਤਵੀ ਖੇਡ ਸਟੇਡੀਅਮ ਵਿੱਚ ਬਣੇ ਵਿਰਾਸਤੀ ਪਿੰਡ ਜੈਪਾਲਗੜ੍ਹ ਦੀਆਂ ਬਰੂਹਾਂ ਅੰਦਰ ਦਾਖ਼ਲ ਹੁੰਦਿਆਂ ਹੀ ਇੰਝ ਮਹਿਸੂਸ ਹੋ ਰਿਹਾ ਸੀ ਜਿਵੇਂ ਸਮੇਂ ਦਾ ਪਹੀਆ ਪਿੱਛੇ ਘੁੰਮ ਗਿਆ ਹੋਵੇ ਅਤੇ ਅਸੀਂ ਪੁਰਾਣੇ ਜਮਾਨੇ ਦੇ ਕਿਸੇ ਰੰਗਲੇ ਪੰਜਾਬੀ ਪਿੰਡ ਵਿੱਚ ਆ ਗਏ ਹੋਈਏ। ਪੁਰਾਣੀਆਂ ਪੋਸ਼ਾਕਾਂ ਵਿੱਚ ਸਜੇ ਗੱਭਰੂ, ਰਵਾਇਤੀ ਗਹਿਣਿਆਂ ਨਾਲ ਲੱਦੀਆਂ ਮੁਟਿਆਰਾਂ ਅਤੇ ਚਾਰੇ ਪਾਸੇ ਫੈਲੀ ਪੰਜਾਬੀਅਤ ਦੀ ਮਹਿਕ ਨੇ ਅਜਿਹਾ ਮਾਹੌਲ ਸਿਰਜਿਆ ਕਿ ਹਰ ਕੋਈ ਆਪਣੀ ਅਮੀਰ ਵਿਰਾਸਤ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। 19ਵੇਂ ਵਿਰਾਸਤੀ ਮੇਲੇ ਦੇ ਦੂਜੇ ਦਿਨ ਸ਼ਨੀਵਾਰ ਦੀ ਛੁੱਟੀ ਹੋਣ ਕਾਰਨ ਲੋਕਾਂ ਦਾ ਹੜ੍ਹ ਉਮੜ ਆਇਆ, ਜਿੱਥੇ ਮੁੱਖ ਮਹਿਮਾਨ ਵਜੋਂ ਪਹੁੰਚੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਅਤੇ ਹੱਥਕਲਾਂ ਨਾਲ ਜੁੜਨ ਦਾ ਹੋਕਾ ਦਿੱਤਾ।




ਵਿਰਾਸਤ ਨੂੰ ਸੰਭਾਲਣ ਦਾ ਵੱਡਾ ਮੰਚ ਆਪਣੇ ਸੰਬੋਧਨ ਦੌਰਾਨ ਸ. ਸੰਧਵਾਂ ਨੇ ਕਿਹਾ ਕਿ ਇਹ ਮੇਲਾ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਸਾਡੀਆਂ ਲੋਕ-ਕਲਾਵਾਂ ਤੇ ਕਾਰੀਗਰਾਂ ਨੂੰ ਉਤਸ਼ਾਹਿਤ ਕਰਨ ਦਾ ਇੱਕ ਵੱਡਾ ਮੰਚ ਹੈ। ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਪੀਕਰ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਉਪਰਾਲੇ ਪੰਜਾਬੀਅਤ ਦੀ ਪਛਾਣ ਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਕਰਦੇ ਹਨ ਅਤੇ ਸਰਕਾਰ ਵੱਲੋਂ ਅਜਿਹੇ ਮੇਲਿਆਂ ਨੂੰ ਹਰ ਸਾਲ ਹੋਰ ਵਿਸਤਾਰ ਦਿੱਤਾ ਜਾਵੇਗ। ਮੇਲੇ ਦਾ ਖ਼ਾਸ ਖਿੱਚ ਦਾ ਕੇਂਦਰ ਸੂਫ਼ੀ ਗਾਇਕ ਕੰਵਰ ਗਰੇਵਾਲ ਰਹੇ, ਜਿਨ੍ਹਾਂ ਨੇ ਆਪਣੇ ਵਿਲੱਖਣ ਅੰਦਾਜ਼ ਨਾਲ ਪੂਰੇ ਪੰਡਾਲ ਨੂੰ ਸੂਫ਼ੀਆਨਾ ਰੰਗ ਵਿੱਚ ਰੰਗ ਦਿੱਤਾ। ਉਨ੍ਹਾਂ ਤੋਂ ਪਹਿਲਾਂ ਨਿਰਮਲ ਨਿੰਮਾ ਨੇ ਵੀ ਆਪਣੀ ਗਾਇਕੀ ਨਾਲ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਫ਼ਿਲਮੀ ਸਿਤਾਰੇ ਬੀਨੂ ਢਿੱਲੋਂ ਦੀ ਸ਼ਿਰਕਤ ਨੇ ਮੇਲੇ ਦੀਆਂ ਰੌਣਕਾਂ ਨੂੰ ਚਾਰ ਚੰਨ ਲਗਾ ਦਿੱਤੇ, ਜਿਨ੍ਹਾਂ ਦਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਪਿੰਡ ਜੈਪਾਲਗੜ੍ਹ ਵਿਖੇ ਬੱਚਿਆਂ ਲਈ ਰਵਾਇਤੀ ਖੇਡਾਂ, ਰੱਸਾ-ਕੱਸੀ ਅਤੇ ਕੁਸ਼ਤੀ ਦੇ ਮੁਕਾਬਲੇ ਕਰਵਾਏ ਗਏ। ਸਕੂਲੀ ਅਤੇ ਕਾਲਜ ਵਿਦਿਆਰਥੀਆਂ ਵੱਲੋਂ ਮਲਵਈ ਗਿੱਧਾ, ਭੰਗੜਾ, ਲੁੱਡੀ ਅਤੇ ਵਿਆਹ ਦੇ ਦ੍ਰਿਸ਼ (ਨਾਨਕਾ-ਦਾਦਕਾ ਮੇਲ) ਦੀਆਂ ਪੇਸ਼ਕਾਰੀਆਂ ਨੇ ਪੁਰਾਣੇ ਸੱਭਿਆਚਾਰ ਨੂੰ ਅੱਖਾਂ ਸਾਹਮਣੇ ਜੀਵੰਤ ਕਰ ਦਿੱਤਾ। ਮਸਤਾਨੇ ਗਰੁੱਪ ਵੱਲੋਂ ਖੇਡੇ ਗਏ ਨਾਟਕ "ਇੱਕ ਸੀ ਰੰਗ ਸਫੈਦ" ਨੇ ਦਰਸ਼ਕਾਂ ਨੂੰ ਸੋਚਣ ਲਈ ਮਜਬੂਰ ਕੀਤਾ। ਮੇਲੇ ਵਿੱਚ ਲੱਗੀਆਂ ਵੱਖ-ਵੱਖ ਸਟਾਲਾਂ 'ਤੇ ਲੋਕਾਂ ਨੇ ਰਵਾਇਤੀ ਹੱਥਕਲਾਂ ਅਤੇ ਘਰੇਲੂ ਸਾਮਾਨ ਦੀ ਚੋਖੀ ਖ਼ਰੀਦਦਾਰੀ ਕੀਤੀ। ਇਸ ਮੌਕੇ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਕਰੁਨੇਸ਼ ਕੁਮਾਰ, ਵਿਧਾਇਕ ਮਾਸਟਰ ਜਗਸੀਰ ਸਿੰਘ, ਜ਼ਿਲ੍ਹਾ ਪੁਲੀਸ ਮੁਖੀ ਡਾ. ਜਯੋਤੀ ਯਾਦਵ ਬੈਂਸ ਸਮੇਤ ਮੇਲਾ ਕਮੇਟੀ ਦੇ ਅਹੁਦੇਦਾਰ ਚਮਕੌਰ ਸਿੰਘ ਮਾਨ, ਇੰਦਰਜੀਤ ਸਿੰਘ, ਸੁਖਦੇਵ ਸਿੰਘ ਗਰੇਵਾਲ ਅਤੇ ਵੱਡੀ ਗਿਣਤੀ ਵਿੱਚ ਅਧਿਕਾਰੀ ਤੇ ਸ੍ਰੋਤੇ ਹਾਜ਼ਰ ਸਨ।

# "ਪਰਚਾ ਮੰਤਰੀ" ਦੀ ਛਵੀ ਵਾਲੇ ਹੁਣ ਮੁੱਦਾਹੀਣ, ਅਸੀਂ ਲੋਕਾਂ ਨਾਲ ਕੀਤੇ ਵਾਅਦੇ ਨਿਭਾਏ : ਬਲਕਾਰ ਸਿੱਧੂ

ਰਾਮਪੁਰਾ ਫੂਲ, 22 ਮਾਰਚ (ਮਨਪ੍ਰੀਤ ਮਿੰਟੂ): ਬਲਾਕ ਸੰਮਤੀ ਫੂਲ ਦੇ ਚੇਅਰਮੈਨ ਦੀ ਚੋਣ ਮੌਕੇ ਬੀਡੀਪੀਓ ਫੂਲ ਦਫ਼ਤਰ ਵਿਖੇ ਪਿਛਲੇ ਦਿਨੀਂ ਸਿਆਸੀ ਗਰਮੀ ਉਸ ਵੇਲੇ ਸਿਖਰ 'ਤੇ ਪਹੁੰਚ ਗਈ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ ਆਮ ਆਦਮੀ ਪਾਰਟੀ ਉੱਤੇ ਕਥਿਤ ਧੱਕੇਸ਼ਾਹੀ ਦੇ ਦੋਸ਼ ਲਗਾਏ ਗਏ।ਇਸ ਦੇ ਤੁਰੰਤ ਬਾਅਦ ਆਪ ਆਗੂਆਂ ਨੇ ਤਿੱਖਾ ਪਲਟਵਾਰ ਕਰਦਿਆਂ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਸਮੇਤ ਅਕਾਲੀ ਆਗੂਆਂ ਉੱਤੇ ਗੰਭੀਰ ਇਲਜ਼ਾਮ ਲਗਾਏ। ਆਪ ਦੇ ਸੀਨੀਅਰ ਆਗੂ ਯੋਧਾ ਮਹਿਰਾਜ,ਟਰੱਕ ਯੂਨੀਅਨ ਪ੍ਰਧਾਨ ਸ਼ੇਰ ਬਹਾਦਰ ਸਿੰਘ ਅਤੇ ਲੱਖਾ ਸਰਪੰਚ ਪਿੱਪਲੀ ਤੇ ਉਨ੍ਹਾਂ ਦੇ ਸਾਥੀਆਂ ਨੇ ਕਿਹਾ ਕਿ ਜਿਹੜੇ ਆਗੂ ਅੱਜ ਧੱਕੇਸ਼ਾਹੀ ਦੀਆਂ ਗੱਲਾਂ ਕਰ ਰਹੇ ਹਨ,ਉਹ ਆਪਣੇ ਰਾਜ ਦੌਰਾਨ ਹੋਈਆਂ ਕਥਿਤ ਵਿਵਾਦਿਤ ਘਟਨਾਵਾਂ 'ਤੇ ਚੁੱਪੀ ਧਾਰਨ ਕਰਦੇ ਆਏ ਹਨ। ਉਨ੍ਹਾਂ ਗੋਲਡੀ ਮਹਿਰਾਜ ਕਤਲ ਮਾਮਲਾ, ਬੇਰੁਜ਼ਗਾਰਾਂ ਦੇ ਧਰਨਿਆਂ ਦੌਰਾਨ ਕੁੜੀਆਂ ਨਾਲ ਦੁਰਵਿਵਹਾਰ, ਨਗਰ ਕੌਂਸਲ ਚੋਣਾਂ ਵਿੱਚ ਬੂਥ ਕੈਪਚਰਿੰਗ ਅਤੇ ਆਮ ਲੋਕਾਂ ਨੂੰ ਨੰਗਾ ਕਰਕੇ ਬੇਇੱਜ਼ਤ ਕਰਨ ਦੇ ਕਥਿਤ ਦੋਸ਼ਾਂ ਨੂੰ ਉਠਾਉਂਦਿਆਂ ਮਲੂਕਾ ਤੋਂ ਸਪਸ਼ਟ ਜਵਾਬ ਮੰਗਿਆ। ਆਪ ਆਗੂਆਂ ਨੇ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ ਅਕਾਲੀ ਰਾਜ ਦੌਰਾਨ "ਜਿਸ ਦੀ ਲਾਠੀ ਉਸ ਦੀ ਭੈਂਸ" ਵਾਲਾ ਮਾਹੌਲ ਬਣਾਇਆ ਗਿਆ ਸੀ, ਜਿਸ ਨਾਲ ਆਮ ਲੋਕਾਂ ਨੂੰ ਦਬਾਇਆ ਗਿਆ। ਉਨ੍ਹਾਂ ਦੋਸ਼ ਲਗਾਇਆ ਕਿ ਹੁਣ ਉਹੀ ਆਗੂ ਆਪਣੀਆ ਪੁਰਾਣੀਆ ਕਰਤੂਤਾਂ ਨੂੰ ਭੁੱਲ ਕੇ ਬੇਬੁਨਿਆਦ ਦੋਸ਼ ਲਗਾ ਕੇ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਉਨ੍ਹਾਂ ਇਹ ਵੀ ਕਿਹਾ ਕਿ ਸੂਬੇ ਵਿੱਚ "ਪਰਚਾ ਮੰਤਰੀ" ਵਜੋਂ ਛਵੀ ਬਣਾਉਣ ਵਾਲੇ ਲੋਕ ਹੁਣ ਸਾਨੂੰ ਨਸੀਹਤਾਂ ਦੇਣਗੇ।



ਦੱਸਿਆ ਜਾਂਦਾ ਹੈ ਕਿ ਤਕਰਾਰ ਦੇ ਮਾਹੌਲ ਵਿਚ ਮਲੂਕਾ ਪੂਰੀ ਗੱਲ ਸੁਣੇ ਬਿਨਾਂ ਹੀ ਮੌਕੇ ਤੋਂ ਚਲੇ ਗਏ, ਜਿਸ ਨਾਲ ਸਿਆਸੀ ਗਰਮਾਹਟ ਹੋਰ ਵੱਧ ਗਈ।ਇਸ ਮੌਕੇ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ "ਜਿਨ੍ਹਾਂ ਦਾ ਆਪਣਾ ਰਾਜਨੀਤਿਕ ਇਤਿਹਾਸ ਹੀ ਵਿਵਾਦਾਂ ਨਾਲ ਘਿਰਿਆ ਹੋਇਆ ਹੈ, ਉਹ ਅੱਜ ਸਾਡੇ ਉੱਤੇ ਦੋਸ਼ ਲਗਾ ਰਹੇ ਹਨ।" ਉਨ੍ਹਾਂ ਦਾਅਵਾ ਕੀਤਾ ਕਿ ਆਪ ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਕੇ ਦਿਖਾਏ ਹਨ, ਜਿਸ ਕਾਰਨ ਵਿਰੋਧੀ ਪਾਰਟੀਆਂ ਮੁੱਦਾਹੀਣ ਹੋ ਚੁੱਕੀਆਂ ਹਨ ਅਤੇ ਹੁਣ ਸਿਰਫ਼ ਇਲਜ਼ਾਮਬਾਜ਼ੀ ਦਾ ਸਹਾਰਾ ਲੈ ਰਹੀਆਂ ਹਨ। ਮੌਕੇ 'ਤੇ ਮੌਜੂਦ ਲੋਕਾਂ ਵਿੱਚ ਵੀ ਇਹ ਕਹਾਵਤ ਚਰਚਾ ਦਾ ਕੇਂਦਰ ਬਣੀ ਰਹੀ ਕਿ "ਹੱਥਾਂ ਨਾਲ ਦਿੱਤੀਆਂ ਗੰਢਾਂ ,ਦੰਦਾਂ ਨਾਲ ਖੋਲਣੀਆਂ ਪੈਂਦੀਆਂ ਹਨ", ਜੋ ਇਸ ਸਿਆਸੀ ਟਕਰਾਅ ਦੀ ਤੀਬਰਤਾ ਨੂੰ ਸਾਫ਼ ਦਰਸਾਉਂਦੀ ਹੈ।

# ਸੀਤਾਸਰ ਧਾਮ ਮੰਦਰ ਕਮੇਟੀ ਵੱਲੋਂ ਸਿੰਗਲਾ ਪਰਿਵਾਰ ਦਾ ਸਨਮਾਨ

ਸੁਨਾਮ, 22 ਮਾਰਚ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸ੍ਰੀ ਨੀਲਕੰਠੇਸਵਰ



ਰਾਮ ਮੰਦਰ, ਸ੍ਰੀ ਸੀਤਾਸਰ ਧਾਮ ਵਿਖੇ ਮੰਦਰ ਕਮੇਟੀ ਵੱਲੋਂ ਚਲਾਏ ਜਾ ਰਹੀ 108 ਸ੍ਰੀ ਰਾਮਾਇਣ ਜੀ ਦੇ ਪਾਠਾਂ ਦੀ ਲੜੀ ਦੇ ਦੇ ਚੱਲਦਿਆਂ ਸ੍ਰੀ ਰਮਾਇਣ ਜੀ ਦਾ ਪਾਠ ਰਾਜੀਵ ਸਿੰਗਲਾ ਪਰਿਵਾਰ ਵੱਲੋਂ ਕਰਵਾਇਆ ਗਿਆ। ਇਸ ਮੌਕੇ ਸ੍ਰੀ ਹਨੂੰਮਾਨ ਚਾਲੀਸਾ ਜੀ ਦਾ ਪਾਠ ਵੀ ਕੀਤਾ ਗਿਆ ਤੇ ਸ੍ਰੀ ਰਾਮਾਇਣ ਦੀ ਆਰਤੀ ਕੀਤੀ ਗਈ ਇਸ ਮੌਕੇ ਆਈਆਂ ਸਾਰੀਆਂ ਸੰਗਤਾਂ ਵੱਲੋਂ ਆਏ ਸਾਰੇ ਸ਼ਰਧਾਲੂਆਂ ਨੇ ਭਗਵਾਨ ਸ੍ਰੀ ਰਾਮ ਤੇ ਭੋਲੇ ਬਾਬਾ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਤੋਂ ਬਾਅਦ, ਸਿੰਗਲਾ ਪਰਿਵਾਰ ਨੇ ਸਾਰੇ ਸ਼ਰਧਾਲੂਆਂ ਲਈ ਲੰਗਰ ਪ੍ਰਸ਼ਾਦ ਦਾ ਪ੍ਰਬੰਧ ਕੀਤਾ ਗਿਆ ਇਸ ਮੌਕੇ, ਸਿੰਗਲਾ ਪਰਿਵਾਰ ਵੱਲੋਂ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਮੰਦਰ ਕਮੇਟੀ ਦੇ ਚੇਅਰਮੈਨ ਵਿਕਰਮ ਗਰਗ ਵਿੱਕੀ ਅਤੇ ਕਮੇਟੀ ਵੱਲੋਂ ਸਿੰਗਲਾ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ।

# ਮਾਨ ਸਰਕਾਰ ਨੇ ਕਿਸਾਨਾਂ ਲਈ ਕੀਤੇ ਮਿਸਾਲੀ ਸੁਧਾਰ, 2027 'ਚ ਮੁੜ ਆਉਣ ਦੀ ਲੋਕਾਂ ਨੇ ਕੀਤੀ ਤਿਆਰੀ : ਮਿੰਕੂ ਜਵੰਧਾ

ਸੰਗਰੂਰ, 22 ਮਾਰਚ (ਹਰਕੰਵਲ ਸਿੰਘ ਹੈਪੀ): ਪੰਜਾਬ ਇਨਫੋਟੈਕ ਦੇ ਚੇਅਰਮੈਨ ਤੇ ਸੀਨੀਅਰ ਆਗੂ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਮਾਨ ਸਰਕਾਰ ਦੀਆਂ ਕਿਸਾਨ ਪੱਖੀ ਨੀਤੀਆਂ ਦੀ ਪੁਰਜ਼ੋਰ ਸ਼ਲਾਘਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਦੇ ਖੇਤੀਬਾੜੀ ਖੇਤਰ ਵਿੱਚ ਅਜਿਹੇ ਮਿਸਾਲੀ ਸੁਧਾਰ ਕੀਤੇ ਹਨ, ਜਿਨ੍ਹਾਂ ਦੀ ਮਿਸਾਲ ਪਿਛਲੇ ਕਈ ਦਹਾਕਿਆਂ ਵਿੱਚ ਨਹੀਂ ਮਿਲਦੀ। ਮੀਡੀਆ ਨਾਲ ਗੱਲਬਾਤ ਕਰਦਿਆਂ ਡਾਕਟਰ ਜਵੰਧਾ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਲਈ ਸਭ ਤੋਂ ਵੱਡੀ ਰਾਹਤ ਖੇਤਾਂ ਲਈ ਨਿਰਵਿਘਨ ਬਿਜਲੀ ਸਪਲਾਈ ਹੈ। ਪਹਿਲਾਂ ਕਿਸਾਨਾਂ ਨੂੰ ਅੱਧੀ ਰਾਤ ਵੇਲੇ ਖੇਤਾਂ ਵਿੱਚ ਪਾਣੀ ਲਾਉਣ ਜਾਣਾ ਪੈਂਦਾ ਸੀ, ਜਿਸ ਨਾਲ ਜਾਨ-ਮਾਲ ਦਾ ਖਤਰਾ ਬਣਿਆ ਰਹਿੰਦਾ ਸੀ, ਪਰ ਹੁਣ ਕਿਸਾਨ ਸੌਖਾਲੇ ਹੋ ਕੇ ਦਿਨ ਵੇਲੇ ਆਪਣੀ ਖੇਤੀ ਕਰ ਰਹੇ ਹਨ।



ਰਵਾਇਤੀ ਸਿਆਸੀ ਪਾਰਟੀਆਂ 'ਤੇ ਤਿੱਖਾ ਹਮਲਾ ਕਰਦਿਆਂ ਮਿੰਕੂ ਜਵੰਧਾ ਨੇ ਕਿਹਾ, "ਜਿਹੜੇ ਮਸਲੇ ਰਵਾਇਤੀ ਪਾਰਟੀਆਂ ਨੂੰ 40 ਸਾਲ ਵੋਟਾਂ ਪਾਉਣ ਨਾਲ ਵੀ ਹੱਲ ਨਹੀਂ ਹੋਏ ਸੀ, ਉਹ ਮਾਨ ਸਰਕਾਰ ਨੂੰ ਸਿਰਫ਼ ਇੱਕ ਵਾਰ ਮੌਕਾ ਦੇਣ ਨਾਲ ਹੀ ਹੱਲ ਹੋ ਗਏ ਹਨ।" ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਦੀ ਰਾਜਨੀਤੀ ਕੀਤੀ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਸਲ ਮੁੱਦਿਆਂ 'ਤੇ ਕੰਮ ਕਰਕੇ ਵਿਖਾਇਆ ਹੈ। ਲੋਕ ਖੁਦ ਕਹਿ ਰਹੇ ਹਨ, "ਬੱਲੇ ਮਾਨਾ, 2027 'ਚ ਦੁਬਾਰਾ ਆਉਣ ਦੀ ਕਰ ਤਿਆਰੀ।" ਚੇਅਰਮੈਨ ਜਵੰਧਾ ਨੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਇਨਫੋਟੈਕ ਰਾਹੀਂ ਸੂਬੇ ਵਿੱਚ ਉਦਯੋਗਿਕ ਤੇ ਤਕਨੀਕੀ ਕ੍ਰਾਂਤੀ ਲਿਆ ਕੇ ਨੌਜਵਾਨਾਂ ਲਈ ਰੁਜ਼ਗਾਰ ਦੇ ਹੋਰ ਨਵੇਂ ਰਾਹ ਖੋਲ੍ਹੇ ਜਾਣਗੇ।

# ਸੁਨਾਮ ਵਿੱਚ 'ਚੈੱਕਮੇਟ ਚੈਂਪੀਅਨਜ਼ ਟਰਾਫ਼ੀ-2025-26' ਦਾ ਸ਼ਾਨਦਾਰ ਆਗਾਜ਼

ਸੁਨਾਮ, 22 ਮਾਰਚ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸੁਨਾਮ ਦੇ ਚੈੱਕਮੇਟ ਚੈੱਸ ਕਲੱਬ ਵੱਲੋਂ ਇੱਕ ਨਿਵੇਕਲੀ ਪਹਿਲ ਕਰਦਿਆਂ 'ਚੈੱਕਮੇਟ ਚੈਂਪੀਅਨਜ਼ ਟਰਾਫੀ 2025-26' ਦਾ ਸਫਲਤਾਪੂਰਵਕ ਉਦਘਾਟਨ ਸਥਾਨਕ ਹੋਟਲ ਕੇ.ਸੀ. ਕਰਾਊਨ ਵਿਖੇ ਕੀਤਾ ਗਿਆ। ਇਹ ਚੈਂਪੀਅਨਸ਼ਿਪ ਇਸ ਪੱਖੋਂ ਖਾਸ ਹੈ ਕਿ ਇਹ ਵਰਲਡ ਚੈਂਪੀਅਨਸ਼ਿਪ ਕੰਸੈਪਟ 'ਤੇ ਅਧਾਰਿਤ ਹੈ, ਜੋ ਕਿ ਭਾਰਤ ਵਿੱਚ ਪਹਿਲੀ ਵਾਰ ਇਸ ਤਰ੍ਹਾਂ ਦੇ ਉੱਚ ਪੱਧਰੀ ਫਾਰਮੈਟ ਨਾਲ ਕਰਵਾਈ ਜਾ ਰਹੀ ਹੈ।ਮੁੱਖ ਮਹਿਮਾਨਾਂ ਵੱਲੋਂ ਉਦਘਾਟਨ: ਸਮਾਗਮ ਦੀ ਸ਼ੁਰੂਆਤ ਮਾਰਕਿਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ ਵੱਲੋਂ ਕੀਤੀ ਗਈ।ਉਨ੍ਹਾਂ ਨੇ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਜਿੰਦਲ ਕੈਪੀਟਲ ਸੁਨਾਮ ਤੋਂ ਸੌਰਭ ਜਿੰਦਲ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ।ਉਨ੍ਹਾਂ ਵੱਲੋਂ ਦੋਵਾਂ ਖਿਡਾਰੀਆਂ ਦਾ 'ਕਲਰ ਟੌਸ' ਕਰਵਾ ਕੇ ਖੇਡ ਦੀ ਸ਼ੁਰੂਆਤ ਕਰਵਾਈ ਗਈ।




ਦੋ ਦਿਨ ਚੱਲੇਗਾ ਲਾਈਵ ਮੁਕਾਬਲਾ: ਇਹ ਚੈਂਪੀਅਨਸ਼ਿਪ ਦੋ ਦਿਨ ਲਗਾਤਾਰ ਚੱਲੇਗੀ।ਪ੍ਰਬੰਧਕਾਂ ਨੇ ਦੱਸਿਆ ਕਿ ਇਹ ਸਾਰੇ ਮੁਕਾਬਲੇ ਦੋਵੇਂ ਦਿਨ ਬਿਲਕੁਲ ਲਾਈਵ ਦਿਖਾਏ ਜਾਣਗੇ, ਤਾਂ ਜੋ ਸ਼ਤਰੰਜ ਪ੍ਰੇਮੀ ਘਰ ਬੈਠੇ ਵੀ ਇਨ੍ਹਾਂ ਰੋਮਾਂਚਕ ਮੈਚਾਂ ਦਾ ਆਨੰਦ ਮਾਣ ਸਕਣ।ਕਲੱਬ ਮੈਂਬਰਾਂ ਦਾ ਸਹਿਯੋਗ: ਇਸ ਮੌਕੇ ਚੈੱਕਮੇਟ ਚੈੱਸ ਕਲੱਬ ਵੱਲੋਂ ਨਵੀਨ ਕੁਮਾਰ, ਹਰਪ੍ਰੀਤ ਮੁੰਡੇ, ਦੀਪਿੰਦਰ ਟਿਵਾਣਾ, ਦਿਨੇਸ਼ ਗੇਰਾ, ਸੁਖਵੀਰ ਕੌਰ, ਕਮਲਪ੍ਰੀਤ ਕੌਰ, ਹਰੀ ਸਿੰਘ, ਗਗਨ ਔਲਖ ਤੇ ਟੀਮ ਦੇ ਹੋਰ ਮੈਂਬਰ ਮੌਜੂਦ ਸਨ।ਇਨ੍ਹਾਂ ਸਾਰੇ ਮੈਂਬਰਾਂ ਦੇ ਸਾਂਝੇ ਯਤਨਾਂ ਸਦਕਾ ਹੀ ਸੁਨਾਮ ਦੀ ਧਰਤੀ 'ਤੇ ਇਸ ਪੱਧਰ ਦਾ ਟੂਰਨਾਮੈਂਟ ਕਰਵਾਉਣਾ ਸੰਭਵ ਹੋ ਸਕਿਆ ਹੈ।

# ਨੰਬਰਦਾਰ ਯੂਨੀਅਨ ਦੀ ਮੀਟਿੰਗ 'ਚ ਸਰਪ੍ਰਸਤ ਕੇਵਲ ਸਿੰਘ ਮੱਲੀ ਦਾ ਅਸਤੀਫ਼ਾ ਮਨਜ਼ੂਰ

ਲਹਿਰਾਗਾਗਾ, 22 ਮਾਰਚ (ਗੁਰਦੀਪ ਸਿੰਘ): ਪਿਛਲੇ ਦਿਨੀਂ ਪੰਜਾਬ ਨੰਬਰਦਾਰ ਯੂਨੀਅਨ (643 ਰਜਿ:) ਦੀ ਇੱਕ ਮੀਟਿੰਗ ਮੰਡੀ ਵਾਲੇ ਗੁਰਦੁਆਰਾ ਸਾਹਿਬ ਲਹਿਰਾਗਾਗਾ ਵਿਖੇ ਪ੍ਰਧਾਨ ਮਨਜੀਤ ਸਿੰਘ ਨੰਗਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਬਹੁਤ ਸਾਰੇ ਨੰਬਰਦਾਰਾਂ ਨੇ ਭਾਗ ਲਿਆ, ਮੀਟਿੰਗ ਸਬੰਧੀ ਯੂਨੀਅਨ ਦੇ ਪ੍ਰਧਾਨ ਮਨਜੀਤ ਸਿੰਘ ਨੰਗਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੀਟਿੰਗ ਵਿੱਚ 26 ਮਾਰਚ ਨੂੰ ਹੋਣ ਵਾਲੇ ਝੰਡਾ ਦਿਵਸ ਸਬੰਧੀ ਜਾਣਕਾਰੀ ਦਿੱਤੀ ਗਈ, ਇਹ ਝੰਡਾ ਦਿਵਸ ਗੁਰਦੁਆਰਾ ਅਕਾਲਗੜ੍ਹ ਸਾਹਿਬ (ਸੰਗਰੂਰ) ਵਿਖੇ ਮਨਾਇਆ ਜਾਵੇਗਾ, ਲਹਿਰਾ ਤਹਿਸੀਲ ਦੇ ਨੰਬਰਦਾਰ ਸਾਹਿਬਾਨਾਂ ਨੂੰ ਝੰਡਾ ਦਿਵਸ ਤੇ ਵੱਡੀ ਗਿਣਤੀ ਵਿੱਚ ਪਹੁੰਚਣ ਸਬੰਧੀ ਅਪੀਲ ਕੀਤੀ ਗਈ, ਇਸ ਤੋਂ ਇਲਾਵਾ ਕੇਵਲ ਸਿੰਘ ਮੱਲੀ ਰੱਤਾਖੇੜਾ ਵਲੋਂ ਜੋ ਗਰੁੱਪ ਵਿੱਚ ਰਿਕਾਰਡਿੰਗ ਮੈਸੇਜ ਕੀਤਾ ਗਿਆ ਹੈ ਉਸ ਮੈਸੇਜ ਦੇ ਆਧਾਰ ਤੇ ਉਨਾਂ ਦੇ ਅਸਤੀਫੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ, ਇੱਥੇ ਇਹ ਦੱਸਣ ਯੋਗ ਹੈ ਕਿ ਕੇਵਲ ਸਿੰਘ ਮੱਲੀ ਨੂੰ ਪਹਿਲਾਂ ਯੂਨੀਅਨ ਦਾ ਸਰਪਰਸਤ ਬਣਾਇਆ ਗਿਆ ਸੀ, ਅੱਜ ਦੀ ਮੀਟਿੰਗ ਵਿੱਚ ਯੂਨੀਅਨ ਵਲੋਂ ਸਾਰੇ ਨੰਬਰਦਾਰ ਸਾਹਿਬਾਨਾਂ ਦੀ ਹਾਜਰੀ ਵਿੱਚ ਸਰਬਸੰਮਤੀ ਨਾਲ ਕੇਵਲ ਸਿੰਘ ਮੱਲੀ ਦਾ ਅਸਤੀਫਾ ਮਨਜ਼ੂਰ ਕੀਤਾ ਗਿਆ, ਯੂਨੀਅਨ ਦੇ ਪ੍ਰਧਾਨ ਮਨਜੀਤ ਸਿੰਘ ਨੰਗਲਾ ਨੇ ਮੀਟਿੰਗ ਵਿੱਚ ਪੰਜਾਬ ਸਰਕਾਰ ਪ੍ਰਤੀ ਰੋਸ ਜਾਹਿਰ ਕਰਦੇ ਹੋਏ ਕਿਹਾ ਸਰਕਾਰ ਵਲੋਂ ਪੰਜਾਬ ਨੰਬਰਦਾਰ ਯੂਨੀਅਨ ਦੀਆਂ ਮੁਸ਼ਕਿਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਨੰਬਰਦਾਰਾਂ ਦੇ ਮਾਨ ਭੱਤੇ ਵਿੱਚ ਵਾਧਾ ਕੀਤਾ ਜਾਣਾ ਚਾਹੀਦਾ ਹੈ, ਮੀਟਿੰਗ ਵਿੱਚ ਗੁਰਮੇਲ ਸਿੰਘ ਮੀਤ ਪ੍ਰਧਾਨ, ਜਸਵਿੰਦਰ ਸਿੰਘ ਸੰਗਤੀ ਵਾਲਾ, ਨਰਾਇਣ ਸਿੰਘ ਫਲੇੜਾ, ਹਰਦੀਪ ਸਿੰਘ ਚੰਗਾਲੀ ਵਾਲਾ, ਹਰਿੰਦਰ ਸਿੰਘ ਚੰਗਾਲੀਵਾਲਾ, ਸੁਖਦੇਵ ਸਿੰਘ ਲੇਹਲ ਕਲਾਂ, ਭਗਤ ਸਿੰਘ ਘੋੜੇਨਾਬ, ਅਵਤਾਰ ਸਿੰਘ ਲਹਿਰਾ, ਗੁਰਨਾਮ ਸਿੰਘ ਸੰਧੂ ਲਹਿਰਾ, ਗੁਰਜੰਟ ਸਿੰਘ ਲਹਿਰਾ, ਗੁਰਮੀਤ ਸਿੰਘ ਲਹਿਰਾ, ਬਸੰਤ ਸਿੰਘ ਰਾਮਗੜ੍ਹ ਸੰਧੂਆਂ, ਮੇਲਾ ਸਿੰਘ ਸ਼ੇਖੂਵਾਸ, ਜਰਨੈਲ ਸਿੰਘ ਆਲਮਪੁਰ, ਗੁਰਦੀਪ ਸਿੰਘ ਕੋਟੜਾ, ਬਿੰਦਰ ਸਿੰਘ ਭੁਟਲ ਕਲਾਂ, ਬਲਵੰਤ ਸਿੰਘ ਲੇਹਲ ਕਲਾਂ ਆਦਿ ਨੰਬਰਦਾਰ ਸ਼ਾਮਿਲ ਹੋਏ।



# ਹਰਜੋਤ ਸਿੰਘ ਪਹਿਲੀ ਲੋਟਸ ਦੇ ਖਿਡਾਰੀ ਨੇ ਖੇਡਾਂ ਵਿੱਚ ਜਿੱਤਿਆ ਸਾਈਕਲ

ਭਗਤਾ ਭਾਈ ਕਾ, 22 ਮਾਰਚ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਖੇਡ ਜਗਤ ਵਿੱਚ ਆਪਣਾ ਨਾਮ ਉਚਾਈਆਂ ਤੇ ਲਿਜਾ ਰਿਹਾ ਹੈ। ਹਰਜੋਤ ਸਿੰਘ ਪਹਿਲੀ ਲੋਟਸ ਦੇ ਵਿਦਿਆਰਥੀ ਨੇ ਖੇਡਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ, ਸਾਈਕਲ ਅਤੇ ਨਕਦ ਇਨਾਮ ਹਾਸਿਲ ਕੀਤਾ ਅਤੇ ਆਪਣੇ ਮਾਤਾ-ਪਿਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। । ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ ਦਾ ਖਿਡਾਰੀ ਹਰਜੋਤ ਸਿੰਘ ਜੋ ਕਿ ਪਹਿਲੀ ਲੋਟਸ ਦਾ ਵਿਦਿਆਰਥੀ ਹੈ। ਉਸ ਦੀ ਉਮਰ 7 ਸਾਲ ਹੈ । ਉਸਨੇ ਖੇਡਾਂ ਦੇ ਖੇਤਰ ਵਿੱਚ ਬਹੁਤ ਹੀ ਵਧੀਆ ਪ੍ਰਦਰਸ਼ਨ ਕਰਦੇ ਹੋਏ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਹਰਜੋਤ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਪਿੰਡ ਮਲੂਕਾ ਨੇ ਅੰਡਰ 8 ਵਰਗਾਂ ਵਿੱਚ ਕਈ ਮੁਕਾਬਲਿਆਂ ਵਿੱਚ ਹਿੱਸਾ ਲਿਆ। ਨਵਾਂਸ਼ਹਿਰ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਹੋਈਆਂ ਅਕਾਲ ਜੁਗਤ ਖੇਡਾਂ ਜੋ ਕਿ ਪਿੰਕਾ ਜਰਗ ਵੱਲੋਂ ਸਾਰੇ ਪੰਜਾਬ ਵਿੱਚ ਕਰਵਾਈਆਂ ਜਾ ਰਹੀਆਂ ਹਨ ਵਿੱਚ ਲਗਾਤਾਰ ਇਕ ਸਾਲ ਤੋਂ ਜਿੱਤ ਰਿਹਾ ਬੱਚਾ ਅਦਿੱਤਿਆ (ਮੋਹਾਲੀ) ਨੂੰ ਹਰਾ ਕੇ ਇਸ ਬੱਚੇ ਹਰਜੋਤ ਸਿੰਘ ਨੇ ਰਿਕਾਰਡ ਤੋੜਿਆ ਅਤੇ ਬੱਚੇ ਨੂੰ ਬਹੁਤ ਫਾਸਲੇ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕਰਦੇ ਹੋਏ ਨਕਦ ਇਨਾਮ, ਸਾਈਕਲ ਅਤੇ ਸੋਨੇ ਦਾ ਤਮਗਾ ਜਿੱਤਿਆ ਅਤੇ ਖੇਡਾਂ ਵਿੱਚ ਮਲੂਕੇ ਪਿੰਡ ਦਾ ਨਾਮ ਅਤੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦਾ ਨਾਮ ਰੋਸ਼ਨ ਕਰਵਾਇਆ ।ਵੱਖ-ਵੱਖ ਪਿੰਡਾਂ ਵਿੱਚ ਕਰਵਾਏ ਜਾ ਰਹੇ ਟੂਰਨਾਮੈਂਟ ਵਿੱਚ ਹਰਜੋਤ ਸਿੰਘ ਨੇ ਗੋਲਡ ਮੈਡਲ ਅਤੇ ਨਗਦ ਇਨਾਮ ਹਾਸਿਲ ਕੀਤੇ ਹਨ । ਹਰਜੋਤ ਸਿੰਘ ਦੀ ਇਸ ਵੱਡੀ ਕਾਮਯਾਬੀ 'ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਗੁਰਿੰਦਰ ਕੌਰ ਨੇ ਉਸ ਨੂੰ ਵਧਾਈ ਦਿੱਤੀ। ਸਕੂਲ ਦੇ ਡੀ.ਪੀ ਅਧਿਆਪਕ ਸ਼ਮਸ਼ੇਰ ਸਿੰਘ, ਅੰਮ੍ਰਿਤਪਾਲ ਕੌਰ ਅਤੇ ਕੋਚ ਆਕਾਸ਼ਦੀਪ ਸਿੰਘ ਦੀ ਮਿਹਨਤ ਅਤੇ ਮਾਰਗਦਰਸ਼ਨ ਦੀ ਵੀ ਪ੍ਰਸ਼ੰਸਾ ਕੀਤੀ, ਜਿਨ੍ਹਾਂ ਦੀ ਸਿਖਲਾਈ ਨਾਲ ਹਰਜੋਤ ਸਿੰਘ ਨੇ ਇਹ ਮਕਾਮ ਹਾਸਲ ਕੀਤਾ। ਹਰਜੋਤ ਸਿੰਘ ਦੇ ਪਿਤਾ ਤੇ ਮਾਤਾ ਨੇ ਆਪਣੇ ਪੁੱਤਰ ਦੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟਾਈ ਅਤੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਗੁਰਿੰਦਰ ਕੌਰ, ਡੀਪੀ ਅਧਿਆਪਕ, ਕੋਚ ਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਹ ਖਿਡਾਰੀ ਵੱਖ ਵੱਖ ਪਿੰਡਾਂ ਵਿੱਚ ਕਰਵਾਏ ਜਾ ਰਹੇ ਟੂਰਨਾਮੈਂਟ ਵਿੱਚ ਜਿੱਤ ਹਾਸਿਲ ਕਰ ਰਿਹਾ ਹੈ। ਸਕੂਲ ਵਿੱਚ ਹਰ ਰੋਜ਼ ਸਵੇਰੇ ਅਤੇ ਸ਼ਾਮ ਨੂੰ ਖਿਡਾਰੀਆਂ ਨੂੰ ਸਕੂਲ ਕੈਂਪਸ ਵਿੱਚ ਕੋਚ ਵੱਲੋਂ ਤਿਆਰੀ ਕਰਵਾਈ ਜਾਂਦੀ ਹੈ। ਪ੍ਰਿੰਸੀਪਲ ਗੁਰਿੰਦਰ ਕੌਰ ਅਤੇ ਸਮੂਹ ਸਟਾਫ ਮੈਂਬਰਾਂ ਨੇ ਹਰਜੋਤ ਸਿੰਘ ਨੂੰ ਦਿਲੋਂ ਵਧਾਈਆਂ ਦਿੱਤੀਆਂ ਅਤੇ ਉਹਨਾਂ ਨੇ ਕਿਹਾ ਇਹ ਜਿੱਤ ਨਾ ਸਿਰਫ਼ ਸਕੂਲ ਲਈ ਗੌਰਵ ਦੀ ਗੱਲ ਹੈ।ਇਸ ਹੋਣਹਾਰ ਵਿਦਿਆਰਥੀ ਦੀਆਂ ਜਿੱਤਾਂ 'ਤੇ ਪ੍ਰਿੰਸੀਪਲ ਮੈਡਮ ਅਤੇ ਅਧਿਆਪਕਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਸ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਸਰਕਾਰੀ ਹਾਈ ਸਕੂਲ ਰਾਜਗੜ੍ਹ ਵਿਖੇ ਵਿਸ਼ਵ ਜਲ ਦਿਵਸ ਮਨਾਇਆ



ਭਗਤਾ ਭਾਈ ਕਾ 22 ਮਾਰਚ (ਸਵਰਨ ਸਿੰਘ ਭਗਤਾ): ਸਰਕਾਰੀ ਹਾਈ ਸਕੂਲ ਰਾਜਗੜ੍ਹ ਵਿੱਚ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਪਾਣੀ ਦੀ ਮਹੱਤਤਾ ਸਮਝਾਉਣ ਹਿੱਤ 'ਵਿਸ਼ਵ ਜਲ ਦਿਵਸ' ਮਨਾਇਆ ਗਿਆ। ਇਹ ਪ੍ਰੋਗਰਾਮ ਵਾਟਰ ਸਪਲਾਈ ਵਿਭਾਗ ਅਤੇ ਪੰਚਾਇਤ ਵੱਲੋਂ ਸਾਂਝੇ ਰੂਪ ਵਿੱਚ ਉਲੀਕਿਆ ਗਿਆ ਸੀ। ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਦੇ ਪਾਣੀ ਦੀ ਮਹੱਤਤਾ ਅਤੇ ਪਾਣੀ ਨੂੰ ਬਚਾਉਣ ਸਬੰਧੀ ਵਿਸ਼ੇ ਉੱਪਰ ਪੇਂਟਿੰਗ ਮੁਕਾਬਲੇ ਕਰਾਏ ਗਏ। ਵਿਦਿਆਰਥੀਆਂ ਵੱਲੋਂ ਇਸੇ ਵਿਸ਼ੇ ਸਬੰਧੀ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਪਾਣੀ ਦਾ ਮਹੱਤਵ ਅਤੇ ਇਸ ਨੂੰ ਬਚਾਉਣ ਸਬੰਧੀ ਵਿਦਿਆਰਥੀਆਂ ਤੇ ਮਾਪਿਆਂ ਨੂੰ ਹੈਡਮਾਸਟਰ ਮਨਦੀਪ ਸਿੰਘ, ਸਰਪੰਚ ਦੀਪਕ ਸ਼ਰਮਾ, ਸਾਇੰਸ ਮਾਸਟਰ ਜਸਵਿੰਦਰ ਸਿੰਘ ਤੇ ਵਿਸ਼ੇਸ਼ ਤੌਰ ਤੇ ਜਲ ਸਪਲਾਈ ਵਿਭਾਗ ਵੱਲੋਂ ਪਹੁੰਚੇ ਗੁਰਪ੍ਰੀਤ ਕੌਰ ਵੱਲੋਂ ਸੰਬੋਧਿਤ ਕੀਤਾ ਗਿਆ।ਗੁਰਪ੍ਰੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਪਾਣੀ ਵਿੱਚ ਮਿਲਣ ਵਾਲੇ ਵੱਖ ਵੱਖ ਤੱਤ ਅਤੇ ਪ੍ਰਦੂਸ਼ਣ ਕਰਨ ਵਾਲੇ ਪਦਾਰਥਾਂ ਸਬੰਧੀ ਟੈਸਟ ਕਰਕੇ ਦਿਖਾਏ ਗਏ।ਪ੍ਰੋਗਰਾਮ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ।

# ਅੱਖਾਂ ਦਾ ਜਾਂਚ ਕੈਂਪ ਲਗਾਇਆ




ਬਾਜਾਖਾਨਾ, 22 ਮਾਰਚ (ਅਵਤਾਰ ਸਿੰਘ ਮੱਲਾ): ਸੁਖਮਨੀ ਨੇਤਰਦਾਨ ਕਲੱਬ ਡੋਡ ਵੱਲੋ ਪਿੰਡ ਡੋਡ ਵਿਖੇ ਮਾਤਾ ਅਮਰ ਕੌਰ ਚੈਰੀਟੇਬਲ ਟਰੱਸਟ ਜੈਤੋ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈਕਅੱਪ ਕੈਂਪ ਲਗਾਇਆ ਗਿਆ ਜਿਸ ਵਿੱਚ ਮਰੀਜ਼ਾਂ ਦੀਆਂ ਅੱਖਾਂ ਚੈਕਅੱਪ ਕੀਤਾ ਗਿਆ। ਕਲੱਬ ਪ੍ਰਧਾਨ ਜਸਵੀਰ ਸਿੰਘ ਬਰਾੜ ਅਤੇ ਪ੍ਰੈੱਸ ਸਕੱਤਰ ਡਾ.ਜਰਨੈਲ ਸਿੰਘ ਡੋਡ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਕਲੱਬ ਮੈਬਰਾਂ ਦੇ ਸਹਿਯੋਗ ਨਾਲ ਇਹ ਚੈਕਅੱਪ ਕੈਂਪ ਲਗਾਇਆ ਗਿਆ ਜਿਸ ਵਿੱਚ ਡਾਕਟਰਾਂ ਦੀ ਟੀਮ ਦੁਆਰਾ ਲੱਗਭਗ 150 ਦੇ ਕਰੀਬ ਮਰੀਜਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਅੱਖਾਂ ਦੇ ਆਪ੍ਰੇਸ਼ਨ ਲਈ ਮਰੀਜਾਂ ਦੀ ਜਾਂਚ ਕੀਤੀ ਗਈ। ਆਪਰੇਸ਼ਨ ਵਾਸਤੇ ਸਲੈਕਟ ਕੀਤੇ ਮਰੀਜ਼ਾਂ ਦੇ ਲੈਂਨਜ਼ ਪਾਉਣ ਵਾਸਤੇ 16-4-26 ਤਰੀਖ ਦਿੱਤੀ ਗਈ ਹੈ। ਜਿਕਰਯੋਗ ਹੈ ਕਿ ਹਸਪਤਾਲ ਲੈ ਕੇ ਜਾਣ ਦੀ ਤੇ ਵਾਪਿਸ ਲਿਆਉਣ ਦੀ ਜੁੰਮੇਵਾਰੀ ਕਲੱਬ ਵੱਲੋਂ ਨਿਭਾਈ ਜਾਵੇਗੀ।

ਇਸ ਮੌਕੇ ਪ੍ਰਧਾਨ ਜਸਵੀਰ ਸਿੰਘ ਬਰਾੜ, ਚੇਅਰਮੈਨ ਜੀਤ ਸਿੰਘ ਗਿੱਲ, ਖਜਾਨਚੀ ਗੁਰਮੇਲ ਸਿੰਘ ਪੋਸਟਮੈਨ, ਸੈਕਟਰੀ ਬਲਜਿੰਦਰ ਸਿੰਘ,ਸੀ:ਮੀ: ਪ੍ਰਧਾਨ ਡਾਕਟਰ ਸਰਜਾ ਸਿੰਘ, ਪ੍ਰੈਸ ਸਕੱਤਰ ਡਾਕਟਰ ਜਰਨੈਲ ਸਿੰਘ ਡੋਡ, ਡਾਕਟਰ ਹਰਦੇਵ ਸਿੰਘ, ਬਚਿੱਤਰ ਸਿੰਘ ਜੇ ਈ , ਮਲਕੀਤ ਸਿੰਘ,ਕਰਮ ਸਿੰਘ,ਸਾਮ ਪਰਤਾਪ ਸ਼ਰਮਾ, ਸ਼ਮਿੰਦਰ ਸਿੰਘ ਸ਼ੰਮੀ, ਬਲਦੇਵ ਸਿੰਘ ਸਿੰਘ ਲੰਬੜਦਾਰ, ਸੁਖਜੀਤ ਸਿੰਘ ਗੋਰਾ ਲੰਬੜਦਾਰ, ਗੁਰਬਚਨ ਸਿੰਘ ਸੰਧੂ ਤੇ ਮਨਜਿੰਦਰ ਸਿੰਘ ਗਿੱਲ ਆਦਿ ਹਾਜ਼ਰ ਸਨ।

# ਆਰਥਿਕ ਤੰਗੀ ਕਾਰਨ ਕਿਸਾਨ ਵੱਲੋਂ ਖ਼ੁਦਕੁਸ਼ੀ

ਸਰਦੂਲਗੜ੍ਹ, 22 ਮਾਰਚ (ਲਛਮਣ ਸਿੱਧੂ): ਪਿੰਡ ਦਸੌਂਦੀਆ ਦੇ ਕਿਸਾਨ ਨੇ ਆਰਥਿਕ ਤੰਗੀ ਕਾਰਨ ਖੁਦਕੁਸ਼ੀ ਕਰ ਲਏ ਜਾਣ ਦਾ ਦੁੱਖਦਾਈ ਸਮਾਚਾਰ ਹੈ ! ਮਿਲੀ ਜਾਣਕਾਰੀ ਅਨੁਸਾਰ



ਬਾਬਰ ਸਿੰਘ ਉਮਰ ਕਰੀਬ 37 ਸਾਲ ਪੁੱਤਰ ਸਵ : ਬਲਵਿੰਦਰ ਸਿੰਘ ਨੇ ਕੋਈ ਜਹਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕਰ ਲਈ ਮ੍ਰਿਤਕ ਦੀ ਪਤਨੀ ਮਨਪ੍ਰੀਤ ਕੌਰ ਨੇ ਦੱਸਿਆ ਕਿ ਮੇਰਾ ਪਤੀ ਪਿਛਲੇ ਕੁਝ ਦਿਨਾਂ ਤੋਂ ਪਰੇਸ਼ਾਨ ਰਹਿੰਦਾ ਸੀ ਜਿਸ ਨੇ ਆਰਥਿਕ ਤੰਗੀ ਕਾਰਨ ਜਹਿਰੀਲੀ ਚੀਜ਼ ਪੀ ਕੇ ਖੁਦਕੁਸ਼ੀ ਕਰ ਲਈ ਹੈ ਜਦ ਇਸ ਸਬੰਧੀ ਪੁਲਿਸ ਥਾਣਾ ਝਨੀਰ ਦੇ ਏ. ਐਸ. ਆਈ ਜਗਜੀਤ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਦੱਸਿਆ ਕਿ ਮ੍ਰਿਤਕ ਦੀ ਪਤਨੀ ਮਨਪ੍ਰੀਤ ਕੌਰ ਦੇ ਬਿਆਨਾਂ ਤੇ 174 ਦੀ ਕਾਰਵਾਈ ਕਰਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ!

# ਮੁਫ਼ਤ ਡਾਕਟਰੀ ਜਾਂਚ ਕੈਂਪ ਲਗਾਇਆ

ਲਹਿਰਾਗਾਗਾ, 22 ਮਾਰਚ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਬੇਸਹਾਰਾ ਜੀਵ ਜੰਤੂ ਵੈਲਫੇਅਰ ਸੁਸਾਇਟੀ ਤੇ ਜੈ ਮਹਾਂਕਾਲੀ ਮੰਦਿਰ ਕਮੇਟੀ ਵੱਲੋਂ ਹਰ ਐਤਵਾਰ ਦੀ ਤਰ੍ਹਾ ਇਸ ਵਾਰ ਵੀ ਅੱਜ ਦੇ ਮੁੱਖ ਮਹਿਮਾਨ ਨਵਦੀਪ ਗੋਇਲ (ਜਿੰਮੀ ਆਟੋ ਪਾਰਟਸ) ਦੇ ਸਹਿਯੋਗ ਨਾਲ ਪ੍ਰਧਾਨ ਰਕੇਸ਼ ਕੁਮਾਰ ਬਾਂਸਲ ਤੇ ਰਾਜ ਸ਼ਰਮਾ ਦੀ ਪ੍ਰਧਾਨਗੀ ਵਿੱਚ ਹਫਤਾਵਾਰ ਚੈਰੀਟੇਬਲ ਮੈਡੀਕਲ ਕੈਂਪ ਅਤੇ ਦਵਾਈਆਂ ਦਾ ਲੰਗਰ ਲਗਾਇਆ ਗਿਆ। ਜਿਸ ਮੌਕੇ ਉਹਨਾਂ ਨੇ ਆਪਣੇ ਮਾਤਾ ਪਿਤਾ ਨਾਲ ਇਸ ਕੈਂਪ ਵਿੱਚ ਸ਼ਿਰਕਤ ਕੀਤੀ। ਇਸ ਕੈਂਪ ਵਿਚ ਪੇਟ ਦੇ ਰੋਗਾਂ ਦੇ ਮਾਹਿਰ ਡਾ. ਰੁਪਿੰਦਰ ਗਰਗ (ਐਮ.ਐੱਸ. ਲੈਪਰੋਸਕੋਪਿਕ ਸਰਜਨ) ਤੇ ਜਾਨਣਾ ਰੋਗਾਂ ਦੇ ਮਾਹਿਰ ਡਾ. ਨੀਲਮ ਸਿੱਧੂ (ਐਮ.ਬੀ.ਬੀ.ਐੱਸ., ਡੀ.ਜੀ.ਓ.) ਦੁਆਰਾ 64 ਲੋੜਵੰਦ ਮਰੀਜਾਂ ਦਾ ਚੈੱਕਅਪ ਕੀਤਾ ਗਿਆ ਅਤੇ ਕੈਂਪ ਵੱਲੋਂ ਮੁਫ਼ਤ ਦਵਾਈ ਵੀ ਦਿੱਤੀ ਗਈ। ਇਸ ਤੋਂ ਇਲਾਵਾ ਇਹ ਸੰਸਥਾ ਦੁਆਰਾ ਹਰ ਰੋਜ਼ ਜ਼ਖ਼ਮੀ ਬੇਸਹਾਰਾ ਜਾਨਵਰਾਂ ਦਾ ਇਲਾਜ ਵੀ ਕੀਤਾ ਜਾਂਦਾ ਹੈ। ਇਹਨਾਂ



ਸੰਸਥਾਵਾਂ ਦੁਆਰਾ ਲਾਇਫ਼ ਕੇਅਰ ਲੈਬੋਰੇਟਰੀ ਦਾ ਕਲੈਕਸ਼ਨ ਸੈਂਟਰ ਵੀ ਖੋਲ੍ਹਿਆ ਗਿਆ ਹੈ ਜਿਸ ਵਿੱਚ ਬਜ਼ਾਰ ਨਾਲੋਂ ਬਹੁਤ ਹੀ ਘੱਟ ਰੇਟਾਂ ਤੇ ਲੈਬ ਟੈਸਟ ਕੀਤੇ ਜਾਂਦੇ ਹਨ।

ਇਸ ਮੌਕੇ ਸੰਸਥਾ ਦੇ ਅਮਨ ਗਰਗ ਜੈਕੀ, ਕੁਲਭੂਸ਼ਣ (ਕੈਸ਼ੀਅਰ), ਕਪਿਲ (ਐਮ.ਫਾਰਮਾ), ਸੂਰਜ, ਮਾਸਟਰ ਅੰਕੁਰ ਜਿੰਦਲ, ਸੁਨੀਲ ਰਿੰਕੂ ਫ੍ਰੇਸ, ਮਾਸਟਰ ਸੁਭਾਸ਼ ਕੁਮਾਰ, ਮਹੇਸ਼ ਕੁਮਾਰ ਮੇਸ਼ੀ, ਜਤਿੰਦਰ ਰਿੰਕਾ, ਸੁਸ਼ੀਲ ਸ਼ੀਲਾ, ਰੋਹਿਤ ਲੌਰਡ ਕ੍ਰਿਸ਼ਨਾ, ਆਸ਼ੂ ਗੋਇਲ ਤੇ ਹੋਰ ਮੈਂਬਰ ਵੀ ਹਾਜ਼ਰ ਰਹੇ।

# ਅਰਵਿੰਦ ਕੇਜਰੀਵਾਲ ਨਾਲ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਮੁਲਾਕਾਤ

ਬਠਿੰਡਾ/ਭਗਤਾ ਭਾਈ ਕਾ/ ਰਾਮਪੁਰਾ ਫੂਲ, 22 ਮਾਰਚ (ਜਗਸੀਰ ਭੁੱਲਰ/ਸਵਰਨ ਸਿੰਘ ਭਗਤਾ/ਮਨਪ੍ਰੀਤ ਮਿੰਟੂ): ਦਿੱਲੀ ਵਿਖੇ ਬੀਤੇ ਦਿਨ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦੀ ਇੱਕ ਮਹੱਤਵਪੂਰਨ ਅਤੇ ਨਤੀਜਾ-ਕੇਂਦਰਿਤ ਮੁਲਾਕਾਤ ਹੋਈ।ਇਸ ਮੀਟਿੰਗ ਦੌਰਾਨ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਮਾਰਕਫੈੱਡ ਪੰਜਾਬ ਨੂੰ ਹੋਰ ਉੱਚਾਈਆਂ ਤੱਕ ਲੈ ਕੇ ਜਾਣ ਲਈ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਅਰਵਿੰਦ ਕੇਜਰੀਵਾਲ ਨੇ ਸਪਸ਼ਟ ਕੀਤਾ ਕਿ ਲੋਕ-ਹਿੱਤ ਵਾਲੀਆਂ ਯੋਜਨਾਵਾਂ ਨੂੰ ਹੋਰ ਮਜ਼ਬੂਤੀ ਨਾਲ ਲਾਗੂ ਕਰਨਾ ਸਮੇਂ ਦੀ ਲੋੜ ਹੈ ਅਤੇ ਮਾਰਕਫੈੱਡ ਇਸ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ।

ਇਸ ਮੌਕੇ "ਮਾਨ ਸਰਕਾਰ" ਦੀ ਲੋਕ-ਕੇਂਦਰਿਤ ਨਵੀਂ ਮੁਹਿੰਮ "ਮੇਰੀ ਰਸੋਈ" ਬਾਰੇ ਵੀ ਗੰਭੀਰ ਚਰਚਾ ਹੋਈ। ਇਸ ਯੋਜਨਾ ਤਹਿਤ ਮਾਰਕਫੈੱਡ ਪੰਜਾਬ ਵੱਲੋਂ ਤਿਆਰ ਕੀਤੀਆਂ ਜਾਣ ਵਾਲੀਆਂ ਰਾਸ਼ਨ ਕਿੱਟਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਿਆਪਕ ਰੂਪ-ਰੇਖਾ ਤਿਆਰ ਕੀਤੀ ਜਾ ਰਹੀ ਹੈ, ਤਾਂ ਜੋ ਹਰ ਲੋੜਵੰਦ ਪਰਿਵਾਰ ਤੱਕ ਸਹਾਇਤਾ ਸਮੇਂ ਸਿਰ ਪਹੁੰਚ ਸਕੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਦਰਜੀਤ ਸਿੰਘ ਮਾਨ ਨੇ ਦੱਸਿਆ ਕਿ ਬਤੌਰ ਸਟੇਟ ਸੈਕਟਰੀ (ਮਾਲਵਾ ਜੋਨ) ਉਹਨਾਂ ਵੱਲੋਂ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਵਿਸ਼ੇਸ਼ ਰਣਨੀਤੀ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਿਛਲੇ ਸਮੇਂ ਦੌਰਾਨ ਲੋਕ-ਹਿੱਤ ਵਿੱਚ ਕੀਤੇ ਗਏ ਕੰਮਾਂ ਨੂੰ ਹੁਣ ਘਰ-ਘਰ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੋਚ ਸਿਰਫ ਵਾਅਦਿਆਂ ਤੱਕ ਸੀਮਿਤ ਨਹੀਂ, ਸਗੋਂ ਲੋਕਾਂ ਦੇ ਜੀਵਨ ਵਿੱਚ ਅਸਲ ਬਦਲਾਅ ਲਿਆਉਣ ਦੀ ਹੈ। "ਮੇਰੀ ਰਸੋਈ" ਵਰਗੀਆਂ ਮੁਹਿੰਮਾਂ ਰਾਹੀਂ ਹਰ ਘਰ ਤੱਕ ਸੁਰੱਖਿਆ, ਸਹੂਲਤ ਅਤੇ ਸਨਮਾਨ ਪਹੁੰਚਾਉਣਾ ਹੀ ਸਾਡਾ ਮੁੱਖ ਲਕਸ਼ ਹੈ।



ਇਹ ਮੁਲਾਕਾਤ ਪੰਜਾਬ ਦੇ ਭਵਿੱਖ ਲਈ ਇੱਕ ਨਵੀਂ ਦਿਸ਼ਾ ਦਰਸਾਉਂਦੀ ਹੈ, ਜਿੱਥੇ ਸੇਵਾ, ਇਮਾਨਦਾਰੀ ਅਤੇ ਲੋਕ-ਭਲਾਈ ਸਭ ਤੋਂ ਵੱਡੀ ਤਾਕਤ ਬਣ ਕੇ ਉਭਰ ਰਹੀ ਹੈ।

## ਕੋਪਲ ਕੰਪਨੀ ਦੇ ਡਿਸਟ੍ਰੀਬਿਊਟਰ ਕੁਲਦੀਪ ਸਿੰਘ ਨੂੰ ਮੁੱਖ ਮੰਤਰੀ ਪੁਰਸਕਾਰ ਮਿਲਣਾ ਮਾਣ ਵਾਲੀ ਗੱਲ : ਸੰਜੀਵ ਬਾਂਸਲ



ਬਰਨਾਲਾ, 22 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਮਿਹਨਤੀ ਇਨਸਾਨ ਨੂੰ ਜਦੋਂ ਉਸ ਦੀ ਘਾਲਣਾ ਦਾ ਫਲ ਮਿਲਦਾ ਹੈ, ਤਾਂ ਉਹ ਪਲ ਬੇਮਿਸਾਲ ਹੁੰਦੇ ਹਨ। ਅਜਿਹੀ ਹੀ ਮਿਸਾਲ ਜ਼ਿਲ੍ਹਾ ਬਰਨਾਲਾ ਦੇ ਪਿੰਡ ਧੂਰਕੋਟ ਦੇ ਅਗਾਂਹਵਧੂ ਕਿਸਾਨ ਕੁਲਦੀਪ ਸਿੰਘ ਨੇ ਪੇਸ਼ ਕੀਤੀ ਹੈ, ਜਿਨ੍ਹਾਂ ਨੂੰ ਪਸ਼ੂ ਪਾਲਣ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਬਦਲੇ ਮੁੱਖ ਮੰਤਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ।

ਕੋਪਲ ਕੰਪਨੀ ਸੂਲਰ ਘਰਾਟ ਦੇ ਐਮ.ਡੀ. ਸੰਜੀਵ ਬਾਂਸਲ ਨੇ ਖੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਕੁਲਦੀਪ ਸਿੰਘ ਉਨ੍ਹਾਂ ਦੀ ਕੰਪਨੀ ਨਾਲ ਬਤੌਰ ਡਿਸਟ੍ਰੀਬਿਊਟਰ ਜੁੜੇ ਹੋਏ ਹਨ। ਉਨ੍ਹਾਂ ਦੱਸਿਆ ਕਿ ਲੁਧਿਆਣਾ ਵਿਖੇ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਕਿਸਾਨ ਮੇਲੇ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੁਲਦੀਪ ਸਿੰਘ ਨੂੰ ਇਹ ਸਨਮਾਨ ਦਿੱਤਾ ਗਿਆ। ਕੁਲਦੀਪ ਸਿੰਘ ਦੇ ਬੱਕਰੀ ਫਾਰਮ ਨੂੰ ਪੰਜਾਬ ਭਰ ਵਿੱਚੋਂ ਸਭ ਤੋਂ ਸਾਫ਼-ਸੁਥਰਾ ਅਤੇ ਸੁਖਾਵਾਂ ਮਾਹੌਲ ਪ੍ਰਦਾਨ ਕਰਨ ਲਈ ਅੱਵਲ ਦਰਜਾ ਦਿੱਤਾ ਗਿਆ ਹੈ। ਸੰਜੀਵ ਬਾਂਸਲ ਨੇ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮਿਹਨਤੀ ਨੌਜਵਾਨ ਅੱਜ ਦੀ ਪੀੜ੍ਹੀ ਲਈ ਪ੍ਰੇਰਨਾ ਸਰੋਤ ਹਨ। ਸਾਨੂੰ ਇਹਨਾਂ ਤੋਂ ਸੇਧ ਲੈਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਮਿਹਨਤੀ ਅਤੇ ਅਗਾਂਹਵਧੂ ਕਿਸਾਨ ਹੀ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਵਿੱਚ ਨਵੀਂ ਕ੍ਰਾਂਤੀ ਲਿਆ ਸਕਦੇ ਹਨ। ਇਸ ਮੌਕੇ ਕੈਮਟੇਕ ਦੇ ਡਾਇਰੈਕਟਰ ਸ੍ਰੀ ਹੈਲਿਕ ਬਾਂਸਲ, ਕੋਪਲ ਕੰਪਨੀ ਦੇ ਮਾਰਕੀਟਿੰਗ ਡਾਇਰੈਕਟਰ ਐਚ.ਐਸ. ਢਿੱਲੋਂ, ਮੁਹੰਮਦ ਨਸੀਰ, ਨਰਿੰਦਰ ਸਿੰਘ ਵਿਰਕ, ਕਮਲ ਸ਼ਰਮਾ, ਮੋਹਿਤ ਵਰਮਾ ਅਤੇ ਜਗਦੀਪ ਸਿੰਘ ਸਮੇਤ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਭਗਵੰਤ ਮਾਨ ਸਰਕਾਰ ਦੀ ਅਗਵਾਈ ਹੇਠ ਏ.ਆਈ. ਕ੍ਰਾਂਤੀ, ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਕੇ ਪੰਜਾਬ ਦੇ ਭਵਿੱਖ ਨੂੰ ਸੁਰੱਖਿਅਤ ਕਰੇਗੀ : ਚਰਨਜੀਤ ਅੱਕਾਂਵਾਲੀ



ਬੁਢਲਾਡਾ, 22 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੀਤੇ ਦਿਨੀਂ ਆਰਟੀਫਿਸ਼ਲ ਇੰਟੈਲੀਜੈਂਸ ਨੂੰ ਪੰਜਾਬ ਖੇਤੀਬਾੜੀ ਸੁਧਾਰਾਂ ਲਈ ਫੈਸਲਾਕੁੰਨ ਕਦਮ ਚੁੱਕਿਆ ਹੈ, ਕਿਉਂਕਿ ਰਵਾਇਤੀ ਖੇਤੀ ਆਪਣੀਆਂ ਸੀਮਾਵਾਂ 'ਤੇ ਪਹੁੰਚ ਗਈ ਹੈ ਅਤੇ ਇਸ ਹੁਣ ਕਿਸਾਨਾਂ ਦੀ ਆਮਦਨ ਨੂੰ ਬਰਕਰਾਰ ਰੱਖਿਆ ਜਾ ਸਕਦਾ ਹੈ ਅਤੇ ਨਾ ਹੀ ਆਮਦਨ ਵਿੱਚ ਵਾਧਾ ਕੀਤਾ ਜਾ ਸਕਦਾ ਹੈ।ਇਸ ਨਵੀਂ ( ਏ. ਆਈ) ਤਕਨੀਕ ਦੇ ਦਖ਼ਲ ਹੋਣ ਦਾ ਮਤਲਬ ਹੈ ਕਿ ਇਸ ਕਦਮ ਦਾ ਉਦੇਸ਼ ਘੱਟ ਰਹੇ ਮੁਨਾਫ਼ੇ ਵਿੱਚ ਵਾਧਾ ਕਰਕੇ ਕੁਦਰਤੀ ਸਰੋਤਾਂ ਤੇ ਦਬਾਅ ਘਟਾਉਣਾ ਅਤੇ ਕਿਸਾਨਾਂ ਨੂੰ ਭਵਿੱਖ ਨੂੰ ਸੁਰੱਖਿਅਤ ਕਰਨਾ ਹੀ ਸਰਕਾਰ ਦਾ ਮੁੱਖ ਉਦੇਸ਼ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਲਵਾ ਜ਼ੋਨ ਦੇ ਕਿਸਾਨ ਵਿੰਗ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਅੱਕਾਂਵਾਲੀ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਸਮਿਆਂ ਦੌਰਾਨ ਕਿਸਾਨਾਂ ਦੀ ਨਆਰਥਿਕਤਾ ਦੇ ਨਿਘਾਰ ਲਈ ਵਿਰੋਧੀ ਪਾਰਟੀਆਂ ਦੀਆਂ ਸਰਕਾਰਾਂ ਜ਼ਿੰਮੇਵਾਰ ਹਨ, ਜਿਨ੍ਹਾਂ ਦੀ ਅਣਗਹਿਲੀ ਕਾਰਨ ਪੰਜਾਬ ਆਰਥਿਕ ਸੰਕਟ ਵੱਲ ਜਾਣ ਲਈ ਮਜਬੂਰ ਹੋਇਆ ਹੈ। ਪ੍ਰੰਤੂ ਹੁਣ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਣਥੱਕ ਯਤਨਾਂ ਸਦਕਾ ਹੁਣ ਕਿਸਾਨਾਂ, ਬੁਨਿਆਦੀ ਢਾਂਚੇ ਅਤੇ ਭਲਾਈ ਤੇ ਕੇਂਦ੍ਰਿਤ ਸੁਧਾਰ ਅਧਾਰਤ ਨੀਤੀਆਂ ਨਾਲ ਸੂਬੇ ਦਾ ਪੁਨਰ ਨਿਰਮਾਣ ਕਰ ਰਹੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ 1960 ਦੇ ਦਹਾਕੇ ਤੋਂ ਪੰਜਾਬ ਦੇਸ਼ ਦਾ ਅੰਨਦਾਤਾ ਜਿਸਨੇ ਭਾਰਤ ਨੂੰ ਅਨਾਜ ਉਤਪਾਦਨ ਵਿੱਚ ਸਵੈ ਨਿਰਭਰ ਬਣਾ ਰਹੀ ਹੈ। ਇਸ ਦੇ ਨਾਲ ਹੀ ਹਰੀ ਕ੍ਰਾਂਤੀ ਦੌਰਾਨ ਸੂਬੇ ਦੇ ਮਿਹਨਤਕਸ਼ ਕਿਸਾਨਾਂ ਨੇ ਆਪਣੀ ਮਿਹਨਤ ਨਾਲ ਇੱਕ ਅਧਿਆਈ ਲਿਖਿਆ ਹੈ। ਦੇਸ਼ ਦੀ ਸੇਵਾ ਕਰਦਿਆਂ ਸੂਬੇ ਦੇ ਕਿਸਾਨਾਂ ਨੇ ਉਪਜਾਊ ਮਿੱਟੀ ਅਤੇ ਪਾਣੀ ਵਰਗੇ ਕੀਮਤੀ ਕੁਦਰਤੀ ਸਰੋਤਾਂ ਦੀ ਕੁਰਬਾਨੀ ਦਿੱਤੀ ਹੈ। ਖੇਤੀਬਾੜੀ ਦੇ ਮੁਨਾਫ਼ੇ ਦਾ ਮਾਰਜਿਨ ਘੱਟਣ ਨਾਲ ਖੇਤੀਬਾੜੀ ਹੁਣ ਲਾਭਦਾਇਕ ਧੰਦਾ ਨਹੀਂ ਰਿਹਾ ਅਤੇ ਕਿਸਾਨ ਮੁੱਢਲੀਆਂ ਲੋੜਾਂ ਪੂਰੀਆਂ ਕਰਨ ਲਈ ਸੰਘਰਸ਼ ਕਰ ਰਹੇ ਹਨ ਅਤੇ ਮੌਜੂਦਾ ਫ਼ਸਲ ਤਕਨਾਲੋਜੀਆਂ ਦੀ ਉਤਪਾਦਨ ਸਮਰੱਥਾ ਲੱਗਭੱਗ ਖ਼ਤਮ ਹੋ ਗਈ ਹੈ। ਖੇਤੀਬਾੜੀ ਆਮਦਨ ਵਿੱਚ ਵਾਧਾ ਕਰਨ ਅਤੇ ਸਰੋਤਾਂ 'ਤੇ ਨਿਰਭਰਤਾ ਨੂੰ ਘਟਾਉਣ ਲਈ ਖੇਤੀਬਾੜੀ ਵਿੱਚ ਏ ਆਈ ਤਕਨੀਕ ਨੂੰ ਪੇਸ਼ ਕਰਨਾ ਜ਼ਰੂਰੀ ਹੋ ਗਿਆ ਹੈ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਇਹ ਤਕਨਾਲੋਜੀ ਕਿਸਾਨਾਂ ਨੂੰ ਇਹ ਦੱਸਣ ਵਿੱਚ ਅਹਿਮ ਭੂਮਿਕਾ ਨਿਭਾਏਗੀ, ਕਿ ਕਿਹੜੀਆਂ ਫ਼ਸਲਾਂ ਬੀਜੀਆਂ ਹਨ ਅਤੇ ਕਦੋਂ ਬੀਜਣੀਆਂ ਹਨ, ਤਾਂ ਜੋ ਲਾਭ ਅਤੇ ਉਤਪਾਦਕ ਵਿੱਚ ਵਾਧਾ ਕੀਤਾ ਜਾ ਸਕੇ। ਪੰਜਾਬ ਹਮੇਸ਼ਾ ਨਵੀਨਤਾ ਨੂੰ ਅਪਣਾਉਣ ਵਿੱਚ ਮੋਹਰੀ ਰਿਹਾ ਹੈ ਅਤੇ ਏ ਆਈ ਇਸ ਖੇਤਰ ਵਿੱਚ ਨਵੀਂ ਕ੍ਰਾਂਤੀ ਲਿਆਵੇਗਾ ਅਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਇਸ ਦੀ ਸ਼ੁਰੂਆਤ ਸਮੇਂ ਦੀ ਲੋੜ ਹੈ। ਪੰਜਾਬ ਦੇ ਕਿਸਾਨਾਂ ਨੂੰ ਪਹਿਲੀ ਵਾਰ ਹੋਇਆ ਹੈ ਕਿ ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਦੇ ਟਿਊਬਵੈੱਲ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ ਹੈ। ਕਿਸਾਨਾਂ ਨੂੰ ਹੁਣ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਸਾਰੇ ਦੇਸ਼ ਤੋਂ ਵੱਧ ਗੰਨੇ ਦੀ ਕੀਮਤ 416 ਰੁਪਏ ਪ੍ਰਤੀ ਕੁਇੰਟਲ ਮਿਲ ਰਹੀ ਹੈ।ਹਰ ਸਾਲ ਕਣਕ ਅਤੇ ਝੋਨੇ ਦੀ ਖ਼ਰੀਦ ਲਈ ਕਿਸਾਨਾਂ ਨੂੰ ਲੱਗਭੱਗ 80000 ਕਰੋੜ ਰੁਪਏ ਦਾ ਭੁਗਤਾਨ ਕੀਤਾ ਜਾਂਦਾ ਹੈ ਅਤੇ ਇਹ ਭੁਗਤਾਨ ਕਿਸਾਨਾਂ ਦੇ ਖਾਤਿਆਂ ਵਿੱਚ 24 ਘੰਟਿਆਂ ਦੇ ਅੰਦਰ ਕੀਤਾ ਜਾਂਦਾ ਹੈ।ਸਾਲ 2022ਅਮ ਅਤੇ 2025 ਦਰਮਿਆਨ ਨਹਿਰ ਦੀ ਲਾਈਟਨਿੰਗ , ਮੁਰੰਮਤ ਅਤੇ ਆਧੁਨਿਕੀਕਰਨ ਤੇ 6700 ਕਰੋੜ ਰੁਪਏ ਖ਼ਰਚ ਕੀਤੇ ਗਏ ਹਨ ਜੋਂ ਪਿਛਲੇ ਸਾਲਾਂ ਤੋਂ 300 ਫੀਸਦੀ ਵੱਧ ਹੈ।2022 ਵਿੱਚ ਨਹਿਰੀ ਸਿੰਚਾਈ ਦੀ ਵਰਤੋਂ 20,90 ਲੱਖ ਏਕੜ ਵਿੱਚ ਕੀਤੀ ਜਾਂਦੀ ਸੀ ਅਤੇ ਹੁਣ ਇਹ ਵੱਧਕੇ 56 ਲੱਖ ਏਕੜ ਹੋ ਗਈ ਹੈ। ਨਹਿਰਾਂ ਦੀ ਸਿੰਚਾਈ ਸਮਰੱਥਾ ਦੁੱਗਣੀ ਹੋ ਗਈ ਹੈ। 545 ਕਿਲੋਮੀਟਰ ਤੱਕ ਫੈਲੀਆਂ 101 ਬੰਦ ਪਈਆਂ ਨਹਿਰਾਂ ਨੂੰ ਮੁੜ ਸੁਰਜੀਤ ਕੀਤਾ ਗਿਆ ਹੈ।

## ਸੱਤ ਰੋਜ਼ਾ ਐਨ.ਐੱਸ.ਐੱਸ. ਕੈਂਪ ਸੰਪੰਨ




ਬਰਨਾਲਾ, 22 ਮਾਰਚ (ਇਸ਼ੇਨ ਕੰਗ) : ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਬਰਨਾਲਾ ਵਿਖੇ ਪ੍ਰਿੰਸੀਪਲ ਡਾਕਟਰ ਸ਼੍ਰੀਮਤੀ ਸੁਸ਼ੀਲ ਬਾਲਾ ਜੀ ਦੀ ਅਗਵਾਈ ਅਤੇ ਯੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਸ਼੍ਰੀ ਅਰੁਣ ਕੁਮਾਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੱਤ ਰੋਜ਼ਾ ਐਨ.ਐਸ.ਐਸ. ਕੈਂਪ ਸਫਲਤਾਪੂਰਕ ਸੰਪੰਨ ਹੋਇਆ। ਇਸ ਮੌਕੇ ਮੁੱਖ ਮਹਿਮਾਨ ਸ਼੍ਰੀ ਮਨੋਜ ਕੁਮਾਰ ਜਨਰਲ ਮੈਨੇਜਰ ਚੰਡੀਗੜ੍ਹ ਸਰਕਲ ਕੇਨਰਾ ਬੈਂਕ ਧਰਮ ਪਤਨੀ ਸ਼੍ਰੀਮਤੀ ਸੁਜਾਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸੰਸਥਾਂ ਦੀ ਮੈਨੇਜਿੰਗ ਕਮੇਟੀ ਦੇ ਜਨਰਲ ਸਕੱਤਰ ਸ਼੍ਰੀ ਕੇਵਲ ਜਿੰਦਲ, ਉਪ ਪ੍ਰਧਾਨ ਸ਼੍ਰੀ ਰਾਮ ਕੁਮਾਰ ਸੋਬਤੀ, ਸ਼੍ਰੀ ਪ੍ਰਦੀਪ ਗੋਇਲ, ਫਾਈਨੈਂਸ ਸੈਕਟਰੀ ਡਾਕਟਰ ਪ੍ਰਦੀਪ ਗੋਇਲ, ਸ਼੍ਰੀ ਸੰਜੀਵ ਸ਼ੋਰੀ, ਸ਼੍ਰੀ ਪ੍ਰਹਿਲਾਦ ਮੈਨਨ, ਸ਼੍ਰੀ ਸੁਖਮਹਿੰਦਰ ਸਿੰਘ ਸੰਧੂ, ਸ਼੍ਰੀ ਪਰਮਜੀਤ ਸਿੰਘ ਭਾਰਦਵਾਜ, ਸ਼੍ਰੀ ਜੀਵਨ ਜੋਤ ਸਿੰਘ ਇਸ ਮੌਕੇ 'ਤੇ ਹਾਜ਼ਰ ਸਨ। ਕੈਂਪ ਦੌਰਾਨ ਵਲੰਟੀਅਰ ਵਿੱਚ ਸਮਾਜਿਕ ਜ਼ਿੰਮੇਵਾਰੀ, ਨਾਗਰਿਕ ਚੇਤਨਾ ਅਤੇ ਨੈਤਿਕ ਮੁੱਲਾਂ ਦੇ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਵੱਖ-ਵੱਖ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਨੈਤਿਕ ਸਿੱਖਿਆ, ਸਿਹਤਮੰਦ ਜੀਵਨ, ਨਸ਼ਿਆਂ, ਲੋਕਤੰਤਰੀ ਮੁੱਲਾਂ ਅਤੇ ਸਿੱਖਿਅਤ ਵੋਟਰ ਦੀ ਭੂਮਿਕਾ ਆਦਿ ਵਿਸ਼ਿਆਂ ਉੱਤੇ ਵਿਸ਼ੇਸ਼ ਲੈਕਚਰ ਕਰਵਾਏ ਗਏ।ਮਹਿਮਾਨਾਂ ਦਾ ਸਵਾਗਤ ਕਰਦੇ ਪ੍ਰਿੰਸੀਪਲ ਮੈਡਮ ਡਾਕਟਰ ਸ਼੍ਰੀਮਤੀ ਸੁਸ਼ੀਲ ਬਾਲਾ ਜੀ ਨੇ ਕਿਹਾ ਕਿ ਇਹ ਯੋਜਨਾ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਸਮਾਜ ਸੇਵਾ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਭਾਵਨਾ ਪੈਦਾ ਕਰਦੀ ਹੈ। ਇਸ ਦਾ ਮੁੱਖ ਮਨੋਰਥ ਸਿੱਖਿਆ ਦੇ ਨਾਲ ਨਾਲ ਵਿਦਿਆਰਥੀਆਂ ਵਿੱਚ ਭਾਈਚਾਰਕ ਅਤੇ ਸਮਾਜਿਕ ਸੇਵਾ ਦੀ ਭਾਵਨਾ ਦੀਆਂ ਕਦਰਾਂ ਕੀਮਤਾਂ ਉਜਾਗਰ ਕਰਨਾ ਹੈ। ਇਸ ਨਾਲ ਲੋਕਾਂ ਨਾਲ ਮਿਲ ਜੁਲ ਕੇ ਕੰਮ ਕਰਨ ਅਤੇ ਆਪਣੇ ਆਪ ਨੂੰ ਸਮਾਜ ਦੀ ਉਸਾਰੂ ਅਤੇ ਰਚਨਾਤਮਕ ਕੰਮਾਂ ਵਿੱਚ ਲਗਾਉਣ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਮੁੱਖ ਮਹਿਮਾਨ ਸ਼੍ਰੀ ਮਨੋਜ ਕੁਮਾਰ ਦਾਸ ਨੇ ਵਲੰਟੀਅਰ ਦੇ ਰੂ-ਬ-ਰੂ ਹੁੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀ ਸਮਰੱਥਾ ਪਛਾਣ ਕੇ ਅੱਗੇ ਵਧਣ ਦਾ ਸੰਦੇਸ਼ ਦਿੱਤਾ ਤੇ ਮਹਾਂਪੁਰਸ਼ਾਂ ਤੇ ਸਫਲ ਵਿਅਕਤੀਆਂ ਦੀਆਂ ਕਈ ਉਦਾਹਰਨਾਂ ਦਿੱਤੀਆਂ।ਉਹਨਾਂ ਨੇ ਆਪਣਾ ਸੰਘਰਸ਼ਸ਼ੀਲ ਜੀਵਨ ਸਾਂਝਾ ਕਰਦੇ ਹੋਏ ਵਿਦਿਆਰਥੀਆਂ ਨੂੰ ਆਰਥਿਕ ਰੂਪ ਵਿੱਚ ਸੁਤੰਤਰ ਹੋਣ ਦਾ ਸੰਦੇਸ਼ ਦਿੱਤਾ। ਕੈਂਪ ਦੌਰਾਨ ਵਲੰਟੀਅਰਾਂ ਨੂੰ ਮੁੱਖ ਮਹਿਮਾਨ, ਪ੍ਰਿੰਸੀਪਲ ਅਤੇ ਮੈਨੇਜਿੰਗ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਪ੍ਰੋਗਰਾਮ ਅਫਸਰ ਮੈਡਮ ਰਿੰਪੀ ਅਤੇ ਮੈਡਮ ਵੀਰਪਾਲ ਕੌਰ ਦੀ ਐੱਨ.ਐੱਸ.ਐੱਸ. ਕੈਂਪ ਸਬੰਧੀ ਸਾਰਿਆਂ ਵੱਲੋਂ ਸ਼ਲਾਘਾ ਕੀਤੀ ਗਈ।ਅੰਤ ਵਿੱਚ ਐਨੱ.ਐੱਸ. ਐੱਸ.ਵਿਭਾਗ ਅਤੇ ਵਲੰਟੀਅਰ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਟਾਫ ਅਤੇ ਵਲੰਟੀਅਰ ਹਾਜ਼ਰ ਸਨ।

## ਸ੍ਰੀ ਬਾਲਾ ਜੀ ਮੰਦਰ ਵੱਲੋਂ ਧਾਰਮਿਕ ਯਾਤਰਾ 'ਤੇ ਜੱਥਾ ਰਵਾਨਾ




ਸੁਨਾਮ, 22 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਰ ਵੱਲੋਂ ਆਯੋਜਿਤ ਤਿੰਨ ਰੋਜ਼ਾ ਧਾਰਮਿਕ ਬੱਸ ਯਾਤਰਾ ਦੇ ਤਹਿਤ ਸ਼ਰਧਾਲੂਆਂ ਦਾ ਇੱਕ ਜੱਥਾ ਸ੍ਰੀ ਬਾਲਾਜੀ ਮੰਦਰ ਸੁਨਾਮ ਤੋਂ ਸ੍ਰੀ ਵਰਿੰਦਾਵਨ ਧਾਮ, ਸ੍ਰੀ ਮਹਿੰਦੀਪੁਰ ਧਾਮ, ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਧਾਮ ਲਈ ਰਵਾਨਾ ਹੋਇਆ।

ਸ੍ਰੀ ਬਾਲਾਜੀ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਇਸ ਬੱਸ ਯਾਤਰਾ ਨੂੰ ਹਰੀ ਝੰਡੀ ਦਿਖਾਉਣ ਦੀ ਰਸਮ ਕਥਾ ਵਾਚਕ ਮਨੋਜ ਜੀ ਮਹਾਰਾਜ (ਸਹਾਰਨਪੁਰ ਵਾਲੇ) ਨੇ ਅਦਾ ਕੀਤੀ। ਇਸ ਮੌਕੇ ਮਨੋਜ ਜੀ ਨੇ ਕਿਹਾ ਕਿ ਮੰਦਰ ਕਮੇਟੀ ਵੱਲੋਂ ਅਜਿਹੀ ਧਾਰਮਿਕ ਯਾਤਰਾ ਦਾ ਪ੍ਰਬੰਧ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਨੌਜਵਾਨਾਂ ਵੱਲੋਂ ਧਾਰਮਿਕ ਕਾਰਜਾਂ ਲਈ ਸਮਾਂ ਕੱਢਣਾ ਅਤੇ ਇੰਨੀ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਰਹਿਣ-ਸਹਿਣ ਦਾ ਪ੍ਰਬੰਧ ਕਰਨਾ ਕੋਈ ਸੌਖਾ ਕੰਮ ਨਹੀਂ ਹੈ, ਪਰ ਮੰਦਰ ਕਮੇਟੀ ਇਸ ਸੇਵਾ ਨੂੰ ਬਾਖੂਬੀ ਨਿਭਾ ਰਹੀ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਹਨ।

ਯਾਤਰਾ ਦੀ ਰਵਾਨਗੀ ਤੋਂ ਪਹਿਲਾਂ ਸਾਰੇ ਸ਼ਰਧਾਲੂਆਂ ਨੇ ਮਿਲ ਕੇ ਸ੍ਰੀ ਹਨੂਮਾਨ ਚਾਲੀਸਾ ਜੀ ਦਾ ਪਾਠ ਕੀਤਾ।

ਇਸ ਤੋਂ ਬਾਅਦ 'ਜੈ ਸ੍ਰੀ ਰਾਮ' ਅਤੇ 'ਜੈ ਸ੍ਰੀ ਬਾਲਾ ਜੀ' ਦੇ ਜੈਕਾਰਿਆਂ ਨਾਲ ਪੂਰਾ ਮਾਹੌਲ ਭਗਤੀਮਈ ਹੋ ਗਿਆ। ਇਸ ਤੋਂ ਬਾਅਦ ਸ੍ਰੀ ਬਾਲਾਜੀ ਮਹਾਰਾਜ ਨੂੰ ਲੱਡੂਆਂ ਦਾ ਭੋਗ ਲਗਾਇਆ ਗਿਆ ਅਤੇ ਪ੍ਰਸ਼ਾਦ ਵੰਡਿਆ ਗਿਆ।

ਗੌਰਵ ਜਨਾਲੀਆ ਨੇ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਇਸ ਯਾਤਰਾ ਵਿੱਚ ਕੁਝ ਅਜਿਹੇ ਸ਼ਰਧਾਲੂ ਵੀ ਸ਼ਾਮਲ ਹਨ, ਜੋ ਯਾਤਰਾ 'ਤੇ ਜਾਣਾ ਤਾਂ ਚਾਹੁੰਦੇ ਹਨ ਪਰ ਆਰਥਿਕ ਤੰਗੀ ਕਾਰਨ ਅਸਮਰੱਥ ਹਨ। ਕਮੇਟੀ ਵੱਲੋਂ ਉਨ੍ਹਾਂ ਨੂੰ ਮੁਫ਼ਤ ਯਾਤਰਾ ਕਰਵਾਈ ਜਾ ਰਹੀ ਹੈ।

ਇਸ ਮੌਕੇ 'ਤੇ ਰਾਜੀਵ ਸੀ.ਏ., ਅਜੇ ਗੁਪਤਾ, ਵਿਮਲ ਜੈਨ, ਸੰਜੀਵ ਨਾਗਰਾ, ਪ੍ਰਵੇਸ਼ ਅਗਰਵਾਲ, ਕਮਲ ਠੇਕੇਦਾਰ,ਪੰਕਜ ਗਰਗ, ਜਤਿਨ, ਗੌਤਮ, ਲੱਕੀ, ਸਚਿਨ, ਪੂਜਾ ਗੋਇਲ, ਅੰਜੂ ਬਾਂਸਲ, ਪ੍ਰੀਤੀ ਜਿੰਦਲ, ਮੀਨੂ ਸਿੰਗਲਾ, ਸ਼ਿਲਪਾ ਜੈਨ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਪੁਲਿਸ ਨੇ ਦਬੋਚੇ ਨਕਲੀ ਪੁਲਿਸ ਮੁਲਾਜਮ, ਥਾਣੇਦਾਰ, ਸਿਪਾਹੀ ਅਤੇ ਡਰਾਈਵਰ ਗ੍ਰਿਫ਼ਤਾਰ



ਧਨੌਲਾ, 22 ਮਾਰਚ (ਚਮਕੌਰ ਸਿੰਘ ਗੱਗੀ) : ਸਮਾਜ ਵਿਰੋਧੀ ਮਾੜੇ ਅਨਸਰਾਂ ਖਿਲਾਫ਼ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਬਰਨਾਲਾ ਦੇ ਥਾਣਾ ਧਨੌਲਾ ਦੀ ਪੁਲਿਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਨਾਕੇ ਦੌਰਾਨ ਨਕਲੀ ਪੁਲਿਸ ਮੁਲਾਜ਼ਮ ਬਣੇ ਤਿੰਨ ਵਿਅਕਤੀਆਂ ਨੂੰ ਗਿਰਫ਼ਤਾਰ ਕੀਤਾ। ਥਾਣਾ ਧਨੌਲਾ ਦੇ ਮੁੱਖ ਅਫਸਰ ਇੰਸਪੇਕਟਰ ਲਖਬੀਰ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਐਸਐਸਪੀ ਬਰਨਾਲਾ ਸ਼੍ਰੀ ਮੁੰਹਮਦ ਸਰਫਰਾਜ ਆਲਮ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਵਿਸ਼ੇਸ਼ ਮੁਹਿੰਮ ਵਿੱਢੀ ਹੋਈ ਹੈ, ਜਿਸ ਤਹਿਤ ਪੁਲਿਸ ਨੂੰ ਇਕ ਮੁਖਬਰ ਖਾਸ ਵੱਲੋਂ ਇਤਲਾਹ ਦਿੱਤੀ ਕਿ ਕੁਝ ਵਿਅਕਤੀ ਜਿਹਨਾਂ ਨੇ ਪੁਲਿਸ ਦੀਆਂ ਬਰਦੀਆਂ ਪਾਈਆਂ ਹਨ, ਤੇ ਉਹ ਭੋਲੇ ਭਲੇ ਲੋਕਾਂ ਨੂੰ ਨੌਕਰੀ ਲਵਾਉਣ ਦਾ ਝਾਂਸਾ ਦੇ ਕੇ ਠੱਗੀਆਂ ਮਾਰ ਰਹੇ ਹਨ, ਜੇਕਰ ਕਾਰਵਾਈ ਕੀਤੀ ਜਾਵੇ ਤਾਂ ਇਹ ਕਾਬੂ ਆ ਸਕਦੇ ਹਨ, ਜਿਸ 'ਤੇ ਥਾਣਾ ਦੇ ਸਹਾਇਕ ਸਬ ਇੰਸਪੈਕਟਰ ਸੇਵਾ ਸਿੰਘ, ਹੌਲਦਾਰ ਸੰਦੀਪ ਸਿੰਘ ਸਮੇਤ ਪੁਲਿਸ ਪਾਰਟੀ ਨੇ ਰੇਡ ਕੀਤਾ, ਤਾਂ ਤਿੰਨ ਵਿਅਕਤੀ ਇਨੋਵਾ ਕਾਰ ਵਿੱਚ ਬਰਦੀ ਪਹਿਨੀ ਹੋਈ ਬੈਠੇ ਸਨ, ਜਿਨ੍ਹਾਂ ਦੀ ਪਹਿਚਾਣ ਸੰਦੀਪ ਕੁਮਾਰ ਪੁੱਤਰ ਅਜੇ ਕੁਮਾਰ ਵਾਸੀ ਚੱਕ ਮਹੰਤਾਂ ਵਾਲਾ, ਜ਼ਿਲ੍ਹਾ ਫਿਰੋਜ਼ਪੁਰ, ਅਜੇ ਪੁੱਤਰ ਅਸ਼ੋਕ ਕੁਮਾਰ ਵਾਸੀ ਮੁਨਕੇ ਉਤਾੜ ਜ਼ਿਲ੍ਹਾ ਫਿਰੋਜ਼ਪੁਰ ਅਤੇ ਗੁਰਪ੍ਰੀਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਮੁਨਕੇ ਉਤਾੜ, ਜ਼ਿਲ੍ਹਾ ਫਿਰੋਜ਼ਪੁਰ ਵਜੋਂ ਹੋਈ, ਜੋ ਕਿ ਪੰਜਾਬ ਪੁਲਿਸ ਦੀ ਜਾਅਲੀ ਵਰਦੀ ਪਹਿਨ ਕੇ ਅਤੇ ਜਾਅਲੀ ਆਈ.ਡੀ.ਕਾਰਡ ਵਰਤ ਕੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜਾ ਕੇ ਭੋਲੇ ਭਾਲੇ ਲੋਕਾਂ ਨੂੰ ਡਰਾ ਧਮਕਾ ਕੇ ਪੈਸਿਆਂ ਦੀ ਜਬਰੀ ਵਸੂਲੀ ਕਰਦੇ ਸਨ, ਜਿਹਨਾਂ ਨੂੰ ਮੌਕੇ 'ਤੇ ਗਿਰਫ਼ਤਾਰ ਕਰਕੇ ਉਹਨਾਂ ਦੇ ਕਬਜੇ ਵਿੱਚੋਂ ਇੱਕ ਇਨੋਵਾ ਕਾਰ, ਪੁਲਿਸ ਦੀ ਬਰਦੀ ਪੱਗ ਲਾਲ ਫਿਫਟੀ ਖਾਕੀ ਬੂਟ, ਬਰਾਮਦ ਕੀਤੇ। ਜਿਨ੍ਹਾਂ ਖ਼ਿਲਾਫ਼ ਥਾਣਾ ਧਨੌਲਾ ਵਿੱਚ ਮੁੱਕਦਮਾ ਨੰਬਰ 36 ਅਧੀਨ ਧਾਰਾ 319(2), 318(4), 308(2), 338, 336 (3), 340(2), 3(5) ਬੀ ਐਨ ਐਸ, ਤਹਿਤ ਮੁਕੱਦਮਾ ਦਰਜ ਕੀਤਾ ਗਿਆ, ਜਿਹਨਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਅਗਲੇਰੀ ਕਾਰਵਾਈ ਆਰੰਭੀ ਗਈ ਹੈ। ਇਸ ਮੌਕੇ ਸਬ ਇੰਸਪੈਕਟਰ ਵਰਿੰਦਰ ਸਿੰਘ, ਏ ਐਸ ਆਈ ਸੇਵਾ ਸਿੰਘ, ਮਹਿਲ ਸਹਾਇਕ ਥਾਣੇਦਾਰ ਸਮਨਦੀਪ ਕੌਰ, ਹੌਲਦਾਰ ਸੰਦੀਪ ਸਿੰਘ, ਮਹਿਲਾ ਸਿਪਾਹੀ ਜਸਪ੍ਰੀਤ ਕੌਰ ਹਾਜ਼ਰ ਸਨ।

## ਬਰਨਾਲਾ-ਬਾਜਾਖਾਨਾ ਮੁੱਖ ਮਾਰਗ 'ਤੇ 300 ਮੀਟਰ ਸੜਕ ਬਣੀ ਲੋਕਾਂ ਲਈ ਵੱਡੀ ਮੁਸੀਬਤ



ਭਦੌੜ, 22 ਮਾਰਚ (ਸੁਖਵਿੰਦਰ ਪਲਾਹਾ) : ਭਦੌੜ ਨੇੜੇ ਬਰਨਾਲਾ ਰੋਡ 'ਤੇ ਬਰਨਾਲਾ-ਬਾਜਾਖਾਨਾ ਮੁੱਖ ਸੜਕ ਦਾ ਕਰੀਬ 300 ਮੀਟਰ ਹਿੱਸਾ ਪਿਛਲੇ ਲੰਬੇ ਸਮੇਂ ਤੋਂ ਰਾਹਗੀਰਾਂ ਅਤੇ ਸਥਾਨਕ ਨਿਵਾਸੀਆਂ ਲਈ ਪ੍ਰੇਸ਼ਾਨੀ ਦਾ ਕਾਰਨ ਬਣਿਆ ਹੋਇਆ ਹੈ। ਸੜਕ ਦਾ ਇਹ ਹਿੱਸਾ ਬਹੁਤ ਜ਼ਿਆਦਾ ਨੀਵਾਂ ਹੋਣ ਕਾਰਨ ਮਾਮੂਲੀ ਜਿਹੀ ਬਰਸਾਤ ਹੋਣ 'ਤੇ ਵੀ ਇੱਥੇ ਛੱਪੜ ਵਰਗੀ ਸਥਿਤੀ ਬਣ ਜਾਂਦੀ ਹੈ। ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਗੰਦਾ ਪਾਣੀ ਸੜਕ 'ਤੇ ਕਈ-ਕਈ ਦਿਨ ਜਮ੍ਹਾ ਰਹਿੰਦਾ ਹੈ ਜਿਸ ਕਾਰਨ ਆਵਾਜਾਈ ਵਿੱਚ ਭਾਰੀ ਵਿਘਨ ਪੈਂਦਾ ਹੈ ਅਤੇ ਦੋ ਪਹੀਆ ਵਾਹਨ ਚਾਲਕ ਅਕਸਰ ਫਿਸਲ ਕੇ ਹਾਦਸਿਆਂ ਦਾ ਸ਼ਿਕਾਰ ਹੁੰਦੇ ਰਹਿੰਦੇ ਹਨ। ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਸ਼ਾਇਦ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੈ ਕਿਉਂਕਿ ਕਈ ਵਾਰ ਸੜਕ ਦੀ ਮੁਰੰਮਤ ਕਰਨ ਅਤੇ ਇਸ ਨੂੰ ਉੱਚਾ ਚੁੱਕ ਕੇ ਬਣਾਉਣ ਦੀ ਮੰਗ ਕੀਤੀ ਜਾ ਚੁੱਕੀ ਹੈ ਪਰ ਅਜੇ ਤੱਕ ਕੋਈ ਵੀ ਅਸਰ ਨਹੀਂ ਹੋਇਆ। ਇਸ ਸਬੰਧੀ ਜਦੋਂ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਹਰਸ਼ ਗੋਇਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਸ ਸੜਕ ਨੂੰ ਉੱਚਾ ਚੁੱਕ ਕੇ ਬਣਾਉਣ ਦਾ ਪ੍ਰਸਤਾਵ ਤਿਆਰ ਕਰਕੇ ਸਰਕਾਰ ਨੂੰ ਭੇਜ ਦਿੱਤਾ ਗਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜਿਵੇਂ ਹੀ ਸਰਕਾਰ ਵੱਲੋਂ ਇਸ ਪ੍ਰਸਤਾਵ ਨੂੰ ਹਰੀ ਝੰਡੀ ਮਿਲਦੀ ਹੈ ਤਾਂ ਸੜਕ ਦਾ ਨਿਰਮਾਣ ਕਾਰਜ ਤੁਰੰਤ ਸ਼ੁਰੂ ਕਰ ਦਿੱਤਾ ਜਾਵੇਗਾ। ਫਿਲਹਾਲ ਲੋਕ ਇਸ ਨਰਕ ਵਰਗੀ ਸਥਿਤੀ ਵਿੱਚੋਂ ਗੁਜ਼ਰਨ ਲਈ ਮਜਬੂਰ ਹਨ। ਪਰ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ।

## ਸਤਿਸੰਗ ਦੀ ਕਥਾ ਹਿਰਦੇ ਨੂੰ ਪਵਿੱਤਰ ਕਰਨ ਦਾ ਆਸਾਨ ਰਸਤਾ : ਸੁਧੀਰ



ਤਪਾ ਮੰਡੀ, 22 ਮਾਰਚ (ਰਾਜੂ ਮਹਿਰਾ) : ਸਤਿਸੰਗ ਦੀ ਕਥਾ ਵਿਅਕਤੀ ਦੇ ਮਨ ਨੂੰ ਪਵਿੱਤਰ ਤੇ ਪਾਵਨ ਕਰਨ ਦਾ ਆਸਾਨ ਰਸਤਾ ਹੈ। ਇਹ ਪ੍ਰਵਚਨ ਨਵਰਾਤਰੇ ਅਤੇ ਸ੍ਰੀ ਰਾਮ ਨੌਮੀ ਦੇ ਸਬੰਧ 'ਚ ਸ਼੍ਰੀ ਗੀਤਾ ਭਵਨ ਕਮੇਟੀ ਵੱਲੋਂ ਸ਼੍ਰੀ ਗੀਤਾ ਭਵਨ ਵਿਖੇ ਕਰਵਾਈ ਜਾ ਰਹੀ ਰਾਮ ਕਥਾ ਮੌਕੇ ਪ੍ਰਸਿੱਧ ਕਥਾਵਾਚਕ ਸੁਧੀਰ ਜੀ ਨੇ ਸੰਗਤ ਨੂੰ ਕੀਤੇ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਰਯਾਦਾ ਪ੍ਰਸ਼ੋਤਮ ਪ੍ਰਭੂ ਸ਼੍ਰੀ ਰਾਮ ਚੰਦਰ ਦਾ ਨਾਂਅ ਲੈਣਾ ਚਾਹੀਦਾ ਹੈ, ਕਿਉਂਕਿ ਪ੍ਰਮਾਤਮਾ ਦੀ ਕਥਾ ਕਰਨ ਨਾਲ ਆਤਮਾ ਨੂੰ ਬਲ ਮਿਲਦਾ ਹੈ।ਜੇਕਰ ਕੋਈ ਸ਼ਰਧਾਲੂ ਰਾਮ ਕਥਾ ਨੂੰ ਪੂਰੀ ਇਕਾਗਰਤਾ ਨਾਲ ਸੁਣਦਾ ਹੈ ਤਾਂ ਉਹ ਸਾਰੇ ਪਾਪਾ ਤੋਂ ਮੁਕਤ ਹੋ ਜਾਦਾ ਹੈ ਅਤੇ ਮੁਕਤੀ ਦੀ ਪ੍ਰਾਪਤੀ ਕਰਦਾ ਹੈ, ਪਰ ਕਥਾ ਸੁਣਨ ਲਈ ਮਨ ਸ਼ੁੱਧ ਅਤੇ ਸ਼ਰਧਾਵਾਨ ਹੋਣਾ ਚਾਹੀਦਾ ਹੈ।ਇਸ ਮੌਕੇ ਪੰਡਿਤ ਅਰਵਿੰਦ ਸ਼ੁਕਲਾ, ਪੰਡਿਤ ਚਰਨਜੀਤ ਸ਼ਰਮਾ ਤੋਂ ਇਲਾਵਾ ਸਾਬਕਾ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਭੂਤ,ਸੋਹਣ ਲਾਲ ਵਧਵਾ,ਵਿਪਨ ਕੁਮਾਰ,ਸੰਦੀਪ ਬਾਂਸਲ, ਸੁਨੀਲ ਤਾਜੋ,ਕੇਵਲ ਕ੍ਰਿਸ਼ਨ ਮਿੱਤਲ, ਵਿਸ਼ਾਲ ਗਰਗ ਬਬਲਾ, ਮਾਸਟਰ ਪ੍ਰਸ਼ੋਤਮ ਲਾਲ, ਦੀਪੂ ਭੈਣੀ, ਸੁਰਿੰਦਰ ਕੁਮਾਰ, ਬਾਲ ਕ੍ਰਿਸ਼ਨ ਬਦਰਾ, ਦੁਰਗਾ ਦਾਸ, ਸੰਜੀਵ ਉੱਗੋ, ਚਰਨੀ ਅਰੋੜਾ, ਮਾਸਟਰ ਕੇਵਲ ਕ੍ਰਿਸ਼ਨ, ਸੋਨੂ ਛਾਬੜਾ, ਰਮੇਸ਼ ਪੱਖੋ ਆਦਿ ਸ਼ਰਧਾਲੂ ਮੌਜੂਦ ਸਨ।

## ਸਾਮਰਾਜ ਵਿਰੋਧੀ ਕਾਨਫ਼ਰੰਸ 'ਚ ਪਹੁੰਚਣਗੇ ਹਜ਼ਾਰਾਂ ਲੋਕ



ਬਰਨਾਲਾ, 22 ਮਾਰਚ (ਬਘੇਲ ਸਿੰਘ ਧਾਲੀਵਾਲ) : 90 ਜਨਤਕ ਜਥੇਬੰਦੀਆਂ ਦੇ ਫ਼ੈਸਲੇ ਤਹਿਤ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ), ਭਾਰਤੀ ਕਿਸਾਨ ਯੂਨੀਅਨ ਏਕਤਾ ( ਡਕੌਂਦਾ ਧਨੇਰ) ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ (ਬੁੱਟਰ) ਦੇ ਵੱਲੋਂ ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ 23 ਮਾਰਚ ਨੂੰ ਬਰਨਾਲਾ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ 'ਸਾਮਰਾਜ ਵਿਰੋਧੀ ਕਾਨਫਰੰਸ' 'ਚ ਹਜ਼ਾਰਾਂ ਕਿਸਾਨ ਮਜ਼ਦੂਰ ਮੁਲਾਜ਼ਮ ਤੇ ਔਰਤਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਇਹ ਦਾਅਵਾ ਅੱਜ ਦਾਣਾ ਮੰਡੀ ਬਰਨਾਲਾ ਵਿਖੇ ਪੰਜਾਬ ਭਰ 'ਚੋਂ ਪਹੁੰਚੀਆਂ ਰਿਪੋਰਟਾਂ ਦੇ ਅਧਾਰ 'ਤੇ ਬੀਕੇਯੂ ਏਕਤਾ ਉਗਰਾਹਾਂ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਬੀਕੇਯੂ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬੁੱਟਰ ਦੇ ਆਗੂ ਮਨਜੀਤ ਰਾਜ ਵੱਲੋਂ ਕੀਤਾ ਗਿਆ। ਇਸ ਮੌਕੇ ਮੁਲਾਜ਼ਮ ਆਗੂ ਗੁਰਮੀਤ ਸਿੰਘ ਸੁਖਪੁਰਾ, ਖੇਤ ਮਜ਼ਦੂਰ ਆਗੂ ਲਛਮਣ ਸਿੰਘ ਸੇਵੇਵਾਲਾ ਤੇ ਕਿਸਾਨ ਆਗੂ ਸ਼ਿੰਗਾਰਾ ਸਿੰਘ ਮਾਨ, ਜੁਗਰਾਜ ਸਿੰਘ ਹਰਦਾਸਪੁਰਾ, ਗੁਰਚਰਨ ਸਿੰਘ ਮਾਛੀਕੇ ਵੀ ਮੌਜੂਦ ਸਨ। ਉਕਤ ਆਗੂਆਂ ਨੇ ਆਖਿਆ ਕਿ ਇਹ ਕਾਨਫਰੰਸ ਦੇਸ਼ ਦੇ ਵਿੱਚੋਂ ਸਾਮਰਾਜੀ ਲੁੱਟ ਤੇ ਦਾਬੇ ਖ਼ਿਲਾਫ਼ ਜੂਝਣ ਦਾ ਅਹਿਮ ਸੰਦੇਸ਼ ਦੇਵੇਗੀ। ਉਨ੍ਹਾਂ ਆਖਿਆ ਕਿ ਕਿ ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਸਮੇਤ ਕੌਮੀ ਮੁਕਤੀ ਲਹਿਰ ਦੇ ਸ਼ਹੀਦਾਂ ਵੱਲੋਂ ਦੇਸ਼ ਵਿੱਚੋਂ ਸਾਮਰਾਜੀ ਲੁੱਟ ਤੇ ਗਲਬੇ ਨੂੰ ਖ਼ਤਮ ਕਰਨ ਦਾ ਲਿਆ ਗਿਆ ਸੁਪਨਾ ਅਜੇ ਅਧੂਰਾ ਹੈ। ਉਨ੍ਹਾਂ ਆਖਿਆ ਕਿ ਦੇਸ਼ ਵਿੱਚੋਂ ਹਰ ਕਿਸਮ ਦੇ ਲੁੱਟ ਤੇ ਦਾਬੇ ਸਮੇਤ ਜਾਤਪਾਤੀ ਦਾਬੇ ਤੇ ਫ਼ਿਰਕਾਪ੍ਰਸਤੀ ਵਰਗੀਆਂ ਅਲਾਮਤਾਂ ਤੋਂ ਮੁਕਤੀ ਲਈ ਜੂਝਣਾ ਹੀ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਆਖਿਆ ਕਿ ਮੌਜੂਦਾ ਸਮੇਂ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਸਾਮਰਾਜੀ ਮੁਲਕਾਂ ਤੇ ਕੰਪਨੀਆਂ ਨੂੰ ਰਾਸ ਬਹਿੰਦੀਆਂ ਨੀਤੀਆਂ ਤਹਿਤ ਹੀ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ ਅਤੇ ਭਾਰਤ ਅਮਰੀਕਾ ਮੁਕਤ ਵਪਾਰ ਵਰਗੇ ਦੇਸ਼ ਧ੍ਰੋਹੀ ਸਮਝੌਤੇ ਕੀਤੇ ਜਾ ਰਹੇ ਹਨ। ਆਗੂਆਂ ਆਖਿਆ ਕਿ ਕਾਨਫਰੰਸ ਦੌਰਾਨ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਇਰਾਨ ਦੇ ਉੱਤੇ ਮੜ੍ਹੀ ਨਿਹੱਕੀ ਜੰਗ ਦੇ ਖ਼ਿਲਾਫ਼ ਵੀ ਅਵਾਜ਼ ਬੁਲੰਦ ਕੀਤੀ ਜਾਵੇਗੀ। ਕਾਨਫਰੰਸ 'ਚ ਵੱਖ ਵੱਖ ਵਰਗਾਂ ਦੀਆਂ ਜਥੇਬੰਦੀਆਂ ਵੱਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਵਰਨਣਯੋਗ ਹੈ ਕਿ ਇਸ ਵਿਸ਼ਾਲ ਕਾਨਫਰੰਸ ਲਈ ਟੈਂਟ ਤੇ ਸਾਊਂਡ ਲਾਉਣੀਆਂ ਦੀਆਂ ਤਿਆਰੀਆਂ 'ਚ ਪਿਛਲੇ ਦੋ ਦਿਨਾਂ ਤੋਂ ਜੰਗੀ ਪੱਧਰ 'ਤੇ ਵਿੱਢੀਆਂ ਹੋਈਆਂ ਹਨ। ਆਗੂਆਂ ਨੇ ਕਿਰਤੀ ਲੋਕਾਂ ਨੂੰ ਕਾਫ਼ਲੇ ਬੰਨ੍ਹ ਕੇ ਪੁੱਜਣ ਦੀ ਅਪੀਲ ਕੀਤੀ।

## ਝੁੱਗੀਆਂ ਵਿੱਚ ਰਹਿਣ ਵਾਲੀਆਂ ਧੀਆਂ ਸਿਲਾਈ ਦਾ ਕੰਮ ਸਿੱਖ ਕੇ ਹੋਈਆਂ ਆਤਮ ਨਿਰਭਰ : ਭਾਨ ਸਿੰਘ ਜੱਸੀ



ਬਰਨਾਲਾ, 22 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸਥਾਨਕ ਬਰਨਾਲਾ ਦੀ ਦਾਣਾ ਮੰਡੀ ਵਿੱਚ 2007 ਤੋਂ ਸ੍ਰੀ ਗੁਰੂ ਨਾਨਕ ਸਲਾਮ ਸੇਵਾ ਮਿਸ਼ਨ ਵੱਲੋਂ ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਜਿੱਥੇ ਝੁੱਗੀਆਂ ਝੌਂਪੜੀਆਂ ਅਤੇ ਸਲੱਮ ਏਰੀਆਂ ਵਿੱਚ ਰਹਿਣ ਵਾਲੇ ਲੋੜਵੰਦ ਬੱਚਿਆਂ ਨੂੰ ਮੁਫ਼ਤ ਸਿੱਖਿਆ ਦੇਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਉੱਥੇ ਝੁੱਗੀਆਂ ਵਿੱਚ ਹੀ ਰਹਿਣ ਵਾਲੀਆਂ ਇਹਨਾਂ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਅਤੇ ਔਰਤਾਂ ਨੂੰ ਸ਼ਹੀਦ ਮਾਤਾ ਗੁਜਰੀ ਕੌਰ ਜੀ ਦੀ ਯਾਦ ਵਿੱਚ ਮੁਫ਼ਤ ਸਿਲਾਈ ਕੇਂਦਰ ਚਲਾਕੇ ਉਨ੍ਹਾਂ ਨੂੰ ਆਤਮ ਨਿਰਭਰ ਬਣਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਸਥਾਨਕ ਮੁਫਤ ਸਲਾਈ ਸੈਂਟਰ ਵਿੱਚ ਹੋਏ ਇੱਕ ਸਮਾਗਮ ਦੌਰਾਨ ਟ੍ਰੇਨਿੰਗ ਪ੍ਰਾਪਤ ਕਰ ਰਹੀਆਂ ਔਰਤਾਂ ਅਤੇ ਲੜਕੀਆਂ ਨੂੰ ਸਨਮਾਨਿਤ ਕਰਨ ਉਪਰੰਤ ਬੋਲਦਿਆਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕਿਹਾ ਕਿ ਜ਼ਿਆਦਾਤਰ ਮਨੁੱਖ ਜ਼ਿੰਦਗੀ ਜਿਊਣ ਦੇ ਅਰਥਾਂ ਨੂੰ ਭੁੱਲ ਕੇ ਸਿਰਫ ਪੈਸੇ ਕਮਾਉਣ ਵਾਲੀਆਂ ਮਸ਼ੀਨਾਂ ਬਣਕੇ ਰਹਿ ਗਏ ਹਨ। ਉਹਨਾਂ ਕਿਹਾ ਕਿ ਕੋਈ ਭਾਵੇਂ ਕਿੱਡਾ ਵੀ ਅਮੀਰ ਹੋਵੇ ਜਾਂ ਫਿਰ ਉੱਚ ਪਦਵੀਆਂ 'ਤੇ ਬੈਠੇ ਅਧਿਕਾਰੀ ਜਾਂ ਲੀਡਰ ਆਪਣੇ ਵੱਡੇ ਹੋਣ ਦੇ ਫੋਕੇ ਵਹਿਮਾਂ ਅਤੇ ਜਾਤੀ ਹੰਕਾਰ ਦੀਆਂ ਭਾਰੀ ਭਾਰੀ ਪੰਡਾਂ ਸਿਰ 'ਤੇ ਚੁੱਕਕੇ ਉਸਦੇ ਭਾਰ ਵਿੱਚ ਹੀ ਉਲਝੇ ਹੋਏ ਹਨ। ਪਰ ਇਹ ਕੌੜਾ ਸੱਚ ਹੈ ਕੀ ਦਇਆ ਅਤੇ ਦਾਨ ਦੀ ਭਾਵਨਾ ਤੋਂ ਬਿਨਾਂ ਉਸ ਨੂੰ ਸੰਪੂਰਨ ਮਨੁੱਖ ਨਹੀਂ ਮੰਨਿਆ ਜਾ ਸਕਦਾ । ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਐਲਾਨ ਕੀਤਾ ਕਿ 28 ਮਾਰਚ ਨੂੰ ਸ਼ਹੀਦ ਮਾਤਾ ਗੁਜਰੀ ਕੌਰ ਸਿਲਾਈ ਕੇਂਦਰ ਦੀਆਂ ਲੜਕੀਆਂ ਦੇ ਮੁਕਾਬਲੇ ਕਰਵਾਏ ਜਾਣਗੇ। ਇਹਨਾਂ ਵਿੱਚੋਂ ਜੇਤੂ ਲੜਕੀਆਂ ਨੂੰ ਸਨਮਾਨਿਤ ਕਰਕੇ ਉਹਨਾਂ ਦੇ ਹੌਸਲੇ ਵਧਾਏ ਜਾਣਗੇ।

## ਮਕਾਨ ਮਾਲਕਾਂ ਨੂੰ ਮਕਾਨ ਖਾਲੀ ਕਰਵਾਉਣ ਸਬੰਧੀ ਨਾਜਾਇਜ਼ ਤੌਰ 'ਤੇ ਭੇਜੇ ਜਾ ਰਹੇ ਹਨ ਸੰਮਨ



ਲਹਿਰਾਗਾਗਾ, 22 ਮਾਰਚ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ): ਸਥਾਨਕ ਸ਼ਹਿਰ ਦੇ ਪੰਜਾਬ ਪਬਲਿਕ ਸਕੂਲ ਅਤੇ ਵਿਸ਼ਵਕਰਮਾ ਮੰਦਰ ਵਾਲੀ ਗਲੀ ਦੇ ਲੱਗਭੱਗ ਸਾਰੇ 39 ਵਸਨੀਕਾਂ ਨੂੰ ਮਕਾਨ ਖਾਲੀ ਕਰਨ ਲਈ ਜਗਦੀਪ ਸਿੰਘ ਅਤੇ ਜਸਮੇਲ ਕੌਰ ਵਾਸੀ ਖਾਈ ਵੱਲੋਂ ਸੰਮਨ ਭਿਜਵਾਏ ਜਾ ਰਹੇ ਹਨ। ਜਿਸ ਦਾ ਅੱਜ ਮਹੱਲਾ ਵਾਸੀਆਂ ਨੇ ਸਖ਼ਤ ਵਿਰੋਧ ਕੀਤਾ। ਇਸ ਸਮੇਂ ਮਕਾਨ ਮਾਲਕਾਂ ਵਿੱਚੋਂ ਨੀਲਮ ਰਾਣੀ, ਚਮੇਲੀ ਰਾਣੀ, ਕਾਂਤਾ ਰਾਣੀ, ਰਾਮ ਸਿੰਘ, ਬਿੰਦਰ ਸਿੰਘ, ਗੁਰਮੇਲ ਸਿੰਘ, ਵਿਸਾਖੀ ਰਾਮ, ਸੁਖਦੇਵ ਸਿੰਘ, ਮਨਸਾ ਸਿੰਘ, ਵਿਜੇ ਲਕਸ਼ਮੀ, ਹੀਰਾ ਸਿੰਘ, ਬਲਜਿੰਦਰ ਸਿੰਘ, ਸ਼ੇਰਾ ਸਿੰਘ, ਮਦਨ ਲਾਲ, ਨਿੱਕਾ ਭਾਰਤੀ ਸਮੇਤ ਹੋਰ ਵੀ ਪਰਿਵਾਰਾਂ ਨੇ ਪੱਤਰਕਾਰਾਂ ਨੂੰ ਦੱਸਿਆ, ਕਿ ਅਸੀਂ ਇੱਥੇ 60-70 ਸਾਲਾਂ ਤੋਂ ਇਸ ਜ਼ਮੀਨ ਉੱਤੇ ਮਕਾਨ ਬਣਾ ਕੇ ਰਹਿ ਰਹੇ ਹਾਂ। ਸਾਡੇ ਕੋਲੋ ਬਕਾਇਦਾ ਰਜਿਸਟਰੀਆਂ ਕਰਵਾਈਆਂ ਹੋਈਆਂ ਹਨ। ਕਈਆਂ ਦੇ ਨਾਮ ਇੰਤਕਾਲ ਵੀ ਚੜ੍ਹੇ ਹੋਏ ਹਨ ਪ੍ਰੰਤੂ ਇਹ ਵਿਅਕਤੀ ਸਾਨੂੰ ਨਜਾਇਜ਼ ਤੌਰ 'ਤੇ ਸੰਮਨ ਪਹੁੰਚਾ ਰਹੇ ਹਨ, ਕਿ ਅਸੀਂ ਇਸ ਜ਼ਮੀਨ ਦੇ ਮਾਲਕ ਹਾਂ। ਮੁਹੱਲਾ ਵਾਸੀਆਂ ਨੇ ਕਿਹਾ ਕਿ ਜੇਕਰ ਜ਼ਮੀਨ ਮਾਲਕਾਂ ਨੇ ਪੈਸੇ ਲਏ ਹਨ ਤਾਂ ਹੀ ਰਜਿਸਟਰੀਆਂ ਕਰਵਾਈਆਂ ਹੋਣਗੀਆਂ। ਉਨ੍ਹਾਂ ਕਿਹਾ ਕਿ ਹੁਣ ਕੁਝ ਲੋਕਾਂ ਦੇ ਮਨ ਵਿੱਚ ਲਾਲਚ ਜਾਗਿਆ ਹੋਇਆ ਹੈ ਕਿ ਅਸੀਂ ਧੱਕੇ ਨਾਲ ਡਰਾ ਧਮਕਾ ਕੇ ਇਹਨਾਂ ਤੋਂ ਦੂਜੀ ਵਾਰ ਪੈਸੇ ਲੈ ਲਈਏ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ 15 ਕੁ ਦਿਨ ਪਹਿਲਾਂ ਇੱਕ ਮਕਾਨ ਮਾਲਕ ਤੋਂ ਮਕਾਨ ਖਾਲੀ ਕਰਾਉਣ ਲਈ ਕੁਝ ਵਿਅਕਤੀ ਵਰੰਟ ਕਬਜ਼ਾ ਵੀ ਲੈ ਕੇ ਆਏ ਸਨ, ਜਿਸ ਦਾ ਪੂਰੇ ਸ਼ਹਿਰ ਅਤੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਧਰਨਾ ਲਾ ਕੇ ਸਖ਼ਤ ਵਿਰੋਧ ਜਤਾਇਆ ਗਿਆ ਸੀ। ਜਿਸ ਦੇ ਚੱਲਦਿਆਂ ਕਬਜ਼ਾ ਲੈਣ ਆਏ ਵਿਅਕਤੀਆਂ ਨੂੰ ਖਾਲੀ ਹੱਥ ਪਰਤਣਾ ਪਿਆ । ਹੁਣ ਉਪਰੋਕਤ ਮੁਹੱਲਾ ਨਿਵਾਸੀ ਜਿਨ੍ਹਾਂ ਨੇ ਜ਼ਮੀਨ ਮਾਲਕਾਂ ਵੱਲੋਂ ਛੇ-ਸੱਤ ਦਹਾਕੇ ਪਹਿਲਾਂ ਕਰਵਾਈਆਂ ਰਜਿਸਟਰੀਆਂ ਦਿਖਾਉਂਦੇ ਹੋਏ ਕਿਹਾ ਇਹ ਜੇਕਰ ਸਾਡੇ ਨਾਲ ਕਿਸੇ ਤਰ੍ਹਾਂ ਦਾ ਧੱਕਾ ਕੀਤਾ ਗਿਆ, ਉਸਦਾ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ ਅਤੇ ਪ੍ਰਸ਼ਾਸਨ ਅੱਗੇ ਧਰਨੇ ਲਾਉਣਾ ਵੀ ਸਾਡੀ ਮਜਬੂਰੀ ਹੋਵੇਗੀ।

## ਬਾਬਾ ਵਿਸ਼ਵਨਾਥ ਸਾਰੇ ਸੰਸਾਰ ਦੇ ਮਾਲਕ ਹਨ : ਮਹੰਤ ਲਛਮਨ ਦਾਸ




ਤਪਾ ਮੰਡੀ, 22 ਮਾਰਚ (ਰਾਜੂ ਮਹਿਰਾ) : ਸ਼੍ਰੀ ਪੰਚਾਇਤੀ ਅਖਾੜਾ ਬੜਾ ਉਦਾਸੀਨ ਵਾਰਾਨਸੀ ਦੇ ਸੰਚਾਲਕ ਮਹੰਤ ਲਛਮਨ ਦਾਸ ਜੀ ਨੇ ਆਪਣੇ ਪ੍ਰਵਚਨ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਧਾਰਮਿਕ ਤੇ ਆਧਿਆਤਮਿਕ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਕਿਹਾ ਕਿ ਬਾਬਾ ਵਿਸ਼ਵਨਾਥ ਸਾਰੇ ਸੰਸਾਰ ਦੇ ਮਾਲਕ ਹਨ ਅਤੇ ਉਨ੍ਹਾਂ ਦੀ ਮਹਿਮਾ ਅਪਾਰ ਹੈ। ਮਹੰਤ ਜੀ ਨੇ ਕਾਸ਼ੀ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਦੇ ਹੋਏ ਕਿਹਾ ਕਿ ਕਾਸ਼ੀ ਧਰਤੀ ਦਾ ਸਧਾਰਣ ਹਿੱਸਾ ਨਹੀਂ, ਬਲਕਿ ਇਹ ਇਕ ਅਲੌਕਿਕ ਧਾਮ ਹੈ ਜੋ ਭਗਵਾਨ ਸ਼ੰਕਰ ਦੇ ਤ੍ਰਿਸ਼ੂਲ ਵਿਚ ਵਸਦੀ ਹੈ।

ਉਨ੍ਹਾਂ ਨੇ ਸੰਗਤਾਂ ਨੂੰ ਦੱਸਿਆ ਕਿ ਧਾਰਮਿਕ ਗ੍ਰੰਥਾਂ ਅਨੁਸਾਰ ਕਾਸ਼ੀ ਦਾ ਨਾਸ ਕਦੇ ਨਹੀਂ ਹੁੰਦਾ। ਜਦੋਂ ਸੰਸਾਰ ਵਿਚ ਪਰਲੋ ਵੀ ਆ ਜਾਂਦੀ ਹੈ, ਤਾਂ ਵੀ ਕਾਸ਼ੀ ਅਟੱਲ ਰਹਿੰਦੀ ਹੈ। ਇਸੇ ਕਰਕੇ ਕਿਹਾ ਜਾਂਦਾ ਹੈ ਕਿ ਕਾਸ਼ੀ ਅਜਰ ਅਮਰ ਹੈ ਅਤੇ ਇਸ ਦੀ ਮਹਿਮਾ ਸਦੀਵੀ ਹੈ। ਮਹੰਤ ਲਛਮਨ ਦਾਸ ਜੀ ਨੇ ਭਗਤਾਂ ਨੂੰ ਸੱਚੇ ਮਨ ਨਾਲ ਭਗਵਾਨ ਦੀ ਭਗਤੀ ਕਰਨ ਦੀ ਪ੍ਰੇਰਨਾ ਦਿੱਤੀ ਅਤੇ ਕਿਹਾ ਕਿ ਮਨੁੱਖ ਨੂੰ ਆਪਣੀ ਜ਼ਿੰਦਗੀ ਵਿੱਚ ਧਰਮ ਦੇ ਰਸਤੇ 'ਤੇ ਚੱਲਣਾ ਚਾਹੀਦਾ ਹੈ।ਮਹੰਤ ਜੀ ਦੇ ਉਪਦੇਸ਼ਾਂ ਨੇ ਸੰਗਤਾਂ ਨੂੰ ਧਰਮ ਅਤੇ ਭਗਤੀ ਦੇ ਰਾਹ 'ਤੇ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਓਮ ਪ੍ਰਕਾਸ਼ ਲੌਂਗੋਵਾਲ, ਪੁਸ਼ਪਾ ਦੇਵੀ, ਸ਼ਮਿੰਦਰ ਗਰਗ, ਸੀਮਾ ਰਾਣੀ, ਨਿਸ਼ੂਰਾਣੀ, ਈਸ਼ਵਰੀ ਦੇਵੀ ਅਤੇ ਅਰੀਹਾ ਗਰਗ ਆਦਿ ਸ਼ਰਧਾਲੂ ਹਾਜ਼ਰ ਸਨ।

## ਲਹਿਰਾਗਾਗਾ ਵਿੱਚ ਸ਼ਹੀਦ ਭਗਤ ਸਿੰਘ ਅਤੇ ਸਾਥੀਆਂ ਨੂੰ ਸਮਰਪਿਤ ਸੱਭਿਆਚਾਰ ਪ੍ਰੋਗਰਾਮ ਅੱਜ

ਲਹਿਰਾਗਾਗਾ, 22 ਮਾਰਚ (ਰਾਮੇਸ਼ਵਰ ਸ਼ਰਮਾ/ਖੁਸ਼ਵਿੰਦਰ ਸ਼ਰਮਾ) : ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 23 ਮਾਰਚ ਦੇ ਸ਼ਹੀਦਾਂ ਨੂੰ ਸਮਰਪਿਤ ਸੱਭਿਆਚਾਰ ਪ੍ਰੋਗਰਾਮ 23 ਮਾਰਚ ਨੂੰ ਪੁਰਾਣੀ ਅਨਾਜ ਮੰਡੀ ਲਹਿਰਾ ਗਾਗਾ ਵਿਖੇ ਕੀਤਾ ਜਾਵੇਗਾ। ਇਸ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਮੰਚ ਦੀ ਮੀਟਿੰਗ ਗਿਆਨ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ।ਮੀਟਿੰਗ ਵਿੱਚ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਾਸਤੇ ਵੱਖ ਵੱਖ ਸਾਥੀਆਂ ਦੀਆਂ ਡਿਊਟੀਆਂ ਲਾਈਆਂ ਗਈਆਂ, ਪ੍ਰਬੰਧਾਂ ਦੀ ਯੋਜਨਾ ਬੰਦੀ ਉਲੀਕੀ ਗਈ ਅਤੇ ਲੋਕਾਂ ਨੂੰ ਦੇਸ਼ ਦੀ ਖਾਤਰ ਜਾਨਾਂ ਵਾਰਨ ਵਾਲੇ ਨਾਇਕਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਵਾਸਤੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਗਈ। ਮੀਟਿੰਗ ਵਿੱਚ ਹਰਭਗਵਾਨ ਗੁਰਨੇ, ਜਗਦੀਸ਼ ਪਾਪੜਾ, ਪੂਰਨ ਖਾਈ, ਰਘਵੀਰ ਭੁਟਾਲ, ਮਹਿੰਦਰ ਸਿੰਘ, ਰਾਮ ਚੰਦਰ ਖਾਈ, ਗੁਰਚਰਨ ਸਿੰਘ, ਲਛਮਣ ਅਲੀਸ਼ੇਰ, ਪਿਆਰਾ ਲਾਲ, ਬਰਿੰਦਰ ਕੁਮਾਰ, ਡਾਕਟਰ ਲਾਲੀ ਅਤੇ ਬਲਦੇਵ ਚੀਮਾ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



## ਖਿਡਾਰੀਆਂ ਦੇ ਉਜਲੇ ਭਵਿੱਖ ਲਈ ਪੰਜਾਬ ਸਰਕਾਰ ਵਚਨਬੱਧ : ਸੌਂਦ

### ਕੁਸ਼ਤੀ ਚੈਂਪੀਅਨਸ਼ਿਪ ਦੌਰਾਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਖਿਡਾਰੀਆਂ ਦਾ ਸਨਮਾਨ



ਪਟਿਆਲਾ, 22 ਮਾਰਚ (ਰੁਪਾਨਾ) : ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਾਚਾਰੀ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਹਲਕਾ ਪਟਿਆਲਾ ਦੇ ਪਿੰਡ ਲੰਗ ਵਿਖੇ ਬਣੇ ਖੇਡ ਸਟੇਡੀਅਮ ਵਿੱਚ ਕਰਵਾਈ ਗਈ ਕੁਸ਼ਤੀ ਚੈਂਪੀਅਨਸ਼ਿਪ ਦੌਰਾਨ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਜੇਤੂ ਅਤੇ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਓਹਨਾਂ ਦਸਿਆ ਕਿ ਇਹ ਕੁਸ਼ਤੀ ਚੈਂਪੀਅਨਸ਼ਿਪ ਜ਼ਿਲ੍ਹਾ ਕੁਸ਼ਤੀ ਸੰਸਥਾ ਪਟਿਆਲਾ, ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਪਿੰਡ ਲੰਗ ਅਤੇ ਐਨ.ਆਰ.ਆਈ ਕਮੇਟੀ ਦੇ ਸਾਂਝੇ ਸਹਿਯੋਗ ਨਾਲ ਕਰਵਾਈ ਗਈ। ਇਸ ਟੂਰਨਾਮੈਂਟ ਵਿੱਚ ਪੰਜਾਬ ਦੇ 23 ਜ਼ਿਲ੍ਹਿਆਂ ਤੋਂ ਕਰੀਬ 230 ਪਹਿਲਵਾਨਾਂ ਨੇ ਭਾਗ ਲਿਆ। ਆਪਣੇ ਸੰਬੋਧਨ ਦੌਰਾਨ ਮੰਤਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਵਰਗੇ ਪ੍ਰੋਗਰਾਮਾਂ ਰਾਹੀਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਬਲਾਕ ਪੱਧਰ ਤੋਂ ਲੈ ਕੇ ਅੰਤਰਰਾਸ਼ਟਰੀ ਪੱਧਰ ਤੱਕ ਮੁਕਾਬਲੇ ਕਰਵਾਏ ਜਾ ਰਹੇ ਹਨ। ਸ੍ਰੀ ਸੌਂਦ ਨੇ ਦੱਸਿਆ ਕਿ ਸਰਕਾਰ ਵੱਲੋਂ ਖਿਡਾਰੀਆਂ ਨੂੰ ਬਣਦੇ ਇਨਾਮ ਸਮੇਂ ‘ਤੇ ਦਿੱਤੇ ਜਾ ਰਹੇ ਹਨ ਅਤੇ ਯੋਗ ਖਿਡਾਰੀਆਂ ਨੂੰ ਨੌਕਰੀਆਂ ਦੇ ਕੇ ਉਨ੍ਹਾਂ ਦਾ ਭਵਿੱਖ ਵੀ ਸੁਰੱਖਿਅਤ ਕੀਤਾ ਜਾ ਰਿਹਾ ਹੈ। ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਬਹੁਤ ਵੱਡਾ ਸਾਧਨ ਹਨ ਅਤੇ ਇਹ ਮੁਹਿੰਮ ਮੌਜੂਦਾ ਸਰਕਾਰ ਵੱਲੋਂ ਪ੍ਰਭਾਵਸ਼ਾਲੀ ਢੰਗ ਨਾਲ ਚਲਾਈ ਜਾ ਰਹੀ ਹੈ। ਸ. ਸੌਂਦ ਨੇ ਪਿੰਡ ਲੰਗ ਦੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਿੰਡ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟ ਮੁਕੰਮਲ ਕੀਤੇ ਜਾ ਚੁੱਕੇ ਹਨ ਅਤੇ ਪਿੰਡ ਵਾਸੀਆਂ ਵੱਲੋਂ ਰੱਖੀਆਂ ਗਈਆਂ ਹੋਰ ਮੰਗਾਂ ਨੂੰ ਵੀ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲਗਭਗ 3100 ਪਲੇਅ ਗਰਾਊਂਡ ਬਣਾਏ ਜਾ ਰਹੇ ਹਨ, ਜੋ ਕਿ ਖੇਡਾਂ ਦੇ ਪ੍ਰਚਾਰ ਲਈ ਇੱਕ ਮਹੱਤਵਪੂਰਨ ਕਦਮ ਹੈ। ਇਸ ਮੌਕੇ ਉਨ੍ਹਾਂ ਨੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਇਸ ਸਟੇਡੀਅਮ ਦੇ ਵਿਕਾਸ ਲਈ ਲਗਭਗ 8 ਕਰੋੜ ਰੁਪਏ ਖਰਚ ਕੀਤੇ ਗਏ ਹਨ, ਜਿਸ ਨਾਲ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਾਪਤ ਹੋ ਰਹੀਆਂ ਹਨ। ਮੰਤਰੀ ਸੌਂਦ ਨੇ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਖਿਡਾਰੀਆਂ ਦੀ ਸਿੱਧੀ ਚੋਣ ਨੈਸ਼ਨਲ ਕੁਸ਼ਤੀ ਚੈਂਪੀਅਨਸ਼ਿਪ 2026, ਛੱਤੀਸਗੜ੍ਹ ਲਈ ਕੀਤੀ ਜਾਵੇਗੀ। ਉਨ੍ਹਾਂ ਨੇ ਭਾਗ ਲੈਣ ਵਾਲੇ ਸਾਰੇ ਬੱਚਿਆਂ ਅਤੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸ੍ਰੀ ਹਰਪਾਲ ਸਿੰਘ ਵਿਰਕ, ਜ਼ਿਲ੍ਹਾ ਕੁਸ਼ਤੀ ਸੰਸਥਾ ਦੇ ਪ੍ਰਧਾਨ ਰਣਧੀਰ ਸਿੰਘ, ਜਨਰਲ ਸਕੱਤਰ ਮੋਹਿੰਦਰ ਸਿੰਘ, ਡੀਐਸਪੀ ਕਰਨੈਲ ਸਿੰਘ, ਸੁਰੇਸ਼ ਰਾਏ, ਜੈ ਸ਼ੰਕਰ ਅਤੇ ਹੋਰ ਪਤਵੰਤੇ ਹਾਜ਼ਰ ਸਨ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਭਾਗ ਲਿਆ ਅਤੇ ਖਿਡਾਰੀਆਂ ਦਾ ਹੌਸਲਾ ਵਧਾਇਆ।

## ਪੰਜਾਬੀ ਯੂਨੀਵਰਸਿਟੀ ਫੰਡ ਘਪਲੇ ’ਚ ਅੱਠ ਹੋਰ ਅਧਿਕਾਰੀ ਤੇ ਕਰਮਚਾਰੀ ਚਾਰਜਸ਼ੀਟ

### ਭ੍ਰਿਸ਼ਟਾਚਾਰ ਦੇ ਮਾਮਲੇ ’ਚ ਕਿਸੇ ਨੂੰ ਬਖਸ਼ਿਆ ਨਹੀਂ ਜਾਵੇਗਾ : ਡਾ. ਜਗਦੀਪ ਸਿੰਘ



ਪਟਿਆਲਾ, 22 ਮਾਰਚ (ਰੁਪਾਨਾ) : ਪੰਜਾਬੀ ਯੂਨੀਵਰਸਿਟੀ ਪਟਿਆਲਾ ’ਚ ਹੋਏ ਕਰੋੜਾਂ ਰੁਪਏ ਦੇ ਬਹੁ-ਚਰਚਿਤ ਫੰਡ ਘਪਲੇ ’ਚ ਯੂਨੀਵਰਸਿਟੀ ਪ੍ਰਸ਼ਾਸਨ ਨੇ ਸਖ਼ਤ ਰੁਖ਼ ਇਖ਼ਤਿਆਰ ਕਰਦਿਆਂ 8 ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਚਾਰਜਸ਼ੀਟ ਕਰ ਦਿੱਤਾ ਹੈ। ਇਸ ਚਾਰਜਸ਼ੀਟ ’ਚ ਸੱਤ ਗੈਰ ਅਧਿਆਪਨ ਅਤੇ ਇਕ ਅਧਿਆਪਨ ਦੇ ਅਧਿਕਾਰੀ ਤੇ ਕਰਮਚਾਰੀਆਂ ਦਾ ਨਾਮ ਸ਼ਾਮਲ ਹੈ। ਸਾਲ 2021 ’ਚ ਇੱਕ ਅਖਬਾਰ ਵੱਲੋਂ ਉਜਾਗਰ ਕੀਤੇ ਗਏ ਇਸ ਮਾਮਲੇ ’ਚ ਇਹ ਕਾਰਵਾਈ ਜਾਂਚ ਕਮੇਟੀ ਦੀ ਇੱਕ ਸੀਲਬੰਦ ਰਿਪੋਰਟ ਦੇ ਅਧਾਰ ’ਤੇ ਕੀਤੀ ਗਈ ਹੈ। ਸਾਲਾਂ ਤੋਂ ਚੱਲ ਰਹੀ ਇਸ ਜਾਂਚ ਨੇ ਹੁਣ ਨਵਾਂ ਮੋੜ ਲੈ ਲਿਆ ਹੈ। 8 ਨਵੇਂ ਕਰਮਚਾਰੀਆਂ ਨੂੰ ਚਾਰਜਸ਼ੀਟ ਕੀਤੇ ਜਾਣ ਨਾਲ ਯੂਨੀਵਰਸਿਟੀ ਦੇ ਪ੍ਰਬੰਧਕੀ ਹਲਕਿਆਂ ’ਚ ਭਾਜੜ ਪੈ ਗਈ ਹੈ। ਪ੍ਰਸ਼ਾਸਨ ਵੱਲੋਂ ਕੀਤੀ ਗਈ ਕਾਰਵਾਈ ਇਹ ਸੰਕੇਤ ਦਿੰਦੀ ਹੈ ਕਿ ਆਉਣ ਵਾਲੇ ਦਿਨਾਂ ’ਚ ਇਸ ਘਪਲੇ ਵਿੱਚ ਸ਼ਾਮਲ ਕੁਝ ਹੋਰ ਵੱਡੇ ਚਿਹਰੇ ਵੀ ਬੇਨਕਾਬ ਹੋ ਸਕਦੇ ਹਨ। ਪੁਲਿਸ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਹੁਣ ਇਸ ਗੱਲ ’ਤੇ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ ਕਿ ਗਬਨ ਕੀਤੀ ਗਈ ਰਾਸ਼ੀ ਦੀ ਵਸੂਲੀ ਕਿਵੇਂ ਕੀਤੀ ਜਾਵੇ। ਇਹ ਘਪਲਾ ਸਾਲ 2021 ’ਚ ਸਾਹਮਣੇ ਆਇਆ ਸੀ ਜਦੋਂ ਇਹ ਪਤਾ ਲੱਗਾ ਕਿ ਯੂਨੀਵਰਸਿਟੀ ਦੇ ਕੁਝ ਮੁਲਾਜ਼ਮਾਂ ਨੇ ਮਿਲੀਭੁਗਤ ਕਰਕੇ ਸਰਕਾਰੀ ਫੰਡਾਂ ’ਚ ਸੰਨ੍ਹ ਲਗਾਈ ਹੈ। ਜਾਂਚ ਦੌਰਾਨ ਖ਼ੁਲਾਸਾ ਹੋਇਆ ਸੀ ਕਿ ਯੂਨੀਵਰਸਿਟੀ ਦੇ ਇੱਕ ਸੀਨੀਅਰ ਸਹਾਇਕ ਨੇ ਜਾਅਲੀ ਬਿੱਲ, ਫਰਜ਼ੀ ਮੋਹਰਾਂ ਅਤੇ ਜਾਅਲੀ ਦਸਤਖਤਾਂ ਦੇ ਸਹਾਰੇ ਲੱਖਾਂ ਰੁਪਏ ਦੀ ਰਾਸ਼ੀ ਆਪਣੇ ਅਤੇ ਆਪਣੇ ਸਾਥੀਆਂ ਦੇ ਬੈਂਕ ਖ਼ਾਤਿਆਂ ’ਚ ਜਮ੍ਹਾਂ ਕਰਵਾਈ ਸੀ। ਸ਼ੁਰੂਆਤੀ ਜਾਂਚ ਤੋਂ ਬਾਅਦ ਥਾਣਾ ਅਰਬਨ ਅਸਟੇਟ ਪੁਲਿਸ ਨੇ ਸੀਨੀਅਰ ਸਹਾਇਕ ਸਮੇਤ ਛੇ ਜਣਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਯੂਨੀਵਰਸਿਟੀ ਵੱਲੋਂ ਆਪਣੇ ਪੱਧਰ ’ਤੇ ਜਾਰੀ ਅੰਦਰੂਨੀ ਜਾਂਚ ਦੌਰਾਨ ਕਈ ਹੈਰਾਨੀਜਨਕ ਤੱਥ ਸਾਹਮਣੇ ਆਏ ਹਨ। ਯੂਨੀਵਰਸਿਟੀ ਨੇ ਅਜਿਹੇ 12 ਮੁਲਾਜ਼ਮਾਂ ਦੀ ਸੂਚੀ ਤਿਆਰ ਕੀਤੀ ਸੀ ਜਿਨ੍ਹਾਂ ਦੇ ਬੈਂਕ ਖ਼ਾਤਿਆਂ ’ਚ ਸ਼ੱਕੀ ਤੌਰ ’ਤੇ 5 ਤੋਂ 12 ਲੱਖ ਰੁਪਏ ਦੀ ਰਾਸ਼ੀ ਜਮ੍ਹਾਂ ਹੋਈ ਸੀ। ਜਾਂਚ ’ਚ ਪਾਇਆ ਗਿਆ ਕਿ ਮੁੱਖ ਮੁਲਜ਼ਮ ਸੀਨੀਅਰ ਸਹਾਇਕ ਨੇ ਹੋਰ ਮੁਲਾਜ਼ਮਾਂ ਨੂੰ ਵੀ ਇਸ ਘਪਲੇ ਦਾ ਹਿੱਸੇਦਾਰ ਬਣਾਇਆ ਹੋਇਆ ਸੀ। ਸਰਕਾਰੀ ਫੰਡਾਂ ਨੂੰ ਹੜੱਪਣ ਲਈ ਯੂਨੀਵਰਸਿਟੀ ਦੀਆਂ ਫਰਜ਼ੀ ਮੋਹਰਾਂ ਅਤੇ ਉੱਚ ਅਧਿਕਾਰੀਆਂ ਦੇ ਜਾਅਲੀ ਦਸਤਖਤਾਂ ਦੀ ਵਰਤੋਂ ਕੀਤੀ ਗਈ ਸੀ। ਮੌਜੂਦਾ ਸਥਿਤੀ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਦੱਸਿਆ ਕਿ ਇਹ ਇਕ ਪੁਰਾਣਾ ਅਤੇ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਪੱਧਰ ’ਤੇ ਬਣਾਈ ਗਈ ਜਾਂਚ ਕਮੇਟੀ ਵੱਲੋਂ ਇੱਕ ਲਿਫਾਫਾ ਬੰਦ ਰਿਪੋਰਟ ਪੇਸ਼ ਕੀਤੀ ਗਈ ਸੀ, ਜਿਸ ’ਚ ਕੁਝ ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਮ ਸਾਹਮਣੇ ਆਏ ਹਨ। ਇਸੇ ਰਿਪੋਰਟ ਦੇ ਅਧਾਰ ’ਤੇ ਅੱਠ ਜਣਿਆਂ ਨੂੰ ਚਾਰਜਸ਼ੀਟ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਕਿਸੇ ਨੂੰ ਵੀ ਬਖ਼ਸ਼ਿਆ ਨਹੀਂ ਜਾਵੇਗਾ।

## ਵਿਆਹ ਦਾ ਝਾਂਸਾ ਦੇ ਕੇ ਬਣਾਏ ਸਰੀਰਕ ਸਬੰਧ, ਨਿਗਲਿਆ ਜ਼ਹਿਰ

ਪਟਿਆਲਾ, 22 ਮਾਰਚ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਪਵਨ ਕੁਮਾਰ, ਬਲਵੀਰ ਸਿੰਘ ਵਾਸੀ ਪਨੀਹਾਰੀ ਸਿਰਸਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਕਿਸੇ ਵਿਆਹ ਦੇ ਸਮਾਗਮ ਵਿੱਚ ਉਸ ਦੀ ਕਥਿਤ ਦੋਸ਼ੀ ਪਵਨ ਕੁਮਾਰ ਨਾਲ ਜਾਣ-ਪਛਾਣ ਹੋ ਗਈ ਸੀ, ਜੋ ਬਾਅਦ ਵਿੱਚ ਦੋਵੇਂ ਫੋਨ ਪਰ ਗੱਲਾਂ ਕਰਨ ਲੱਗ ਪਏ ਸਨ ਤਾ ਮਿਤੀ 9-12-25 ਨੂੰ ਪਵਨ ਕੁਮਾਰ, ਉਸ ਪਾਸ ਆਇਆ ਅਤੇ ਉਸਨੂੰ ਹੋਟਲ ਲੈ ਗਿਆ ਤੇ ਉਸ ਨਾਲ ਸਰੀਰਕ ਸਬੰਧ ਬਣਾਏ, ਜੋ ਉਸ ਤੋਂ ਬਾਅਦ ਵੀ ਪਵਨ ਕੁਮਾਰ ਨੇ ਉਸ ਨਾਲ 2-3 ਵਾਰ ਹੋਰ ਸਰੀਰਕ ਸਬੰਧ ਬਣਾਏ। ਉਸ ਦਾ ਵਿਆਹ ਉਸਦੇ ਘਰਦਿਆਂ ਨੇ 10-3-26 ਦਾ ਰੱਖ ਦਿੱਤਾ, ਜੋ ਪਵਨ ਕੁਮਾਰ ਦੇ ਕਹਿਣ ਪਰ ਉਹ ਕੁੱਝ ਦਿਨ ਪਹਿਲਾਂ ਹੀ ਘਰੋ ਭੱਜ ਗਈ ਅਤੇ ਦੋਸ਼ੀ ਨੂੰ ਮਿਤੀ 26-2-26 ਨੂੰ ਸਿਰਸਾ ਵਿਖੇ ਮਿਲ ਗਈ, ਜੋ ਵਾਪਿਸ ਆ ਕੇ ਸਿਰਸਾ ਰੁਕੀ ਸੀ ਤਾ ਮਿਤੀ 28-2-26 ਨੂੰ ਹੋਟਲ ਵਿੱਚ ਚਲੇ ਗਏ ਅਤੇ ਫਿਰ ਕਥਿਤ ਦੋਸ਼ੀ ਪਵਨ ਕੁਮਾਰ ਨੇ ਉਸ ਨੂੰ ਆਪਣੇ ਘਰ ਜਾਣ ਲਈ ਕਿਹਾ ਅਤੇ ਉਸ ਨਾਲ ਵਿਆਹ ਕਰਾਉਣ ਤੋਂ ਮਨ੍ਹਾ ਕਰ ਦਿੱਤਾ, ਜਿਸ ਕਰਕੇ ਉਸ ਨੇ ਕਥਿਤ ਦੋਸ਼ੀ ਸਾਹਮਣੇ ਹੀ ਚੂਹੇ ਮਾਰ ਦਵਾਈ ਪੀ ਲਈ ਅਤੇ ਉਸਨੂੰ ਇਲਾਜ ਲਈ ਹਸਪਤਾਲ ਵਿਖੇ ਦਾਖਲ ਕਰਵਾ ਦਿੱਤਾ ਗਿਆ, ਫਿਰ ਪਵਨ ਕੁਮਾਰ ਅਤੇ ਉਸਦਾ ਪਿਤਾ ਬਲਵੀਰ ਸਿੰਘ, ਹਸਪਤਾਲ ਤੋਂ ਛੁੱਟੀ ਲੈ ਕੇ ਮੁਦੈਲਾ ਨੂੰ ਬੇਹੋਸ਼ੀ ਦੀ ਹਾਲਤ ਵਿੱਚ ਪਟਿਆਲਾ ਵਿਖੇ ਪੀ.ਜੀ. ਵਿੱਚ ਛੱਡ ਕੇ ਚਲੇ ਗਏ ਅਤੇ ਪਵਨ ਕੁਮਾਰ ਨੇ ਆਪਣਾ ਫੋਨ ਬੰਦ ਕਰ ਲਿਆ।

## ਕੁੱਟਮਾਰ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 22 ਮਾਰਚ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਕੋਲ ਰੋਸ਼ਨ ਕੁਮਾਰ ਪੁੱਤਰ ਸੰਤੋਖ ਮੰਡਲ ਵਾਸੀ ਗਲੀ ਨੰ. 05 ਭਾਰਤ ਨਗਰ ਪਟਿਆਲਾ ਹਾਲ ਦਰਸ਼ਨ ਨਗਰ ਪਟਿਆਲਾ ਨੇ ਕਥਿਤ ਦੋਸ਼ੀਆਂ ਸਾਜਨ, ਇੰਦਰ, ਕਾਕੂ, ਫੂਲ, ਸਰਵਨ ਅਤੇ 2-3 ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੀ ਸਕੂਟਰੀ ਪਰ ਸਵਾਰ ਹੋ ਕੇ ਸ਼ਾਹੀ ਸਮਾਧਾ ਨੇੜੇ ਬਾਲਮੀਕ ਮੰਦਰ ਪਾਸ ਜਾ ਰਿਹਾ ਸੀ, ਜੋ ਕਥਿਤ ਦੋਸ਼ੀਆਂ ਨੇ ਉਸ ਨੂੰ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆ ਧਮਕੀਆ ਵੀ ਦਿੱਤੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਵੰਦਨਾ ਪਤਨੀ ਅੰਕੁਰ ਗੋਇਲ ਵਾਸੀ ਪ੍ਰੋਫੈਸਰ ਕਲੋਨੀ ਪਟਿਆਲਾ ਨੇ ਕਥਿਤ ਦੋਸ਼ੀਆਂ ਰਮਨ ਕੁਮਾਰ, ਜੋਤੀ ਪਤਨੀ ਰਮਨ ਕੁਮਾਰ, ਰਮਨ ਕੁਮਾਰ ਦੀ ਭੈਣ ਵਾਸੀ ਪ੍ਰੋਫੈਸਰ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਰਾਤ ਦੇ ਸਮੇ ਉਕਤ ਕਥਿਤ ਦੋਸ਼ੀਆਂ ਨੇ ਉਸ ਅਤੇ ਉਸਦੇ ਪਤੀ ਦੀ ਘਰ ਦੇ ਬਾਹਰ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਰੇਲ ਲਿੰਕ ਜਲਦ ਮੁਕੰਮਲ ਕਰੇ ਸਰਕਾਰ : ਪ੍ਰੋ. ਬਡੂੰਗਰ

### ➢ਗੁਰੂ ਘਰ ਨਤਮਸਤਕ ਹੋਣ ਵਾਲੇ ਸ਼ਰਧਾਲੂਆਂ ਅਤੇ ਆਮ ਲੋਕਾਂ ਨੂੰ ਮਿਲੇਗੀ ਰਾਹਤ



ਪਟਿਆਲਾ, 22 ਮਾਰਚ (ਰੁਪਾਣਾ/ਅਮਰਜੀਤ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ ਕਿਰਪਾਲ ਸਿੰਘ ਬਡੂੰਗਰ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਦੂਸਰੇ ਰਾਜਾਂ ਨਾਲ ਜੋੜਨ ਵਾਲੀ ਰੇਲ ਲਿੰਕ ਦੇ ਫ਼ੈਸਲੇ ਦਾ ਸਵਾਗਤ ਕੀਤਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਕੇਂਦਰ ਸਰਕਾਰ ਜੋ ਇਤਿਹਾਸਕ ਅਸਥਾਨ ਤੋਂ ਗੁਰੂ ਘਰ ਨਤਮਸਤਕ ਹੋਣ ਵਾਲੀਆਂ ਸੰਗਤਾਂ ਲਈ ਅਜਿਹੀ ਰੇਲ ਲਿੰਕ ਵਿਛਾ ਰਹੀ ਹੈ, ਤਾਂ ਚੰਗਾ ਉਪਰਾਲਾ ਹੈ, ਪਰ ਇਸ ਕਾਰਜ ਨੂੰ ਮਿਥੇ ਸਮੇਂ ਅੰਦਰ ਪੂਰਾ ਕਰਨਾ ਚਾਹੀਦਾ ਹੈ ਤਾਂ ਕਿ ਆਮ ਲੋਕਾਂ ਅਤੇ ਸੰਗਤਾਂ ਨੂੰ ਇਸ ਪੂਰਾ ਲਾਭ ਮਿਲ ਸਕੇ। ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਰੇਲ ਮਹਿਕਮੇ ਦੇ ਏਸੇ ਪ੍ਰਸਤਾਵ ਨਾਲ ਵੱਡੀ ਰਾਹਤ ਮਿਲੇਗੀ, ਕਿਉਂਕਿ ਸਮੇਂ ਸਮੇਂ ਆਮ ਲੋਕ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਜਾਣ ਵਾਲੀਆਂ ਸੰਗਤਾਂ ਦੀ ਇਹ ਮੰਗ ਰਹੀ ਹੈ ਇਸ ਤੋਂ ਇਲਾਵਾ ਰੋਜ਼ਾਨਾ ਹੀ ਅਨੇਕਾਂ ਸਰਕਾਰੀ ਮੁਲਾਜ਼ਮ ਵੀ ਆਪਣੇ ਕੰਮ ਕਾਜ ਲਈ ਰੇਲ ਦਾ ਲਾਭ ਲੈਂਦੇ ਹਨ। ਉਨ੍ਹਾਂ ਕਿਹਾ ਕਿ ਰੇਲ ਲਿੰਕ ਦੇ ਮੁਕੰਮਲ ਹੋਣ ਨਾਲ ਸ਼ਰਧਾਲੂਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਇਸ ਪ੍ਰੋਜੈਕਟ ਨੂੰ ਨਿਸ਼ਚਿਤ ਸਮੇਂ ਅੰਦਰ ਮੁਕੰਮਲ ਕਰ ਲੈਣਾ ਚਾਹੀਦਾ।

## ਈਦ ਸਮਾਰੋਹ ਰਾਹੀਂ ਧਾਰਮਿਕ ਏਕਤਾ ਦਾ ਸੁਨੇਹਾ




ਪਟਿਆਲਾ, 22 ਮਾਰਚ (ਚ.ਨ.ਸ.) : ਸਮਾਜਿਕ ਚਿੰਤਕ ਅਤੇ ਧਾਰਮਿਕ ਏਕਤਾ ਦੇ ਅਲੰਬਰਦਾਰ ਅਮਨ ਅਰੋੜਾ ਦੀ ਸਰਪ੍ਰਸਤੀ ਹੇਠ ਰਿਸ਼ੀ ਕਲੋਨੀ ਵਿੱਚ ਈਦ-ਉਲ-ਫਿਤਰ ਦਾ ਤਿਉਹਾਰ ਬੜੇ ਹੀ ਉਤਸ਼ਾਹ ਅਤੇ ਰੌਣਕ ਨਾਲ ਮਨਾਇਆ ਗਿਆ। ਇਸ ਸਮਾਰੋਹ ਦਾ ਆਯੋਜਨ ਰਿਸ਼ੀ ਕਲੋਨੀ ਦੇ ਮੁਸਲਿਮ ਆਗੂ ਸ਼ਾਨੂੰ ਖਾਨ, ਡਾ. ਸ਼ਕੀਲ ਖਾਨ, ਮੁਸਾਹਿਦ ਖਾਨ ਅਤੇ ਅਸਲਮ ਖਾਨ ਸੰਨੀ ਵੱਲੋਂ ਸਾਂਝੇ ਤੌਰ ’ਤੇ ਕੀਤਾ ਗਿਆ। ਇਸ ਮੌਕੇ ਅਲ-ਮੁਸਲਿਮ-ਏ-ਪੰਜਾਬ ਦੇ ਪ੍ਰਧਾਨ ਅਤੇ ਪ੍ਰਸਿੱਧ ਸਮਾਜ ਸੇਵੀ ਐਡਵੋਕੇਟ ਮੂਸਾ ਖਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਵਾਰਡ ਨੰਬਰ 26 ਦੇ ਮਿਉਂਸਪਲ ਕਾਰਪੋਰੇਟਰ ਕੁਲਵੰਤ ਸਿੰਘ ਲਾਲਕਾ, ਭਾਜਪਾ ਆਗੂ ਸੌਰਵ ਸ਼ਰਮਾ ਅਤੇ ਦਲਿਤ ਆਗੂ ਵਿਨੋਦ ਬਾਲੀ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜ਼ਰ ਰਹੇ। ਸਮਾਰੋਹ ਦੀ ਖ਼ਾਸ ਗੱਲ ਇਹ ਰਹੀ ਕਿ ਇਸ ਵਿੱਚ ਪਟਿਆਲਾ ਦੇ ਹਿੰਦੂ, ਮੁਸਲਿਮ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਧਾਰਮਿਕ ਏਕਤਾ, ਆਪਸੀ ਪਿਆਰ ਅਤੇ ਭਾਈਚਾਰੇ ਦੀ ਮਿਸਾਲ ਪੇਸ਼ ਕੀਤੀ। ਮੌਕੇ ’ਤੇ ਸਭ ਨੇ ਇਕ-ਦੂਜੇ ਨੂੰ ਈਦ ਦੀਆਂ ਮੁਬਾਰਕਾਂ ਦੇ ਕੇ ਸਮਾਜ ਵਿੱਚ ਆਪਸੀ ਸਦਭਾਵਨਾ ਅਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ। ਇਸ ਖੁਸ਼ੀ ਦੇ ਮੌਕੇ ‘ਤੇ ਪਟਿਆਲਾ, ਪੰਜਾਬ ਅਤੇ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਲਈ ਅਤੇ ਸੰਸਾਰ ਭਰ ਵਿੱਚ ਅਮਨ-ਸ਼ਾਂਤੀ ਕਾਇਮ ਰਹਿਣ ਦੀਆਂ ਦੁਆਵਾਂ ਕੀਤੀਆਂ ਗਈਆਂ। ਆਪਣੇ ਸੰਬੋਧਨ ਦੌਰਾਨ ਐਡਵੋਕੇਟ ਮੂਸਾ ਖਾਨ ਨੇ ਕਿਹਾ ਕਿ ਆਪਸੀ ਪਿਆਰ, ਭਰੋਸਾ ਅਤੇ ਏਕਤਾ ਹੀ ਸਮਾਜ ਦੀ ਅਸਲੀ ਤਾਕਤ ਹੁੰਦੀ ਹੈ ਅਤੇ ਇਸਨੂੰ ਹਰ ਹਾਲਤ ਵਿੱਚ ਕਾਇਮ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਲੋਕਾਂ ਨੂੰ ਇਕ-ਦੂਜੇ ਦੇ ਨੇੜੇ ਲਿਆਉਂਦੇ ਹਨ ਅਤੇ ਸਮਾਜ ਵਿੱਚ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਕੁਲਵੰਤ ਸਿੰਘ ਲਾਲਕਾ, ਸੌਰਵ ਸ਼ਰਮਾ ਅਤੇ ਵਿਨੋਦ ਬਾਲੀ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਸਮਾਜ ਵਿੱਚ ਭਰੋਸੇ ਨੂੰ ਕਾਇਮ ਕਰਦੇ ਹਨ ਅਤੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਦੇ ਹਨ। ਇਸ ਮੌਕੇ ਜਸਵੀਰ ਸਿੰਘ ਪੰਚ, ਰਵਿੰਦਰ ਸਿੰਘ ਭੋਲਾ, ਸੰਜੈ ਕੁਮਾਰ, ਆਸਿਫ਼ ਅਲਵੀ, ਅਰਬਾਜ਼ ਖਾਨ, ਕਾਬਿਲ ਅਲਬੀ, ਮੁਹੰਮਦ ਅਰਸ਼ ਅਤੇ ਸੋਹੇਲ ਖਾਨ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਰਹੀਆਂ।

## ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਪੰਜਾਬ ਦੀ ਨਵੀਂ ਸੂਬਾ ਕਮੇਟੀ ਦੀ ਤਾਜਪੋਸ਼ੀ



ਪਟਿਆਲਾ, 22 ਮਾਰਚ (ਅਮਰਜੀਤ) : ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਪੰਜਾਬ ਦੀ ਨਵੀਂ ਸੂਬਾ ਕਮੇਟੀ ਦੀ ਤਾਜਪੋਸ਼ੀ ਸਾਬਕਾ ਸੂਬਾ ਪ੍ਰਧਾਨ ਬਲਦੇਵ ਸਿੰਘ ਮੰਢਾਲੀ ਦੀ ਗੈਰ ਹਾਜ਼ਰੀ ਵਿੱਚ ਵਿੱਚ ਸਾਬਕਾ ਸੂਬਾ ਜਨਰਲ ਸਕੱਤਰ ਸੁਖਵਿੰਦਰ ਸਿੰਘ ਚਾਹਲ ਵੱਲੋਂ ਨਿਭਾਈ ਗਈ। ਉਹਨਾਂ ਵੱਲੋਂ ਸੂਬਾ ਪ੍ਰਧਾਨ ਸਰਦਾਰ ਗੁਰਬੇਜ ਸਿੰਘ ਢਿੱਲੋਂ ਅਤੇ ਕਰਮਜੀਤ ਸਿੰਘ ਖੀਵਾ ਸੂਬਾ ਜਨਰਲ ਸਕੱਤਰ ਅਤੇ ਸਮੂੰਹ ਸੂਬਾ ਕਮੇਟੀ ਮੈਂਬਰਾਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ ਤੇ ਸੂਬਾ ਜਥੇਬੰਦਕ ਕੁਰਸੀਆਂ ’ਤੇ ਬਿਠਾਇਆ ਗਿਆ ਅਤੇ ਮਿਤੀ 25-2-26 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ ਸੂਬਾ ਕਮੇਟੀ ਦੀ ਚੋਣ ਕਾਰਵਾਈ ਰਜਿਸਟਰ ਸੂਬਾ ਜਨਰਲ ਸਕੱਤਰ ਨੂੰ ਸੌਂਪ ਦਿੱਤੇ ਗਏ । ਚਾਹਲ ਨੇ ਸੂਬਾ ਕਮੇਟੀ ਦੀ ਮੀਟਿੰਗ ਚਾਲੂ ਹੋਣ ਤੋਂ ਪਹਿਲਾਂ ਸੂਬਾ ਕਮੇਟੀ ਅਤੇ ਸੂਬਾ ਵਰਕਿੰਗ ਕਮੇਟੀ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਪੰਜਾਬ ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਹੈ। ਇਸਦਾ ਝੰਡਾ ਕਿਸੇ ਵੀ ਹਾਲਤ ਵਿੱਚ ਝੁੱਕਣਾ ਨਹੀਂ ਚਾਹੀਦਾ ਚਾਹਲ ਵੱਲੋਂ ਦੱਸਿਆ ਗਿਆ ਕਿ ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਅਤੇ ਸੰਬੰਧਿਤ ਜਥੇਬੰਦੀਆਂ ਵਿੱਚ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਪੰਜਾਬ ਕਿਸ ਸਟੇਟਸ ’ਤੇ ਕੰਮ ਕਰ ਰਹੀ ਹੈ, ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਸੂਬਾ ਕਮੇਟੀ ਦੀ ਤਾਜਪੋਸ਼ੀ ਸਮੇਂ ਹਰਪਿੰਦਰ ਸਿੰਘ ਚਾਹਲ, ਸੁਖਦੇਵ ਸਿੰਘ ਖਹਿਰਾ ਬਲਵਿੰਦਰ ਸਿੰਘ ਰਾਣਾ (ਤਿੰਨੇ ਸੀਨੀਅਰ ਮੀਤ ਪ੍ਰਧਾਨ) ਵਰਿੰਦਰ ਪਾਲ ਸਿੰਘ ਲਾਡੀ, ਸਕੱਤਰ ਸਿੰਘ ਮਾਹਲ ,ਗਗਨਦੀਪ ਸ਼ਰਮਾ ,ਭੁਪਿੰਦਰ ਸਿੰਘ ਸਮਾਣਾ (ਚਾਰੇ ਮੀਤ ਪ੍ਰਧਾਨ ) ਹਰਜੀਤ ਸਿੰਘ ਔਲਖ (ਡਿਪਟੀ ਜਨਰਲ ਸਕੱਤਰ )ਗੁਰਪ੍ਰੀਤ ਸਿੰਘ ਸਹੋਤਾ ,ਰਜੇਸ਼ ਕੁਮਾਰ ਲੁਧਿਆਣਾ ,ਗੁਰਪ੍ਰੀਤ ਸਿੰਘ ਨਾਭਾ, ਗੁਰਬੰਤ ਸਿੰਘ ਸੋਈ,( ਚਾਰੇ ਸਕੱਤਰ )ਤਰਲੋਚਨ ਸਿੰਘ ਕੋਲੀਆ, ਵਿੱਤ ਸਕੱਤਰ ,ਅਮਿਤ ਗਰਗ, ਦਫਤਰੀ ਸਕੱਤਰ, ਇਕਬਾਲ ਸਿੰਘ ਸਹੋਤਾ , ਗੁਲਸ਼ਨ ਸ਼ਰਮਾ ਬਾਰਡਰ ਜੋਨ ਅੰਮ੍ਰਿਤਸਰ (ਕਨੂੰਨੀ ਸਲਾਹਕਾਰ) ਮਨਜੀਤ ਸਿੰਘ ਢਿੱਲੋਂ, ਹੁਸ਼ਿਆਰ ਸਿੰਘ, ਬਲਰਾਜ ਸਿੰਘ ,ਕੁਲਦੀਪ ਸਿੰਘ ਬੱਪੀਆਣਾ ,ਮੋਹਨ ਸਿੰਘ ਬੂਟਾ , ਕੁਲਵੰਤ ਸਿੰਘ ਅਟਵਾਲ, ਰਜਿੰਦਰ ਸਿੰਘ, ਜਬਲ ਚੱਠਾ, ਰਜਿੰਦਰ ਕੁਮਾਰ ਦੱਤਾ, ਨਵਦੀਪ ਸਿੰਘ ,ਚਰਨਜੀਤ ਸਿੰਘ, ਗਗਨ ਪ੍ਰੀਤ ਸਿੰਘ ਪਟਿਆਲਾ, ਜਸਬੀਰ ਸਿੰਘ ਦੁੱਗਲ, (ਸਾਰੇ ਸਰਕਲ ਪ੍ਰਧਾਨ) ਉੱਗਰ ਸਿੰਘ ਜ਼ੋਨ ਪ੍ਰਧਾਨ ਪੀਐਮ ਜ਼ੋਨ ਲੁਧਿਆਣਾ ਸਰਬਜੀਤ ਸਿੰਘ ਲੰਗ ਹਾਜ਼ਰ ਸਨ।

## ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਸਕੂਲ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਦਾ ਸਨਮਾਨ




ਨਾਭਾ, 22 ਮਾਰਚ (ਬਲਜਿੰਦਰ ਮਾਨ/ਗੁਰਚਰਨ ਸਿੰਘ ਚੌਧਰੀਮਾਜਰਾ) : ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ ਸਕੂਲ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਦੇ ਸਨਮਾਨ ਲਈ ਇੱਕ ਵਿਸ਼ੇਸ਼ ਸਭਾ ਬੁਲਾਈ ਗਈ, ਜਿਸਨੇ ਹਾਲ ਹੀ ਵਿੱਚ ਯੂਪੀਐਸਸੀ ਸਿਵਲ ਸੇਵਾਵਾਂ ਪ੍ਰੀਖਿਆ 2025 ਪਾਸ ਕੀਤੀ ਹੈ ਅਤੇ ਮੈਰਿਟ ਦੇ ਕ੍ਰਮ ਵਿੱਚ 13ਵਾਂ ਰੈਂਕ ਪ੍ਰਾਪਤ ਕੀਤਾ ਹੈ । ਪੀਪੀਐਸ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਅਨੰਨਿਆ ਨੇ ਆਪਣੀ ਸਕੂਲੀ ਪੜ੍ਹਾਈ ਇੰਦੌਰ ਦੇ ਡੇਲੀ ਕਾਲਜ ਤੋਂ ਪੂਰੀ ਕੀਤੀ। ਬਾਅਦ ਵਿੱਚ ਉਸਨੇ ਦਿੱਲੀ ਯੂਨੀਵਰਸਿਟੀ ਦੇ ਹਿੰਦੂ ਕਾਲਜ ਤੋਂ ਗ੍ਰੈਜੂਏਸ਼ਨ ਕੀਤੀ। ਅਨੰਨਿਆ ਡਾ. ਡੀਸੀ ਸ਼ਰਮਾ ਦੀ ਧੀ ਹੈ, ਜੋ ਕਿ ਪੰਜਾਬ ਪਬਲਿਕ ਸਕੂਲ, ਨਾਭਾ ਦੇ ਮੌਜੂਦਾ ਮੁੱਖ ਅਧਿਆਪਕ ਹਨ। ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਨੇ ਸੰਸਥਾ ਅਤੇ ਪੂਰੇ ਪੀਪੀਐਸ ਭਾਈਚਾਰੇ ਲਈ ਬਹੁਤ ਮਾਣ ਅਤੇ ਸਨਮਾਨ ਲਿਆਇਆ ਹੈ। ਇਸ ਮੌਕੇ ’ਤੇ, ਅਨੰਨਿਆ ਸ਼ਰਮਾ, ਅਤੇ ਉਨ੍ਹਾਂ ਦੀ ਮਾਤਾ , ਡਾ. (ਸ਼੍ਰੀਮਤੀ) ਅਨੀਤਾ ਸ਼ਰਮਾ ਦੇ ਨਾਲ, ਸਕੂਲ ਵੱਲੋਂ ਸਨਮਾਨਿਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਡਾ. ਡੀਸੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਅਨੰਨਿਆ ਦੀ ਸਫਲਤਾ ਤੋਂ ਪ੍ਰੇਰਨਾ ਲੈਣ ਅਤੇ ਉੱਚ ਮਿਆਰਾਂ ਨੂੰ ਕਾਇਮ ਰੱਖਣ ਦੀ ਕੋਸ਼ਿਸ਼ ਕਰਨ ਦੀ ਅਪੀਲ ਕੀਤੀ, ਇਸ ਤਰ੍ਹਾਂ ਆਉਣ ਵਾਲੇ ਸਾਲਾਂ ਵਿੱਚ ਹੋਰ ਪ੍ਰਤਿਸ਼ਠਾਵਾਨ ਸਿਵਲ ਸੇਵਕ ਪੈਦਾ ਕਰਕੇ ਦੇਸ਼ ਲਈ ਯੋਗਦਾਨ ਪਾਉਣ। ਆਪਣੇ ਸੰਬੋਧਨ ਵਿੱਚ, ਅਨੰਨਿਆ ਸ਼ਰਮਾ ਨੇ ਪੀਪੀਐਸ ਨਾਲ ਆਪਣੇ ਸਬੰਧਾਂ ਨੂੰ ਪਿਆਰ ਨਾਲ ਯਾਦ ਕੀਤਾ।

## ਸਾਬਕਾ ਚੇਅਰਮੈਨ ਦਾਨੀਪੁਰ ਵੱਲੋਂ ਆਪਣੀ ਟੀਮ ਸਮੇਤ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ



ਸਮਾਣਾ, 22 ਮਾਰਚ (ਜਵੰਦਾ) : ਸਮਾਣਾ ਤੋਂ ਸਾਬਕਾ ਚੇਅਰਮੈਨ ਸ ਬਲਵਿੰਦਰ ਸਿੰਘ ਦਾਨੀਪੁਰ ਆਪਣੀ ਸਮੁੱਚੀ ਟੀਮ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ ਸੁਖਬੀਰ ਸਿੰਘ ਬਾਦਲ ਨਾਲ ਵਿਸ਼ੇਸ਼ ਮੁਲਾਕਾਤ ਕਰਨ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਪਾਰਟੀ ਦੀਆਂ ਗਤੀਵਿਧੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਮੁਲਾਕਾਤ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਬਾਦਲ ਵੱਲੋਂ ਸ ਬਲਵਿੰਦਰ ਸਿੰਘ ਦਾਨੀਪੁਰ, ਅੰਗਰੇਜ ਸਿੰਘ ਬਿੱਟੂ ਦਾਨੀਪੁਰ ਅਤੇ ਗੁਰਜੀਤ ਸਿੰਘ ਦਾਨੀਪੁਰ ਆਦਿ ਅਕਾਲੀ ਆਗੂਆਂ ਨੂੰ ਸਿਰਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਰਟੀ ਆਪਣੇ ਹਰ ਵਰਕਰ ਅਤੇ ਆਗੂ ਨੂੰ ਬਣਦਾ ਮਾਣ-ਸਤਿਕਾਰ ਦੇਣ ਲਈ ਵਚਨਬੱਧ ਹੈ। ਸ. ਬਾਦਲ ਨੇ ਆਪਣੇ ਸੰਬੋਧਨ ਦੌਰਾਨ ਭਰੋਸਾ ਜਤਾਇਆ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਪੰਜਾਬ ਵਿੱਚ ਵਿਕਾਸ ਦੀ ਨਵੀਂ ਲਹਿਰ ਆਏਗੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ ਜਗਮੀਤ ਸਿੰਘ ਹਰਿਆਊ, ਕੁਲਦੀਪ ਸਿੰਘ ਨੱਸੂਪੁਰ ਅਤੇ ਜਥੇਦਾਰ ਅਮਰਜੀਤ ਸਿੰਘ ਪੰਜਰਥ ਆਦਿ ਵੀ ਮੌਜੂਦ ਰਹੇ।

## ਮੋਟਰਸਾਈਕਲ ਚੋਰੀ, ਮਾਮਲਾ ਦਰਜ

ਪਟਿਆਲਾ, 22 ਮਾਰਚ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਕੋਲ ਅਮਰ ਸਿੰਘ ਪੁੱਤਰ ਰਜਿੰਦਰ ਸਿੰਘ ਵਾਸੀ ਘੁਮਿਆਰਾ ਵਾਲਾ ਮੁਹੱਲਾ ਭੀਮ ਮੋੜ ਨਾਭਾ ਥਾਣਾ ਕੋਤਵਾਲੀ ਨਾਭਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਆਪਣਾ ਮੋਟਰਸਾਈਕਲ ਜੋ ਕਿ ਵੱਡੀ ਬਾਰਾਦਰੀ ਗਾਰਡਨ ਪਟਿਆਲਾ ਦੇ ਬਾਹਰ ਚਿਲਡਰਨ ਪਾਰਕ ਵਾਲੀ ਸਾਇਡ ਖੜ੍ਹਾ ਕੀਤਾ ਸੀ, ਜਦੋ ਵਾਪਿਸ ਆ ਕੇ ਦੇਖਿਆ ਤਾ ਮੋਟਰਸਾਈਕਲ ਗਾਇਬ ਸੀ, ਜੋ ਕਿਸੇ ਅਣਪਛਾਤੇ ਵਿਅਕਤੀਆਂ ਨੇ ਚੋਰੀ ਕਰ ਲਿਆ। ਪੁਲਿਸ ਨੇ ਧਾਰਾ 303(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਦਾ ਉਪਰਾਲਾ ਸ਼ਲਾਘਾਯੋਗ : ਵਰਜੀਤ ਵਾਲੀਆ



ਪਟਿਆਲਾ, 22 ਮਾਰਚ (ਚ.ਨ.ਸ.) : ਪੰਜਾਬ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਜੋ ਕਿ ਪਿਛਲੇ ਪੰਦਰਾਂ ਸਾਲਾਂ ਤੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕੌਂਸਲਿੰਗ ਸੈਲ ਪਟਿਆਲਾ ਪੁਲਿਸ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਸਿੰਘ ਵਾਲੀਆ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅਤੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਮੁਲਾਕਾਤ ਕੀਤੀ। ਉਹਨਾਂ ਦੱਸਿਆ ਕਿ ਉਹਨਾਂ ਦੀ ਟੀਮ ਪਿਛਲੇ 15 ਸਾਲਾਂ ਤੋਂ ਨਸ਼ਿਆਂ ਵਿਰੁੱਧ ਤਕਰੀਬਨ 4200 ਤੋਂ ਵੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰ ਚੁੱਕੀ ਹੈ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰ ਰਹੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਬਲਿਕ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ, ਤਾਂ ਹੀ ਅਸੀਂ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਵਿਚ ਸਫ਼ਲ ਹੋ ਸਕਾਂਗੇ। ਉਹਨਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹਨਾਂ ਵੱਲੋਂ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਛੇੜੀ ਹੋਈ ਹੈ ਉਸ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਹਰ ਸੰਭਵ ਮਦਦ ਦੇਣ ਲਈ ਤਿਆਰ ਹੈ ਅਤੇ ਸਕੂਲਾਂ, ਕਾਲਜਾਂ, ਪਿੰਡਾ , ਸ਼ਹਿਰਾਂ, ਕਸਬਿਆਂ ਵਿੱਚ ਜਾ ਕੇ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਮੈਡਮ ਪਰਮਿੰਦਰ ਕੌਰ ਮਨਚੰਦਾ ਪ੍ਰੋਜੈਕਟ ਡਾਇਰੈਕਟਰ ਪੰਜਾਬ ਰੈਡ ਕਰਾਸ ਸਾਕੇਤ ਹਸਪਤਾਲ ਪਟਿਆਲਾ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫਸਰ ਸਰਕਾਰੀ ਆਈ ਟੀ ਆਈ ਲੜਕੇ ਪਟਿਆਲਾ, ਉਪਕਾਰ ਸਿੰਘ, ਮੈਡਮ ਕਿਰਨਾ ਦੇਵੀ , ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ , ਤੇਜਿੰਦਰ ਮਡੋੜ, ਅਮਰਜੀਤ ਲੰਗ , ਜੁਗਰਾਜ ਚਹਿਲ, ਜਸਪਾਲ ਜੋਸ਼ਨ, ਠੇਕੇਦਾਰ ਗੁਰਬਚਨ ਸਿੰਘ,ਗੁਰਿੰਦਰਪਾਲ ਸਿੰਘ ਸੰਧੂ , ਚਰਨਪਾਲ ਸਿੰਘ , ਕੁਲਦੀਪ ਸਿੰਘ , ਜਸਪ੍ਰੀਤ ਸਿੰਘ ਅਟਵਾਲ, ਰਾਜ ਕੁਮਾਰ ਵੱਲੋਂ ਭਰਪੂਰ ਸਹਿਯੋਗ ਦਿੱਤਾ ਗਿਆ।

## ‘ਯੁੱਧ ਨਸ਼ਿਆਂ ਵਿਰੁੱਧ’ ਵਿਸ਼ੇ ਤਹਿਤ ਵੱਖ-ਵੱਖ ਗਤੀਵਿਧੀਆਂ




ਪਟਿਆਲਾ, 22 ਮਾਰਚ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ ਆਫ਼ ਐਜੂਕੇਸ਼ਨ, ਪਟਿਆਲਾ ਦੇ ਐੱਨ.ਐੱਸ.ਐੱਸ. ਵਿਭਾਗ ਅਤੇ ਰੈੱਡ ਰਿਬਨ ਕਲੱਬ ਵੱਲੋਂ ‘ਯੁੱਧ ਨਸ਼ਿਆਂ ਵਿਰੁੱਧ’ ਵਿਸ਼ੇ ਤਹਿਤ ਵੱਖ-ਵੱਖ ਸਮੇਂ ਤੇ ਨੁੱਕੜ ਨਾਟਕ, ਰੈਲੀ, ਸਹੁੰ ਚੁੱਕ ਆਦਿ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਕਾਲਜ ਪ੍ਰਿੰਸੀਪਲ, ਡਾ. ਹਰਮੀਤ ਕੌਰ ਆਨੰਦ ਨੇ ਨਸ਼ੇ ਦੀ ਬੁਰਾਈ ਖਿਲਾਫ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਵਿਦਿਆਰਥਣਾਂ ਨਾਲ ਨਸ਼ਿਆਂ ਦੇ ਸਮਾਜ ਤੇ ਪੈਣ ਵਾਲੇ ਬੁਰੇ ਪ੍ਰਭਾਵਾਂ ਦਾ ਜ਼ਿਕਰ ਕਰਦੇ ਹੋਏ ਵੱਖ-ਵੱਖ ਤਰ੍ਹਾਂ ਦੇ ਨਸ਼ਿਆਂ ਦਾ ਖਾਤਮਾ ਕਰਨ ਅਤੇ ਇੱਕ ਨਿਰੋਏ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਦੇ ਜ਼ਰੀਏ ਸਰੀਰਕ ਅਤੇ ਮਾਨਸਿਕ ਰੂਪ ਵਿੱਚ ਮਜ਼ਬੂਤ ਰੱਖ ਕੇ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਨਾਲ ਗਰੀਬੀ ਦੀ ਸਮੱਸਿਆ ਪੈਦਾ ਹੁੰਦੀ ਹੈ ਅਤੇ ਇਹ ਸਮੱਸਿਆ ਸਮਾਜਿਕ ਜਾਗਰੂਕਤਾ ਨਾਲ ਹੱਲ ਕੀਤੀ ਜਾ ਸਕਦੀ ਹੈ। ਨਸ਼ਿਆਂ ਦਾ ਸ਼ਿਕਾਰ ਹੋਏ ਵਿਅਕਤੀਆਂ ਲਈ ਹਮਦਰਦੀ ਦੀ ਲੋੜ ਹੈ ਅਤੇ ਮਾਪਿਆਂ ਤੇ ਅਧਿਆਪਕਾਂ ਨੂੰ ਨੌਜਵਾਨਾਂ ਨੂੰ ਨਸ਼ਿਆਂ ਦੀ ਇਸ ਹਨੇਰੀ ਤੋਂ ਬਾਹਰ ਕੱਢਣ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ। ਵਿਦਿਆਰਥਣਾਂ ਨੇ ਨਸ਼ਿਆ ਨੂੰ ਦੂਰ ਕਰਨ ਲਈ ਸਹੁੰ ਚੁੱਕੀ ਅਤੇ ਪ੍ਰਤਾਪ ਨਗਰ ਵਿਖੇ ਰੈਲੀ ਵੀ ਕੱਢੀ ।

## ਦਾਜ ਲਈ ਤੰਗ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 22 ਮਾਰਚ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਕਰਮਜੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਰਤਨ ਨਗਰ ਪਟਿਆਲਾ ਨੇ ਕਥਿਤ ਦੋਸ਼ੀਆਂ ਵਿਸ਼ਾਲਦੀਪ ਸਿੰਘ, ਕਸ਼ਮੀਰਾ ਸਿੰਘ, ਸੁਖਮਨਜੀਤ ਕੌਰ ਵਾਸੀ ਪਿੰਡ ਧਾਂਦਰਾ ਜ਼ਿਲ੍ਹਾ ਸੰਗਰੂਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਲੜਕੀ ਗੁਰਪ੍ਰੀਤ ਕੌਰ ਦਾ ਵਿਆਹ ਮਿਤੀ 17-9-20 ਨੂੰ ਕਥਿਤ ਦੋਸ਼ੀ ਵਿਸ਼ਾਲਦੀਪ ਸਿੰਘ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਦੀ ਲੜਕੀ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਏ, ਜੋ ਗੁਰਪ੍ਰੀਤ ਕੌਰ ਦੇ ਦਾਜ ਦਾ ਸਮਾਨ ਵੀ ਕਥਿਤ ਦੋਸ਼ੀਆਂ ਦੇ ਕਬਜ਼ੇ ਵਿੱਚ ਹੈ। ਪੁਲਿਸ ਨੇ ਧਾਰਾ 316(2),85, 61(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਕਰਨਦੀਪ ਕੌਰ ਪੁੱਤਰੀ ਤ੍ਰਿਭਵਨ ਸਿੰਘ ਵਾਸੀ ਕੁਲਦੀਪ ਮਾਰਗ ਰਾਘੋ ਮਾਜਰਾ ਪਟਿਆਲਾ ਨੇ ਕਥਿਤ ਦੋਸ਼ੀਆਂ ਗੁਰਪ੍ਰੀਤ ਸਿੰਘ ਪੁੱਤਰ ਅੰਗਰੇਜ ਸਿੰਘ, ਗੁਰਮੀਤ ਕੌਰ ਪਤਨੀ ਅੰਗਰੇਜ ਸਿੰਘ ਵਾਸੀ ਕੱਚਾ ਮਲਕ ਰੋਡ ਸੁੰਦਰਨਗਰ ਜਗਰਾਓ ਜ਼ਿਲ੍ਹਾ ਲੁਧਿਆਣਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 12-10-22 ਨੂੰ ਕਥਿਤ ਦੋਸ਼ੀ ਗੁਰਪ੍ਰੀਤ ਸਿੰਘ ਨਾਲ ਹੋਇਆ ਸੀ, ਜੋ ਵਿਆਹ ਤੋਂ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਏ। ਉਸ ਦੇ ਦਾਜ ਦਾ ਸਮਾਨ ਵੀ ਕਥਿਤ ਦੋਸ਼ੀਆਂ ਦੇ ਕਜ਼ੇ ਵਿੱਚ ਹੈ। ਪੁਲਿਸ ਨੇ ਧਾਰਾ 316(2),85 ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਅਮਰੀਕ ਸਿੰਘ ਗਿੱਲ ਲਾਇਨਜ਼ ਕਲੱਬ ਨਾਭਾ ਦੇ ਪ੍ਰਧਾਨ ਬਣੇ



ਨਾਭਾ, 22 ਮਾਰਚ (ਬਲਜਿੰਦਰ ਮਾਨ/ਚੌਧਰੀਮਾਜਰਾ) : ਇੰਟਰਨੈਸ਼ਨਲ ਲਾਇਨਜ ਕਲੱਬ ਨਾਭਾ ਦੇ ਸਮੂਹ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਪ੍ਰਧਾਨਗੀ ਸਾਲ 2026-27 ਲਈ ਚੋਣ ਕੀਤੀ ਗਈ, ਜਿਸ ਵਿੱਚ ਲਾਇਨ ਅਮਰੀਕ ਸਿੰਘ ਗਿੱਲ ਨੂੰ 47 ਵੋਟਾਂ ਅਤੇ ਲਾਇਨ ਚਰਨਦੀਪ ਸਿੰਘ 28 ਵੋਟਾਂ ਪਈਆਂ। ਦਿਲਚਸਪ ਗੱਲ ਇਹ ਰਹੀ ਕਿ 100% ਵੋਟਾਂ ਪੋਲ ਹੋਈਆਂ ਅਤੇ ਲਾਇਨ ਅਮਰੀਕ ਸਿੰਘ ਗਿੱਲ ਨੇ 19 ਵੋਟਾਂ ਵੱਧ ਹਾਸਲ ਕਰਕੇ ਚੋਣ ਜਿੱਤ ਪ੍ਰਾਪਤ ਕਰ ਲਈ ਹੈ ਪ੍ਰੋ. ਸਰਿੰਦਰ ਵੀਰ ਸਿੰਘ ਸੇਠੀ ਨੇ ਅਮਰੀਕ ਸਿੰਘ ਗਿੱਲ ਨੂੰ ਜੇਤੂ ਕਰਾਰ ਦਿੰਦਿਆਂ ਦੱਸਿਆ ਹੈ ਕਿ ਲ਼ਾਇਨ ਅਮਰੀਕ ਸਿੰਘ ਗਿੱਲ ਪਹਿਲਾਂ ਫੋਕਲ ਪੁਆਇੰਟ ਨਾਭਾ ਦੇ ਪ੍ਰਧਾਨ ਹਨ ਅਤੇ ਹੁਣ ਲਾਇਨ ਕਲੱਬ ਨਾਭਾ ਦੇ ਪ੍ਰਧਾਨ ਬਣੇ ਹਨ। ਉਹਨਾਂ ਕਿਹਾ ਹੈ ਕਿ ਵੋਟਾਂ ਪਾ ਕੇ ਸਾਰੇ ਲਾਇਨ ਮੈਂਬਰਾਂ ਨੇ ਆਪਣਾ ਫਰਜ਼ ਨਿਭਾਇਆ ਹੈ ਉਹਨਾਂ ਦੱਸਿਆ ਕਿ ਪਿਛਲੇ 40-45 ਸਾਲਾਂ ਵਿੱਚ 3-4 ਵਾਰ ਹੀ ਵੋਟਾਂ ਪਈਆਂ ਹਨ ।ਪ੍ਰਧਾਨ ਬਣਨ ਉਪਰੰਤ ਲਾਇਨ ਅਮਰੀਕ ਸਿੰਘ ਗਿੱਲ ਨੇ ਸਾਰੇ ਲਾਇਨ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਿਸਵਾਸ ਦਿਵਾਇਆ ਕਿ ਮੈਂ ਹਰ ਮੈਂਬਰ ਨੂੰ ਨਾਲ ਲੈ ਚੱਲਾਗਾ ਅਤੇ ਕੱਲਬ ਦੀ ਬੇਹਤਰੀ ਕੰਮ ਕਰਾਂਗਾ। ਇਸ ਮੌਕੇ ’ਤੇ ,ਲਇਨ ਸੰਨੀ ਸਿੰਗਲਾ ,ਸੁਭਾਸ਼ ਸਹਿਗਲ, ਡਾ. ਸੰਜੇ ਗੋਇਲ, ਪ੍ਰਮੋਦ ਕੁਮਾਰ ਗੁਪਤਾ, ਡਾ ਮਨੋਜ ਗੋਇਲ, ਸੋਮਨਾਥ ਢੱਲ, ਵਿਨੋਦ ਚਾਵਲਾ,ਰਕੇਸ਼ ਸਿੰਗਲਾ ਨੀਟੂ, ਸੰਜੀਵ ਕੁਮਾਰ ,ਭੂਸ਼ਨ ਗਰਗ, ਵਰਿੰਦਰ ਜੈਨ, ਅਦਿੱਤਿਆ ਗੋਇਲ,ਸੰਜੇ ਚਾਵਲਾ,ਡਾ. ਮਦਾਨ,ਡਾਂ ਮੁੱਲਖ ਰਾਜ , ਰਿਸ਼ਵ ਸਾਇਗਲ,ਵਿਨੋਦ ਮਿੱਤਲ, ਸਤਿੰਦਰ ਮਿੱਤਲ, ਟੀ ਮੁਕੇਸ਼,ਹਿਮੰਸ਼ੂ ਸ਼ਰਮਾ, ਰਜੀਵ ਬਾਂਸਲ ਪਵਨ ਸਿੰਗਲਾ,ਪੰਕਜ ਕੁਮਾਰ ਅਤੇ ਸਾਰੇ ਕਲੱਬ ਮੈਂਬਰ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



ਛੁੱਟੀ ਵਾਲੇ ਦਿਨ ਵੀ ਮੇਅਰ 'ਆਨ ਡਿਊਟੀ'

## ਜਲਦ ਕੂੜੇ ਦੇ ਨਿਪਟਾਰੇ ਲਈ ਕੁੰਦਨ ਗੋਗੀਆ ਖੁਦ ਕਰ ਰਹੇ ਨੇ ਨਿਗਰਾਨੀ

ਪਟਿਆਲਾ, 22 ਮਾਰਚ (ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਨੂੰ ਸਫ਼ਾਈ ਪੱਖੋਂ ਪੰਜਾਬ ਦਾ ਨੰਬਰ ਇੱਕ ਸ਼ਹਿਰ ਬਣਾਉਣ ਦੇ ਮਕਸਦ ਨਾਲ ਮੇਅਰ ਕੁੰਦਨ ਗੋਗੀਆ ਪੂਰੀ ਤਰ੍ਹਾਂ ਸਰਗਰਮ ਨਜ਼ਰ ਆ ਰਹੇ ਹਨ। ਅੱਜ ਐਤਵਾਰ ਦੀ ਛੁੱਟੀ ਹੋਣ ਦੇ ਬਾਵਜੂਦ ਮੇਅਰ 'ਆਨ ਡਿਊਟੀ' ਦਿਖਾਈ ਦਿੱਤੇ ਅਤੇ ਉਨ੍ਹਾਂ ਨੇ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਕੂੜੇ ਦੇ ਨਿਪਟਾਰੇ ਲਈ ਚੱਲ ਰਹੇ ਕਾਰਜਾਂ ਦਾ ਖੁਦ ਜਾਇਜ਼ਾ ਲਿਆ। ਮੇਅਰ ਨੇ ਸਪੱਸ਼ਟ ਕੀਤਾ ਕਿ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਵਾਤਾਵਰਨ ਮੁਹੱਈਆ ਕਰਵਾਉਣ ਲਈ ਨਗਰ ਨਿਗਮ ਦਿਨ-ਰਾਤ ਕੰਮ ਕਰ ਰਿਹਾ ਹੈ। ਨਿਰੀਖਣ ਦੌਰਾਨ ਮੇਅਰ ਕੁੰਦਨ ਗੋਗੀਆ ਨੇ ਮੁੱਖ ਗਾਰਬੇਜ ਡੰਪਾਂ ਅਤੇ ਹੋਰ ਸਫ਼ਾਈ ਪੁਆਇੰਟਾਂ 'ਤੇ ਤਾਇਨਾਤ ਜੇ.ਸੀ.ਬੀ. ਚਾਲਕਾਂ ਅਤੇ ਸਫ਼ਾਈ ਸਟਾਫ਼ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਮੁਲਾਜ਼ਮਾਂ ਤੋਂ ਹੁਣ ਤੱਕ ਚੁੱਕੇ ਗਏ ਕੂੜੇ ਅਤੇ ਰਹਿੰਦੇ ਕੰਮ ਦੀ ਵਿਸਥਾਰਪੂਰਵਕ ਰਿਪੋਰਟ ਮੰਗੀ। ਮੇਅਰ



ਨੇ ਹਦਾਇਤ ਕੀਤੀ ਕਿ ਕੂੜੇ ਦੇ ਨਿਪਟਾਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਤੈਅ ਸਮੇਂ ਅੰਦਰ ਸ਼ਹਿਰ ਦੇ ਡੰਪਾਂ ਨੂੰ ਸਾਫ਼ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਹੋਈ ਐਫ.ਐਂਡ.ਸੀ.ਸੀ. ਮੀਟਿੰਗ ਵਿੱਚ ਸ਼ਹਿਰ ਵਿੱਚ ਸਫ਼ਾਈ ਮੁਹਿੰਮ ਲਈ ਸੀਵਰੇਜ ਅਤੇ ਸੜਕਾਂ 'ਤੇ ਵਿਸ਼ੇਸ਼ ਜ਼ੋਰ ਦਿੰਦਿਆਂ 3.5 ਕਰੋੜ, ਦੇ ਬਜਟ ਨੂੰ ਪ੍ਰਵਾਨਗੀ ਦਿੱਤੀ ਗਈ ਸੀ। ਮੇਅਰ ਨੇ ਹੋਰ ਦੱਸਿਆ ਕਿ ਜੇ.ਸੀ.ਬੀ. ਅਤੇ ਹੋਰ ਮਸ਼ੀਨਰੀ ਦੀ ਵਰਤੋਂ ਰਾਹੀਂ ਕੂੜੇ ਦੀ ਸਾਂਭ-ਸੰਭਾਲ ਦਾ ਕੰਮ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ। ਇਸ ਪੂਰੀ ਪ੍ਰਕਿਰਿਆ ਦੀ ਨਿਗਰਾਨੀ ਖੁਦ ਨਿਗਮ ਸਟਾਫ ਡਿਜੀਟਲ ਤਰੀਕੇ ਨਾਲ ਕਰ ਰਿਹਾ ਹੈ, ਤਾਂ ਜੋ ਕੰਮ ਵਿੱਚ ਪਾਰਦਰਸ਼ਤਾ ਬਣੀ ਰਹੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪਟਿਆਲਾ ਮੇਰਾ ਪਰਿਵਾਰ ਹੈ ਅਤੇ ਆਪਣੇ ਸ਼ਹਿਰ ਦੀ ਸਫ਼ਾਈ ਲਈ ਮੇਰੇ ਲਈ ਕੋਈ ਛੁੱਟੀ ਨਹੀਂ ਹੈ। ਅਸੀਂ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਾਂ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਸੁੱਟਣ ਅਤੇ ਨਿਗਮ ਦੀ ਇਸ ਮੁਹਿੰਮ ਵਿੱਚ ਸਹਿਯੋਗ ਦੇਣ। ਇਸ ਮੌਕੇ ਉਨ੍ਹਾਂ ਦੇ ਨਾਲ ਨਗਰ ਨਿਗਮ ਦੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀ ਅਤੇ ਹੋਰ ਸਟਾਫ਼ ਵੀ ਮੌਜੂਦ ਸੀ।

## ਕੁਲਤਾਰ ਸਿੰਘ ਸੰਧਵਾਂ ਦੀ ਅਗਵਾਈ ਹੇਠ ਵਿਧਾਇਕਾਂ ਦੇ ਵਫ਼ਦ ਵੱਲੋਂ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ

### ਮਾਨ ਸਰਕਾਰ ਨੇ ਵਿਸਾਖੀ ਮੌਕੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 'ਚ ਸੋਧ ਲਈ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ : ਸਪੀਕਰ ਸੰਧਵਾਂ

ਸਮਾਣਾ, 22 ਮਾਰਚ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ/ਜਵੰਦਾ/ਅਮਿਤ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਇਕਾਂ ਦੇ ਵਫ਼ਦ ਨੂੰ ਨਾਲ ਲੈ ਕੇ ਅੱਜ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ ਕੀਤੀ। ਇਸ ਮੌਕੇ ਸਪੀਕਰ ਸੰਧਵਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਵਿਖੇ ਸੰਗਤ ਦੇ ਵਿਸ਼ਾਲ ਇਕੱਠ ਵਿੱਚ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਸੋਧ ਕਰਨ ਅਤੇ ਸਖ਼ਤ ਕਾਨੂੰਨ ਲਿਆਉਣ ਲਈ 13 ਅਪ੍ਰੈਲ ਨੂੰ ਸੱਦੇ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਪਾਸ ਕੀਤੇ ਗਏ ਕਾਨੂੰਨ ਦਾ ਖਰੜਾ ਲੈਕੇ ਉਹ 14 ਅਪ੍ਰੈਲ ਨੂੰ ਸਮਾਣਾ ਮੋਰਚੇ ਵਿੱਚ ਪੁੱਜਣਗੇ। ਇਸ ਮੌਕੇ ਉਹ ਖੁਦ ਇਸ ਪਾਸ ਕਾਨੂੰਨ ਦਾ ਖਰੜਾ ਅਕਤੂਬਰ 2024 ਤੋਂ ਟਾਵਰ ਉੱਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਸੌਂਪਣਗੇ। ਇਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ, ਸੰਤ ਸਮਾਜ ਵੱਲੋਂ ਬਾਬਾ ਭੁਪਿੰਦਰ ਸਿੰਘ ਰਾਮਪੁਰ ਖੇੜੇ ਵਾਲੇ, ਵਿਧਾਨ ਸਭਾ ਦੀ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਜਰ, ਚੇਤਨ ਸਿੰਘ ਜੌੜਾਮਾਜਰਾ, ਅਜੀਤਪਾਲ ਸਿੰਘ ਕੋਹਲੀ, ਗੁਰਲਾਲ ਘਨੌਰ, ਨਰਿੰਦਰ ਕੌਰ ਭਰਾਜ, ਗੁਰਦੇਵ ਸਿੰਘ ਦੇਵ ਮਾਨ ਅਤੇ ਕੁਲਵੰਤ ਸਿੰਘ ਬਾਜ਼ੀਗਰ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਮੋਰਚੇ ਦੇ ਆਗੂਆਂ ਨਾਲ ਕੀਤੀ ਗਈ ਬੈਠਕ ਵਿੱਚ ਸਮਾਣਾ ਮੋਰਚੇ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਅਮਿਤੋਜ ਸਿੰਘ ਮਾਨ, ਪੁਸ਼ਪਿੰਦਰ ਸਿੰਘ ਕਾਕਾ, ਤਲਵਿੰਦਰ ਸਿੰਘ ਔਲਖ, ਅਮਰਜੀਤ ਸਿੰਘ ਮਰਿਆਦਾ ਅਤੇ ਕਾਕਾ ਸਿੰਘ ਕੋਟੜਾ ਸ਼ਾਮਲ ਸਨ। ਇਸ ਦੌਰਾਨ ਟਾਵਰ ਉਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੇ ਮੋਬਾਇਲ 'ਤੇ ਸਪੀਕਰ ਸੰਧਵਾਂ ਨਾਲ ਗੱਲਬਾਤ ਕਰਦਿਆਂ ਜਿੱਥੇ ਪੰਜਾਬ ਸਰਕਾਰ ਵੱਲੋਂ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਬਣਾਉਣ ਲਈ ਇਹ ਵਿਸ਼ੇਸ਼ ਸੈਸ਼ਨ ਸਦਣ 'ਤੇ ਧੰਨਵਾਦ ਕੀਤਾ ਉੱਥੇ ਹੀ ਕਿਹਾ ਕਿ ਉਹ ਇਸ ਕਾਨੂੰਨ ਦੇ ਪਾਸ ਹੋਣ ਤੋਂ ਬਾਅਦ ਟਾਵਰ ਤੋਂ ਹੇਠਾਂ ਉਤਰ ਆਉਣਗੇ। ਸੰਗਤ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਗੱਲੋਂ ਪੂਰੀ ਤਰ੍ਹਾਂ ਸੰਜੀਦਾ ਤੇ ਵਚਨਬੱਧ ਹੈ ਕਿ ਪ੍ਰਸਤਾਵਿਤ ਕਾਨੂੰਨ ਵਿੱਚ ਸਖ਼ਤ ਸਜ਼ਾ, ਭਾਰੀ ਜੁਰਮਾਨੇ, ਜਾਇਦਾਦ ਜ਼ਬਤ ਕਰਨ ਅਤੇ ਡਿਜੀਟਲ ਸਮੱਗਰੀ ਰਾਹੀਂ ਕੀਤੇ ਗਏ ਅਪਰਾਧਾਂ ਨੂੰ ਇਸ ਦੇ ਦਾਇਰੇ ਹੇਠ ਲਿਆਉਣ ਦੀ ਵਿਵਸਥਾ ਹੋਵੇਗੀ। ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨ



ਹੀ ਸੰਤ ਸਮਾਜ ਨਾਲ ਬੈਠਕ ਕਰਕੇ ਸਰਕਾਰ ਦੀ ਮਨਸ਼ਾ ਤੋਂ ਪੂਰੀ ਸੰਗਤ ਨੂੰ ਜਾਣੂੰ ਕਰਵਾਇਆ ਹੈ। ਉਨ੍ਹਾਂ ਨੇ 'ਬੇਅਦਬੀ' ਵਿਰੋਧੀ ਇਤਿਹਾਸਕ ਕਾਨੂੰਨ ਲਿਆਉਣ ਲਈ ਸੰਤ ਸਮਾਜ ਦੇ ਸਹਿਯੋਗ ਵਾਸਤੇ ਸੰਤ ਸੇਵਾ ਸਿੰਘ ਰਾਮਪੁਰ ਖੇੜੇ ਵਾਲਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਵੀ ਸੰਤ ਭੁਪਿੰਦਰ ਸਿੰਘ ਰਾਮ ਖੇੜਾ ਵਾਲੇ ਸੰਗਤ ਵਿੱਚ ਸ਼ਾਮਲ ਹੋਣ ਲਈ ਆਏ ਹਨ। ਇਸ ਦੌਰਾਨ ਆਪ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਅਤੇ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ 'ਬੇਅਦਬੀ' ਦੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਲਈ ਮਿਸਾਲੀ ਸਜ਼ਾ ਯਕੀਨੀ ਬਣਾਉਣ ਲਈ ਇਸ ਕਾਨੂੰਨ ਦਾ ਖਰੜਾ ਤਿਆਰ ਕਰਦੇ ਸਮੇਂ ਦੇਸ਼ ਭਰ ਦੇ ਉੱਘੇ ਵਕੀਲਾਂ ਤੋਂ ਵੀ ਰਾਏ ਲਈ ਜਾਵੇਗੀ। ਇਸ ਮੌਕੇ ਏਡੀਸੀ ਦਮਨਜੀਤ ਸਿੰਘ ਮਾਨ, ਐਸ ਪੀ ਵੈਭਵ ਚੌਧਰੀ, ਐਸ ਡੀ ਐਮ ਰਿਚਾ ਗੋਇਲ, ਡੀਐਸਪੀ ਫ਼ਤਿਹ ਸਿੰਘ ਬਰਾੜ ਵੀ ਹਾਜ਼ਰ ਸਨ।

## ਤਕਨੀਕੀ ਸ਼ਬਦਾਵਲੀ ਦੇ ਮਹੱਤਵ ਨੂੰ ਸਮਝਦੇ ਹੋਏ ਗੰਭੀਰਤਾ ਨਾਲ ਕਾਰਜ ਕਰਨ ਦੀ ਅਹਿਮ ਜ਼ਰੂਰਤ: ਡਾ. ਜਗਦੀਪ ਸਿੰਘ

### ਪੰਜਾਬੀ ਯੂਨੀਵਰਸਿਟੀ ਵਿਖੇ ਗਿਆਨ-ਵਿਗਿਆਨ ਦੀ ਸ਼ਬਦਾਵਲੀ ਦੇ ਨਿਰਮਾਣ ਲਈ ਪੰਜ-ਰੋਜ਼ਾ ਵਰਕਸ਼ਾਪ ਕਰਵਾਈ

ਪਟਿਆਲਾ, 22 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਭਾਰਤ ਸਰਕਾਰ ਦੇ ਵਿਗਿਆਨਕ ਅਤੇ ਤਕਨੀਕੀ ਸ਼ਬਦਾਵਲੀ ਆਯੋਗ ਦੇ ਸਹਿਯੋਗ ਨਾਲ ਪੰਜ-ਰੋਜ਼ਾ ਵਰਕਸ਼ਾਪ ਕਰਵਾਈ ਗਈ। 'ਪੰਜਾਬੀ ਭਾਸ਼ਾ ਵਿਚ ਤਕਨੀਕੀ ਸ਼ਬਦਵਾਲੀਆਂ ਦੀ ਸਿਰਜਣਾ' ਵਿਸ਼ੇ 'ਤੇ ਇਹ ਵਿਗਿਆਨਕ ਅਤੇ ਤਕਨੀਕੀ ਵਣਜ ਸ਼ਬਦਾਵਲੀ ਵਰਕਸ਼ਾਪ ਅਰਥ-ਸ਼ਾਸਤਰ ਵਿਭਾਗ ਵਿਖੇ ਸਮਾਪਤ ਹੋ ਗਈ ਹੈ। ਇਸ ਵਰਕਸ਼ਾਪ ਦਾ ਉਦੇਸ਼ ਕਾਮਰਸ ਵਿਸ਼ੇ ਨਾਲ ਸੰਬੰਧਤ ਤਕਨੀਕੀ ਪੰਜਾਬੀ ਸ਼ਬਦਾਵਲੀ ਦਾ ਨਿਰਮਾਣ ਕਰਨਾ ਸੀ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਵਿਦਾਇਗੀ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਭਾਸ਼ਾ, ਖੋਜ ਅਤੇ ਸਾਹਿਤ ਦੇ ਖੇਤਰ ਵਿਚ ਸਮੇਂ ਦੇ ਹਾਣੀ ਬਣਨ ਲਈ ਵਿਗਿਆਨਕ ਅਤੇ ਤਕਨੀਕੀ



ਸ਼ਬਦਾਵਲੀ ਦੇ ਮਹੱਤਵ ਨੂੰ ਸਮਝਦੇ ਹੋਏ ਗੰਭੀਰਤਾ ਨਾਲ ਕਾਰਜ ਕਰਨ ਦੀ ਅਹਿਮ ਜ਼ਰੂਰਤ ਹੈ। ਇਸ ਨਾਲ ਮਾਤ-ਭਾਸ਼ਾ ਦਾ ਦਾਇਰਾ ਹੋਰ ਵਸੀਹ ਹੀ ਨਹੀਂ ਹੋਵੇਗਾ ਸਗੋਂ ਇਸ ਦਾ ਅਕਾਦਮਿਕਤਾ ਦੇ ਖੇਤਰ ਨੂੰ ਵੀ ਵਡਮੁੱਲਾ ਲਾਭ ਹੋਵੇਗਾ ਕਿਉਂਕਿ ਵਿਗਿਆਨ ਅਤੇ ਤਕਨੀਕ ਦਾ ਸੁਮੇਲ ਹੀ ਅਸਪੱਸ਼ਟਤਾ, ਗੁੰਝਲਦਾਰ ਪ੍ਰਸਥਿਤੀਆਂ ਅਤੇ ਮਨ ਦੇ ਹਨੇਰੇ ਕੋਨਿਆਂ ਨੂੰ ਤਰਕ ਦੇ ਚਾਨਣ ਨਾਲ ਭਰ ਦਿੰਦਾ ਹੈ ਅਤੇ ਭਵਿੱਖ ਲਈ ਉਸਾਰੂ ਸੰਭਾਵਨਾਵਾਂ ਪੈਦਾ ਕਰ ਦਿੰਦਾ ਹੈ। ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਸਵਾਗਤੀ ਸ਼ਬਦ ਬੋਲਦਿਆਂ ਕਿਹਾ ਕਿ ਉਨ੍ਹਾਂ ਦੇ ਵਿਭਾਗ ਵੱਲੋਂ ਭਾਰਤ ਸਰਕਾਰ ਦੇ ਵਿਗਿਆਨਕ ਅਤੇ ਤਕਨੀਕੀ ਸ਼ਬਦਾਵਲੀ ਆਯੋਗ ਦੇ ਸਹਿਯੋਗ ਨਾਲ ਪਹਿਲਾਂ ਤੋਂ ਹੀ ਅਜਿਹੀਆਂ ਵਰਕਸ਼ਾਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਵਰਕਸ਼ਾਪ ਕੋਆਰਡੀਨੇਟਰ ਡਾ. ਰਾਜਵਿੰਦਰ ਸਿੰਘ ਨੇ ਵਰਕਸ਼ਾਪ ਦੀ ਰੂਪ-ਰੇਖਾ ਤੇ ਮੰਤਵ ਬਾਰੇ ਬੋਲਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਉਚੇਰੀ ਸਿੱਖਿਆ ਦੇ ਵਿਚ ਮਾਧਿਅਮ ਦੇ ਤੌਰ 'ਤੇ ਵਰਤਣ ਲਈ ਤਿਆਰ ਕੀਤੀ ਜਾ ਰਹੀ ਸ੍ਰੋਤ ਸਮੱਗਰੀ ਵਖ-ਵਖ ਵਿਸ਼ਿਆਂ ਵਿਚ ਢੁਕਵੀਆਂ ਪੁਸਤਕਾਂ ਨਾ ਉਪਲਬਧ ਹੋਣ ਕਾਰਨ ਪੈਦਾ ਹੁੰਦੀ ਰੁਕਾਵਟ ਨੂੰ ਦੂਰ ਕਰੇਗੀ।ਇਸ ਮੌਕੇ ਆਯੋਗ ਦੇ ਸਹਾਇਕ ਵਿਗਿਆਨਿਕ ਅਧਿਕਾਰੀ ਅਫਸਰ ਇੰਚਾਰਜ ਇੰਦਰਦੀਪ ਸਿੰਘ ਨੇ ਵਰਕਸ਼ਾਪ ਨੂੰ ਵਿਧੀਵੱਤ ਤੌਰ 'ਤੇ ਚਲਾਉਣ ਲਈ ਪੰਜਾਬੀ ਯੂਨੀਵਰਸਿਟੀ ਵੱਲੋਂ ਦਿੱਤੇ ਪ੍ਰਸ਼ੰਸਾਤਮਕ ਸਹਿਯੋਗ ਲਈ ਯੂਨੀਵਰਸਿਟੀ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਭਾਰਤ ਸਰਕਾਰ ਬਹੁਤ ਜਲਦੀ ਉਚੇਰੀ ਸਿੱਖਿਆ ਵਿਚ ਖੇਤਰੀ ਭਾਸ਼ਾਵਾਂ ਨੂੰ ਬਤੌਰ ਮਾਧਿਅਮ ਸ਼ੁਰੂ ਕਰਨ ਜਾ ਰਹੀ ਹੈ। ਵਰਕਸ਼ਾਪ ਦੇ ਅੰਤ ਵਿਚ ਪੰਜਾਬੀ ਵਿਭਾਗ ਦੇ ਪ੍ਰੋਫੈਸਰ ਡਾ. ਸੁਰਜੀਤ ਸਿੰਘ ਨੇ ਧੰਨਵਾਦੀ ਭਾਸ਼ਣ ਦਿੰਦਿਆਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਉਚੇਰੀ ਸਿੱਖਿਆ ਵਿਚ ਮਾਧਿਅਮ ਦੇ ਤੌਰ 'ਤੇ ਵਰਤਣ ਤੋਂ ਟਾਲਾ ਵੱਟਣ ਦੀ ਥਾਂ ਵੱਧ ਤੋਂ ਵੱਧ ਸ੍ਰੋਤ ਸਮੱਗਰੀ ਤਿਆਰ ਕਰਨ ਵੱਲ ਜ਼ੋਰ ਦੇਣ ਦੀ ਜ਼ਰੂਰਤ ਹੈ। ਇਸ ਵਰਕਸ਼ਾਪ ਵਿਚ ਦਿੱਲੀ ਯੂਨੀਵਰਸਿਟੀ ਤੋਂ ਡਾ. ਨਛੱਤਰ ਸਿੰਘ, ਖ਼ਾਲਸਾ ਕਾਲਜ ਤੋਂ ਡਾ. ਸਰਬਜੀਤ ਸਿੰਘ, ਡਾ. ਜਸਵੀਰ ਕੌਰ ਅਤੇ ਡਾ. ਰਾਜ ਮੋਹਿੰਦਰ ਕੌਰ ਆਦਿ ਭਾਸ਼ਾ-ਮਾਹਿਰਾਂ ਤੋਂ ਇਲਾਵਾ ਡਾ. ਪਰਨੀਤ ਕੌਰ, ਸੀ. ਆਰ. ਆਰ.ਆਈ.ਡੀ ਦੇ ਡਾ. ਜਤਿੰਦਰ ਸਿੰਘ, ਡਾ. ਗੌਰਵ ਗੁਪਤਾ, ਡਾ. ਜੋਤੀ ਤ੍ਰਿਖਾਨੀ ਅਤੇ ਬਿਕਰਮ ਕਾਲਜ ਆਫ਼ ਕਾਮਰਸ ਦੇ ਡਾ. ਰੀਤੂ ਕਪੂਰ ਆਦਿ ਨੇ ਵਿਸ਼ਾ-ਮਾਹਿਰਾਂ ਵਜੋਂ ਭਾਗ ਲਿਆ। ਪੰਜਾਬੀ ਵਿਭਾਗ ਦੇ ਪ੍ਰੋਫੈਸਰ ਡਾ. ਗੁਰਮੁਖ ਸਿੰਘ ਨੇ ਤਕਨੀਕੀ ਸ਼ਬਦਾਵਲੀਆਂ ਦੀ ਮਹੱਤਤਾ ਬਾਰੇ ਵਿਸਥਾਰ ਵਿਚ ਚਾਨਣਾ ਪਾਇਆ।

## ਆੜ੍ਹਤੀਆਂ ਦੀ ਕਮਿਸ਼ਨ 'ਚ ਵਾਧਾ ਮੋਦੀ ਸਰਕਾਰ ਦੀ ਕਿਸਾਨਾਂ ਤੇ ਮੰਡੀ ਪ੍ਰਣਾਲੀ ਪ੍ਰਤੀ ਵਚਨਬੱਧਤਾ ਦਾ ਸਪੱਸ਼ਟ ਸਬੂਤ : ਗੁਰਤੇਜ ਸਿੰਘ ਢਿੱਲੋਂ

ਨਾਭਾ, 22 ਮਾਰਚ (ਗੁਰਚਰਨ ਸਿੰਘ ਚੌਧਰੀ ਮਾਜਰਾ) : ਸਾਬਕਾ ਚੇਅਰਮੈਨ ਇੰਮਪਰੂਵਮੈਂਟ ਟਰੱਸਟ ਨਾਭਾ ਤੇ ਸੂਬਾ ਕਾਰਜਕਾਰਨੀ ਮੈਂਬਰ ਭਾਜਪਾ ਗੁਰਤੇਜ ਸਿੰਘ ਢਿੱਲੋਂ ਨੇ ਕੇਂਦਰ ਸਰਕਾਰ ਵੱਲੋਂ ਬ੍ਰੋਕਰਾਂ (ਆੜਤੀਆਂ) ਦੀ ਕਮਿਸ਼ਨ ਵਿੱਚ ਕੀਤੇ ਵਾਧੇ ਦਾ ਜ਼ੋਰਦਾਰ ਸਵਾਗਤ ਕੀਤਾ ਹੈ ਅਤੇ ਇਸਨੂੰ ਮੋਦੀ ਸਰਕਾਰ ਦਾ ਦੂਰਅੰਦੇਸ਼ੀ ਅਤੇ ਕਿਸਾਨ-ਹਿਤੈਸ਼ੀ ਕਦਮ ਦੱਸਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਵਿੱਚ ਕਣਕ ਦੀ ਖਰੀਦ ਲਈ ਆੜਤੀਆਂ ਨੂੰ ਦਿੱਤੀ ਜਾਣ ਵਾਲੀ ਕਮਿਸ਼ਨ 46 ਪ੍ਰਤੀ ਕਿੰਟਲ ਤੋਂ ਵਧਾ ਕੇ 50.75 ਪ੍ਰਤੀ ਕਿੰਟਲ ਕਰ ਦਿੱਤੀ ਗਈ ਹੈ। ਇਹ ਫੈਸਲਾ ਕਣਕ ਅਤੇ ਜੀਰੀ ਵਰਗੀਆਂ ਮੁੱਖ ਫਸਲਾਂ ਦੀ ਖਰੀਦ ਪ੍ਰਣਾਲੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਢਿੱਲੋਂ ਨੇ ਕਿਹਾ ਕਿ ਕੁਝ ਰਾਜਨੀਤਿਕ ਤਾਕਤਾਂ ਵੱਲੋਂ ਕਿਸਾਨਾਂ ਅਤੇ ਮੰਡੀ ਪ੍ਰਣਾਲੀ ਵਿੱਚ ਗਲਤਫਹਿਮੀਆਂ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ, ਪਰ ਇਹ ਫੈਸਲਾ ਸਪੱਸ਼ਟ ਕਰਦਾ ਹੈ ਕਿ ਮੋਦੀ



ਸਰਕਾਰ ਮੰਡੀ ਪ੍ਰਣਾਲੀ ਦੇ ਹਰ ਹਿੱਸੇਦਾਰ ਖ਼ਾਸ ਕਰਕੇ ਆੜਤੀਆਂ ਦੇ ਨਾਲ ਡੱਟ ਕੇ ਖੜੀ ਹੈ। ਆੜਤੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ ਕਿਸਾਨਾਂ ਨੂੰ ਉਚਿਤ ਮੁੱਲ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਧਿਰਾਂ ਨੇ ਇਹ ਕਹਿ ਕੇ ਕਿਸਾਨਾਂ ਨੂੰ ਭੜਕਾਇਆ ਕਿ ਮੋਦੀ ਸਰਕਾਰ ਮੰਡੀ ਪ੍ਰਣਾਲੀ ਖਤਮ ਕਰਨਾ ਚਾਹੁੰਦੀ ਹੈ, ਉਹ ਹੁਣ ਇਸ ਫੈਸਲੇ ਨਾਲ ਬੇਨਕਾਬ ਹੋ ਗਏ ਹਨ।ਭਾਜਪਾ ਨੇਤਾ ਢਿੱਲੋ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਅਤੇ ਆੜਤੀ ਵਿਰੋਧੀ ਨਹੀਂ, ਸਗੋਂ ਇਕ ਦੂਜੇ ਦੇ ਸਾਥੀ ਹਨ ਅਤੇ ਖੇਤੀਬਾੜੀ ਆਰਥਿਕਤਾ ਦੇ ਅਹਿਮ ਭਾਗੀਦਾਰ ਹਨ। ਉਨ੍ਹਾਂ ਅੱਗੇ ਕਿਹਾ ਕਿ ਮੋਦੀ ਸਰਕਾਰ ਇਸ ਹਕੀਕਤ ਨੂੰ ਸਮਝਦੀ ਹੈ ਅਤੇ ਦੋਹਾਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹ ਵਾਧਾ ਸਿਰਫ ਆਰਥਿਕ ਨਹੀਂ, ਸਗੋਂ ਆੜਤੀਆਂ ਦੀ ਭੂਮਿਕਾ ਦੀ ਸਵੀਕਾਰਤਾ ਹੈ।ਉਨ੍ਹਾਂ ਨੇ ਵਿਰੋਧੀ ਪਾਰਟੀਆਂ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਜਿਨ੍ਹਾਂ ਨੇ ਪਹਿਲਾਂ ਮੰਡੀ ਪ੍ਰਣਾਲੀ ਨੂੰ ਨਜ਼ਰਅੰਦਾਜ਼ ਕੀਤਾ, ਉਹ ਅੱਜ ਸੁਧਾਰਾਂ 'ਤੇ ਸਵਾਲ ਖੜੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੱਚ ਇਹ ਹੈ ਕਿ ਮੋਦੀ ਸਰਕਾਰ ਜਮੀਨੀ ਪੱਧਰ 'ਤੇ ਕੰਮ ਕਰਦੀ ਹੈ, ਜਦਕਿ ਹੋਰ ਸਿਰਫ ਰਾਜਨੀਤੀ ਕਰਦੇ ਹਨ। ਗੁਰਤੇਜ ਸਿੰਘ ਢਿੱਲੋਂ ਨੇ ਦੋਹਰਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਦੇ ਹਰ ਫੈਸਲੇ ਵਿੱਚ ਪਾਰਦਰਸ਼ਤਾ, ਨਿਆਂ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਦੀ ਨੀਤੀ ਸਪੱਸ਼ਟ ਦਿਖਾਈ ਦਿੰਦੀ ਹੈ। ਇਹ ਫੈਸਲਾ ਸਿਰਫ ਕਮਿਸ਼ਨ ਵਾਧਾ ਨਹੀਂ, ਸਗੋਂ ਇੱਕ ਸਪੱਸ਼ਟ ਸੰਦੇਸ਼ ਹੈ। ਮੋਦੀ ਸਰਕਾਰ ਕਿਸਾਨਾਂ, ਆੜਤੀਆਂ ਅਤੇ ਮੰਡੀ ਦੇ ਹਰ ਹਿੱਸੇਦਾਰ ਦੇ ਨਾਲ ਖੜੀ ਹੈ।

## ਪੰਜਾਬੀ ਯੂਨੀਵਰਸਿਟੀ ਵਿਖੇ ਜਸਵੰਤ ਜ਼ਫ਼ਰ ਦੀ ਕਿਤਾਬ 'ਤੇ ਹੋਈ ਵਿਚਾਰ-ਗੋਸ਼ਟੀ



ਪਟਿਆਲਾ, 22 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਵੱਲੋਂ ਪੰਜਾਬੀ ਦੇ ਉੱਘੇ ਸ਼ਾਇਰ ਅਤੇ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਜਸਵੰਤ ਜ਼ਫ਼ਰ ਦੀ ਕਾਵਿ-ਪੁਸਤਕ 'ਮੈਨੂੰ ਬੁੱਧੂ ਹੋਣਾ ਚਾਹੀਦਾ' 'ਤੇ ਵਿਚਾਰ-ਗੋਸ਼ਟੀ ਕਰਵਾਈ ਗਈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਜਸਵੰਤ ਜ਼ਫ਼ਰ ਦੀ ਲਿਖਤ ਵਿੱਚ ਬਹੁਤ ਡੂੰਘਾਈ ਹੈ, ਜੋ ਪਾਠਕ ਨੂੰ ਸੋਚਣ ਅਤੇ ਚਿੰਤਨ ਕਰਨ ਲਈ ਪ੍ਰੇਰਦੀ ਹੈ। ਉਨ੍ਹਾਂ ਕਿਹਾ ਕਿ ਜਸਵੰਤ ਜ਼ਫ਼ਰ ਤਰਕ ਦਾ ਸ਼ਾਇਰ ਹੈ। ਸਮਾਗਮ ਦੇ ਮੁੱਖ ਪ੍ਰਬੰਧਕ ਡਾ. ਗੁਰਸੇਵਕ ਸਿੰਘ ਲੰਬੀ, ਮੁਖੀ, ਪੰਜਾਬੀ ਭਾਸ਼ਾ ਵਿਕਾਸ ਵਿਭਾਗ ਨੇ ਕਿਹਾ ਕਿ ਇਹ ਵਿਚਾਰ-ਚਰਚਾ ਵਿਭਾਗ ਦੀ ਯੋਜਨਾ 'ਅਹਿਮ ਪੁਸਤਕਾਂ ਬਾਰੇ ਵਿਚਾਰ-ਗੋਸ਼ਟੀ' ਤਹਿਤ ਰੱਖੀ ਗਈ ਹੈ। ਜਸਵੰਤ ਜ਼ਫ਼ਰ ਪੰਜਾਬੀ ਦਾ ਸਿਰਮੌਰ ਸ਼ਾਇਰ ਹੈ। ਉਹ ਬਹੁਤ ਸੂਖ਼ਮਤਾ ਨਾਲ ਆਲੇ-ਦੁਆਲੇ ਵਾਪਰਦੀਆਂ ਘਟਨਾਵਾਂ ਬਿਆਨ ਕਰਦਾ ਹੈ। ਪ੍ਰੋ. ਰਾਜਿੰਦਰਪਾਲ ਸਿੰਘ ਬਰਾੜ ਨੇ ਪੁਸਤਕ ਦੀ ਜਾਣ-ਪਛਾਣ ਕਰਵਾਉਂਦਿਆਂ ਜਸਵੰਤ ਜ਼ਫ਼ਰ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ। ਉਹਨਾਂ ਦੀ ਕਾਵਿ-ਪੁਸਤਕ 'ਅਸੀਂ ਨਾਨਕ ਦੇ ਕੀ ਲੱਗਦੇ ਹਾਂ' ਨੇ ਪੰਜਾਬੀ ਕਾਵਿ-ਜਗਤ ਵਿੱਚ ਇੱਕ ਵੱਖਰੀ ਚਰਚਾ ਛੇੜੀ ਸੀ। ਜਸਵੰਤ ਜ਼ਫ਼ਰ ਨੇ ਚਰਚਾ ਅਧੀਨ ਪੁਸਤਕ ਦੀਆਂ ਕਈ ਰਚਨਾਵਾਂ ਜਿਵੇਂ 'ਨਿਰਵਾਣ', 'ਨਦੀ ਕਿ ਝੀਲ', 'ਪੀਰ ਬੁੱਧੂ ਸ਼ਾਹ', 'ਸ਼ੋਰ ਜੋ ਮੌਨ ਹੋ ਗਿਆ', 'ਇੱਕੋ ਗੱਲ', 'ਅਜੇ ਤਾਂ', 'ਗ੍ਰਹਿਣ', 'ਬੇਟੀ ਨੇ', 'ਦਿਸ਼ਾ ਭਰਮ', 'ਪੱਕਾ ਰੰਗ', 'ਸਮਾਂ', 'ਹਾਹਾਕਾਰ', 'ਤੱਤੀ ਤਵੀ ਦਾ ਧਿਆਨ ਧਰਦਿਆਂ' ਸਾਂਝੀਆਂ ਕੀਤੀਆਂ। ਉੱਘੇ ਚਿੰਤਕ ਡਾ. ਸੁਰਜੀਤ ਸਿੰਘ ਭੱਟੀ ਨੇ ਕਿਤਾਬ ਬਾਰੇ ਬੋਲਦਿਆਂ ਕਿਹਾ ਕਿ ਜ਼ਫ਼ਰ ਦੀਆਂ ਕਵਿਤਾਵਾਂ ਦੀ ਤਹਿ ਵਿੱਚ ਸਰਲਤਾ ਹੁੰਦੀ ਹੈ ਤੇ ਤੱਟ ਵਿੱਚ ਪੂਰਨ ਡੂੰਘਾਈ। ਡਾ. ਬਲਦੇਵ ਸਿੰਘ ਧਾਲੀਵਾਲ ਨੇ ਆਪਣੇ ਵਿਚਾਰ ਪ੍ਰਗਟਾਉਂਦਿਆਂ ਕਿਹਾ ਕਿ ਜਸਵੰਤ ਜ਼ਫ਼ਰ ਦੀ ਕਵਿਤਾ ਦਾ ਨਿਵੇਕਲਾ ਆਧਾਰ ਗੁਰਬਾਣੀ ਹੈ। ਉੱਘੇ ਕਵੀ ਸ. ਬਲਵਿੰਦਰ ਸਿੰਘ ਸੰਧੂ ਨੇ ਕਿਤਾਬ ਬਾਰੇ ਬੋਲਦਿਆਂ ਕਿਹਾ ਕਿ ਜਸਵੰਤ ਜ਼ਫ਼ਰ ਤਨਜ਼ ਦਾ ਕਵੀ ਹੈ। ਪੰਜਾਬੀ ਵਿਭਾਗ ਤੋਂ ਪ੍ਰੋ. ਸੁਰਜੀਤ ਸਿੰਘ ਨੇ ਜਸਵੰਤ ਜ਼ਫ਼ਰ ਦੀ ਕਵਿਤਾ 'ਜਵਾਬ' ਦੇ ਹਵਾਲੇ ਨਾਲ ਗੱਲ ਕਰਦਿਆਂ ਕਿਹਾ ਕਿ ਉਸ ਦੀ ਕਵਿਤਾ ਆਤਮ-ਸੰਘਰਸ਼ ਦੀ ਕਵਿਤਾ ਹੈ। ਇਸ ਸਮਾਗਮ ਦੌਰਾਨ ਮੰਚ ਸੰਚਾਲਨ ਦਾ ਕਾਰਜ ਡਾ. ਰਾਜਮਹਿੰਦਰ ਕੌਰ ਨੇ ਕੀਤਾ।

## ਪਿੰਡ ਖੇੜੀ ਗੁਰਨਾ 'ਚ ਈਦ ਦਾ ਤਿਉਹਾਰ ਮਨਾਇਆ



ਘਨੌਰ, 22 ਮਾਰਚ (ਰਾਜਿੰਦਰ ਸਿੰਘ ਕੰਬੋਜ) : ਘਨੌਰ ਵਿੱਚ ਪੈਂਦੇ ਪਿੰਡ ਖੇੜੀ ਗੁਰਨਾ ਵਿੱਚ ਈਦ-ਉਲ-ਫਿਤਰ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ । ਮੁਸਲਮਾਨ ਭਾਈਚਾਰੇ ਨੇ ਇਕੱਠੇ ਹੋ ਕੇ ਨਮਾਜ਼ ਅਦਾ ਕੀਤੀ ਅਤੇ ਇੱਕ ਦੂਜੇ ਤੇ ਗਲੇ ਲੱਗ ਕੇ ਈਦ ਦੀਆ ਵਧਾਈਆਂ ਦਿੱਤੀਆਂ। ਇਸ ਮੌਕੇ ਘਨੌਰ ਦੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਦੇ ਸਪੁੱਤਰ ਗਗਨਦੀਪ ਸਿੰਘ ਜੌਲੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਗੁਰਸੇਵਕ ਸਿੰਘ ਸਾਬਕਾ ਸਰਪੰਚ, ਗੁਰਦੀਪ ਸਿੰਘ ਉਂਟਸਰ, ਰਵਿੰਦਰ ਸਿੰਘ ਗੋਲਡੀ ,ਜੈ ਸਿੰਘ ਥਿੰਦ,ਪਵਨ ਕੁਮਾਰ, ਉਧਮ ਸਿੰਘ ਅਤੇ ਹੋਰ ਵੱਖ-ਵੱਖ ਭਾਈਚਾਰੇ ਦੇ ਲੋਕਾਂ ਨੇ ਪਹੁੰਚ ਕੇ ਮੁਸਲਮਾਨ ਭਾਈਚਾਰੇ ਨੂੰ ਈਦ ਦੀ ਵਧਾਈ ਦਿੱਤੀ ਅਤੇ ਗਲੇ ਮਿਲ ਕੇ ਇਸ ਭਾਈਚਾਰਕ ਸਾਂਝ ਨੂੰ ਹਮੇਸ਼ਾ ਬਣਾਈ ਰੱਖਣ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਇਥੇ ਸਭ ਮਿਲ ਜੁਲ ਕੇ ਰਹਿੰਦੇ ਹਨ ਅਤੇ ਲੋਕਾਂ ਨੂੰ ਆਪਸੀ ਭਾਈਚਾਰਾ ਬਣਾਈ ਰੱਖਣ ਦਾ ਸੁਨੇਹਾ ਦਿੰਦੇ ਹਨ । ਇਸ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਹੀ ਇਸ ਸਮਾਗਮ ਦਾ ਆਯੋਜਨ ਕੀਤਾ ਗਿਆ ਹੈ। ਇਸ ਮੌਕੇ ਸਲੀਮ ਖਾਨ, ਸਲੀਮ ਖਾਨ, ਮਹਿੰਦ ਹਸਨ, ਇਕਵਾਲ ਖਾਨ ਤੋਂ ਇਲਾਵਾ ਹੋਰ ਨਗਰ ਨਿਵਾਸੀ ਹਾਜ਼ਰ ਸਨ। ਸਮਾਗਮ ਮੌਕੇ ਸਿੱਖ ਹਿੰਦੂ ਅਤੇ ਮੁਸਲਮ ਭਾਈਚਾਰੇ ਵੱਲੋਂ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹੋਏ ਸਾਂਝੇ ਤੌਰ 'ਤੇ ਲੱਡੂਆਂ ਅਤੇ ਜਲੇਬੀਆਂ ਦਾ ਲੰਗਰ ਲਗਾਇਆ।

## ਸਮਾਣਾ ਭੰਡਾਰਾ ਕਮੇਟੀ ਨੇ ਬਣਾਵਟੀ ਅੰਗ ਦਾਨ ਕੈਂਪ ਲਗਾਇਆ

ਸਮਾਣਾ, 22 ਮਾਰਚ (ਵਿਜੇ ਕੁਮਾਰ) : ਨਰਾਇਣ ਸੇਵਾ ਸੰਸਥਾਨ ਉਦੇਪੁਰ ਦੇ ਸਹਿਯੋਗ ਨਾਲ ਸਮਾਣਾ ਭੰਡਾਰਾ ਕਮੇਟੀ ਵੱਲੋਂ ਸਰਪ੍ਰਸਤ ਵਿਨੋਦ ਕੁਮਾਰ ਗਰਗ, ਪ੍ਰਧਾਨ ਚਾਚਾ ਫਕੀਰ ਚੰਦ ਬਾਂਸਲ, ਵਾਇਸ ਪ੍ਰਧਾਨ ਸ਼ਿਵ ਨਰਾਇਣ ਦੀ ਅਗਵਾਈ ਵਿਚ ਸਥਾਨਕ ਸਤੀ ਮਾਤਾ ਮੰਦਿਰ ਧਰਮਸ਼ਾਲਾ ਵਿਖੇ ਬਣਾਵਟੀ ਅੰਗ ਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਦੀ ਸ਼ੁਰੂਆਤ ਸੰਸਥਾ ਪ੍ਰਧਾਨ ਤੇ ਸਮੂਹ ਮੈਂਬਰਾਂ ਵੱਲੋਂ ਜੋਤੀ ਪ੍ਰਚੰਡ ਕਰਕੇ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਸੰਸਥਾ ਅਹੁਦੇਦਾਰਾਂ ਨੇ ਦੱਸਿਆ ਕਿ ਇਸ ਕੈਂਪ ਵਿਚ ਜਿਹੜੇ ਲੋਕ ਪੋਲਿਓ ਤੋ



ਪੀੜਿਤ ਹਨ, ਜਾਂ ਜਿਨ੍ਹਾਂ ਦੇ ਕਿਸੇ ਹਾਦਸੇ ਜਾਂ ਹੋਰ ਕਾਰਨ ਸਰੀਰਕ ਅੰਗ ਕੱਟ ਗਏ ਹਨ। ਉਨ੍ਹਾਂ 150 ਦੇ ਕਰੀਬ ਲੋਕਾਂ ਦੀ ਜਾਂਚ ਕੀਤੀ ਗਈ ਅਤੇ 100 ਜ਼ਰੂਰਤਮੰਦ ਲੋਕਾਂ ਨੂੰ ਸੰਸਥਾ ਵੱਲੋਂ ਬਣਾਵਟੀ ਅੰਗ ਮਾਪ ਲੈ ਕੇ ਤਿਆਰ ਕਰਨ ਉਪਰੰਤ ਕਰੀਬ ਇਕ ਮਹੀਨੇ ਬਾਅਦ ਮੁਫਤ ਦਿੱਤੇ ਜਾਣਗੇ। ਇਸ ਮੌਕੇ ਰਾਸ਼ਟਰੀ ਸ਼ਾਖਾ ਪ੍ਰਮੁੱਖ ਡਾ: ਵਿਵੇਕ ਗਰਗ ਨੇ ਦੱਸਿਆ ਕਿ ਸੰਸਥਾ ਵੱਲੋਂ ਬਣਾਵਟੀ ਅੰਗ ਆਧੁਨਿਕ ਤਕਨੀਕ ਨਾਲ ਤਿਆਰ ਕੀਤੇ ਜਾਂਦੇ ਹਨ, ਤਾਂ ਕਿ ਕਿਸੇ ਨੂੰ ਵੀ ਬਣਾਵਟੀ ਅੰਗ ਲਗਾ ਕੇ ਸਮਾਜ ਵਿਚ ਵਿਚਰਦੇ ਸਮੇਂ ਸੁੱਖਦ ਮਹਿਸੂਸ ਕਰੇ। ਕੈਂਪ ਦੌਰਾਨ ਡਾ: ਸੋਮ ਨਾਥ, ਮੋਹਿਤ ਵਰਮਾ, ਕ੍ਰਿਸ਼ਨ ਸੁਧਾਰ ਤੇ ਪੰਕਜ ਸ਼ਰਮਾ ਕੈਥਲ ਵਾਲਿਆਂ ਨੇ ਲੋੜਵੰਦਾਂ ਦੀ ਜਾਂਚ ਕਰਦਿਆਂ ਸੇਵਾ ਨਿਭਾਈ।

## ਸ਼ਿਵ ਸ਼ੰਕਰ ਯੂਥ ਸੇਵਾ ਦਲ ਨੇ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਗਾਇਆ



ਸਮਾਣਾ, 22 ਮਾਰਚ (ਵਿਜੇ ਕੁਮਾਰ) : ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਆਪਣੇ ਸਮਾਜ ਸੇਵੀ ਕਾਰਜਾਂ ਨੂੰ ਅੱਗੇ ਵਧਾਉਂਦੇ ਹੋਏ, ਉਦਯੋਗਪਤੀ ਰਮੇਸ਼ ਜੀ ਗਰਗ (ਨੈਸ਼ਨਲ ਕੰਡਿਊਟ ਪਾਈਪ ਵਾਲੇ) ਅਤੇ ਉਦਯੋਗਪਤੀ ਗਿਆਨ ਚੰਦ ਜੀ ਕਟਾਰੀਆ ਦੀ ਸਰਪ੍ਰਸਤੀ ਹੇਠ ਗੋਪਾਲ ਭਵਨ ਵਿਖੇ ਅੱਖਾਂ ਦਾ ਮੁਫ਼ਤ ਚੈੱਕਅੱਪ ਕੈਂਪ ਲਗਾਇਆ ਗਿਆ। ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਦੱਸਿਆ ਕਿ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸ਼ਹਿਰ ਦੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਇਹ ਕੈਂਪ ਲਗਾਇਆ ਗਿਆ ਹੈ। ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਕਿ ਅਗਲੇ ਐਤਵਾਰ ਨੂੰ 5 ਲੋੜਵੰਦ ਕੁੜੀਆਂ ਦੇ ਵਿਆਹ ਵੀ ਕਰਵਾਏ ਜਾਣਗੇ। ਮਾਹਿਰ ਡਾਕਟਰ: ਅੱਖਾਂ ਦੇ ਮਾਹਿਰ ਡਾਕਟਰ ਸਮਨ ਗਰਗ ਅਤੇ ਹਰਵੀਰ ਨੇ ਆਪਣੀਆਂ ਸੇਵਾਵਾਂ ਦਿੱਤੀਆਂ। ਕੈਂਪ ਦੌਰਾਨ ਕੁੱਲ 217 ਮਰੀਜ਼ਾਂ ਦੀ ਜਾਂਚ ਕੀਤੀ ਗਈ। ਸੰਸਥਾ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਚਸ਼ਮੇ ਅਤੇ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਰਮੇਸ਼ ਗਰਗ, ਯਸ਼ਪਾਲ ਸਿੰਗਲਾ, ਜੀਵਨ ਗਰਗ, ਮਦਨ ਮਿੱਤਲ, ਸੀਤਾ ਰਾਮ ਗੁਪਤਾ, ਸੰਜੇ ਮੰਤਰੀ, ਸ਼ੇਖਰ ਸ਼ਰਮਾ, ਅਸ਼ੋਕ ਗਰਗ, ਮੋਨੂੰ ਸਿੰਗਲਾ, ਵਿਜੇ ਮਿੱਤਲ ਬੰਟੀ, ਜਤਿੰਦਰ ਸ਼ਰਮਾ, ਰਜਤ ਗੋਇਲ, ਅਮਿਤ ਜਿੰਦਲ, ਮੋਨੂੰ ਸ਼ਰਮਾ, ਮਨਜੀਤ ਸਿੰਘ ਜੇ.ਈ., ਰਮੇਸ਼ ਗਰਗ ਤੋਂ ਇਲਾਵਾ ਸੰਸਥਾ ਦੇ ਸਕੱਤਰ ਕਮਲ ਸ਼ਰਮਾ, ਕੈਸ਼ੀਅਰ ਸੰਨੀ ਧੋਪਲੀ, ਰਵੀ ਗਰਗ ਟੀਮਾ, ਰਾਹੁਲ ਗਰਗ, ਅਜੇ ਵੋਹਰਾ, ਰਾਜਨ ਸਚਦੇਵਾ, ਕਰਨ ਬਜਾਜ, ਰਾਕੇਸ਼ ਕੁਮਾਰ, ਬਲਜੀਤ ਸਿੰਘ, ਮੇਹਰ, ਵਿਸ਼ਾਲ ਗਰਗ, ਵਿਪੁਲ ਗਰਗ, ਵਿੱਕੀ ਗਰਗ ਅਤੇ ਆਸ਼ੂ ਸ਼ਰਮਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਸੰਤ ਬਾਬਾ ਹਰਨਾਮ ਸਿੰਘ ਜੀ ਮੁੱਠੀਆਂ ਵਾਲਿਆਂ ਦੀ ਸਾਲਾਨਾ ਬਰਸੀ ਮਨਾਈ

ਘਨੌਰ, 22 ਮਾਰਚ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਦੇ ਪਿੰਡ ਸ਼ੰਭੂ ਕਲਾਂ ਸਥਿਤ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਿੰਘ ਸਭਾ ਵਿਖੇ ਧੰਨ -ਧੰਨ ਸੰਤ ਬਾਬਾ ਹਰਨਾਮ ਸਿੰਘ ਜੀ ਮੁੱਠੀਆਂ ਵਾਲਿਆਂ ਦੀ 78 ਵੀਂ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੜੀ ਸ਼ਰਧਾ, ਭਾਵਨਾ ਅਤੇ ਧੂਮ-ਧਾਮ ਨਾਲ ਮਨਾਈ ਗਈ। ਇਸ ਮੌਕੇ ਸਵੇਰੇ ਤੋਂ ਹੀ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਦਾ ਆਉਣਾ-ਜਾਣਾ ਲੱਗਾ ਰਿਹਾ ਅਤੇ ਗੁਰੂ ਘਰ ਵਿੱਚ ਰੱਬੀ ਬਾਣੀ ਦੇ ਕੀਰਤਨ ਨਾਲ ਆਧਿਆਤਮਿਕ ਮਾਹੌਲ ਬਣਿਆ ਰਿਹਾ। ਸੰਗਤਾਂ ਨੇ ਨਤਮਸਤਕ ਹੋ ਕੇ ਸੰਤ ਬਾਬਾ ਹਰਨਾਮ ਸਿੰਘ ਜੀ ਦੀ ਯਾਦ ਵਿੱਚ ਅਰਦਾਸ ਕੀਤੀ ਅਤੇ ਉਨ੍ਹਾਂ ਦੇ ਦਿਖਾਏ ਸੱਚਾਈ, ਸੇਵਾ ਅਤੇ ਨਿਮਰਤਾ ਦੇ ਰਸਤੇ 'ਤੇ ਚੱਲਣ ਦਾ ਸੰਕਲਪ ਲਿਆ।ਇਸ ਧਾਰਮਿਕ ਸਮਾਗਮ ਵਿੱਚ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਘਨੌਰ, ਗਗਨਦੀਪ ਸਿੰਘ ਜੋਲੀ ਅਤੇ ਸ਼੍ਰੋਮਣੀ ਅਕਾਲੀ ਦਲ ਤੋਂ ਹਲਕਾ ਘਨੌਰ ਦੇ ਇੰਚਾਰਜ ਸਰਬਜੀਤ ਸਿੰਘ ਝਿੰਜਰ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਬੋਲਦੇ ਹੋਏ ਉਨ੍ਹਾਂ ਨੇ ਕਿਹਾ ਕਿ ਧੰਨ-ਧੰਨ ਸੰਤ ਬਾਬਾ ਹਰਨਾਮ ਸਿੰਘ ਜੀ ਵਰਗੇ ਮਹਾਨ ਸੰਤਾਂ



ਨੇ ਆਪਣੀ ਜ਼ਿੰਦਗੀ ਲੋਕ ਭਲਾਈ, ਧਾਰਮਿਕ ਪ੍ਰਚਾਰ ਅਤੇ ਸਮਾਜ ਨੂੰ ਇਕਤਾ ਦੇ ਸੂਤਰ ਵਿੱਚ ਜੋੜਨ ਲਈ ਸਮਰਪਿਤ ਕੀਤੀ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਲੋਕਾਂ ਨੂੰ ਸੱਚੇ ਅਤੇ ਨੈਤਿਕ ਜੀਵਨ ਵੱਲ ਪ੍ਰੇਰਿਤ ਕਰਦੀਆਂ ਹਨ।ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਈ ਹੋਈ ਸੰਗਤ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪ੍ਰਸਾਦ ਛਕਿਆ। ਸੇਵਾਦਾਰਾਂ ਨੇ ਬੜੀ ਨਿਸ਼ਠਾ ਅਤੇ ਸੇਵਾ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ। ਇਸ ਮੌਕੇ ਕੁਸ਼ਤੀ ਦੰਗਲ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਇਲਾਕੇ ਅਤੇ ਦੂਰ-ਦੂਰ ਤੋਂ ਆਏ ਪਹਿਲਵਾਨਾਂ ਨੇ ਭਾਗ ਲਿਆ। ਦੰਗਲ ਦੌਰਾਨ ਹੋਈਆਂ ਰੋਮਾਂਚਕ ਮੁਕਾਬਲਿਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਜੇਤੂ ਪਹਿਲਵਾਨਾਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਗੁਰਦੀਪ ਸਿੰਘ ਉਂਟਸਰ, ਮੋਹਨ ਸਿੰਘ ਸਾਬਕਾ ਸਰਪੰਚ ਸ਼ੰਭੂ ਕਲਾਂ, ਤਰਸੇਮ ਸਿੰਘ ਸਰਪੰਚ ਪਿੰਡ ਨਨਹੇੜਾ, ਕਰਮ ਚੰਦ ਬਹਾਦਰ ਸਿੰਘ, ਅਮਰਜੀਤ ਸਿੰਘ, ਸਤਨਾਮ ਸਿੰਘ ਸਮੇਤ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਧਾਰਮਿਕ ਸ਼ਖਸੀਅਤਾਂ ਅਤੇ ਸੰਗਤਾਂ ਹਾਜ਼ਰ ਸਨ, ਜਿਨ੍ਹਾਂ ਨੇ ਸੰਤ ਬਾਬਾ ਹਰਨਾਮ ਸਿੰਘ ਜੀ ਦੀ ਯਾਦ ਵਿੱਚ ਹੋਏ ਇਸ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਕੇ ਆਪਣੀ ਸ਼ਰਧਾ ਭੇਟ ਕੀਤੀ।

## ਪੇਂਡੂ ਚੌਕੀਦਾਰ ਯੂਨੀਅਨ ਦੀ ਮੀਟਿੰਗ

### 28 ਨੂੰ ਨਵੀਂ ਕਮੇਟੀ ਕੀਤਾ ਜਾਵੇਗਾ ਗਠਨ

ਘਨੌਰ, 22 (ਰਾਜਿੰਦਰ ਸਿੰਘ ਕੰਬੋਜ) : ਪੇਂਡੂ ਚੌਕੀਦਾਰ ਯੂਨੀਅਨ, ਪੰਜਾਬ ਦੇ ਆਗੂਆਂ ਦੀ ਇੱਕ ਮਹੱਤਵਪੂਰਨ ਮੀਟਿੰਗ ਸਬ ਤਹਿਸੀਲ ਘਨੌਰ ਵਿਖੇ ਹੋਈ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਯੂਨੀਅਨ ਵੱਲੋਂ ਸੂਬਾ ਪੱਧਰ ਦੇ ਅਹੁਦੇਦਾਰਾਂ ਦੀ ਚੋਣ ਹਰ ਪੰਜ ਸਾਲਾਂ ਬਾਅਦ ਕੀਤੀ ਜਾਂਦੀ ਹੈ ਅਤੇ ਇਸ ਸਬੰਧੀ 28 ਮਾਰਚ ਨੂੰ ਸਬ ਤਹਿਸੀਲ ਘਨੌਰ ਵਿਖੇ ਅਹੁਦੇਦਾਰਾਂ ਦੀ ਚੋਣ ਕੀਤੀ ਜਾਵੇਗੀ। ਇਸ ਮੌਕੇ ਯੂਨੀਅਨ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਅਹੁਦੇਦਾਰ ਅਤੇ ਮੈਂਬਰ ਵੀ ਸ਼ਾਮਲ ਹੋਣਗੇ।ਸੂਬਾ ਮੀਤ ਪ੍ਰਧਾਨ ਰਾਮ ਮੂਰਤੀ ਸੋਗਲਪੁਰ ਅਤੇ ਸਲਾਹਕਾਰ ਓਮਕਾਰ ਸ਼ਰਮਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੇਂਡੂ ਚੌਕੀਦਾਰ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ



ਕਿਹਾ ਕਿ ਮੌਜੂਦਾ ਸਮੇਂ ਚੌਕੀਦਾਰਾਂ ਨੂੰ ਕੇਵਲ 1500 ਰੁਪਏ ਪ੍ਰਤੀ ਮਹੀਨਾ ਨਾਮਾਤਰ ਤਨਖਾਹ ਦਿੱਤੀ ਜਾ ਰਹੀ ਹੈ, ਜੋ ਕਿ ਬਹੁਤ ਘੱਟ ਹੈ। ਉਨ੍ਹਾਂ ਮੰਗ ਕੀਤੀ ਕਿ ਚੌਕੀਦਾਰਾਂ ਦੀ ਤਨਖਾਹ ਹਰਿਆਣਾ ਸਰਕਾਰ ਦੀ ਤਰਜ਼ 'ਤੇ ਘੱਟੋ-ਘੱਟ 11,000 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ।ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਚੌਕੀਦਾਰਾਂ ਨੂੰ ਗਰਮੀਆਂ ਅਤੇ ਸਰਦੀਆਂ ਲਈ ਵਰਦੀ ਦਿੱਤੀ ਜਾਵੇ, ਰਿਟਾਇਰਮੈਂਟ ਮੌਕੇ ਪੈਨਸ਼ਨ ਦੀ ਸਹੂਲਤ ਦਿੱਤੀ ਜਾਵੇ ਅਤੇ ਡਿਊਟੀ ਦੌਰਾਨ ਕਿਸੇ ਚੌਕੀਦਾਰ ਦੀ ਮੌਤ ਹੋਣ ਦੀ ਸੂਰਤ ਵਿੱਚ ਉਸਦੇ ਪਰਿਵਾਰ ਨੂੰ ਐਕਸਗ੍ਰੇਸ਼ੀਆ ਗਰਾਂਟ ਅਤੇ ਹੋਰ ਬਣਦੀਆਂ ਸਹੂਲਤਾਂ ਦਿੱਤੀਆਂ ਜਾਣ।ਮੀਟਿੰਗ ਦੌਰਾਨ ਹਰਵਿੰਦਰ ਸਿੰਘ ਮੂੰਡਖੇੜਾ, ਭਰਪੂਰ ਸਿੰਘ, ਧੰਨਾ ਸਿੰਘ ਜੰਡ ਮੰਘੋਲੀ, ਜੋਗਿੰਦਰ ਸਿੰਘ ਅਜਰਾਵਰ, ਕੇਸਰ ਸਿੰਘ ਚਪੜ, ਨਿਰਮੈਲ ਸਿੰਘ ਮੰਡਿਆਣਾ, ਕਰਮ ਸਿੰਘ ਸੂਹਰੋਂ ਅਤੇ ਸਲਮਾ ਚੌਕੀਦਾਰ ਖੇੜੀ ਬਰਨਾਂ ਹਾਜ਼ਰ ਸਨ।

## ਗੋਲਡ ਮਾਈਨਿੰਗ ਅਤੇ ਟਰੇਡਿੰਗ ਦਾ ਝਾਂਸਾ ਦੇ ਕੇ ਮਾਰੀ ਠੱਗੀ

ਪਟਿਆਲਾ, 22 ਮਾਰਚ (ਵਿਨੋਦ ਸ਼ਰਮਾ) : ਥਾਣਾ ਸਾਇਬਰ ਕਰਾਇਮ ਪਟਿਆਲਾ ਪੁਲਿਸ ਕੋਲ ਰਮੇਸ਼ ਚੰਦ ਪੁੱਤਰ ਪ੍ਰੇਮ ਬੱਲਭ ਵਾਸੀ ਗਲੀ ਨੰ. 2 ਦਰਸ਼ਨ ਨਗਰ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸ ਨਾਲ ਆਨ-ਲਾਇਨ ਸੰਪਰਕ ਕਰਕੇ ਉਸਨੂੰ ਗੋਲਡ ਮਾਈਨਿੰਗ ਅਤੇ ਟਰੇਡਿੰਗ ਦਾ ਝਾਂਸਾ ਦੇ ਕੇ ਕਰੀਬ 43,13,273 ਰੁਪਏ ਦੀ ਠੱਗੀ ਮਾਰੀ ਹੈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਹਰਮੇਸ਼ ਸਿੰਘ ਮਰਦਾਂਹੇੜੀ ਦੇ ਪਰਿਵਾਰ 'ਤੇ ਦੁੱਖਾਂ ਦਾ ਪਹਾੜ, ਨੂੰਹ ਤੇ ਨਵਜੰਮੀ ਬੱਚੀ ਦਾ ਦੇਹਾਂਤ

ਸਨੌਰ, 22 ਮਾਰਚ (ਪ੍ਰਥਮ ਕੁਮਾਰ) : ਆਮ ਆਦਮੀ ਪਾਰਟੀ ਦੇ ਆਗੂ ਹਰਮੇਸ਼ ਸਿੰਘ ਮਰਦਾਂਹੇੜੀ ਦੇ ਪਰਿਵਾਰ 'ਚ ਅਚਾਨਕ ਵਾਪਰੇ ਦੁੱਖਦਾਈ ਹਾਦਸੇ ਨੇ ਸਭ ਨੂੰ ਗਹਿਰੇ ਸਦਮੇ ਵਿੱਚ ਪਾ ਦਿੱਤਾ। ਉਨ੍ਹਾਂ ਦੀ ਨੂੰਹ ਅਤੇ ਭੁਪਿੰਦਰ ਸਿੰਘ ਦੀ ਧਰਮਪਤਨੀ ਪੂਜਾ ਰਾਣੀ ਦੇ ਅਚਾਨਕ ਦੇਹਾਂਤ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਿਟਿਡ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਸ਼ਰਧਾਂਜਲੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਇਹ ਘਟਨਾ ਪਰਿਵਾਰ ਲਈ ਬਹੁਤ ਵੱਡਾ ਝਟਕਾ



ਹੈ। ਉਨ੍ਹਾਂ ਕਿਹਾ ਕਿ ਹਰਮੇਸ਼ ਸਿੰਘ ਅਤੇ ਉਨ੍ਹਾਂ ਦੀ ਧਰਮਪਤਨੀ ਦਾ ਪੂਜਾ ਰਾਣੀ ਨਾਲ ਰਿਸ਼ਤਾ ਸਿਰਫ਼ ਨੂੰਹ-ਸੱਸ ਦਾ ਨਹੀਂ ਸੀ, ਸਗੋਂ ਮਾਪਿਆਂ ਅਤੇ ਧੀ ਵਰਗਾ ਪਿਆਰ ਭਰਿਆ ਸੀ। ਉਨ੍ਹਾਂ ਦੱਸਿਆ ਕਿ ਪੂਜਾ ਰਾਣੀ ਦੀ ਮੌਤ ਪ੍ਰੈਗਨੈਂਸੀ ਦੌਰਾਨ ਹਸਪਤਾਲ ਵਿੱਚ ਹੋਈ, ਜੋ ਕਿ ਬਹੁਤ ਹੀ ਦੁੱਖਦਾਈ ਹੈ।ਇਸ ਦੋਹਰੇ ਸਦਮੇ ਨਾਲ ਪਿੰਡ, ਨਗਰ ਅਤੇ ਸਮੂਹ ਇਲਾਕੇ ਵਿੱਚ ਸ਼ੋਕ ਦੀ ਲਹਿਰ ਦੌੜ ਗਈ। ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਨਾ, ਬਲਜਿੰਦਰ ਸਿੰਘ ਢਿੱਲੋਂ (ਚੇਅਰਮੈਨ), ਹੈਪੀ ਪਹਾੜੀਪੁਰ (ਚੇਅਰਮੈਨ ਬਲਾਕ ਸਮਿਤੀ), ਬੰਤ ਸਿੰਘ ਬਲਬੇੜਾ, ਜੱਸੀ ਮਰਦਾਂਹੇੜੀ ਅਤੇ ਕੁਲਵੰਤ ਸਿੰਘ ਕੌਂਸਲਰ ਸਮੇਤ ਕਈ ਆਗੂਆਂ ਨੇ ਹਾਜ਼ਰੀ ਲਗਵਾਈ ਅਤੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।